ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 72
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Sunday, 15 March, 2026) ਐਤਵਾਰ, 15 ਮਾਰਚ, 2026, 2 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਭਾਰਤ ਦੀ ਵਿਕਾਸ ਦਰ 7.5 ਫ਼ੀਸਦੀ ਰਹਿਣ ਦਾ ਅਨੁਮਾਨ: ਫਿਚ

ਨਵੀਂ ਦਿੱਲੀ, 14 ਮਾਰਚ (ਚ.ਨ.ਸ.): ਰੇਟਿੰਗ ਏਜੰਸੀ ਫਿਚ ਨੇ ਅੱਜ ਚਾਲੂ ਮਾਲੀ ਵਰ੍ਹੇ ਲਈ ਭਾਰਤ ਦੀ ਜੀ ਡੀ ਪੀ ਵਿਕਾਸ ਦਰ ਦਾ ਅਨੁਮਾਨ ਵਧਾ ਕੇ 7.5 ਫ਼ੀਸਦੀ ਕਰ ਦਿੱਤਾ ਹੈ। ਫਿਚ ਨੇ ਦਸੰਬਰ ਵਿੱਚ ਸਾਲ 2025-26 ਲਈ ਭਾਰਤ ਦੀ ਵਿਕਾਸ ਦਰ 7.4 ਰਹਿਣ ਦੀ ਸੰਭਾਵਨਾ ਜਤਾਈ ਸੀ। ਰੇਟਿੰਗ ਏਜੰਸੀ ਦਾ ਕਹਿਣਾ ਹੈ ਕਿ ਚਾਲੂ ਵਿੱਤ ਵਰ੍ਹੇ ਵਿੱਚ ਘਰੇਲੂ ਮੰਗ ਵਿਕਾਸ ਦਰ ਦਾ ਸਭ ਤੋਂ ਵੱਡਾ ਕਾਰਕ ਰਹੇਗੀ। ਫਿਚ ਨੇ 'ਗਲੋਬਲ ਇਕਨੌਮਿਕ ਆਊਟਲੁੱਕ' ਮਾਰਚ 2026 ਦੀ ਰਿਪੋਰਟ ਵਿੱਚ ਸਾਲ 2026 ਦੌਰਾਨ ਆਲਮੀ ਵਿਕਾਸ ਦਰ 2.6 ਫ਼ੀਸਦੀ (ਬਾਕੀ ਸਫ਼ਾ 2 'ਤੇ)

# ਸਾਨੂੰ ਸ਼ਾਹ ਤੋਂ ਪੰਜਾਬ ਲਈ ਖ਼ਾਸ ਪੈਕੇਜ ਦੀ ਆਸ ਸੀ ਪਰ ਉਹ ਸਿਰ.ਫ ਪੰਜਾਬੀਆਂ ਨੂੰ ਨਿਹੋਰੇ ਮਾਰ ਕੇ ਹੀ ਚੱਲਦੇ ਬਣੇ: ਮਾਨ

## 'ਗੁਜਰਾਤ 'ਚ ਲੱਖਾਂ ਟਨ ਨਸ਼ਾ ਬਰਾਮਦ ਹੋ ਰਿਹੈ ਪਰ ਉੱਥੇ ਕੋਈ ਕਾਰਵਾਈ ਨਹੀਂ ਹੋ ਰਹੀ'

**ਅੰਮ੍ਰਿਤਪਾਲ ਸਿੰਘ**



ਐਸ.ਏ.ਐਸ. ਨਗਰ, 14 ਮਾਰਚ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪੰਜਾਬ ਫੇਰੀ ਦੌਰਾਨ ਸੂਬੇ ਦੇ ਮੁੱਖ ਮਸਲਿਆਂ ਦਾ ਕੋਈ ਹੱਲ ਨਾ ਕਰਨ ਲਈ ਕਰੜੀ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਐਮ.ਐਸ.ਪੀ, ਕਿਸਾਨ ਕਰਜ਼ਾ ਮੁਆਫ਼ੀ ਅਤੇ ਖ਼ਾਸ ਪੈਕੇਜ ਦੀ ਉਮੀਦ ਸੀ ਪਰ ਲੋਕਾਂ ਪੱਲੇ ਸਿਰਫ ਨਿਰਾਸ਼ਾ ਹੀ ਪਈ। ਮੁੱਖ ਮੰਤਰੀ ਨੇ ਦੋਸ਼ ਲਾਇਆ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਪੰਜਾਬ ਨਾਲ ਲਗਾਤਾਰ ਪੱਖਪਾਤ ਕਰਦੀ ਆ ਰਹੀ ਹੈ, ਸੂਬੇ ਦੇ ਹੱਕੀ ਫੰਡ ਰੋਕ ਰਹੀ ਹੈ, ਕਿਸਾਨਾਂ ਦੀਆਂ ਮੰਗਾਂ ਨੂੰ ਅਣਡਿੱਠ ਕਰ ਰਹੀ ਹੈ ਅਤੇ ਸੂਬੇ ਤੋਂ ਬਾਹਰ ਜ਼ਬਤ ਕੀਤੀਆਂ ਨਸ਼ੇ ਦੀਆਂ ਵੱਡੀਆਂ ਖੇਪਾਂ 'ਤੇ ਕੋਈ ਕਾਰਵਾਈ ਨਹੀਂ ਕਰ ਰਹੀ, ਸਗੋਂ ਪੰਜਾਬ ਨੂੰ ਬਦਨਾਮ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਇਨ੍ਹਾਂ ਚੁਣੌਤੀਆਂ ਦੇ ਬਾਵਜੂਦ ਪੰਜਾਬ ਸਰਕਾਰ ਨਸ਼ਿਆਂ 'ਤੇ ਕਾਬੂ ਪਾਉਣ, ਅਰਥਵਿਵਸਥਾ ਮਜ਼ਬੂਤ ਕਰਨ ਅਤੇ ਨਿਵੇਸ਼ ਆਕਰਸ਼ਿਤ ਕਰਨ ਲਈ ਢੁਕਵੇਂ ਕਦਮ ਚੁੱਕ ਰਹੀ ਹੈ। ਉਨ੍ਹਾਂ ਦੱਸਿਆ ਕਿ ਪ੍ਰੋਗਰੈਸਿਵ ਪੰਜਾਬ ਨਿਵੇਸ਼ਕ ਸੰਮੇਲਨ ਨੂੰ ਉਦਯੋਗ ਜਗਤ ਵੱਲੋਂ ਵੱਡਾ ਸਮਰਥਨ ਮਿਲ ਰਿਹਾ ਹੈ ਅਤੇ ਨਿਵੇਦਕ ਸੂਬੇ ਵਿੱਚ ਨਵੇਂ ਕਾਰੋਬਾਰੀ ਮੌਕਿਆਂ ਦੀ ਭਾਲ ਕਰ ਰਹੇ ਹਨ।

ਪ੍ਰਗਤੀਸ਼ੀਲ ਪੰਜਾਬ ਨਿਵੇਦਕ ਸੰਮੇਲਨ ਮੌਕੇ ਅੱਜ ਮੀਡੀਆ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਅਤੇ ਨਾਗਰਿਕਾਂ ਨੂੰ ਉਮੀਦ ਸੀ ਕਿ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਲਈ ਠੋਸ ਫੈਸਲੇ ਲਏ ਜਾਣਗੇ। ਉਨ੍ਹਾਂ ਕਿਹਾ ਕਿ ਸਾਨੂੰ ਉਮੀਦ ਸੀ ਕਿ ਅਮਿਤ ਸ਼ਾਹ ਪੰਜਾਬ ਲਈ ਘੱਟੋ-ਘੱਟ ਸਮਰਥਨ ਮੁੱਲ, ਕਰਜ਼ਾ ਮੁਆਫ਼ੀ ਜਾਂ ਵਿਸ਼ੇਸ਼ ਪੈਕੇਜ ਬਾਰੇ ਗੱਲ ਕਰਨਗੇ, ਪਰ ਉਹ ਸਿਰਫ ਪੰਜਾਬੀਆਂ ਨੂੰ ਮੰਦਾ-ਚੰਗਾ ਬੋਲ ਕੇ ਚਲੇ ਗਏ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਲੋਕ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਰੰਟੀ, ਖੇਤੀ ਕਰਜ਼ਿਆਂ ਦੀ ਮੁਆਫ਼ੀ ਅਤੇ ਕਿਸਾਨਾਂ ਲਈ ਹੋਰ ਉਪਾਵਾਂ ਵਰਗੇ ਵੱਡੇ ਐਲਾਨਾਂ ਦੀ ਉਮੀਦ ਕਰ ਰਹੇ ਸਨ।

ਮੁੱਖ ਮੰਤਰੀ ਨੇ ਕੇਂਦਰ ਵੱਲੋਂ ਪੰਜਾਬ ਦੇ ਜਾਇਜ਼ ਫੰਡਾਂ ਨੂੰ ਰੋਕਣ ਦੀ ਵੀ ਆਲੋਚਨਾ ਕੀਤੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੋਦੀ ਸਰਕਾਰ ਨੇ ਪੰਜਾਬ ਦੇ ਆਰਡੀਐਫ ਅਤੇ ਜੀਐਸਟੀ ਫੰਡ ਰੋਕ ਦਿੱਤੇ ਹਨ ਅਤੇ ਅਜੇ ਤੱਕ 1,600 ਕਰੋੜ ਰੁਪਏ ਦੀ ਹੜ੍ਹ ਰਾਹਤ ਰਾਸ਼ੀ ਵੀ ਜਾਰੀ ਨਹੀਂ ਕੀਤੀ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ 1,600 ਕਰੋੜ ਰੁਪਏ ਹੜ੍ਹ ਰਾਹਤ ਬਾਰੇ ਕੀਤੇ ਗਏ ਵੱਡੇ-ਵੱਡੇ ਦਾਅਵਿਆਂ ਦੇ ਬਾਵਜੂਦ ਪੰਜਾਬ ਨੂੰ ਉਨ੍ਹਾਂ ਦੇ ਐਲਾਨ ਤੋਂ 16 ਰੁਪਏ (ਬਾਕੀ ਸਫ਼ਾ 2 'ਤੇ)

### ਭਾਜਪਾ ਨੇ ਮੋਗਾ 'ਚ ਰੈਲੀ ਕਰਕੇ ਕੀਤਾ ਚੋਣ ਮੁਹਿੰਮ ਦਾ ਅਗਾਜ਼

# ਪੰਜਾਬ 'ਚ 2027 ਵਿੱਚ ਬਣੇਗੀ ਭਾਜਪਾ ਦੀ ਸਰਕਾਰ : ਸ਼ਾਹ

## ਸੂਬੇ 'ਚ ਇਕੱਲਿਆ ਚੋਣ ਲੜਨ ਦੇ ਦਿੱਤੇ ਸੰਕੇਤ

**ਨਿਸ਼ੀ ਮਨਚੰਦਾ, ਗੁਰਦੇਵ ਖੁਰਾਣਾ**



ਕਿਲੀ ਚਹਿਲਾ (ਮੋਗਾ), 14 ਮਾਰਚ: ਪੰਜਾਬ ਵਿਚ ਭਾਰਤੀ ਜਨਤਾ ਪਾਰਟੀ ਨੇ ਆਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਦੀ ਮੁਹਿੰਮ ਦਾ ਆਗਾਜ਼ ਅੱਜ ਕਰ ਦਿੱਤਾ ਹੈ। ਪੰਜਾਬ ਦੇ ਮਾਲਵਾ ਖਿੱਤੇ ਦੀ ਧੁੰਨੀ ਵਜੋਂ ਮੋਗਾ ਜ਼ਿਲੇ ਦੇ ਲੁਧਿਆਣਾ ਰੋਡ ਸਥਿਤ ਪਿੰਡ ਕਿਲੀ ਚਹਿਲਾ ਨੇੜੇ ਪੰਜਾਬ ਪੱਧਰੀ ਰੈਲੀ ਵਿਚ ਪੁੱਜੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬੀਆਂ ਨੂੰ ਸੱਦਾ ਦਿੱਤਾ ਹੈ ਕਿ ਉਹ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਇੱਕ ਦਫ਼ਾ ਭਾਜਪਾ ਨੂੰ ਮੌਕਾ ਦੇਣ ਤਾਂ ਮੈਂ ਆਪ ਨਾਲ ਵਾਅਦਾ ਕਰਦਾ ਹਾਂ ਕਿ ਸਰਕਾਰ ਦੇ 2 ਵਰ੍ਹਿਆਂ ਦੌਰਾਨ ਪੰਜਾਬ ਵਿਚ ਪੂਰੀ ਤਰ੍ਹਾਂ ਨਸ਼ਾ ਮੁਕਤ ਹੋ ਜਾਵੇਗਾ ਅਤੇ ਇਸ ਦੇ ਨਾਲ ਹੀ ਗੈਂਗਸਟਰ ਖ਼ਤਮ ਕੀਤੇ ਜਾਣਗੇ। ਉਨ੍ਹਾਂ ਦੋਸ਼ ਲਗਾਇਆਂ ਕਿ ਪੰਜਾਬ ਵਿਚ ਸਰਕਾਰ ਨਾਮ ਦੀ ਕੋਈ ਚੀਜ਼ ਨਹੀਂ ਹੈ ਇਸੇ ਕਰਕੇ ਪੰਜਾਬ 'ਚ ਅਮਨ ਕਾਨੂੰਨ ਦੀ ਵਿਵਸਥਾ ਦਾ ਇਹ ਹਾਲ ਹੈ। ਉਨ੍ਹਾਂ ਕਿਹਾ ਕਿ ਦੇਸ਼ ਨਿਵਾਸੀਆਂ ਨੂੰ ਪਤਾ ਹੈ ਕਿ ਭਾਜਪਾ ਜੋ ਕਹਿੰਦੀ ਹੈ ਉਹ ਕਰਦੀ ਜਿਸ ਤਰ੍ਹਾਂ ਜੰਮੂ-ਕਸ਼ਮੀਰ ਵਿਚੋਂ ਧਾਰਾ 370 ਨੂੰ ਖ਼ਤਮ ਕਰਨ ਦੇ ਨਾਲ-ਨਾਲ ਨਕਸਲਵਾਦ ਨੂੰ ਖ਼ਤਮ ਕੀਤਾ ਹੈ। ਉਸੇ ਤਰ੍ਹਾਂ ਪੰਜਾਬ ਵੀ ਨਸ਼ਾ ਮੁਕਤ ਹੋਵੇਗਾ।

ਕੇਸਰੀ ਦਸਤਾਰ ਸਜਾ ਕੇ ਪੰਡਾਲ ਵਿਚ ਪੁੱਜੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਵਿਚ ਇਕੱਲਿਆਂ ਵਿਧਾਨ ਸਭਾ ਚੋਣਾਂ ਲੜ੍ਹਨ ਦੇ ਸੰਕੇਤ ਦਿੰਦੇ ਹੋਏ ਆਖਿਆ ਕਿ 2024 ਦੀਆਂ ਲੋਕ ਸਭਾ ਚੋਣਾਂ ਦੌਰਾਨ ਭਾਜਪਾ ਨੂੰ ਪੰਜਾਬ ਵਿਚ ਇਕੱਲਿਆਂ 19 ਫ਼ੀਸਦੀ ਵੋਟਾਂ ਪਈਆਂ ਹਨ ਤੇ ਦੇਸ਼ ਦੇ ਆਸਾਮ, ਮਨੀਪੁਰ, ਤ੍ਰਿਪੁਰਾ, ਉਤਰਾਖੰਡ, ਉੜੀਸ਼ਾ ਦਾ ਇਤਿਹਾਸ ਹੈ ਕਿ ਜਿੱਥੇ ਭਾਜਪਾ 15 ਫ਼ੀਸਦੀ ਵੋਟਾਂ ਟੱਪ ਜਾਵੇ ਉੱਥੇ ਭਾਜਪਾ ਦੀ ਸਰਕਾਰ ਬਣਦੀ ਹੈ ਤੇ ਅਜਿਹਾ ਹੀ ਹੁਣ ਪੰਜਾਬ ਵਿਚ ਹੋਵੇਗਾ। ਉਨ੍ਹਾਂ ਪੰਜਾਬ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਇਹ ਝੂਠਾਂ ਦੀ ਸਰਕਾਰ ਹੈ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਿੱਲੀ ਦੇ ਸਾਬਕਾ ਮੰਤਰੀ ਅਰਵਿੰਦ ਕੇਜਰੀਵਾਲ ਦੇ ਪਾਇਲਟ ਬਣ ਕੇ ਕੰਮ ਕਰਦੇ ਹਨ। ਉਨ੍ਹਾਂ ਕਿਹਾ ਕਿ 25 ਲੱਖ ਨੌਕਰੀਆਂ, (ਬਾਕੀ ਸਫ਼ਾ 2 'ਤੇ)

## ਸੀ.ਬੀ.ਆਈ. ਅਦਾਲਤ ਵੱਲੋਂ ਸਾਬਕਾ ਡੀ.ਆਈ.ਜੀ. ਭੁੱਲਰ ਦੇ ਮਾਮਲੇ ਦਾ ਨੋਟਿਸ

ਚੰਡੀਗੜ੍ਹ, 14 ਮਾਰਚ (ਚ.ਨ.ਸ.): ਰੋਪੜ ਰੇਂਜ ਦੇ ਮੁਅੱਤਲ ਡੀ.ਆਈ.ਜੀ. ਹਰਚਰਨ ਸਿੰਘ ਭੁੱਲਰ ਦੀਆਂ ਮੁਸ਼ਕਿਲਾਂ ਵਧ ਗਈਆਂ ਹਨ। ਚੰਡੀਗੜ੍ਹ ਦੀ ਵਿਸ਼ੇਸ਼ ਸੀ.ਬੀ.ਆਈ. ਅਦਾਲਤ ਨੇ ਉਨ੍ਹਾਂ ਵਿਰੁੱਧ ਭ੍ਰਿਸ਼ਟਾਚਾਰ ਦੇ ਮਾਮਲੇ ਦਾ ਨੋਟਿਸ ਲਿਆ ਹੈ। ਮਾਮਲੇ ਦੀ ਅਗਲੀ ਸੁਣਵਾਈ 16 ਮਾਰਚ ਨੂੰ ਹੋਵੇਗੀ। ਕੁਝ ਦਿਨ ਪਹਿਲਾਂ ਭੁੱਲਰ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਤੋਂ ਝਟਕਾ ਲੱਗਾ। ਹਾਈ ਕੋਰਟ ਨੇ ਉਨ੍ਹਾਂ ਦੀ ਜ਼ਮਾਨਤ ਪਟੀਸ਼ਨ ਰੱਦ ਕਰ ਦਿੱਤੀ, ਜਿਸ ਕਾਰਨ ਉਨ੍ਹਾਂ ਨੂੰ ਜੇਲ੍ਹ ਵਿੱਚ ਰਹਿਣਾ ਪਿਆ। ਭੁੱਲਰ ਦੇ ਵਕੀਲ ਨੇ ਕਿਹਾ ਕਿ ਸੇਵਾ ਪਾਣੀ ਸ਼ਬਦ ਜਿਸ ਨੂੰ ਸੀ.ਬੀ.ਆਈ. ਨੇ ਰਿਸ਼ਵਤ ਦੱਸਿਆ ਹੈ, ਉਸ ਦਾ ਮਤਲਬ ਕੁਝ ਹੋਰ ਵੀ ਹੋ ਸਕਦਾ ਹੈ। ਇਹ ਜ਼ਰੂਰੀ ਨਹੀਂ ਕਿ ਉਹ ਰਿਸ਼ਵਤ ਲਈ ਹੀ ਕਿਹਾ ਗਿਆ ਹੋਵੇ। ਹਾਲਾਂਕਿ, (ਬਾਕੀ ਸਫ਼ਾ 2 'ਤੇ)

# ਕੇਂਦਰ ਆਪਣੇ ਹਿੱਤਾਂ ਲਈ ਦੇਸ਼ ਦੀ ਖੇਤੀਬਾੜੀ ਨੂੰ ਕੁਰਬਾਨ ਕਰਨ ਲਈ ਤਿਆਰ: ਰਾਹੁਲ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 14 ਮਾਰਚ: ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਸ਼ਨੀਵਾਰ ਨੂੰ ਦੋਸ਼ ਲਗਾਇਆ ਕਿ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਨੇ ਕਿਸਾਨਾਂ ਨਾਲ ਕੀਤੇ ਆਪਣੇ ਵਾਅਦੇ ਪੂਰੇ ਨਹੀਂ ਕੀਤੇ ਹਨ ਅਤੇ ਆਪਣੇ ਹਿੱਤਾਂ ਲਈ ਭਾਰਤ ਦੀ ਖੇਤੀਬਾੜੀ ਨੂੰ ਕੁਰਬਾਨ ਕਰਨ ਲਈ ਤਿਆਰ ਹੈ। ਇਕ ਫੇਸਬੁੱਕ ਪੋਸਟ ਵਿਚ, ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਨੇ ਹਾਲ ਹੀ 'ਚ ਸਦਨ 'ਚ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਦਾ ਐਲਾਨ ਕਰਨ ਅਤੇ ਕੀ ਸੰਯੁਕਤ ਰਾਜ ਅਮਰੀਕਾ ਨਾਲ ਵਪਾਰ ਸਮਝੌਤਾ ਨਰਿੰਦਰ ਮੋਦੀ ਸਰਕਾਰ ਦੀ ਮੌਜੂਦਾ ਐਮਐਸਪੀ ਨੀਤੀ ਨੂੰ ਬਦਲ ਦੇਵੇਗਾ, ਬਾਰੇ ਇਕ ਸਵਾਲ ਸਾਂਝਾ ਕੀਤਾ। 'ਲੋਕ ਸਭਾ ਵਿਚ, ਮੈਂ ਸਰਕਾਰ ਨੂੰ ਸਿੱਧਾ ਸਵਾਲ ਪੁੱਛਿਆ: 2021 'ਚ ਕਿਸਾਨਾਂ ਨਾਲ ਕੀਤਾ ਗਿਆ ਇਕ ਕਾਨੂੰਨੀ ਐਮਐਸਪੀ – 32+50 ਪ੍ਰਤੀਸ਼ਤ 'ਤੇ ਗਿਣਿਆ ਗਿਆ – ਦਾ ਵਾਅਦਾ ਅਜੇ ਤੱਕ ਕਿਉਂ ਲਾਗੂ ਨਹੀਂ ਕੀਤਾ ਗਿਆ ਹੈ?' ਸਿੱਧੇ ਜਵਾਬ ਤੋਂ ਪਰ੍ਹੇ ਸਰਕਾਰ ਨੇ ਸਿਰਫ਼ ਆਪਣੀ ਮੌਜੂਦਾ ਐਮਐਸਪੀ ਨੀਤੀ ਨੂੰ ਦੁਹਰਾਇਆ। ਗਾਂਧੀ ਨੇ ਹਿੰਦੀ ਵਿਚ ਆਪਣੀ ਪੋਸਟ 'ਚ ਕਿਹਾ, 'ਸਰਕਾਰ ਨੇ ਇਹ ਵੀ ਸਵੀਕਾਰ ਕੀਤਾ ਕਿ ਉਸਨੇ ਰਾਜਾਂ 'ਤੇ (ਬਾਕੀ ਸਫ਼ਾ 2 'ਤੇ)

# ਬੰਗਾਲ 'ਚੋਂ ਮਹਾਂ ਜੰਗਲਰਾਜ ਦਾ ਹੋਵੇਗਾ ਅੰਤ: ਮੋਦੀ

## ਪ੍ਰਧਾਨ ਮੰਤਰੀ ਵੱਲੋਂ ਸੂਬੇ ਨੂੰ 18,680 ਕਰੋੜ ਦਾ ਤੋਹ.ਫਾ

**ਚੜ੍ਹਦੀਕਲਾ ਬਿਊਰੋ**



ਕੋਲਕਾਤਾ, 14 ਮਾਰਚ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕੋਲਕਾਤਾ 'ਚ ਇੱਕ ਵਿਸ਼ਾਲ ਜਨਸਭਾ ਨੂੰ ਸੰਬੋਧਨ ਕਰਦਿਆਂ ਪੱਛਮੀ ਬੰਗਾਲ ਦੀ ਮਮਤਾ ਸਰਕਾਰ 'ਤੇ ਤਿੱਖਾ ਹਮਲਾ ਬੋਲਿਆ। ਉਨ੍ਹਾਂ ਐਲਾਨ ਕੀਤਾ ਕਿ ਬੰਗਾਲ 'ਚ ਬਦਲਾਅ ਦੀ ਇਬਾਰਤ ਕੰਧਾਂ 'ਤੇ ਲਿਖੀ ਜਾ ਚੁੱਕੀ ਹੈ ਤੇ ਹੁਣ ਸੂਬੇ 'ਚੋਂ 'ਨਿਰਮਮ' (ਬੇਰਹਿਮ) ਸਰਕਾਰ ਅਤੇ 'ਮਹਾਂ ਜੰਗਲਰਾਜ' ਦਾ ਖਾਤਮਾ ਹੋ ਕੇ ਰਹੇਗਾ।

ਪੀਐੱਮ ਮੋਦੀ ਨੇ ਪੱਛਮੀ ਬੰਗਾਲ ਅਤੇ ਪੂਰਬੀ ਭਾਰਤ ਦੇ ਵਿਕਾਸ ਲਈ 18,000 ਕਰੋੜ ਰੁਪਏ ਤੋਂ ਵੱਧ ਦੇ ਸੜਕ, ਰੇਲਵੇ ਅਤੇ ਪੋਰਟ ਇਨਫਰਾਸਟਰੱਕਚਰ ਨਾਲ ਜੁੜੇ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਅਤੇ ਲੋਕ ਅਰਪਣ ਕੀਤਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਖੇਤਰ ਵਿੱਚ ਵਪਾਰ ਅਤੇ ਉਦਯੋਗ ਨੂੰ ਨਵੀਂ ਰਫ਼ਤਾਰ ਦੇਣਗੇ ਅਤੇ ਲੱਖਾਂ ਲੋਕਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨਗੇ। ਉਨ੍ਹਾਂ ਭਰੋਸਾ ਦਿੱਤਾ ਕਿ ਕੇਂਦਰ ਸਰਕਾਰ ਬੰਗਾਲ ਦੇ ਰੇਲਵੇ ਇਨਫਰਾਸਟਰੱਕਚਰ ਦੇ ਵਿਸਥਾਰ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ।

ਮਮਤਾ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਪੀਐੱਮ ਨੇ ਕਿਹਾ ਕਿ ਟੀਐੱਮਸੀ ਸਰਕਾਰ ਆਪਣੀ ਕੁਰਸੀ ਜਾਂਦੀ ਦੇਖ ਕੇ ਬੌਖਲਾ ਗਈ ਹੈ। ਉਨ੍ਹਾਂ ਕਿਹਾ ਕਿ ਬੰਗਾਲ 'ਚ ਇੱਕ ਵਾਰ ਫਿਰ ਕਾਨੂੰਨ ਦਾ ਰਾਜ ਸਥਾਪਤ ਹੋਵੇਗਾ ਅਤੇ ਟੀਐੱਮਸੀ ਦੇ ਕਿਸੇ ਵੀ ਅੱਤਿਆਚਾਰੀ ਜਾਂ ਕਾਨੂੰਨ ਤੋੜਨ ਵਾਲੇ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਦਾਅਵਾ ਕੀਤਾ ਕਿ 'ਨਿਰਮਮ' ਸਰਕਾਰ ਦਾ (ਬਾਕੀ ਸਫ਼ਾ 2 'ਤੇ)

# ਫ਼ਾਰਸ ਦੀ ਖਾੜੀ 'ਚ 22 ਭਾਰਤੀ ਜਹਾਜ਼ ਮੌਜੂਦ; ਸ਼ਿਪਿੰਗ ਮੰਤਰਾਲੇ ਵੱਲੋਂ ਸੂਚੀ ਜਾਰੀ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 14 ਮਾਰਚ: ਭਾਰਤ ਸਰਕਾਰ ਦੇ ਸ਼ਿਪਿੰਗ ਮੰਤਰਾਲੇ ਦੇ ਅਧਿਕਾਰੀ ਰਾਜੇਸ਼ ਕੁਮਾਰ ਸਿਨਹਾ ਨੇ ਫ਼ਾਰਸ ਦੀ ਖਾੜੀ) ਵਿੱਚ ਮੌਜੂਦ ਭਾਰਤੀ ਜਹਾਜ਼ਾਂ ਬਾਰੇ ਅਹਿਮ ਜਾਣਕਾਰੀ ਸਾਂਝੀ ਕੀਤੀ ਹੈ। ਉਨ੍ਹਾਂ ਦੱਸਿਆ ਕਿ ਇਸ ਖੇਤਰ 'ਚ ਇਸ ਸਮੇਂ ਭਾਰਤੀ ਝੰਡੇ ਵਾਲੇ ਕੁੱਲ 22 ਜਹਾਜ਼ ਮੌਜੂਦ ਹਨ।ਸ਼ਿਪਿੰਗ ਮੰਤਰਾਲੇ ਦੇ ਅਧਿਕਾਰੀ ਰਾਜੇਸ਼ ਕੁਮਾਰ ਸਿਨਹਾ ਮੁਤਾਬਕ ਇਸ 'ਚ 6 ਐੱਲਪੀਜੀ ਟੈਂਕਰ, 1 ਐੱਲਐੱਨਜੀ ਕੈਰੀਅਰ, 4 ਕੱਚੇ ਤੇਲ ਦੇ ਟੈਂਕਰ ਅਤੇ 1 ਕੈਮੀਕਲ ਉਤਪਾਦ ਟੈਂਕਰ ਸ਼ਾਮਲ ਹਨ। ਸੂਚੀ 'ਚ 3 ਕੰਟੇਨਰ ਜਹਾਜ਼ ਤੇ 2 ਬਲਕ ਕੈਰੀਰ ਸ਼ਾਮਲ ਹਨ। ਖਾੜੀ ਖੇਤਰ 'ਚ 1 ਡਰੈਜਰ ਵੀ ਮੌਜੂਦ ਹੈ।

ਸਰਕਾਰੀ ਜਾਣਕਾਰੀ ਅਨੁਸਾਰ, ਇਨ੍ਹਾਂ ਵਿੱਚੋਂ ਤਿੰਨ ਜਹਾਜ਼ 'ਡਰਾਈ ਡੌਕਸ' 'ਚ ਹਨ, ਜਿਸਦਾ ਮਤਲਬ ਹੈ ਕਿ ਉਨ੍ਹਾਂ ਦੀ ਨਿਯਮਤ ਮੁਰੰਮਤ ਅਤੇ ਰੱਖ-ਰਖਾਅ ਦਾ ਕੰਮ ਚੱਲ ਰਿਹਾ ਹੈ। ਇਸ ਤੋਂ ਇਲਾਵਾ, ਇੱਕ ਜਹਾਜ਼ 'ਐਂਪਟੀ ਬੈਲੇਸਟ' ਦੀ ਸਥਿਤੀ 'ਚ ਹੈ, ਯਾਨੀ ਕਿ ਉਹ ਇਸ ਸਮੇਂ ਕੋਈ ਸਾਮਾਨ ਜਾਂ ਕਾਰਗੋ ਨਹੀਂ ਲੈ ਕੇ ਜਾ ਰਿਹਾ। ਇਹ ਅੰਕੜੇ ਫ਼ਾਰਸ ਦੀ ਖਾੜੀ ਵਰਗੇ ਮਹੱਤਵਪੂਰਨ ਸਮੁੰਦਰੀ ਰਸਤੇ 'ਚ ਭਾਰਤੀ ਜਹਾਜ਼ਾਂ ਦੀ ਮੌਜੂਦਗੀ ਤੇ ਉਨ੍ਹਾਂ ਦੀ ਕਾਰਜਸ਼ੀਲਤਾ ਨੂੰ ਦਰਸਾਉਂਦੇ ਹਨ।

# ਭਾਰਤੀ ਫ਼ੌਜ ਦੀ ਨਿਗਰਾਨੀ ਹੇਠ ਐਲ.ਪੀ.ਜੀ. ਨਾਲ ਭਰੇ ਜਹਾਜ਼ਾਂ ਨੇ ਹੋਰਮੁਜ਼ ਜਲਮਾਰਗ ਕੀਤਾ ਪਾਰ



**ਚੜ੍ਹਦੀਕਲਾ ਬਿਊਰੋ**

ਨਵੀਂ ਦਿੱਲੀ, 14 ਮਾਰਚ: ਐਲਪੀਜੀ ਨਾਲ ਭਰੇ ਦੋ ਜਹਾਜ਼ 'ਸ਼ਿਵਾਲਿਕ' ਅਤੇ 'ਨੰਦਾ ਦੇਵੀ' ਨੇ ਭਾਰਤੀ ਜਲ ਸੈਨਾ ਦੀ ਸੁਰੱਖਿਆ ਹੇਠ ਹੋਰਮੁਜ਼ ਜਲ ਮਾਰਗ ਨੂੰ ਪਾਰ ਕਰ ਲਿਆ ਹੈ। ਸੂਤਰਾਂ ਨੇ ਸ਼ਨਿਚਰਵਾਰ ਨੂੰ ਪੁਸ਼ਟੀ ਕੀਤੀ ਕਿ ਜਲ ਸੈਨਾ ਦੇ ਇੱਕ ਜੰਗੀ ਜਹਾਜ਼ ਨੇ ਆਪਣੇ ਸਾਰੇ ਹਵਾਈ ਰੱਖਿਆ ਪ੍ਰਣਾਲੀਆਂ ਦੇ ਸੰਚਾਲਨ ਦੇ ਨਾਲ, ਈਰਾਨ ਅਤੇ ਓਮਾਨ ਦੇ ਵਿਚਕਾਰ 33 ਕਿਲੋਮੀਟਰ ਚੌੜੇ ਜਲ ਖੇਤਰ ਹੋਰਮੁਜ਼ ਤੋਂ ਦੋਵਾਂ ਟੈਂਕਰਾਂ ਨੂੰ ਬਾਹਰ ਕੱਢਿਆ।

ਲਗਭਗ ਦੋ ਹਫ਼ਤਿਆਂ ਵਿੱਚ ਹੋਰਮੁਜ਼ ਨੂੰ ਪਾਰ ਕਰਨ ਵਾਲੇ ਇਹ ਭਾਰਤ ਆਉਣ (ਬਾਕੀ ਸਫ਼ਾ 2 'ਤੇ)

## ਲੱਦਾਖ ਹਿੰਸਾ ਮਾਮਲੇ 'ਚ ਕੇਂਦਰ ਨੇ ਸੋਨਮ ਵਾਂਗਚੁਕ ਤੋਂ ਹਟਾਇਆ ਐਨ.ਐਸ.ਏ.

ਨਵੀਂ ਦਿੱਲੀ , 14 ਮਾਰਚ (ਚ.ਨ.ਸ.): ਕੇਂਦਰ ਸਰਕਾਰ ਨੇ ਲੱਦਾਖ ਵਿੱਚ ਹਿੰਸਾ ਤੋਂ ਬਾਅਦ ਹਿਰਾਸਤ ਵਿੱਚ ਲਈ ਗਈ ਸਮਾਜਿਕ ਕਾਰਕੁੰਨ ਅਤੇ ਇੰਜੀਨੀਅਰ ਸੋਨਮ ਵਾਂਗਚੁਕ ਨੂੰ ਰਿਹਾਅ ਕਰਨ ਦਾ ਫੈਸਲਾ ਕੀਤਾ ਹੈ। ਸਰਕਾਰ ਨੇ ਰਾਸ਼ਟਰੀ ਸੁਰੱਖਿਆ ਐਕਟ (ਐਨ.ਐਸ.ਏ.) ਦੇ ਤਹਿਤ ਉਸਦੀ ਹਿਰਾਸਤ ਨੂੰ ਤੁਰੰਤ ਪ੍ਰਭਾਵ ਨਾਲ ਰੱਦ ਕਰ ਦਿੱਤਾ ਹੈ। ਸੋਨਮ ਵਾਂਗਚੁਕ ਨੂੰ ਕੁਝ ਮਹੀਨੇ ਪਹਿਲਾਂ ਲੱਦਾਖ ਵਿੱਚ ਹਿੰਸਾ ਦੇ ਦੋਸ਼ਾਂ ਤੋਂ ਬਾਅਦ ਹਿਰਾਸਤ ਵਿੱਚ ਲਿਆ ਗਿਆ ਸੀ ਅਤੇ ਪਿਛਲੇ ਕਈ ਮਹੀਨਿਆਂ ਤੋਂ ਪੁਲਿਸ ਨਿਗਰਾਨੀ ਹੇਠ ਸੀ। ਸਰਕਾਰ ਨੇ ਕਿਹਾ ਕਿ ਇਹ ਫੈਸਲਾ ਲੱਦਾਖ ਵਿੱਚ ਸ਼ਾਂਤੀ ਅਤੇ ਸਥਿਰਤਾ ਦੇ ਵਾਤਾਵਰਣ ਨੂੰ ਮਜ਼ਬੂਤ ਕਰਨ ਅਤੇ ਸਾਰੇ ਹਿੱਸੇਦਾਰਾਂ ਨਾਲ ਰਚਨਾਤਮਕ ਗੱਲਬਾਤ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ (ਬਾਕੀ ਸਫ਼ਾ 2 'ਤੇ)

### ਮੱਧ-ਪੂਰਬ 'ਚ ਤਣਾਅ ਹੋਰ ਵਧਿਆ

# ਈਰਾਨ ਦੇ ਖਾਰਗ ਟਾਪੂ 'ਤੇ ਅਮਰੀਕਾ ਵੱਲੋਂ ਵੱਡਾ ਹਮਲਾ, 90 ਤੋਂ ਵੱਧ ਫ਼ੌਜੀ ਟਿਕਾਣੇ ਤਬਾਹ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 14 ਮਾਰਚ: ਪੱਛਮੀ ਏਸ਼ੀਆ ਵਿੱਚ ਚੱਲ ਰਹੀ ਜੰਗ ਦੇ ਵਿਚਕਾਰ, ਅਮਰੀਕਾ ਨੇ ਈਰਾਨ ਦੇ ਸਭ ਤੋਂ ਵੱਡੇ ਤੇਲ ਨਿਰਯਾਤ ਕੇਂਦਰ, ਖਾਰਗ ਟਾਪੂ 'ਤੇ ਇੱਕ ਵੱਡਾ ਫ਼ੌਜੀ ਹਮਲਾ ਕੀਤਾ ਹੈ। ਅਮਰੀਕੀ ਫ਼ੌਜ ਦੇ ਅਨੁਸਾਰ, ਸ਼ੁੱਕਰਵਾਰ ਰਾਤ ਨੂੰ ਹੋਈ ਇਸ ਕਾਰਵਾਈ ਵਿੱਚ 90 ਤੋਂ ਵੱਧ ਫ਼ੌਜੀ ਟਿਕਾਣਿਆਂ ਨੂੰ ਤਬਾਹ ਕਰ ਦਿੱਤਾ ਗਿਆ।

ਅਮਰੀਕਾ ਦੇ ਮੱਧ ਪੂਰਬ ਹੈੱਡਕੁਆਰਟਰ, ਯੂਐਸ ਸੈਂਟਰਲ ਕਮਾਂਡ ਨੇ ਸ਼ਨੀਵਾਰ ਨੂੰ ਕਿਹਾ ਕਿ ਹਮਲਿਆਂ ਨੇ ਈਰਾਨ ਦੀ ਫ਼ੌਜੀ ਸਮਰੱਥਾ ਨੂੰ ਨੁਕਸਾਨ ਪਹੁੰਚਾਇਆ, ਜਦੋਂ ਕਿ ਟਾਪੂ ਦੇ ਤੇਲ ਬੁਨਿਆਦੀ ਢਾਂਚੇ ਨੂੰ ਕੋਈ ਨੁਕਸਾਨ ਨਹੀਂ ਪਹੁੰਚਾਇਆ। ਫ਼ੌਜ ਨੇ ਕਾਰਵਾਈ ਦਾ ਲਗਭਗ ਇੱਕ ਮਿੰਟ ਦਾ ਵੀਡੀਓ ਵੀ ਜਾਰੀ ਕੀਤਾ, ਜਿਸ ਵਿੱਚ ਮਿਜ਼ਾਈਲਾਂ ਡਿੱਗਦੀਆਂ ਅਤੇ ਧੂੰਏਂ ਦੇ ਵੱਡੇ ਗੁਬਾਰ ਉੱਠਦੇ ਦਿਖਾਏ ਗਏ ਹਨ। ਖਾਰਗ ਟਾਪੂ ਨੂੰ ਈਰਾਨ ਦੇ ਤੇਲ ਉਦਯੋਗ ਲਈ ਇੱਕ ਮਹੱਤਵਪੂਰਨ ਕੇਂਦਰ ਮੰਨਿਆ ਜਾਂਦਾ ਹੈ, ਜੋ ਦੇਸ਼ ਦੇ ਜ਼ਿਆਦਾਤਰ ਕੱਚੇ ਤੇਲ ਦੇ ਨਿਰਯਾਤ ਲਈ ਜ਼ਿੰਮੇਵਾਰ ਹੈ। ਰਿਪੋਰਟਾਂ ਦਰਸਾਉਂਦੀਆਂ ਹਨ ਕਿ ਈਰਾਨ ਨੇ ਇਸ ਸਾਲ (ਬਾਕੀ ਸਫ਼ਾ 2 'ਤੇ)

# ਉੱਤਰੀ ਕੋਰੀਆ ਨੇ ਦਾ.ਗੀ ਬੈਲਿਸਟਿਕ ਮਿਜ਼ਾਈਲ

ਸਿਓਲ, 14 ਮਾਰਚ (ਚ.ਨ.ਸ.): ਜਦੋਂ ਕਿ ਮੱਧ ਪੂਰਬ 15 ਦਿਨਾਂ ਦੀ ਜੰਗ ਵਿੱਚ ਉਲਝਿਆ ਹੋਇਆ ਹੈ, ਉੱਤਰੀ ਕੋਰੀਆ ਜੰਗ ਦੀ ਤਿਆਰੀ ਕਰਦਾ ਦਿਖਾਈ ਦੇ ਰਿਹਾ ਹੈ। ਸ਼ਨੀਵਾਰ ਨੂੰ, ਉੱਤਰੀ ਕੋਰੀਆ ਨੇ ਆਪਣੇ ਪੂਰਬੀ ਤੱਟ ਤੋਂ ਸਮੁੰਦਰ ਵੱਲ ਇੱਕ ਮਿਜ਼ਾਈਲ ਦਾਗੀ। ਦੱਖਣੀ ਕੋਰੀਆਈ ਫੌਜ ਅਤੇ ਜਾਪਾਨੀ ਸਰਕਾਰ ਨੇ ਸ਼ੱਕੀ ਮਿਜ਼ਾਈਲ ਪ੍ਰੀਖਣ ਦੀ ਪੁਸ਼ਟੀ ਕੀਤੀ ਹੈ। ਉੱਤਰੀ ਕੋਰੀਆ ਨੇ ਪਹਿਲਾਂ 27 ਜਨਵਰੀ ਨੂੰ ਪੂਰਬੀ ਸਾਗਰ ਵੱਲ ਕਈ ਛੋਟੀ ਦੂਰੀ ਦੀਆਂ ਬੈਲਿਸਟਿਕ ਮਿਜ਼ਾਈਲਾਂ ਦਾਗੀਆਂ ਸਨ। ਯੋਨਹਾਪ ਨਿਊਜ਼ ਏਜੰਸੀ ਦੇ ਅਨੁਸਾਰ, ਦੱਖਣੀ ਕੋਰੀਆ ਦੇ ਜੁਆਇੰਟ ਚੀਫ਼ਸ ਆਫ਼ ਸਟਾਫ ਨੇ ਰਿਪੋਰਟ ਦਿੱਤੀ ਕਿ ਉੱਤਰੀ ਕੋਰੀਆ ਨੇ ਘੱਟੋ-ਘੱਟ ਇੱਕ ਅਣਪਛਾਤੀ ਵਸਤੂ (ਸੰਭਵ ਤੌਰ 'ਤੇ ਇੱਕ ਪ੍ਰੋਜੈਕਟਾਈਲ ਮਿਜ਼ਾਈਲ) ਪੂਰਬ ਵੱਲ ਦਾਗੀ। ਫੌਜੀ ਅਧਿਕਾਰੀਆਂ ਨੇ ਕਿਹਾ ਕਿ ਉਨ੍ਹਾਂ ਨੇ ਲਾਂਚ ਦਾ ਪਤਾ ਲਗਾ ਲਿਆ ਹੈ।




### 2027 ਭਾਜਪਾ-ਅਕਾਲੀ ਦਲ ਲਈ ਮੌਕਾ, ਪੰਜਕੋਣੇ ਮੁਕਾਬਲੇ 'ਚ 'ਆਪ' ਘਿਰ ਸਕਦੀ ਹੈ

# ਸਾਰੀਆਂ ਪਾਰਟੀਆਂ ਦੇ ਸ਼ਾਹਮਾਤ ਖੇਡ ਤੋਂ ਬਾਅਦ ਪੰਜਾਬ 'ਚ ਤਿਸ਼ੰਕੂ ਵਿਧਾਨ ਸਭਾ ਦੀ ਸਥਿਤੀ ਵੀ ਬਣ ਸਕਦੀ ਹੈ

## ਮੋਗਾ ਰੈਲੀ ਤੋਂ ਬਾਅਦ: ਪੰਜਾਬ ਦੀ ਰਾਜਨੀਤੀ ਵਿੱਚ ਪੰਜਕੋਣਾ ਮੁਕਾਬਲਾ ਤੇ ਵੋਟਰਾਂ ਦੀ ਪਰਖ

**ਪ੍ਰੋ.ਡਾ.ਕ੍ਰਿਸ਼ਨ ਕੁਮਾਰ ਰੱਤੂ**
**ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ**

ਅੱਜ ਪੰਜਾਬ ਦੀ ਰਾਜਨੀਤੀ ਇੱਕ ਵਾਰ ਫ਼ਿਰ ਇੱਕ ਨਵੇਂ ਮੋੜ 'ਤੇ ਖੜ੍ਹੀ ਦਿਖਾਈ ਦੇ ਰਹੀ ਹੈ। ਅੱਜ ਮੋਗਾ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਰੈਲੀ ਨੇ ਆਉਣ ਵਾਲੀਆਂ ਚੋਣਾਂ ਲਈ ਸਿਆਸੀ ਮਾਹੌਲ ਨੂੰ ਹੋਰ ਤਪਾ ਦਿੱਤਾ ਹੈ। ਇਹ ਰੈਲੀ ਕੇਵਲ ਇੱਕ ਸਿਆਸੀ ਇਕੱਠ ਨਹੀਂ ਸੀ, ਸਗੋਂ ਇਸ ਨੇ ਇਹ ਸੰਕੇਤ ਵੀ ਦਿੱਤਾ ਕਿ ਪੰਜਾਬ ਦੀ ਧਰਤੀ 'ਤੇ ਆਉਣ ਵਾਲੀ ਚੋਣ ਸਧਾਰਣ ਨਹੀਂ ਹੋਵੇਗੀ।

ਇਸ ਮੌਕੇ ਸਭ ਤੋਂ ਹੈਰਾਨੀਜਨਕ ਗੱਲ ਇਹ ਹੈ ਕਿ ਇਸ ਵਾਰ ਕਿਸੇ ਵੀ ਵੱਡੀ ਪਾਰਟੀ ਵੱਲੋਂ ਸਾਫ਼-ਸਾਫ਼ ਗਠਜੋੜ ਦੀ ਰਾਜਨੀਤੀ ਨਹੀਂ ਦਿਖ ਰਹੀ। ਨਤੀਜੇ ਵਜੋਂ ਮੈਦਾਨ ਵਿੱਚ ਪੰਜ-ਗੁਣਾ ਜਾਂ ਇਸ ਤੋਂ ਵੀ ਵੱਧ ਪੱਖੀ ਮੁਕਾਬਲਾ ਬਣਦਾ ਜਾ ਰਿਹਾ ਹੈ।ਅੱਜ ਦੀ ਮੋਗਾ ਰੈਲੀ ਨੇ ਇੱਕ ਗੱਲ ਤਾਂ ਸਾਫ਼ ਕਰ ਦਿੱਤੀ ਹੈ— ਪੰਜਾਬ ਦੀ ਸਿਆਸਤ ਵਿੱਚ ਆਉਣ ਵਾਲੇ ਮਹੀਨੇ ਬਹੁਤ ਗਰਮ ਰਹਿਣ ਵਾਲੇ ਹਨ। ਰੈਲੀਆਂ, ਐਲਾਨਾਂ ਅਤੇ ਵਾਅਦਿਆਂ ਦਾ ਸਿਲਸਿਲਾ ਤੇਜ਼ ਹੋਵੇਗਾ, ਪਰ ਅੰਤਿਮ ਫੈਸਲਾ ਹਮੇਸ਼ਾਂ ਦੀ ਤਰ੍ਹਾਂ ਪੰਜਾਬ ਦੇ ਵੋਟਰ ਦੇ ਹੱਥ ਵਿੱਚ ਹੀ ਹੋਵੇਗਾ।

ਅੱਜ ਪੰਜਾਬ ਦੀ ਰਾਜਨੀਤੀ ਵਿੱਚ ਇਸ ਵੇਲੇ ਮੁੱਖ ਤੌਰ 'ਤੇ ਆਪ-ਅਕਾਲੀ ਦਲ ਕਾਂਗਰਸ, ਭਾਜਪਾ, ਬਸਪਾ, ਅਕਾਲੀ ਦਲ ਪੁਨਰ ਸੁਰਜੀਤ ਸੀਪੀਆਈ 'ਤੇ ਕਈ ਸੀਟਾਂ ਤੇ ਬਾਗੀ ਉਮੀਦਵਾਰ ਵੀ ਆਪਣਾ ਜਲਵਾ ਦਿਖਾਉਣਗੇ ਅਤੇ ਸੱਭ ਪਾਰਟੀਆਂ ਆਪਣਾ-ਆਪਣਾ ਜ਼ੋਰ ਲਗਾ ਰਹੀਆਂ ਹਨ। ਇਸ ਤੋਂ ਇਲਾਵਾ ਕਈ ਆਜ਼ਾਦ ਅਤੇ ਬਾਗੀ ਉਮੀਦਵਾਰ ਵੀ ਮੈਦਾਨ ਵਿੱਚ ਉਤਰਣ ਦੀ ਤਿਆਰੀ ਕਰ ਰਹੇ ਹਨ। ਇਹ ਸਥਿਤੀ ਸਾਫ਼ ਦੱਸਦੀ ਹੈ ਕਿ ਪੰਜਾਬ ਵਿੱਚ ਚੋਣਾਂ ਸਿਰਫ਼ ਪਾਰਟੀਆਂ ਦੇ ਵਿਚਕਾਰ ਨਹੀਂ, ਸਗੋਂ ਵਿਅਕਤੀਆਂ, ਗਠਜੋੜਾਂ ਅਤੇ ਨੈਰੇਟਿਵਾਂ ਦੀ ਲੜਾਈ ਬਣ ਚੁੱਕੀ ਹੈ।

ਮੋਗਾ ਦੀ ਰੈਲੀ ਵਿੱਚ ਭਾਜਪਾ ਨੇ ਆਪਣੀ ਤਾਕਤ ਦਿਖਾਉਣ ਦੀ ਕੋਸ਼ਿਸ਼ ਕੀਤੀ, ਪਰ ਸਿਆਸੀ ਵਿਸ਼ਲੇਸ਼ਕਾਂ ਲਈ ਵੱਡਾ ਸਵਾਲ ਇਹ ਹੈ ਕਿ ਕੀ ਪੰਜਾਬ ਦੀ ਧਰਤੀ 'ਤੇ ਭਾਜਪਾ ਲਈ ਇਹ ਰਾਹ ਇੰਨਾ ਆਸਾਨ ਹੈ? (ਬਾਕੀ ਸਫ਼ਾ 2 'ਤੇ)

# ਪਾਲਤੂ ਕੁੱਤੇ ਦੇ ਕੱਟਣ ਕਾਰਨ ਨੌਜਵਾਨ ਦੀ ਮੌਤ

ਫਿਰੋਜ਼ਪੁਰ, 14 ਮਾਰਚ (ਚ.ਨ.ਸ.): ਇੱਥੋਂ ਦੇ ਨੇੜਲੇ ਪਿੰਡ ਸਾਬੂਆਣਾ ਵਿੱਚ 22 ਸਾਲਾ ਨੌਜਵਾਨ ਮਹਿਕਦੀਪ ਸਿੰਘ ਦੀ ਆਪਣੇ ਹੀ ਪਾਲਤੂ ਕੁੱਤੇ ਦੇ ਕੱਟਣ ਕਾਰਨ ਹੋਏ ਹਲਕਾਅ ਕਾਰਨ ਮੌਤ ਹੋ ਗਈ। ਪਰਿਵਾਰਕ ਮੈਂਬਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਮਹਿਕਦੀਪ ਸਿੰਘ ਪੁੱਤਰ ਰਾਜਬੀਰ ਸਿੰਘ ਨੂੰ ਬੀਤੇ ਜਨਵਰੀ ਮਹੀਨੇ ਵਿੱਚ ਉਸ ਦੇ ਆਪਣੇ ਪਾਲਤੂ ਕੁੱਤੇ ਨੇ ਕੱਟ ਲਿਆ ਸੀ ਅਤੇ ਪਿਛਲੇ ਕੁਝ ਦਿਨਾਂ ਤੋਂ ਮਹਿਕਦੀਪ ਦੀ ਸਿਹਤ ਅਚਾਨਕ ਵਿਗੜਨੀ ਸ਼ੁਰੂ ਹੋ ਗਈ। ਉਸ ਨੇ ਅਸਾਧਾਰਨ ਵਿਵਹਾਰ ਅਤੇ ਅਜੀਬ ਹਰਕਤਾਂ ਕਰਨੀਆਂ ਸ਼ੁਰੂ ਕਰ ਦਿੱਤੀਆਂ ਸਨ, ਜੋ ਹਲਕਾਅ ਦੇ ਲੱਛਣ ਮੰਨੇ ਜਾਂਦੇ ਹਨ। ਬੀਤੇ ਦਿਨ ਜਦੋਂ ਮਹਿਕਦੀਪ ਦਵਾਈ ਲੈਣ ਲਈ ਸਿਵਲ ਹਸਪਤਾਲ ਪਹੁੰਚਿਆ ਤਾਂ ਹਲਕਾਅ ਦਾ ਅਸਰ ਇੰਨਾ ਵੱਧ ਗਿਆ ਕਿ ਉਹ ਬੇਕਾਬੂ ਹੋ ਗਿਆ। ਨੌਜਵਾਨ ਨੇ ਬੇਕਾਬੂ ਹਾਲਤ ਵਿੱਚ ਆਪਣੀ ਕਾਰ ਅਤੇ ਹਸਪਤਾਲ ਦੇ ਸਾਮਾਨ ਦੀ (ਬਾਕੀ ਸਫ਼ਾ 2 'ਤੇ)



# ਭਾਰਤ ਨੇ ਵਿਦੇਸ਼ੀ ਨਾਗਰਿਕਾਂ ਦੇ ਵੀਜ਼ੇ 30 ਦਿਨਾਂ ਲਈ ਵਧਾਏ



ਦੁਬਈ, 14 ਮਾਰਚ (ਚ.ਨ.ਸ.) : ਪੱਛਮੀ ਏਸ਼ੀਆ ਵਿੱਚ ਚੱਲ ਰਹੀ ਜੰਗ ਅਤੇ ਹਵਾਈ ਰੂਟਾਂ ਵਿੱਚ ਆਈ ਰੁਕਾਵਟ ਨੂੰ ਦੇਖਦੇ ਹੋਏ ਭਾਰਤ ਸਰਕਾਰ ਨੇ ਦੇਸ਼ ਵਿੱਚ ਫਸੇ ਵਿਦੇਸ਼ੀ ਨਾਗਰਿਕਾਂ ਲਈ ਵੱਡਾ ਐਲਾਨ ਕੀਤਾ ਹੈ। ਦੁਬਈ ਸਥਿਤ ਭਾਰਤੀ ਦੂਤਾਵਾਸ ਅਨੁਸਾਰ, ਜਿਨ੍ਹਾਂ ਵਿਦੇਸ਼ੀ ਨਾਗਰਿਕਾਂ ਦੇ ਵੀਜ਼ੇ ਖ਼ਤਮ ਹੋ ਰਹੇ ਹਨ, ਉਨ੍ਹਾਂ ਨੂੰ 30 ਦਿਨਾਂ ਦੀ ਮੁਫ਼ਤ ਵੀਜ਼ਾ ਐਕਸਟੈਂਸ਼ਨ ਦਿੱਤੀ ਜਾਵੇਗੀ।

ਇਸ ਤੋਂ ਇਲਾਵਾ, 28 ਫਰਵਰੀ ਤੋਂ ਬਾਅਦ ਜੰਗ ਕਾਰਨ ਹੋਏ 'ਓਵਰਸਟੇਅ' (ਜ਼ਿਆਦਾ ਦੇਰ ਰੁਕਣ) ਲਈ ਕੋਈ ਵੀ ਜੁਰਮਾਨਾ ਨਹੀਂ ਵਸੂਲਿਆ ਜਾਵੇਗਾ। ਅਧਿਕਾਰੀਆਂ ਨੇ ਸਪੱਸ਼ਟ ਕੀਤਾ ਹੈ ਕਿ ਹਵਾਈ ਰਸਤੇ ਖੁੱਲ੍ਹਣ 'ਤੇ ਇਨ੍ਹਾਂ ਨਾਗਰਿਕਾਂ ਨੂੰ ਬਿਨਾਂ ਕਿਸੇ ਫੀਸ ਦੇ 'ਐਗਜ਼ਿਟ ਪਰਮਿਟ' ਵੀ ਜਾਰੀ ਕੀਤੇ ਜਾਣਗੇ। ਇਹ ਫੈਸਲਾ ਉਸ ਸਮੇਂ ਆਇਆ ਹੈ ਜਦੋਂ ਇਜ਼ਰਾਈਲ, ਅਮਰੀਕਾ ਅਤੇ ਈਰਾਨ ਵਿਚਾਲੇ ਚੱਲ ਰਹੇ ਮਿਜ਼ਾਈਲ ਅਤੇ ਡਰੋਨ ਹਮਲਿਆਂ ਕਾਰਨ ਖਾੜੀ ਦੇਸ਼ਾਂ ਦਾ ਹਵਾਈ ਖੇਤਰ ਅੰਸ਼ਕ ਤੌਰ 'ਤੇ ਬੰਦ ਹੈ। ਕਤਰ ਏਅਰਵੇਜ਼ ਵਰਗੀਆਂ ਏਅਰਲਾਈਨਾਂ ਬਹੁਤ ਸੀਮਤ ਉਡਾਣਾਂ ਚਲਾ ਰਹੀਆਂ ਹਨ, ਜਿਸ ਕਾਰਨ ਸੈਂਕੜੇ ਯਾਤਰੀ ਪਰੇਸ਼ਾਨ ਹਨ।

ਭਾਰਤ ਨੇ ਇਹ ਵੀ ਐਲਾਨ ਕੀਤਾ ਹੈ ਕਿ ਜੇਕਰ ਕੋਈ ਫਲਾਈਟ ਡਾਇਵਰਟ ਹੋ ਕੇ ਭਾਰਤ ਆਉਂਦੀ ਹੈ, ਤਾਂ ਯਾਤਰੀਆਂ ਨੂੰ ਮੁਫ਼ਤ 'ਟੈਂਪਰੇਰੀ ਲੈਂਡਿੰਗ ਪਰਮਿਟ' (ਟੀ.ਐਲ.ਪੀ.) ਦਿੱਤਾ ਜਾਵੇਗਾ। ਇਸ ਜੰਗ ਨੇ ਵਿਸ਼ਵ ਪੱਧਰ 'ਤੇ ਤੇਲ ਦੀ ਸਪਲਾਈ ਅਤੇ ਹਵਾਈ ਆਵਾਜਾਈ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ।

# ਜੰਗ ਕਾਰਨ ਦੇਸ਼ 'ਚ ਨਹੀਂ ਹੋਵੇਗੀ ਤੇਲ-ਗੈਸ ਦੀ ਕਿੱਲਤ: ਬੀ.ਪੀ.ਸੀ.ਐਲ.

ਨਵੀਂ ਦਿੱਲੀ, 14 ਮਾਰਚ (ਚ.ਨ.ਸ.) : ਸਰਕਾਰੀ ਮਾਲਕੀ ਵਾਲੀ ਤੇਲ ਕੰਪਨੀ ਭਾਰਤ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ (ਬੀਪੀਸੀਐਲ) ਨੇ ਸ਼ਨੀਵਾਰ ਨੂੰ ਕਿਹਾ ਕਿ ਪੱਛਮੀ ਏਸ਼ੀਆ ਵਿੱਚ ਜਾਰੀ ਸੰਘਰਸ਼ ਕਾਰਨ ਪੈਦਾ ਹੋਏ ਵਿਸ਼ਵਵਿਆਪੀ ਊਰਜਾ ਸੰਕਟ ਦੇ ਬਾਵਜੂਦ ਦੇਸ਼ ਦੀ ਪੈਟਰੋਲੀਅਮ ਸਪਲਾਈ ਚੇਨ ਮਜ਼ਬੂਤ ਅਤੇ ਭਰੋਸੇਯੋਗ ਹੈ।

ਆਪਣੇ ਅਧਿਕਾਰਤ 'ਐਕਸ' (ਪਹਿਲਾਂ ਟਵਿੱਟਰ) ਖਾਤੇ 'ਤੇ ਬੀਪੀਸੀਐਲ ਨੇ ਲਿਖਿਆ, ਭਾਰਤ ਦੀ ਪੈਟਰੋਲੀਅਮ ਸਪਲਾਈ ਚੇਨ ਸਥਿਰ ਬਣੀ ਹੋਈ ਹੈ। ਕੱਚੇ ਤੇਲ ਦੀ ਸਪਲਾਈ ਵਿੱਚ ਵਿਭਿੰਨਤਾ, ਮਜ਼ਬੂਤ ਰਿਫਾਇਨਰੀ ਸੰਚਾਲਨ ਅਤੇ ਇੱਕ ਮਜ਼ਬੂਤ ਵੰਡ ਨੈੱਟਵਰਕ ਦੇਸ਼ ਭਰ ਵਿੱਚ ਈਂਧਨ ਦੀ ਨਿਰੰਤਰ ਉਪਲੱਬਧੀ ਨੂੰ ਯਕੀਨੀ ਬਣਾ ਰਹੇ ਹਨ।

ਕੰਪਨੀ ਨੇ ਅੱਗੇ ਕਿਹਾ, 'ਬੀਪੀਸੀਐਲ ਆਪਣੇ ਪੂਰੇ ਨੈੱਟਵਰਕ ਵਿੱਚ ਪੂਰੀ ਤਰ੍ਹਾਂ ਕਾਰਜਸ਼ੀਲ ਹੈ, ਰਿਟੇਲ ਆਊਟਲੈਟਸ ਆਮ ਵਾਂਗ ਕੰਮ ਕਰ ਰਹੇ ਹਨ ਅਤੇ ਗਾਹਕਾਂ ਲਈ ਬਿਨਾਂ ਕਿਸੇ ਰੁਕਾਵਟ ਦੇ ਸੇਵਾ ਦੇਣ ਲਈ ਲੋੜੀਂਦਾ ਸਟਾਕ ਉਪਲੱਬਧ ਹੈ।'

ਇਸੇ ਤਰ੍ਹਾਂ, ਇੱਕ ਹੋਰ ਸਰਕਾਰੀ ਤੇਲ ਕੰਪਨੀ ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ (ਆਈਓਸੀਐਲ) ਨੇ ਆਪਣੇ ਅਧਿਕਾਰਤ 'ਐਕਸ' ਹੈਂਡਲ 'ਤੇ




ਲਿਖਿਆ, ਸਭ ਤੋਂ ਚੁਣੌਤੀਪੂਰਨ ਸਮਿਆਂ ਵਿੱਚ ਵੀ, ਐਲ.ਪੀ.ਜੀ. ਦੇਸ਼ ਭਰ ਦੇ ਘਰਾਂ ਤੱਕ ਪਹੁੰਚਦੀ ਰਹੀ।

ਭਾਰਤ ਦੀਆਂ ਤੇਲ ਮਾਰਕੀਟਿੰਗ ਕੰਪਨੀਆਂ ਦੇਸ਼ ਭਰ ਦੀਆਂ ਰਸੋਈਆਂ ਨੂੰ ਚਲਦਾ ਰੱਖਣ ਲਈ ਨਿਰੰਤਰ ਐਲ.ਪੀ.ਜੀ. ਸਪਲਾਈ ਯਕੀਨੀ ਬਣਾਉਣ ਲਈ ਚੌਵੀ ਘੰਟੇ ਕੰਮ ਕਰ ਰਹੀਆਂ ਹਨ।

ਹਿੰਦੁਸਤਾਨ ਪੈਟਰੋਲੀਅਮ ਕਾਰਪੋਰੇਸ਼ਨ ਲਿਮਟਿਡ (ਐਚਪੀਸੀਐਲ) ਨੇ ਵੀ ਲਿਖਿਆ, ਦੇਸ਼ ਭਰ ਦੇ ਘਰਾਂ ਲਈ ਘਰੇਲੂ ਐਲ.ਪੀ.ਜੀ. ਸਪਲਾਈ ਸਥਿਰ ਅਤੇ ਤਰਜੀਹ 'ਤੇ ਬਣੀ ਹੋਈ ਹੈ। ਐਚਪੀਸੀਐਲ, ਐਚਪੀ ਗੈਸ ਸਿਲੰਡਰਾਂ ਦੀ ਨਿਰੰਤਰ ਸਪਲਾਈ ਅਤੇ ਘਰ-ਘਰ ਡਿਲੀਵਰੀ ਯਕੀਨੀ ਬਣਾਉਣ ਲਈ ਦਿਨ-ਰਾਤ ਕੰਮ ਕਰ ਰਹੀ ਹੈ।

ਇਸ ਦੌਰਾਨ, ਜਾਰੀ ਵਿਸ਼ਵਵਿਆਪੀ ਤੇਲ ਅਤੇ ਗੈਸ ਸੰਕਟ ਦੇ ਮੱਦੇਨਜ਼ਰ, ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ 12 ਮਾਰਚ ਨੂੰ ਭਰੋਸਾ ਦਿੱਤਾ ਸੀ ਕਿ ਭਾਰਤ ਦੀ ਕੱਚੇ ਤੇਲ ਦੀ ਸਪਲਾਈ ਦੀ ਸਥਿਤੀ ਸੁਰੱਖਿਅਤ ਹੈ ਅਤੇ ਸੁਰੱਖਿਅਤ ਕੀਤੀ ਗਈ ਮਾਤਰਾ 'ਹੋਰਮੁਜ਼' ਰੂਟ ਰਾਹੀਂ ਮਿਲਣ ਵਾਲੀ ਸਪਲਾਈ ਤੋਂ ਕਿਤੇ ਵੱਧ ਹੈ। ਇਸ ਸੰਕਟ ਤੋਂ ਪਹਿਲਾਂ, ਭਾਰਤ ਦੇ ਕੱਚੇ ਤੇਲ ਦੀ ਦਰਾਮਦ ਦਾ ਲੱਗਭੱਗ 45 ਫੀਸਦੀ ਹਿੱਸਾ ਹੋਰਮੁਜ਼ ਰੂਟ ਰਾਹੀਂ ਆਉਂਦਾ ਸੀ। ਉਨ੍ਹਾਂ ਕਿਹਾ ਸੀ ਕਿ ਭਾਰਤ ਨੇ ਕੱਚੇ ਤੇਲ ਦੀ ਇੰਨੀ ਮਾਤਰਾ ਸੁਰੱਖਿਅਤ ਕਰ ਲਈ ਹੈ ਜੋ ਉਸੇ ਸਮੇਂ ਦੌਰਾਨ ਪ੍ਰਭਾਵਿਤ 'ਸਟਰੇਟ' ਰੂਟ ਰਾਹੀਂ ਮਿਲਣ ਵਾਲੀ ਮਾਤਰਾ ਤੋਂ ਵੱਧ ਹੈ। ਗੈਰ-ਹੋਰਮੁਜ਼ ਸਰੋਤਾਂ ਤੋਂ ਸਪਲਾਈ ਲੱਗਭੱਗ 70 ਫੀਸਦੀ ਤੱਕ ਵੱਧ ਗਈ ਹੈ, ਜੋ ਸੰਘਰਸ਼ ਸ਼ੁਰੂ ਹੋਣ ਤੋਂ ਪਹਿਲਾਂ 55 ਫੀਸਦੀ ਸੀ।

## 5 ਦਿਨਾਂ ਬਾਅਦ ਵਪਾਰਕ ਐਲ.ਪੀ.ਜੀ. ਸਿਲੰਡਰਾਂ 'ਤੇ ਲੱਗੀ ਪਾਬੰਦੀ ਹਟੀ

ਨਵੀਂ ਦਿੱਲੀ, 14 ਮਾਰਚ (ਚ.ਨ.ਸ.) : ਸਰਕਾਰ ਨੇ 5 ਦਿਨਾਂ ਬਾਅਦ ਵਪਾਰਕ ਐਲਪੀਜੀ ਸਿਲੰਡਰਾਂ 'ਤੇ ਲੱਗੀ ਪਾਬੰਦੀ ਹਟਾ ਦਿੱਤੀ ਹੈ। ਪੈਟਰੋਲੀਅਮ ਮੰਤਰਾਲੇ ਨੇ ਸ਼ਨੀਵਾਰ ਨੂੰ ਐਲਾਨ ਕੀਤਾ ਕਿ 29 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਵਪਾਰਕ ਸਿਲੰਡਰਾਂ ਦੀ ਵੰਡ ਮੁੜ ਸ਼ੁਰੂ ਹੋ ਗਈ ਹੈ। ਸਰਕਾਰ ਨੇ 9 ਮਾਰਚ ਨੂੰ ਵਪਾਰਕ ਸਿਲੰਡਰਾਂ ਦੀ ਸਪਲਾਈ 'ਤੇ ਪਾਬੰਦੀ ਲਗਾਈ ਸੀ।

ਇਸ ਦੇ ਨਾਲ ਹੀ, ਸਿਲੰਡਰਾਂ ਦੀ ਕਾਲਾਬਾਜ਼ਾਰੀ ਅਤੇ ਗੈਰ-ਕਾਨੂੰਨੀ ਸਟੋਰੇਜ ਨੂੰ ਰੋਕਣ ਲਈ ਦੇਸ਼ ਭਰ ਵਿੱਚ ਛਾਪੇਮਾਰੀ ਤੇਜ਼ ਕਰ ਦਿੱਤੀ ਗਈ ਹੈ। ਸਰਕਾਰ ਨੇ ਕਿਹਾ ਹੈ ਕਿ ਘਰੇਲੂ ਖਪਤਕਾਰਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ।

ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਦੀ ਸੰਯੁਕਤ ਸਕੱਤਰ (ਮਾਰਕੀਟਿੰਗ ਅਤੇ ਤੇਲ ਰਿਫਾਇਨਰੀ) ਸੁਜਾਤਾ ਸ਼ਰਮਾ ਨੇ ਕਿਹਾ ਕਿ ਦਿੱਲੀ-ਐਨਸੀਆਰ ਵਿੱਚ ਉਦਯੋਗਾਂ, ਹੋਟਲਾਂ, ਰੈਸਟੋਰੈਂਟਾਂ ਅਤੇ ਹੋਰ ਅਦਾਰਿਆਂ ਨੂੰ ਇੱਕ ਮਹੀਨੇ ਲਈ ਕੁਦਰਤੀ ਗੈਸ ਦੀ ਬਜਾਏ ਬਾਇਓਮਾਸ ਪੈਲੇਟਸ, ਖਾਸ ਕਰਕੇ ਰਿਫਿਊਜ਼ ਡੈਰੀਵਡ ਫਿਊਲ (ਆਰਡੀਐਫ) ਪੈਲੇਟਸ ਦੀ ਅਸਥਾਈ ਤੌਰ 'ਤੇ ਵਰਤੋਂ ਕਰਨ ਦੀ ਇਜਾਜ਼ਤ ਦਿੱਤੀ ਗਈ ਹੈ।

# ਧੜੰਮ ਡਿੱਗੀ ਚਾਂਦੀ ਤੇ 12 ਦਿਨਾਂ 'ਚ ਸੋਨਾ ਵੀ 12,000 ਰੁਪਏ ਟੁੱਟਿਆ




ਨਵੀਂ ਦਿੱਲੀ, 14 ਮਾਰਚ (ਚ.ਨ.ਸ.) : ਹਾਲ ਹੀ ਦੇ ਦਿਨਾਂ ਵਿੱਚ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਗਿਰਾਵਟ ਆ ਰਹੀ ਹੈ। ਦਿਲਚਸਪ ਗੱਲ ਇਹ ਹੈ ਕਿ ਵਿਸ਼ਵ ਯੁੱਧ ਵਰਗੀ ਸਥਿਤੀ, ਸਟਾਕ ਬਾਜ਼ਾਰਾਂ ਵਿੱਚ ਤੇਜ਼ੀ ਨਾਲ ਗਿਰਾਵਟ, ਕੱਚੇ ਤੇਲ ਦੀਆਂ ਕੀਮਤਾਂ ਵਿੱਚ ਵਾਧਾ ਅਤੇ ਸਪਲਾਈ ਲੜੀ ਵਿੱਚ ਵਿਘਨ ਦੇ ਬਾਵਜੂਦ, ਸੋਨੇ ਦੀਆਂ ਕੀਮਤਾਂ ਨਹੀਂ ਵਧ ਰਹੀਆਂ ਹਨ।

ਆਮ ਤੌਰ 'ਤੇ, ਅਜਿਹੇ ਸਮੇਂ ਦੌਰਾਨ, ਨਿਵੇਸ਼ਕ ਸੋਨੇ ਨੂੰ ਇੱਕ ਸੁਰੱਖਿਅਤ ਪਨਾਹਗਾਹ ਵਜੋਂ ਮੰਨਦੇ ਹਨ, ਜਿਸ ਨਾਲ ਇਸਦੀ ਕੀਮਤ ਵੱਧ ਜਾਂਦੀ ਹੈ। ਹਾਲਾਂਕਿ, ਇਸ ਵਾਰ ਬਾਜ਼ਾਰ ਦਾ ਰੁਝਾਨ ਵੱਖਰਾ ਦਿਖਾਈ ਦਿੰਦਾ ਹੈ।

ਮਾਹਿਰਾਂ ਅਨੁਸਾਰ, ਇਕੁਇਟੀ ਬਾਜ਼ਾਰਾਂ ਵਿੱਚ ਤੇਜ਼ ਗਿਰਾਵਟ ਕਾਰਨ ਬਹੁਤ ਸਾਰੇ ਨਿਵੇਸ਼ਕਾਂ ਨੂੰ ਕਾਫ਼ੀ ਨੁਕਸਾਨ ਹੋਇਆ ਹੈ। ਇਨ੍ਹਾਂ ਨੁਕਸਾਨਾਂ ਦੀ ਭਰਪਾਈ ਕਰਨ ਅਤੇ ਆਪਣੀਆਂ ਨਕਦੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ, ਨਿਵੇਸ਼ਕ ਸੋਨੇ ਵਿੱਚ ਮੁਨਾਫ਼ਾ ਬੁੱਕ ਕਰ ਰਹੇ ਹਨ। ਇਹੀ ਕਾਰਨ ਹੈ ਕਿ ਸੋਨੇ ਦੀਆਂ ਕੀਮਤਾਂ ਦਬਾਅ ਹੇਠ ਆ ਰਹੀਆਂ ਹਨ ਅਤੇ ਲਗਾਤਾਰ ਗਿਰਾਵਟ ਦਾ ਅਨੁਭਵ ਕਰ ਰਹੀਆਂ ਹਨ।

ਸੋਨੇ ਦੀਆਂ ਕੀਮਤਾਂ 12 ਦਿਨਾਂ ਵਿੱਚ 12,000 ਰੁਪਏ ਤੋਂ ਵੱਧ ਡਿੱਗੀਆਂ 2 ਮਾਰਚ ਨੂੰ, ਮਲਟੀ ਕਮੋਡਿਟੀ ਐਕਸਚੇਂਜ ਆਫ਼ ਇੰਡੀਆ (ਐਮ.ਸੀ.ਐਕਸ.) 'ਤੇ ਸੋਨੇ ਦੀ ਵਾਅਦਾ ਕੀਮਤ ਵਪਾਰਕ ਸੈਸ਼ਨ ਦੌਰਾਨ ਲੱਗਭੱਗ 1,69,880 ਰੁਪਏ ਪ੍ਰਤੀ 10 ਗ੍ਰਾਮ ਦੇ ਉੱਚ ਪੱਧਰ 'ਤੇ ਪਹੁੰਚ ਗਈ। 13 ਮਾਰਚ ਨੂੰ, ਇਹ ਡਿੱਗ ਕੇ 1,57,540 ਰੁਪਏ ਪ੍ਰਤੀ 10 ਗ੍ਰਾਮ ਹੋ ਗਈ। ਇਸ ਤਰ੍ਹਾਂ, ਸਿਰਫ਼ 12 ਦਿਨਾਂ ਵਿੱਚ ਸੋਨੇ ਦੀ ਕੀਮਤ ਲੱਗਭੱਗ 12,340 ਰੁਪਏ ਪ੍ਰਤੀ 10 ਗ੍ਰਾਮ ਡਿੱਗ ਗਈ।

ਇਸ ਸਮੇਂ ਦੌਰਾਨ ਚਾਂਦੀ ਦੀਆਂ ਕੀਮਤਾਂ ਵਿੱਚ ਵੀ ਭਾਰੀ ਗਿਰਾਵਟ ਦੇਖਣ ਨੂੰ ਮਿਲੀ। 2 ਮਾਰਚ ਨੂੰ, ਐਮ.ਸੀ.ਐਕਸ. 'ਤੇ ਚਾਂਦੀ ਦੀ ਵਾਅਦਾ ਕੀਮਤ 2,97,799 ਰੁਪਏ ਪ੍ਰਤੀ ਕਿਲੋਗ੍ਰਾਮ ਤੱਕ ਪਹੁੰਚ ਗਈ। 13 ਮਾਰਚ ਨੂੰ, ਇਹ ਲੱਗਭੱਗ 2,54,474 ਰੁਪਏ ਪ੍ਰਤੀ ਕਿਲੋਗ੍ਰਾਮ ਤੱਕ ਡਿੱਗ ਗਈ।

# ਪਹਿਲੇ ਸਫ਼ੇ ਦੀ ਬਾਕੀ

## ਭਾਰਤ ਦੀ ਵਿਕਾਸ ਦਰ 7.5 ਫ਼ੀਸਦੀ

ਰਹਿਣ ਦਾ ਅਨੁਮਾਨ ਲਾਇਆ ਹੈ। ਇਹ ਅਨੁਮਾਨ ਇਸ ਭਰੋਸੇ 'ਤੇ ਲਾਇਆ ਗਿਆ ਹੈ, ਕਿ ਇਰਾਨ ਜੰਗ ਕਾਰਨ ਤੇਲ ਦੀਆਂ ਕੀਮਤਾਂ ਵਿੱਚ ਕੋਈ ਵੱਡਾ ਅਤੇ ਲੰਮੇ ਸਮੇਂ ਤਕ ਜਾਰੀ ਰਹਿਣ ਵਾਲਾ ਵਾਧਾ ਨਹੀਂ ਹੋਵੇਗਾ ਅਤੇ ਤੇਲ ਦੀ ਔਸਤ ਕੀਮਤ 70 ਡਾਲਰ ਪ੍ਰਤੀ ਬੈਰਲ ਤੋਂ ਵੱਧ ਨਹੀਂ ਹੋਵੇਗੀ। ਫਿਚ ਦੇ ਮੁੱਖ ਅਰਥਸ਼ਾਸਤਰੀ ਬ੍ਰਾਇਨ ਕੂਲਟਨ ਨੇ ਕਿਹਾ, "ਹਾਲਾਂਕਿ ਜੇ ਅਜਿਹੇ ਹਾਲਾਤ ਬਣਦੇ ਹਨ ਕਿ ਤੇਲ ਕੀਮਤਾਂ 100 ਡਾਲਰ ਤੱਕ ਪੁੱਜ ਜਾਣ ਅਤੇ ਉੱਥੇ ਸਥਿਰ ਰਹਿਣ ਤਾਂ ਇਹ ਆਲਮੀ ਸਪਲਾਈ ਲਈ ਵੱਡਾ ਝਟਕਾ ਹੋਵੇਗਾ।

## ਸਾਨੂੰ ਸ਼ਾਹ ਤੋਂ ਪੰਜਾਬ ਲਈ ਖ਼ਾਸ ਪੈਕੇਜ ਦੀ ਆਸ

ਵੀ ਨਹੀਂ ਮਿਲੇ। ਉਨ੍ਹਾਂ ਅੱਗੇ ਕਿਹਾ ਕਿ ਤਬਾਹਕੁਨ ਹੜ੍ਹਾਂ ਦੌਰਾਨ ਕੇਂਦਰ ਦੇ ਆਗੂ ਪੰਜਾਬ ਸਿਰਫ਼ "ਸੈਰ-ਸਪਾਟੇ" ਲਈ ਆਏ ਅਤੇ ਫੋਟੋਆਂ ਕਰਾ ਕੇ ਚਲੇ ਗਏ।

ਗੈਂਗਸਟਰਵਾਦ ਦਾ ਮੁੱਦਾ ਉਠਾਉਂਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਕੌਮੀ ਪੱਧਰ 'ਤੇ ਇਸ ਸਮੱਸਿਆ ਨੂੰ ਹੱਲ ਕਰਨ ਵਿੱਚ ਨਾਕਾਮ ਰਹੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਗੈਂਗਸਟਰ ਲਾਰੈਂਸ ਬਿਸ਼ਨੋਈ ਨੂੰ ਭਾਜਪਾ ਸਰਕਾਰ ਨੇ ਗੁਜਰਾਤ ਜੇਲ੍ਹ ਵਿੱਚ ਪਨਾਹ ਦਿੱਤੀ ਹੋਈ ਹੈ ਅਤੇ ਉਸ ਨੂੰ ਪੰਜਾਬ ਲਿਆਉਣ ਦੀ ਇਜਾਜ਼ਤ ਵੀ ਨਹੀਂ ਦਿੱਤੀ ਜਾ ਰਹੀ ਹੈ। ਉਨ੍ਹਾਂ ਨੇ ਗੈਂਗਸਟਰਵਾਦ ਨੂੰ ਇੱਕ ਕੌਮੀ ਮੁੱਦਾ ਦੱਸਿਆ, ਜੋ ਦੇਸ ਦੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਲਈ ਗੰਭੀਰ ਖਤਰਾ ਹੈ ਅਤੇ ਇਸ ਨੂੰ ਰੋਕਣ ਵਿੱਚ ਨਾਕਾਮ ਰਹਿਣ ਲਈ ਕੇਂਦਰ ਸਰਕਾਰ ਦੀ ਆਲੋਚਨਾ ਕੀਤੀ।

ਨਸ਼ਿਆਂ ਦੇ ਮੁੱਦੇ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੰਤਰਰਾਸਟਰੀ ਸਰਹੱਦ ਪਾਰ ਤੋਂ ਤਸਕਰੀ ਨੂੰ ਰੋਕਣਾ ਮੁੱਖ ਤੌਰ 'ਤੇ ਕੇਂਦਰ ਦੀ ਜ਼ਿੰਮੇਵਾਰੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਹੱਦ ਪਾਰ ਤੋਂ ਨਸ਼ਿਆਂ ਦੀ ਤਸਕਰੀ ਰੋਕਣਾ ਕੇਂਦਰ ਦੀ ਜ਼ਿੰਮੇਵਾਰੀ ਹੈ, ਫਿਰ ਵੀ ਸਾਡੀ ਸਰਕਾਰ ਇਸ ਨੂੰ ਰੋਕਣ ਲਈ ਆਪਣੇ ਫੰਡਾਂ ਨਾਲ ਐਂਟੀ-ਡਰੋਨ ਸਿਸਟਮ ਸਥਾਪਤ ਕਰ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਤੋਂ ਕੋਈ ਸਮਰਥਨ ਨਾ ਮਿਲਣ ਦੇ ਬਾਵਜੂਦ ਸਰਹੱਦ ਪਾਰੋਂ ਤਸਕਰੀ ਨੂੰ ਰੋਕਣ ਲਈ ਸਰਹੱਦ 'ਤੇ 550 ਕਿਲੋਮੀਟਰ ਲੰਬੀ ਐਂਟੀ-ਡਰੋਨ ਤਕਨਾਲੋਜੀ ਸਥਾਪਤ ਕੀਤੀ ਹੈ।

ਉਨ੍ਹਾਂ ਪੰਜਾਬ ਤੋਂ ਬਾਹਰ ਨਸ਼ੀਲੇ ਪਦਾਰਥਾਂ ਦੀ ਵੱਡੀ ਜ਼ਬਤੀ ਵਿਰੁੱਧ ਕਾਰਵਾਈ ਨਾ ਹੋਣ 'ਤੇ ਵੀ ਸਵਾਲ ਉਠਾਇਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਗੁਜਰਾਤ ਵਿੱਚ ਲੱਖਾਂ ਟਨ ਨਸ਼ੀਲੇ ਪਦਾਰਥ ਜ਼ਬਤ ਕੀਤੇ ਜਾ ਰਹੇ ਹਨ ਪਰ ਕੋਈ ਕਾਰਵਾਈ ਨਹੀਂ ਕੀਤੀ ਜਾਂਦੀ, ਜਦੋਂ ਕਿ ਪੰਜਾਬ ਨੇ ਨਸ਼ਿਆਂ ਵਿਰੁੱਧ ਦੇਸ ਦੀ ਸਭ ਤੋਂ ਵੱਡੀ ਮੁਹਿੰਮ ਸ਼ੁਰੂ ਕੀਤੀ ਹੈ।" ਉਨ੍ਹਾਂ ਕਿਹਾ ਕਿ ਪੂਰਾ ਦੇਸ ਜਾਣਦਾ ਹੈ ਕਿ ਗੁਜਰਾਤ ਦੇ ਮੁੰਦਰਾ ਬੰਦਰਗਾਹ 'ਤੇ ਲੱਗਭੱਗ 3,000 ਕਿਲੋ ਨਸ਼ੀਲੇ ਪਦਾਰਥ ਜ਼ਬਤ ਕੀਤੇ ਸਨ, ਪਰ ਕਸੂਰਵਾਰਾਂ ਵਿਰੁੱਧ ਕੋਈ ਸਾਰਥਕ ਕਾਰਵਾਈ ਨਹੀਂ ਕੀਤੀ ਗਈ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਫੁੱਟ ਪਾਊ ਰਾਜਨੀਤੀ ਕਦੇ ਵੀ ਸਫਲ ਨਹੀਂ ਹੋਵੇਗੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਦੀ ਮਿੱਟੀ ਉਪਜਾਊ ਹੈ, ਪਰ ਭਾਜਪਾ ਦੀ ਧਰਮ ਅਤੇ ਨਫਰਤ ਦੀ ਰਾਜਨੀਤੀ ਦੇ ਬੀਜ ਇੱਥੇ ਕਦੇ ਨਹੀਂ ਉੱਗਣਗੇ।"

ਸੂਬੇ ਵਿੱਚ ਭਾਜਪਾ ਦੀਆਂ ਸਿਆਸੀ ਇੱਛਾਵਾਂ 'ਤੇ ਵਿਅੰਗ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਟਿੱਪਣੀ ਕੀਤੀ, "ਪੰਜਾਬ ਵਿੱਚ ਭਾਜਪਾ 'ਸਕੂਟਰ ਪਾਰਟੀ' ਤੱਕ ਸੀਮਤ ਹੈ, ਜੋ 2027 ਵਿੱਚ ਕਾਂਗਰਸ ਦੀ ਮਦਦ ਨਾਲ ਸੱਤਾ 'ਤੇ ਕਾਬਜ ਹੋਣ ਦਾ ਸੁਪਨਾ ਦੇਖਦੀ ਹੈ।"

ਉਨ੍ਹਾਂ ਇਹ ਵੀ ਕਿਹਾ ਕਿ ਅਮਿਤ ਸਾਹ ਦਾ ਪੰਜਾਬ ਦੌਰਾ ਲੋਕਾਂ ਨੂੰ ਦਰਪੇਸ ਅਸਲ ਮੁੱਦਿਆਂ ਨੂੰ ਹੱਲ ਕਰਨ ਵਿੱਚ ਅਸਫਲ ਰਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਮਿਤ ਸਾਹ ਸਿਰਫ ਸਾਡੇ ਬਾਰੇ ਬੁਰਾ-ਭਲਾ ਕਹਿਣ ਲਈ ਪੰਜਾਬ ਆਏ ਸਨ ਅਤੇ ਬਿਨਾਂ ਕੁੱਝ ਕੀਤੇ ਚਲੇ ਗਏ।"

ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਸਬੰਧੀ ਭਾਜਪਾ ਦੇ ਦਾਅਵਿਆਂ 'ਤੇ ਸਵਾਲ ਉਠਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਾਰਟੀ ਕੋਲ ਇਕੱਲੇ ਚੋਣ ਲੜਨ ਲਈ ਸੰਗਠਨਾਤਮਕ ਤਾਕਤ ਦੀ ਘਾਟ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਭਾਜਪਾ ਪੰਜਾਬ ਵਿੱਚ ਇਕੱਲੇ ਚੋਣ ਲੜਨ ਲਈ 117 ਉਮੀਦਵਾਰ ਕਿੱਥੋਂ ਲਿਆਏਗੀ?" ਉਨ੍ਹਾਂ ਅੱਗੇ ਕਿਹਾ ਕਿ ਕਿਉਂਕਿ ਭਾਜਪਾ ਕੋਲ ਸੂਬੇ ਵਿੱਚ ਆਗੂ ਨਹੀਂ ਹਨ, ਇਸ ਲਈ ਇਹ ਸੰਭਾਵਨਾ ਹੈ ਕਿ ਦੂਜੀਆਂ ਪਾਰਟੀਆਂ ਦੇ ਨੇਤਾਵਾਂ ਨੂੰ ਚੋਣਾਂ ਲੜਨ ਲਈ ਸਾਮਲ ਕਰਨ ਦੀ ਕੋਸ਼ਿਸ ਕਰੇਗੀ।

ਨਸ਼ਿਆਂ ਦਾ ਮੁੱਦਾ ਉਠਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁੱਛਿਆ, "ਗੁਜਰਾਤ ਦੇ ਇੱਕ ਬੰਦਰਗਾਹ 'ਤੇ 3,000 ਕਿਲੋ ਨਸ਼ੀਲੇ ਪਦਾਰਥ ਜ਼ਬਤ ਕੀਤੇ ਗਏ ਸਨ, ਉੱਥੇ ਕੋਈ ਕਾਰਵਾਈ ਕਿਉਂ ਨਹੀਂ ਕੀਤੀ ਜਾ ਰਹੀ?" ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਇੰਨੀ ਵੱਡੀ ਜ਼ਬਤੀ ਦੇ ਬਾਵਜੂਦ ਨਸਾ ਤਸਕਰਾਂ ਵਿਰੁੱਧ ਸਖਤ ਕਾਰਵਾਈ ਕਰਨ ਵਿੱਚ ਅਸਫਲ ਰਹੀ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਦੇ ਲੋਕ ਭਾਜਪਾ ਦੀ ਸਿਆਸੀ ਫ਼ਿਤਰਤ ਤੋਂ ਚੰਗੀ ਤਰ੍ਹਾਂ ਜਾਣੂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ, ਭਾਜਪਾ ਨੂੰ ਚੰਗੀ ਤਰ੍ਹਾਂ ਜਾਣਦਾ ਹੈ; ਪੰਜਾਬ ਵਿੱਚ ਨਫਰਤ ਦੀ ਰਾਜਨੀਤੀ ਲਈ ਕੋਈ ਥਾਂ ਨਹੀਂ ਹੈ।" ਉਨ੍ਹਾਂ ਯਾਦ ਕਰਵਾਇਆ ਕਿ ਕਿਵੇਂ ਖੇਤੀ ਕਾਨੂੰਨਾਂ ਵਿਰੁੱਧ ਅੰਦੋਲਨ ਦੌਰਾਨ ਪੰਜਾਬ ਦੇ ਕਿਸਾਨਾਂ ਨੂੰ ਜਲੀਲ ਕੀਤਾ ਗਿਆ ਸੀ ਅਤੇ ਉਸ ਸੰਘਰਸ ਦੌਰਾਨ 700 ਤੋਂ ਵੱਧ ਕਿਸਾਨਾਂ ਨੇ ਸਹਾਦਤ ਪ੍ਰਾਪਤ ਕੀਤੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਇਸ ਨੇ ਪਹਿਲਾਂ ਹੀ ਸੂਬੇ ਦੇ ਨੌਜਵਾਨਾਂ ਨੂੰ 65,000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ, ਜਦੋਂ ਕਿ ਭਾਜਪਾ ਦਾ ਦੋ ਕਰੋੜ ਨੌਕਰੀਆਂ ਦੇਣ ਦਾ ਵਾਅਦਾ ਅਜੇ ਵੀ ਅਧੂਰਾ ਹੈ। ਉਨ੍ਹਾਂ ਇਹ ਵੀ ਟਿੱਪਣੀ ਕੀਤੀ ਕਿ ਵਾਅਦੇ ਮੁਤਾਬਕ 15 ਲੱਖ ਰੁਪਏ ਕਦੇ ਵੀ ਆਮ ਨਾਗਰਿਕਾਂ ਦੇ ਬੈਂਕ ਖਾਤਿਆਂ ਵਿੱਚ ਨਹੀਂ ਆਏ।

ਕੇਂਦਰ ਸਰਕਾਰ ਦੀ ਆਲੋਚਨਾ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਆਰ.ਡੀ.ਐਫ., ਜੀ.ਐਸ.ਟੀ., ਐਨ.ਐਚ.ਐਮ. ਅਤੇ ਹੋਰ ਫੰਡਾਂ ਵਿੱਚ ਪੰਜਾਬ ਦੇ ਜਾਇਜ਼ ਹਿੱਸੇ ਨੂੰ ਰੋਕ ਲਿਆ ਹੈ, ਜਿਸ ਨਾਲ ਸੂਬੇ ਦੇ ਵਿਕਾਸ 'ਤੇ ਅਸਰ ਪੈ ਰਿਹਾ ਹੈ। ਉਨ੍ਹਾਂ ਇਸ ਨੂੰ ਪੰਜਾਬ ਦੀ ਤਰੱਕੀ, ਸਾਂਤੀ ਅਤੇ ਖੁਸ਼ਹਾਲੀ ਨੂੰ ਲੀਹ ਤੋਂ ਉਤਾਰਨ ਦੀ ਕੋਸ਼ਿਸ ਦੱਸਿਆ।

ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਨੇ ਕਿਸਾਨਾਂ ਦੇ ਹਿੱਤ ਲਈ ਸਵਾਮੀਨਾਥਨ ਕਮਿਸਨ ਦੀ ਰਿਪੋਰਟ ਲਾਗੂ ਕਰਨ ਦੀ ਵਾਰ-ਵਾਰ ਸਿਫਾਰਸ ਕੀਤੀ ਹੈ ਪਰ ਕੇਂਦਰ ਨੇ ਇਸ 'ਤੇ ਕਾਰਵਾਈ ਨਹੀਂ ਕੀਤੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਚੇਤਾਵਨੀ ਦਿੱਤੀ ਕਿ ਪ੍ਰਸਤਾਵਿਤ ਭਾਰਤ-ਅਮਰੀਕਾ ਸਮਝੌਤਾ ਕਿਸਾਨਾਂ 'ਤੇ ਮਾੜਾ ਪ੍ਰਭਾਵ ਪਾ ਸਕਦਾ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਵੀ ਉਨ੍ਹਾਂ ਹੀ ਸਰੋਤਾਂ ਤੋਂ ਫੰਡ ਉਧਾਰ ਲੈਂਦਾ ਹੈ, ਜਿਨ੍ਹਾਂ ਤੋਂ ਭਾਜਪਾ ਸਾਸਿਤ ਸੂਬੇ ਲੈਂਦੇ ਹਨ ਅਤੇ ਇਸ ਉਤਪਾਦਕ ਕਰਜੇ ਦੀ ਵਰਤੋਂ ਲੋਕਾਂ ਨੂੰ ਸੇਵਾਵਾਂ ਅਤੇ ਸਹੂਲਤਾਂ ਦੇਣ ਲਈ ਕੀਤੀ ਜਾਂਦੀ ਹੈ। ਉਨ੍ਹਾਂ ਟਿੱਪਣੀ ਕੀਤੀ ਕਿ ਪੰਜਾਬ ਸਰਕਾਰ ਦੀਆਂ ਲੋਕ-ਭਲਾਈ ਨੀਤੀਆਂ ਨੂੰ ਹਜਮ ਕਰਨੋਂ ਭਾਜਪਾ ਅਸਮਰੱਥ ਹੈ।

ਕੇਂਦਰ ਸਰਕਾਰ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਮੰਦਭਾਗਾ ਹੈ ਕਿ ਦੇਸ ਅਜਿਹੀ ਸਥਿਤੀ ਦਾ ਸਾਹਮਣਾ ਕਰ ਰਿਹਾ ਹੈ, ਜਿੱਥੇ ਕੇਂਦਰ ਸਰਕਾਰ ਕੋਲ ਕੌਮੀ ਹਿੱਤਾਂ ਦੀ ਰਾਖੀ ਲਈ ਸਪੱਸਟ ਵਿਦੇਸ ਨੀਤੀ ਦੀ ਘਾਟ ਜਾਪਦੀ ਹੈ।

ਇਸ ਦੌਰਾਨ ਪ੍ਰੋਗਰੈਸਿਵ ਪੰਜਾਬ ਨਿਵੇਦਕ ਸੰਮੇਲਨ ਬਾਰੇ ਮੁੱਖ ਮੰਤਰੀ ਨੇ ਕਿਹਾ ਕਿ ਇਸ ਸਮਾਗਮ ਨੂੰ ਉਦਯੋਗਪਤੀਆਂ ਅਤੇ ਨਿਵੇਦਕਾਂ ਵੱਲੋਂ ਜ਼ਬਰਦਸਤ ਹੁੰਗਾਰਾ ਮਿਲਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪ੍ਰੋਗਰੈਸਿਵ ਪੰਜਾਬ ਨਿਵੇਦਕ ਸੰਮੇਲਨ ਨੂੰ ਭਾਰੀ ਹਮਾਇਤ ਮਿਲੀ ਹੈ।"

ਉਨ੍ਹਾਂ ਅੱਗੇ ਕਿਹਾ ਕਿ ਇਸ ਸੰਮੇਲਨ ਨੇ ਸਹਿਯੋਗ ਅਤੇ ਨਿਵੇਸ਼ ਲਈ ਮਜ਼ਬੂਤ ਪਲੇਟਫਾਰਮ ਤਿਆਰ ਕੀਤਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਨਿਵੇਦਕ ਇੱਕ ਦੂਜੇ ਨਾਲ ਪੰਜਾਬ ਵਿੱਚ ਵਪਾਰਕ ਮੌਕਿਆਂ ਬਾਰੇ ਚਰਚਾ ਕਰ ਰਹੇ ਹਨ।"

## ਪੰਜਾਬ 'ਚ 2027 ਵਿੱਚ ਬਣੇਗੀ

4 ਮਹੀਨਿਆ 'ਚ ਨਸ਼ਾ ਬੰਦ ਕਰਵਾਉਣ ਅਤੇ ਲਾਭਪਾਤਰੀਆਂ ਨੂੰ ਪੈਨਸ਼ਨਾ 2500 ਕਰਨ ਤੋਂ ਇਲਾਵਾ 16 ਮੈਡੀਕਲ ਕਾਲਜ ਖੋਲ੍ਹਣ ਅਤੇ ਸਾਰੀਆਂ ਫ਼ਸਲਾਂ ਦੇ ਭਾਅ ਸੂਚਕ ਅੰਕ ਨਾਲ ਜੋੜਨ ਜਿਹਾ ਕੋਈ ਵਾਅਦਾ ਪੂਰਾ ਨਹੀਂ ਹੋਇਆ ਹੈ। ਉਨ੍ਹਾਂ ਲੋਕ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਸ੍ਰੀ ਰਾਹੁਲੀ ਗਾਂਧੀ 'ਤੇ ਹੱਲਾ ਬੋਲਦੇ ਹੋਏ ਕਿਹਾ ਕਿ ਕਾਂਗਰਸ ਦੇ ਰਾਜ ਵਿਚ ਕਿਸਾਨਾਂ ਨੂੰ 22 ਹਜ਼ਾਰ ਕਰੋੜ ਰੁਪਏ ਕਣਕ ਅਤੇ ਝੋਨੇ ਦੀ ਖਰੀਦ ਲਈ ਜਾਰੀ ਕੀਤੇ ਜਾਂਦੇ ਸਨ ਪਰੰਤੂ ਹੁਣ ਇਹ ਰਾਸੀ ਵਧ ਕੇ 1 ਲੱਖ 40 ਹਜਾਰ ਕਰੋੜ ਨੂੰ ਵੀ ਪਾਰ ਕਰ ਗਈ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਕਦੇ ਵੀ ਕਿਸਾਨਾਂ ਦੀ ਹਿਤੈਸੀ ਨਹੀਂ ਰਹੀ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵਲੋਂ 13.50 ਲੱਖ ਕਿਸਾਨਾਂ ਨੂੰ ਸਲਾਨਾ 6 ਹਜ਼ਾਰ ਰੁਪਏ ਦੀ ਕਿਸਾਨ ਸਨਮਾਨ ਰਾਸੀ ਵਜੋਂ ਦਿੱਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ 'ਤੇ ਰਾਜ ਕਰਨ ਵਾਲੀਆਂ ਸਮੇਂ ਦੀਆਂ ਸਰਕਾਰਾਂ ਦੀ ਅਣਗਹਿਲੀ ਦਾ ਨਤੀਜਾ ਹੈ ਕਿ 45 ਫੀਸਦੀ ਨਸ਼ੇ ਦਾ ਕਾਰੋਬਾਰ ਪੰਜਾਬ ਵਿਚ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਮਨ ਅੰਦਰ ਸਿੱਖਾਂ ਪ੍ਰਤੀ ਵੱਡਾ ਮਾਣ ਸਤਿਕਾਰ ਹੈ ਅਤੇ ਇਸੇ ਕਰਕੇ ਹੀ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350 ਸਾਲਾ ਸ਼ਹੀਦੀ ਸਮਾਗਮ, ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ, ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 400 ਸਾਲਾ ਪ੍ਰਕਾਸ਼ ਪੁਰਬ ਅਤੇ 10ਵੇਂ ਪਾਤਸ਼ਾਹ ਸ੍ਰੀ ਗੋਬਿੰਦ ਸਿੰਘ ਜੀ ਦਾ 350 ਸਾਲਾ ਪ੍ਰਕਾਸ਼ ਪੁਰਬ ਕੌਮੀ ਪੱਧਰ ਤੇ ਮਨਾਇਆ ਹੈ। ਉਨ੍ਹਾਂ ਕਿਹਾ ਕਿ 1984 ਦੇ ਦੰਗਾ ਪੀੜਤ ਦੋਸ਼ੀਆਂ 'ਤੇ 300 ਮਾਮਲੇ ਤੋਂ ਵੱਧ ਮਾਮਲੇ ਦਰਜ ਕੀਤੇ ਅਤੇ ਕਈ ਨੇਤਾਵਾਂ ਨੂੰ ਜੇਲ੍ਹ ਭੇਜਿਆ ਅਤੇ ਪੀੜਤਾ ਨੂੰ 5 ਲੱਖ ਰੁਪਏ ਦਾ ਮੁਆਵਜ਼ਾ ਦਿੱਤਾ। ਉਨ੍ਹਾਂ ਕਿਹਾ ਕਿ ਪਾਕਿਸਤਾਨ ਵਿਖੇ ਸ੍ਰੀ ਕਰਤਾਰਪੁਰ ਸਾਹਿਬ ਜੀ ਦਾ ਲਾਂਘਾ ਖੁੱਲ੍ਹਵਾਇਆ। ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਸਾਬਕਾ ਵਿਧਾਇਕ ਮੋਗਾ ਨੇ ਪਹੁੰਚੀ ਲੀਡਰਸ਼ਿੱਪ ਅਤੇ ਲੋਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਅਸ਼ਵਨੀ ਸ਼ਰਮਾ ਕਾਰਜਕਾਰੀ ਪ੍ਰਧਾਨ ਪੰਜਾਬ, ਰਵਨੀਤ ਸਿੰਘ ਬਿੱਟੂ ਕੇਂਦਰੀ ਮੰਤਰੀ, ਮਹਾਂਰਾਨੀ ਪ੍ਰਨੀਤ ਕੌਰ ਸਾਬਕਾ ਕੇਂਦਰੀ ਮੰਤਰੀ, ਮਨਪ੍ਰੀਤ ਸਿੰਘ ਬਾਦਲ ਸਾਬਕਾ ਮੰਤਰੀ, ਮਨੋਰੰਜਨ ਕਾਲੀਆ ਸਾਬਕਾ ਮੰਰਤੀ, ਸੁਰੂਪ ਚੰਦ ਸਿੰਗਲਾ ਸਾਬਕਾ ਵਿਧਾਇਕ, ਰਾਣਾ ਗੁਰਜੀਤ ਸਿੰਘ ਸਾਬਕਾ ਮੰਤਰੀ, ਸੁਰਜੀਤ ਕੁਮਾਰ ਜਿਆਣੀ ਸਾਬਕਾ ਮੰਤਰੀ, ਜਗਮੀਤ ਸਿੰਘ ਬਰਾੜ ਸਾਬਕਾ ਮੈਂਬਰ ਲੋਕ ਸਭਾ, ਇਕਬਾਲ ਸਿੰਘ ਲਾਲ ਪੁਰਾ ਸੀਨੀਅਰ ਆਗੂ, ਪ੍ਰਮਿੰਦਰ ਸਿੰਘ ਬਰਾੜ, ਨਿਧੜਕ ਸਿੰਘ ਬਰਾੜ, ਡਾ. ਸੀਮਾਂਤ ਗਰਗ, ਦੇਵ ਪ੍ਰਿਆ ਤਿਆਗੀ, ਮੁਖਤਿਆਰ ਸਿੰਘ ਐਸ.ਪੀ, ਵਿਨੈ ਸ਼ਰਮਾ ਸਾਬਕਾ ਜ਼ਿਲ੍ਹਾ ਪ੍ਰਧਾਨ, ਤ੍ਰਿਲੋਚਨ ਸਿੰਘ ਗਿੱਲ, ਅਨਿਲ ਬਾਂਸਲ, ਸੋਨੂੰ ਅਰੋੜਾ ਆਦਿ ਹਾਜ਼ਰ ਸਨ।

ਅਮਿਤ ਸ਼ਾਹ ਜੀ ਪੰਜਾਬ ਨੂੰ ਬਚਾ ਲਓ : ਸੁਨੀਲ ਜਾਖੜ

ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਪੰਜਾਬ ਵਿਚ ਅਮਨ ਕਾਨੂੰਨ ਨਾਮ ਦੀ ਕੋਈ ਚੀਜ ਨਹੀਂ, ਥਾਣਿਆਂ 'ਤੇ ਗ੍ਰਨੇਡ ਸੁੱਟੇ ਜਾ ਰਹੇ ਹਨ ਅਤੇ ਪੰਜਾਬ ਨੂੰ ਫਿਰ ਤੋਂ ਕਾਲੇ ਦੌਰ ਵੱਲ ਧੱਕਿਆ ਜਾ ਰਿਹਾ ਹੈ। ਉਨ੍ਹਾਂ ਗ੍ਰਹਿ ਮੰਤਰੀ ਦੇ ਸ੍ਰੀ ਅਮਿਤ ਸ਼ਾਹ ਦੇ ਮੁਖਾਤਿਬ ਹੁੰਦਿਆਂ ਕਿਹਾ ਕਿ ਸਾਹਿਬ ਪੰਜਾਬ ਨੂੰ ਬਚਾ ਲਓ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਕੋਈ ਵਿਰੋਧੀ ਧਿਰ ਵੀ ਨਹੀਂ, ਕਿਉਂਕਿ ਕਾਂਗਰਸ 'ਤੇ ਤਾਂ ਕਾਂਗਰਸ ਲੀਡਰਸ਼ਿੱਪ ਵੀ ਭਰੋਸਾ ਨਹੀਂ ਕਰਦੀ। ਪੰਜਾਬ ਦੇ ਸਮੁੱਚੇ ਲੋਕ ਤੁਹਾਡੇ ਵੱਲ ਦੇਖ ਰਹੇ ਹਨ।

ਪੰਜਾਬ ਨੂੰ ਮਾੜੇ ਹਾਲਾਤਾਂ 'ਚੋਂ ਭਾਜਪਾ ਹੀ ਕੱਢ ਸਕਦੀ ਹੈ : ਅਸ਼ਵਨੀ ਸ਼ਰਮਾ

ਪੰਜਾਬ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਪੰਜਾਬ ਨੂੰ ਹੁਣ ਮਾੜੇ ਹਾਲਾਤਾਂ ਵਿਚੋਂ ਭਾਜਪਾ ਹੀ ਕੱਢ ਸਕਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਗੁੰਡਾ ਅਤੇ ਗੈਂਗਸ਼ਟਰਾਂ ਦਾ ਰਾਜ ਹੈ ਅਤੇ ਇੱਥੇ ਰੋਜ਼ਾਨਾ ਕਤਲ ਅਤੇ ਫਿਰੌਤੀਆਂ ਲਈਆਂ ਜਾ ਰਹੀਆਂ ਹਨ।

ਪੁਲਿਸ ਦੀਆਂ ਰੋਕਾਂ ਦੇ ਬਾਵਜੂਦ ਠਾਠਾਂ ਮਾਰਦੇ ਇਕੱਠ ਨੇ ਭਾਜਪਾ ਦੀ ਲੋਕ ਪ੍ਰਿਯਾ 'ਤੇ ਲਗਾਈ ਮੋਹਰ : ਤਰੁਣ ਚੁੱਘ

ਪੰਜਾਬ ਭਾਜਪਾ ਦੇ ਸੀਨੀਅਰ ਆਗੂ ਤਰੁਣ ਚੁੱਘ ਨੇ ਸਟੇਜ ਤੋਂ ਆਮ ਆਦਮੀ ਪਾਰਟੀ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਪੰਜਾਬ ਵਿਚ ਭਾਜਪਾ ਵਰਕਰਾਂ ਦੀਆਂ 1500 ਤੋਂ ਵੱਧ ਬੱਸਾਂ ਰੋਕੀਆਂ ਗਈਆਂ ਹਨ, ਪਰੰਤੂ ਫਿਰ ਵੀ ਠਾਠਾਂ ਮਾਰਦੇ ਇਕੱਠ ਨੇ ਭਾਜਪਾ ਦੀ ਪੰਜਾਬ ਵਿਚ ਲੋਕ ਪ੍ਰਿਯਤਾ 'ਤੇ ਮੋਹਰ ਲਗਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਹੁਣ ਆਪ ਸਰਕਾਰ ਦੀਆਂ ਮਨ ਮਾਨੀਆਂ ਨਹੀਂ ਚੱਲਣਗੀਆਂ।

2022 'ਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਤਾੜੀਆਂ ਨਾਲ ਸਵਾਗਤ ਕਰਨ ਵਾਲੇ ਮੁਲਾਜ਼ਮ ਅੱਜ ਮੱਥੇ 'ਤੇ ਹੱਥ ਮਾਰ ਰਹੇ ਹਨ : ਮਨੋਰੰਜਨ ਕਾਲੀਆ

ਪੰਜਾਬ ਦੇ ਸਾਬਕਾ ਮੰਤਰੀ ਅਤੇ ਸੀਨੀਅਰ ਭਾਜਪਾ ਆਗੂ ਮਨੋਰੰਜਨ ਕਾਲੀਆਂ ਨੇ ਕਿਹਾ ਕਿ 16 ਮਾਰਚ 2022 ਨੂੰ ਜਦੋਂ ਭਗਵੰਤ ਸਿੰਘ ਮਾਨ ਨੇ ਮੁੱਖ ਮੰਤਰੀ ਦੀ ਸਹੁ ਚੁੱਕੀ ਸੀ ਤਾਂ ਉਸ ਵੇਲੇ ਉਨ੍ਹਾਂ ਦਾ ਤਾੜੀਆਂ ਮਾਰ ਕੇ ਸਵਾਗਤ ਕਰਨ ਵਾਲੇ ਪੰਜਾਬ ਦੇ ਮੁਲਾਜ਼ਮ ਅੱਜ ਆਪਣੇ ਮੱਥੇ 'ਤੇ ਹੱਥ ਮਾਰ ਕੇ ਪਛਤਾ ਰਹੇ ਹਨ, ਕਿਉਂਕਿ ਅੱਜ ਤੱਕ ਕਿਸੇ ਮੁਲਾਜ਼ਮ ਨੂੰ ਡੀਏ ਦੀ ਕਿਸਤ ਨਹੀਂ ਮਿਲੀ, ਸਗੋਂ ਪੰਜਾਬ ਸਿਰ ਕਰਜ਼ੇ ਦੀ ਪੰਡ ਭਾਰੀ ਹੋ ਗਈ ਹੈ।

## ਬੰਗਾਲ 'ਚੋਂ ਮਹਾਂ ਜੰਗਲਰਾਜ

ਕਾਊਂਟਡਾਊਨ ਸ਼ੁਰੂ ਹੋ ਚੁੱਕਾ ਹੈ ਤੇ ਨਵੇਂ ਬੰਗਾਲ ਦੀ ਕ੍ਰਾਂਤੀ ਦਾ ਬਿਗੁਲ ਵੱਜ ਚੁੱਕਾ ਹੈ।

ਰੈਲੀ ਰੋਕਣ ਦੀਆਂ ਕੋਸ਼ਿਸ਼ਾਂ ਦਾ ਲਾਇਆ ਦੋਸ਼

ਪੀਐੱਮ ਮੋਦੀ ਨੇ ਦੋਸ਼ ਲਾਇਆ ਕਿ ਇਸ ਰੈਲੀ ਨੂੰ ਰੋਕਣ ਲਈ ਸੂਬਾ ਸਰਕਾਰ ਨੇ ਹਰ ਹਰਬਾ ਵਰਤਿਆ। ਪੁਲ ਬੰਦ ਕੀਤੇ ਗਏ, ਗੱਡੀਆਂ ਰੁਕਵਾਈਆਂ ਗਈਆਂ ਅਤੇ ਭਾਜਪਾ ਦੇ ਝੰਡੇ ਤੇ ਪੋਸਟਰ ਤੱਕ ਪਾੜ ਦਿੱਤੇ ਗਏ। ਉਨ੍ਹਾਂ ਕਿਹਾ ਕਿ ਟੀਐੱਮਸੀ ਨੇ ਰੈਲੀ 'ਚ ਆਉਣ ਵਾਲੇ ਲੋਕਾਂ ਨੂੰ 'ਚੋਰ' ਕਹਿ ਕੇ ਅਪਮਾਨਿਤ ਕੀਤਾ ਹੈ, ਪਰ ਬੰਗਾਲ ਦੀ ਜਨਤਾ ਭਲੀਭਾਂਤ ਜਾਣਦੀ ਹੈ ਕਿ ਅਸਲੀ ਚੋਰ ਕੌਣ ਹੈ। ਉਨ੍ਹਾਂ ਕਿਹਾ ਕਿ ਜਨਤਾ ਦਾ ਇਹ ਸੈਲਾਬ ਦੱਸ ਰਿਹਾ ਹੈ ਕਿ ਹੁਣ ਬਦਲਾਅ ਦੀ ਇਸ ਆਂਧੀ ਨੂੰ ਕੋਈ ਨਹੀਂ ਰੋਕ ਸਕਦਾ।

## ਕੇਂਦਰ ਆਪਣੇ ਹਿੱਤਾਂ ਲਈ ਦੇਸ਼ ਦੀ

ਐਮਐਸਪੀ ਬੋਨਸ ਬੰਦ ਕਰਨ ਲਈ ਦਬਾਅ

ਪਾਇਆ - ਇਕ ਅਜਿਹਾ ਕਦਮ ਜੋ ਉਸਨੇ 'ਰਾਸ਼ਟਰੀ ਤਰਜੀਹਾਂ' ਦੇ ਨਾਮ 'ਤੇ ਬਿਨਾਂ ਕਿਸੇ ਤਰਕਪੂਰਨ ਆਧਾਰ ਦੇ ਜਾਇਜ਼ ਠਹਿਰਾਉਣ ਦੀ ਕੋਸ਼ਿਸ਼ ਕੀਤੀ,'ਉਨ੍ਹਾਂ ਕਿਹਾ ਕਿ ਇਕ ਹੋਰ ਮਹੱਤਵਪੂਰਨ ਸਵਾਲ ਇਹ ਹੈ ਕਿ ਕੀ ਅਮਰੀਕਾ ਨਾਲ ਵਪਾਰ ਸਮਝੌਤਾ 'ਗੈਰ-ਵਪਾਰਕ ਰੁਕਾਵਟਾਂ' ਨੂੰ ਘਟਾਉਣ ਦੀ ਗੱਲ ਕਰਦਾ ਹੈ। 'ਕੀ ਇਹ ਐਮਐਸਪੀ ਵਿਧੀ ਅਤੇ ਸਰਕਾਰੀ ਖਰੀਦ ਨੂੰ ਕਮਜ਼ੋਰ ਕਰਨ ਦੇ ਇਰਾਦੇ ਨੂੰ ਦਰਸਾਉਂਦਾ ਹੈ?' ਉਨ੍ਹਾਂ ਦਾਅਵਾ ਕੀਤਾ ਕਿ'ਸਰਕਾਰ ਇਸ ਸਵਾਲ ਤੋਂ ਵੀ ਬਚ ਰਹੀ ਹੈ।' ਗਾਂਧੀ ਨੇ ਆਪਣੀ ਪੋਸਟ ਵਿਚ ਦੋਸ਼ ਲਗਾਇਆ, 'ਮੋਦੀ ਸਰਕਾਰ ਨਾ ਸਿਰਫ਼ ਕਿਸਾਨਾਂ ਨਾਲ ਕੀਤੇ ਵਾਅਦਿਆਂ ਦਾ ਸਨਮਾਨ ਕਰਨ ਤੋਂ ਇਨਕਾਰ ਕਰਦੀ ਹੈ, ਸਗੋਂ ਇਹ ਆਪਣੇ ਹਿੱਤਾਂ ਲਈ ਭਾਰਤੀ ਖੇਤੀਬਾੜੀ ਨੂੰ ਕੁਰਬਾਨ ਕਰਨ ਲਈ ਵੀ ਤਿਆਰ ਹੈ।'

## ਸੀ.ਬੀ.ਆਈ. ਅਦਾਲਤ ਵੱਲੋਂ ਸਾਬਕਾ ਡੀ.ਆਈ.ਜੀ.

ਚੰਡੀਗੜ੍ਹ ਸੀ.ਬੀ.ਆਈ. ਅਦਾਲਤ ਨੇ ਪਹਿਲਾਂ ਉਨ੍ਹਾਂ ਦੀ ਜ਼ਮਾਨਤ ਪਟੀਸ਼ਨ ਰੱਦ ਕਰ ਦਿੱਤੀ ਸੀ। ਸੀ.ਬੀ.ਆਈ. ਦੇ ਵਕੀਲ ਨੇ ਕਿਹਾ ਕਿ ਭੁੱਲਰ ਇੰਨੇ ਉੱਚ ਅਹੁਦੇ 'ਤੇ ਸੀ ਅਤੇ ਇੱਕ ਸਾਬਕਾ ਡੀ.ਜੀ.ਪੀ. ਦਾ ਪੁੱਤਰ ਸੀ, ਇਸ ਲਈ ਜਾਂਚ ਏਜੰਸੀ ਨੇ ਗ੍ਰਿਫ਼ਤਾਰੀ ਕਰਨ ਤੋਂ ਪਹਿਲਾਂ ਸਾਰੇ ਸਬੂਤ ਇਕੱਠੇ ਕਰ ਲਏ ਸਨ। ਉਨ੍ਹਾਂ ਦੀ ਰਿਸ਼ਵਤਖੋਰੀ ਬਹੁਤ ਜ਼ਿਆਦਾ ਸੀ, ਜਿਸ ਕਾਰਨ ਡੀ.ਆਈ.ਜੀ. ਭੁੱਲਰ ਦੀ ਗ੍ਰਿਫ਼ਤਾਰੀ ਨੇ ਪੂਰੇ ਦੇਸ਼ ਨੂੰ ਹਿਲਾ ਕੇ ਰੱਖ ਦਿੱਤਾ। ਇਸ ਤੋਂ ਬਾਅਦ ਅਦਾਲਤ ਨੇ ਆਪਣਾ ਫੈਸਲਾ ਜਾਰੀ ਕੀਤਾ, ਜਿਸ ਮੁਤਾਬਕ ਭੁੱਲਰ ਜੇਲ੍ਹ ਵਿੱਚ ਹੀ ਰਹਿਣਗੇ। ਦੱਸ ਦੇਈਏ ਕਿ ਸਾਬਕਾ ਡੀ.ਆਈ.ਜੀ. ਨੂੰ ਸੀਬੀਆਈ ਨੇ 16 ਅਕਤੂਬਰ, 2025 ਨੂੰ ਮੋਹਾਲੀ ਸਥਿਤ ਉਨ੍ਹਾਂ ਦੇ ਦਫ਼ਤਰ ਤੋਂ ਗ੍ਰਿਫ਼ਤਾਰ ਕੀਤਾ ਸੀ। ਸੀ.ਬੀ.ਆਈ. ਨੇ ਪਹਿਲਾਂ ਦਲਾਲ ਕ੍ਰਿਸ਼ਨੂ ਸ਼ਾਰਦਾ ਨੂੰ ਗ੍ਰਿਫ਼ਤਾਰ ਕੀਤਾ, ਉਸ ਤੋਂ ਬਾਅਦ ਭੁੱਲਰ ਨੂੰ ਗ੍ਰਿਫ਼ਤਾਰ ਕੀਤਾ। ਉਨ੍ਹਾਂ 'ਤੇ ਪੰਜ ਲੱਖ ਰੁਪਏ ਦੀ ਰਿਸ਼ਵਤ ਲੈਣ ਦਾ ਦੋਸ਼ ਲਗਾਇਆ ਗਿਆ ਸੀ। ਇਸ ਤੋਂ ਬਾਅਦ, ਉਨ੍ਹਾਂ ਦੇ ਘਰ ਛਾਪਾ ਮਾਰਿਆ ਗਿਆ, ਜਿੱਥੇ 7.5 ਕਰੋੜ ਰੁਪਏ, ਮਹਿੰਗੀਆਂ ਘੜੀਆਂ, ਸ਼ਰਾਬ ਅਤੇ ਕਾਰ ਦੀਆਂ ਚਾਬੀਆਂ ਬਰਾਮਦ ਕੀਤੀਆਂ ਗਈਆਂ। ਵਿਜੀਲੈਂਸ ਬਿਊਰੋ ਨੇ ਵੀ ਭੁੱਲਰ ਵਿਰੁੱਧ ਭ੍ਰਿਸ਼ਟਾਚਾਰ ਕਾਨੂੰਨ ਅਤੇ ਆਮਦਨ ਤੋਂ ਵੱਧ ਜਾਇਦਾਦ ਦੇ ਦੋਸ਼ਾਂ ਤਹਿਤ ਮਾਮਲਾ ਦਰਜ ਕੀਤਾ ਹੈ। ਪੰਜਾਬ ਵਿਜੀਲੈਂਸ ਬਿਊਰੋ ਨੇ ਵੀ ਉਨ੍ਹਾਂ ਵਿਰੁੱਧ ਆਮਦਨ ਤੋਂ ਵੱਧ ਜਾਇਦਾਦ ਦਾ ਕੇਸ ਦਰਜ ਕੀਤਾ ਹੈ। ਹਾਲਾਂਕਿ, ਪੰਜਾਬ ਵਿਜੀਲੈਂਸ ਬਿਊਰੋ ਨੇ ਅਜੇ ਤੱਕ ਉਨ੍ਹਾਂ ਦਾ ਹਾਸਲ ਪ੍ਰਾਪਤ ਨਹੀਂ ਕੀਤਾ ਹੈ। ਉਹ ਇਸ ਸਮੇਂ ਬੁੜੈਲ ਜੇਲ੍ਹ ਵਿੱਚ ਬੰਦ ਹਨ। ਉਨ੍ਹਾਂ ਨੇ ਹਾਲ ਹੀ ਵਿੱਚ ਚੰਡੀਗੜ੍ਹ ਦੀ ਅਦਾਲਤ ਵਿੱਚ ਪਿੱਠ ਦਰਦ ਦਾ ਹਵਾਲਾ ਦਿੰਦੇ ਹੋਏ ਗੱਦੇ ਦੀ ਬੇਨਤੀ ਕਰਨ ਲਈ ਪਟੀਸ਼ਨ ਦਾਇਰ ਕੀਤੀ ਸੀ। ਅਦਾਲਤ ਨੇ ਜੇਲ੍ਹ ਸੁਪਰਡੈਂਟ ਨੂੰ ਇਸ ਸਬੰਧ ਵਿੱਚ ਕਾਰਵਾਈ ਕਰਨ ਦੇ ਹੁਕਮ ਦਿੱਤੇ ਸਨ। ਇਸ ਤੋਂ ਪਹਿਲਾਂ ਭੁੱਲਰ ਦੇ ਬੈਂਕ ਖਾਤੇ ਕੁਰਕ ਕੀਤੇ ਜਾ ਚੁੱਕੇ ਹਨ।

## ਭਾਰਤੀ ਫ਼ੌਜ ਦੀ ਨਿਗਰਾਨੀ ਹੇਠ ਐਲ.ਪੀ.ਜੀ. ਨਾਲ

ਵਾਲੇ ਪਹਿਲੇ ਐੱਲਪੀਜੀ ਜਹਾਜ਼ ਹਨ। ਦੋਵੇਂ ਭਾਰਤੀ ਝੰਡੇ ਵਾਲੇ ਸ਼ਿਪਿੰਗ ਕਾਰਪੋਰੇਸ਼ਨ ਆਫ ਇੰਡੀਆ ਦੇ ਟੈਂਕਰ ਹਨ ਅਤੇ ਸਮੂਹਿਕ ਤੌਰ 'ਤੇ ਲੱਗਭੱਗ 85,000 ਮੀਟ੍ਰਿਕ ਟਨ ਕੁਦਰਤੀ ਗੈਸ ਲੈ ਕੇ ਜਾ ਰਹੇ ਹਨ।

ਸਮੁੰਦਰ ਵਿੱਚ ਐੱਲਪੀਜੀ ਟੈਂਕਰ ਦੀ ਰਫ਼ਤਾਰ ਅਨੁਸਾਰ ਜਹਾਜ਼ਾਂ ਦੇ ਸੋਮਵਾਰ ਰਾਤ ਤੱਕ ਭਾਰਤੀ ਤੱਟਾਂ 'ਤੇ ਪਹੁੰਚਣ ਦੀ ਉਮੀਦ ਹੈ। ਸੂਤਰਾਂ ਨੇ ਦੱਸਿਆ ਕਿ ਇਹ ਰਸਤਾ ਭਾਰਤੀ ਅਤੇ ਈਰਾਨੀ ਲੀਡਰਸ਼ਿਪ ਵਿਚਕਾਰ ਹੋਈ ਲਗਾਤਾਰ ਗੱਲਬਾਤ ਤੋਂ ਬਾਅਦ ਸੰਭਵ ਹੋਇਆ ਹੈ। ਵੀਰਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਈਰਾਨ ਦੇ ਰਾਸ਼ਟਰਪਤੀ ਮਸੂਦ ਪੇਜ਼ੇਸ਼ਕੀਅਨ ਨਾਲ ਵੀ ਗੱਲਬਾਤ ਕੀਤੀ ਸੀ।

ਮੋਦੀ ਨੇ 'ਐਕਸ' 'ਤੇ ਪੋਸਟ ਕੀਤਾ, 'ਭਾਰਤੀ ਨਾਗਰਿਕਾਂ ਦੀ ਸੁਰੱਖਿਆ ਦੇ ਨਾਲ-ਨਾਲ ਵਸਤੂਆਂ ਅਤੇ ਊਰਜਾ ਦੀ ਨਿਰਵਿਘਨ ਆਵਾਜਾਈ ਭਾਰਤ ਦੀ ਪ੍ਰਮੁੱਖ ਤਰਜੀਹ ਬਣੀ ਹੋਈ ਹੈ।' ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ 28 ਫਰਵਰੀ ਤੋਂ ਆਪਣੇ ਈਰਾਨੀ ਹਮਰੁਤਬਾ ਸਈਦ ਅੱਬਾਸ ਅਰਾਗਚੀ ਨਾਲ ਫੋਨ 'ਤੇ ਚਾਰ ਦੌਰ ਦੀ ਗੱਲਬਾਤ ਕੀਤੀ ਹੈ। ਸੂਤਰਾਂ ਨੇ ਦੱਸਿਆ ਕਿ ਸੰਵੇਦਨਸ਼ੀਲ ਸਮੁੰਦਰੀ ਗਲਿਆਰੇ ਰਾਹੀਂ ਸੁਰੱਖਿਅਤ ਲੰਘਣ ਨੂੰ ਯਕੀਨੀ ਬਣਾਉਣ ਲਈ ਭਾਰਤੀ ਜਲ ਸੈਨਾ ਵੱਲੋਂ ਜਹਾਜ਼ਾਂ ਦੀ ਨਿਗਰਾਨੀ ਅਤੇ ਮਾਰਗਦਰਸ਼ਨ ਕੀਤਾ ਜਾ ਰਿਹਾ ਹੈ, ਜੋ ਕਿ ਵਿਸ਼ਵ ਦੇ ਸਭ ਤੋਂ ਮਹੱਤਵਪੂਰਨ ਊਰਜਾ ਆਵਾਜਾਈ ਮਾਰਗਾਂ ਵਿੱਚੋਂ ਇੱਕ ਹੈ।

ਪਾਣੀਆਂ ਵਿੱਚ ਸਥਿਤੀ 'ਤੇ ਨਜ਼ਰ ਰੱਖਣ ਲਈ ਜਲ ਸੈਨਾ ਦੇ ਜੰਗੀ ਜਹਾਜ਼ ਨੂੰ ਆਪਣੇ ਰਾਡਾਰਾਂ ਤੋਂ ਲਾਈਵ ਫੀਡ ਦੇ ਨਾਲ-ਨਾਲ ਸਵਦੇਸ਼ੀ ਸੈਟੇਲਾਈਟਾਂ, ਸਮੁੰਦਰੀ ਨਿਗਰਾਨੀ ਜਹਾਜ਼ਾਂ ਅਤੇ ਡਰੋਨਾਂ ਦੀ ਕਨੈਕਟੀਵਿਟੀ ਮਿਲਦੀ ਹੈ। ਸਥਿਤੀ ਦੀ ਨਵੀਂ ਦਿੱਲੀ ਅਤੇ ਪੱਛਮੀ ਤੱਟ ਦੇ ਨਾਲ ਸੰਯੁਕਤ ਆਪ੍ਰੇਸ਼ਨ ਸੈਂਟਰ ਵਿੱਚ ਲਾਈਵ ਨਿਗਰਾਨੀ ਕੀਤੀ ਜਾ ਰਹੀ ਹੈ। ਜਲ ਸੈਨਾ ਦੇ ਦੋ ਜਹਾਜ਼ ਹਮੇਸ਼ਾ ਸਾਊਦੀ ਅਰਬ ਦੇ ਪ੍ਰਾਇਦੀਪ ਦੇ ਦੱਖਣ ਵਾਲੇ ਖੇਤਰ ਵਿੱਚ ਤਾਇਨਾਤ ਰਹਿੰਦੇ ਹਨ। ਇੱਕ ਜਹਾਜ਼ ਅਦਨ ਦੀ ਖਾੜੀ ਵਿੱਚ ਹੈ, ਕਿਉਂਕਿ ਜਲ ਸੈਨਾ 2008 ਤੋਂ ਨਾਨ-ਸਟਾਪ ਐਂਟੀ-ਪਾਇਰੇਸੀ ਸੁਰੱਖਿਆ ਪ੍ਰਦਾਨ ਕਰ ਰਹੀ ਹੈ। ਇਸ ਦੌਰਾਨ 2019 ਵਿੱਚ 'ਆਪ੍ਰੇਸ਼ਨ ਸੰਕਲਪ' ਸ਼ੁਰੂ ਕੀਤਾ ਗਿਆ ਸੀ ਅਤੇ ਇੱਕ ਜੰਗੀ ਜਹਾਜ਼ ਅਦਨ ਦੀ ਖਾੜੀ ਵਿੱਚ ਤਾਇਨਾਤ ਹੈ ਜਿਸ ਨੂੰ ਹੋਰਮੁਜ਼ ਤੋਂ ਵਪਾਰਕ ਜਹਾਜ਼ਾਂ ਨੂੰ ਸੁਰੱਖਿਅਤ ਕੱਢਣ ਦਾ ਕੰਮ ਸੌਂਪਿਆ ਗਿਆ ਹੈ।

ਇਸ ਦੌਰਾਨ ਦੋ ਦਰਜਨ ਤੋਂ ਵੱਧ ਭਾਰਤੀ ਝੰਡੇ ਵਾਲੇ ਜਹਾਜ਼ ਹੋਰਮੁਜ਼ ਦੇ ਦੋਵੇਂ ਪਾਸੇ ਮੌਜੂਦ ਹਨ। ਵਿਸ਼ਾਲ ਖਾੜੀ ਖੇਤਰ ਵਿੱਚ ਵਪਾਰਕ, ਬੰਦਰਗਾਹ ਅਤੇ ਆਫਸ਼ੋਰ ਜਹਾਜ਼ਾਂ ਵਿੱਚ ਲਗਪਗ 23,000 ਭਾਰਤੀ ਸਮੁੰਦਰੀ ਜਹਾਜ਼ ਕਰਮਚਾਰੀ ਕੰਮ ਕਰ ਰਹੇ ਹਨ। ਫਰਵਰੀ ਦੇ ਅਖੀਰ ਵਿੱਚ ਈਰਾਨ ਦੇ ਖਿਲਾਫ ਸੰਯੁਕਤ ਰਾਜ ਅਤੇ ਇਜ਼ਰਾਈਲ ਦੁਆਰਾ ਕੀਤੇ ਗਏ ਹਮਲਿਆਂ ਨੇ ਪੱਛਮੀ ਏਸ਼ੀਆ ਵਿੱਚ ਜੰਗ ਨੂੰ ਭੜਕਾਇਆ ਸੀ, ਜਿਸ ਤੋਂ ਬਾਅਦ ਈਰਾਨ ਨੇ ਖਾੜੀ ਖੇਤਰ ਵਿੱਚ ਆਪਣੇ ਤੇਲ-ਨਿਰਯਾਤ ਕਰਨ ਵਾਲੇ ਗੁਆਂਢੀਆਂ ਵਿਰੁੱਧ ਆਪਣੇ ਹਮਲੇ ਸ਼ੁਰੂ ਕਰ ਦਿੱਤੇ ਸਨ। ਇਨ੍ਹਾਂ ਹਮਲਿਆਂ ਨੇ ਹੋਰਮੁਜ਼ ਜਲਡਮਰੂ ਵਿੱਚ ਸ਼ਿਪਿੰਗ ਨੂੰ ਖਤਰੇ ਵਿੱਚ ਪਾ ਦਿੱਤਾ ਹੈ ਅਤੇ ਵਿਸ਼ਵ ਊਰਜਾ ਆਰਥਿਕਤਾ ਨੂੰ ਸੰਕਟ ਵਿੱਚ ਸੁੱਟ ਦਿੱਤਾ ਹੈ।

## ਲੱਦਾਖ ਹਿੰਸਾ ਮਾਮਲੇ 'ਚ ਕੇਂਦਰ ਨੇ ਸੋਨਮ

ਲਿਆ ਗਿਆ ਸੀ। ਸਰਕਾਰ ਵੱਲੋਂ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਸਰਕਾਰ ਲੱਦਾਖ ਵਿੱਚ ਸ਼ਾਂਤੀ, ਸਥਿਰਤਾ ਅਤੇ ਆਪਸੀ ਵਿਸ਼ਵਾਸ ਦਾ ਵਾਤਾਵਰਣ ਬਣਾਉਣ ਲਈ ਵਚਨਬੱਧ ਹੈ, ਜਿਸ ਨਾਲ ਸਾਰੇ ਹਿੱਸੇਦਾਰਾਂ ਨਾਲ ਅਰਥਪੂਰਨ ਗੱਲਬਾਤ ਸੰਭਵ ਹੋ ਸਕੇ। ਇਸ ਉਦੇਸ਼ ਨੂੰ ਧਿਆਨ ਵਿੱਚ ਰੱਖਦੇ ਹੋਏ ਅਤੇ ਸਾਰੇ ਪਹਿਲੂਆਂ 'ਤੇ ਵਿਚਾਰ ਕਰਨ ਤੋਂ ਬਾਅਦ, ਗ੍ਰਹਿ ਮੰਤਰਾਲੇ ਨੇ ਸੋਨਮ ਵਾਂਗਚੁਕ ਦੀ ਹਿਰਾਸਤ ਨੂੰ ਖਤਮ ਕਰਨ ਦਾ ਫੈਸਲਾ ਕੀਤਾ ਹੈ। ਸਰਕਾਰ ਨੇ ਇਹ ਵੀ ਦੁਹਰਾਇਆ ਕਿ ਲੱਦਾਖ ਦੀ ਸੁਰੱਖਿਆ ਅਤੇ ਸਥਿਰਤਾ ਨੂੰ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਕਦਮ ਚੁੱਕੇ ਜਾਂਦੇ ਰਹਿਣਗੇ। ਕੁਝ ਮਹੀਨੇ ਪਹਿਲਾਂ ਲੱਦਾਖ ਵਿੱਚ ਵਾਪਰੀਆਂ ਹਿੰਸਕ ਘਟਨਾਵਾਂ ਦੇ ਸਬੰਧ ਵਿੱਚ ਸੋਨਮ ਵਾਂਗਚੁਕ ਨੂੰ ਹਿਰਾਸਤ ਵਿੱਚ ਲਿਆ ਗਿਆ ਸੀ। ਦੋਸ਼ ਸੀ ਕਿ ਇੱਕ ਵਿਰੋਧ ਪ੍ਰਦਰਸ਼ਨ ਦੌਰਾਨ ਸਥਿਤੀ ਵਿਗੜਨ ਤੋਂ ਬਾਅਦ ਕਾਨੂੰਨ ਵਿਵਸਥਾ ਪ੍ਰਭਾਵਿਤ ਹੋਈ ਸੀ। ਇਸ ਮਾਮਲੇ ਵਿੱਚ, ਪ੍ਰਸ਼ਾਸਨ ਨੇ ਰਾਸ਼ਟਰੀ ਸੁਰੱਖਿਆ ਐਕਟ (ਐਨ.ਐਸ.ਏ.) ਦੇ ਤਹਿਤ ਉਸ ਵਿਰੁੱਧ ਸਾਵਧਾਨੀਪੂਰਵਕ ਕਾਰਵਾਈ ਕੀਤੀ ਅਤੇ ਉਸਨੂੰ ਹਿਰਾਸਤ ਵਿੱਚ ਲੈ ਲਿਆ।

## ਈਰਾਨ ਦੇ ਖਾਰਗ ਟਾਪੂ 'ਤੇ ਅਮਰੀਕਾ ਦਾ

ਹੁਣ ਤੱਕ ਰੋਜ਼ਾਨਾ ਲਗਪਗ 1.7 ਮਿਲੀਅਨ ਬੈਰਲ ਕੱਚਾ ਤੇਲ ਨਿਰਯਾਤ ਕੀਤਾ ਹੈ, ਜਿਸ ਵਿੱਚੋਂ ਲੱਗ ਭੱਗ 1.55 ਮਿਲੀਅਨ ਬੈਰਲ ਖਾਰਗ ਟਾਪੂ ਰਾਹੀਂ ਭੇਜਿਆ ਗਿਆ ਹੈ। ਈਰਾਨ ਦਾ ਤੇਲ ਮੁੱਖ ਤੌਰ 'ਤੇ ਚੀਨ ਲਈ ਹੈ, ਜੋ ਕਿ ਦੁਨੀਆ ਦਾ ਸਭ ਤੋਂ ਵੱਡਾ ਕੱਚਾ ਤੇਲ ਆਯਾਤਕ ਹੈ। ਅਮਰੀਕੀ ਫ਼ੌਜ ਦੇ ਅਨੁਸਾਰ, ਹਮਲੇ ਨੇ ਜਲ ਸੈਨਾ ਦੇ ਡਿਪੂ, ਮਿਜ਼ਾਈਲ ਸਟੋਰੇਜ ਬੰਕਰ ਅਤੇ ਕਈ ਹੋਰ ਫ਼ੌਜੀ ਟਿਕਾਣਿਆਂ ਨੂੰ ਤਬਾਹ ਕਰ ਦਿੱਤਾ। ਵੀਡੀਓਜ਼ ਟਾਪੂ ਦੇ ਕਈ ਹਿੱਸਿਆਂ ਵਿੱਚ ਵਿਆਪਕ ਤਬਾਹੀ ਦਿਖਾਉਂਦੇ ਹਨ। ਕਥਿਤ ਤੌਰ 'ਤੇ ਖਾਰਗ ਟਾਪੂ ਵਿੱਚ ਲੱਗਭੱਗ 30 ਮਿਲੀਅਨ ਬੈਰਲ ਤੇਲ ਸਟੋਰ ਕਰਨ ਦੀ ਸਮਰੱਥਾ ਹੈ, ਅਤੇ ਮਾਰਚ ਦੀ ਸ਼ੁਰੂਆਤ ਵਿੱਚ, ਇਸ ਵਿੱਚ ਲੱਗਭੱਗ 18 ਮਿਲੀਅਨ ਬੈਰਲ ਕੱਚਾ ਤੇਲ ਸੀ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸ਼ੁੱਕਰਵਾਰ ਨੂੰ ਕਿਹਾ ਸੀ ਕਿ ਜੇਕਰ ਈਰਾਨ ਹੋਰਮੁਜ਼ ਜਲਡਮਰੂ ਵਿੱਚ ਜਹਾਜ਼ਾਂ 'ਤੇ ਹਮਲੇ ਬੰਦ ਨਹੀਂ ਕਰਦਾ ਹੈ, ਤਾਂ ਖਾਰਗ ਟਾਪੂ ਦੇ ਤੇਲ ਬੁਨਿਆਦੀ ਢਾਂਚੇ ਨੂੰ ਵੀ ਨਿਸ਼ਾਨਾ ਬਣਾਇਆ ਜਾ ਸਕਦਾ ਹੈ। ਹਮਲੇ ਤੋਂ ਬਾਅਦ, ਟਰੰਪ ਨੇ ਸੋਸ਼ਲ ਮੀਡੀਆ 'ਤੇ ਲਿਖਿਆ ਕਿ ਇਸ ਕਾਰਵਾਈ ਨੇ ਫ਼ੌਜੀ ਟਿਕਾਣਿਆਂ ਨੂੰ ਪੂਰੀ ਤਰ੍ਹਾਂ ਤਬਾਹ ਕਰ ਦਿੱਤਾ ਸੀ ਅਤੇ ਇਹ ਮੱਧ ਪੂਰਬੀ ਇਤਿਹਾਸ ਵਿੱਚ ਸਭ ਤੋਂ ਸ਼ਕਤੀਸ਼ਾਲੀ ਬੰਬਾਰੀ ਮੁਹਿੰਮਾਂ ਵਿੱਚੋਂ ਇੱਕ ਸੀ। ਹਾਲਾਂਕਿ, ਉਨ੍ਹਾਂ ਇਹ ਵੀ ਕਿਹਾ ਕਿ ਤੇਲ ਦੇ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਨਹੀਂ ਬਣਾਇਆ ਗਿਆ ਸੀ। ਈਰਾਨੀ ਮੀਡੀਆ ਨੇ ਰਿਪੋਰਟ ਦਿੱਤੀ ਕਿ ਟਾਪੂ ਦੀਆਂ ਤੇਲ ਸਹੂਲਤਾਂ ਸੁਰੱਖਿਅਤ ਅਤੇ ਸੁਰੱਖਿਅਤ ਹਨ। ਈਰਾਨ ਦੀ ਫ਼ੌਜ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਇਸਦੇ ਤੇਲ ਅਤੇ ਊਰਜਾ ਬੁਨਿਆਦੀ ਢਾਂਚੇ 'ਤੇ ਹਮਲਾ ਕੀਤਾ ਜਾਂਦਾ ਹੈ, ਤਾਂ ਖੇਤਰ ਵਿੱਚ ਅਮਰੀਕਾ-ਸਹਿਯੋਗੀ ਤੇਲ ਕੰਪਨੀਆਂ ਦੇ ਮਾਲਕੀ ਵਾਲੇ ਪਾਵਰ ਪਲਾਂਟਾਂ ਨੂੰ ਨਿਸ਼ਾਨਾ ਬਣਾਇਆ ਜਾ ਸਕਦਾ ਹੈ। ਜੰਗ ਨੇ ਹੋਰਮੁਜ਼ ਜਲਡਮਰੂ ਰਾਹੀਂ ਸ਼ਿਪਿੰਗ ਨੂੰ ਲਗਪਗ ਰੋਕ ਦਿੱਤਾ ਹੈ, ਜੋ ਕਿ ਇੱਕ ਮਹੱਤਵਪੂਰਨ ਸਮੁੰਦਰੀ ਰਸਤਾ ਹੈ। ਦੁਨੀਆ ਦੀ ਤੇਲ ਸਪਲਾਈ ਦਾ ਲਗਪਗ 20 ਪ੍ਰਤੀਸ਼ਤ ਇਸ ਰਸਤੇ ਰਾਹੀਂ ਲੰਘਦਾ ਹੈ, ਇਸ ਲਈ ਸੰਕਟ ਵਿਸ਼ਵ ਊਰਜਾ ਬਾਜ਼ਾਰ ਨੂੰ ਵੀ ਪ੍ਰਭਾਵਿਤ ਕਰ ਰਿਹਾ ਹੈ। ਰਿਪੋਰਟਾਂ ਦੇ ਅਨੁਸਾਰ, ਅਮਰੀਕਾ ਅਤੇ ਇਜ਼ਰਾਈਲ ਨੇ ਪਿਛਲੇ ਦੋ ਹਫ਼ਤਿਆਂ ਵਿੱਚ ਈਰਾਨ ਵਿੱਚ 15,000 ਤੋਂ ਵੱਧ ਟਿਕਾਣਿਆਂ 'ਤੇ ਹਮਲਾ ਕੀਤਾ ਹੈ।

## ਸਾਰੀਆਂ ਪਾਰਟੀਆਂ ਦੇ ਸ਼ਾਹਮਾਤ ਖੇਡ ਤੋਂ

ਸੱਚ ਇਹ ਹੈ ਕਿ ਭਾਜਪਾ ਪੰਜਾਬ ਵਿੱਚ ਅਜੇ ਵੀ ਇੱਕ ਮਜ਼ਬੂਤ ਜ਼ਮੀਨੀ ਢਾਂਚਾ ਤਿਆਰ ਕਰਨ ਦੀ ਲੜਾਈ ਲੜ ਰਹੀ ਹੈ। ਕਈ ਸਾਲਾਂ ਤੱਕ ਉਹ ਅਕਾਲੀ ਦਲ ਦੀ ਸਾਥੀ ਰਹੀ, ਪਰ ਗਠਜੋੜ ਟੁੱਟਣ ਤੋਂ ਬਾਅਦ ਉਸ ਨੂੰ ਆਪਣਾ ਅਲੱਗ ਅਸਤਿਤਵ ਬਣਾਉਣਾ ਪੈ ਰਿਹਾ ਹੈ। ਇਸ ਕਰਕੇ ਪੰਜ-ਗੁਣਾ ਮੁਕਾਬਲੇ ਵਿੱਚ ਭਾਜਪਾ ਸਭ ਤੋਂ ਵੱਡੀ ਚੁਣੌਤੀ ਦੇ ਸਾਹਮਣੇ ਖੜ੍ਹੀ ਦਿਖਾਈ ਦਿੰਦੀ ਹੈ।

ਦੂਜੇ ਪਾਸੇ ਇਹ ਸਥਿਤੀ ਅਕਾਲੀ ਦਲ ਲਈ ਇੱਕ ਮੌਕੇ ਵਾਂਗ ਵੀ ਬਣ ਸਕਦੀ ਹੈ। ਕਈ ਸਾਲਾਂ ਦੀ ਸਿਆਸੀ ਥਕਾਵਟ ਅਤੇ ਲੋਕਾਂ ਦੇ ਗੁੱਸੇ ਤੋਂ ਬਾਅਦ ਅਕਾਲੀ ਦਲ ਨੇ ਆਪਣੇ ਆਪ ਨੂੰ ਮੁੜ ਸੰਗਠਿਤ ਕਰਨ ਦੀ ਕੋਸ਼ਿਸ਼ ਕੀਤੀ ਹੈ। ਜੇਕਰ ਵੋਟਾਂ ਦੀ ਵੰਡ ਹੋਈ ਤਾਂ ਅਕਾਲੀ ਦਲ ਲਈ ਕਈ ਸੀਟਾਂ 'ਤੇ ਮੁੜ ਉਭਰਨ ਦਾ ਮੌਕਾ ਬਣ ਸਕਦਾ ਹੈ।

ਇਸ ਮੁਕਾਬਲੇ ਦੀ ਸਭ ਤੋਂ ਦਿਲਚਸਪ ਗੱਲ ਇਹ ਹੈ ਕਿ ਇਸ ਵਾਰ ਪੰਜਾਬ ਦਾ ਵੋਟਰ ਕਾਫ਼ੀ ਜਾਗਰੂਕ ਦਿਖਾਈ ਦੇ ਰਿਹਾ ਹੈ। ਪਿਛਲੇ ਕੁਝ ਸਾਲਾਂ ਵਿੱਚ ਲੋਕਾਂ ਨੇ ਰਾਜਨੀਤੀ ਦੇ ਕਈ ਨਾਟਕ ਦੇਖੇ ਹਨ—ਪਾਰਟੀਆਂ ਦੇ ਅੰਦਰ ਬਗਾਵਤਾਂ, ਇੱਕ ਪਾਰਟੀ ਤੋਂ ਦੂਜੀ ਪਾਰਟੀ ਵਿੱਚ ਛਾਲਾਂ ਅਤੇ ਅਸੂਲਾਂ ਤੋਂ ਵੱਧ ਟਿਕਟਾਂ ਦੀ ਰਾਜਨੀਤੀ। ਇਸ ਕਾਰਨ ਬਹੁਤ ਸਾਰੇ ਭਗੌੜੇ ਜਾਂ ਮੌਕਾਪਰਸਤ ਨੇਤਾਵਾਂ ਦੀ ਭਰੋਸੇਯੋਗਤਾ 'ਤੇ ਸਵਾਲ ਖੜੇ ਹੋ ਚੁੱਕੇ ਹਨ। ਇਹ ਸੰਭਾਵਨਾ ਕਾਫ਼ੀ ਮਜ਼ਬੂਤ ਹੈ ਕਿ ਪੰਜਾਬ ਦਾ ਵੋਟਰ ਅਜਿਹੇ ਨੇਤਾਵਾਂ ਨੂੰ ਸਖ਼ਤੀ ਨਾਲ ਨਕਾਰ ਦੇਵੇ।

ਇਹ ਵੀ ਸੱਚ ਹੈ ਕਿ ਪੰਜਾਬ ਦੀ ਰਾਜਨੀਤੀ ਹੁਣ ਕੇਵਲ ਆਟੇ-ਦਾਲ ਦੀ ਰਾਜਨੀਤੀ ਨਹੀਂ ਰਹੀ। ਮੁਫ਼ਤ ਸਕੀਮਾਂ ਅਤੇ ਛੋਟੇ ਲਾਲਚਾਂ ਨਾਲ ਵੋਟਰਾਂ ਨੂੰ ਕਾਬੂ ਕਰਨਾ ਹੁਣ ਇੰਨਾ ਆਸਾਨ ਨਹੀਂ। ਕਿਸਾਨੀ ਸੰਕਟ, ਨਸ਼ਿਆਂ ਦੀ ਸਮੱਸਿਆ, ਬੇਰੋਜ਼ਗਾਰੀ ਅਤੇ ਉਦਯੋਗਾਂ ਦੀ ਮੰਦ ਹਾਲਤ ਵਰਗੇ ਮਸਲੇ ਲੋਕਾਂ ਦੇ ਮਨ ਵਿੱਚ ਗਹਿਰਾਈ ਨਾਲ ਵੱਸੇ ਹੋਏ ਹਨ। ਜਿਹੜੀ ਵੀ ਪਾਰਟੀ ਇਹਨਾਂ ਮੁੱਦਿਆਂ 'ਤੇ ਭਰੋਸੇਯੋਗ ਨੀਤੀ ਪੇਸ਼ ਕਰੇਗੀ, ਉਸ ਨੂੰ ਲੋਕਾਂ ਦਾ ਸਮਰਥਨ ਮਿਲ ਸਕਦਾ ਹੈ।

ਇਸ ਚੋਣ ਦਾ ਇੱਕ ਹੋਰ ਪੱਖ ਇਹ ਵੀ ਹੈ ਕਿ ਪਾਰਟੀਆਂ ਦੇ ਅੰਦਰ ਟਿਕਟਾਂ ਨੂੰ ਲੈ ਕੇ ਬਗਾਵਤਾਂ ਵਧਣ ਦੀ ਸੰਭਾਵਨਾ ਹੈ। ਜਦੋਂ ਮੁਕਾਬਲਾ ਇੰਨਾ ਵੱਡਾ ਹੋਵੇ, ਤਾਂ ਬਾਗੀ ਉਮੀਦਵਾਰ ਵੀ ਕਈ ਥਾਵਾਂ 'ਤੇ ਨਤੀਜਿਆਂ ਨੂੰ ਪ੍ਰਭਾਵਿਤ ਕਰ ਸਕਦੇ ਹਨ। ਕਈ ਵਾਰ ਪੰਜਾਬ ਦੀ ਰਾਜਨੀਤੀ ਵਿੱਚ ਤੀਜਾ ਜਾਂ ਚੌਥਾ ਉਮੀਦਵਾਰ ਹੀ ਫੈਸਲਾ ਕਰਨ ਵਾਲਾ ਸਾਬਤ ਹੋ ਜਾਂਦਾ ਹੈ।

ਇਸ ਪੂਰੇ ਸਿਆਸੀ ਦ੍ਰਿਸ਼ ਨੂੰ ਵੇਖਦੇ ਹੋਏ ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਪੰਜਾਬ ਦੀ ਆਉਣ ਵਾਲੀ ਚੋਣ ਪੰਜ ਪੱਖੀ ਜੰਗ ਬਣਦੀ ਜਾ ਰਹੀ ਹੈ। ਇਹ ਜੰਗ ਸਿਰਫ਼ ਸੱਤਾ ਦੀ ਨਹੀਂ, ਸਿਆਸੀ ਭਰੋਸੇ ਦੀ ਵੀ ਹੈ। ਜੇਕਰ ਵੋਟਰ ਸੱਚਮੁੱਚ ਜਾਗਰੂਕ ਹੋ ਕੇ ਫੈਸਲਾ ਕਰਦੇ ਹਨ, ਤਾਂ ਕਈ ਪੁਰਾਣੇ ਸਿਆਸੀ ਹਿਸਾਬ ਕਿਤਾਬ ਉਲਟ ਸਕਦੇ ਹਨ।

ਅੱਜ ਦੀ ਮੋਗਾ ਰੈਲੀ ਨੇ ਇੱਕ ਗੱਲ ਤਾਂ ਸਾਫ਼ ਕਰ ਦਿੱਤੀ ਹੈ—ਪੰਜਾਬ ਦੀ ਸਿਆਸਤ ਵਿੱਚ ਆਉਣ ਵਾਲੇ ਮਹੀਨੇ ਬਹੁਤ ਗਰਮ ਰਹਿਣ ਵਾਲੇ ਹਨ। ਰੈਲੀਆਂ, ਐਲਾਨਾਂ ਅਤੇ ਵਾਅਦਿਆਂ ਦਾ ਸਿਲਸਿਲਾ ਤੇਜ਼ ਹੋਵੇਗਾ, ਪਰ ਅੰਤਿਮ ਫੈਸਲਾ ਹਮੇਸ਼ਾਂ ਦੀ ਤਰ੍ਹਾਂ ਪੰਜਾਬ ਦੇ ਵੋਟਰ ਦੇ ਹੱਥ ਵਿੱਚ ਹੀ ਹੋਵੇਗਾ।

ਸਵਾਲ ਇਹ ਨਹੀਂ ਕਿ ਕੌਣ ਸਭ ਤੋਂ ਵੱਡੀ ਰੈਲੀ ਕਰਦਾ ਹੈ, ਸਵਾਲ ਇਹ ਹੈ ਕਿ ਕੌਣ ਲੋਕਾਂ ਦੇ ਦਿਲਾਂ ਵਿੱਚ ਜਗ੍ਹਾ ਬਣਾਉਂਦਾ ਹੈ। ਪੰਜਾਬ ਦੀ ਧਰਤੀ 'ਤੇ ਇਤਿਹਾਸ ਨੇ ਕਈ ਵਾਰ ਇਹ ਸਾਬਤ ਕੀਤਾ ਹੈ ਕਿ ਇੱਥੇ ਦਾ ਵੋਟਰ ਚੁੱਪ ਤਾਂ ਰਹਿੰਦਾ ਹੈ, ਪਰ ਜਦੋਂ ਫੈਸਲਾ ਕਰਦਾ ਹੈ ਤਾਂ ਸਿਆਸੀ ਸਮੀਕਰਨ ਬਦਲ ਦਿੰਦਾ ਹੈ।

## ਪਾਲਤੂ ਕੁੱਤੇ ਦੇ ਕੱਟਣ ਕਾਰਨ ਨੌਜਵਾਨ ਦੀ

ਭੰਨਤੋੜ ਕੀਤੀ। ਹਾਲਤ ਗੰਭੀਰ ਦੇਖਦਿਆਂ ਡਾਕਟਰਾਂ ਨੇ ਉਸ ਨੂੰ ਤੁਰੰਤ ਮੈਡੀਕਲ ਕਾਲਜ ਫ਼ਰੀਦਕੋਟ ਲਈ ਰੈਫ਼ਰ ਕਰ ਦਿੱਤਾ ਅਤੇ ਫ਼ਰੀਦਕੋਟ ਪਹੁੰਚਣ ਤੋਂ ਪਹਿਲਾਂ ਹੀ ਰਸਤੇ ਵਿੱਚ ਮਹਿਕਦੀਪ ਨੇ ਦਮ ਤੋੜ ਦਿੱਤਾ। ਸਿਹਤ ਮਾਹਿਰਾਂ ਅਨੁਸਾਰ ਪਾਲਤੂ ਕੁੱਤੇ ਦੇ ਕੱਟਣ ਨੂੰ ਕਦੇ ਵੀ ਹਲਕੇ ਵਿੱਚ ਨਹੀਂ ਲੈਣਾ ਚਾਹੀਦਾ। ਭਾਵੇਂ ਕੁੱਤਾ ਪਾਲਤੂ ਹੋਵੇ, ਕੱਟਣ ਤੋਂ ਤੁਰੰਤ ਬਾਅਦ ਰੇਬੀਜ਼ ਵਿਰੋਧੀ ਟੀਕਾ ਲਗਵਾਉਣਾ ਬੇਹੱਦ ਜ਼ਰੂਰੀ ਹੈ ਕਿਉਂਕਿ ਇੱਕ ਵਾਰ ਹਲਕਾਅ ਦੇ ਲੱਛਣ ਦਿਖਾਈ ਦੇਣ ਤੋਂ ਬਾਅਦ ਇਲਾਜ ਲੱਗਭੱਗ ਅਸੰਭਵ ਹੋ ਜਾਂਦਾ ਹੈ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਉਦਯੋਗ ਦੇ ਆਲਮੀ ਦਿਗਜਾਂ ਵੱਲੋਂ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਨਿਵੇਸ਼ ਧੁਰੇ ਵਜੋਂ ਉਭਾਰਨ ਦੀ ਸ਼ਲਾਘਾ



- ਆਰਸੇਲਰ ਮਿੱਤਲ, ਟਾਟਾ ਸਟੀਲ, ਜੇ.ਐੱਸ. ਡਬਲਿਊ ਗਰੁੱਪ ਅਤੇ ਟ੍ਰਾਈਡੈਂਟ ਗਰੁੱਪ ਨੇ ਪੰਜਾਬ ਵਿੱਚ ਵੱਡੇ ਵਿਸਥਾਰ ਅਤੇ ਨਿਵੇਸ਼ ਯੋਜਨਾਵਾਂ ਦਾ ਕੀਤਾ ਐਲਾਨ
- ਉਦਯੋਗਪਤੀਆਂ ਨੇ ਪੰਜਾਬ ਸਰਕਾਰ ਦੀਆਂ ਨਿਵੇਸ਼-ਪੱਖੀ ਨੀਤੀਆਂ ਦੀ ਕੀਤੀ ਸ਼ਲਾਘਾ, ਹਜ਼ਾਰਾਂ ਕਰੋੜ ਰੁਪਏ ਦੇ ਨਵੇਂ ਨਿਵੇਸ਼ ਦਾ ਵਾਅਦਾ ਕੀਤਾ
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਖੇਤੀਬਾੜੀ ਦੇ ਨਾਲ-ਨਾਲ ਪ੍ਰਮੁੱਖ ਉਦਯੋਗਿਕ ਹੱਬ ਵਜੋਂ ਉੱਭਰ ਰਿਹੈ : ਵਿਸਵ ਦੇ ਉਦਯੋਗਿਕ ਆਗੂ

INVEST PUNJAB BUSINESS F1RST

**ਐਸ.ਏ.ਐਸ.ਨਗਰ** : ਵਿਸ਼ਵ ਭਰ ਦੇ ਦਿੱਗਜ ਉਦਯੋਗਪਤੀਆਂ ਨੇ ਅੱਜ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ-2026 ਦੌਰਾਨ ਪੰਜਾਬ ਨੂੰ ਨਿਵੇਸ਼ ਧੁਰੇ ਵਿੱਚ ਬਦਲਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸ਼ਲਾਘਾ ਕੀਤੀ। ਇਨ੍ਹਾਂ ਪ੍ਰਮੁੱਖ ਉਦਯੋਗਪਤੀਆਂ ਨੇ ਪੰਜਾਬ ਸਰਕਾਰ ਦੀਆਂ ਨੀਤੀਆਂ ਦੀ ਸ਼ਲਾਘਾ ਕੀਤੀ ਅਤੇ ਸੂਬੇ ਵਿੱਚ ਨਵੇਂ ਨਿਵੇਸ਼ ਅਤੇ ਵਿਸਥਾਰ ਸੰਬੰਧੀ ਯੋਜਨਾਵਾਂ ਦਾ ਐਲਾਨ ਕੀਤਾ।

ਦੁਨੀਆਂ ਦੀ ਮੋਹਰੀ ਸਟੀਲ ਕੰਪਨੀ ਆਰਸੇਲਰ ਮਿੱਤਲ ਦੇ ਕਾਰਜਕਾਰੀ ਚੇਅਰਮੈਨ ਲਕਸ਼ਮੀ ਐਨ. ਮਿੱਤਲ ਨੇ ਕਿਹਾ, "ਪੰਜਾਬ ਵਿੱਚ ਹੋਣਾ ਮੇਰੇ ਲਈ ਬਹੁਤ ਮਾਣ ਵਾਲੀ ਗੱਲ ਹੈ ਕਿਉਂਕਿ ਇਹ ਧਰਤੀ ਸਖ਼ਤ ਮਿਹਨਤ, ਹੰਢਣਸਾਰਤਾ ਅਤੇ ਉਦਾਰਤਾ ਸਿਖਾਉਂਦੀ ਹੈ। ਪੰਜਾਬ ਮਹਿਜ਼ ਇਕ ਸੂਬਾ ਹੀ ਨਹੀਂ ਸਗੋਂ ਊਰਜਾ, ਹਿੰਮਤ ਅਤੇ ਅੱਗੇ ਵਧਣ ਦੀ ਲਈ ਦ੍ਰਿੜ ਇਰਾਦੇ ਦਾ ਨਾਂ ਹੈ। ਪੰਜਾਬੀ ਆਪਣੀ ਬੇਮਿਸਾਲ ਮਿਹਨਤ ਅਤੇ ਲਗਨ ਕਾਰਨ ਦੁਨੀਆ ਵਿੱਚ ਜਿੱਥੇ ਵੀ ਹਨ, ਉਥੇ ਹੀ ਆਪਣੀ ਵਿਲੱਖਣ ਪਛਾਣ ਰੱਖਦੇ ਹਨ।"

ਉਨ੍ਹਾਂ ਕਿਹਾ, "ਪੰਜਾਬੀਆਂ ਨੇ ਦੁਨੀਆ ਭਰ ਵਿੱਚ ਖੇਤਾਂ ਤੋਂ ਲੈ ਕੇ ਵਣਜ ਤੱਕ ਦ੍ਰਿੜ ਵਚਨਬੱਧਤਾ ਨਾਲ ਆਪਣੀ ਪਛਾਣ ਬਣਾਈ ਹੈ। ਬਠਿੰਡਾ ਤੇਲਸ਼ੋਧਕ ਕਾਰਖਾਨਾ ਨਵੀਨਤਮ ਤਕਨਾਲੋਜੀ ਨਾਲ ਪੰਜਾਬ ਵਿੱਚ ਆਉਣ ਵਾਲੇ ਉਦਯੋਗ ਲਈ ਮਜ਼ਬੂਤ ਨੀਂਹ ਹੈ।ਅਸੀਂ ਪੰਜਾਬ ਵਿੱਚ 60,000 ਕਰੋੜ ਤੋਂ ਵੱਧ ਦਾ ਨਿਵੇਸ ਕੀਤਾ ਹੈ ਜੋ ਕਿ ਸੂਬੇ ਅੰਦਰ ਹੁਣ ਤੱਕ ਦਾ ਸਭ ਤੋਂ ਵੱਡਾ ਨਿਵੇਸ ਹੈ।ਘਰੇਲੂ ਗੈਸ ਦੀ ਮੌਜੂਦਾ ਘਾਟ ਦੇ ਮੱਦੇਨਜਰ, ਰਿਫਾਇਨਰੀ ਨੇ ਉਤਪਾਦਨ 1000 ਟਨ ਤੋਂ ਵਧਾ ਕੇ 3000 ਟਨ ਪ੍ਰਤੀ ਦਿਨ ਕਰ ਦਿੱਤਾ ਹੈ।ਪੰਜਾਬ ਸਰਕਾਰ ਦੇ ਨਿਰੰਤਰ ਸਮਰਥਨ ਨਾਲ, ਅਸੀਂ 26,000 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਮੈਗਾ ਵਿਸ਼ਵ ਪੱਧਰੀ ਪੈਟਰੋਕੈਮੀਕਲ ਕੰਪਲੈਕਸ ਵੀ ਸਥਾਪਤ ਕੀਤਾ ਹੈ ਜੋ ਲਘੂ, ਛੋਟੇ ਤੇ ਦਰਮਿਆਨੇ ਉਦਯੋਗਾਂ ਨੂੰ ਵੱਡਾ ਹੁਲਾਰਾ ਦੇ ਰਿਹਾ ਹੈ ਤੇ ਪੰਜਾਬ ਵਿੱਚ ਸਮਾਜਿਕ ਤੇ ਆਰਥਿਕ ਵਿਕਾਸ ਨੂੰ ਗਤੀ ਪ੍ਰਦਾਨ ਕਰ ਰਿਹਾ ਹੈ।

ਲਕਸ਼ਮੀ ਐਨ. ਮਿੱਤਲ ਨੇ ਅੱਗੇ ਨਵੀਆਂ ਵਿਸਥਾਰ ਯੋਜਨਾਵਾਂ ਦਾ ਐਲਾਨ ਕੀਤਾ ਅਤੇ ਕਿਹਾ, "ਸਾਡੀ ਕੰਪਨੀ ਨਵਿਆਉਣਯੋਗ ਅਤੇ ਟਿਕਾਊ ਊਰਜਾ ਵਿੱਚ ਆਪਣੀ ਭਾਗੀਦਾਰੀ ਵਧਾਏਗੀ। ਅਸੀਂ ਆਧੁਨਿਕ ਤਕਨਾਲੋਜੀ ਅਤੇ ਮਸ਼ੀਨੀ ਬੁੱਧੀਮਾਨਤਾ ਦੀ ਵਰਤੋਂ ਕਰਕੇ 500 ਫਿਊਲ ਸਟੇਸਨ ਸਥਾਪਤ ਕਰਕੇ ਪੈਟਰੋਲ ਪੰਪ ਖੇਤਰ ਵਿੱਚ ਪ੍ਰਵੇਸ਼ ਕਰਾਂਗੇ।ਪੰਜਾਬ ਵਿੱਚ ਪਹਿਲਾ ਪੈਟਰੋਲ ਪੰਪ ਜਲਦੀ ਹੀ ਬਠਿੰਡਾ ਵਿੱਚ ਸ਼ੁਰੂ ਕੀਤਾ ਜਾਵੇਗਾ।

ArcelorMittal

TRIDENTGROUP™ Being different is normal

TATA STEEL

JSW

ਮੈਂ ਪੰਜਾਬ ਸਰਕਾਰ ਦੇ ਸਹਿਯੋਗ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੁਆਰਾ ਉਦਯੋਗਿਕ ਖੇਤਰ ਅਤੇ ਇਸਦੇ ਤੇਜ ਵਿਕਾਸ ਨੂੰ ਤਰਜੀਹ ਦੇਣ ਲਈ ਵਿਖਾਈ ਗਈ ਨਿੱਜੀ ਦਿਲਚਸਪੀ ਦੀ ਸਲਾਘਾ ਕਰਦਾ ਹਾਂ।ਸਾਡੀ ਕੰਪਨੀ ਅਤੇ ਪੰਜਾਬ ਸਰਕਾਰ ਵਿਚਕਾਰ ਪੰਜਾਬ ਵਿੱਚ ਉਦਯੋਗਿਕ ਖੇਤਰ ਨੂੰ ਮਜਬੂਤ ਕਰਨ ਲਈ ਭਾਈਵਾਲੀ ਲੰਬੇ ਸਮੇਂ ਤੱਕ ਚੱਲੇਗੀ ਅਤੇ ਅਸੀਂ ਪੰਜਾਬ ਦੇ ਉਦਯੋਗਿਕ ਵਿਕਾਸ ਵਿੱਚ ਹੋਰ ਵੀ ਯੋਗਦਾਨ ਪਾਉਣ ਲਈ ਤਿਆਰ ਹਾਂ।"

ਆਪਣੇ ਵਿਚਾਰ ਸਾਂਝੇ ਕਰਦੇ ਹੋਏ, ਹੀਰੋ ਐਂਟਰਪ੍ਰਾਈਜ਼ ਦੇ ਚੇਅਰਮੈਨ ਸੁਨੀਲ ਕਾਂਤ ਮੁੰਜਾਲ ਨੇ ਕਿਹਾ, "ਪੰਜਾਬ ਸਰਕਾਰ ਪੰਜਾਬ ਨੂੰ ਉਦਯੋਗਿਕ ਰਾਹ ਤੇ ਵਾਪਸ ਲਿਆਉਣ ਲਈ ਸੁਹਿਰਦ ਯਤਨ ਕਰ ਰਹੀ ਹੈ।ਪੰਜਾਬ ਕਦੇ ਦੇਸ ਵਿੱਚ ਆਰਥਿਕ ਤੌਰ 'ਤੇ ਮੋਹਰੀ ਸੂਬਾ ਸੀ ਅਤੇ ਹੁਣ ਉਦਯੋਗਿਕ ਵਿਕਾਸ, ਪ੍ਰਗਤੀਸੀਲ ਖੇਤੀਬਾੜੀ ਅਤੇ ਤਕਨਾਲੋਜੀ, ਸਿੱਖਿਆ, ਸਿਹਤ ਸੰਭਾਲ ਅਤੇ ਰੀਅਲ ਅਸਟੇਟ 'ਤੇ ਧਿਆਨ ਕੇਂਦਰਿਤ ਕਰਕੇ ਇਸਨੂੰ ਦੁਬਾਰਾ ਬਦਲਣ ਲਈ ਜ਼ੋਰਦਾਰ ਯਤਨ ਕੀਤੇ ਜਾ ਰਹੇ ਹਨ। ਇਹ ਸਮਾਗਮ ਉਦਯੋਗਪੱਖੀ ਨੀਤੀਆਂ ਨਾਲ ਪੰਜਾਬ ਵਿੱਚ ਉਦਯੋਗਿਕ ਕ੍ਰਾਂਤੀ ਨੂੰ ਪ੍ਰਤੱਖ ਰੂਪ ਦੇਣ ਵਿਚ ਬਹੁਤ ਮਦਦ ਕਰੇਗਾ।"

ਉਨ੍ਹਾਂ ਅੱਗੇ ਕਿਹਾ, "ਅੱਜ ਭਾਰਤ ਅਤੇ ਭਾਰਤੀ ਵਿਸਵ ਪੱਧਰ 'ਤੇ ਅਜਿਹੀ ਨਰੋਈ ਛਬੀ ਦਾ ਆਨੰਦ ਮਾਣਦੇ ਹਨ ਜੋ ਪਹਿਲਾਂ ਕਦੇ ਨਹੀਂ ਬਣੀ ਸੀ ਅਤੇ ਸਾਨੂੰ ਵਿਕਾਸ ਨੂੰ ਤੇਜ ਕਰਨ ਲਈ ਇਸ ਮੌਕੇ ਦਾ ਪੂਰਾ ਫਾਇਦਾ ਉਠਾਉਣਾ ਚਾਹੀਦਾ ਹੈ। ਪੰਜਾਬ ਨੂੰ ਦੇਸ਼ ਦੇ ਮੋਹਰੀ ਰਾਜਾਂ ਵਿੱਚ ਲਿਜਾਣ ਲਈ ਇਸ ਗਤੀ ਨੂੰ ਬਣਾਈ ਰੱਖਣਾ ਮਹੱਤਵਪੂਰਨ ਹੈ, ਕਿਉਂਕਿ ਬਹੁਤ ਸਾਰੇ ਖੇਤਰ ਵਿਕਾਸ ਲਈ ਇੱਕ ਦੂਜੇ 'ਤੇ ਨਿਰਭਰ ਹਨ। ਮੈਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵੀ ਸ਼ਲਾਘਾ ਕਰਦਾ ਹਾਂ ਜਿਨ੍ਹਾਂ ਨੇ ਪੰਜਾਬ ਦੇ ਆਰਥਿਕ ਵਿਕਾਸ ਨੂੰ ਤੇਜ਼ ਕਰਨ ਵਾਲੀਆਂ ਕਈ ਨਿਵੇਕਲੀਆਂ ਪਹਿਲਕਦਮੀਆਂ ਸੁਰੂ ਕੀਤੀਆਂ ਹਨ।"

ਟਾਟਾ ਸਟੀਲ ਲਿਮਟਿਡ ਦੇ ਸੀ.ਈ.ਓ ਅਤੇ ਮੈਨੇਜਿੰਗ ਡਾਇਰੈਕਟਰ ਟੀ.ਵੀ.ਨਰਿੰਦਰਨ ਨੇ ਕਿਹਾ, "ਮੈਂ ਪੰਜਾਬ ਸਰਕਾਰ, ਖਾਸ ਕਰਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਾਹਣਾ ਕਰਦਾ ਹਾਂ, ਜਿਨ੍ਹਾਂ ਨੇ ਲੁਧਿਆਣਾ ਵਿੱਚ ਟਾਟਾ ਪ੍ਰੋਜੈਕਟ ਨੂੰ ਹਕੀਕਤ ਵਿੱਚ ਬਦਲ ਦਿੱਤਾ ਹੈ ਅਤੇ ਇਹ ਪ੍ਰਾਜੈਕਟ ਹੁਣ ਉਦਘਾਟਨ ਦੇ ਪੜਾਅ 'ਤੇ ਹੈ। ਸਾਨੂੰ ਪੰਜਾਬ ਵਿੱਚ ਇੱਕ ਸ਼ਾਨਦਾਰ ਤਜਰਬਾ ਹੋਇਆ ਹੈ। ਸਾਡੇ ਪ੍ਰੋਜੈਕਟ ਨੂੰ ਦੋ ਸਾਲ ਪਹਿਲਾਂ ਮਨਜ਼ੂਰੀ ਦਿੱਤੀ ਗਈ ਸੀ ਅਤੇ ਪੰਜਾਬ ਸਰਕਾਰ ਦੁਆਰਾ ਦਿੱਤੇ ਗਏ ਨਿਰੰਤਰ ਸਮਰਥਨ ਅਤੇ ਸਹਿਯੋਗ ਕਾਰਨ ਇਸਨੂੰ ਸੁਚਾਰੂ ਢੰਗ ਨਾਲ ਚਲਾਇਆ ਗਿਆ ਹੈ।"

ਉਨ੍ਹਾਂ ਅੱਗੇ ਕਿਹਾ, "ਇਹ ਪਲਾਂਟ ਦੁਨੀਆ ਵਾਤਾਵਰਣ ਪੱਖੀ ਅਤੇ ਸਾਫ ਸਟੀਲ ਪੈਦਾ ਕਰਨ ਲਈ ਊਰਜਾ-ਕੁਸ਼ਲ ਤਕਨੀਕਾਂ ਦੀ ਵਰਤੋਂ ਕਰਨ ਵਾਲੀਆਂ ਨਵੀਨਤਮ ਸਹੂਲਤਾਂ 'ਚੋਂ ਇੱਕ ਹੋਵੇਗਾ। ਟਾਟਾ ਦਾ 3200 ਕਰੋੜ ਰੁਪਏ ਦਾ ਇਹ ਸਟੀਲ ਪਲਾਂਟ ਸਿਰਫ ਸ਼ੁਰੂਆਤ ਹੈ ਅਤੇ ਆਉਂਦੇ ਸਮੇਂ ਵਿੱਚ ਹੋਰ ਵੀ ਬਹੁਤ ਨਿਵੇਸ਼ ਹੋਵੇਗਾ।"

ਇਕੱਠ ਨੂੰ ਸੰਬੋਧਨ ਕਰਦੇ ਹੋਏ, ਰਾਜ ਸਭਾ ਮੈਂਬਰ ਅਤੇ ਟ੍ਰਾਈਡੈਂਟ ਗਰੁੱਪ ਦੇ ਚੇਅਰਮੈਨ ਰਾਜਿੰਦਰ ਗੁਪਤਾ ਨੇ ਕਿਹਾ, "ਇਹ ਪੰਜਾਬ ਲਈ ਸੱਚਮੁੱਚ ਇੱਕ ਨਵੀਂ ਸ਼ੁਰੂਆਤ ਹੈ ਕਿਉਂਕਿ ਪੰਜਾਬ ਸਰਕਾਰ ਨੇ ਉਦਯੋਗ ਲਈ ਪ੍ਰਭਾਵਸ਼ਾਲੀ ਨੀਤੀਆਂ ਲਿਆਂਦੀਆਂ ਹਨ ਜੋ ਇਤਿਹਾਸ ਰਚ ਰਹੀਆਂ ਹਨ। ਇਹ ਨਵੀਆਂ ਨੀਤੀਆਂ ਉਦਯੋਗਿਕ ਭਾਈਵਾਲਾਂ, ਖਾਸ ਕਰਕੇ ਨੌਜਵਾਨਾਂ, ਵਾਤਾਵਰਣ ਅਤੇ ਉੱਚ-ਤਕਨੀਕੀ ਖੇਤਰਾਂ ਦੇ ਮੁੱਦਿਆਂ ਤੇ ਸਰੋਕਾਰਾਂ ਨੂੰ ਸੰਬੋਧਤ ਕਰਦੀਆਂ ਹਨ।"

ਉਨ੍ਹਾਂ ਇਹ ਵੀ ਐਲਾਨ ਕੀਤਾ, "ਟ੍ਰਾਈਡੈਂਟ ਗਰੁੱਪ ਅਗਲੇ ਦੋ ਸਾਲਾਂ ਵਿੱਚ ਪੰਜਾਬ ਵਿੱਚ 5000 ਕਰੋੜ ਰੁਪਏ ਦਾ ਨਿਵੇਸ਼ ਕਰੇਗਾ ਅਤੇ ਟੈਕਸਟਾਈਲ ਸੈਕਟਰ 'ਚ 10,000 ਤੋਂ ਵੱਧ ਨੌਕਰੀਆਂ ਦੇ ਮੌਕੇ ਪੈਦਾ ਕੀਤੇ ਜਾਣਗੇ ਜਿਨਾਂ ਵਿਚੋਂ 5000 ਮਹਿਲਾਵਾਂ ਲਈ ਹੋਣਗੀਆਂ।

ਰਜਿੰਦਰ ਗੁਪਤਾ ਨੇ ਅੱਗੇ ਕਿਹਾ, "ਪੰਜਾਬ ਸਰਕਾਰ ਉਦਯੋਗਿਕ ਖੇਤਰ ਵਿੱਚ ਇੱਕ ਨਵੀਂ ਸਵੇਰ ਨੂੰ ਯਕੀਨੀ ਬਣਾਉਣ ਲਈ ਕੀਤੇ ਗਏ ਸੁਹਿਰਦ ਯਤਨਾਂ ਲਈ ਪ੍ਰਸੰਸਾ ਦੀ ਹੱਕਦਾਰ ਹੈ। ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਇੱਕ ਵਾਰ ਫਿਰ ਉਦਯੋਗਿਕ ਵਿਕਾਸ ਵਿੱਚ ਚੋਟੀ ਦੇ ਦਸ ਰਾਜਾਂ ਵਿੱਚ ਗਿਣਿਆ ਜਾਵੇਗਾ। ਇਹ ਪੰਜਾਬ ਲਈ ਇਸ ਖੇਤਰ ਵਿੱਚ ਹੋਰ ਬੁਲੰਦੀਆਂ ਛੋਹਣ ਦਾ ਸਹੀ ਸਮਾਂ ਹੈ। ਉਦਯੋਗਿਕ ਖੇਤਰ ਵਿੱਚ ਪੰਜਾਬ ਦਾ ਵਿਕਾਸ ਬੇਮਿਸਾਲ ਅਤੇ ਤੁਲਨਾ ਤੋਂ ਪਰੇ ਹੈ।"

ਜੇ.ਐੱਸ.ਡਬਲਿਊ ਗਰੁੱਪ ਦੇ ਚੇਅਰਮੈਨ ਸੱਜਣ ਜਿੰਦਲ ਨੇ ਵੀ ਵਿਸਥਾਰ ਯੋਜਨਾਵਾਂ ਦਾ ਐਲਾਨ ਕੀਤਾ ਅਤੇ ਕਿਹਾ, "ਮੇਰਾ ਪਿਛੋਕੜ ਪੰਜਾਬ ਨਾਲ ਜੁੜਿਆ ਹੈ ਅਤੇ ਮੈਨੂੰ ਪੰਜਾਬ ਦੀ ਵਿਕਾਸ ਦੇ ਸਫਰ ਨਾਲ ਜੁੜੇ ਹੋਣ 'ਤੇ ਮਾਣ ਹੈ। ਅਸੀਂ ਆਪਣੇ ਰਾਜਪੁਰਾ ਪਲਾਂਟ ਦਾ ਵਿਸਥਾਰ ਕਰਾਂਗੇ ਤੇ ਸਟੀਲ ਖੇਤਰ ਵਿੱਚ ਸਮਰੱਥਾ ਵਧਾਉਣ ਲਈ 3000 ਕਰੋੜ ਦਾ ਨਿਵੇਸ਼ ਕਰਾਂਗੇ।"

ਉਨ੍ਹਾਂ ਅੱਗੇ ਕਿਹਾ, "ਪੰਜਾਬ ਰਵਾਇਤੀ ਤੌਰ 'ਤੇ ਖੇਤੀਬਾੜੀ ਲਈ ਜਾਣਿਆ ਜਾਂਦਾ ਹੈ ਪਰ ਅੱਜ ਇਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੁਆਰਾ ਪੇਸ਼ ਕੀਤੀਆਂ ਗਈਆਂ ਪ੍ਰਗਤੀਸ਼ੀਲ ਅਤੇ ਨਿਵੇਸ਼ ਪੱਖੀ ਨੀਤੀਆਂ ਕਾਰਨ ਇੱਕ ਮਜ਼ਬੂਤ ਉਦਯੋਗਿਕ ਹੱਬ ਵਜੋਂ ਉੱਭਰ ਰਿਹਾ ਹੈ। ਉੱਦਮਤਾ ਪੰਜਾਬੀਆਂ ਦੇ ਖ਼ੂਨ ਵਿੱਚ ਦੌੜਦੀ ਹੈ ਅਤੇ ਉਹ ਦੁਨੀਆ ਦੇ ਹਰ ਕੋਨੇ ਵਿੱਚ ਪੰਜਾਬ ਨੂੰ ਮਾਣ ਦਿਵਾਉਂਦੇ ਰਹਿੰਦੇ ਹਨ। ਮੈਂ ਇਨਵੈਸਟ ਪੰਜਾਬ ਸੰਮੇਲਨ ਦੇ ਆਯੋਜਨ ਤੇ ਇਸਦੀਆਂ ਸਰਗਰਮ ਪਹਿਲਕਦਮੀਆਂ ਲਈ ਵੀ ਪੰਜਾਬ ਸਰਕਾਰ ਦੀ ਸ਼ਲਾਘਾ ਕਰਦਾ ਹਾਂ ਜੋ ਪੰਜਾਬ ਨੂੰ ਉਦਯੋਗ ਤੇ ਵਿਕਾਸ ਲਈ ਭਾਰਤ ਦੇ ਮੋਹਰੀ ਸਥਾਨਾਂ 'ਚੋਂ ਇੱਕ ਵਜੋਂ ਸਥਾਪਿਤ ਕਰ ਰਹੀਆਂ ਹਨ।




## ਹਸਪਤਾਲ ਅਤੇ ਸਹਿਤ ਸੰਭਾਲ ਤਹਿਤ ਡਾ. ਬਲਬੀਰ ਸਿੰਘ ਵੱਲੋਂ ਨਿੱਜੀ ਹਸਪਤਾਲਾਂ ਵਿੱਚ 20 ਫ਼ੀਸਦੀ ਬਿਸਤਰੇ ਰਾਖਵੇਂ ਰੱਖਣ ਦੀ ਅਪੀਲ

### ਆਮ ਆਦਮੀ ਕਲੀਨਿਕ ਪੇਂਡੂ-ਸ਼ਹਿਰੀ ਸਿਹਤ ਸੰਭਾਲ ਵਿਚਲੇ ਖੱਪੇ ਨੂੰ ਪੂਰਨ 'ਚ ਮਦਦਗਾਰ

**ਚੰਡੀਗੜ੍ਹ/ਮੋਹਾਲੀ** : ਸਿਹਤ ਨੂੰ ਮੌਲਿਕ ਅਧਿਕਾਰ ਦੱਸਦੇ ਹੋਏ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਸਾਰਿਆਂ ਲਈ ਮਿਆਰੀ ਸਿਹਤ ਸੰਭਾਲ ਪਹੁੰਚਯੋਗ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੰਦਿਆਂ ਪੰਜਾਬ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਨਿੱਜੀ ਹਸਪਤਾਲਾਂ ਨੂੰ ਸਰਕਾਰੀ ਯੋਜਨਾਵਾਂ ਤਹਿਤ ਮਰੀਜ਼ਾਂ ਲਈ ਕਿਫਾਇਤੀ ਸਿਹਤ ਸੰਭਾਲ ਯਕੀਨਾ ਬਣਾਉਣ ਲਈ ਘੱਟੋ-ਘੱਟ 20 ਫੀਸਦ ਬੈੱਡ ਰਾਖਵੇਂ ਰੱਖਣ ਦੀ ਅਪੀਲ ਕੀਤੀ ਹੈ।

ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਦੇ ਦੂਜੇ ਦਿਨ ਹਸਪਤਾਲ ਅਤੇ ਸਿਹਤ ਸੇਵਾਵਾਂ ਵਿਸ਼ੇ ਤੇ ਹੋਏ ਸੈਸ਼ਨ ਨੂੰ ਸੰਬੋਧਨ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਸਰਕਾਰ ਅਤੇ ਕਾਰਪੋਰੇਟ ਖੇਤਰ ਦੇ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਵਾਲਿਆਂ ਵਿਚਕਾਰ ਮਜ਼ਬੂਤ ਸਹਿਯੋਗ ਇਕਸਾਰ ਅਤੇ ਬਰਾਬਰ ਅਧਾਰ ਤੇ ਸਿਹਤ ਸੇਵਾਵਾਂ ਯਕੀਨੀ ਬਣਾਉਣ ਲਈ ਬਹੁਤ ਲਾਜ਼ਮੀ ਹੈ।

INVEST PUNJAB BUSINESS F1RST

ਡਾ. ਬਲਬੀਰ ਸਿੰਘ ਨੇ ਆਮ ਆਦਮੀ ਕਲੀਨਿਕਾਂ ਦੇ ਵਿਸਥਾਰ ਰਾਹੀਂ ਪੇਂਡੂ ਤੇ ਸ਼ਹਿਰੀ ਖੇਤਰਾਂ ਵਿੱਚ ਸਿਹਤ ਸੰਭਾਲ ਉਪਲਬਧਤਾ ਵਿਚਲੀਆਂ ਅਸਮਾਨਤਾਵਾਂ ਨੂੰ ਘਟਾਉਣ ਲਈ ਰਾਜ ਸਰਕਾਰ ਦੇ ਯਤਨਾਂ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ, "ਪੰਜਾਬ ਸਰਕਾਰ ਨੇ ਪਿੰਡਾਂ ਵਿੱਚ 565 ਤੇ ਸ਼ਹਿਰੀ ਖੇਤਰਾਂ ਵਿੱਚ 318 ਕਲੀਨਿਕ ਸਥਾਪਤ ਕੀਤੇ ਹਨ। ਇਹ ਵਿਸ਼ੇਸ਼ ਤੌਰ 'ਤੇ ਅਜਿਹੀਆਂ ਸਹੂਲਤਾਂ ਪੱਖੋਂ ਪਛੜੇ ਇਲਾਕਿਆਂ ਵਿਚ ਸਥਾਪਤ ਕੀਤੇ ਗਏ ਹਨ। ਸਾਡਾ ਉਦੇਸ਼ ਸੂਬੇ ਦੇ ਦੂਰ-ਦੁਰਾਡੇ ਖੇਤਰਾਂ ਨੂੰ ਵਿਸ਼ਵ ਪੱਧਰੀ ਸਿਹਤ ਸੰਭਾਲ ਸਹੂਲਤਾਂ ਪ੍ਰਦਾਨ ਕਰਨਾ ਹੈ।

ਕਾਰਪੋਰੇਟ ਹਸਪਤਾਲਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦੇ ਮੰਤਵਾਂ ਦੀ ਪੂਰਤੀ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੰਦੇ ਹੋਏ, ਡਾ. ਬਲਬੀਰ ਸਿੰਘ ਨੇ ਕਿਹਾ ਕਿ "ਨਿੱਜੀ ਹਸਪਤਾਲਾਂ ਵਿੱਚ ਘੱਟੋ-ਘੱਟ 20 ਫ਼ੀਸਦ ਬਿਸਤਰੇ ਉਨ੍ਹਾਂ ਮਰੀਜ਼ਾਂ ਲਈ ਰਾਖਵੇਂ ਰੱਖੇ ਜਾਣੇ ਚਾਹੀਦੇ ਹਨ ਜੋ ਇਲਾਜ ਦਾ ਖਰਚਾ ਨਹੀਂ ਝੱਲ ਸਕਦੇ। ਇਹ ਸੇਵਾਵਾਂ ਹਮੇਸ਼ਾ ਮੁਫ਼ਤ ਹੋਣ ਦੀ ਜ਼ਰੂਰਤ ਨਹੀਂ ਹੈ, ਕਿਉਂਕਿ ਹਸਪਤਾਲ ਸਰਕਾਰੀ ਸਿਹਤ ਯੋਜਨਾਵਾਂ ਰਾਹੀਂ ਮੁਆਵਜ਼ਾ ਪ੍ਰਾਪਤ ਕਰ ਸਕਦੇ ਹਨ, ਇਹ ਯਕੀਨੀ ਬਣਾਉਂਦੇ ਹੋਏ ਕਿ ਲੋੜਵੰਦਾਂ ਦੀ ਸਹਾਇਤਾ ਕਰਦੇ ਹੋਏ ਉਨ੍ਹਾਂ ਨੂੰ ਨੁਕਸਾਨ ਨਾ ਹੋਵੇ।"

ਸਿਹਤ ਖੇਤਰ ਵਿੱਚ ਮੌਕੇ ਤਲਾਸ਼ ਕਰਨ ਲਈ ਨਿਵੇਸ਼ਕਾਂ ਨੂੰ ਸੱਦਾ ਦਿੰਦੇ ਹੋਏ, ਪ੍ਰਮੁੱਖ ਸਕੱਤਰ ਸਿਹਤ ਤੇ ਪਰਿਵਾਰ ਭਲਾਈ, ਸ੍ਰੀ ਕੁਮਾਰ ਰਾਹੁਲ ਨੇ ਕਿਹਾ ਕਿ ਪੰਜਾਬ ਸਿਹਤ ਸੰਭਾਲ ਨਿਵੇਸ਼ਾਂ ਲਈ ਇੱਕ ਅਨੁਕੂਲ ਵਾਤਾਵਰਣ ਪ੍ਰਣਾਲੀ ਦੀ ਪੇਸ਼ਕਸ਼ ਕਰਦਾ ਹੈ, ਜਿਸ ਵਿੱਚ ਸਰਕਾਰ ਜ਼ਮੀਨ, ਨੀਤੀ ਸਹਾਇਤਾ, ਪ੍ਰੋਤਸਾਹਨ ਤੇ ਦੇਰੀ ਰਹਿਤ ਪ੍ਰਵਾਨਗੀਆਂ ਪ੍ਰਦਾਨ ਕਰ ਰਹੀ ਹੈ।

ਇਸ ਸੈਸ਼ਨ ਵਿੱਚ ਡਾਇਰੈਕਟਰ ਹੋਮੀ ਭਾਭਾ ਡਾ. ਆਸ਼ੀਸ਼ ਗੁਲੀਆ, ਸੀ.ਈ.ਓ ਲਿਵਾਸਾ ਹਸਪਤਾਲ ਅਨੁਰਾਗ ਯਾਦਵ, ਮੈਡੀਕਲ ਡਾਇਰੈਕਟਰ ਫੋਰਟਿਸ ਹੈਲਥਕੇਅਰ ਡਾ. ਵਿਕਰਮਜੀਤ ਸਿੰਘ ਧਾਲੀਵਾਲ ਤੇ ਅਪੋਲੋ ਹਸਪਤਾਲ ਨਵੀਂ ਦਿੱਲੀ ਦੇ ਸੀਨੀਅਰ ਇੰਟਰਵੈਂਸ਼ਨਲ ਕਾਰਡੀਓਲੋਜਿਸਟ ਪ੍ਰੋਫੈਸਰ ਡਾ. ਵਿਵੇਕ ਗੁਪਤਾ ਸਮੇਤ ਪ੍ਰਮੁੱਖ ਪੈਨਲਿਸਟ ਸ਼ਾਮਲ ਸਨ। ਇਸ ਸੈਸ਼ਨ ਦਾ ਸੰਚਾਲਨ ਕੇ.ਪੀ.ਐਮ.ਜੀ. ਤੋਂ ਸੰਦੀਪ ਝਾਅ ਸੈਸ਼ਨ ਦੁਆਰਾ ਕੀਤਾ ਗਿਆ।

## ਪੁਰਜ਼ਿਆਂ ਤੋਂ ਪਲੈਟਫਾਰਮਾਂ ਤੱਕ ਵਿਸ਼ੇ ਤਹਿਤ ਸਾਈਕਲ ਅਤੇ ਈ-ਬਾਈਕਸ ਆਲਮੀ ਬਾਜ਼ਾਰਾਂ ਲਈ ਪੰਜਾਬ ਦੇ ਅਗਲੇ ਪੀੜ੍ਹੀ ਦੇ ਸਾਈਕਲ

**ਚੰਡੀਗੜ੍ਹ** : "ਪੁਰਜ਼ਿਆਂ ਤੋਂ ਪਲੇਟਫਾਰਮਾਂ ਤੱਕ- ਆਲਮੀ ਬਾਜ਼ਾਰਾਂ ਲਈ ਪੰਜਾਬ ਦੇ ਅਗਲੇ ਪੀੜ੍ਹੀ ਦੇ ਸਾਈਕਲ" ਵਿਸ਼ੇ ਹੇਠ "ਸਾਈਕਲ ਅਤੇ ਈ-ਬਾਈਕਸ" ਸਿਰਲੇਖ ਵਾਲੇ ਸੈਸ਼ਨ ਨੇ ਸੂਬੇ ਦੇ ਇੱਕ ਵਿਸ਼ਵਵਿਆਪੀ ਨਿਰਮਾਣ ਕੇਂਦਰ ਵਜੋਂ ਵਧ ਰਹੇ ਰੁਤਬੇ ਨੂੰ ਉਭਾਰਿਆ। ਇਸ ਸੈਸ਼ਨ ਦੌਰਾਨ ਉਦਯੋਗ ਖੇਤਰ ਦੇ ਆਗੂਆਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਨੀਤੀ ਸਥਿਰਤਾ, ਤਕਨੀਕੀ ਪੱਖੋਂ ਸਮੇਂ ਦਾ ਹਾਣੀ ਹੋਣ ਅਤੇ ਈਕੋਸਿਸਟਮ ਇਕਜੁੱਟਤਾ ਵਿਸਥਾਰ ਦੇ ਅਗਲੇ ਪੜਾਅ ਨੂੰ ਹੋਰ ਅੱਗੇ ਵਧਾਉਣਗੇ।

ਇਸ ਮੌਕੇ 'ਤੇ ਬੋਲਦਿਆਂ, ਐਵੋਨ ਸਾਈਕਲਜ਼ ਦੇ ਚੇਅਰਮੈਨ ਅਤੇ ਪ੍ਰਬੰਧਕੀ ਨਿਰਦੇਸ਼ਕ, ਸ੍ਰੀ ਓਂਕਾਰ ਸਿੰਘ ਪਾਹਵਾ ਨੇ ਕਿਹਾ ਕਿ ਪੰਜਾਬ ਸਪੱਸ਼ਟ ਸਮਾਂ-ਸੀਮਾਵਾਂ, ਡਿਜੀਟਲਾਈਜ਼ਡ ਪ੍ਰਵਾਨਗੀਆਂ ਅਤੇ ਸੌਖੀ ਪ੍ਰਕਿਰਿਆ ਨਾਲ ਲਗਾਤਾਰ ਇੱਕ ਕਾਰੋਬਾਰ-ਅਨੁਕੂਲ ਵਾਤਾਵਰਣ ਸਿਰਜ ਰਿਹਾ ਹੈ, ਜੋ ਉੱਦਮੀਆਂ ਨੂੰ ਟੀਚਿਆਂ ਨੂੰ ਅਮਲੀਰੂਪ ਦੇਣ ਅਤੇ ਨਵੀਨਤਾ 'ਤੇ ਧਿਆਨ ਕੇਂਦਰਿਤ ਕਰਨ ਦੇ ਯੋਗ ਬਣਾਉਂਦਾ ਹੈ। ਭਵਿੱਖੀ ਸੰਭਾਵਨਾਵਾਂ ਦਾ ਅਨੁਮਾਨ ਲਾਉਣ ਅਤੇ ਨਿਰੰਤਰ ਉੱਦਮ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਘੱਟ ਪ੍ਰਕਿਰਿਆਵੀ ਬੋਝ, ਐਮ.ਐਸ.ਈ ਲਈ ਵਿਸਥਾਰਤ ਸਵੈ-ਪ੍ਰਮਾਣੀਕਰਨ ਅਤੇ ਸਿੰਗਲ ਪੁਆਇੰਟ ਰਜਿਸਟ੍ਰੇਸ਼ਨ ਵਰਗੀਆਂ ਪਹਿਲਕਦਮੀਆਂ ਪ੍ਰੋਜੈਕਟ ਲਾਗੂ ਕਰਨ ਨੂੰ ਤੇਜ਼ ਕਰਨਗੀਆਂ ਅਤੇ ਨਿਵੇਸ਼ ਨੂੰ ਰੁਜ਼ਗਾਰ, ਨਿਰਯਾਤ ਅਤੇ ਉਦਯੋਗਿਕ ਉਤਪਾਦਨ ਵਿੱਚ ਬਦਲ ਦੇਣਗੀਆਂ।



ਇਸ ਵਿਸ਼ੇ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਕੋਲ ਸਾਈਕਲ ਨਿਰਮਾਣ ਦੀ ਮਜ਼ਬੂਤ ਵਿਰਾਸਤ ਹੈ, ਜਿਸ ਵਿੱਚ 4000 ਤੋਂ ਵੱਧ ਐਮ.ਐਸ.ਐਮ.ਈ ਉਤਪਾਦਕ ਅਤੇ 100 ਤੋਂ ਵੱਧ ਦਰਮਿਆਨੇ ਅਤੇ ਵੱਡੇ ਸਾਈਕਲ ਨਿਰਮਾਤਾ ਸਾਂਝੇ ਤੌਰ 'ਤੇ ਸਾਲਾਨਾ ਲਗਭਗ 2.2 ਮਿਲੀਅਨ ਸਾਈਕਲਾਂ ਦਾ ਉਤਪਾਦਨ ਕਰਦੇ ਹਨ, ਜੋ ਭਾਰਤ ਨੂੰ ਸਭ ਤੋਂ ਵੱਡੇ ਸਾਈਕਲ ਉਤਪਾਦਕ ਦੇਸ਼ਾਂ ਵਿੱਚੋਂ ਇੱਕ ਬਣਾਉਂਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਕੰਪੋਨੈਂਟਾਂ ਅਤੇ ਕੱਚੇ ਮਾਲ ਦੀਆਂ ਸਮਰੱਥਾਵਾਂ ਦਾ ਵੱਡਾ ਹਿੱਸਾ ਰੱਖਦਾ ਹੈ ਅਤੇ ਵਿਸ਼ਵ ਪੱਧਰੀ ਟਾਇਰ ਨਿਰਮਾਣ ਸਮਰੱਥਾ ਇਸ ਖੇਤਰ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਦੀ ਹੈ।

ਪੁਰਜੇ ਨਿਰਮਾਣ-ਕੇਂਦਰਿਤ ਉਤਪਾਦਨ ਤੋਂ ਪਲੇਟਫਾਰਮ-ਅਧਾਰਤ ਨਿਰਮਾਣ ਵੱਲ ਤਬਦੀਲੀ 'ਤੇ ਜ਼ੋਰ ਦਿੰਦੇ ਹੋਏ ਸ਼੍ਰੀ ਪਾਹਵਾ ਨੇ ਕਿਹਾ ਕਿ ਆਧੁਨਿਕ ਖਪਤਕਾਰ ਸੁਰੱਖਿਆ, ਟਿਕਾਊਪਣ, ਆਰਾਮ, ਕਾਰਗੁਜ਼ਾਰੀ ਅਤੇ ਇਲੈਕਟ੍ਰਿਕ ਸਹਾਇਕ ਗਤੀਸ਼ੀਲਤਾ ਵਰਗੇ ਪੱਖਾਂ ਨੂੰ ਤਵੱਜੋ ਦਿੰਦੇ ਹਨ।ਉਨ੍ਹਾਂ ਕਿਹਾ ਕਿ ਈ-ਬਾਈਕ, ਈ-ਸਕੂਟਰ, ਫਿਟਨੈਸ ਉਪਕਰਣ ਅਤੇ ਪ੍ਰੀਮੀਅਮ ਨਿਰਯਾਤ-ਮੁਖੀ ਸਾਈਕਲਾਂ ਸਮੇਤ ਵੱਖ-ਵੱਖ ਨਿਰਮਾਣ, ਨਿਰੰਤਰ ਵਿਕਾਸ ਲਈ ਉੱਭਰ ਰਿਹਾ ਰਸਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਵਿਸ਼ਵ ਬਾਜ਼ਾਰ ਇਕਸਾਰਤਾ, ਦਸਤਾਵੇਜ਼ੀ ਅਨੁਸ਼ਾਸਨ ਅਤੇ ਮਜ਼ਬੂਤ ਗੁਣਵੱਤਾ ਯਕੀਨ ਦੀ ਮੰਗ ਕਰਦੇ ਹਨ, ਜਿਸ ਨਾਲ ਪਲੇਟਫਾਰਮ ਅਧਾਰਤ ਸਮਰੱਥਾ ਨਿਰਮਾਣ ਲੰਬੇ ਸਮੇਂ ਦੀ ਬਰਾਮਦੀ ਮੁਕਾਬਲੇਬਾਜ਼ੀ ਲਈ ਬੁਨਿਆਦੀ ਹੋ ਜਾਂਦਾ ਹੈ।

ਰਾਲਸਨ ਇੰਡੀਆ ਦੇ ਚੇਅਰਮੈਨ ਅਤੇ ਪ੍ਰਬੰਧਕੀ ਨਿਰਦੇਸ਼ਕ, ਸ਼੍ਰੀ ਸੰਜੀਵ ਪਾਹਵਾ ਨੇ ਸਾਈਕਲ ਉਦਯੋਗ ਵਿਕਾਸ ਦੇ ਇਤਿਹਾਸਕ ਸਫਰ ਬਾਰੇ ਦੱਸਿਆ।ਉਨ੍ਹਾਂ ਕਿਹਾ ਕਿ ਲੁਧਿਆਣਾ ਆਜ਼ਾਦੀ ਤੋਂ ਬਾਅਦ ਦੇ ਸ਼ੁਰੂਆਤੀ ਸਾਲਾਂ ਵਿੱਚ ਵਾਜਿਬ ਗਤੀਸ਼ੀਲ ਸਾਧਨਾ ਦੇ ਇੱਕ ਮੁੱਖ ਕੇਂਦਰ ਵਜੋਂ ਉਭਰਿਆ ਜਿਸਦਾ ਪ੍ਰੇਰਕ ਪਹਿਲੂ ਰੈਗੂਲੇਟਰੀ ਚੁਣੌਤੀਆਂ ਦੇ ਬਾਵਜੂਦ ਉੱਦਮੀ ਭਾਵਨਾ ਅਤੇ ਨਵੀਨਤਾ ਦੁਆਰਾ ਸੰਚਾਲਿਤ ਹੋਣਾ ਸੀ।ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ 1970 ਅਤੇ 1980 ਦੇ ਦਹਾਕੇ ਦੌਰਾਨ ਸਵਦੇਸ਼ੀ ਤਕਨਾਲੋਜੀ ਅਤੇ ਸਹਾਇਕ ਈਕੋਸਿਸਟਮ ਨੇ ਟਾਇਰ ਅਤੇ ਟਿਊਬ ਨਿਰਮਾਣ ਉਦਯੋਗਾਂ ਦੇ ਵਿਕਾਸ ਨੂੰ ਸਮਰੱਥ ਬਣਾਇਆ, ਜੋ ਅੱਜ ਘਰੇਲੂ ਅਤੇ ਆਲਮੀ ਬਾਜ਼ਾਰਾਂ ਵਿਚ ਆਪਣਾ ਦਰਜਾ ਰੱਖਦੇ ਹਨ। ਉਨ੍ਹਾਂ ਆਪਣਾ ਨਜ਼ਰੀਆ ਪੇਸ਼ ਕਰਦਿਆਂ ਕਿਹਾ ਕਿ ਬਦਲਦੇ ਗਤੀਸ਼ੀਲਤਾ ਪੈਟਰਨ, ਆਰਥਿਕ ਖੁਸ਼ਹਾਲੀ ਅਤੇ ਮੋਟਰਸਾਈਕਲਾਂ ਲਈ ਤਰਜੀਹ ਵਧਣ ਸਦਕਾ ਸਾਈਕਲਾਂ ਦੀ ਮੁੱਖ ਯਾਤਰਾ ਵਿਕਲਪ ਵਜੋਂ ਅਹਿਮੀਅਤ ਘਟਣ ਕਾਰਨ ਉਦਯੋਗ ਹੁਣ ਚੌਰਾਹੇ 'ਤੇ ਆ ਖੜ੍ਹਾ ਹੈ। ਉਨ੍ਹਾਂ ਕਿਹਾ ਕਿ ਇਸ ਖੇਤਰ ਸਾਈਕਲਾਂ ਨੂੰ ਖੇਡਾਂ, ਮਨੋਰੰਜਨ, ਸਿਹਤ ਅਤੇ ਟਿਕਾਊ ਸ਼ਹਿਰੀ ਗਤੀਸ਼ੀਲਤਾ ਦੇ ਸਾਧਨ ਵਜੋਂ ਮੁੜ ਸਥਾਪਿਤ ਕਰਕੇ ਆਪਣੇ ਆਪ ਨੂੰ ਮੁੜ ਸੁਰਜੀਤ ਕਰਨ ਦੀ ਬਹੁਤ ਲੋੜ ਹੈ। ਉਚ ਗੁਣਵੱਤਾ, ਖੋਜ ਅਤੇ ਵਿਕਾਸ ਵਿੱਚ ਨਿਵੇਸ਼, ਉੱਨਤ ਸਮੱਗਰੀ ਅਤੇ ਸਪਲਾਈ ਚੇਨ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਨੇ ਰਾਜ ਦੀ ਪ੍ਰਗਤੀਸ਼ੀਲ ਉਦਯੋਗਿਕ ਨੀਤੀ ਦਾ ਸਵਾਗਤ ਕੀਤਾ, ਜੋ ਪੂੰਜੀ ਨਿਵੇਸ਼ ਅਤੇ ਤਕਨੀਕੀ ਅਪਗ੍ਰੇਡੇਸ਼ਨ ਨੂੰ ਉਤਸ਼ਾਹਿਤ ਕਰਦੀ ਹੈ।

ਹਾਰਟੈਕਸ ਰਬੜ ਦੇ ਡਾਇਰੈਕਟਰ ਵਰੁਣ ਸੁਰੇਕਾ ਨੇ ਕਿਹਾ ਕਿ ਪੰਜਾਬ ਇੱਕ ਸਹਾਇਕ ਉਦਯੋਗਿਕ ਵਾਤਾਵਰਣ, ਮਜ਼ਬੂਤ ਨਿਰਮਾਣ ਵਾਤਾਵਰਣ ਪ੍ਰਣਾਲੀ ਅਤੇ ਸਹਿਯੋਗੀ ਵਪਾਰਕ ਸੱਭਿਆਚਾਰ ਦੀ ਪੇਸ਼ਕਸ਼ ਕਰਦਾ ਹੈ, ਜੋ ਇਸਨੂੰ ਨਵੇਂ ਨਿਵੇਸ਼ਾਂ ਲਈ ਇੱਕ ਆਕਰਸ਼ਕ ਸਥਾਨ ਬਣਾਉਂਦਾ ਹੈ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਏਕੀਕ੍ਰਿਤ ਗਤੀਸ਼ੀਲਤਾ ਪ੍ਰਣਾਲੀ, ਉੱਚ ਸਟੀਕੀ ਇੰਜੀਨੀਅਰਿੰਗ, ਇਲੈਕਟ੍ਰਾਨਿਕ ਏਕੀਕਰਣ ਅਤੇ ਪਾਲਣਾ-ਸੰਚਾਲਿਤ ਨਿਰਮਾਣ ਪ੍ਰਣਾਲੀਆਂ ਸਾਈਕਲ ਖੇਤਰ ਦੇ ਭਵਿੱਖ ਨੂੰ ਪਰਿਭਾਸ਼ਿਤ ਕਰਨਗੀਆਂ। ਮਸ਼ੀਨ ਸਮਰੱਥਾ, ਪ੍ਰਕਿਰਿਆ ਅਨੁਸ਼ਾਸਨ ਅਤੇ ਹੁਨਰਮੰਦ ਮਨੁੱਖੀ ਸ਼ਕਤੀ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਲੰਬੇ ਸਮੇਂ ਦੀ ਭਾਈਵਾਲੀ, ਨਵੀਨਤਾ ਅਤੇ ਇਕਸਾਰ ਉਤਪਾਦ ਗੁਣਵੱਤਾ ਆਲਮੀ ਭਰੋਸਾ ਜਿੱਤਣ ਅਤੇ ਬਰਾਮਦ ਮਜ਼ਬੂਤੀ ਨੂੰ ਵਧਾਉਣ ਲਈ ਬਹੁਤ ਮਹੱਤਵਪੂਰਨ ਹਨ।

ਵਿਚਾਰ ਚਰਚਾ ਵਿਚਲੇ ਭਾਗੀਦਾਰਾਂ ਦਾ ਧੰਨਵਾਦ ਕਰਦੇ ਹੋਏ, ਫੂਡ ਪ੍ਰੋਸੈਸਿੰਗ ਵਿਭਾਗ ਦੀ ਪ੍ਰਮੁੱਖ ਸਕੱਤਰ ਸ਼੍ਰੀਮਤੀ ਰਾਖੀ ਗੁਪਤਾ ਭੰਡਾਰੀ ਨੇ ਉਦਯੋਗ ਖੇਤਰ ਦੇ ਆਗੂਆਂ ਦੁਆਰਾ ਸਾਂਝੇ ਕੀਤੇ ਗਏ ਸੁਝਾਵਾਂ ਦੀ ਸ਼ਲਾਘਾ ਕੀਤੀ ਅਤੇ ਮੁਸਲਸਲ ਖੇਤਰੀ ਵਿਕਾਸ ਲਈ, ਨੀਤੀ ਸਹਾਇਤਾ, ਹੁਨਰ ਵਿਕਾਸ, ਸੁਰੱਖਿਆ ਮਿਆਰਾਂ ਅਤੇ ਉਚਪਾਏ ਦੇ ਉਤਪਾਦਾਂ ਦੀ ਜਗ੍ਹਾ ਦੇ ਮਹੱਤਵ ਨੂੰ ਉਜਾਗਰ ਕੀਤਾ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਖਪਤਕਾਰਾਂ ਖਾਸਕਰ ਨੌਜਵਾਨਾਂ ਦੀਆਂ ਖਾਹਸ਼ਾਂ ਡਿਜ਼ਾਈਨ ਨਵੀਨਤਾ, ਤਕਨਾਲੋਜੀ ਅਪਣਾਉਣ ਅਤੇ ਵੱਖ-ਵੱਖ ਐਪਲੀਕੇਸ਼ਨਾਂ ਦੀ ਮੰਗ ਕਰਦੀਆਂ ਹਨ, ਜਿਸ ਵਿੱਚ ਸੈਰ-ਸਪਾਟਾ ਗਤੀਸ਼ੀਲਤਾ ਅਤੇ ਰੀਕਰੀਏਸ਼ਨਲ ਸਾਈਕਲਿੰਗ ਸ਼ਾਮਲ ਹਨ। ਉਨ੍ਹਾਂ ਉਦਯੋਗ ਖੇਤਰ ਦੇ ਭਾਗੀਦਾਰਾਂ ਨੂੰ ਮਜ਼ਬੂਤ ਪਲੇਟਫਾਰਮ ਈਕੋਸਿਸਟਮ ਬਣਾਉਣ ਦੀ ਅਪੀਲ ਕੀਤੀ, ਜੋ ਲੋਕਾਂ, ਉਤਪਾਦ ਸਮਰੱਥਾਵਾਂ ਅਤੇ ਪ੍ਰਕਿਰਿਆਵਾਂ ਨੂੰ ਆਪਸ ਵਿਚ ਲੜੀ ਵਿਚ ਪ੍ਰੋਏ, ਤਾਂ ਜੋ ਪੰਜਾਬ ਨੂੰ ਅਗਲੀ ਪੀੜ੍ਹੀ ਦੇ ਸਾਈਕਲ ਨਿਰਮਾਣ ਖੇਤਰ ਵਿਚ ਇੱਕ ਆਲਮੀ ਆਗੂ ਵਜੋਂ ਸਥਾਪਿਤ ਕੀਤਾ ਜਾ ਸਕੇ।

ADVERTORIAL

## ਸੰਪਾਦਕੀ

# ਜੰਗਾਂ ਦੀ ਅਦ੍ਰਿਸ਼ਟ ਕੀਮਤ- ਦਮ ਤੋੜਦੇ ਸਮੁੰਦਰ

ਅਜੋਕੇ ਦੌਰ ਵਿੱਚ ਜਦੋਂ ਵੀ ਕਿਤੇ ਜੰਗ ਦੇ ਨਗਾਰੇ ਵੱਜਦੇ ਹਨ ਤਾਂ ਦੁਨੀਆ ਦਾ ਧਿਆਨ ਅਕਸਰ ਮਨੁੱਖੀ ਜਾਨਾਂ ਦੇ ਨੁਕਸਾਨ, ਉਜੜਦੇ ਸ਼ਹਿਰਾਂ ਅਤੇ ਬਦਲਦੀਆਂ ਭੂ-ਰਾਜਨੀਤਕ ਸਰਹੱਦਾਂ ਵੱਲ ਹੀ ਰਹਿੰਦਾ ਹੈ। ਪਰ ਬਾਰੂਦ ਦੇ ਧੂੰਏਂ ਅਤੇ ਚੀਕ-ਚਿਹਾੜੇ ਦੇ ਪਿੱਛੇ ਇੱਕ ਅਜਿਹਾ ਮੌਨ ਵਿਨਾਸ਼ ਹੋ ਰਿਹਾ ਹੈ, ਜਿਸ ਦੀ ਗੂੰਜ ਆਉਣ ਵਾਲੀਆਂ ਸਦੀਆਂ ਤੱਕ ਸੁਣਾਈ ਦੇਵੇਗੀ—ਇਹ ਹੈ ਸਾਡੇ ਸਮੁੰਦਰਾਂ ਦਾ ਹੌਲੀ-ਹੌਲੀ ਹੋ ਰਿਹਾ ਕਤਲ। ਮੱਧ ਪੂਰਬ ਤੋਂ ਲੈ ਕੇ ਕਾਲੇ ਸਮੁੰਦਰ ਤੱਕ ਫੈਲੀ ਅਸ਼ਾਂਤੀ ਸਿਰਫ਼ ਜ਼ਮੀਨੀ ਖਿੱਤਿਆਂ ਨੂੰ ਹੀ ਨਹੀਂ ਸਾੜ ਰਹੀ, ਸਗੋਂ ਇਹ ਉਸ ਨੀਲੇ ਸੰਸਾਰ ਨੂੰ ਵੀ ਜ਼ਹਿਰੀਲਾ ਕਰ ਰਹੀ ਹੈ ਜੋ ਧਰਤੀ 'ਤੇ ਜੀਵਨ ਦਾ ਅਸਲ ਆਧਾਰ ਹੈ। ਸਮੁੰਦਰ ਮਹਿਜ਼ ਪਾਣੀ ਦੀਆਂ ਲਹਿਰਾਂ ਦਾ ਸੰਗ੍ਰਹਿ ਨਹੀਂ, ਸਗੋਂ ਇਹ ਧਰਤੀ ਦਾ ਉਹ ਫੇਫੜਾ ਹੈ ਜੋ ਸਾਨੂੰ ਸਾਹ ਲੈਣ ਲਈ ਆਕਸੀਜਨ ਦਿੰਦਾ ਹੈ ਅਤੇ ਮੌਸਮੀ ਮਿਜਾਜ਼ ਨੂੰ ਸੰਤੁਲਿਤ ਰੱਖਦਾ ਹੈ। ਪਰ ਜੰਗਾਂ ਦੌਰਾਨ ਡੁੱਬੇ ਹੋਏ ਵਿਸ਼ਾਲ ਜੰਗੀ ਜਹਾਜ਼, ਫਟੇ ਹੋਏ ਮਾਰੂ ਹਥਿਆਰ ਅਤੇ ਮਿਜ਼ਾਈਲਾਂ ਦੇ ਅਵਸ਼ੇਸ਼ ਇਸ ਪਾਕ ਪਾਣੀ ਵਿੱਚ ਅਜਿਹਾ ਜ਼ਹਿਰ ਘੋਲ ਰਹੇ ਹਨ, ਜਿਸ ਦਾ ਕੋਈ ਇਲਾਜ ਨਜ਼ਰ ਨਹੀਂ ਆਉਂਦਾ। ਜਦੋਂ ਕੋਈ ਜੰਗੀ ਜਹਾਜ਼ ਸਮੁੰਦਰ ਦੀ ਹਿੱਕ ਵਿੱਚ ਦਫ਼ਨ ਹੁੰਦਾ ਹੈ ਤਾਂ ਉਸ ਦੇ ਨਾਲ ਹੀ ਹਜ਼ਾਰਾਂ ਟਨ ਬਾਲਣ, ਭਾਰੀ ਧਾਤਾਂ ਅਤੇ ਘਾਤਕ ਰਸਾਇਣ ਵੀ ਸਮੁੰਦਰੀ ਤਲ 'ਤੇ ਬੈਠ ਜਾਂਦੇ ਹਨ। ਸਮੇਂ ਦੇ ਨਾਲ ਜਦੋਂ ਇਨ੍ਹਾਂ ਲੋਹੇ ਦੇ ਪਿੰਜਰਾਂ ਨੂੰ ਜੰਗਾਲ ਲੱਗਦਾ ਹੈ, ਤਾਂ ਇਹ ਹੌਲੀ-ਹੌਲੀ ਤੇਲ ਅਤੇ ਜ਼ਹਿਰੀਲੇ ਤੱਤ ਰਿਸਣ ਲੱਗਦੇ ਹਨ ਜੋ ਮੱਛੀਆਂ, ਕੋਰਲ ਰੀਫਾਂ ਅਤੇ ਹੋਰ ਅਣਗਿਣਤ ਜੀਵਾਂ ਲਈ ਮੌਤ ਦਾ ਵਰੰਟ ਬਣ ਜਾਂਦੇ ਹਨ।

ਵਿਨਾਸ਼ ਦੀ ਇਹ ਕਹਾਣੀ ਸਿਰਫ ਰਸਾਇਣਾਂ ਤੱਕ ਮਹਿਦੂਦ ਨਹੀਂ ਹੈ। ਸਮੁੰਦਰ ਦੀ ਗਹਿਰਾਈ ਵਿੱਚ ਜੀਵਨ ਧੁਨੀ-ਤਰੰਗਾਂ ਦੇ ਸਹਾਰੇ ਚੱਲਦਾ ਹੈ। ਵ੍ਹੇਲ ਅਤੇ ਡਾਲਫਿਨ ਵਰਗੇ ਬੁੱਧੀਮਾਨ ਜੀਵ ਆਵਾਜ਼ ਦੇ ਜ਼ਰੀਏ ਆਪਣਾ ਰਸਤਾ ਲੱਭਦੇ ਅਤੇ ਸੰਚਾਰ ਕਰਦੇ ਹਨ। ਜੰਗੀ ਮਸ਼ਕਾਂ, ਸੋਨਾਰ ਪ੍ਰਣਾਲੀਆਂ ਅਤੇ ਪਾਣੀ ਦੇ ਅੰਦਰ ਹੋਣ ਵਾਲੇ ਧਮਾਕਿਆਂ ਦਾ ਸ਼ੋਰ ਇਨ੍ਹਾਂ ਜੀਵਾਂ ਦੇ ਮਾਨਸਿਕ ਅਤੇ ਸਰੀਰਕ ਸੰਤੁਲਨ ਨੂੰ ਇੰਨੀ ਬੁਰੀ ਤਰ੍ਹਾਂ ਵਿਗਾੜ ਦਿੰਦਾ ਹੈ ਕਿ ਉਹ ਆਪਣਾ ਰਾਹ ਭਟਕ ਕੇ ਤੱਟਾਂ 'ਤੇ ਆ ਕੇ ਦਮ ਤੋੜ ਦਿੰਦੇ ਹਨ। ਇਹ ਮਨੁੱਖੀ ਹਉਮੈ ਦੀ ਉਹ ਭਿਆਨਕ ਕੀਮਤ ਹੈ ਜੋ ਬੇਜ਼ੁਬਾਨ ਜੀਵ ਆਪਣੀ ਹੋਂਦ ਮਿਟਾ ਕੇ ਤਾਰ ਰਹੇ ਹਨ। ਇਹ ਚਿੰਤਾ ਹੋਰ ਵੀ ਗੰਭੀਰ ਹੋ ਜਾਂਦੀ ਹੈ ਜਦੋਂ ਅਸੀਂ ਪੁਰਾਣੀਆਂ ਜੰਗਾਂ ਦੇ ਪਰਛਾਵੇਂ ਦੇਖਦੇ ਹਾਂ। ਦੁਨੀਆ ਭਰ ਦੇ ਸਮੁੰਦਰਾਂ ਵਿੱਚ ਅੱਜ ਵੀ ਦੂਜੀ ਸੰਸਾਰ ਜੰਗ ਦੇ ਹਜ਼ਾਰਾਂ ਜਹਾਜ਼ ਡੁੱਬੇ ਪਏ ਹਨ, ਜਿਨ੍ਹਾਂ ਵਿੱਚ ਅਰਬਾਂ ਗੈਲਨ ਤੇਲ ਅਜੇ ਵੀ ਮੌਜੂਦ ਹੈ। ਇਹ ਇੱਕ 'ਟਿਕ-ਟਿਕ' ਕਰਦੇ ਟਾਈਮ ਬੰਬ ਵਾਂਗ ਹਨ, ਜੋ ਕਿਸੇ ਵੀ ਵੇਲੇ ਵਾਤਾਵਰਣਿਕ ਮਹਾਂ-ਤਬਾਹੀ ਲਿਆ ਸਕਦੇ ਹਨ। ਜੰਗ ਕਿਸੇ ਇੱਕ ਖਿੱਤੇ ਵਿੱਚ ਹੁੰਦੀ ਹੈ, ਪਰ ਸਮੁੰਦਰੀ ਧਾਰਾਵਾਂ ਉਸ ਦੇ ਪ੍ਰਦੂਸ਼ਣ ਨੂੰ ਸਰਹੱਦਾਂ ਦੀ ਪਰਵਾਹ ਕੀਤੇ ਬਿਨਾਂ ਪੂਰੀ ਦੁਨੀਆ ਵਿੱਚ ਫੈਲਾ ਦਿੰਦੀਆਂ ਹਨ। ਹੁਣ ਵਕਤ ਆ ਗਿਆ ਹੈ ਕਿ ਕੌਮਾਂਤਰੀ ਭਾਈਚਾਰਾ ਇਸ ਅਦ੍ਰਿਸ਼ਟ ਤਬਾਹੀ ਨੂੰ ਗੰਭੀਰਤਾ ਨਾਲ ਲਵੇ। ਜੰਗ ਦੇ ਨਿਯਮਾਂ ਵਿੱਚ ਸਮੁੰਦਰੀ ਵਾਤਾਵਰਣ ਦੀ ਸੁਰੱਖਿਆ ਨੂੰ ਲਾਜ਼ਮੀ ਤੌਰ 'ਤੇ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਸਮੁੰਦਰੀ ਤਲ 'ਤੇ ਪਏ ਪੁਰਾਣੇ ਮਲਬੇ ਨੂੰ ਸਾਫ਼ ਕਰਨ ਲਈ ਸਾਂਝੇ ਵਿਸ਼ਵ ਪੱਧਰੀ ਯਤਨਾਂ ਦੀ ਲੋੜ ਹੈ। ਸਾਨੂੰ ਇਹ ਸਮਝਣਾ ਹੋਵੇਗਾ ਕਿ ਜੇ ਸਮੁੰਦਰ ਮਰ ਗਿਆ, ਤਾਂ ਧਰਤੀ 'ਤੇ ਜੀਵਨ ਦੀ ਸੰਭਾਵਨਾ ਵੀ ਖ਼ਤਮ ਹੋ ਜਾਵੇਗੀ। ਸ਼ਾਂਤੀ ਸਿਰਫ਼ ਹਥਿਆਰ ਸੁੱਟਣ ਦਾ ਨਾਮ ਨਹੀਂ, ਸਗੋਂ ਆਪਣੀ ਕੁਦਰਤ ਅਤੇ ਇਸ ਦੇ ਜੀਵਾਂ ਨਾਲ ਮੁੜ ਰਿਸ਼ਤਾ ਜੋੜਨ ਦਾ ਨਾਮ ਹੈ।

-ਜਗਜੀਤ ਸਿੰਘ ਦਰਦੀ

## ਮੋਗਾ ਵਿੱਚ ਭਾਜਪਾ/ਅਮਿਤ ਸ਼ਾਹ ਦੀ ਰੈਲੀ

# ਭਾਜਪਾ ਲਈ ਪੰਜਾਬ ਦੀ ਰਾਜਨੀਤੀ ਐਨੀ ਆਸਾਨ ਨਹੀਂ ਹੈ ?



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

- ਪਾਰਟੀ ਅਜੇ ਵੀ ਹਿੰਦੂ ਸਿੱਖ ਏਕਤਾ ਤੇ ਕਿਸਾਨ ਵਿਰੋਧ ਕਾਰਨ ਲੋਕ ਮਨਾਂ ਤੋਂ ਦੂਰ
- ਅਮਿਤ ਸ਼ਾਹ ਦੀ ਰੈਲੀ ਨੇ ਬਦਲਾਵ ਮੋਰਚੇ 'ਤੇ ਕਿੰਨਾ ਅਸਰ ਪਾਵੇਗੀ ਇਹ ਭਵਿੱਖ ਦੱਸੇਗਾ
- ਨਕਾਰਾ ਭਗੌੜੇ ਤੇ ਭ੍ਰਿਸ਼ਟਾਚਾਰ 'ਚ ਡੁੱਬੇ ਨੇਤਾਵਾਂ ਨੂੰ ਪਾਰਟੀ ਵਿੱਚ ਸ਼ਾਮਿਲ ਕਰਨਾ ਭਾਜਪਾ ਨੂੰ ਮਹਿੰਗਾ ਪੈ ਸਕਦਾ ਹੈ

ਕੀ ਅੱਜ ਪੰਜਾਬ ਵਿੱਚ ਬਦਲਾਵ ਦੀ ਲਹਿਰ ਹੈ ।ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਮੋਗਾ ਰੈਲੀ ਅਤੇ ਭਾਜਪਾ ਦੀਆਂ 2027 ਵਿਧਾਨ ਸਭਾ ਚੋਣਾਂ ਵਿੱਚ ਜਿੱਤ ਦੀਆਂ ਸੰਭਾਵਨਾਵਾਂ ਨੂੰ ਬਾਰੀਕੀ ਨਾਲ ਸਮਝਣ ਦੇ ਸੰਦਰਭ ਵਿਚ 14 ਮਾਰਚ 2026 ਪੰਜਾਬ ਦੀ ਰਾਜਨੀਤੀ ਵਿੱਚ ਇੱਕ ਨਵਾਂ ਅਧਿਆਏ ਸ਼ੁਰੂ ਹੋ ਗਿਆ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਮੋਗਾ ਵਿੱਚ 'ਬਦਲਾਵ ਰੈਲੀ' ਨੂੰ ਸੰਬੋਧਨ ਕਰਕੇ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ 2027 ਵਿਧਾਨ ਸਭਾ ਚੋਣ ਅਭਿਆਨ ਨੂੰ ਇੱਕ ਨਵੀਂ ਗਤੀ ਪ੍ਰਦਾਨ ਕੀਤੀ ਹੈ। ਇਹ ਰੈਲੀ ਨਾ ਸਿਰਫ਼ ਭਾਜਪਾ ਦੀ ਪੰਜਾਬ ਵਿੱਚ ਵਧਦੀ ਹੋਈ ਪਕੜ ਨੂੰ ਦਰਸਾਉਂਦੀ ਹੈ ਬਲਕਿ ਸੂਬੇ ਦੇ ਮੌਜੂਦਾ ਰਾਜਨੀਤਕ ਦ੍ਰਿਸ਼ ਨੂੰ ਵੀ ਉਜਾਗਰ ਕਰਦੀ ਹੈ। ਸ਼ਾਹ ਨੇ ਆਮ ਆਦਮੀ ਪਾਰਟੀ (ਆਪ) ਸਰਕਾਰ ਨੂੰ ਕਰਜ਼ੇ, ਨਸ਼ਿਆਂ, ਭ੍ਰਿਸ਼ਟਾਚਾਰ ਅਤੇ ਗੈਂਗਸਟਰਾਂ ਨਾਲ ਜੋੜ ਕੇ ਨਿਸ਼ਾਨਾ ਬਣਾਇਆ ਅਤੇ ਵਾਅਦਾ ਕੀਤਾ ਕਿ ਭਾਜਪਾ ਦੀ ਸਰਕਾਰ ਬਣਨ 'ਤੇ ਪੰਜਾਬ ਨੂੰ ਦੋ ਸਾਲਾਂ ਵਿੱਚ ਨਸ਼ਾ ਮੁਕਤ ਬਣਾ ਦਿੱਤਾ ਜਾਵੇਗਾ। ਹੁਣ ਸਵਾਲ ਇਹ ਹੈ ਕਿ ਕੀ ਭਾਜਪਾ ਦੀ ਇਹ 'ਬਦਲਾਵ' ਨੀਤੀ 2027 ਵਿੱਚ ਪਾਰਟੀ ਨੂੰ ਜਿੱਤ ਦਿਲਾ ਸਕਦੀ ਹੈ ਜਾਂ ਸਰਕਾਰ ਬਣਾਉਣ ਵਿੱਚ ਮਦਦ ਕਰ ਸਕਦੀ ਹੈ? ਇਸ ਲੇਖ ਵਿੱਚ ਅਸੀਂ ਪੰਜਾਬ ਦੇ ਰਾਜਨੀਤਿਕ ਪਿਛੋਕੜ, ਮੌਜੂਦਾ ਹਾਲਾਤਾਂ, ਅੰਕੜਿਆਂ ਅਤੇ ਵਿਸ਼ਲੇਸ਼ਣ ਨਾਲ ਇਸ ਨੂੰ ਵਿਸਤਾਰ ਨਾਲ ਸਮਝਾਂਗੇ, ਖਾਸ ਕਰਕੇ ਭਾਜਪਾ ਦੀਆਂ ਸੰਭਾਵਨਾਵਾਂ ਅਤੇ ਹੋਰ ਪਾਰਟੀਆਂ ਦੀਆਂ ਅਸਫਲਤਾਵਾਂ 'ਤੇ ਧਿਆਨ ਕੇਂਦਰਿਤ ਕਰਦੇ ਹੋਏ। ਪੰਜਾਬ ਦਾ ਰਾਜਨੀਤਿਕ ਪਿਛੋਕੜ: ਬਦਲਦੇ ਰੰਗ ਅਤੇ ਰਵਾਇਤੀ ਪਾਰਟੀਆਂ ਦੀ ਘਟਦੀ ਪਕੜ ਪੰਜਾਬ ਦੀ ਰਾਜਨੀਤੀ ਹਮੇਸ਼ਾ ਹੀ ਵਿਵਾਦਾਂ, ਪਰਿਵਰਤਨਾਂ ਅਤੇ ਵੋਟਰਾਂ ਦੀ ਅਣਪਛਾਤੀ ਪਸੰਦ ਨਾਲ ਭਰੀ ਰਹੀ ਹੈ। ਪਿਛਲੇ ਕੁਝ ਦਹਾਕਿਆਂ ਵਿੱਚ ਸੂਬੇ ਨੇ ਕਈ ਰਾਜਨੀਤਿਕ ਪਰਿਵਰਤਨ ਵੇਖੇ ਹਨ।

ਪਿਛਲੇ 2017 ਵਿੱਚ ਕਾਂਗਰਸ ਨੇ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਿੱਚ 77 ਸੀਟਾਂ ਜਿੱਤ ਕੇ ਸਰਕਾਰ ਬਣਾਈ ਸੀ, ਜਿੱਥੇ ਆਪ ਨੇ 20 ਸੀਟਾਂ ਅਤੇ ਅਕਾਲੀ ਦਲ-ਭਾਜਪਾ ਗਠਜੋੜ ਨੇ 18 ਸੀਟਾਂ ਹਾਸਲ ਕੀਤੀਆਂ ਸਨ। ਵੋਟ ਸ਼ੇਅਰ ਵਿੱਚ ਕਾਂਗਰਸ ਨੂੰ 38.5%, ਅਕਾਲੀ ਦਲ ਨੂੰ 25.2%, ਆਪ ਨੂੰ 23.7% ਅਤੇ ਭਾਜਪਾ ਨੂੰ ਸਿਰਫ਼ 5.4% ਵੋਟ ਮਿਲੇ ਸਨ। ਪਰ 2022 ਵਿੱਚ ਤਸਵੀਰ ਬਦਲ ਗਈ ।ਆਮ ਆਦਮੀ ਪਾਰਟੀ ਨੇ ਭਗਵੰਤ ਮਾਨ ਦੀ ਅਗਵਾਈ ਵਿੱਚ 92 ਸੀਟਾਂ ਜਿੱਤ ਕੇ ਇਤਿਹਾਸ ਰਚਿਆ, ਜਿੱਥੇ ਵੋਟ ਸ਼ੇਅਰ 42% ਸੀ। ਕਾਂਗਰਸ ਨੂੰ 18 ਸੀਟਾਂ (23% ਵੋਟ), ਅਕਾਲੀ ਦਲ ਨੂੰ 3 ਸੀਟਾਂ (18% ਵੋਟ) ਅਤੇ ਭਾਜਪਾ ਨੂੰ ਸਿਰਫ਼ 2 ਸੀਟਾਂ (6.6% ਵੋਟ) ਮਿਲੀਆਂ। ਇਹ ਨਤੀਜੇ ਦਰਸਾਉਂਦੇ ਹਨ ਕਿ ਪੰਜਾਬ ਵਿੱਚ ਵੋਟਰਾਂ ਨੇ ਰਵਾਇਤੀ ਪਾਰਟੀਆਂ ਨੂੰ ਨਕਾਰ ਕੇ ਨਵੇਂ ਵਿਕਲਪਾਂ ਵੱਲ ਰੁਖ਼ ਕੀਤਾ ਹੈ।

ਇਹ ਵੀ ਸੱਚ ਹੈ ਕਿ ਭਾਜਪਾ ਦੀ ਪੰਜਾਬ ਵਿੱਚ ਹਮੇਸ਼ਾ ਹੀ ਸੀਮਿਤ ਪਕੜ ਰਹੀ ਹੈ। ਇਹ ਮੁੱਖ ਤੌਰ 'ਤੇ ਸ਼ਹਿਰੀ ਹਿੰਦੂ ਵੋਟ ਬੈਂਕ 'ਤੇ ਨਿਰਭਰ ਰਹੀ ਹੈ ਅਤੇ ਅਕਾਲੀ ਦਲ ਨਾਲ ਗਠਜੋੜ ਵਿੱਚ ਚੋਣਾਂ ਲੜੀ ਹੈ। ਪਰ 2020 ਦੇ ਕਿਸਾਨ ਅੰਦੋਲਨ ਨੇ ਭਾਜਪਾ ਨੂੰ ਵੱਡਾ ਝਟਕਾ ਦਿੱਤਾ, ਜਿਸ ਕਾਰਨ ਪਾਰਟੀ ਨੇ 2022 ਵਿੱਚ ਅਲੱਗ ਲੜ ਕੇ ਸਿਰਫ਼ 2 ਸੀਟਾਂ ਜਿੱਤੀਆਂ। ਹੁਣ 2027 ਲਈ ਭਾਜਪਾ ਨੇ ਅਕਾਲੀ ਦਲ ਨਾਲ ਗਠਜੋੜ ਨਾ ਕਰਨ ਦਾ ਫ਼ੈਸਲਾ ਕੀਤਾ ਹੈ ਅਤੇ ਸਾਰੀਆਂ 117 ਸੀਟਾਂ 'ਤੇ ਲੜਨ ਦੀ ਤਿਆਰੀ ਕਰ ਰਹੀ ਹੈ। ਇਸ ਦੇ ਨਾਲ ਹੀ ਪਿਛਲੇ ਲੋਕ ਸਭਾ ਚੋਣਾਂ ਵਿੱਚ ਭਾਜਪਾ ਨੇ ਪੰਜਾਬ ਵਿੱਚ ਵੋਟ ਸ਼ੇਅਰ ਵਧਾਇਆ ਹੈ, ਜੋ 2024 ਵਿੱਚ 18.5% ਤੱਕ ਪਹੁੰਚ ਗਿਆ ਸੀ, ਜਦਕਿ ਅਕਾਲੀ ਦਲ ਨੂੰ ਸਿਰਫ਼ 13.4% ਵੋਟ ਮਿਲੇ ਸਨ। ਇਹ ਅੰਕੜੇ ਭਾਜਪਾ ਦੀ ਵਧਦੀ ਪ੍ਰਸਿੱਧੀ ਨੂੰ ਦਰਸਾਉਂਦੇ ਹਨ। ਅੱਜ ਭਾਵੇਂ ਕਾਂਗਰਸ ਅਤੇ ਅਕਾਲੀ ਦਲ ਦੀ ਪ੍ਰਦਰਸ਼ਨ ਵਿੱਚ ਗਿਰਾਵਟ ਆਈ ਹੈ। ਅਕਾਲੀ ਦਲ, ਜੋ ਇੱਕ ਵੇਲੇ ਪੰਜਾਬ ਦੀ ਮੁੱਖ ਸਿੱਖ ਪਾਰਟੀ ਸੀ, 2022 ਵਿੱਚ 3 ਸੀਟਾਂ ਤੱਕ ਘੱਟ ਗਈ ਅਤੇ 2024 ਵਿੱਚ ਇੱਕ ਵੀ ਲੋਕ ਸਭਾ ਸੀਟ ਨਹੀਂ ਜਿੱਤ ਸਕੀ।

ਅਮਿਤ ਸ਼ਾਹ ਦੀ ਮੋਗਾ ਰੈਲੀ ਨੂੰ ਬਦਲਾਵ ਦਾ ਨਾਅਰਾ ਅਤੇ ਵੱਡੇ ਵਾਅਦੇ ਮੋਗਾ ਦੇ ਕਿੱਲੀ ਚਾਹਲਾਂ ਵਿੱਚ ਹੋਈ ਇਸ ਰੈਲੀ ਨੂੰ 'ਬਦਲਾਵ ਰੈਲੀ' ਨਾਂ ਦਿੱਤਾ ਗਿਆ ਹੈ, ਜਿਸ ਦਾ ਨਾਅਰਾ ਹੈ ਆਓ ਮਿਲ ਕੇ ਬਦਲੀਏ ਪੰਜਾਬ, ਸੁਖੀ ਰਹੇ ਸਾਡਾ ਪੰਜਾਬ। ਅਮਿਤ ਸ਼ਾਹ ਨੇ ਰੈਲੀ ਵਿੱਚ ਕਿਹਾ ਕਿ ਪੰਜਾਬ ਨੇ ਸਾਰੀਆਂ ਪਾਰਟੀਆਂ ਨੂੰ ਅਜ਼ਮਾਇਆ ਹੈ ਪਰ ਸੂਬਾ ਅਜੇ ਵੀ ਕਰਜ਼ੇ ਵਿੱਚ ਡੁੱਬਿਆ ਹੋਇਆ ਹੈ। ਉਨ੍ਹਾਂ ਨੇ ਆਪ ਸਰਕਾਰ ਨੂੰ ਕੇਜਰੀਵਾਲ ਦਾ 'ਏਟੀਐੱਮ' ਕਿਹਾ ਅਤੇ ਕਿਹਾ ਕਿ ਪੰਜਾਬ ਨੂੰ ਨਸ਼ਿਆਂ, ਭ੍ਰਿਸ਼ਟਾਚਾਰ, ਗੈਂਗਸਟਰਾਂ ਅਤੇ ਧਾਰਮਿਕ ਤਬਦੀਲੀਆਂ ਨੇ ਤਬਾਹ ਕਰ ਦਿੱਤਾ ਹੈ। ਸ਼ਾਹ ਨੇ ਵਾਅਦਾ ਕੀਤਾ ਕਿ ਭਾਜਪਾ ਸੱਤਾ ਵਿੱਚ ਆਉਣ 'ਤੇ ਪੰਜਾਬ ਨੂੰ ਦੋ ਸਾਲਾਂ ਵਿੱਚ ਨਸ਼ਾ ਮੁਕਤ ਬਣਾ ਦੇਵੇਗੀ ਅਤੇ ਕਿਸਾਨਾਂ ਲਈ ਵੱਡੇ ਐਲਾਨ ਕਰੇਗੀ, ਜਿਵੇਂ ਕਿ ਦਾਲਾਂ ਤੇ ਐੱਮਐੱਸਪੀ ਅਤੇ ਔਰਤਾਂ ਲਈ ਵਿਸ਼ੇਸ਼ ਯੋਜਨਾਵਾਂ। ਰੈਲੀ ਵਿੱਚ ਲਗਭਗ 50 ਹਜ਼ਾਰ ਲੋਕਾਂ ਦੀ ਭੀੜ ਨੇ ਭਾਜਪਾ ਦੀ ਵਧਦੀ ਪਕੜ ਨੂੰ ਦਿਖਾਈ ਹੈ। ਇਹ ਰੈਲੀ ਭਾਜਪਾ ਦੀ 2027 ਚੋਣ ਰਣਨੀਤੀ ਦਾ ਮਹੱਤਵਪੂਰਨ ਹਿੱਸਾ ਹੈ। ਪਾਰਟੀ ਨੇ ਨੌਜਵਾਨ ਚਿਹਰੇ, ਮਹਿਲਾਵਾਂ ਅਤੇ ਪ੍ਰਵਾਸੀ ਵੋਟ ਬੈਂਕ 'ਤੇ ਧਿਆਨ ਕੇਂਦਰਿਤ ਕੀਤਾ ਹੈ। ਹਾਲ ਹੀ ਵਿੱਚ ਚਾਰ ਪ੍ਰਮੁੱਖ ਨੇਤਾ ਭਾਜਪਾ ਵਿੱਚ ਸ਼ਾਮਲ ਹੋਏ ਹਨ, ਜਿਸ ਨਾਲ ਪਾਰਟੀ ਨੂੰ ਮਜ਼ਬੂਤੀ ਮਿਲੀ ਹੈ। ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਨੇ ਇਸ ਰੈਲੀ ਨੂੰ ਇਤਿਹਾਸਕ ਮੋੜ ਕਿਹਾ ਅਤੇ ਕਿਹਾ ਕਿ ਇਸ ਨੇ 2027 ਚੋਣਾਂ ਲਈ ਬਿਗਲ ਵਜਾ ਦਿੱਤਾ ਹੈ। ਰੈਲੀ ਵਿੱਚ ਅਮਿਤ ਸ਼ਾਹ ਨੇ 75 ਮਿੰਟ ਤੱਕ ਸੰਬੋਧਨ ਕੀਤਾ ਅਤੇ ਔਰਤਾਂ, ਕਿਸਾਨਾਂ ਅਤੇ ਨੌਜਵਾਨਾਂ ਲਈ ਵੱਡੇ ਵਾਅਦੇ ਕੀਤੇ। ਅੱਜ ਇਸ ਨੇ ਭਾਜਪਾ ਨੂੰ ਪੰਜਾਬ ਵਿੱਚ ਇੱਕ ਵਿਕਲਪ ਵਜੋਂ ਉਭਾਰਿਆ ਹੈ।

ਇਸ ਰੈਲੀ ਨੇ ਨਾ ਸਿਰਫ਼ ਭਾਜਪਾ ਕੈਡਰ ਨੂੰ ਊਰਜਾ ਪ੍ਰਦਾਨ ਕੀਤੀ ਬਲਕਿ ਵਿਰੋਧੀ ਪਾਰਟੀਆਂ ਨੂੰ ਵੀ ਚੇਤਾਵਨੀ ਦਿੱਤੀ ਹੈ। ਆਪ ਸਰਕਾਰ ਨੇ ਇਸ ਰੈਲੀ ਨੂੰ ਨਕਾਰ ਕੇ ਆਪਣੀਆਂ ਯੋਜਨਾਵਾਂ 'ਤੇ ਜ਼ੋਰ ਦਿੱਤਾ, ਪਰ ਭਾਜਪਾ ਨੇ ਇਸ ਨੂੰ ਆਪਣੀ ਵਧਦੀ ਤਾਕਤ ਦਾ ਪ੍ਰਮਾਣ ਮੰਨਿਆ ਹੈ। ਪੰਜਾਬ ਦੇ ਮੌਜੂਦਾ ਹਾਲਾਤ ਅਤੇ ਆਪ ਸਰਕਾਰ ਦੀਆਂ ਅਸਫਲਤਾਵਾਂ: ਕਰਜ਼ਾ, ਨਸ਼ੇ ਅਤੇ ਭ੍ਰਿਸ਼ਟਾਚਾਰ ਦਾ ਰਾਜ ਪੰਜਾਬ ਦੀ ਆਰਥਿਕ ਹਾਲਤ ਚਿੰਤਾਜਨਕ ਹੈ। ਮਾਰਚ 2026 ਤੱਕ ਸੂਬੇ ਦਾ ਕਰਜ਼ਾ 4.17 ਲੱਖ ਕਰੋੜ ਰੁਪਏ ਤੱਕ ਪਹੁੰਚ ਗਿਆ ਹੈ ਅਤੇ 2027 ਤੱਕ ਇਹ 4.47 ਲੱਖ ਕਰੋੜ ਰੁਪਏ ਹੋ ਜਾਵੇਗਾ। ਇਹ ਕਰਜ਼ਾ ਜੀਡੀਪੀ ਦੇ 46% ਤੱਕ ਪਹੁੰਚ ਗਿਆ ਹੈ, ਜੋ 2012-13 ਵਿੱਚ ਸਿਰਫ਼ 23% ਸੀ।

ਆਪ ਸਰਕਾਰ ਨੇ ਇਸ ਸਾਲ 39,971 ਕਰੋੜ ਰੁਪਏ ਦਾ ਨਵਾਂ ਕਰਜ਼ਾ ਲੈਣ ਦੀ ਯੋਜਨਾ ਬਣਾਈ ਹੈ। ਵਿਆਜ ਅਦਾਇਗੀ 'ਤੇ ਹੀ 27,679 ਕਰੋੜ ਰੁਪਏ ਖਰਚ ਹੋ ਰਹੇ ਹਨ, ਜੋ ਬਜਟ ਦਾ ਵੱਡਾ ਹਿੱਸਾ ਹੈ। ਨੀਤੀ ਆਯੋਗ ਦੇ ਫਿਸਕਲ ਹੈਲਥ ਇੰਡੈਕਸ ਵਿੱਚ ਪੰਜਾਬ ਸਭ ਤੋਂ ਹੇਠਾਂ ਹੈ, ਜਿੱਥੇ ਸਕੋਰ ਸਿਰਫ਼ 12.4 ਹੈ। ਆਪ ਨੇ ਚੋਣ ਵਾਅਦੇ ਵਜੋਂ ਔਰਤਾਂ ਨੂੰ 1000 ਰੁਪਏ ਮਹੀਨਾ ਦੇਣ ਦਾ ਵਾਅਦਾ ਕੀਤਾ ਸੀ, ਪਰ ਇਹ ਅਜੇ ਵੀ ਅਧੂਰਾ ਹੈ ਅਤੇ ਇਸ ਨੇ ਸੂਬੇ ਨੂੰ ਹੋਰ ਕਰਜ਼ੇ ਵਿੱਚ ਧੱਕ ਦਿੱਤਾ ਹੈ।

ਪੰਜਾਬ ਵਿੱਚ ਭ੍ਰਿਸ਼ਟਾਚਾਰ ਵੀ ਵੱਡੀ ਸਮੱਸਿਆ ਹੈ। ਆਪ ਨੇ ਭ੍ਰਿਸ਼ਟਾਚਾਰ ਖਤਮ ਕਰਨ ਦਾ ਵਾਅਦਾ ਕੀਤਾ ਸੀ ਪਰ ਵਿਧਾਇਕ ਵਿਜੈ ਸਿੰਗਲਾ ਵਰਗੇ ਕੇਸਾਂ ਨੇ ਇਸ ਨੂੰ ਝੁਠਲਾਇਆ ਹੈ। ਵਿਰੋਧੀ ਪਾਰਟੀਆਂ ਨੇ ਆਪ ਨੂੰ 'ਕੇਜਰੀਵਾਲ ਦਾ ਏਟੀਐੱਮ' ਕਿਹਾ ਹੈ ਅਤੇ ਬਜਟ ਸੈਸ਼ਨ ਵਿੱਚ ਭ੍ਰਿਸ਼ਟਾਚਾਰ 'ਤੇ ਹੱਲੇ ਕੀਤੇ ਹਨ। ਗੈਂਗਸਟਰਵਾਦ ਅਤੇ ਨਸ਼ੇ ਨੇ ਪੰਜਾਬ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ। ਨਵੰਬਰ 2025 ਤੋਂ ਜਨਵਰੀ 2026 ਤੱਕ ਪੰਜਾਬ ਪੁਲਿਸ ਨੇ 34 ਐਨਕਾਊਂਟਰ ਕੀਤੇ, ਜਿਨ੍ਹਾਂ ਵਿੱਚ 5 ਗੈਂਗਸਟਰ ਮਾਰੇ ਗਏ ਅਤੇ 45 ਜ਼ਖ਼ਮੀ ਹੋਏ। 'ਗੈਂਗਸਟਰਾਂ ਤੇ ਵਾਰ' ਮੁਹਿੰਮ ਤਹਿਤ 471 ਰੇਡਾਂ ਵਿੱਚ 163 ਗ੍ਰਿਫ਼ਤਾਰੀਆਂ ਹੋਈਆਂ ਹਨ ਅਤੇ ਕੁੱਲ 13,208 ਗ੍ਰਿਫ਼ਤਾਰੀਆਂ ਹੋ ਚੁੱਕੀਆਂ ਹਨ। ਤਿੰਨ ਸਰਪੰਚਾਂ ਦੀ ਹੱਤਿਆ ਅਤੇ ਏਐੱਸਆਈ ਦੀ ਪੁਲਿਸ ਚੌਕੀ ਵਿੱਚ ਹੱਤਿਆ ਨੇ ਕਾਨੂੰਨ ਵਿਵਸਥਾ 'ਤੇ ਸਵਾਲ ਖੜ੍ਹੇ ਕੀਤੇ ਹਨ। ਆਪ ਨੇ ਨਸ਼ਾ ਮੁਕਤ ਪੰਜਾਬ ਦਾ ਵਾਅਦਾ ਕੀਤਾ ਸੀ ਪਰ ਨਸ਼ੇ ਦੀ ਵਧਦੀ ਸਮੱਸਿਆ ਨੇ ਇਸ ਨੂੰ ਅਸਫਲ ਸਾਬਤ ਕੀਤਾ ਹੈ।

**ਕਾਂਗਰਸ ਅਤੇ ਅਕਾਲੀ ਦਲ ਦੀਆਂ ਅਸਫਲਤਾਵਾਂ:** ਘਟਦੀ ਪਕੜ ਅਤੇ ਅੰਦਰੂਨੀ ਵਿਵਾਦ ਕਾਂਗਰਸ ਪੰਜਾਬ ਵਿੱਚ ਇੱਕ ਵੇਲੇ ਮਜ਼ਬੂਤ ਪਾਰਟੀ ਸੀ ਪਰ ਹਾਲੀਆ ਸਾਲਾਂ ਵਿੱਚ ਇਸ ਦੀ ਪ੍ਰਦਰਸ਼ਨ ਵਿੱਚ ਭਾਰੀ ਗਿਰਾਵਟ ਆਈ ਹੈ। 2017 ਵਿੱਚ 77 ਸੀਟਾਂ ਜਿੱਤਣ ਵਾਲੀ ਕਾਂਗਰਸ 2022 ਵਿੱਚ 18 ਸੀਟਾਂ ਤੱਕ ਸਿਮਟ ਗਈ। 2024 ਲੋਕ ਸਭਾ ਚੋਣਾਂ ਵਿੱਚ ਇਸ ਨੇ 7 ਸੀਟਾਂ ਜਿੱਤੀਆਂ ਪਰ ਵੋਟ ਸ਼ੇਅਰ 26% ਤੱਕ ਘਟ ਗਿਆ।

ਅੱਜ ਅੰਦਰੂਨੀ ਵਿਵਾਦ, ਜਿਵੇਂ ਕੈਪਟਨ ਅਮਰਿੰਦਰ ਸਿੰਘ ਅਤੇ ਨਵਜੋਤ ਸਿੰਘ ਸਿੱਧੂ ਵਿਚਕਾਰ ਝਗੜੇ ਨੇ ਪਾਰਟੀ ਨੂੰ ਕਮਜ਼ੋਰ ਕੀਤਾ। ਕਾਂਗਰਸ ਨੇ ਕਿਸਾਨ ਮੁੱਦੇ +ਤੇ ਵਾਅਦੇ ਕੀਤੇ ਪਰ ਸੱਤਾ ਵਿੱਚ ਰਹਿੰਦਿਆਂ ਬਹੁਤੇ ਪੂਰੇ ਨਹੀਂ ਕੀਤੇ, ਜਿਸ ਨੇ ਵੋਟਰਾਂ ਨੂੰ ਨਿਰਾਸ਼ ਕੀਤਾ। ਹਾਲੀਆ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਚੋਣਾਂ ਵਿੱਚ ਵੀ ਕਾਂਗਰਸ ਨੂੰ ਆਪ ਅਤੇ ਅਕਾਲੀ ਨਾਲ ਮੁਕਾਬਲਾ ਕਰਨ ਵਿੱਚ ਮੁਸ਼ਕਲ ਆਈ, ਜਿੱਥੇ ਇਹ ਕਈ ਜ਼ਿਲ੍ਹਿਆਂ ਵਿੱਚ ਮੈਜਾਰਿਟੀ ਨਹੀਂ ਬਣਾ ਸਕੀ।

ਅਕਾਲੀ ਦਲ ਦੀ ਹਾਲਤ ਵੀ ਖਰਾਬ ਹੈ। ਇੱਕ ਵੇਲੇ ਪੰਜਾਬ ਦੀ ਮੁੱਖ ਪੰਥਕ ਪਾਰਟੀ ਮੰਨੀ ਜਾਂਦੀ ਅਕਾਲੀ ਦਲ 2022 ਵਿੱਚ 3 ਸੀਟਾਂ ਤੱਕ ਘਟ ਗਈ ਅਤੇ 2024 ਵਿੱਚ ਇੱਕ ਵੀ ਲੋਕ ਸਭਾ ਸੀਟ ਨਹੀਂ ਜਿੱਤ ਸਕੀ। ਬਾਦਲ ਪਰਿਵਾਰ ਦੀ ਆਲੋਚਨਾ, ਅੰਦਰੂਨੀ ਫੁੱਟ ਅਤੇ ਪੰਥਕ ਮੁੱਦਿਆਂ 'ਤੇ ਅਸਫਲਤਾ ਨੇ ਇਸ ਨੂੰ ਨੁਕਸਾਨ ਪਹੁੰਚਾਇਆ ਹੈ। 2017 ਵਿੱਚ ਅਕਾਲੀ ਦਲ ਨੇ ਭਾਜਪਾ ਨਾਲ ਗਠਜੋੜ ਵਿੱਚ 15 ਸੀਟਾਂ ਜਿੱਤੀਆਂ ਸਨ ਪਰ 2022 ਵਿੱਚ ਅਲੱਗ ਲੜ ਕੇ ਫੇਲ੍ਹ ਹੋ ਗਈ। ਹਾਲੀਆ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਅਕਾਲੀ ਨੇ ਕੁਝ ਮੈਜਾਰਿਟੀ ਹਾਸਲ ਕੀਤੀ ਪਰ ਆਪ ਨਾਲ ਮੁਕਾਬਲਾ ਨਹੀਂ ਕਰ ਸਕੀ। ਅਕਾਲੀ ਨੇ ਭ੍ਰਿਸ਼ਟਾਚਾਰ ਅਤੇ ਨਸ਼ੇ 'ਤੇ ਵਾਅਦੇ ਕੀਤੇ ਪਰ ਸੱਤਾ ਵਿੱਚ ਰਹਿੰਦਿਆਂ ਅਸਫਲ ਰਹੀ, ਜਿਸ ਨੇ ਇਸ ਦੀ ਵਿਸ਼ਵਸਨੀਯਤਾ ਘਟਾਈ ਹੈ।

ਅੱਜ ਭਾਜਪਾ ਨੂੰ ਚੁਣੌਤੀਆਂ ਵੀ ਹਨ, ਜਿਵੇਂ ਕਿਸਾਨ ਅੰਦੋਲਨ ਦਾ ਪ੍ਰਭਾਵ ਅਤੇ ਪੇਂਡੂ ਵੋਟ ਬੈਂਕ ਵਿੱਚ ਪੈਠ ਬਣਾਉਣਾ। ਪਰ ਆਪ ਵਿਰੋਧੀ ਭਾਵਨਾਵਾਂ ਅਤੇ ਹੋਰ ਪਾਰਟੀਆਂ ਦੀ ਕਮਜ਼ੋਰੀ ਨੇ ਭਾਜਪਾ ਨੂੰ ਮੌਕਾ ਦਿੱਤਾ ਹੈ। ਹਰਿਆਣਾ ਵਿੱਚ ਭਾਜਪਾ ਦੀ ਜਿੱਤ ਨੂੰ ਉਦਾਹਰਨ ਵਜੋਂ ਵੇਖਦੇ ਹੋਏ, ਪੰਜਾਬ ਵਿੱਚ ਵੀ ਅਚਾਨਕ ਉਭਾਰ ਸੰਭਵ ਹੈ। ਭਾਜਪਾ ਨੇ ਸਿੱਖ ਅਤੇ ਹਿੰਦੂ ਵੋਟ ਬੈਂਕ ਨੂੰ ਜੋੜਨ ਲਈ ਰਣਨੀਤੀ ਬਣਾਈ ਹੈ ਅਤੇ ਕੇਂਦਰੀ ਯੋਜਨਾਵਾਂ ਨੂੰ ਪੰਜਾਬ ਵਿੱਚ ਲਾਗੂ ਕਰਨ ਤੇ ਜ਼ੋਰ ਦਿੱਤਾ ਹੈ।

ਅੱਜ ਭਾਜਪਾ ਦੀ ਜਿੱਤ ਦੀ ਸੰਭਾਵਨਾ ਵਧ ਰਹੀ ਹੈ ਕਿਉਂਕਿ ਵੋਟਰ ਨਵੇਂ ਵਿਕਲਪ ਲੱਭ ਰਹੇ ਹਨ। ਜੇਕਰ ਭਾਜਪਾ ਆਪਣੀ ਰਣਨੀਤੀ ਨੂੰ ਜਾਰੀ ਰੱਖੇ ਤਾਂ 2027 ਵਿੱਚ ਸਰਕਾਰ ਬਣਾਉਣਾ ਸੰਭਵ ਹੈ।

**ਨਤੀਜਾ:** ਬਦਲਾਵ ਦੀ ਲੋੜ ਅਤੇ ਭਾਜਪਾ ਦਾ ਭਵਿੱਖ ਅਮਿਤ ਸ਼ਾਹ ਦੀ ਰੈਲੀ ਨੇ ਭਾਜਪਾ ਨੂੰ ਊਰਜਾ ਦਿੱਤੀ ਹੈ ਅਤੇ 2027 ਚੋਣਾਂ ਨੂੰ ਰਸਮੀ ਤੌਰ ਤੇ ਸ਼ੁਰੂ ਕਰ ਦਿੱਤਾ ਹੈ। 'ਬਦਲਾਵ' ਨੀਤੀ ਜੇਕਰ ਨਸ਼ਿਆਂ ਅਤੇ ਕਰਜ਼ੇ ਵਰਗੀਆਂ ਸਮੱਸਿਆਵਾਂ 'ਤੇ ਕੇਂਦਰਿਤ ਰਹਿੰਦੀ ਹੈ ਤਾਂ ਭਾਜਪਾ ਨੂੰ ਵੋਟ ਸ਼ੇਅਰ ਵਧਾ ਕੇ ਸਰਕਾਰ ਬਣਾਉਣ ਵਿੱਚ ਮਦਦ ਮਿਲ ਸਕਦੀ ਹੈ। ਪਰ ਪੰਜਾਬ ਦੇ ਵੋਟਰ ਅਣਪਛਾਤੇ ਹਨ ਅਤੇ ਆਪ ਦੀਆਂ ਯੋਜਨਾਵਾਂ ਵੀ ਪ੍ਰਭਾਵ ਪਾ ਸਕਦੀਆਂ ਹਨ। ਅੱਜ ਪੰਜਾਬ ਵਿੱਚ, ਭਾਜਪਾ ਨੂੰ ਜਿੱਤ ਲਈ ਗਠਜੋੜ ਅਤੇ ਚੰਗੀ ਰਣਨੀਤੀ ਦੀ ਲੋੜ ਹੈ। ਪੰਜਾਬ ਨੂੰ ਸੱਚਮੁੱਚ ਬਦਲਾਵ ਦੀ ਲੋੜ ਹੈ, ਅਤੇ ਭਾਜਪਾ ਇਸ ਨੂੰ ਪ੍ਰਦਾਨ ਕਰਨ ਵਾਲੀ ਪਾਰਟੀ ਬਣ ਸਕਦੀ ਹੈ।

## ਕਿਉਂ ਅੱਜ ਵੀ ਅਧੂਰਾ ਹੈ ਵਿਆਹ ਦਾ ਵਿਗਿਆਨ ?

# ਵਿਗਿਆਨਕ ਤਰਕ, ਭਰੋਸੇ ਦੀ ਟੁੱਟ-ਭੱਜ ਅਤੇ ਸਮਾਜਿਕ ਹਕੀਕਤ



ਵਿੰਕਲਜੀਤ ਸਿੰਘ ਸਰਾ
9501477889

**ਮਨੁੱਖੀ ਸੱਭਿਅਤਾ ਅਤੇ ਵਿਆਹ ਦਾ ਇਤਿਹਾਸਕ ਸਫ਼ਰ** : ਮਨੁੱਖੀ ਇਤਿਹਾਸ ਦੇ ਵਿਕਾਸ ਵਿੱਚ 'ਵਿਆਹ' ਇੱਕ ਅਜਿਹੀ ਸੰਸਥਾ ਰਹੀ ਹੈ, ਜਿਸ ਨੇ ਸਮਾਜਿਕ ਢਾਂਚੇ ਨੂੰ ਸਥਿਰਤਾ ਪ੍ਰਦਾਨ ਕੀਤੀ। ਸ਼ੁਰੂਆਤੀ ਦੌਰ ਵਿੱਚ ਵਿਆਹ ਸਿਰਫ਼ ਵੰਸ਼ ਵਧਾਉਣ ਅਤੇ ਸਰੋਤਾਂ (Resources) ਦੇ ਬਟਵਾਰੇ ਦਾ ਇੱਕ ਸਾਧਨ ਸੀ। ਪਰ ਸਮੇਂ ਦੇ ਨਾਲ ਇਹ ਪਿਆਰ, ਸੁਰੱਖਿਆ ਅਤੇ ਸਦੀਵੀ ਸਾਥ ਦਾ ਪ੍ਰਤੀਕ ਬਣ ਗਿਆ। ਅੱਜ ਦੇ 21ਵੀਂ ਸਦੀ ਦੇ ਵਿਗਿਆਨਕ ਯੁੱਗ ਵਿੱਚ ਜਿੱਥੇ ਵਿਅਕਤੀਵਾਦ (Individualism) ਸਿਖਰਾਂ 'ਤੇ ਹੈ ਵਿਆਹ ਦੀ ਪ੍ਰਸੰਗਿਕਤਾ 'ਤੇ ਸਵਾਲ ਉੱਠਣੇ ਲਾਜ਼ਮੀ ਹਨ। ਕੀ ਵਿਆਹ ਅੱਜ ਵੀ ਮਨੁੱਖੀ ਖ਼ੁਸ਼ੀ ਦਾ ਆਧਾਰ ਹੈ ਜਾਂ ਇਹ ਸਿਰਫ਼ ਇੱਕ ਪੁਰਾਣੀ ਪ੍ਰੰਪਰਾ ਹੈ, ਜਿਸ ਨੂੰ ਅਸੀਂ ਢੋਅ ਰਹੇ ਹਾਂ? ਇਸ ਪ੍ਰਸ਼ਨ ਦਾ ਉੱਤਰ ਲੱਭਣ ਲਈ ਸਾਨੂੰ ਵਿਗਿਆਨਕ ਖੋਜਾਂ ਅਤੇ ਅਸਲ ਜ਼ਿੰਦਗੀ ਦੀਆਂ ਹਕੀਕਤਾਂ ਦੇ ਸੁਮੇਲ ਨੂੰ ਸਮਝਣਾ ਪਵੇਗਾ।

**ਵਿਗਿਆਨਕ ਦ੍ਰਿਸ਼ਟੀਕੋਣ, ਕੀ ਵਿਆਹ ਸੱਚਮੁੱਚ ਖ਼ੁਸ਼ੀ ਦਿੰਦਾ ਹੈ ?** : ਵਿਗਿਆਨਕ ਅਧਿਐਨ, ਖਾਸ ਕਰਕੇ 'ਪੌਜ਼ੀਟਿਵ ਸਾਈਕੋਲੋਜੀ', ਇਹ ਦੱਸਦੀ ਹੈ ਕਿ ਮਨੁੱਖੀ ਦਿਮਾਗ ਸਾਥ ਦੀ ਭਾਲ ਵਿੱਚ ਰਹਿੰਦਾ ਹੈ। ਜਦੋਂ ਅਸੀਂ ਕਿਸੇ ਨਾਲ ਗਹਿਰੇ ਰਿਸ਼ਤੇ ਵਿੱਚ ਹੁੰਦੇ ਹਾਂ, ਤਾਂ ਸਾਡਾ ਦਿਮਾਗ 'ਡੋਪਾਮਾਈਨ' ਅਤੇ 'ਆਕਸੀਟੋਸਿਨ' ਵਰਗੇ ਰਸਾਇਣ ਪੈਦਾ ਕਰਦਾ ਹੈ, ਜੋ ਸਾਨੂੰ ਖ਼ੁਸ਼ੀ ਅਤੇ ਸੁਰੱਖਿਆ ਦਾ ਅਹਿਸਾਸ ਕਰਵਾਉਂਦੇ ਹਨ। ਪਰ ਵਿਗਿਆਨ ਦਾ ਇੱਕ ਹੋਰ ਪੱਖ ਵੀ ਹੈ।

**ਹੈਡੋਨਿਕ ਅਡੈਪਟੇਸ਼ਨ (Hedonic Adaptation)** : ਮਨੋਵਿਗਿਆਨ ਅਨੁਸਾਰ ਵਿਆਹ ਤੋਂ ਬਾਅਦ ਸ਼ੁਰੂਆਤੀ 1 ਤੋਂ 2 ਸਾਲਾਂ ਤੱਕ ਖ਼ੁਸ਼ੀ ਦਾ ਪੱਧਰ ਬਹੁਤ ਉੱਚਾ ਹੁੰਦਾ ਹੈ, ਜਿਸ ਨੂੰ 'ਹਨੀਮੂਨ ਪੀਰੀਅਡ' ਕਿਹਾ ਜਾਂਦਾ ਹੈ। ਪਰ ਇਸ ਤੋਂ ਬਾਅਦ ਇਨਸਾਨ 'ਹੈਡੋਨਿਕ ਅਡੈਪਟੇਸ਼ਨ' ਦਾ ਸ਼ਿਕਾਰ ਹੋ ਜਾਂਦਾ ਹੈ ਯਾਨੀ ਉਹ ਆਪਣੇ ਸਾਥੀ ਅਤੇ ਉਸ ਰਿਸ਼ਤੇ ਦਾ ਆਦੀ ਹੋ ਜਾਂਦਾ ਹੈ। ਨਤੀਜੇ ਵਜੋਂ ਖ਼ੁਸ਼ੀ ਦਾ ਪੱਧਰ ਮੁੜ ਉੱਥੇ ਹੀ ਆ ਜਾਂਦਾ ਹੈ, ਜਿੱਥੇ ਵਿਆਹ ਤੋਂ ਪਹਿਲਾਂ ਸੀ। ਇਹ ਵਿਗਿਆਨਕ ਸੱਚ ਇਸ ਗੱਲ ਵੱਲ ਇਸ਼ਾਰਾ ਕਰਦਾ ਹੈ ਕਿ ਵਿਆਹ ਆਪਣੇ ਆਪ ਵਿੱਚ ਖ਼ੁਸ਼ੀ ਦੀ ਗਰੰਟੀ ਨਹੀਂ ਹੈ, ਸਗੋਂ ਇਹ ਇੱਕ ਨਿਰੰਤਰ ਯਤਨ ਹੈ।

**ਨਿੱਜੀ ਆਜ਼ਾਦੀ ਅਤੇ ਵਿਅਕਤੀਗਤ ਵਿਕਾਸ ਦਾ ਸੰਕਟ** : ਵਿਆਹ ਦੇ ਬੰਧਨ ਵਿੱਚ ਸਭ ਤੋਂ ਵੱਡੀ ਚੁਣੌਤੀ 'ਸਵੈ' (Self) ਨੂੰ ਬਚਾ ਕੇ ਰੱਖਣ ਦੀ ਹੁੰਦੀ ਹੈ। ਵਿਗਿਆਨਕ ਤੌਰ 'ਤੇ ਹਰ ਇਨਸਾਨ ਦੀ ਇੱਕ ਵੱਖਰੀ ਸ਼ਖਸੀਅਤ ਹੁੰਦੀ ਹੈ।

**ਸਮਝੌਤਾ ਬਨਾਮ ਸਮਰਪਣ** : ਜਦੋਂ ਦੋ ਲੋਕ ਇਕੱਠੇ ਰਹਿਣਾ ਸ਼ੁਰੂ ਕਰਦੇ ਹਨ ਤਾਂ ਉਨ੍ਹਾਂ ਨੂੰ ਆਪਣੀਆਂ ਆਦਤਾਂ, ਪਸੰਦਾਂ ਅਤੇ ਫੈਸਲਿਆਂ ਵਿੱਚ ਤਬਦੀਲੀ ਕਰਨੀ ਪੈਂਦੀ ਹੈ। ਕਈ ਵਾਰ ਇਹ ਸਮਝੌਤੇ ਇੰਨੇ ਵਧ ਜਾਂਦੇ ਹਨ ਕਿ ਵਿਅਕਤੀ ਆਪਣੀ ਮੂਲ ਪਛਾਣ ਗੁਆ ਲੈਂਦਾ ਹੈ। ਖੋਜਾਂ ਅਨੁਸਾਰ ਜਿਨ੍ਹਾਂ ਰਿਸ਼ਤਿਆਂ ਵਿੱਚ ਨਿੱਜੀ ਸਪੇਸ (Personal Space) ਦੀ ਕਮੀ ਹੁੰਦੀ ਹੈ, ਉੱਥੇ ਮਾਨਸਿਕ ਤਣਾਅ ਅਤੇ ਚਿੜਚਿੜੇਪਨ ਦਾ ਪੱਧਰ 40% ਵਧੇਰੇ ਹੁੰਦਾ ਹੈ। ਆਧੁਨਿਕ ਮਨੋਵਿਗਿਆਨ ਕਹਿੰਦਾ ਹੈ ਕਿ ਇੱਕ ਸਫਲ ਵਿਆਹ ਲਈ 'ਇਕੱਠੇ ਹੋਣਾ' ਜਿੰਨਾ ਜ਼ਰੂਰੀ ਹੈ, 'ਵੱਖਰੇ ਵਿਅਕਤੀ' ਵਜੋਂ ਜਿਊਣਾ ਵੀ ਉਨਾ ਹੀ ਮਹੱਤਵਪੂਰਨ ਹੈ।

**ਵਿਸ਼ਵਾਸ ਦਾ ਸੰਕਟ, ਜਦੋਂ ਰਿਸ਼ਤੇ ਦੀ ਰੂਹ ਕੰਬ ਜਾਂਦੀ ਹੈ** : ਭਰੋਸੇ ਦਾ ਟੁੱਟਣਾ ਵਿਆਹ ਦਾ ਸਭ ਤੋਂ ਦਰਦਨਾਕ ਪਹਿਲੂ ਹੈ। ਵਿਸ਼ਵਾਸ ਕਿਸੇ ਰਿਸ਼ਤੇ ਦੀ ਉਹ ਅਦਿੱਖ ਕੜੀ ਹੈ ਜੋ ਸਭ ਕੁਝ ਜੋੜ ਕੇ ਰੱਖਦੀ ਹੈ।

**ਭਰੋਸੇ ਦੀ ਟੁੱਟ-ਭੱਜ ਅਤੇ ਮਾਨਸਿਕ ਸਦਮਾ** : ਜਦੋਂ ਰਿਸ਼ਤੇ ਵਿੱਚ ਬੇਵਫ਼ਾਈ ਜਾਂ ਝੂਠ ਦਾ ਪ੍ਰਵੇਸ਼ ਹੁੰਦਾ ਹੈ ਤਾਂ ਇਹ ਸਿਰਫ਼ ਇੱਕ ਧੋਖਾ ਨਹੀਂ ਹੁੰਦਾ ਸਗੋਂ ਸਾਥੀ ਲਈ ਇੱਕ 'ਭਾਵਨਾਤਮਕ ਸਦਮਾ' (Emotional Trauma) ਹੁੰਦਾ ਹੈ। ਵਿਗਿਆਨਕ ਖੋਜਾਂ ਮੁਤਾਬਕ, ਭਰੋਸਾ ਟੁੱਟਣ 'ਤੇ ਦਿਮਾਗ ਉਸੇ ਤਰ੍ਹਾਂ ਪ੍ਰਤੀਕਿਰਿਆ ਕਰਦਾ ਹੈ ਜਿਵੇਂ ਕਿਸੇ ਸਰੀਰਕ ਹਮਲੇ ਵੇਲੇ ਕਰਦਾ ਹੈ। ਪੀੜਤ ਵਿਅਕਤੀ 'ਪੋਸਟ-ਟਰਾਮੈਟਿਕ ਸਟਰੈਸ ਡਿਸਆਰਡਰ' (PTSD) ਦੇ ਲੱਛਣ ਮਹਿਸੂਸ ਕਰ ਸਕਦਾ ਹੈ।

**ਸ਼ੱਕ ਦਾ ਜ਼ਹਿਰ** : ਇੱਕ ਵਾਰ ਭਰੋਸਾ ਟੁੱਟਣ ਤੋਂ ਬਾਅਦ 'ਸ਼ੱਕ' ਰਿਸ਼ਤੇ ਵਿੱਚ ਪੱਕੇ ਤੌਰ 'ਤੇ ਡੇਰਾ ਲਾ ਲੈਂਦਾ ਹੈ। ਸਾਥੀ ਦਾ ਫੋਨ ਚੈੱਕ ਕਰਨਾ ਉਸ ਦੀ ਹਰ ਹਰਕਤ 'ਤੇ ਨਜ਼ਰ ਰੱਖਣੀ ਅਤੇ ਮਾਨਸਿਕ ਤੌਰ 'ਤੇ ਹਮੇਸ਼ਾ ਅਸੁਰੱਖਿਅਤ ਮਹਿਸੂਸ ਕਰਨਾ ਵਿਆਹ ਨੂੰ ਇੱਕ ਜੇਲ੍ਹ ਵਿੱਚ ਬਦਲ ਦਿੰਦਾ ਹੈ। ਅਜਿਹੀ ਸਥਿਤੀ ਵਿੱਚ ਰਿਸ਼ਤਾ ਸਿਰਫ਼ ਇੱਕ ਸਮਾਜਿਕ ਬੋਝ ਰਹਿ ਜਾਂਦਾ ਹੈ, ਜਿਸ ਵਿੱਚੋਂ ਪਿਆਰ ਅਤੇ ਖ਼ੁਸ਼ੀ ਪੂਰੀ ਤਰ੍ਹਾਂ ਮਨਫ਼ੀ ਹੋ ਜਾਂਦੀ ਹੈ।

**ਡਿਜੀਟਲ ਯੁੱਗ ਦਾ ਪ੍ਰਭਾਵ, ਸੋਸ਼ਲ ਮੀਡੀਆ ਅਤੇ ਵਧਦੀਆਂ ਦੂਰੀਆਂ** : ਅੱਜ ਦੇ ਦੌਰ ਵਿੱਚ ਭਰੋਸੇ ਦੇ ਟੁੱਟਣ ਦਾ ਇੱਕ ਵੱਡਾ ਕਾਰਨ ਸੋਸ਼ਲ ਮੀਡੀਆ ਹੈ।

**ਵਰਚੁਅਲ ਬਨਾਮ ਅਸਲੀਅਤ** : ਸੋਸ਼ਲ ਮੀਡੀਆ 'ਤੇ ਦੂਜਿਆਂ ਦੀਆਂ 'ਪਰਫੈਕਟ' ਫੋਟੋਆਂ ਦੇਖ ਕੇ ਆਪਣੇ ਰਿਸ਼ਤੇ ਦੀ ਤੁਲਨਾ ਕਰਨਾ ਇੱਕ ਮਨੋਵਿਗਿਆਨਕ ਬਿਮਾਰੀ ਬਣ ਰਿਹਾ ਹੈ। ਇਸ ਤੋਂ ਇਲਾਵਾ, 'ਡਿਜੀਟਲ ਬੇਵਫ਼ਾਈ' (ਆਨਲਾਈਨ ਕਿਸੇ ਹੋਰ ਨਾਲ ਜਜ਼ਬਾਤੀ ਸਾਂਝ ਪਾਉਣਾ) ਅੱਜ ਦੇ ਵਿਆਹੁਤਾ ਜੀਵਨ ਵਿੱਚ ਤਲਾਕ ਦਾ ਇੱਕ ਮੁੱਖ ਕਾਰਨ ਬਣ ਰਹੀ ਹੈ। ਜਦੋਂ ਇੱਕ ਸਾਥੀ ਨੂੰ ਲੱਗਦਾ ਹੈ ਕਿ ਉਸ ਦਾ ਜੀਵਨ ਸਾਥੀ ਉਸ ਨੂੰ ਸਮਾਂ ਦੇਣ ਦੀ ਬਜਾਏ ਫੋਨ 'ਤੇ ਗੁਆਚਿਆ ਹੋਇਆ ਹੈ ਤਾਂ ਰਿਸ਼ਤੇ ਵਿੱਚ 'ਇਮੋਸ਼ਨਲ ਡਿਟੈਚਮੈਂਟ' ਪੈਦਾ ਹੋ ਜਾਂਦੀ ਹੈ।

**ਬੱਚਿਆਂ 'ਤੇ ਪੈਣ ਵਾਲੇ ਦੂਰਗਾਮੀ ਪ੍ਰਭਾਵ** : ਵਿਆਹ ਵਿੱਚ ਚੱਲ ਰਿਹਾ ਤਣਾਅ ਅਤੇ ਭਰੋਸੇ ਦੀ ਕਮੀ ਸਿਰਫ਼ ਦੋ ਲੋਕਾਂ ਤੱਕ ਸੀਮਿਤ ਨਹੀਂ ਰਹਿੰਦੀ ਇਹ ਅਗਲੀ ਪੀੜ੍ਹੀ ਨੂੰ ਵੀ ਬਰਬਾਦ ਕਰਦੀ ਹੈ।

**ਅਸੁਰੱਖਿਅਤ ਬਚਪਨ** : ਬੱਚੇ ਆਪਣੇ ਮਾਪਿਆਂ ਨੂੰ ਦੇਖ ਕੇ ਹੀ ਰਿਸ਼ਤਿਆਂ ਦੀ ਭਾਸ਼ਾ ਸਿੱਖਦੇ ਹਨ। ਜਦੋਂ ਉਹ ਘਰ ਵਿੱਚ ਲੜਾਈ-ਝਗੜੇ, ਸ਼ੱਕ ਅਤੇ ਅਵਿਸ਼ਵਾਸ ਦਾ ਮਾਹੌਲ ਦੇਖਦੇ ਹਨ ਤਾਂ ਉਨ੍ਹਾਂ ਦੇ ਅੰਦਰ ਰਿਸ਼ਤਿਆਂ ਪ੍ਰਤੀ ਡਰ ਪੈਦਾ ਹੋ ਜਾਂਦਾ ਹੈ। ਵਿਗਿਆਨਕ ਅਧਿਐਨਾਂ ਅਨੁਸਾਰ ਅਜਿਹੇ ਬੱਚੇ ਵੱਡੇ ਹੋ ਕੇ ਖੁਦ ਸਫਲ ਰਿਸ਼ਤੇ ਬਣਾਉਣ ਵਿੱਚ ਮੁਸ਼ਕਲ ਮਹਿਸੂਸ ਕਰਦੇ ਹਨ। ਉਨ੍ਹਾਂ ਦਾ ਆਤਮ-ਵਿਸ਼ਵਾਸ ਕਮਜ਼ੋਰ ਹੋ ਜਾਂਦਾ ਹੈ ਅਤੇ ਉਹ ਮਾਨਸਿਕ ਤੌਰ 'ਤੇ ਅਸਥਿਰ ਰਹਿ ਸਕਦੇ ਹਨ।

**ਆਰਥਿਕ ਅਤੇ ਘਰੇਲੂ ਜ਼ਿੰਮੇਵਾਰੀਆਂ ਦਾ ਤਣਾਅ** : ਵਿਆਹ ਦੇ ਪ੍ਰੈਕਟੀਕਲ ਪੱਖ ਵਿੱਚ ਪੈਸਾ ਅਤੇ ਕੰਮ ਦੀ ਵੰਡ ਬਹੁਤ ਅਹਿਮ ਹੈ।

**ਵਿੱਤੀ ਟਕਰਾਅ** : ਖੋਜਾਂ ਦੱਸਦੀਆਂ ਹਨ ਕਿ 50% ਤੋਂ ਵੱਧ ਝਗੜਿਆਂ ਦੀ ਜੜ੍ਹ 'ਪੈਸਾ' ਹੁੰਦੀ ਹੈ। ਜਦੋਂ ਦੋਵਾਂ ਸਾਥੀਆਂ ਦੀ ਆਰਥਿਕ ਸੋਚ ਵੱਖਰੀ ਹੁੰਦੀ ਹੈ ਤਾਂ ਇਹ ਰੋਜ਼ਾਨਾ ਦੇ ਜੀਵਨ ਵਿੱਚ ਤਣਾਅ ਪੈਦਾ ਕਰਦੀ ਹੈ। ਇਸੇ ਤਰ੍ਹਾਂ ਘਰ ਦੇ ਕੰਮਾਂ ਦਾ ਬੋਝ ਜੇਕਰ ਇੱਕੋ ਵਿਅਕਤੀ 'ਤੇ ਹੋਵੇ ਤਾਂ ਉਹ ਮਾਨਸਿਕ ਤੌਰ 'ਤੇ ਥੱਕ ਜਾਂਦਾ ਹੈ (Burnout), ਜਿਸ ਦਾ ਅਸਰ ਰਿਸ਼ਤੇ ਦੀ ਮਿਠਾਸ 'ਤੇ ਪੈਂਦਾ ਹੈ।

**ਕਿਉਂ ਜਾਰੀ ਹੈ ਵਿਆਹ ਦੀ ਪ੍ਰਥਾ ? ਅਸਲ ਹਕੀਕਤ** : ਇੰਨੀਆਂ ਚੁਣੌਤੀਆਂ, ਭਰੋਸੇ ਦੇ ਟੁੱਟਣ ਅਤੇ ਵਿਗਿਆਨਕ ਚੇਤਾਵਨੀਆਂ ਦੇ ਬਾਵਜੂਦ ਲੋਕ ਵਿਆਹ ਕਿਉਂ ਕਰਦੇ ਹਨ? ਇਸ ਦਾ ਜਵਾਬ ਮਨੁੱਖੀ ਫਿਤਰਤ ਵਿੱਚ ਛਿਪਿਆ ਹੈ।

**ਸਾਥ ਦੀ ਲੋੜ (Need for Companionship)** : ਮਨੁੱਖ ਇਕੱਲਾ ਨਹੀਂ ਰਹਿ ਸਕਦਾ। ਬੁਢਾਪੇ ਦਾ ਡਰ, ਬਿਮਾਰੀ ਵੇਲੇ ਸਹਾਰੇ ਦੀ ਉਮੀਦ ਅਤੇ ਆਪਣੀਆਂ ਖੁਸ਼ੀਆਂ-ਗ਼ਮੀਆਂ ਸਾਂਝੀਆਂ ਕਰਨ ਲਈ ਇੱਕ 'ਪੱਕੇ ਸਾਥੀ' ਦੀ ਲੋੜ ਹੁੰਦੀ ਹੈ। ਵਿਆਹ ਇਹ ਭਰੋਸਾ ਦਿੰਦਾ ਹੈ ਕਿ ਕੋਈ ਹੈ ਜੋ ਤੁਹਾਡਾ ਹੈ।

**ਸਮਾਜਿਕ ਅਤੇ ਕਾਨੂੰਨੀ ਸੁਰੱਖਿਆ** : ਵਿਆਹ ਇਨਸਾਨ ਨੂੰ ਸਮਾਜ ਵਿੱਚ ਇੱਕ ਪਛਾਣ ਅਤੇ ਕਾਨੂੰਨੀ ਸੁਰੱਖਿਆ ਪ੍ਰਦਾਨ ਕਰਦਾ ਹੈ। ਪਰਿਵਾਰਕ ਇਕਾਈ ਸਮਾਜ ਨੂੰ ਇੱਕ ਢਾਂਚਾ ਦਿੰਦੀ ਹੈ, ਜਿਸ ਨਾਲ ਵਿਵਸਥਾ ਬਣੀ ਰਹਿੰਦੀ ਹੈ।

**ਵਿਆਹ ਇੱਕ ਕਲਾ ਹੈ, ਸਿਰਫ਼ ਰਸਮ ਨਹੀਂ** : ਵਿਆਹ ਬਾਰੇ ਕੋਈ ਵੀ ਇੱਕਤਰਫਾ ਰਾਇ ਕੱਢਣੀ ਗਲਤ ਹੋਵੇਗੀ। ਇਹ ਨਾ ਤਾਂ ਸਿਰਫ਼ ਮੁਸੀਬਤਾਂ ਦਾ ਘਰ ਹੈ ਅਤੇ ਨਾ ਹੀ ਇਹ ਕਿਸੇ ਫਿਲਮੀ ਕਹਾਣੀ ਵਰਗਾ ਸੁਖਦ ਅੰਤ ਹੈ। ਇਹ ਇੱਕ ਜਿਉਂਦਾ-ਜਾਗਦਾ ਰਿਸ਼ਤਾ ਹੈ ਜਿਸ ਨੂੰ ਹਰ ਰੋਜ਼ ਪਾਲਣਾ ਪੈਂਦਾ ਹੈ। ਵਿਗਿਆਨ ਸਾਨੂੰ ਦੱਸਦਾ ਹੈ ਕਿ ਮੁਸ਼ਕਲਾਂ ਆਉਣਗੀਆਂ ਪਰ ਅਸਲ ਹਕੀਕਤ ਇਹ ਹੈ ਕਿ ਜਿਹੜੇ ਜੋੜੇ ਭਰੋਸਾ, ਪਾਰਦਰਸ਼ਤਾ (Transparency) ਅਤੇ ਆਪਸੀ ਸਤਿਕਾਰ ਨੂੰ ਸਭ ਤੋਂ ਉੱਪਰ ਰੱਖਦੇ ਹਨ, ਉਹ ਇਨ੍ਹਾਂ ਸਾਰੀਆਂ ਚੁਣੌਤੀਆਂ ਦੇ ਬਾਵਜੂਦ ਇੱਕ ਖੁਸ਼ਹਾਲ ਜੀਵਨ ਜਿਊਂਦੇ ਹਨ। ਵਿਆਹ ਤਦ ਹੀ ਸਫਲ ਹੈ ਜਦੋਂ ਇਹ ਤੁਹਾਡੀ ਆਜ਼ਾਦੀ ਨੂੰ ਖਤਮ ਕਰਨ ਦੀ ਬਜਾਏ ਤੁਹਾਡੀ ਸ਼ਖਸੀਅਤ ਵਿੱਚ ਹੋਰ ਨਿਖਾਰ ਲਿਆਵੇ। ਵਿਆਹ ਦੀ ਸਫਲਤਾ ਦਾ ਕੋਈ ਸ਼ਾਰਟਕੱਟ ਨਹੀਂ ਹੈ। ਇਹ ਦੋ ਲੋਕਾਂ ਦੁਆਰਾ ਮਿਲ ਕੇ ਲਿਖੀ ਜਾਣ ਵਾਲੀ ਇੱਕ ਕਿਤਾਬ ਹੈ, ਜਿਸ ਦਾ ਹਰ ਪੰਨਾ ਸੱਚਾਈ ਅਤੇ ਵਫ਼ਾਦਾਰੀ ਨਾਲ ਲਿਖਿਆ ਜਾਣਾ ਚਾਹੀਦਾ ਹੈ। ਜੇਕਰ ਭਰੋਸਾ ਹੈ ਤਾਂ ਰਿਸ਼ਤਾ ਸਵਰਗ ਹੈ ਜੇਕਰ ਨਹੀਂ ਤਾਂ ਇਹ ਸਭ ਤੋਂ ਵੱਡਾ ਨਰਕ ਵੀ ਬਣ ਸਕਦਾ ਹੈ।

# ਦੋਹੀਂ ਦਲੀਂ ਮੁਕਾਬਲਾ : ਬਾਦਲ ਬਨਾਮ ਇਆਲੀ!



ਕਮਲਜੀਤ ਸਿੰਘ ਬਨਵੈਤ
98147 34035

ਪੰਜਾਬ ਦੀ ਪੰਥਕ ਸਿਆਸਤ ਵਿੱਚ ਇੱਕ ਨਵੀਂ ਤਰ੍ਹਾਂ ਦੀ ਹਵਾ ਵਗਣ ਲੱਗੀ ਹੈ। ਹੁਣ ਮੁਕਾਬਲਾ ਦੋਹੀਂ ਦਲੀਂ ਹੋਵੇਗਾ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਬਨਾਮ ਅਕਾਲੀ ਦਲ ਵਾਰਿਸ ਪੰਜਾਬ ਦੇ ਮਨਪ੍ਰੀਤ ਸਿੰਘ ਇਆਲੀ। ਇਆਲੀ ਐਲਾਨੀਆ ਤੌਰ 'ਤੇ ਹਾਲੇ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਨਹੀਂ ਹੋਏ ਹਨ ਪਰ ਉਹਨਾਂ ਦੀ ਸੁਰ ਸ਼ੁਰੂ ਤੋਂ ਲਗਾਤਾਰ ਮਿਲਦੀ ਆ ਰਹੀ ਹੈ। ਆਲਾ ਮਿਆਰੀ ਸੂਤਰਾਂ 'ਤੇ ਭਰੋਸਾ ਕਰੀਏ ਤਾਂ ਇਆਲੀ ਅਗਲੇ ਦਿਨੀਂ ਸਮੇਤ ਅੱਧ ਪਚੱਧੇ ਪੁਨਰ ਸੁਰਜੀਤ ਅਕਾਲੀ ਦਲ ਨੂੰ ਲੈ ਕੇ ਵਾਰਿਸ ਪੰਜਾਬ ਦੇ ਹੋ ਜਾਣਗੇ। ਉਹ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦਾ ਵੱਡਾ ਚਿਹਰਾ ਬਣ ਕੇ ਸੁਖਬੀਰ ਸਿੰਘ ਬਾਦਲ ਨਾਲ ਭਿੜਨਗੇ। ਵੱਡੀ ਗਿਣਤੀ ਪੰਥਕ ਧਿਰਾਂ ਪਹਿਲਾਂ ਹੀ ਵਾਰਸ ਪੰਜਾਬ ਦੇ ਨਾਲ ਜੁੜ ਚੁੱਕੀਆਂ ਹਨ।

ਲੜਾਈ ਸੁਖਬੀਰ ਸਿੰਘ ਬਾਦਲ ਬਨਾਮ ਮਨਪ੍ਰੀਤ ਸਿੰਘ ਇਆਲੀ ਦੀ ਕਹੀ ਜਾਵੇਗੀ। ਵਾਰਿਸ ਪੰਜਾਬ ਦੇ ਬਾਨੀ ਪ੍ਰਧਾਨ ਭਾਈ ਅੰਮ੍ਰਿਤਪਾਲ ਸਿੰਘ ਐਨ ਐਸ ਏ ਤਹਿਤ ਆਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹਨ। ਉਹਨਾਂ ਨੇ 2024 ਦੀ ਲੋਕ ਸਭਾ ਦੀ ਚੋਣ ਰਿਕਾਰਡ ਫ਼ਰਕ ਨਾਲ ਜਿੱਤੀ ਸੀ। ਇਸੇ ਜਜ਼ਬੇ ਵਿੱਚੋਂ ਸ਼ਹੀਦ ਭਾਈ ਬੇਅੰਤ ਸਿੰਘ ਦੇ ਪੁੱਤਰ ਸਰਬਜੀਤ ਸਿੰਘ ਖ਼ਾਲਸਾ ਉੱਤੇ ਲੋਕ ਸਭਾ ਹਲਕਾ ਫਰੀਦਕੋਟ ਤੋਂ ਗੁਣਾਂ ਪੈ ਗਿਆ ਸੀ। ਸ਼੍ਰੋਮਣੀ ਅਕਾਲੀ ਦਲ ਨੂੰ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਕੇਵਲ ਇੱਕ ਸੀਟ ਮਿਲੀ ਸੀ ਜਦਕਿ ਨਵੇਂ ਜਜ਼ਬੇ ਨਾਲ ਆਈ ਪੰਥਕ ਪਾਰਟੀ ਦੁਗਣੀਆਂ ਸੀਟਾਂ ਜਿੱਤ ਗਈ। ਇਹਨਾਂ ਲੋਕ ਸਭਾ ਚੋਣਾਂ ਵੇਲੇ ਸ਼੍ਰੋਮਣੀ ਅਕਾਲੀ ਦਲ ਵਿੱਚ ਦਾਗ਼ੀ ਅਤੇ ਬਾਗ਼ੀ ਧੜੇ ਦੀ ਲਕੀਰ ਨਹੀਂ ਸੀ ਖਿੱਚੀ ਗਈ। ਤਰਨ ਤਾਰਨ ਦੀ ਜ਼ਿਮਨੀ ਚੋਣ ਵੇਲੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਸਮੇਤ ਸਾਰੀਆਂ ਪੰਥਕ ਧਿਰਾਂ ਵਾਰਿਸ ਪੰਜਾਬ ਦੇ ਉਮੀਦਵਾਰ ਦੀ ਪਿੱਠ 'ਤੇ ਆ ਖੜੀਆਂ ਸਨ।

ਮਨਪ੍ਰੀਤ ਸਿੰਘ ਇਆਲੀ ਸ਼੍ਰੋਮਣੀ ਅਕਾਲੀ ਦਲ ਵਿੱਚੋਂ ਬਾਗੀਆਂ ਦੇ ਬਾਹਰ ਆਉਣ ਤੋਂ ਪਹਿਲਾਂ ਹੀ ਸੁਖਬੀਰ ਸਿੰਘ ਬਾਦਲ ਨਾਲ ਨਾਰਾਜ਼ ਹੋ ਕੇ ਆਪਣੇ ਘਰੇ ਬੈਠ ਗਏ ਸਨ। ਇਥੋਂ ਤੱਕ ਕਿ ਉਹਨਾਂ ਨੇ ਆਪਣੀ ਪਾਰਟੀ ਦੇ ਕਹੇ 'ਤੇ ਮੁਲਕ ਦੇ ਰਾਸ਼ਟਰਪਤੀ ਦੀ ਚੋਣ ਵਿੱਚ ਵੀ ਐਨਡੀਏ ਦੇ ਉਮੀਦਵਾਰ ਦੇ ਹੱਕ ਵਿੱਚ ਵੋਟ ਨਹੀਂ ਸੀ ਪਾਈ। ਉਹਨਾਂ ਦਾ ਕਿਰਦਾਰ ਹੀ ਕਹੀਏ ਕਿ ਭਾਰਤੀ ਜਨਤਾ ਪਾਰਟੀ ਤੇ ਆਮ ਆਦਮੀ ਪਾਰਟੀ ਦੋਹਾਂ ਨੇ ਆਪਣੇ ਨਾਲ ਰਲਾਉਣ ਲਈ ਬਥੇਰਾ ਜ਼ੋਰ ਲਾਇਆ ਪਰ ਉਹ ਸ਼੍ਰੋਮਣੀ ਅਕਾਲੀ ਦਲ ਦਾ ਵਫ਼ਾਦਾਰ ਸਿਪਾਹੀ ਬਣ ਕੇ ਘਰ ਬੈਠੇ ਰਹੇ। ਉਹ ਅਕਸਰ ਕਹਿੰਦੇ ਕਿ ਉਹਨਾਂ ਨੇ ਸੁਖਬੀਰ ਸਿੰਘ ਬਾਦਲ ਨੂੰ ਛੱਡਿਆ ਸੀ ਸ਼੍ਰੋਮਣੀ ਅਕਾਲੀ ਦਲ ਨੂੰ ਨਹੀਂ।

ਸ਼੍ਰੋਮਣੀ ਅਕਾਲੀ ਦਲ ਵਿੱਚੋਂ ਕਈ ਸੀਨੀਅਰ ਲੀਡਰਾਂ ਦਾ ਬਾਗ਼ੀ ਧੜਾ ਜਦੋਂ ਸ਼੍ਰੀ ਅਕਾਲ ਤਖ਼ਤ ਸਾਹਿਬ ਮੂਹਰੇ ਸੇਧ ਲੈਣ ਲਈ ਜਾ ਖੜ੍ਹਾ ਹੋਇਆ ਤਾਂ ਦੋ ਦਸੰਬਰ ਦੇ ਹੁਕਮਨਾਮੇ ਵਿੱਚ ਸੁਖਬੀਰ ਨੂੰ ਤਨਖ਼ਾਹ ਲਾਉਣ ਦੇ ਨਾਲ ਨਾਲ ਨਵੇਂ ਅਕਾਲੀ ਦਲ ਦੀ ਲੀਡਰਸ਼ਿਪ ਦੀ ਚੋਣ ਲਈ ਇੱਕ ਸੱਤ ਮੈਂਬਰੀ ਕਮੇਟੀ ਬਣਾ ਦਿੱਤੀ ਗਈ ਸੀ। ਨਾਲ ਹੀ ਸਾਰੇ ਚੁੱਲੇ ਸਮੇਟ ਲੈਣ ਲਈ ਵੀ ਕਿਹਾ ਗਿਆ ਸੀ। ਨਵੇਂ ਅਕਾਲੀ ਦਲ ਦੀ ਲੀਡਰਸ਼ਿਪ ਦੀ ਚੋਣ ਲਈ ਬਣਾਈ ਸੱਤ ਮੈਂਬਰੀ ਕਮੇਟੀ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਬੇਦਾਵਾ ਲਿਖ ਕੇ ਦੇ ਗਏ। ਪੰਜ ਮੈਂਬਰੀ ਕਮੇਟੀ ਵਿੱਚੋਂ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਅਨੁਸਾਰ ਮਨਪ੍ਰੀਤ ਸਿੰਘ ਇਆਲੀ ਅਤੇ ਬੀਬੀ ਸਤਵੰਤ ਕੌਰ ਨੇ ਮੋਹਰੇ ਹੋ ਕੇ ਭੂਮਿਕਾ ਨਿਭਾਈ। ਪੰਜ ਮੈਂਬਰੀ ਕਮੇਟੀ ਵੱਲੋਂ ਨਵੇਂ ਅਕਾਲੀ ਦਲ ਦੀ ਹੋਣ ਲਈ 15 ਲੱਖ ਮੈਂਬਰਾਂ ਦੀ ਭਰਤੀ ਕੀਤੀ ਗਈ। ਸੁਖਬੀਰ ਸਿੰਘ ਬਾਦਲ ਨੇ ਉਸ ਤੋਂ ਪਹਿਲਾਂ ਹੀ ਆਪਣੇ ਪੱਧਰ 'ਤੇ ਜਨਰਲ ਇਜਲਾਸ ਸੱਦ ਕੇ ਮੁੜ ਆਪਣੇ ਪ੍ਰਧਾਨ ਦੀ ਕੁਰਸੀ ਮੱਲ ਲਈ ਸੀ। ਬਾਗੀ ਧੜੇ ਨੇ ਨਵੇਂ ਅਕਾਲੀ ਦਲ ਨੂੰ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦਾ ਨਾਂ ਦੇ ਦਿੱਤਾ। ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਰਹੇ ਗਿਆਨੀ ਹਰਪ੍ਰੀਤ ਸਿੰਘ ਨੂੰ ਪ੍ਰਧਾਨ ਚੁਣ ਲਿਆ ਗਿਆ। ਲੰਮਾ ਸਮਾਂ ਬੀਤ ਜਾਣ ਤੋਂ ਬਾਅਦ ਵੀ ਪੁਨਰ ਸੁਰਜੀਤ ਅਕਾਲੀ ਦਲ ਰਫ਼ਤਾਰ ਨਾ ਫੜ ਸਕਿਆ। ਮਨਪ੍ਰੀਤ ਸਿੰਘ ਇਆਲੀ ਮੰਨੇ ਅਣਮੰਨੇ ਮਨ ਨਾਲ ਕਦੇ ਨਵੇਂ ਅਕਾਲੀ ਦਲ ਦੇ ਨੇੜੇ ਅਤੇ ਕਦੇ ਦੂਰੀ ਬਣਾ ਕੇ ਵਿਚਰਦੇ ਰਹੇ। ਬੀਬੀ ਸਤਵੰਤ ਕੌਰ ਜਿਹੜੇ ਕਿ ਸ਼ਹੀਦ ਭਾਈ ਅਮਰੀਕ ਸਿੰਘ ਦੀ ਬੇਟੀ ਹਨ, ਨੂੰ ਪੰਥਕ ਕੌਂਸਲ ਦੀ ਚੇਅਰਪਰਸਨ ਲਾ ਦਿੱਤਾ ਗਿਆ। ਕਿਹਾ ਜਾ ਸਕਦਾ ਹੈ ਕਿ ਪੁਨਰ ਸੁਰਜੀਤ ਅਕਾਲੀ ਦਲ ਅਤੇ ਪੰਥਕ ਕੌਂਸਲ ਦੀ ਆਪਸ ਵਿੱਚ ਜ਼ਿਆਦਾ ਦਾਲ ਨਹੀਂ ਗਲੀ। ਜਨਰਲ ਇਜਲਾਸ ਵਿੱਚ ਨਵੇਂ ਅਕਾਲੀ ਦਲ ਨੇ ਪੰਥਕ ਕੌਂਸਲ ਵੱਲੋਂ ਦਰਸਾਏ ਰਾਹ 'ਤੇ ਚਲਣਾ ਸੀ।

ਸ਼੍ਰੋਮਣੀ ਅਕਾਲੀ ਦਲ ਦਾ ਇਤਿਹਾਸ ਬੜਾ ਪੁਰਾਣਾ ਅਤੇ ਸ਼ਾਨਾਂਮੱਤਾ ਹੈ। ਸ਼੍ਰੋਮਣੀ ਅਕਾਲੀ ਦਲ ਦੇ ਬਰਾਬਰ ਇਕ ਦਰਜਨ ਦੇ ਕਰੀਬ ਕਿਸੇ ਨਾ ਕਿਸੇ ਨਾਂ ਹੇਠ ਦਲ ਬਣਦੇ ਅਤੇ ਢਹਿੰਦੇ ਰਹੇ ਹਨ। ਸੱਚ ਤਾਂ ਇਹ ਕਿ ਬਾਦਲਾਂ ਦੇ ਖ਼ਿਲਾਫ਼ ਖੜੀਆਂ ਹੁੰਦੀਆਂ ਪੰਥਕ ਧਿਰਾਂ ਸ਼੍ਰੋਮਣੀ ਅਕਾਲੀ ਦਲ ਨੂੰ ਖੋਰਾ ਨਹੀਂ ਲਾ ਸਕੀਆਂ। ਸ਼੍ਰੋਮਣੀ ਅਕਾਲੀ ਦਲ ਬਾਦਲ ਉਦੋਂ ਡਿੱਗਿਆ ਜਦੋਂ ਹਾਰ ਹੰਭ ਕੇ ਦੂਰੀ ਬਣਾਉਣੀ ਸ਼ੁਰੂ ਕਰ ਦਿੱਤੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਸਮੇਤ ਡੇਰਾ ਸਿਰਸਾ ਦੇ ਮੁਖੀ ਨੂੰ ਮੁਆਫ਼ ਕਰਨ ਜਿਹੇ ਕੀਤੇ ਹੋਰ ਗੁਨਾਹਾਂ ਨੂੰ ਲੋਕ ਹਾਲੇ ਤੱਕ ਮੁਆਫ਼ ਕਰਨ ਲਈ ਤਿਆਰ ਨਹੀਂ। ਇਹ ਵੀ ਮੰਨਣਾ ਪਵੇਗਾ ਕਿ ਸੁਖਬੀਰ ਸਿੰਘ ਬਾਦਲ ਵੱਲੋਂ ਹੁਣ ਕੀਤੀਆਂ ਜਾ ਰਹੀਆਂ ਰੈਲੀਆਂ ਨੂੰ ਲੋਕ ਵੱਡਾ ਹੁੰਗਾਰਾ ਦੇ ਰਹੇ ਹਨ। ਸੁਖਬੀਰ ਬਾਦਲ ਆਪਣੇ ਸਪੋਰਟਰਾਂ ਨੂੰ ਵੋਟਰਾਂ ਵਿੱਚ ਬਦਲ ਸਕਣਗੇ ਕਿ ਨਹੀਂ ਇਹ ਵੱਡਾ ਸਵਾਲ ਖੜ੍ਹਾ ਹੈ ਕਿਉਂਕਿ ਇਸ ਤੋਂ ਪਹਿਲਾਂ ਵੀ 2022 ਦੀਆਂ ਚੋਣਾਂ ਵੇਲੇ ਉਹਨਾਂ ਦੀਆਂ ਰੈਲੀਆਂ ਨੂੰ ਹੁੰਗਾਰਾ ਤਾਂ ਭਰਨਾ ਮਿਲਦਾ ਰਿਹਾ ਪਰ ਐਮਐਲਏ ਸਿਰਫ ਤਿੰਨ ਜਿੱਤ ਸਕੇ ਸਨ। ਉਹਨਾਂ ਵਿੱਚੋਂ ਵੀ ਮਨਪ੍ਰੀਤ ਸਿੰਘ ਇਆਲੀ ਕਈ ਚਿਰ ਪਹਿਲਾਂ ਆਪਣੇ ਘਰ ਬੈਠ ਗਏ ਸਨ ਜਦ ਕਿ ਵਿਧਾਨ ਸਭਾ ਹਲਕਾ ਬੰਗਾ ਤੋਂ ਡਾਕਟਰ ਸੁਖਵਿੰਦਰ ਸੁੱਖੀ ਨੇ ਹੱਥ ਵਿੱਚ ਝਾੜੂ ਫੜ ਲਿਆ ਹੈ। ਅਕਾਲੀ ਦਲ ਕੋਲ ਸਿਰਫ਼ ਗਨੀਵ ਕੌਰ ਮਜੀਠੀਆ ਬਚੀ ਹੈ। ਭਾਈ ਅੰਮ੍ਰਿਤਪਾਲ ਸਿੰਘ ਦੀ ਗੱਲ ਕਰੀਏ ਉਹਨਾਂ ਦੀ ਖ਼ਾਲਸਾ ਵਹੀਰ ਨੂੰ ਨੌਜਵਾਨਾਂ ਨੇ ਭਰਵਾਂ ਹੁੰਗਾਰਾ ਦਿੱਤਾ। ਉਹ ਇੱਕ ਦਮ ਫਰਸ਼ ਤੋਂ ਅਰਸ਼ ਵੱਲ ਨੂੰ ਉੱਠੇ ਪਰ ਕਈ ਗਲਤੀਆਂ ਕਰਕੇ ਵਿੱਚ ਵਿਚਾਲੇ ਲਟਕਦੇ ਰਹਿ ਗਏ। ਉਹਨਾਂ ਨੂੰ ਐਨ ਐਸ ਏ ਤਹਿਤ ਜੇਲ੍ਹ ਵਿੱਚ ਬੰਦ ਕਰ ਦਿੱਤਾ ਗਿਆ ਪਰ ਉਹ ਸਭ ਤੋਂ ਵੱਡੇ ਫਰਕ ਨਾਲ ਚੋਣ ਜਿੱਤ ਗਏ।

ਭਾਈ ਅੰਮ੍ਰਿਤਪਾਲ ਸਿੰਘ ਨੂੰ ਜ਼ਿਆਦਾ ਕਰਕੇ ਖ਼ਾਲਿਸਤਾਨੀ ਦੇ ਤੌਰ 'ਤੇ ਪ੍ਰਚਾਰਿਆ ਗਿਆ ਹੈ। ਕਾਫ਼ੀ ਹੱਦ ਤੱਕ ਇਹ ਸੱਚ ਵੀ ਹੋਵੇ ਤਦ ਇਹ ਸਾਰਾ ਕੁਝ ਨਰਮ ਰੂਪ ਧਾਰਨ ਕਰ ਗਿਆ ਜਦੋਂ ਉਹ ਮੈਂਬਰ ਪਾਰਲੀਮੈਂਟ ਦੀ ਚੋਣ ਜਿੱਤਣ ਲਈ ਦਿੱਤੇ ਹਲਫ਼ੀਆ ਬਿਆਨ ਵਿੱਚ ਭਾਰਤ ਦੇ ਸੰਵਿਧਾਨ ਵਿੱਚ ਭਰੋਸਾ ਹੋਣ ਲਈ ਦਸਤਖ਼ਤ ਕਰਦੇ ਹਨ। ਭਾਰਤ ਦੇ ਸੰਵਿਧਾਨ ਵਿੱਚ ਦੂਜੀ ਵਾਰ ਭਰੋਸਾ ਉਹ ਉਦੋਂ ਜ਼ਾਹਿਰ ਕਰਦੇ ਹਨ ਜਦੋਂ ਉਹਨਾਂ ਨੇ ਮੈਂਬਰ ਪਾਰਲੀਮੈਂਟ ਵਜੋਂ ਹਲਫ਼ ਲਿਆ ਸੀ। ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਬਦਲੇ ਟਰੈਕ ਕਰਕੇ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋ ਕੇ ਮੋਹਰੀ ਭੂਮਿਕਾ ਨਿਭਾਉਣ ਲਈ ਮਨ ਬਣਾ ਚੁੱਕੇ ਹਨ। ਇਸ ਵੇਲੇ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਹੱਥ ਵਾਰਿਸ ਪੰਜਾਬ ਦੇ ਦੀ ਕਮਾਨ ਹੈ।

ਮਨਪ੍ਰੀਤ ਸਿੰਘ ਇਆਲੀ ਮੀਡੀਆ ਨੂੰ ਜਿੰਨਾ ਕੁ ਮਨ ਦਿੰਦੇ ਹਨ ਉਸ ਤੋਂ ਅੰਦਾਜ਼ਾ ਪੱਕਾ ਹੋਣ ਲੱਗਾ ਹੈ ਕਿ ਭਵਿੱਖ ਵਿੱਚ ਸੁਖਬੀਰ ਸਿੰਘ ਬਾਦਲ ਬਨਾਮ ਮਨਪ੍ਰੀਤ ਸਿੰਘ ਇਆਲੀ ਦਾ ਭੇੜ ਬਣੇਗਾ। ਭਾਰਤੀ ਜਨਤਾ ਪਾਰਟੀ ਆਪਣਾ ਬਣਦਾ ਦੇਖੇਗੀ। ਪੰਥਕ ਸਿਆਸਤ ਨੂੰ ਉਹ ਕਿਸੇ ਵੇਲੇ ਵੀ ਨਵਾਂ ਮੋੜ ਦੇਣ ਦੀ ਚਾਲ ਚੱਲ ਸਕਦੀ ਹੈ । ਅਕਾਲੀ ਦਲਾਂ ਨਾਲ ਗੱਠਜੋੜ ਜਾਂ ਤੋੜ ਵਿਛੋੜਾ ਭਾਜਪਾ ਦੇ ਹੱਥ ਵਿੱਚ ਹੈ, ਸ਼੍ਰੋਮਣੀ ਅਕਾਲੀ ਦਲ ਕੋਲ ਆਪਣਾ ਕੇਡਰ ਹੈ ਪਰ ਪੰਜਾਬ ਦੀ ਨੌਜਵਾਨੀ ਪਲਟਾ ਮਾਰਨ ਦੀ ਸਮਰੱਥਾ ਰੱਖਦੀ ਹੈ। ਪੰਜਾਬ ਵਿੱਚ ਆਏ ਹੜ੍ਹਾਂ ਵੇਲੇ ਪੰਜਾਬ ਦੇ ਨੌਜਵਾਨਾਂ ਨੇ ਹੀ ਆਪਣੇ ਵਾਹਨਾਂ ਮੂਹਰੇ ਕੇਸਰੀ ਝੰਡੇ ਲਾ ਕੇ ਲੋਕਾਂ ਨੂੰ ਰੁਲਣ ਨਹੀਂ ਸੀ ਦਿੱਤਾ ਹਾਲਾਂਕਿ ਸਰਕਾਰਾਂ ਤਾਂ ਕੰਮ ਘੱਟ ਵੱਧ ਕਰਦੀਆਂ ਹੀ ਦਿਸੀਆਂ। ਇਸ ਤੋਂ ਪਹਿਲਾਂ ਕਿਸਾਨ ਅੰਦੋਲਨ ਦੀ ਗੱਲ ਕਰੀਏ ਤਦ ਵੀ ਨੌਜਵਾਨਾਂ ਨੇ ਆਪਣੀ ਮਿਹਨਤ ਨਾਲ ਜਿਹੜਾ ਰੰਗ ਦਿਖਾਇਆ, ਉਹ ਕਿਸੇ ਤੋਂ ਲੁਕਿਆ ਹੋਇਆ ਨਹੀਂ ਹੈ। ਪੰਜਾਬ ਦਾ ਨੌਜਵਾਨ ਜਜ਼ਬਾਤੀ ਹੈ। ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦਾ ਇੱਕ ਜਜ਼ਬਾ ਹੈ। 2024 ਦੀਆਂ ਵਿਧਾਨ ਸਭਾ ਚੋਣਾਂ ਦੀ ਗੱਲ ਕਰੀਏ ਤਾਂ ਸਿਆਸਤ ਜਜ਼ਬਾ ਚੱਲਿਆ ਸੀ।



# ਮਾਝਾ-ਦੁਆਬਾ

ਆਸ ਪਾਸ



## ਖਾਲਸਾ ਕਾਲਜ ਦੇ 12 ਵਿਦਿਆਰਥੀਆਂ ਦੀ 'ਕਾਗਨੀਜ਼ਨ ਇਨੋਵੇਸ਼ਨਜ਼' ਵੱਲੋਂ ਚੋਣ



ਅੰਮ੍ਰਿਤਸਰ, 14 ਮਾਰਚ (ਗੁਰਦਿਆਲ ਸਿੰਘ/ਬਬਲੂ ਮਹਾਜਨ ):ਖਾਲਸਾ ਕਾਲਜ ਦੇ 12 ਵਿਦਿਆਰਥੀਆਂ ਦੀ ਪ੍ਰਸਿੱਧ ਕਨਸਲਟੈਂਸੀ ਫਰਮ ਕਾਗਨੀਜ਼ਨ ਇਨੋਵੇਸ਼ਨਜ਼, ਨਵੀਂ ਦਿੱਲੀ ਵੱਲੋਂ ਚੋਣ ਕੀਤੀ ਗਈ ਹੈ। ਉਕਤ ਭਰਤੀ ਪ੍ਰਕਿਰਿਆ ਦੀ ਸ਼ੁਰੂਆਤ ਕਾਗਨੀਜ਼ਨ ਦੀ ਟੀਮ ਵੱਲੋਂ ਕਰਵਾਏ ਗਏ ਵਿਸਤ੍ਰਿਤ ਪ੍ਰੀ-ਪਲੇਸਮੈਂਟ ਟਾਕ ਨਾਲ ਹੋਈ, ਜਿਸ 'ਚ ਉਨ੍ਹਾਂ ਨੇ ਕੰਪਨੀ ਦੀ ਦ੍ਰਿਸ਼ਟੀ, ਕਾਰਜ-ਸੰਸਕ੍ਰਿਤੀ ਅਤੇ ਨਵੇਂ ਗ੍ਰੈਜੂਏਟਾਂ ਲਈ ਉਪਲੱਬਧ ਮੌਕਿਆਂ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਟ੍ਰੇਨਿੰਗ ਐਂਡ ਪਲੇਸਮੈਂਟ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਜਾਣਕਾਰੀ ਦਿੰਦਿਆਂ ਕਿਹਾ ਕਿ 12 ਵਿਦਿਆਰਥੀਆਂ ਨੇ ਆਕਰਸ਼ਕ ਤਨਖਾਹ ਪੈਕੇਜ ਨਾਲ ਨੌਕਰੀ ਦੇ ਪ੍ਰਸਤਾਵ ਪ੍ਰਾਪਤ ਕੀਤੇ ਹਨ। ਉਨ੍ਹਾਂ ਕਿਹਾ ਕਿ ਸਫਲ ਉਮੀਦਵਾਰਾਂ ਨੂੰ ਮਨੁੱਖੀ ਸਰੋਤ, ਮਾਰਕੀਟਿੰਗ ਅਤੇ ਵਿੱਤ ਵਿਭਾਗਾਂ 'ਚ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਕਿਹਾ ਕਿ ਇਹ ਪ੍ਰਾਪਤੀ ਕਾਲਜ ਦੀ ਗੁਣਵੱਤਾ ਵਾਲੀ ਸਿੱਖਿਆ ਅਤੇ ਰੋਜ਼ਗਾਰ ਮੌਕਿਆਂ ਪ੍ਰਤੀ ਵਚਨਬੱਧਤਾ ਦਾ ਸਬੂਤ ਹੈ।ਇਸ ਦੌਰਾਨ ਭਰਤੀ ਪ੍ਰਤੀਨਿਧੀਆਂ ਨੇ ਕਾਲਜ ਦੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦਿਆਂ ਭਵਿੱਖ 'ਚ ਭਰਤੀ ਸਬੰਧ ਮਜ਼ਬੂਤ ਕਰਨ ਦੀ ਇੱਛਾ ਜ਼ਾਹਿਰ ਕੀਤੀ।ਇਸ ਮੌਕੇ ਉਕਤ ਪਲੇਸਮੈਂਟ ਸੈੱਲ ਦੇ ਡਾਇਰੈਕਟਰ ਡਾ. ਮਨੀ ਅਰੋੜਾ ਅਤੇ ਸਹਾਇਕ ਡਾਇਰੈਕਟਰ ਡਾ. ਅਨੂਰੀਤ ਕੌਰ ਨੇ ਵਿਦਿਆਰਥੀਆਂ ਨੂੰ ਆਪਣੇ ਕਰੀਅਰ 'ਚ ਸਫ਼ਲਤਾ ਹਾਸਲ ਕਰਨ ਲਈ ਵਧਾਈ ਦਿੱਤੀ। ਇਸ ਮੌਕੇ ਪਲੇਸਮੈਂਟ ਕੋਆਰਡੀਨੇਟਰਸ ਡਾ. ਪੂਨਮ ਸ਼ਰਮਾ, ਪ੍ਰੋ: ਰੋਹਿਤ ਕਾਕੜੀਆ, ਪ੍ਰੋ: ਹਰਿਆਲੀ ਢਿੱਲੋਂ, ਪ੍ਰੋ: ਅਪਨੀਤ ਕੌਰ, ਪ੍ਰੋ: ਵਿਸ਼ਾਲ ਸ਼ਰਮਾ ਨੇ ਉਕਤ ਪਲੇਸਮੈਂਟ ਡਰਾਈਵ ਨੂੰ ਸਫ਼ਲ ਬਣਾਉਣ 'ਚ ਸਹਿਯੋਗ ਦਿੱਤਾ।

## ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸਮਾਗਮ ਖਾਲਸਾਈ ਜਾਹੋ ਜਲਾਲ ਨਾਲ ਸੰਪੂਰਨ

### ਬੰਦੀ ਸਿੰਘਾਂ ਦੀ ਰਿਹਾਈ ਲਈ ਪੰਥ ਨੂੰ ਇਕੱਠੇ ਹੋਣ ਦੀ ਲੋੜ- ਐਡਵੋਕੇਟ ਧਾਮੀ



ਅੰਮ੍ਰਿਤਸਰ, 14 ਮਾਰਚ (ਗੁਰਦਿਆਲ ਸਿੰਘ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਅਤੇ ਹੋਰ ਸ਼ਹੀਦ ਸਿੰਘਾਂ ਦੇ 300 ਸਾਲਾ ਸ਼ਹੀਦੀ ਦਿਹਾੜੇ ਸਬੰਧੀ ਵਿਸਾਲ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸਿੱਖ ਪੰਥ ਦੀਆਂ ਪ੍ਰਮੁੱਖ ਸਖਸ਼ੀਅਤਾਂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਦੀਵਾਨ ਹਾਲ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅੱਜ ਜਿਨ੍ਹਾਂ ਸਿੱਖ ਸੂਰਮਿਆਂ ਦੀ ਸ਼ਹੀਦੀ ਸ਼ਤਾਬਦੀ ਮਨਾ ਰਹੇ ਹਾਂ। ਉਨ੍ਹਾਂ ਨੇ ਸਿੱਖ ਸਿਧਾਂਤਾਂ 'ਤੇ ਪਹਿਰਾ ਦਿੰਦਿਆਂ ਕੇਸਾਂ ਦੇ ਸਤਿਕਾਰ ਲਈ ਸ਼ਹਾਦਤਾਂ ਦਿੱਤੀਆਂ।ਉਨ੍ਹਾਂ ਕਿਹਾ ਕਿ ਇਤਿਹਾਸ ਤੋਂ ਪ੍ਰੇਰਨਾ ਲੈ ਕੇ ਅੱਜ ਆਪਣੇ ਬੱਚਿਆਂ ਨੂੰ ਸਾਬਤ ਸੂਰਤ ਰੱਖਣ ਦਾ ਪ੍ਰਣ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਕੌਮ ਦੀ ਨੁਮਾਇੰਦਾ ਸੰਸਥਾ ਹੈ ਜੋ ਆਪਣੇ ਸ਼ਹੀਦਾਂ ਨੂੰ ਯਾਦ ਰੱਖਦਿਆਂ ਧਰਮ ਦੇ ਪ੍ਰਚਾਰ ਲਈ ਕਾਰਜਸ਼ੀਲ ਹੈ, ਪ੍ਰੰਤੂ ਕੁਝ ਲੋਕਾਂ ਵੱਲੋਂ ਸੋਸ਼ਲ ਮੀਡੀਆ 'ਤੇ ਸਿੱਖ ਸੰਸਥਾ ਬਾਰੇ ਗਲਤ ਪ੍ਰਚਾਰ ਕਰਕੇ ਸੰਗਤਾਂ ਅੰਦਰ ਭਰਮ ਪੈਦਾ ਕੀਤਾ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਬੰਦੀ ਸਿੰਘਾਂ ਦੇ ਹੱਕ ਵਿੱਚ ਅਵਾਜ਼ ਬੁਲੰਦ ਕਰਦਿਆਂ ਕਿਹਾ ਕਿ ਤਿੰਨ ਤਿੰਨ ਦਹਾਕਿਆਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਇਨ੍ਹਾਂ ਸਿੰਘਾਂ ਪ੍ਰਤੀ ਸਰਕਾਰ ਦੀ ਵਿਤਕਰੇ ਭਰੀ ਨੀਤੀ ਬੇਗਾਨਗੀ ਦਾ ਅਹਿਸਾਸ ਕਰਵਾਉਣ ਵਾਲੀ ਹੈ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਲਈ ਅੱਜ ਪੰਥ ਨੂੰ ਇਕੱਠੇ ਹੋਣ ਦੀ ਲੋੜ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਅਕਾਲੀ ਬਾਬਾ ਫੂਲਾ ਸਿੰਘ ਜੀ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਵੀ ਸਤਿਕਾਰ ਭੇਟ ਕੀਤਾ। ਉਨ੍ਹਾਂ ਸ਼ਤਾਬਦੀ ਸਮਾਗਮਾਂ ਵਿੱਚ ਸਹਿਯੋਗ ਕਰਨ ਲਈ ਸੰਗਤਾਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਮਾਝੇ ਦੀ ਇਸ ਧਰਤੀ 'ਤੇ ਅਨੇਕਾਂ ਸੂਰਬੀਰ ਪੈਦਾ ਹੋਏ ਜਿਨ੍ਹਾਂ ਜ਼ੁਲਮ ਵਿਰੁੱਧ ਲੜਦਿਆਂ ਸ਼ਹਾਦਤ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਸਿਧਾਂਤਾਂ 'ਤੇ ਪਹਿਰਾ ਦਿੰਦਿਆਂ ਸ਼ਹਾਦਤ ਪ੍ਰਾਪਤ ਕਰਨ ਵਾਲੇ ਇਨ੍ਹਾਂ ਸੂਰਮਿਆਂ ਦੇ ਮਨਾਏ ਦਿਹਾੜੇ ਨਵੀਂ ਪੀੜ੍ਹੀ ਨੂੰ ਆਪਣੇ ਵਿਰਸੇ ਦੀ ਯਾਦ ਦਿਵਾਉਂਦੇ ਹਨ। ਉਨ੍ਹਾਂ ਕਿਹਾ ਕਿ ਅੱਜ ਵੀ ਸਿੱਖਾਂ ਸਾਹਮਣੇ ਅਨੇਕਾਂ ਚਨੌਤੀਆਂ ਹਨ। ਸਿੱਖ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਸਮੇਂ ਕਕਾਰ ਪਹਿਨਣ ਤੋਂ ਰੋਕਿਆ ਜਾ ਰਿਹਾ ਹੈ। ਵੱਖ ਵੱਖ ਥਾਵਾਂ 'ਤੇ ਵਿਤਕਰੇ ਹੋ ਰਹੇ ਹਨ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਬੰਦੀ ਸਿੰਘਾਂ ਦੀ ਗੱਲ ਕਰਦਿਆਂ ਕਿਹਾ ਕਿ ਇੱਕ ਪਾਖੰਡੀ ਸਾਧ ਰਾਮ ਰਹੀਮ 'ਤੇ ਤਾਂ ਸਰਕਾਰ ਮਿਹਰਬਾਨ ਹੋ ਸਕਦੀ ਹੈ, ਪਰ ਆਪਣੀ ਬਿਮਾਰ ਮਾਂ ਨੂੰ ਮਿਲਣ ਦੀ ਇੱਛਾ ਰੱਖਣ ਵਾਲੇ ਭਾਈ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਮਾਂ ਨਾਲ ਮਿਲਣ ਤੱਕ ਨਹੀਂ ਦਿੱਤਾ ਜਾ ਰਿਹਾ। ਬੰਦੀ ਸਿੰਘਾਂ ਦੇ ਮਾਮਲੇ ਵਿੱਚ ਸਿੱਖ ਭਾਵਨਾਵਾਂ ਨੂੰ ਹਮੇਸ਼ਾ ਅਣਗੌਲਿਆਂ ਗਿਆ ਹੈ, ਜੋ ਸਰਕਾਰ ਦੀ ਸਿੱਖਾਂ ਪ੍ਰਤੀ ਦੋਹਰੀ ਨੀਤੀ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਹਾਲਾਤ ਅਜਿਹੇ ਹਨ ਕਿ ਬੇਅਦਬੀਆਂ ਨੂੰ ਰੋਕਣ ਲਈ ਸਖ਼ਤ ਕਾਨੂੰਨ ਲਈ ਵੀ ਸਿੱਖਾਂ ਨੂੰ ਸੰਘਰਸ਼ ਕਰਨਾ ਪੈ ਰਿਹਾ ਹੈ। ਲੰਬੇ ਸੰਘਰਸ਼ ਮਗਰੋਂ ਵੀ ਸਰਕਾਰ ਦੀ ਖਾਮੋਸ਼ੀ ਵੱਡੇ ਸਵਾਲ ਪੈਦਾ ਕਰਦੀ ਹੈ। ਇਸ ਮੌਕੇ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਤੇ ਕਥਾਵਾਚਕ ਬਾਬਾ ਬੰਤਾ ਸਿੰਘ ਮੁੰਡਾ ਪਿੰਡ ਵਾਲਿਆਂ ਨੇ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਪਾਈ।ਸਮਾਗਮ ਦੌਰਾਨ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਵਿਰਸਾ ਸਿੰਘ ਵਲਟੋਹਾ, ਪਦਮਸ਼੍ਰੀ ਬਾਬਾ ਸੇਵਾ ਸਿੰਘ ਖੰਡੂਰ ਸਾਹਿਬ, ਜਥੇਦਾਰ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਬਾਬਾ ਅਵਤਾਰ ਸਿੰਘ ਸੁਰਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਗੁਰਦਿਆਲ ਸਿੰਘ ਤੇ ਭਾਈ ਕੰਵਰਚੜ੍ਹਤ ਸਿੰਘ ਨੇ ਵੀ ਸੰਬੋਧਨ ਕਰਦਿਆਂ ਸ਼ਹੀਦਾਂ ਨੂੰ ਸਤਿਕਾਰ ਭੇਟ ਕੀਤਾ।

## ਬ੍ਰਹਮਪੁਰਾ ਨੇ ਪਾਰਟੀ ਪ੍ਰਧਾਨ ਅੱਗੇ ਰੱਖੀ ਹਲਕੇ ਦੇ ਮਾੜੇ ਸਿਹਤ ਢਾਂਚੇ ਦੀ ਗੱਲ



ਖਡੂਰ ਸਾਹਿਬ, 14 ਮਾਰਚ (ਸਰਬਜੀਤ ਸਿੰਘ ਮੀਆਂ ਵਿੰਡ): ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਹਲਕਾ ਖਡੂਰ ਸਾਹਿਬ ਦੇ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਅੰਮ੍ਰਿਤਸਰ ਵਿਖੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਵਿਸ਼ੇਸ਼ ਮੁਲਾਕਾਤ ਕਰਕੇ ਹਲਕੇ ਦੇ ਨਿੱਘਰ ਰਹੇ ਸਿਹਤ ਢਾਂਚੇ ਦਾ ਮੁੱਦਾ ਪ੍ਰਮੁੱਖਤਾ ਨਾਲ ਚੁੱਕਿਆ। ਇਸ ਮੁਲਾਕਾਤ ਦੌਰਾਨ ਸ. ਬ੍ਰਹਮਪੁਰਾ ਨੇ ਪਾਰਟੀ ਪ੍ਰਧਾਨ ਦੇ ਧਿਆਨ ਵਿੱਚ ਲਿਆਂਦਾ ਕਿ ਮੌਜੂਦਾ ਸਰਕਾਰ ਦੀ ਅਣਦੇਖੀ ਕਾਰਨ ਇਲਾਕੇ ਦੇ ਸਰਕਾਰੀ ਹਸਪਤਾਲਾਂ ਵਿੱਚ ਡਾਕਟਰਾਂ ਅਤੇ ਆਧੁਨਿਕ ਮਸ਼ੀਨਰੀ ਦੀ ਭਾਰੀ ਘਾਟ ਹੈ। ਸਿਹਤ ਸਹੂਲਤਾਂ ਦੀ ਘਾਟ ਕਾਰਨ ਗਰੀਬ ਅਤੇ ਆਮ ਲੋਕਾਂ ਨੂੰ ਇਲਾਜ ਲਈ ਦਰ-ਦਰ ਦੀਆਂ ਠੋਕਰਾਂ ਖਾਣੀਆਂ ਪੈ ਰਹੀਆਂ ਹਨ ਅਤੇ ਮਹਿੰਗੇ ਪ੍ਰਾਈਵੇਟ ਹਸਪਤਾਲਾਂ ਵੱਲ ਰੁਖ਼ ਕਰਨਾ ਪੈ ਰਿਹਾ ਹੈ।ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਬ੍ਰਹਮਪੁਰਾ ਨਾਲ ਗੱਲਬਾਤ ਦੌਰਾਨ ਭਰੋਸਾ ਦਿੱਤਾ ਕਿ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਦੇ ਹੀ ਖਡੂਰ ਸਾਹਿਬ ਸਮੇਤ ਸੂਬੇ ਭਰ ਵਿੱਚ ਸਿਹਤ ਢਾਂਚੇ ਨੂੰ ਮਜ਼ਬੂਤ ਕੀਤਾ ਜਾਵੇਗਾ ਅਤੇ ਇਲਾਕੇ ਵਿੱਚ ਉੱਚ ਪੱਧਰੀ ਆਧੁਨਿਕ ਹਸਪਤਾਲ ਬਣਾਉਣਾ ਸਰਕਾਰ ਦੀ ਪਹਿਲੀ ਤਰਜੀਹ ਹੋਵੇਗੀ। ਇਸ ਤੋਂ ਇਲਾਵਾ ਬਾਦਲ ਨੇ ਭਰੋਸਾ ਦਿਵਾਇਆ ਕਿ 2027 ਵਿੱਚ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਸ੍ਰੀ ਗੋਇੰਦਵਾਲ ਸਾਹਿਬ 'ਚ ਨਵੀਂ ਇੰਡਸਟਰੀ ਲਿਆਂਦੀ ਜਾਵੇਗੀ, ਤਾਂ ਜੋ ਇੱਥੋਂ ਦੇ ਨੌਜਵਾਨਾਂ ਨੂੰ ਰੁਜ਼ਗਾਰ ਮਿਲ ਸਕੇ। ਇਸ ਦੇ ਨਾਲ ਹੀ ਇਲਾਕੇ ਵਿੱਚ ਸਿਹਤ ਸਹੂਲਤਾਂ ਨੂੰ ਪਹਿਲ ਦੇ ਆਧਾਰ 'ਤੇ ਉੱਚਾ ਚੁੱਕਿਆ ਜਾਵੇਗਾ।ਇਸ ਅਹਿਮ ਮੁਲਾਕਾਤ ਮੌਕੇ ਵਿਸ਼ੇਸ਼ ਤੌਰ 'ਤੇ ਹਾਜ਼ਰ ਸੀਨੀਅਰ ਅਕਾਲੀ ਆਗੂ ਅਤੇ ਚੇਅਰਮੈਨ ਗੁਰਸੇਵਕ ਸਿੰਘ ਸ਼ੇਖ ਨੇ ਬਾਦਲ ਨੂੰ ਖਡੂਰ ਸਾਹਿਬ ਦੇ ਉਨ੍ਹਾਂ ਹੋਰ ਅਹਿਮ ਅਤੇ ਭਖਦੇ ਮੁੱਦਿਆਂ ਤੋਂ ਜਾਣੂੰ ਕਰਵਾਇਆ, ਜਿਨ੍ਹਾਂ ਦੇ ਹੱਲ ਦੀ ਇਲਾਕਾ ਨਿਵਾਸੀਆਂ ਨੂੰ ਸਖ਼ਤ ਲੋੜ ਹੈ। ਉਨ੍ਹਾਂ ਦੱਸਿਆ ਕਿ ਸਿਹਤ ਸਹੂਲਤਾਂ ਤੋਂ ਇਲਾਵਾ ਇਲਾਕੇ ਦੇ ਬੁਨਿਆਦੀ ਢਾਂਚੇ ਦੀ ਤਰਸਯੋਗ ਹਾਲਤ ਅਤੇ ਹੋਰ ਜ਼ਰੂਰੀ ਮਸਲਿਆਂ ਵੱਲ ਮੌਜੂਦਾ ਸਰਕਾਰ ਨੇ ਪੂਰੀ ਤਰ੍ਹਾਂ ਪਿੱਠ ਕਰ ਲਈ ਹੈ, ਜਿਸ ਕਾਰਨ ਲੋਕਾਂ ਵਿੱਚ ਭਾਰੀ ਰੋਸ ਹੈ।ਸੀਨੀਅਰ ਆਗੂ ਗੁਰਸੇਵਕ ਸਿੰਘ ਸ਼ੇਖ ਨੇ ਕਿਹਾ ਕਿ ਕੁਝ ਸਿਆਸੀ ਸੈਲਾਨੀ ਹਲਕੇ ਦੇ ਲੋਕਾਂ ਨੂੰ ਗੁੰਮਰਾਹ ਕਰਨ ਦਾ ਅਸਫ਼ਲ ਯਤਨ ਕਰ ਰਹੇ ਹਨ।ਪਰ ਬ੍ਰਹਮਪੁਰਾ ਪਰਿਵਾਰ ਦੇ ਅਟੁੱਟ ਕਿਲ੍ਹੇ ਵਿੱਚ ਸੰਨ੍ਹ ਲਗਾਉਣੀ ਇਨ੍ਹਾਂ ਦੇ ਵੱਸ ਦੀ ਗੱਲ ਨਹੀਂ। ਖਡੂਰ ਸਾਹਿਬ ਦੇ ਲੋਕ ਸਿਰਫ਼ ਅਕਾਲੀ ਦਲ ਦੀ ਉਸਾਰੂ ਸਿਆਸਤ ਅਤੇ ਬ੍ਰਹਮਪੁਰਾ ਪਰਿਵਾਰ ਦੀ ਦੂਰਅੰਦੇਸ਼ੀ ਅਗਵਾਈ 'ਤੇ ਹੀ ਮੋਹਰ ਲਗਾਉਣਗੇ। -

## ਬੀਬੀ ਕੌਲਾਂ ਜੀ ਚੈਰੀਟੇਬਲ ਹਸਪਤਾਲ ਵਿਖੇ ਕੈਂਸਰ ਮਰੀਜ਼ਾਂ ਲਈ ਮੁਫ਼ਤ ਮੈਡੀਕਲ ਕੈਂਪ

### ਭਾਈ ਗੁਰਇਕਬਾਲ ਸਿੰਘ ਤੇ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਦੀ ਅਗਵਾਈ ਹੇਠ 50 ਮਰੀਜ਼ਾਂ ਦੀ ਜਾਂਚ



ਅੰਮ੍ਰਿਤਸਰ, 14 ਮਾਰਚ (ਬਬਲੂ ਮਹਾਜਨ): ਬੀਬੀ ਕੌਲਾਂ ਜੀ ਚੈਰੀਟੇਬਲ ਹਸਪਤਾਲ ਵਿਖੇ ਕੈਂਸਰ ਮਰੀਜ਼ਾਂ ਲਈ ਕੈਂਪ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਅਤੇ ਭਾਈ ਸਾਹਿਬ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਦੀ ਅਗਵਾਈ ਹੇਠ ਲਗਾਇਆ ਗਿਆ, ਜਿਸ ਵਿੱਚ ਕੈਂਸਰ ਦੇ ਮਾਹਿਰ ਡਾਕਟਰਾਂ ਦੀ ਟੀਮ ਨੇ ਸ਼ਿਰਕਤ ਕਰਦੇ ਹੋਏ ਮਰੀਜ਼ਾਂ ਦੀ ਜਾਂਚ ਕੀਤੀ ਅਤੇ ਉਨ੍ਹਾਂ ਨੂੰ ਲੋੜੀਂਦੀ ਸਲਾਹ ਦਿੱਤੀ।ਕੈਂਪ ਦੀ ਸ਼ੁਰੂਆਤ ਭਾਈ ਸਾਹਿਬ ਭਾਈ ਹਰਵਿੰਦਰ ਪਾਲ ਸਿੰਘ ਲਿਟਲ ਵੀਰ ਜੀ ਵੱਲੋਂ ਅਰਦਾਸ ਕਰਕੇ ਕੀਤੀ ਗਈ। ਉਨ੍ਹਾਂ ਨੇ ਅਰਦਾਸ ਕਰਦਿਆਂ ਕੈਂਸਰ ਨਾਲ ਪੀੜਤ ਸਾਰੇ ਮਰੀਜ਼ਾਂ ਦੀ ਚੜ੍ਹਦੀਕਲਾ ਅਤੇ ਚੰਗੀ ਸਿਹਤ ਲਈ ਅਰਦਾਸ ਕੀਤੀ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਸਭ ਤੋਂ ਵੱਡੀ ਸੇਵਾ ਹੈ ਅਤੇ ਅਜਿਹੇ ਕੈਂਪ ਲਗਾਉਣ ਦਾ ਮਕਸਦ ਮਰੀਜ਼ਾਂ ਨੂੰ ਸਮੇਂ ਸਿਰ ਇਲਾਜ ਅਤੇ ਸਹੀ ਮੈਡੀਕਲ ਸਲਾਹ ਮੁਹੱਈਆ ਕਰਵਾਉਣਾ ਹੈ।ਇਸ ਕੈਂਪ ਦੌਰਾਨ ਲੱਗਭਗ 50 ਦੇ ਕਰੀਬ ਕੈਂਸਰ ਮਰੀਜ਼ਾਂ ਦਾ ਮੁਫ਼ਤ ਚੈਕਅੱਪ ਕੀਤਾ ਗਿਆ। ਮਾਹਿਰ ਡਾਕਟਰਾਂ ਨੇ ਮਰੀਜ਼ਾਂ ਦੀ ਵਿਸਥਾਰ ਨਾਲ ਜਾਂਚ ਕਰਕੇ ਉਨ੍ਹਾਂ ਨੂੰ ਬਿਮਾਰੀ ਸੰਬੰਧੀ ਜਾਣਕਾਰੀ ਦਿੱਤੀ ਅਤੇ ਲੋੜ ਅਨੁਸਾਰ ਅਗਲੇ ਇਲਾਜ ਲਈ ਸਲਾਹ ਵੀ ਦਿੱਤੀ। ਕਈ ਮਰੀਜ਼ਾਂ ਨੂੰ ਕੈਂਸਰ ਬਾਰੇ ਜਾਗਰੂਕ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਿਹਤ ਸੰਬੰਧੀ ਜ਼ਰੂਰੀ ਹਦਾਇਤਾਂ ਵੀ ਦਿੱਤੀਆਂ ਗਈਆਂ। ਉਹਨਾਂ ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸੇਵਾ ਕਾਰਜ ਜਾਰੀ ਰੱਖੇ ਜਾਣਗੇ ਤਾਂ ਜੋ ਗਰੀਬ ਅਤੇ ਜ਼ਰੂਰਤਮੰਦ ਮਰੀਜ਼ਾਂ ਨੂੰ ਮੈਡੀਕਲ ਸਹੂਲਤਾਂ ਮਿਲ ਸਕਣ। ਕੈਂਪ ਵਿੱਚ ਇਲਾਕੇ ਦੇ ਕਈ ਸਮਾਜ ਸੇਵੀ ਵਿਅਕਤੀਆਂ ਅਤੇ ਸੇਵਾਦਾਰਾਂ ਨੇ ਵੀ ਸਹਿਯੋਗ ਦਿੱਤਾ ਅਤੇ ਮਰੀਜ਼ਾਂ ਦੀ ਸੇਵਾ ਵਿੱਚ ਯੋਗਦਾਨ ਪਾਇਆ।ਇਸ ਮੌਕੇ ਟਰੱਸਟੀ ਮੈਂਬਰ ਕਵਲਜੀਤ ਸਿੰਘ ਭਾਟੀਆ ਜਗਮੋਹਨ ਸਿੰਘ ਮੈਨੇਜਰ ਪਰਮਜੀਤ ਸਿੰਘ ਦਲਬੀਰ ਸਿੰਘ ਗਗਨਦੀਪ ਸਿੰਘ ਅਤੇ ਹੋਰ ਮੈਂਬਰ ਇਸ ਮੌਕੇ ਨਾਲ ਸਨ।

## ਈਰਾਨ-ਇਜ਼ਰਾਈਲ ਤਣਾਅ ਵਿਚਕਾਰ ਸ੍ਰੀ ਦਰਬਾਰ ਸਾਹਿਬ ਲੰਗਰ ਲਈ ਗੈਸ ਸਪਲਾਈ ਜਾਰੀ ਰੱਖਣ ਦੀ ਕੇਂਦਰ ਸਰਕਾਰ ਨੂੰ ਅਪੀਲ



ਅੰਮਿਤਸਰ, 14 ਮਾਰਚ (ਬਬਲੂ ਮਹਾਜਨ):ਇਜ਼ਰਾਈਲ ਅਤੇ ਈਰਾਨ ਵਿਚਾਲੇ ਵਧੇ ਤਣਾਅ ਤੋਂ ਬਾਅਦ ਬਣੇ ਹਲਾਤਾਂ ਤੋਂ ਬਾਅਦ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਚੱਲ ਰਹੇ ਸ੍ਰੀ ਗੁਰੂ ਰਾਮਦਾਸ ਜੀ ਲੰਗਰ ਘਰ ਨੂੰ ਮਿਲ ਗੈਸ ਸਪਲਾਈ ਨੂੰ ਲੈ ਕੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ ਨੇ ਕੇਂਦਰ ਸਰਕਾਰ ਨੂੰ ਗੈਸ ਸਪਲਾਈ ਨਿਰੰਤਰ ਜਾਰੀ ਰੱਖਣ ਦੀ ਅਪੀਲ ਕੀਤੀ ਗਈ ਹੈ।ਈਰਾਨ ਅਤੇ ਇਜ਼ਰਾਈਲ ਵਿਚਕਾਰ ਚੱਲ ਰਹੀ ਜੰਗ ਦਾ ਘਰੇਲੂ ਅਤੇ ਵਪਾਰਕ ਗੈਸ 'ਤੇ ਅਸਰ ਪੈਣਾ ਸ਼ੁਰੂ ਹੋ ਗਿਆ ਹੈ। ਇਸ ਦੌਰਾਨ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾਲੂਆਂ ਲਈ 24 ਘੰਟੇ ਚੱਲਦੇ ਲੰਗਰ ਲਈ ਗੈਸ ਦੀ ਵਰਤੋਂ ਨੂੰ ਨਿਰੰਤਰ ਯਕੀਨੀ ਬਣਾਉਣ ਲਈ ਮੈਨੇਜਰ ਧੰਗੇੜਾ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਇਜ਼ਰਾਈਲ ਅਤੇ ਈਰਾਨ ਵਿਚਕਾਰ ਵਧਦੇ ਅੰਤਰਰਾਸ਼ਟਰੀ ਤਣਾਅ ਦੇ ਬਾਵਜੂਦ ਲੰਗਰ ਲਈ ਸਪਲਾਈ ਹੋ ਰਹੀ ਗੈਸ ਦੀ ਸਪਲਾਈ ਰਾਮਦਾਸ ਜੀ ਦੇ ਲੰਗਰ ਦੀ ਸੇਵਾ ਵਿਚ ਕਿਸੇ ਵੀ ਹਾਲਾਤ ਵਿਚ ਵਿਘਨ ਨਾ ਪਵੇ। ਮੈਨੇਜਰ ਭਗਵੰਤ ਸਿੰਘ ਧੰਗੇੜਾ ਨੇ ਦੱਸਿਆ ਕਿ ਸ੍ਰੀ ਹਰਿਮੰਦਰ ਸਾਹਿਬ ਵਿਖੇ ਭਾਰਤ ਅਤੇ ਵਿਦੇਸ਼ਾਂ ਤੋਂ ਲੱਖਾਂ ਸ਼ਰਧਾਲੂ ਰੋਜ਼ਾਨਾ ਦਰਸ਼ਨ ਕਰਨ ਲਈ ਪਹੁੰਚਦੇ ਹਨ ਅਤੇ ਲੰਗਰ ਛੱਕਦੇ ਹਨ। ਉਨ੍ਹਾਂ ਕਿਹਾ ਕਿ ਭਾਵੇਂ ਇਸ ਵੇਲੇ ਗੈਸ ਸਪਲਾਈ ਪੂਰੀ ਤਰ੍ਹਾਂ ਆਮ ਹੈ ਅਤੇ ਲੰਗਰ ਸੇਵਾ ਬਿਨਾਂ ਕਿਸੇ ਰੁਕਾਵਟ ਦੇ ਚੱਲ ਰਹੀ ਹੈ, ਪਰ ਕੇਂਦਰ ਸਰਕਾਰ ਨੂੰ ਭਵਿੱਖ ਵਿਚ ਕਿਸੇ ਵੀ ਸੰਭਾਵੀ ਸਥਿਤੀ ਬਾਰੇ ਪਹਿਲਾਂ ਹੀ ਸੂਚਿਤ ਕਰ ਦਿੱਤਾ ਗਿਆ ਹੈ। ਲੰਗਰ ਤਿਆਰ ਕਰਨ ਲਈ ਜ਼ਿਆਦਾਤਰ ਗੈਸ ਪਾਈਪਲਾਈਨਾਂ ਰਾਹੀਂ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਲੱਗਭੱਗ 25 ਤੋਂ 30 ਗੈਸ ਸਿਲੰਡਰ ਹਮੇਸ਼ਾ ਐਮਰਜੈਂਸੀ ਲਈ ਰਿਜ਼ਰਵ ਵਿਚ ਰੱਖੇ ਜਾਂਦੇ ਹਨ, ਇਹ ਯਕੀਨੀ ਬਣਾਉਂਦੇ ਹੋਏ ਕਿ ਲੰਗਰ ਸੇਵਾ ਵਿਚ ਵਿਘਨ ਨਾ ਪਵੇ। ਰੋਜ਼ਾਨਾ 1300 ਯੂਨਿਟ ਗੈਸ ਦੀ ਖਪਤ ਹੁੰਦੀ ਹੈ। ਸ਼ਰਧਾਲੂ ਇੱਥੇ ਸੇਵਾ ਦੀ ਭਾਵਨਾ ਨਾਲ ਆਉਂਦੇ ਹਨ ਅਤੇ ਲੰਗਰ ਤਿਆਰ ਕਰਦੇ ਹਨ ਅਤੇ ਸੰਗਤ ਨੂੰ ਪ੍ਰਸ਼ਾਦ ਵਰਤਾਉਂਦੇ ਹਨ। ਇਸੇ ਕਰਕੇ ਇਹ ਲੰਗਰ ਸੇਵਾ ਅਤੇ ਭਾਈਚਾਰਕ ਸਾਂਝ ਦਾ ਸੰਦੇਸ਼ ਦੀ ਦਿੰਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦਾ ਲੰਗਰ ਹਰ ਹਾਲਾਤ ਵਿਚ ਚੱਲਦਾ ਰਿਹਾ ਹੈ। ਕੁਦਰਤੀ ਆਫਤਾਂ, ਰਾਜਨੀਤਿਕ ਉਥਲ-ਪੁਥਲ ਜਾਂ ਵਿਸ਼ਵਵਿਆਪੀ ਸੰਕਟ ਹੋਵੇ ਲੰਗਰ ਸੇਵਾ ਕਦੇ ਨਹੀਂ ਰੁਕੀ।

## ਬਾਬਾ ਦੀਪ ਸਿੰਘ ਜੀ ਚੈਰੀਟੇਬਲ ਸੋਸਾਇਟੀ ਨੇ ਲੋੜਵੰਦ ਪਰਿਵਾਰਾਂ ਨੂੰ ਮਹੀਨਾਵਾਰ ਰਾਸ਼ਨ ਵੰਡਿਆ

ਧਾਰੀਵਾਲ, 14 ਮਾਰਚ ( ਅਸ਼ੋਕ ਕੁਮਾਰ):- ਪੈਰਿਸ ਦੀਆਂ ਨਾਨਕ ਨਾਮ ਲੇਵਾ ਸੰਗਤਾਂ ਆਪਣੀ ਨੇਕ ਕਮਾਈ ਦਾ ਦਸਵੰਧ ਹਰ ਮਹੀਨੇ ਭੇਜਦੀਆਂ ਹਨ, ਜਿਸ ਨਾਲ ਧੰਨ ਧੰਨ ਬਾਬਾ ਦੀਪ ਸਿੰਘ ਜੀ ਚੈਰੀਟੇਬਲ ਸੋਸਾਇਟੀ ਗੁਰਦਾਸਪੁਰ ਵੱਲੋਂ ਕਰੀਬ 50 ਲੋੜਵੰਦ ਪਰਿਵਾਰਾਂ ਨੂੰ ਮਹੀਨਾ-ਵਾਰ ਰਾਸ਼ਨ ਦੀ ਸੇਵਾ ਨਿਭਾਈ ਗਈ। ਇਸ ਮੌਕੇ 'ਤੇ ਪ੍ਰਧਾਨ ਨਿਰਮਲ ਸਿੰਘ ਸਰਪੰਚ ਪਿੰਡ ਮਾੜ੍ਹੇ,ਰਵਿੰਦਰ ਸਿੰਘ ਮਹਾਂਦੇਵ ਕਲ੍ਹਾ, ਕੈਸ਼ੀਅਰ ਤਰਸੇਮ ਸਿੰਘ ਬੇਦੀ, ਮਨਵਿੰਦਰ ਸਿੰਘ, ਗੁਰਪ੍ਰੀਤ ਸਿੰਘ,ਦਲਵਿੰਦਰ ਸਿੰਘ ਆਦਿ ਸੇਵਾਦਾਰਾਂ ਨੇ ਦੱਸਿਆ ਕਿ ਪੰਜਾਬ ਦੇ ਲੋਕ ਵਿਦੇਸ਼ਾਂ ਵਿੱਚ ਸਖ਼ਤ ਮਿਹਨਤ ਕਰਦੇ ਹਨ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਕਥਨ ਕਿਰਤ ਕਰੋ ਨਾਮ ਜਪੋ, ਵੰਡ ਛੱਕੋ ਦੇ ਉਪਦੇਸ਼ ਤਹਿਤ ਆਪਣੀ ਨੇਕ ਕਮਾਈ ਦਾ ਦਸਵੰਧ ਭੇਜਦੇ ਹਨ, ਜਿਸ ਨਾਲ ਮਾਨਵਤਾ ਦੇ ਭੱਲੇ ਲਈ ਅਨੇਕ ਪ੍ਰਕਾਰ ਦੀਆਂ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ। ਉਨ੍ਹਾਂ ਨੇ ਦੱਸਿਆ ਕਿ ਇਸ ਮਹੀਨੇ ਦੀ ਸੇਵਾ ਸਰਦਾਰ ਮਨਜੀਤ ਸਿੰਘ ਜੀ ਦੀ ਪ੍ਰੇਰਨਾ ਸਦਕਾ ਡਾਕਟਰ ਲਖਵਿੰਦਰ ਸਿੰਘ ਜੀ, ਸਰਦਾਰ ਰਣਜੋਧ ਸਿੰਘ ਜੀ, ਕੰਵਰ ਦਲੀਪ ਸਿੰਘ ਉਰਫ ਕੈਂਡੀ ਜੀ,ਹਰਦੀਪ ਸਿੰਘ ਜੀ, ਮਿੰਟ ਪਹਿਲਵਾਨ ਜੀ, ਗੋਪੀ, ਪ੍ਰੀਤ ਲਵ ਆਦਿ ਸਾਰੇ ਪੈਰਿਸ ਵਾਲਿਆਂ ਵੱਲੋਂ ਭੇਜੀ ਗਈ ਜਿਸ ਮਾਰਚ ਮਹੀਨੇ ਦੀਆਂ ਸੇਵਾਵਾਂ ਨਿਭਾਈਆਂ ਗਈਆਂ। ਸੋਸਾਇਟੀ ਮੈਂਬਰਾਂ ਨੇ ਆਪਣੀ ਸੋਸਾਇਟੀ ਦਾ ਮੋਬਾਇਲ ਨੰਬਰ 82880 98821 ਜਾਰੀ ਕਰਦੇ ਹੋਏ ਅਪੀਲ ਕੀਤੀ ਕਿ ਕੋਈ ਵੀ ਵਿਅਕਤੀ ਸੋਸਾਇਟੀ ਸਬੰਧੀ ਜਾਣਕਾਰੀ ਹਾਸਿਲ ਕਰ ਸਕਦਾ ਹੈ।ਲੋੜਵੰਦ ਪਰਿਵਾਰ ਸੇਵਾ ਲੈਣ ਲਈ ਅਤੇ ਦਾਨੀ ਸੱਜਣਾਂ ਸੇਵਾ ਕਰਨ ਲਈ ਜੁੜਨਾ ਚਾਹੁੰਦਾ ਹੈ ਤਾਂ ਸੋਸਾਇਟੀ ਵੱਲੋਂ ਉਨ੍ਹਾਂ ਦਾ ਸਵਾਗਤ ਹੈ । ਸੋਸਾਇਟੀ ਆਹੁਦੇਦਾਰਾਂ ਨੇ ਦੱਸਿਆ ਕਿ 15 ਮਾਰਚ ਨੂੰ ਧੰਨ ਧੰਨ ਬਾਬਾ ਦੀਪ ਸਿੰਘ ਚੈਰੀਟੇਬਲ ਸੋਸਾਇਟੀ ਦੇ ਸਰਪ੍ਰਸਤ ਮਾਸਟਰ ਨਿਰੰਜਨ ਸਿੰਘ ਦੀ ਸਾਲਾਨਾ ਬਰਸੀ ਗੁਰਦੁਆਰਾ ਸੰਤ ਬਾਬਾ ਟਹਿਲ ਸਿੰਘ ਗੁਰਦਾਸਪੁਰ ਵਿਖੇ ਮਨਾਈ ਜਾ ਰਹੀ ਹੈ । ਸੰਗਤਾਂ ਨੂੰ ਬਰਸੀ ਸਮਾਗਮ ਵਿੱਚ ਪਹੁੰਚਣ ਦੀ ਕੀਤੀ ਅਪੀਲ ।

## ਅਕਾਲੀ ਸਰਪੰਚ ਬਲਬੀਰ ਕੌਰ ਹੋਰ ਆਗੂਆਂ ਸਮੇਤ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਏ



ਜੰਡਿਆਲਾ ਗੁਰੂ, 14 ਮਾਰਚ (ਰਾਮ ਸ਼ਰਨਜੀਤ ਸਿੰਘ) : ਪੰਜਾਬ ਸਰਕਾਰ ਵੱਲੋਂ ਸੂਬੇ ਦੇ ਕਰਵਾਏ ਜਾ ਰਹੇ ਸਰਬਪੱਖੀ ਵਿਕਾਸ ਤੋਂ ਪ੍ਰਭਾਵਿਤ ਹੋ ਕੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਗਹਿਰੀ ਮੰਡੀ ਤੋਂ ਸਰਪੰਚ ਸ੍ਰੀਮਤੀ ਬਲਬੀਰ ਕੌਰ ਸਮੂਹ ਪੰਚਾਇਤ ਅਤੇ ਹੋਰ ਵੱਡੀ ਗਿਣਤੀ ਵਿੱਚ ਪਰਿਵਾਰਾਂ ਸਮੇਤ ਅਕਾਲੀ ਦਲ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ। ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਅਤੇ ਸੂਬੇ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਇਨ੍ਹਾਂ ਆਗੂਆਂ ਦਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ, ਕਿ ਆਮ ਆਦਮੀ ਪਾਰਟੀ ਵਿੱਚ ਇਨ੍ਹਾਂ ਨੂੰ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿਛਲੇ ਚਾਰ ਸਾਲਾਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੀਆਂ ਸਾਰੀਆਂ ਗਰੰਟੀਆਂ ਪੂਰੀਆਂ ਕਰ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਨਾ ਕੇਵਲ ਗਰੰਟੀਆਂ ਪੂਰੀਆਂ ਕੀਤੀਆਂ ਗਈਆਂ ਹਨ, ਬਲਕਿ ਉਹ ਸਹੂਲਤਾਂ ਨੂੰ ਦਿੱਤੀਆਂ ਗਈਆਂ ਹਨ। ਜਿਨ੍ਹਾਂ ਦਾ ਵਾਅਦਾ ਪਾਰਟੀ ਨੇ ਚੋਣਾਂ ਵਿੱਚ ਨਹੀਂ ਕੀਤਾ ਸੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਆਪਣੀ ਕਹਿਣੀ ਤੇ ਕਥਨੀ ਦੀ ਪੂਰੀ ਹੈ ਅਤੇ ਇਹੀ ਕਾਰਨ ਹੈ ਕਿ ਸਹਿਰਦ ਆਗੂ ਦੂਜੀਆਂ ਪਾਰਟੀਆਂ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ।ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਸੂਬਾ ਵਾਸੀਆਂ ਨੂੰ 300 ਯੂਨਿਟ ਹਰ ਮਹੀਨੇ ਮੁਫ਼ਤ ਬਿਜਲੀ ਸਹੂਲਤ ਨਾਲ 90 ਫੀਸਦੀ ਤੋਂ ਵੱਧ ਖ਼ਪਤਕਾਰਾਂ ਨੂੰ ਜ਼ੀਰੋ ਬਿੱਲ ਆ ਰਹੇ ਹਨ। ਉਨ੍ਹਾਂ ਕਿਹਾ ਕਿ ਪਿੱਛਲੇ ਚਾਰ ਸਾਲਾਂ ਵਿੱਚ ਮਾਨ ਸਰਕਾਰ ਵੱਲੋਂ ਨੌਜਵਾਨਾਂ ਨੂੰ 65000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਹਾਲ ਹੀ ਵਿੱਚ ਮਾਨ ਸਰਕਾਰ ਨੇ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਮੁਫ਼ਤ ਸਲਾਨਾ ਇਲਾਜ ਦੀ ਸਹੂਲਤ ਦੇਣ ਦੇ ਨਾਲ ਮਾਤਾਵਾਂ-ਭੈਣਾਂ ਨੂੰ ਹਰ ਮਹੀਨੇ 1000-1000 ਰੁਪਏ ਦਾ ਵਾਅਦਾ ਵੀ ਪੂਰਾ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸਿਹਤ ਤੇ ਸਿੱਖਿਆ ਖੇਤਰ ਵਿੱਚ ਨਵੀਂ ਕ੍ਰਾਂਤੀ ਲਿਆ ਕੇ ਇਨ੍ਹਾਂ ਖੇਤਰਾਂ ਦੀ ਨੁਹਾਰ ਬਦਲੀ ਗਈ ਹੈ।

## ਮੋਗਾ ਰੈਲੀ ਵਿੱਚ ਸ਼ਮੂਲੀਅਤ ਕਰਨ ਲਈ ਮਾਹਲ ਦੀ ਅਗਵਾਈ ਹੇਠ ਬੱਸਾਂ ਗਈਆਂ



ਚੋਗਾਵਾਂ, 14 ਮਾਰਚ (ਸੁਬੇਗ ਸਿੰਘ ਸੋਨਾ): ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਬਲਾਕ ਚੋਗਾਵਾਂ ਤੋਂ ਅੱਜ ਮੋਗਾ ਰੈਲੀ ਵਿੱਚ ਸ਼ਮੂਲੀਅਤ ਕਰਨ ਲਈ ਹਲਕਾ ਇੰਚਾਰਜ ਸਰਦਾਰ ਮੁਖਵਿੰਦਰ ਸਿੰਘ ਮਾਹਲ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਬੱਸਾਂ ਦਾ ਕਾਫਲਾ ਰਵਾਨਾ ਹੋਇਆ। ਇਸ ਮੌਕੇ ਸਰਕਲ ਪ੍ਰਧਾਨ ਸਕੱਤਰ ਸਿੰਘ ਫੌਜੀ ਚੋਗਾਵਾਂ ਵੱਲੋ ਜੈਕਾਰਿਆਂ ਦੀ ਗੂੰਜ ਵਿੱਚ ਭਾਜਪਾ ਵਰਕਰਾਂ ਨੂੰ ਬੱਸਾਂ ਵਿੱਚ ਰਵਾਨਾ ਕੀਤਾ ਗਿਆ। ਇਸ ਮੌਕੇ ਸਕੱਤਰ ਸਿੰਘ ਫੌਜੀ ਨੇ ਕਿਹਾ ਕਿ ਇਸ ਰੈਲੀ ਵਿਚ ਗ੍ਰਹਿ ਮੰਤਰੀ ਅਮਿਤ ਸ਼ਾਹ ਸੰਬੋਧਨ ਕਰਨਗੇ। ਇਹ ਬਦਲਾਅ ਰੈਲੀ ਪੰਜਾਬ ਦੀ ਰਾਜਨੀਤੀ ਵਿੱਚ ਨਵਾਂ ਮੋੜ ਲੈ ਕੇ ਆਵੇਗੀ। ਤੇ ਭਵਿੱਖ ਵਿੱਚ ਭਾਜਪਾ ਸਰਕਾਰ ਬਣਾਉਣ ਦੀ ਨੀਂਹ ਸਾਬਤ ਹੋਵੇਗੀ। ਇਸ ਮੌਕੇਂ ਜਨਰਲ ਸੈਕਟਰੀ ਸਾਹਿਬ ਸਿੰਘ ਬਹਿੜਵਾਲ, ਬਿਕਰਮਜੀਤ ਸਿੰਘ ਭੁੱਲਰ ਉਪ ਪ੍ਰਧਾਨ, ਸੁਖਚੈਨ ਸਿੰਘ ਖਿਆਲਾ ਜਰਨਲ ਸੈਕਟਰੀ, ਸਾਹਿਬ ਕੋਹਾਲੀ, ਸਰਤਾਜ ਸਿੰਘ ਪ੍ਰਧਾਨ, ਦਿਲਬਾਗ ਸਿੰਘ ਪ੍ਰਧਾਨ ਮਿੰਨੀ ਬੱਸ ਯੂਨੀਅਨ ਚੋਗਾਵਾਂ, ਜਗਜੀਤ ਸਿੰਘ ਓਠੀਆਂ ਸਰਕਲ ਪ੍ਰਧਾਨ, ਰੇਸ਼ਮ ਪ੍ਰੀਤ ਨਗਰ ਆਦਿ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਵਰਕਰ ਆਦਿ ਹਾਜ਼ਰ ਸਨ।

## ਬਾਬਾ ਬਕਾਲਾ ਸਾਹਿਬ ਵਿੱਚ ਕੌਮੀ ਲੋਕ ਅਦਾਲਤ 'ਚ ਹੋਇਆ 333 ਕੇਸਾਂ ਦਾ ਨਿਪਟਾਰਾ

ਬਾਬਾ ਬਕਾਲਾ ਸਾਹਿਬ 14 ਮਾਰਚ (ਬਲਰਾਜ ਸਿੰਘ ਰਾਜਾ)ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਜੀ ਦੀਆਂ ਹਦਾਇਤਾਂ ਅਨੁਸਾਰ ਸ੍ਰੀਮਤੀ ਜਤਿੰਦਰ ਕੌਰ ਜਿਲਾ ਸੇਸ਼ਨਜ ਜੱਜ-ਕਮ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਦੀ ਰਹਿਨੁਮਾਈ ਹੇਠ ਅਤੇ ਸ਼੍ਰੀ ਅਮਰਦੀਪ ਸਿੰਘ ਬੈਂਸ, ਸਿਵਲ ਜੱਜ-ਸਹਿਤ-ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜੀ ਦੇ ਯਤਨਾ ਸਦਕਾ ਅੱਜ ਸਬ ਡਵੀਜਨ ਕੋਰਟ ਬਾਬਾ ਬਕਾਲਾ ਸਾਹਿਬ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਨੈਸ਼ਨਲ ਲੋਕ ਅਦਾਲਤ ਵਿੱਚ ਦਿਵਾਨੀ ਅਤੇ ਫੌਜਦਾਰੀ ਕੇਸਾ ਤੋ ਇਲਾਵਾ ਚੈਕ ਬਾਊਂਸ, ਬੈਂਕ ਰਿਕਵਰੀ, ਜਮੀਨੀ ਵਿਵਾਦਾਂ, ਘਰੇਲੂ ਝਗੜੀਆਂ , ਟ੍ਰੈਫਿਕ ਚਲਾਨ ਅਤੇ ਹੋਰ ਤਕਰੀਬਨ ਸਾਰੇ ਕਿਸਮਾਂ ਦੇ ਕੇਸਾਂ ਦਾ ਨਿਪਟਾਰਾ ਕੀਤਾ ਗਿਆ। ਇਸ ਨੈਸ਼ਨਲ ਲੋਕ ਅਦਾਲਤ ਵਿੱਚ ਸਰਦਾਰ ਜਸਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਸੀਨੀਅਰ ਡਵੀਜ਼ਨ, ਮਿਸ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ ਜੂਨੀਅਰ ਡਵੀਜ਼ਨ , ਮਿਸ ਮਹਿਕਪ੍ਰੀਤ ਕੌਰ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਅਤੇ ਸ੍ਰੀ ਪਵਨਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਜੀ ਦੀਆ ਅਦਾਲਤਾ ਵੱਲੋਂ ਕੁੱਲ 421 ਕੇਸ ਸੁਣਵਾਈ ਵਾਸਤੇ ਰੱਖੇ ਗਏ ਸਨ, ਜਿਹਨਾਂ ਵਿੱਚੋਂ 333 ਕੇਸਾਂ ਦਾ ਆਪਸੀ ਰਾਜੀਨਾਮੇ ਨਾਲ ਨਿਪਟਾਰਾ ਕੀਤਾ ਗਿਆ ਅਤੇ 15 ਕਰੋੜ 31 ਲੱਖ 11 ਹਜਾਰ 826 ਰੁਪਏ ਦੇ ਅਵਾਰਡ ਪਾਸ ਕੀਤੇ ਗਏ। ਇਸ ਦੌਰਾਨ ਸਰਦਾਰ ਜਸਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਸੀਨੀਅਰ ਡਵੀਜ਼ਨ, ਮਿਸ ਰਮਨਦੀਪ ਕੌਰ ਜੁਡੀਸ਼ੀਅਲ ਮੈਜਿਸਟਰੇਟ , ਮਿਸ ਮਹਿਕਪ੍ਰੀਤ ਕੌਰ ਜੁਡੀਸ਼ੀਅਲ ਮੈਜਿਸਟ੍ਰੇਟ ਅਤੇ ਸ੍ਰੀ ਪਵਨਪ੍ਰੀਤ ਸਿੰਘ ਜੁਡੀਸ਼ੀਅਲ ਮੈਜਿਸਟ੍ਰੇਟ ਜੂਨੀਅਰ ਡਵੀਜ਼ਨ ਵੱਲੋਂ ਲੋਕਾਂ ਨੂੰ ਲੋਕ ਅਦਾਲਤ ਦੇ ਮਹੱਤਵ ਤੋ ਜਾਣੂ ਕਰਵਾਉਂਦੇ ਹੋਏ ਦੱਸਿਆ ਗਿਆ ਕੀ ਲੋਕ ਅਦਾਲਤ ਵਿੱਚ ਦੋਵਾਂ ਧਿਰਾਂ ਦਾ ਰਾਜੀਨਾਮੇ ਤਹਿਤ ਫੈਸਲਾ ਕਰਵਾਇਆ ਜਾਂਦਾ ਹੈ। ਲੋਕ ਅਦਾਲਤਾਂ ਰਾਹੀਂ ਸਸਤਾ ਤੇ ਛੇਤੀ ਇਨਸਾਫ ਮਿਲਦਾ ਹੈ। ਲੋਕ ਅਦਾਲਤਾਂ ਦੇ ਫੈਸਲੇ ਦੀ ਕੋਈ ਅਪੀਲ ਨਹੀ ਹੁੰਦੀ। ਦੋਹਾਂ ਧਿਰਾਂ ਵਿੱਚ ਪਿਆਰ ਵੱਧਦਾ ਹੈ। ਜਿਹੜੇ ਵਿਅਕਤੀ ਆਪਣੇ ਸਮਝੌਤੇ ਯੋਗ ਕੇਸਾਂ ਦਾ ਲੋਕ ਅਦਾਲਤ ਰਾਹੀਂ ਨਿਪਟਾਰਾ ਚਾਹੁੰਦੇ ਹਨ ਉਹ ਸਬੰਧਤ ਅਦਾਲਤ ਵਿੱਚ ਜਿੱਥੇ ਉਨਾਂ ਦਾ ਕੇਸ ਲੰਬਿਤ ਹੈ,ਆਪਣੀ ਅਰਜ਼ੀ ਲਗਾਂ ਸਕਦੇ ਹਨ ਜਾਂ ਨਵੇ ਮਾਮਲੀਆਂ ਦਾ ਨਿਪਟਾਰਾ ਲੋਕ ਅਦਾਲਤ ਰਾਹੀਂ ਕਰਵਾਉਣ ਲਈ ਸਬੰਧਤ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਾਂ ਉਪ ਮੰਡਲ ਕਾਨੂੰਨੀ ਸੇਵਾਵਾਂ ਕਮੇਟੀ ਦੇ ਦਫਤਰ ਵਿਖੇ ਆਪਣੀ ਅਰਜ਼ੀ ਦੇ ਸਕਦੇ ਹਨ।ਉਹਨਾ ਹੋਰ ਕਿਹਾ ਕਿ ਲੋਕ ਅਦਾਲਤ ਜਿਸ ਨੂੰ ਦੂਜੇ ਸ਼ਬਦਾ ਵਿੱਚ ਲੋਕ ਨਿਆਇਕ ਪ੍ਰਣਾਲੀ ਵੀ ਆਖਿਆ ਜਾਂਦਾ ਹੈ, ਦੇ ਰਾਹੀਂ ਆਮ ਜਨਤਾ ਆਪਣੇ ਵਿਚਾਰ ਖੁੱਲ ਕੇ ਪੇਸ਼ ਕਰ ਸਕਦੇ ਹਨ ਅਤੇ ਆਪਣੇ ਝਗੜੀਆਂ ਸਬੰਧੀ ਸਬੰਧਤ ਅਦਾਲਤ ਜਿੱਥੇ ਉਹਨਾ ਦਾ ਕੇਸ ਲੰਬਿਤ ਹੈ ਬਗੈਰ ਕਿਸੇ ਵਕੀਲ ਸਾਹਿਬਾਨ ਤੋਂ ਰੱਖ ਸਕਦੇ ਹਨ ਅਤੇ ਇਹਨਾਂ ਲੋਕ ਅਦਾਲਤਾਂ ਦੇ ਰਾਹੀਂ ਆਪਣੇ ਝਗੜੇ ਸ਼ਾਂਤ-ਮਈ ਢੰਗ ਨਾਲ, ਸ਼ਾਂਤ-ਮਈ ਵਾਤਾਵਰਨ ਵਿੱਚ ਮੁੱਕਾ ਸਕਦੇ ਹਨ।

## ਖਾਲਸਾ ਕਾਲਜ ਨਰਸਿੰਗ ਵਿਖੇ ਸਾਲਾਨਾ ਖੇਡ ਦਿਵਸ ਮਨਾਇਆ

### ਖੇਡਾਂ ਨਾਲ ਅਨੁਸ਼ਾਸਨ, ਸਹਿਯੋਗ ਅਤੇ ਟੀਮ ਵਰਕ ਦੀ ਭਾਵਨਾ ਪੈਦਾ ਹੁੰਦੀ : ਡਾ. ਅਮਰਿੰਦਰ ਸਿੰਘ



ਅੰਮ੍ਰਿਤਸਰ, 14 ਮਾਰਚ (ਗੁਰਦਿਆਲ ਸਿੰਘ/ਬਬਲੂ ਮਹਾਜਨ ):ਖਾਲਸਾ ਕਾਲਜ ਆਫ਼ ਨਰਸਿੰਗ ਵਿਖੇ ਸਾਲਾਨਾ ਖੇਡ ਦਿਵਸ ਮਨਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਏ ਗਏ ਉਕਤ ਪ੍ਰੋਗਰਾਮ ਮੌਕੇ ਲੰਬੀ ਛਾਲ, ਡਿਸਕਸ-ਥ੍ਰੋ, ਸ਼ਾਟ ਪੁਟ, ਸ਼ਤਰੰਜ, ਟੇਬਲ ਟੈਨਿਸ, ਕੈਰਮ, ਬੈਡਮਿੰਟਨ, ਦੌੜ, ਰੀਲੇਅ ਦੌੜ, ਜੈਵਲਿਨ-ਥ੍ਰੋ ਅਤੇ ਰੱਸਾਕਸ਼ੀ ਵਰਗੇ ਮੁਕਾਬਲੇ ਕਰਵਾਏ ਗਏ। ਇਸ ਮੌਕੇ ਮੱਖ ਮਹਿਮਾਨ ਵਜੋਂ ਪੁੱਜੇ ਡਾ. ਅਮਰਿੰਦਰ ਸਿੰਘ, ਵਿਭਾਗ ਦੇ ਮੁਖੀ, ਮਾਇਆਸ-ਜੀ. ਐਨ. ਡੀ. ਯੂ. ਖੇਡ ਵਿਗਿਆਨ ਅਤੇ ਮੈਡੀਸਨ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਪ੍ਰਿੰ: ਡਾ. ਅਮਨਪ੍ਰੀਤ ਕੌਰ ਨਾਲ ਮਿਲ ਕੇ ਸਮਾਗਮ ਦਾ ਉਦਘਾਟਨ ਕੀਤਾ। ਇਸ ਮੌਕੇ ਕਾਲਜ ਦੀ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਨੇ ਡਾ. ਅਮਰਿੰਦਰ ਸਿੰਘ ਦਾ ਸਵਾਗਤ ਕਰਨ ਉਪਰੰਤ ਵਿਦਿਆਰਥੀਆਂ 'ਚ ਅਨੁਸ਼ਾਸਨ, ਲੀਡਰਸ਼ਿਪ ਗੁਣਾਂ ਨੂੰ ਵਿਕਸਿਤ ਕਰਨ ਅਤੇ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨ 'ਚ ਖੇਡਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਖੇਡਾਂ ਮਨੁੱਖੀ ਜੀਵਨ ਲਈ ਬਹੁਤ ਜਰੂਰੀ ਹਨ। ਖੇਡਾਂ ਨਾਲ ਸਰੀਰ ਤੰਦਰੁਸਤ ਰਹਿੰਦਾ ਹੈ ਅਤੇ ਮਨ ਨੂੰ ਵੀ ਤਾਜ਼ਗੀ ਮਿਲਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ 'ਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਾ. ਅਮਰਿੰਦਰ ਸਿੰਘ ਨੇ ਕਿਹਾ ਕਿ ਖੇਡਾਂ ਨਾਲ ਅਨੁਸ਼ਾਸਨ, ਸਹਿਯੋਗ ਅਤੇ ਟੀਮ ਵਰਕ ਦੀ ਭਾਵਨਾ ਪੈਦਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਅੱਜ-ਕੱਲ੍ਹ ਮੋਬਾਈਲ ਅਤੇ ਟੈਲੀਵਿਜ਼ਨ ਦੇ ਕਾਰਨ ਬੱਚੇ ਬਾਹਰ ਖੇਡਣ ਦੀ ਬਜਾਏ ਘਰ 'ਚ ਹੀ ਜ਼ਿਆਦਾ ਸਮਾਂ ਬਿਤਾਉਂਦੇ ਹਨ। ਇਸ ਨਾਲ ਉਨ੍ਹਾਂ ਦੀ ਸਿਹਤ 'ਤੇ ਬੁਰਾ ਅਸਰ ਪੈਂਦਾ ਹੈ। ਉਨ੍ਹਾਂ ਕਿਹਾ ਕਿ ਖੇਡ ਦਿਵਸ ਸਾਨੂੰ ਯਾਦ ਦਿਵਾਉਂਦਾ ਹੈ ਕਿ ਸਿਹਤਮੰਦ ਰਹਿਣ ਲਈ ਖੇਡਾਂ ਬਹੁਤ ਜ਼ਰੂਰੀ ਹਨ, ਜੇਕਰ ਅਸੀਂ ਹਰ ਰੋਜ਼ ਕੁਝ ਸਮਾਂ ਖੇਡਾਂ ਲਈ ਕੱਢੀਏ ਤਾਂ ਅਸੀਂ ਤੰਦਰੁਸਤ ਅਤੇ ਖੁਸ਼ ਰਹਿ ਸਕਦੇ ਹਾਂ। ਇਸ ਮੌਕੇ ਉਨ੍ਹਾਂ ਨਰਸਿੰਗ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸਮੁੱਚੇ ਸਰੀਰਿਕ ਅਤੇ ਮਾਨਸਿਕ ਵਿਕਾਸ ਲਈ ਅਕਾਦਮਿਕ ਅਤੇ ਖੇਡਾਂ ਵਿਚਕਾਰ ਸੰਤੁਲਨ ਬਣਾਈ ਰੱਖਣ ਲਈ ਉਤਸ਼ਾਹਿਤ ਕੀਤਾ।ਇਸ ਮੌਕੇ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਕਿਹਾ ਕਿ ਸਮਾਗਮ 'ਚ ਸਮੂਹ ਵਿਭਾਗਾਂ ਦੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਦੇਖਣ ਨੂੰ ਮਿਲੀ, ਜਿਸ ਨਾਲ ਇਹ ਇਕ ਜੀਵੰਤ ਅਤੇ ਊਰਜਾਵਾਨ ਸਮਾਂ ਬਣ ਗਿਆ। ਉਨ੍ਹਾਂ ਕਿਹਾ ਕਿ 2 ਰੋਜ਼ਾ ਉਕਤ ਸਮਾਗਮ ਮੌਕੇ ਕਈ ਤਰ੍ਹਾਂ ਦੇ ਇਨਡੋਰ ਅਤੇ ਆਊਟਡੋਰ ਖੇਡ ਸਮਾਗਮ ਆਯੋਜਿਤ ਕੀਤੇ ਗਏ, ਜਿਨ੍ਹਾਂ 'ਚ ਇਨਡੋਰ ਮੁਕਾਬਲਿਆਂ 'ਚ ਸ਼ਤਰੰਜ, ਟੇਬਲ ਟੈਨਿਸ, ਕੈਰਮ, ਬੈਡਮਿੰਟਨ ਅਤੇ ਆਊਟਡੋਰ ਐਥਲੈਟਿਕ ਸਮਾਗਮਾਂ 'ਚ 100 ਮੀਟਰ ਦੌੜ, ਰੀਲੇਅ ਦੌੜ, ਲੰਬੀ ਛਾਲ, ਡਿਸਕਸ-ਥ੍ਰੋ, ਸ਼ਾਟ ਪੁਟ, ਜੈਵਲਿਨ-ਥ੍ਰੋ ਅਤੇ ਰੱਸਾਕਸ਼ੀ ਸ਼ਾਮਿਲ ਸੀ। ਉਨ੍ਹਾਂ ਕਿਹਾ ਕਿ ਉਕਤ ਸਮਾਗਮ ਸਹਾਇਕ ਅਸਿਸਟੈਂਟ ਪ੍ਰੋਫੈਸਰ ਕਵਲਜੀਤ ਕੌਰ, ਨਰਸਿੰਗ ਟਿਊਟਰ ਲਵਪ੍ਰੀਤ ਕੌਰ ਦੀ ਦੇਖ-ਰੇਖ ਹੇਠ ਕਰਵਾਇਆ ਗਿਆ, ਜਿਸ 'ਚ ਵਿਦਿਆਰਥੀਆਂ ਨੇ ਸ਼ਾਨਦਾਰ ਦ੍ਰਿੜਤਾ, ਟੀਮ ਵਰਕ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਕਿਹਾ ਕਿ ਇਸ ਮੌਕੇ ਬੀ. ਐਸ. ਸੀ ਨਰਸਿੰਗ ਤੀਜੇ ਸਮੈਸਟਰ ਦੀ ਵਿਦਿਆਰਥਣ ਪੁਨੀਤ ਕੌਰ ਨੇ ਸੁੰਦਰ ਕਵਿਤਾ ਨਾਲ ਧਿਆਨ ਕੇਂਦਰਿਤ ਕੀਤਾ। ਉਨ੍ਹਾਂ ਕਿਹਾ ਕਿ ਸਮਾਰੋਹ ਦੌਰਾਨ ਸਰਵੋਤਮ ਐਥਲੀਟ (ਪੁਰਸ਼) ਪੁਰਸਕਾਰ ਪੋਸਟ ਬੇਸਿਕ ਬੀ.ਐਸ.ਸੀ ਨਰਸਿੰਗ ਦੂਜੇ ਸਾਲ ਦੇ ਵਿਦਿਆਰਥੀ ਕੰਵਰਜੀਤ ਸਿੰਘ ਨੂੰ ਦਿੱਤਾ ਗਿਆ, ਜਦੋਂ ਕਿ ਸਰਵੋਤਮ ਐਥਲੀਟ (ਔਰਤ) ਪੁਰਸਕਾਰ ਜੀ. ਐਨ. ਐਮ ਦੂਜੇ ਸਾਲ ਦੀ ਵਿਦਿਆਰਥਣ ਸੁਖਮਨਪ੍ਰੀਤ ਕੌਰ ਨੇ ਪ੍ਰਾਪਤ ਕੀਤਾ। ਇਸ ਸਮਾਰੋਹ ਦੇ ਇਨਾਮ ਵੰਡ ਮੌਕੇ ਡਾ. ਅਮਰਿੰਦਰ ਸਿੰਘ ਨੇ ਪ੍ਰਿੰ: ਡਾ. ਅਮਨਪ੍ਰੀਤ ਕੌਰ ਨਾਲ ਮਿਲ ਕੇ ਜੇਤੂਆਂ ਨੂੰ ਮੈਡਲ, ਟਰਾਫੀਆਂ ਅਤੇ ਸਰਟੀਫਿਕੇਟ ਭੇਂਟ ਕਰਕੇ ਸਨਮਾਨਿਤ ਕੀਤਾ।

## ਮੋਗਾ ਵਿੱਚ ਭਾਜਪਾ ਰੈਲੀ ਦਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਵਿਰੋਧ




ਅੰਮਿਤਸਰ, 14 ਮਾਰਚ (ਬਬਲੂ ਮਹਾਜਨ) :ਅੱਜ ਮੋਗਾ ਵਿੱਚ ਹੋਈ ਭਾਜਪਾ ਦੀ ਰੈਲੀ ਦਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਡਟਵਾਂ ਵਿਰੋਧ ਕੀਤਾ ਗਿਆ। ਇਸ ਮੌਕੇ ਪਾਰਟੀ ਨੇ ਦੋਸ਼ ਲਗਾਇਆ ਕਿ ਪੁਲਿਸ ਨੇ ਬਿਨਾਂ ਕਿਸੇ ਕਾਨੂੰਨੀ ਕਾਰਵਾਈ ਦੇ ਪਾਰਟੀ ਦੇ ਕਈ ਆਗੂਆਂ ਨੂੰ ਗੈਰ ਢੰਗ ਨਾਲ ਗ੍ਰਿਫਤਾਰ ਕਰ ਲਿਆ।ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਆਗੂਆਂ ਮੁਤਾਬਕ ਪਾਰਟੀ ਦੇ ਕੌਮੀ ਜਨਰਲ ਸਕੱਤਰ ਹਰਪਾਲ ਸਿੰਘ ਬਲੇਰ, ਜਥੇਬੰਦਕ ਸਕੱਤਰ ਜਸਬੀਰ ਸਿੰਘ ਬਚੜੇ, ਮੀਤ ਪ੍ਰਧਾਨ ਤਰਨ ਤਾਰਨ ਦਿਲਬਾਗ ਸਿੰਘ ਸ਼ੇਰੋ ਅਤੇ ਚਾਨਣ ਸਿੰਘ ਨੂੰ ਪੁਲਿਸ ਨੇ ਮੋਗਾ ਨੇੜੇ ਪਿੰਡ ਚੂਹੜਚੱਕ ਤੋਂ ਗ੍ਰਿਫਤਾਰ ਕਰ ਲਿਆ।ਇਸ ਮੌਕੇ ਗੱਲਬਾਤ ਕਰਦਿਆਂ ਕੌਮੀ ਜਨਰਲ ਸਕੱਤਰ ਹਰਪਾਲ ਸਿੰਘ ਬਲੇਰ ਨੇ ਕਿਹਾ ਕਿ ਭਾਜਪਾ ਦੀਆਂ ਨੀਤੀਆਂ ਕਾਰਨ ਵਿਦੇਸ਼ਾਂ ਵਿੱਚ ਸਿੱਖਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾਂ ਇਹ ਵੀ ਦੋਸ਼ ਲਗਾਇਆ ਕਿ ਕੇਂਦਰ ਸਰਕਾਰ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਵੀ ਨਹੀਂ ਕਰਵਾਈਆਂ ਜਾ ਰਹੀਆਂ, ਜੋ ਸਿੱਖ ਕੌਮ ਦੇ ਹੱਕਾਂ ਦੀ ਉਲੰਘਣਾ ਹੈ।ਉਨ੍ਹਾਂ ਕਿਹਾ ਕਿ ਅੱਜ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਵਰਕਰ ਸ਼ਾਂਤੀਪੂਰਵਕ ਢੰਗ ਨਾਲ ਆਪਣੀ ਗੱਲ ਰੱਖਣ ਲਈ ਭਾਜਪਾ ਦੀ ਰੈਲੀ ਵੱਲ ਜਾ ਰਹੇ ਸਨ, ਪਰ ਪੁਲਿਸ ਨੇ ਉਨ੍ਹਾਂ ਨੂੰ ਪਿੰਡ ਚੂਹੜਚੱਕ ਤੋਂ ਗ੍ਰਿਫਤਾਰ ਕਰ ਲਿਆ। ਉਨ੍ਹਾਂ ਦੋਸ਼ ਲਗਾਇਆ ਕਿ ਬਿਨਾਂ ਕਿਸੇ ਵਾਰੰਟ ਜਾਂ ਤਹਿਕੀਕਾਤ ਤੋਂ ਉਨ੍ਹਾਂ ਨੂੰ ਲੋਪੋ ਚੌਕੀ ਵਿੱਚ ਰੱਖਿਆ ਗਿਆ।ਪਾਰਟੀ ਆਗੂਆਂ ਨੇ ਇਸ ਕਾਰਵਾਈ ਨੂੰ ਲੋਕਤੰਤਰਿਕ ਹੱਕਾਂ ਦੀ ਉਲੰਘਣਾ ਦੱਸਦਿਆਂ ਕਿਹਾ ਕਿ ਸ਼ਾਂਤੀਪੂਰਵਕ ਵਿਰੋਧ ਕਰਨਾ ਹਰ ਨਾਗਰਿਕ ਦਾ ਅਧਿਕਾਰ ਹੈ ਅਤੇ ਇਸ ਤਰ੍ਹਾਂ ਦੀਆਂ ਗ੍ਰਿਫਤਾਰੀਆਂ ਨਾਲ ਸੱਚ ਦੀ ਆਵਾਜ਼ ਨੂੰ ਦਬਾਇਆ ਨਹੀਂ ਜਾ ਸਕਦਾ।

# ਪ੍ਰੇਮ ਸਿੰਘ ਅਕਾਲੀ ਦਲ ਐਸਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ

## ☛ਸੰਜੀਵ ਤਲਵਾੜ ਵੱਲੋਂ ਸਵਾਗਤ

ਹੁਸ਼ਿਆਰਪੁਰ, 14 ਮਾਰਚ (ਦੀਪਕ ਅਗਨੀਹੋਤਰੀ): ਸ਼੍ਰੋਮਣੀ ਅਕਾਲੀ ਦਲ ਦੇ ਜਥੇਬੰਦਕ ਢਾਂਚੇ ਵਿੱਚ ਵਾਧਾ ਕਰਦਿਆਂ ਪਾਰਟੀ ਹਾਈਕਮਾਂਡ ਵੱਲੋਂ ਸਾਬਕਾ ਡਿਪਟੀ ਮੇਅਰ ਪ੍ਰੇਮ ਸਿੰਘ ਪਿਪਲਾ ਵਾਲਾ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦੇ ਅਨੁਸੂਚਿਤ ਜਾਤੀ ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਸਹਿਮਤੀ ਨਾਲ ਐਸਸੀ ਵਿੰਗ ਪੰਜਾਬ ਦੇ ਪ੍ਰਧਾਨ ਗੁਲਜ਼ਾਰ ਸਿੰਘ ਰਣਿਕੇ ਵੱਲੋਂ ਕੀਤੀ ਗਈ।ਇਸ ਨਿਯੁਕਤੀ ਦਾ ਨਿੱਘਾ ਸਵਾਗਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਸੰਜੀਵ ਤਲਵਾੜ ਨੇ ਪ੍ਰੇਮ ਸਿੰਘ ਪਿਪਲਾ ਵਾਲਾ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਪ੍ਰੇਮ ਸਿੰਘ ਨੇ ਹਮੇਸ਼ਾ ਹੀ ਪਾਰਟੀ ਦੀ ਚੜ੍ਹਦੀਕਲਾ ਲਈ ਮੋਹਰੀ ਹੋ ਕੇ ਯੋਗਦਾਨ ਪਾਇਆ ਹੈ। ਉਨ੍ਹਾਂ ਦੀ ਅਗਵਾਈ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਅੰਦਰ ਅਕਾਲੀ ਦਲ ਦਾ ਆਧਾਰ ਹੋਰ ਵਧੇਰੇ ਮਜ਼ਬੂਤ ਹੋਵੇਗਾ। ਤਲਵਾੜ ਨੇ ਵਿਸ਼ਵਾਸ ਜਤਾਇਆ ਕਿ ਪ੍ਰੇਮ ਸਿੰਘ ਦੇ ਲੰਬੇ ਸਿਆਸੀ ਤਜਰਬੇ ਦਾ ਲਾਭ ਪਾਰਟੀ ਨੂੰ ਆਉਂਦੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੱਡੇ ਪੱਧਰ 'ਤੇ ਮਿਲੇਗਾ।



# ਨੈਸ਼ਨਲ ਲੋਕ ਅਦਾਲਤ 'ਚ 13010 ਕੇਸਾਂ ਦਾ ਨਿਪਟਾਰਾ, 63673270 ਰੁਪਏ ਦੇ ਐਵਾਰਡ ਪਾਸ

ਗੁਰਦਾਸਪੁਰ, 14 ਮਾਰਚ (ਜਗੀਰ ਸਿੰਘ ਮੰਡ/ਨਾਹਰ): ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਮਾਣਯੋਗ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ, ਜੱਜ ਪੰਜਾਬ ਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਦੀਆਂ ਹਦਾਇਤਾਂ ਮੁਤਾਬਿਕ ਤੇ ਦਿਲਬਾਗ ਸਿੰਘ ਜੌਹਲ, ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਰਪ੍ਰੀਤ ਸਿੰਘ, ਮਾਣਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੁਆਰਾ ਸੈਸ਼ਨਜ਼ ਡਵੀਜ਼ਨ, ਗੁਰਦਾਸਪੁਰ ਅਧੀਨ ਸਮੂਹ ਨਿਆਂਇਕ ਅਦਾਲਤਾਂ ਗੁਰਦਾਸਪੁਰ ਤੇ ਸਬ-ਡਵੀਜ਼ਨ, ਬਟਾਲਾ ਵੱਲੋਂ ਕੇਸਾਂ ਦੇ ਨਿਪਟਾਰੇ ਲਈ ਨੈਸ਼ਨਲ ਲੋਕ ਅਦਾਲਤ ਲਗਾਈਆਂ ਗਈਆਂ।ਇਸ ਨੈਸ਼ਨਲ ਲੋਕ ਅਦਾਲਤ ਲਈ ਗੁਰਦਾਸਪੁਰ ਤੇ ਬਟਾਲਾ ਵਿਖੇ ਦੇ ਨਿਆਂਇਕ ਅਧਿਕਾਰੀਆਂ ਦੇ ਕੁੱਲ 21 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ।ਇਸ ਨੈਸ਼ਨਲ ਲੋਕ ਅਦਾਲਤ ਵਿੱਚ ਫੌਜਦਾਰੀ, ਚੈਕ ਬਾਊਂਸ, ਬੈਂਕਾਂ ਦੇ ਕੇਸ, ਐਕਸੀਡੈਂਟ ਕਲੇਮ ਕੇਸ ਤੇ ਪਰਿਵਾਰਕ ਝਗੜੇ ਆਦਿ ਕਿਸਮਾਂ ਦੇ ਕੇਸ ਲਗਾਏ ਜਾਂਦੇ ਹਨ। ਇਸ ਤੋਂ ਇਲਾਵਾ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਪ੍ਰੀ-ਲੀਟੀਗੇਟਿਵ ਕੇਸ ਜਿਵੇਂ ਕਿ ਬੈਂਕ ਰਿਕਵਰੀ ਕੇਸ, ਜਲ ਸਪਲਾਈ, ਲੇਬਰ ਆਦਿ ਕੇਸ ਵੀ ਲਗਾਏ ਜਾਂਦੇ ਹਨ। ਇਸ ਲੋਕ ਅਦਾਲਤ ਵਿੱਚ ਰਾਜ਼ੀਨਾਮਾ ਹੋਣ ਯੋਗ ਕੇਸਾਂ ਦੇ ਨਿਪਟਾਰੇ ਲਈ 16246 ਕੇਸ ਸੁਣਵਾਈ ਲਈ ਰੱਖੇ ਗਏ, ਜਿਨ੍ਹਾਂ ਵਿੱਚੋਂ 13010 ਕੁੱਲ ਕੇਸਾਂ ਦਾ ਨਿਪਟਾਰਾ ਦੋਹਾਂ ਧਿਰਾਂ ਦੀ ਆਪਸੀ ਸਹਿਮਤੀ ਰਾਹੀਂ ਕਰਵਾਇਆ ਗਿਆ ਤੇ 63673270/- ਰੁਪਏ ਦੀ ਰਕਮ ਦੇ ਐਵਾਰਡ ਪਾਸ ਕੀਤੇ ਗਏ। ਇਸ ਸਬੰਧੀ ਹਰਪ੍ਰੀਤ ਸਿੰਘ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਨੇ ਦੱਸਿਆ ਕਿ ਲੋਕ ਅਦਾਲਤ ਦਾ ਮੁੱਖ ਮਨੋਰਥ ਦੋਵੇਂ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਹੈ ਤਾਂ ਜੋ ਧਿਰਾਂ ਦੇ ਕੀਮਤੀ ਸਮੇਂ ਤੇ ਧੰਨ ਦੀ ਬੱਚਤ ਹੋ ਸਕੇ ਤੇ ਆਪਸੀ ਦੁਸ਼ਮਣੀ ਘਟਾਈ ਜਾ ਸਕੇ।



# ਵਿਧਾਇਕ ਕਲਸੀ ਦੀ ਅਗਵਾਈ ਹੇਠ ਮਹਿਲਾਵਾਂ-ਧੀਆਂ ਲਈ 1000 ਤੇ 1500 ਰੁਪਏ ਐਲਾਨ 'ਤੇ ਜਾਗੋ ਕੱਢੀ

ਬਟਾਲਾ/ਅੱਚਲ ਸਾਹਿਬ, 14 ਮਾਰਚ (ਬਲਵਿੰਦਰ ਸਿੰਘ ਪੰਜਗਰਾਈਂ/ ਜੁਗਰਾਜ ਸਿੰਘ ਖ਼ਾਲਸਾ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਵਿਖੇ ਮਹਿਲਾਵਾਂ-ਧੀਆਂ ਲਈ 1000 ਤੇ 1500 ਰੁਪਏ ਮਹੀਨਾਵਾਰ ਸਤਿਕਾਰ ਐਲਾਨ 'ਤੇ ਜਾਗੋ ਕੱਢੀ ਗਈ ਤੇ ਮਹਿਲਾਵਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਚੇਅਰਮੈਨ ਮਾਨਿਕ ਮਹਿਤਾ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਜ਼ਿਲ੍ਹੇ ਭਰ ਦੇ ਵਿਧਾਨ ਸਭਾ ਹਲਕਿਆਂ ਵਿੱਚ ਮਾਵਾਂ ਤੇ ਭੈਣਾਂ ਵੱਲੋਂ ਪੰਜਾਬ ਸਰਕਾਰ ਦੇ ਉਪਰਾਲਿਆਂ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਹਿਲਾਵਾਂ ਦੇ ਸਤਿਕਾਰ ਵਜੋਂ 1000 ਤੇ 1500 ਰੁਪਏ ਪ੍ਰਤੀ ਮਹੀਨਾ ਦੇਣ ਦੇ ਐਲਾਨ ਦੀ ਖੁਸ਼ੀ ਵਿੱਚ ਜਾਗੋ ਕੱਢ ਕੇ ਸਰਕਾਰ ਦਾ ਧੰਨਵਾਦ ਕੀਤਾ ਗਿਆ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਭਾਗ ਲਿਆ ਤੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਮਾਨ ਸਰਕਾਰ ਨੇ ਇਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਉਹ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ।ਇਸ ਦੌਰਾਨ ਮਹਿਲਾਵਾਂ ਨੇ ਕਿਹਾ ਕਿ ਸਰਕਾਰ ਵੱਲੋਂ ਚੁੱਕਿਆ ਗਿਆ ਇਹ ਕਦਮ ਆਮ ਪਰਿਵਾਰਾਂ ਲਈ ਵੱਡੀ ਰਾਹਤ ਸਾਬਤ ਹੋਵੇਗਾ। ਉਨ੍ਹਾਂ ਦੱਸਿਆ ਕਿ ਮਹਿੰਗਾਈ ਦੇ ਇਸ ਦੌਰ ਵਿੱਚ ਘਰੇਲੂ ਖਰਚੇ ਚਲਾਉਣਾ ਬਹੁਤ ਮੁਸ਼ਕਿਲ ਹੋ ਗਿਆ ਹੈ ਤੇ ਛੋਟੀ-ਮੋਟੀ ਲੋੜਾਂ ਲਈ ਵੀ ਕਈ ਵਾਰ ਘਰਾਂ ਵਿੱਚ ਸੋਚਣਾ ਪੈਂਦਾ ਹੈ। ਮਹੀਨਾਵਾਰ ਮਿਲਣ ਵਾਲੀ ਇਹ ਰਕਮ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਦੇ ਨਾਲ-ਨਾਲ ਘਰੇਲੂ ਖਰਚਿਆਂ ਵਿੱਚ ਮਦਦਗਾਰ ਸਾਬਤ ਹੋਵੇਗੀ।ਮਹਿਲਾਵਾਂ ਨੇ ਕਿਹਾ ਕਿ ਜਿਵੇਂ ਬਿਮਾਰੀ ਦੇ ਸਮੇਂ ਸਰਕਾਰੀ ਇਲਾਜ ਸਹੂਲਤਾਂ ਲੋਕਾਂ ਲਈ ਵੱਡਾ ਸਹਾਰਾ ਬਣਦੀਆਂ ਹਨ, ਉਸੇ ਤਰ੍ਹਾਂ ਇਹ ਆਰਥਿਕ ਸਹਾਇਤਾ ਵੀ ਆਮ ਘਰਾਂ ਲਈ ਸਮੇਂ ਦੀ ਵੱਡੀ ਲੋੜ ਸੀ। ਉਨ੍ਹਾਂ ਕਿਹਾ ਕਿ ਜੋ ਲੋਕ 1000 ਰੁਪਏ ਨੂੰ ਘੱਟ ਸਮਝਦੇ ਹਨ, ਉਹ ਆਮ ਘਰਾਂ ਦੀਆਂ ਮਹਿਲਾਵਾਂ ਤੋਂ ਪੁੱਛ ਕੇ ਵੇਖਣ ਕਿ ਇਹ ਰਕਮ ਕਿੰਨੀ ਮਹੱਤਵਪੂਰਨ ਹੈ ਤੇ ਇਹ ਰੋਜ਼ਾਨਾ ਦੀਆਂ ਲੋੜਾਂ ਪੂਰੀ ਕਰਨ ਵਿੱਚ ਕਿੰਨਾ ਯੋਗਦਾਨ ਪਾਉਂਦੀ ਹੈ।



# 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਜ਼ਿਲ੍ਹੇ 'ਚ ਵੱਖ-ਵੱਖ ਥਾਈਂ ਜਾਗੋ ਕੱਢੀ



ਸ਼ਹੀਦ ਭਗਤ ਸਿੰਘ ਨਗਰ, 14 ਮਾਰਚ (ਸੁਖਦੇਵ ਸਿੰਘ ਉੜਾਪੜ): ਮਹਿਲਾਵਾਂ ਦੇ ਸਨਮਾਨ ਤੇ ਸਸ਼ਕਤੀਕਰਨ ਵੱਲ ਅਹਿਮ ਕਦਮ ਚੁੱਕਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਦਾ ਆਗਾਜ਼ ਕਰਨ ਦੀ ਖੁਸ਼ੀ ਵਿੱਚ ਮਹਿਲਾਵਾਂ ਵੱਲੋਂ ਜ਼ਿਲ੍ਹੇ ਵਿੱਚ ਵੱਖ-ਵੱਖ ਥਾਈਂ ਜਾਗੋ ਕੱਢੀ ਗਈ। ਵਿਧਾਨ ਸਭਾ ਹਲਕਾ ਬੰਗਾ ਵਿਖੇ ਹਲਕਾ ਵਿਧਾਇਕ ਸੁੱਖਵਿੰਦਰ ਸੁੱਖੀ ਵੱਲੋਂ ਖੁਦ ਜਾਗੋ ਦੀ ਅਗਵਾਈ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ, ਇਹ ਯੋਜਨਾ ਸਿਰਫ਼ ਵਿੱਤੀ ਸਹਾਇਤਾ ਨਹੀਂ, ਸਗੋਂ ਪੰਜਾਬ ਦੀਆਂ ਮਾਵਾਂ, ਭੈਣਾਂ ਤੇ ਧੀਆਂ ਦੇ ਸਨਮਾਨ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਇਸ ਵਿੱਤੀ ਸਹਾਇਤਾ ਨਾਲ ਮਹਿਲਾਵਾਂ ਦੀ ਆਰਥਿਕਤਾ ਦੇ ਨਾਲ-ਨਾਲ ਆਤਮ ਸਨਮਾਨ ਨੂੰ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਮਹਿਲਾਵਾਂ ਦੀ ਭਲਾਈ ਤੇ ਸਸ਼ਕਤੀਕਰਨ ਲਈ ਪਹਿਲਾਂ ਵੀ ਕਈ ਅਹਿਮ ਕਦਮ ਚੁੱਕੇ ਹਨ, ਕਿਉਂਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਦਾ ਮੰਨਣਾ ਹੈ ਕਿ ਜੇਕਰ ਔਰਤਾਂ ਮਜ਼ਬੂਤ ਹੋਣਗੀਆਂ ਤਾਂ ਹੀ ਪਰਿਵਾਰ ਮਜ਼ਬੂਤ ਹੋਣਗੇ ਤੇ ਜਦੋਂ ਪਰਿਵਾਰ ਮਜ਼ਬੂਤ ਹੋਣਗੇ ਤਾਂ ਸਮਾਜ ਵੀ ਮਜ਼ਬੂਤ ਬਣੇਗਾ। ਇਸੇ ਤਰ੍ਹਾਂ ਬਲਾਚੌਰ ਤੇ ਨਵਾਂਸ਼ਹਿਰ ਵਿਖੇ ਵੀ ਮਹਿਲਾਵਾਂ ਵੱਲੋਂ ਜਾਗੋ ਕੱਢ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਸਰਕਾਰ ਦਾ ਧੰਨਵਾਦ ਪ੍ਰਗਟ ਕੀਤਾ ਗਿਆ। ਔਰਤਾਂ ਨੇ ਕਿਹਾ ਕਿ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਪੰਜਾਬ ਦੀਆਂ ਲੱਖਾਂ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਤੇ ਸਵੈ-ਨਿਰਭਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ 18 ਸਾਲ ਤੋਂ ਵੱਧ ਉਮਰ ਦੀ ਹਰ ਔਰਤ ਨੂੰ ਪ੍ਰਤੀ ਮਹੀਨਾ 1000 ਰੁਪਏ ਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1500 ਰੁਪਏ ਦਿੱਤੇ ਜਾਣਗੇ।

# ਰਮਨ ਬਹਿਲ ਦੀ ਅਗਵਾਈ ਹੇਠ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਖੁਸ਼ੀ 'ਚ ਸ਼ਾਨਦਾਰ ਜਾਗੋ ਕੱਢੀ

ਗੁਰਦਾਸਪੁਰ, 14 ਮਾਰਚ (ਜਗੀਰ ਸਿੰਘ ਮੰਡ/ ਸੁਰਿੰਦਰ ਸਿੰਘ ਬਸਰਾ): ਗੁਰਦਾਸਪੁਰ ਦੇ ਹਲਕਾ ਇੰਚਾਰਜ ਰਮਨ ਬਹਿਲ ਦੀ ਅਗਵਾਈ ਹੇਠ 'ਮੁੱਖ ਮੰਤਰੀ ਮਾਵਾਂ ਦੀਆਂ ਸਤਿਕਾਰ ਯੋਜਨਾ' ਦੀ ਖੁਸ਼ੀ ਵਿੱਚ ਨਹਿਰੂ ਪਾਰਕ ਗੁਰਦਾਸਪੁਰ ਤੋਂ ਜਾਗੋ ਕੱਢੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸਤਿਕਾਰਤ ਮਾਤਾਵਾਂ, ਭੈਣਾਂ ਤੇ ਹਲਕਾ ਵਾਸੀਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਅਰਚਨਾ ਬਹਿਲ ਸਮੇਤ ਵੱਡੀ ਗਿਣਤੀ ਵਿੱਚ ਮਹਿਲਾਵਾਂ ਮੌਜੂਦ ਸਨ।ਇਸ ਮੌਕੇ ਗੱਲ ਕਰਦਿਆਂ ਹਲਕਾ ਇੰਚਾਰਜ ਰਮਨ ਬਹਿਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਇਹ ਉਪਰਾਲਾ ਸਾਡੀਆਂ ਮਾਵਾਂ ਦੇ ਸਤਿਕਾਰ ਨੂੰ ਸਮਰਪਿਤ ਹੈ, ਜਿਸ ਨਾਲ ਮਹਿਲਾਵਾਂ ਵਿੱਚ ਖੁਸ਼ੀ ਪਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੇ ਸਤਿਕਾਰ ਵਜੋਂ 1000 ਤੇ 1500 ਰੁਪਏ ਪ੍ਰਤੀ ਮਹੀਨਾ ਦੇਣ ਦੇ ਐਲਾਨ ਦੀ ਖੁਸ਼ੀ ਵਿੱਚ ਜਾਗੋ ਕੱਢ ਕੇ ਸਰਕਾਰ ਦਾ ਧੰਨਵਾਦ ਕੀਤਾ ਗਿਆ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਭਾਗ ਲਿਆ ਤੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਮਾਨ ਸਰਕਾਰ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਉਹ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ।ਇਸ ਦੌਰਾਨ ਮਹਿਲਾਵਾਂ ਨੇ ਕਿਹਾ ਕਿ ਸਰਕਾਰ ਵੱਲੋਂ ਚੁੱਕਿਆ ਗਿਆ ਇਹ ਕਦਮ ਆਮ ਪਰਿਵਾਰਾਂ ਲਈ ਵੱਡੀ ਰਾਹਤ ਸਾਬਤ ਹੋਵੇਗਾ। ਉਨ੍ਹਾਂ ਦੱਸਿਆ ਕਿ ਮਹਿੰਗਾਈ ਦੇ ਇਸ ਦੌਰ ਵਿੱਚ ਘਰੇਲੂ ਖਰਚੇ ਚਲਾਉਣਾ ਬਹੁਤ ਮੁਸ਼ਕਿਲ ਹੋ ਗਿਆ ਹੈ ਤੇ ਛੋਟੀ-ਮੋਟੀ ਲੋੜਾਂ ਲਈ ਵੀ ਕਈ ਵਾਰ ਘਰਾਂ ਵਿੱਚ ਸੋਚਣਾ ਪੈਂਦਾ ਹੈ। ਮਹੀਨਾਵਾਰ ਮਿਲਣ ਵਾਲੀ ਇਹ ਰਕਮ ਮਹਿਲਾਵਾਂ ਨੂੰ ਆਤਮ-ਨਿਰਭਰ ਬਣਾਉਣ ਦੇ ਨਾਲ-ਨਾਲ ਘਰੇਲੂ ਖਰਚਿਆਂ ਵਿੱਚ ਮਦਦਗਾਰ ਸਾਬਤ ਹੋਵੇਗੀ।ਮਹਿਲਾਵਾਂ ਨੇ ਕਿਹਾ ਕਿ ਜਿਵੇਂ ਬਿਮਾਰੀ ਦੇ ਸਮੇਂ ਸਰਕਾਰੀ ਇਲਾਜ ਸਹੂਲਤਾਂ ਲੋਕਾਂ ਲਈ ਵੱਡਾ ਸਹਾਰਾ ਬਣਦੀਆਂ ਹਨ, ਉਸੇ ਤਰ੍ਹਾਂ ਇਹ ਆਰਥਿਕ ਸਹਾਇਤਾ ਵੀ ਆਮ ਘਰਾਂ ਲਈ ਸਮੇਂ ਦੀ ਵੱਡੀ ਲੋੜ ਸੀ। ਉਨ੍ਹਾਂ ਕਿਹਾ ਕਿ ਜੋ ਲੋਕ 1000 ਰੁਪਏ ਨੂੰ ਘੱਟ ਸਮਝਦੇ ਹਨ, ਉਹ ਆਮ ਘਰਾਂ ਦੀਆਂ ਮਹਿਲਾਵਾਂ ਤੋਂ ਪੁੱਛ ਕੇ ਵੇਖਣ ਕਿ ਇਹ ਰਕਮ ਕਿੰਨੀ ਮਹੱਤਵਪੂਰਨ ਹੈ ਤੇ ਇਹ ਰੋਜ਼ਾਨਾ ਦੀਆਂ ਲੋੜਾਂ ਪੂਰੀ ਕਰਨ ਵਿੱਚ ਕਿੰਨਾ ਯੋਗਦਾਨ ਪਾਉਂਦੀ ਹੈ।



# ਐਸਓਡੀ ਵੱਲੋਂ ਹੋਣਹਾਰ ਵਿਦਿਆਰਥਣ ਦੀ ਮਦਦ

ਗੜ੍ਹਦੀਵਾਲਾ, 14 ਮਾਰਚ (ਗੌਰਵ): ਸਟੂਡੈਂਟ ਆਰਗੇਨਾਈਜ਼ੇਸ਼ਨ ਆਫ ਦਸੂਹਾ (ਐਸਓਡੀ) ਸੰਸਥਾ ਵੱਲੋਂ ਇੱਕ ਹੋਰ ਲੋੜਵੰਦ ਤੇ ਹੋਣਹਾਰ ਵਿਦਿਆਰਥਣ ਦੀ ਮਦਦ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਪ੍ਰਧਾਨ ਹਰਜੋਤ ਸਿੰਘ ਸਹੋਤਾ ਨੇ ਦੱਸਿਆ ਕਿ ਸੰਸਥਾ ਵੱਲੋਂ ਹੋਣਹਾਰ ਵਿਦਿਆਰਥੀਆਂ ਦੀ ਮਦਦ ਲਈ ਪਹਿਲਾਂ ਵੀ ਕਈ ਨੇਕ ਉਪਰਾਲੇ ਕੀਤੇ ਗਏ ਹਨ ਤੇ ਇਸ ਬਾਰ ਬੀਐਸਸੀ 'ਚ ਪੜ੍ਹਦੀ ਵਿਦਿਆਰਥਣ ਦੀ ਮਦਦ ਕੀਤੀ ਗਈ ਹੈ ਤਾਂਕਿ ਬਿਨਾਂ ਰੁਕਾਵਟ ਇਸ ਹੋਣਹਾਰ ਵਿਦਿਆਰਥਣ ਦੀ ਪੜ੍ਹਾਈ ਚੱਲ ਸਕੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ ਦਸੂਹਾ ਵਿੱਚ ਰਹੀ ਬੀਐਸਸੀ ਭਾਗ ਤੀਜੇ ਦੀ ਲੋੜਵੰਦ ਹੋਣਹਾਰ ਵਿਦਿਆਰਥਣ ਪੜ੍ਹਨ ਵਿੱਚ ਬਹੁਤ ਹੁਸ਼ਿਆਰ ਹੈ ਪਰ ਆਰਥਕ ਤੰਗੀ ਕਾਰਨ ਫੀਸ ਦੇਣ ਤੋਂ ਅਸਮਰੱਥ ਸੀ। ਜਿਸ ਕਰਕੇ ਪਹਿਲਾਂ ਵੀ ਸਮਾਜ ਸੇਵੀ ਸੰਸਥਾਵਾਂ ਵੱਲੋਂ ਵਿਦਿਆਰਥਣ ਦੀ ਸਮੇਂ-ਸਮੇਂ 'ਤੇ ਮਦਦ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਹੁਣ ਵਿਦਿਆਰਥਣ ਦਾ ਪਰਿਵਾਰ ਐਸਓਡੀ ਸੰਸਥਾ ਦੇ ਸੰਪਰਕ ਵਿੱਚ ਆਇਆ ਤੇ ਉਸਦੀ 13160 ਰੁਪਏ ਫੀਸ ਬਾਕੀ ਰਹਿੰਦੀ ਸੀ।ਜਿਸ ਨੂੰ ਐਸਡੀ ਸੰਸਥਾ ਦੁਆਰਾ ਪਹਿਲ ਦੇ ਆਧਾਰ ਦੇ ਉਤੇ ਕਾਲਜ ਵਿੱਚ ਜਮ੍ਹਾਂ ਕਰਵਾ ਦਿੱਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਇਹ ਸੇਵਾ ਅਮਰੀਕਾ ਦੇ ਐਨਆਰਆਈ ਵੀਰ ਵੱਲੋਂ ਗੁਪਤ ਤੌਰ 'ਤੇ ਭੇਜੀ ਗਈ ਹੈ।



# ਸੜਕ ਹਾਦਸੇ 'ਚ 1 ਦੀ ਮੌਤ, 3 ਜ਼ਖ਼ਮੀ

ਟਾਂਡਾ ਉੜਮੁੜ, 14 ਮਾਰਚ (ਅਰਜੁਨ ਜੈਨ): ਟਾਂਡਾ ਹੁਸ਼ਿਆਰਪੁਰ ਸੜਕ 'ਤੇ ਮੈਦਾਨ ਪੈਟਰੋਲ ਪੰਪ ਨਜ਼ਦੀਕ ਅੱਜ ਵਾਪਰੇ ਇੱਕ ਮਹਿੰਦਰਾ ਪਿਕਅੱਪ ਤੇ ਟਿੱਪਰ ਦਰਮਿਆਨ ਵਾਪਰੇ ਭਿਆਨਕ ਸੜਕ ਹਾਦਸੇ ਵਿੱਚ ਇੱਕ ਪ੍ਰਵਾਸੀ ਮਜ਼ਦੂਰ ਦੀ ਮੌਤ ਤੇ 3 ਮਜ਼ਦੂਰ ਜ਼ਖਮੀ ਹੋ ਗਏ। ਭਿਆਨਕ ਸੜਕ ਹਾਦਸਾ ਸਵੇਰੇ ਕਰੀਬ 7.45 ਵਜੇ ਉਸ ਸਮੇਂ ਵਾਪਰਿਆ ਜਦੋਂ ਪਿੰਡ ਬੱਸੀ ਜਲਾਲ ਤੋਂ ਮਹਿੰਦਰਾ ਪਿਕਅੱਪ ਗੱਡੀ ਵਿੱਚ ਸਵਾਰ ਹੋ ਕੇ ਪ੍ਰਵਾਸੀ ਮਜ਼ਦੂਰ ਆਪਣੇ ਲੇਬਰ ਦੇ ਕੰਮ 'ਤੇ ਜਾ ਰਹੇ ਸਨ, ਅਚਾਨਕ ਹੀ ਉਨ੍ਹਾਂ ਦੀ ਗੱਡੀ ਸੜਕ ਕਿਨਾਰੇ ਖੜ੍ਹੇ ਟਿੱਪਰ ਵਿੱਚ ਟਕਰਾ ਗਈ। ਸੜਕ ਹਾਦਸੇ ਦੌਰਾਨ ਪ੍ਰਵਾਸੀ ਮਜ਼ਦੂਰ ਥੌਕੇ ਸਿੰਘ ਮੂਲੀ ਰਾਮ ਵਾਸੀ ਲਖੀਮਪੁਰ ਖੀਰੀ ਯੂ.ਪੀ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦ ਕਿ ਗੱਡੀ ਵਿੱਚ ਸਵਾਰ ਹੋਰ ਮਜ਼ਦੂਰ ਜੋਤੀ ਪਤਨੀ ਆਫ ਰਾਜੂ, ਰਾਮ ਰਾਣੀ ਪਤਨੀ ਸਗਰਾਮ ਤੇ ਅਮਰ ਚੌਧਰੀ ਪੁੱਤਰ ਗਿਆਨ ਸਿੰਘ ਵਾਸੀ ਵਾਸੀ ਲਖੀਮਪੁਰ ਯੂਪੀ ਹਾਲ ਵਾਸੀ ਪਿੰਡ ਵਾਸੀ ਜਲਾਲ ਗੰਭੀਰ ਜ਼ਖਮੀ ਹੋ ਗਏ।ਇਸ ਹਾਦਸੇ ਦੀ ਸੂਚਨਾ ਮਿਲਣ ਉਪਰੰਤ ਸੜਕ ਸੁਰੱਖਿਆ ਫੋਰਸ ਦੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਹਾਦਸਾ ਗ੍ਰਸਤ ਵਾਹਨਾਂ ਨੂੰ ਕਬਜ਼ੇ ਵਿੱਚ ਲਿਆ ਤੇ ਜ਼ਖਮੀਆਂ ਨੂੰ ਸਰਕਾਰੀ ਹਸਪਤਾਲ ਟਾਂਡਾ ਪਹੁੰਚਾਇਆ, ਜਿੱਥੋਂ ਸਾਰੇ ਜ਼ਖਮੀਆਂ ਦੀ ਹਾਲਤ ਗੰਭੀਰ ਦੇਖਦੇ ਹੋਏ ਹੁਸ਼ਿਆਰਪੁਰ ਰੈਫਰ ਕਰ ਦਿੱਤਾ ਗਿਆ। ਰਾਹਗੀਰਾਂ ਵੱਲੋਂ ਦੱਸਿਆ ਜਾ ਰਿਹਾ ਹੈ ਕਿ ਇਹ ਹਾਦਸਾ ਸੜਕ ਕਿਨਾਰੇ ਲੱਗੀ ਅੱਗ ਦੇ ਧੂੰਏਂ ਕਾਰਨ ਵਾਪਰਿਆ ਹੈ। ਪੁਲਿਸ ਮੌਕੇ 'ਤੇ ਪਹੁੰਚ ਗਈ ਤੇ ਇਹ ਪਤਾ ਲਗਾਇਆ ਜਾ ਰਿਹਾ ਹੈ ਕਿ ਹਾਦਸਾ ਕਿੰਨਾ ਹਾਲਾਤਾਂ ਵਿੱਚ ਹੋਇਆ।



# ਸ੍ਰੀ ਅਕਾਲ ਤਖ਼ਤ ਤੋਂ ਭਗੌੜਿਆਂ ਨੂੰ ਪੰਥ ਦਰਦੀ ਮੂੰਹ ਨਹੀਂ ਲਗਾਉਣਗੇ: ਵਡਾਲਾ, ਛੋਟੇਪੁਰ

ਟਾਂਡਾ ਉੜਮੁੜ, 14 ਮਾਰਚ (ਅਰਜੁਨ ਜੈਨ): ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਜ਼ਿਲ੍ਹਾ ਹੁਸ਼ਿਆਰਪੁਰ ਜਥੇਬੰਦੀ ਦੀ ਵਿਸ਼ੇਸ਼ ਮੀਟਿੰਗ ਸੀਨੀਅਰ ਟਕਸਾਲੀ ਲੀਡਰ ਮਨਜੀਤ ਸਿੰਘ ਦਸੂਹਾ ਦੀ ਅਗਵਾਈ 'ਚ ਹੋਈ, ਜਿਸ 'ਚ ਵੱਡੀ ਗਿਣਤੀ ਵਿੱਚ ਅਕਾਲੀ ਆਗੂਆਂ ਤੇ ਵਰਕਰਾਂ ਨੇ ਹਾਜ਼ਰੀ ਭਰੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸਕੱਤਰ ਜਨਰਲ ਤੇ ਸਾਬਕਾ ਵਿਧਾਇਕ ਗੁਰਪ੍ਰਤਾਪ ਸਿੰਘ ਵਡਾਲਾ ਨੇ ਵਰਕਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਭਗੌੜਿਆਂ ਨੂੰ ਪੰਥ ਦਰਦੀ ਲੋਕ ਕਦੇ ਵੀ ਮੂੰਹ ਨਹੀਂ ਲਗਾਉਣਗੇ। ਉਨ੍ਹਾਂ ਕਿਹਾ ਕਿ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਵੱਲੋਂ ਸਥਾਪਤ ਕੀਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪੂਰਨ ਵਿਸ਼ਵਾਸ ਹੈ ਕਿ ਇਸ ਅਸਥਾਨ ਤੋਂ ਅਰਦਾਸ ਕਰਕੇ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਪੰਥਕ ਰਵਾਇਤਾਂ ਨੂੰ ਕਾਇਮ ਰੱਖਣ ਲਈ ਚੱਲੀ ਹੋਈ ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਪਾਰਟੀ ਕਦੇ ਕਮਜ਼ੋਰ ਨਹੀਂ ਹੋਵੇਗੀ।ਇਸ ਮੌਕੇ ਵੱਡੇ ਇਕੱਠ 'ਚ ਜ਼ਿਲ੍ਹੇ ਦੀ ਸਮੁੱਚੀ ਲੀਡਰਸ਼ਿਪ ਨੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਜਥੇਦਾਰ ਹਰਪ੍ਰੀਤ ਸਿੰਘ ਤੇ ਸਮੁੱਚੀ ਲੀਡਰਸ਼ਿਪ ਨੂੰ ਕਿਹਾ ਕਿ ਪੰਥਕ ਜਜ਼ਬਾ ਰੱਖਣ ਵਾਲੀ ਸਰਬ ਪ੍ਰਵਾਨਿਤ ਲੀਡਰ ਤੇ ਸਮਾਜ ਸੇਵੀ ਮਨਜੀਤ ਸਿੰਘ ਦਸੂਹਾ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦੀ ਜਥੇਦਾਰੀ ਦਿੱਤੀ ਜਾਵੇ।ਇਸ ਮੌਕੇ ਸਾਬਕਾ ਮੰਤਰੀ ਸੁੱਚਾ ਸਿੰਘ ਛੋਟੇਪੁਰ, ਭਾਈ ਭੁਪਿੰਦਰ ਸਿੰਘ ਰਾਮਪੁਰ ਖੇੜਾ ਵਾਲੇ, ਸਾਬਕਾ ਚੇਅਰਮੈਨ ਅਵਤਾਰ ਸਿੰਘ ਜੌਹਲ, ਜਥੇਦਾਰ ਹਰਬੰਸ ਸਿੰਘ ਮੰਝਪੁਰ, ਜਰਨੈਲ ਸਿੰਘ ਗੜ੍ਹਦੀਵਾਲਾ, ਕੁਲਵਿੰਦਰ ਸਿੰਘ ਜੰਡਾਂ, ਚੀਫ ਨਿਰਮਲ ਸਿੰਘ, ਸੁਖਵਿੰਦਰ ਸਿੰਘ ਮੂਨਕ ਤੋਂ ਇਲਾਵਾ ਹੋਰ ਬੁਲਾਰਿਆਂ ਨੇ ਸੰਬੋਧਨ ਕੀਤਾ।ਇਸ ਮੌਕੇ ਪ੍ਰਸਿੱਧ ਸਮਾਜ ਸੇਵੀ ਤੇ ਟਕਸਾਲੀ ਲੀਡਰ ਮਨਜੀਤ ਸਿੰਘ ਦਸੂਹਾ ਨੇ ਸਮੁੱਚੀ ਲੀਡਰਸ਼ਿਪ ਤੇ ਜ਼ਿਲ੍ਹਾ ਜਥੇਬੰਦੀ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਜੋ ਹੁਕਮ 2 ਦਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਇਆ ਹੈ ਉਸ ਤੋਂ ਕਦੇ ਵੀ ਪਿੱਛੇ ਨਹੀਂ ਹਟਿਆ ਜਾਵੇਗਾ।



# ਮੰਦਰ ਨਾਨਕ ਚੱਕ ਵਿਖੇ 270 ਇੰਜੀਨੀਅਰ ਰੈਜ਼ੀਮੈਂਟ ਨਤਮਸਤਕ ਹੋਈ



ਫਤਹਿਗੜ੍ਹ ਚੂੜੀਆਂ, 14 ਮਾਰਚ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਦੀ ਕੁਝ ਹੀ ਦੂਰੀ ਉਪਰ ਸਥਿਤ ਭਗਵਾਨ ਸ੍ਰੀ ਚੰਦਰ ਜੀ ਮਹਾਰਾਜ ਜੀ ਦਾ ਆਸ਼ੀਰਵਾਦ ਲੈਣ ਲਈ 270 ਇੰਜੀਨੀਅਰ ਰੈਜ਼ੀਮੈਂਟ ਪਹੁੰਚੀ। ਉਨ੍ਹਾਂ ਵੱਲੋਂ ਇੱਕ ਬਾਈਕ ਰੈਲੀ ਕੱਢੀ ਗਈ, ਜਿਸ ਦਾ ਮਕਸਦ ਸੀ ਕਿ ਰਿਟਾਇਰ ਫੌਜੀਆਂ ਤੇ ਵਾਰ ਵਿਡੋਜ਼ ਨੂੰ ਮਿਲਣਾ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਨੂੰ ਸੁਣਨਾ ਤੇ ਉਨ੍ਹਾਂ ਦਾ ਹੱਲ ਕਰਨਾ।ਇਹ ਰੈਲੀ ਪੰਜ ਮਾਰਚ ਨੂੰ ਇੰਡੀਆ ਗੇਟ ਅੰਮ੍ਰਿਤਸਰ ਤੋਂ ਯੂਨਿਟ ਦੇ ਸੀਓ ਸਾਹਿਬ ਕਰਨਲ ਰੋਬਨ ਅਨਟਨੀ ਡੀ ਦੁਆਰਾ ਸੂਬੇਦਾਰ ਜੇਪੀ ਸਿੰਘ ਦੀ ਅਧੀਨ ਫਲੈਗ ਆਫ ਕੀਤੀ ਗਈ। ਇਹ ਰੈਲੀ ਅੰਮ੍ਰਿਤਸਰ ਤੋਂ ਸ਼ੁਰੂ ਹੋ ਕੇ ਤਰਨਤਾਰਨ, ਫਿਰੋਜ਼ਪੁਰ, ਮੋਗਾ, ਫਰੀਦਕੋਟ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ, ਮਾਨਸਾ, ਬਰਨਾਲਾ, ਮਲੇਰਕੋਟਲਾ, ਸੰਗਰੂਰ, ਪਟਿਆਲਾ, ਫਤਹਿਗੜ੍ਹ ਸਾਹਿਬ, ਐਸਏਐਸ ਨਗਰ, ਰੂਪ ਨਗਰ ਐਸਬੀਐਸ ਨਗਰ, ਕਪੂਰਥਲਾ, ਜਲੰਧਰ, ਹੁਸ਼ਿਆਰਪੁਰ ਪਠਾਨਕੋਟ ਤੋਂ ਹੁੰਦੀ ਹੋਈ ਗੁਰਦਾਸਪੁਰ ਤੋਂ 11 ਮਾਰਚ ਨੂੰ ਬਟਾਲਾ ਵਿਖੇ ਪਹੁੰਚੀ। ਉਸ ਤੋਂ ਉਪਰੰਤ ਬਾਅਦ ਉਨ੍ਹਾਂ ਵੱਲੋਂ ਭਗਵਾਨ ਸ੍ਰੀ ਚੰਦਰ ਜੀ ਮਹਾਰਾਜ ਮੰਦਰ ਨਾਨਕ ਚੱਕ ਵਿਖੇ ਜਾ ਕੇ ਮਹਾਰਾਜ ਜੀ ਦਾ ਆਸ਼ੀਰਵਾਦ ਲੈਣ ਲਈ ਪਹੁੰਚੀ। ਮੰਦਰ ਦੇ ਮਹੰਤ ਹਰੀ ਕੁੰਭ ਦਾਸ ਨੇ ਉਨ੍ਹਾਂ ਦਾ ਮੰਦਰ ਵਿਖੇ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ। ਮਹੰਤ ਹਰੀ ਕੁੰਭ ਦਾਸ ਜੀ ਦੇ ਨਾਲ ਆਈ ਹੋਈ ਸਾਰੀ ਹੀ ਟੀਮ ਨੇ ਕੁਝ ਪਲ ਬਿਤਾਏ। ਉਸ ਤੋਂ ਉਪਰੰਤ ਬਾਅਦ ਮਹੰਤ ਹਰੀ ਕੁੰਭ ਦਾਸ ਨੇ ਸਾਰੇ ਹੀ ਆਏ ਹੋਏ 270 ਇੰਜੀਨੀਅਰ ਰੈਜ਼ੀਮੈਂਟ ਦੇ ਜਵਾਨਾਂ ਨੂੰ ਸਨਮਾਨਤ ਵੀ ਕੀਤਾ। ਮਹੰਤ ਹਰੀ ਕੁੰਭ ਦਾਸ ਨੇ ਮੰਦਰ ਭਗਵਾਨ ਸ੍ਰੀ ਚੰਦਰ ਜੀ ਨਾਨਕ ਚੱਕ ਦਾ ਸਾਰਾ ਇਤਿਹਾਸ ਦੱਸਿਆ।

# ਲਿਵਾਸਾ ਹਸਪਤਾਲ 368 ਬਿਸਤਰਿਆਂ ਵਾਲਾ ਮਲਟੀ-ਸਪੈਸ਼ਲਿਟੀ ਹਸਪਤਾਲ ਸਥਾਪਤ ਕਰੇਗਾ

ਨਵਾਂਸ਼ਹਿਰ, 14 ਮਾਰਚ (ਸੁਖਦੇਵ ਸਿੰਘ ਉੜਾਪੜ): ਪੰਜਾਬ ਵਿੱਚ ਆਪਣੇ ਸਿਹਤ ਸੰਭਾਲ ਨੈਟਵਰਕ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਲਿਵਾਸਾ ਹਸਪਤਾਲ ਨੇ ਲੁਧਿਆਣਾ ਵਿੱਚ 368 ਬਿਸਤਰਿਆਂ ਵਾਲੇ ਮਲਟੀ-ਸਪੈਸ਼ਲਿਟੀ ਟਰਸ਼ਰੀ ਕੇਅਰ ਹਸਪਤਾਲ ਦੇ ਨਿਰਮਾਣ ਦੇ ਨਾਲ ਆਪਣੇ ਵਿਸਥਾਰ ਦਾ ਐਲਾਨ ਕੀਤਾ ਹੈ। ਹਸਪਤਾਲ ਅਗਲੇ 15-18 ਮਹੀਨਿਆਂ ਵਿੱਚ ਚਾਲੂ ਹੋਣ ਦੀ ਉਮੀਦ ਹੈ। ਹਸਪਤਾਲ ਨੂੰ ਪ੍ਰਾਈਮਵਾਕ ਇਨਫਰਾ ਪ੍ਰਾਈਵੇਟ ਲਿਮਟਿਡ ਦੀ ਭਾਈਵਾਲੀ ਵਿੱਚ ਵਿਕਸਿਤ ਕੀਤਾ ਜਾ ਰਿਹਾ ਹੈ, ਜੋ ਕਿ ਵਨਕ੍ਰੈਸਟ ਇੰਫਰਾ ਨਾਲ ਜੁੜੀ ਇੱਕ ਪ੍ਰੋਜੈਕਟ ਕੰਪਨੀ ਹੈ।ਇਹ 3.75 ਲੱਖ ਵਰਗ ਫੁੱਟ ਤੋਂ ਵੱਧ ਦੇ ਬਿਲਟ-ਅੱਪ ਏਰੀਆ ਦੇ ਨਾਲ 9,900 ਵਰਗ ਗਜ਼ ਤੋਂ ਵੱਧ ਦੇ ਫ੍ਰੀਹੋਲਡ ਲੈਂਡ ਪਾਰਸਲ 'ਤੇ ਬਣਾਇਆ ਜਾ ਰਿਹਾ ਹੈ। ਰਾਸ਼ਟਰੀ ਰਾਜਮਾਰਗ ਦੇ ਨਾਲ ਸ਼ੇਰਪੁਰ ਚੌਕ ਦਾ ਹਸਪਤਾਲ ਨੇੜਲੇ ਜ਼ਿਲ੍ਹਿਆਂ ਦੇ ਮਰੀਜ਼ਾਂ ਲਈ ਪਹੁੰਚਯੋਗ ਹੋਵੇਗਾ। ਸੀਈਓ ਅਨੁਰਾਗ ਯਾਦਵ ਨੇ ਕਿਹਾ ਕਿ ਲਿਵਾਸਾ ਦੀ ਵਿਕਾਸ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ। ਪੰਜਾਬ ਦੇ ਸਭ ਤੋਂ ਮਹੱਤਵਪੂਰਨ ਸ਼ਹਿਰਾਂ ਵਿੱਚੋਂ ਇੱਕ ਹੋਣ ਦੇ ਨਾਤੇ, ਇੱਥੋਂ ਦੇ ਲੋਕਾਂ ਨੂੰ ਘਰ ਦੇ ਨੇੜੇ ਉਨਤ, ਉਚ ਗੁਣਵੱਤਾ ਵਾਲੀ ਸਿਹਤ ਸੰਭਾਲ ਤੱਕ ਪਹੁੰਚ ਹੋਣੀ ਚਾਹੀਦੀ ਹੈ। ਸਾਡੇ ਆਉਣ ਵਾਲੇ ਹਸਪਤਾਲ ਦੇ ਨਾਲ, ਸਾਡਾ ਉਦੇਸ਼ ਲੋਕਾਂ ਲਈ ਆਪਣੀ ਕਲੀਨਿਕਲ ਮੁਹਾਰਤ, ਆਧੁਨਿਕ ਬੁਨਿਆਦੀ ਢਾਂਚਾ ਤੇ ਮਰੀਜ਼-ਕੇਂਦ੍ਰਿਤ ਪਹੁੰਚ ਲਿਆਉਣਾ ਹੈ।



# ਛੇਵਾਂ ਪੇਂਡੂ ਖੇਡ ਮੇਲਾ ਅਮਿਟ ਯਾਦਾਂ ਛੱਡਦਾ ਸੰਪੰਨ



ਗੜ੍ਹਦੀਵਾਲਾ, 14 ਮਾਰਚ (ਗੌਰਵ): ਬਰਾਓ ਜਿਮ ਦੁਸੜਕਾ ਦੇ ਮਾਲਕ ਸੰਜੀਵ ਠਾਕੁਰ ਤੇ ਸੀਰਤ ਫਿਟ ਵੱਲੋਂ ਛੇਵਾਂ ਪੇਂਡੂ ਖੇਡ ਮੇਲਾ ਧੂਮਧਾਮ ਨਾਲ ਕਰਵਾਇਆ ਗਿਆ। ਇਸ ਮੌਕੇ 'ਤੇ ਸਭ ਤੋਂ ਪਹਿਲਾਂ ਸਤਕੀਰਤ ਨਰਸਰੀ ਗਿੱਲਾ ਵੱਲੋਂ ਰੀਬਨ ਕੱਟ ਕੇ ਕੀਤਾ ਗਿਆ। ਇਸ ਮੌਕੇ 'ਤੇ ਸਭ ਤੋਂ ਪਹਿਲਾਂ ਸਵਰਗੀ ਮੰਜੀਤ ਸਿੰਘ ਨਰਸਰੀ ਵਾਲਿਆਂ ਲਈ ਇੱਕ ਮਿੰਟ ਦਾ ਮੌਨ ਰੱਖਿਆ ਗਿਆ। ਉਸ ਦੇ ਉਪਰੰਤ ਮਨਜੀਤ ਸਿੰਘ ਦਸੂਆ ਤੇ ਸ਼ੁਭਮ ਸਹੋਤਾ ਨੇ ਸ਼ਮ੍ਹਾ ਰੋਸ਼ਨ ਕਰਕੇ ਮੁਕਾਬਲੇ ਸ਼ੁਰੂ ਕਰਵਾਏ। ਇਸ ਮੌਕੇ 'ਤੇ ਯੁੱਧ ਨਸ਼ਿਆਂ ਵਿਰੁੱਧ ਦੇ ਤਹਿਤ ਖਿਡਾਰੀਆਂ ਨੂੰ ਜਾਗਰੂਕ ਕੀਤਾ ਗਿਆ। ਇਸ ਮੌਕੇ 'ਤੇ ਸੰਜੀਵ ਠਾਕੁਰ ਤੇ ਸੰਜੀਵ ਸਹੋਤਾ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਆਪਣੀ ਸਿਹਤ ਵੱਲ ਧਿਆਨ ਦੇਣ ਲਈ ਪ੍ਰੇਰਿਤ ਕੀਤਾ ਤੇ ਪੰਜਾਬ ਦਾ ਨਾਮ ਰੋਸ਼ਨ ਕਰਨ ਲਈ ਆਖਿਆ। ਇਸ ਮੌਕੇ 'ਤੇ ਅੰਡਰ-15 ਦੇ ਮੁਕਾਬਲੇ ਕਰਵਾਏ ਗਏ ਜਿਨ੍ਹਾਂ ਵਿੱਚ ਜੇਤੂ ਰਹੇ ਖਿਡਾਰੀਆਂ ਨੂੰ ਨਗਦ ਪੁਰਸਕਾਰ ਤੇ ਟਰਾਫੀ ਦੇ ਕੇ ਸਨਮਾਨਤ ਕੀਤਾ ਗਿਆ। ਇਸੇ ਤਰ੍ਹਾਂ ਓਪਨ ਵਿੱਚ ਵੇਟ ਲਿਫਟਿੰਗ ਡੈਡ ਲਿਫਟਿੰਗ ਛਾਪਟੇ ਵਿੱਚ ਜੇਤੂ ਰਹੇ, ਖਿਡਾਰੀਆਂ ਨੂੰ ਕਮੇਟੀ ਵੱਲੋਂ ਸਨਮਾਨ ਚਿੰਨ੍ਹ ਤੇ ਨਗਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ 'ਤੇ ਕਲੱਬ ਵੱਲੋਂ ਆਏ ਹੋਏ ਸਾਰੇ ਪਤਵੰਤੇ ਸੱਜਣਾਂ ਨੂੰ ਸਨਮਾਨ ਚਿੰਨ੍ਹ ਤੇ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ 'ਤੇ ਸੰਦੀਪ ਠਾਕੁਰ, ਨਵਦੀਪ ਸਿੰਘ ਦੀਪਾ, ਗਗਨ ਮੂਸਾ, ਅਨੂਪ ਧੂਤ, ਜਸ ਪੱਖੋਵਾਲ, ਸਤਬੀਰ ਮਾਛੀਆਂ, ਡਾ. ਧਰਮਿੰਦਰ, ਨਵਦੀਪ ਸਿੰਘ ਦੀਪ, ਗੁਰਵਿੰਦਰ ਸਿੰਘ, ਹਰਜਿੰਦਰ ਸਿੰਘ, ਰਸ਼ਪਾਲ ਸਿੰਘ ਮੱਲੇਵਾਲ, ਅਮਨ ਪੱਖੋਵਾਲ, ਰਮਨ, ਬਬਲਾ ਮੱਲੇਵਾਲ, ਅਰੁਣ, ਰਾਜਾ, ਅਰਮਾਨ, ਦੀਪਾ ਟੈਂਟਪਾਲਾ ਸਮੀਰ ਤੇ ਹੋਰ ਕਲੱਬ ਦੇ ਮੈਂਬਰ ਹਾਜ਼ਰ ਸਨ।

# ਬਿਕਰਮ ਸਿੰਘ ਮਜੀਠੀਆ ਗੁਰਦੁਆਰਾ ਤਪਿਆਣਾ ਸਾਹਿਬ ਜੀ ਘੁਮਾਣ ਵਿਖੇ ਨਤਮਸਤਕ

ਬਟਾਲਾ/ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 14 ਮਾਰਚ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ/ਸੁਖਅੰਮ੍ਰਿਤ ਸਿੰਘ ਸੋਨੂੰ/ਡਾ. ਸਰਬਜੀਤ ਸਿੰਘ ਭਿੰਡਰ): ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਕਸਬਾ ਘੁਮਾਣ ਦੇ ਗੁਰਦੁਆਰਾ ਤਪਿਆਣਾ ਸਾਹਿਬ ਜੀ ਵਿਖੇ ਹਲਕਾ ਇੰਚਾਰਜ ਰਾਜਨਬੀਰ ਸਿੰਘ ਘੁਮਾਣ ਵੱਲੋਂ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਚੜ੍ਹਦੀਕਲਾ ਲਈ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਪੰਥ ਦੇ ਪ੍ਰਸਿੱਧ ਰਾਗੀ ਜਥੇ ਵੱਲੋਂ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਇਕੱਠੇ ਹੋਏ ਸਮੂਹ ਅਕਾਲੀ ਵਰਕਰਾਂ ਤੇ ਅਹੁਦੇਦਾਰਾਂ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਾਜਨਬੀਰ ਸਿੰਘ ਘੁਮਾਣ ਨੇ ਕਿਹਾ ਕਿ ਮੈਂ ਇਸ ਅਸਥਾਨ 'ਤੇ ਬਹੁਤ ਮੰਨਦਾ ਹਾਂ ਤੇ ਜਦੋਂ ਮਜੀਠੀਆ ਸਾਹਿਬ ਜੇਲ੍ਹ ਵਿੱਚ ਬੰਦ ਸਨ ਤਾਂ ਮੈਂ ਇਸ ਅਸਥਾਨ 'ਤੇ ਅਰਦਾਸ ਬੇਨਤੀ ਕੀਤੀ ਸੀ ਕਿ ਬਿਕਰਮ ਸਿੰਘ ਮਜੀਠੀਆ ਰਿਹਾਅ ਹੋ ਜਾਣ ਤਾਂ ਮੈਂ ਇਸ ਅਸਥਾਨ 'ਤੇ ਸੁਖਮਨੀ ਸਾਹਿਬ ਦੇ ਪਾਠ ਕਰਵਾ ਕੇ ਗੁਰੂ ਸਾਹਿਬ ਜੀ ਦਾ ਸ਼ੁਕਰਾਨਾ ਕਰਾਂਗਾ। ਉਨ੍ਹਾਂ ਕਿਹਾ ਕਿ ਭਗਤ ਨਾਮਦੇਵ ਜੀ ਦੇ ਅਸਥਾਨ 'ਤੇ ਕੀਤੀ ਗਈ ਅਰਦਾਸ ਬੇਨਤੀ ਸਦਕਾ ਬਿਕਰਮ ਸਿੰਘ ਮਜੀਠੀਆ ਰਿਹਾਅ ਹੋ ਗਏ, ਜਿਸ ਸਦਕਾ ਮੈਂ ਉਨ੍ਹਾਂ ਦੀ ਚੜ੍ਹਦੀਕਲਾ ਲਈ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਹੈ।ਉਨ੍ਹਾਂ ਨੇ ਪਹੁੰਚੇ ਹੋਏ ਸਮੂਹ ਅਕਾਲੀ ਵਰਕਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਹਲਕਾ ਇੰਚਾਰਜ ਸ੍ਰੀ ਹਰਿਗੋਬਿੰਦਪੁਰ ਰਾਜਨਬੀਰ ਸਿੰਘ ਘੁਮਾਣ, ਸਾਬਕਾ ਚੇਅਰਮੈਨ ਪੰਜਾਬ ਤਰਲੋਕ ਸਿੰਘ ਬਾਠ, ਕੌਮੀ ਸੀਨੀਅਰ ਮੀਤ ਪ੍ਰਧਾਨ ਰਮਨਦੀਪ ਸਿੰਘ ਸੰਧੂ, ਜਤਿੰਦਰ ਸਿੰਘ ਲੱਧਾ ਮੁੰਡਾ ਜ਼ਿਲ੍ਹਾ ਪ੍ਰਧਾਨ ਐਸਸੀ ਵਿੰਗ, ਸਰਪੰਚ ਸੁਲੱਖਣ ਸਿੰਘ ਡੋਗਰ ਮਹੇਸ ਵੱਲੋਂ ਬਿਕਰਮ ਸਿੰਘ ਮਜੀਠੀਆ ਨੂੰ ਸਨਮਾਨਤ ਕੀਤਾ ਗਿਆ।



# ਸਤਿਸੰਗ ਘਰ ਜਾਂਗਲਾ ਨੇ ਚੇਤ ਦੀ ਸੰਗਰਾਂਦ ਦੇ ਦਿਹਾੜੇ 'ਤੇ ਲੰਗਰ ਲਗਾਇਆ



ਬਟਾਲਾ, 14 ਮਾਰਚ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਸਤਿਸੰਗ ਘਰ ਜਾਂਗਲਾ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਚੇਤ ਮਹੀਨੇ ਦੀ ਸੰਗਰਾਂਦ ਦੇ ਦਿਹਾੜੇ 'ਤੇ ਬਟਾਲਾ ਵਿਖੇ ਲੰਗਰ ਦੀ ਸੇਵਾ ਕੀਤੀ ਗਈ। ਸਤਿਸੰਗ ਘਰ ਜਾਂਗਲਾ ਦੇ ਮੁੱਖ ਸੇਵਾਦਾਰ ਬਾਬਾ ਰਾਜਭੁਪਿੰਦਰ ਸਿੰਘ ਰਾਜੂ ਦੀ ਅਗਵਾਈ ਹੇਠ ਬਟਾਲਾ ਅਲੀਵਾਲ ਰੋਡ ਫਲਾਈ ਓਵਰ ਪੁੱਲ ਦੇ ਹੇਠਾਂ ਗੁਰੂ ਕੇ ਅਤੁੱਟ ਲੰਗਰ ਵਰਤਾਏ ਗਏ। ਸਾਰਾ ਦਿਨ ਆਏ ਗਏ ਰਾਹਗੀਰਾਂ ਨੂੰ ਬਹੁਤ ਸ਼ਰਧਾ ਭਾਵਨਾ ਨਾਲ ਅਨਿਕ ਪ੍ਰਕਾਰ ਦੇ ਲੰਗਰ ਛਕਾਏ ਗਏ। ਇਸ ਮੌਕੇ ਸੇਵਾਦਾਰਾਂ 'ਚ ਅਮਰਜੀਤ ਸਿੰਘ ਰਾਜੂ, ਮਾਸਟਰ ਜਰਨੈਲ ਸਿੰਘ ਬਟਾਲਾ, ਨੰਬਰਦਾਰ ਜਸਬੀਰ ਸਿੰਘ ਸੰਗਤਪੁਰਾ, ਹਰਜੀਤ ਸਿੰਘ ਬਾਜਵਾ, ਰਣਜੀਤ ਸਿੰਘ ਸਰਪੰਚ, ਹਰਪ੍ਰੀਤ ਸਿੰਘ ਗੁੱਜਰਪੁਰਾ, ਹਰਜੀਤ ਸਿੰਘ ਬਟਾਲਾ, ਡਾ. ਪ੍ਰਤਾਪ ਬਟਾਲਾ, ਰਣਜੀਤ ਸਿੰਘ ਬੁਲੋਵਾਲ, ਸਤਨਾਮ ਸਿੰਘ ਰਿਆਲੀ, ਜੋਗਿੰਦਰ ਸਿੰਘ ਥਾਣੇਦਾਰ, ਗੁਰਨਾਮ ਸਿੰਘ, ਸਿਮਰਪ੍ਰੀਤ ਸਿੰਘ ਬਾਜਵਾ, ਸੁਖਬੀਰ ਸਿੰਘ, ਸੁਨੀਲ ਕੁਮਾਰ, ਰਾਜਬੀਰ ਸਿੰਘ, ਪ੍ਰਿੰਸ, ਸਰਵਣ ਸਿੰਘ, ਮੇਜਰ ਸਿੰਘ, ਜਗੀਰ ਸਿੰਘ, ਅੰਮ੍ਰਿਤ ਸਿੰਘ, ਰਾਜਵੀਰ ਸਿੰਘ, ਹਰਜੋਤ ਸਿੰਘ, ਸਾਹਿਬਜੋਤ ਸਿੰਘ, ਸਹਿਜਬੀਰ ਸਿੰਘ, ਗੁਰਇਕਬਾਲ ਸਿੰਘ, ਅੰਮ੍ਰਿਤਪਾਲ ਸਿੰਘ ਨੇ ਸੇਵਾ ਨਿਭਾਈ।

# ਡੇਰਾ ਬਾਬਾ ਨਾਨਕ ਤੋਂ ਜੱਥਾ ਮੋਗਾ ਰੈਲੀ 'ਚ ਸ਼ਾਮਲ

ਡੇਰਾ ਬਾਬਾ ਨਾਨਕ, 14 ਮਾਰਚ (ਹੈਪੀ ਕੋਟਲੀ): ਭਾਰਤੀ ਜਨਤਾ ਪਾਰਟੀ ਵੱਲੋਂ ਮੋਗਾ ਦੇ ਪਿੰਡ ਕਿਲੀ ਚਾਹਲਾ ਵਿਖੇ ਕੀਤੀ ਜਾ ਰਹੀ ਬਦਲਾਅ ਰੈਲੀ ਵਿੱਚ ਹਿੱਸਾ ਲੈਣ ਲਈ ਹਲਕਾ ਡੇਰਾ ਬਾਬਾ ਨਾਨਕ ਤੋਂ ਭਾਜਪਾ ਦੇ ਸੀਨੀਅਰ ਆਗੂ ਵਿਜੇ ਕੁਮਾਰ ਸੋਨੀ ਮੋਹਲੋਵਾਲੀ ਦੀ ਅਗਵਾਈ ਹੇਠ 6 ਬੱਸਾਂ ਤੇ ਸੈਂਕੜੇ ਵਰਕਰਾਂ ਦਾ ਜੱਥਾ ਰਵਾਨਾ ਹੋਇਆ।ਇਸ ਮੌਕੇ ਭਾਜਪਾ ਆਗੂਆਂ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਵਿਜੇ ਕੁਮਾਰ ਸੋਨੀ ਦੇ ਜ਼ਿੰਦਾਬਾਦ ਦੇ ਨਾਅਰੇ ਲਗਾਏ ਗਏ। ਗੱਲਬਾਤ ਕਰਦਿਆਂ ਸੀਨੀਅਰ ਭਾਜਪਾ ਆਗੂ ਵਿਜੇ ਕੁਮਾਰ ਸੋਨੀ ਮੋਹਲੋਵਾਲੀ ਨੇ ਦੱਸਿਆ ਕਿ ਮੋਗਾ ਤੇ ਪਿੰਡ ਕਿੱਲੀ ਚਾਹਲਾ ਵਿੱਚ ਭਾਜਪਾ ਵੱਲੋਂ ਬਦਲਾਅ ਰੈਲੀ ਕੀਤੀ ਜਾ ਰਹੀ ਹੈ, ਜਿਸ ਵਿੱਚ ਹਿੱਸਾ ਲੈਣ ਲਈ ਮੇਰੇ ਹਲਕੇ ਡੇਰਾ ਬਾਬਾ ਨਾਨਕ ਤੋਂ ਸੈਂਕੜੇ ਵਰਕਰਾਂ ਦਾ ਜੱਥਾ ਸ਼ਾਮਲ ਹੋਣ ਲਈ ਜਾ ਰਿਹਾ ਹੈ, ਜੋ ਕਿ ਅੱਜ 2027 ਦੀਆਂ ਚੋਣਾਂ ਦਾ ਵੱਡਾ ਮੁੱਢ ਬੰਨ੍ਹੇਗਾ। ਉਨ੍ਹਾਂ ਦੱਸਿਆ ਕਿ ਜਲਦੀ ਹੀ ਪੰਜਾਬ ਵਿੱਚ ਭਾਜਪਾ ਦੀ ਡਬਲ ਇੰਜਣ ਵਾਲੀ ਸਰਕਾਰ ਬਣੇਗੀ ਤੇ ਜੋ ਸਹੂਲਤਾਂ ਯੂਪੀ ਤੇ ਜਿੱਥੇ ਜਿੱਥੇ ਭਾਜਪਾ ਦੀ ਸਰਕਾਰ ਚੱਲ ਰਹੀ ਹੈ ਉਹ ਪੰਜਾਬ ਵਾਸੀਆਂ ਨੂੰ ਦਿੱਤੀਆਂ ਜਾਣਗੀਆਂ। ਇਸ ਮੌਕੇ ਉਨ੍ਹਾਂ ਮੁੱਖ ਮੰਤਰੀ ਪੰਜਾਬ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ 'ਤੇ ਵਰਤੀ ਗਈ ਭੱਦੀ ਸ਼ਬਦਾਵਲੀ ਦੀ ਤਿੱਖੇ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਹਲਕਾ ਡੇਰਾ ਬਾਬਾ ਨਾਨਕ ਦੇ ਵੋਟਰਾਂ ਨੇ ਭਾਜਪਾ ਲੀਡਰਸ਼ਿਪ ਤੋਂ ਮੰਗ ਕੀਤੀ ਹੈ ਕਿ ਵਿਜੇ ਕੁਮਾਰ ਸੋਨੀ ਦੀ ਮਿਹਨਤ ਨੂੰ ਵੇਖਦਿਆਂ ਹੋਇਆਂ ਹਲਕੇ ਦੀ ਨੁਮਾਇੰਦਗੀ ਦਿੱਤੀ ਜਾਵੇ।



# ਖ਼ਾਲਸਾ ਕਾਲਜ 'ਚ ਕਾਨੂੰਨੀ ਜਾਗਰੂਕਤਾ ਬਾਰੇ ਐਕਸਟੈਂਸ਼ਨ ਲੈਕਚਰ ਕਰਵਾਇਆ

ਗੜ੍ਹਦੀਵਾਲਾ, 14 ਮਾਰਚ (ਗੌਰਵ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਅਦਾਰੇ ਖ਼ਾਲਸਾ ਕਾਲਜ, ਗੜ੍ਹਦੀਵਾਲਾ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ ਤੇ ਸਕੱਤਰ (ਸਿੱਖਿਆ) ਸੁਖਮਿੰਦਰ ਸਿੰਘ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ.ਜਸਪਾਲ ਸਿੰਘ ਦੀ ਅਗਵਾਈ ਹੇਠ ਅੰਦਰੂਨੀ ਸ਼ਿਕਾਇਤ ਕਮੇਟੀ, ਮਹਿਲਾ ਸਸ਼ਕਤੀਕਰਨ ਸੈਲ, ਬੇਟੀ ਬਚਾਓ-ਬੇਟੀ ਪੜ੍ਹਾਓ ਸੈਲ ਵੱਲੋਂ 13 ਮਾਰਚ ਨੂੰ ਕਾਨੂੰਨੀ ਜਾਗਰੂਕਤਾ: ਸਿੱਖਿਆ ਤੇ ਕੰਮਕਾਜੀ ਮਾਹੌਲ ਵਿੱਚ ਸੁਰੱਖਿਆ ਵਿਸ਼ੇ ਉਤੇ ਇੱਕ ਐਕਸਟੈਂਸ਼ਨ ਲੈਕਚਰ ਆਯੋਜਿਤ ਕੀਤਾ ਗਿਆ। ਇਸ ਮੌਕੇ ਮੁੱਖ ਵਕਤਾ ਵਜੋਂ ਪ੍ਰਸਿੱਧ ਐਡ. ਗੁਰਪ੍ਰੀਤ ਸਿੰਘ ਭੱਟੀ ਹਾਜ਼ਰ ਰਹੇ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਵਿਦਿਆਰਥੀਆਂ ਨੂੰ ਕਾਨੂੰਨੀ ਜਾਗਰੂਕਤਾ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਤੇ ਦੱਸਿਆ ਕਿ ਕਿਵੇਂ ਕਾਨੂੰਨੀ ਜਾਣਕਾਰੀ ਵਿਦਿਆਕ ਸੰਸਥਾਵਾਂ ਤੇ ਕਾਰਜ ਸਥਲਾਂ 'ਤੇ ਸੁਰੱਖਿਅਤ ਤੇ ਸਮਾਨਤਾਪੂਰਨ ਵਾਤਾਵਰਨ ਬਣਾਉਣ ਵਿੱਚ ਮਦਦ ਕਰਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਹੱਕਾਂ ਤੇ ਕਾਨੂੰਨੀ ਸੁਰੱਖਿਆ ਪ੍ਰਣਾਲੀਆਂ ਬਾਰੇ ਵੀ ਜਾਣੂੰ ਕਰਵਾਇਆ। ਵਿਦਿਆਰਥੀਆਂ ਨੇ ਇਸ ਲੈਕਚਰ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਤੇ ਵੱਖ-ਵੱਖ ਕਾਨੂੰਨੀ ਮਸਲਿਆਂ ਬਾਰੇ ਸਵਾਲ ਵੀ ਪੁੱਛੇ। ਵਕਤਾ ਨੇ ਉਨ੍ਹਾਂ ਦੇ ਸਵਾਲਾਂ ਦੇ ਸੰਤੁਸ਼ਟੀਜਨਕ ਜਵਾਬ ਦਿੱਤੇ। ਇਸ ਮੌਕੇ ਐਡਵੋਕੇਟ ਸੁੱਖਵਿੰਦਰ ਸਿੰਘ ਨੇ ਵੀ ਸ਼ਮੂਲੀਅਤ ਕੀਤੀ। ਕਾਲਜ ਪ੍ਰਬੰਧਕਾਂ ਤੇ ਸੈਲਾਂ ਦੇ ਕੋਆਰਡੀਨੇਟਰਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਲੈਕਚਰ ਵਿਦਿਆਰਥੀਆਂ ਵਿੱਚ ਕਾਨੂੰਨੀ ਸੂਝ-ਬੂਝ ਵਧਾਉਣ ਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਵਿੱਚ ਮਦਦਗਾਰ ਸਾਬਤ ਹੁੰਦੇ ਹਨ।



## 'ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਰਾਸ਼ਟਰੀ ਮੈਰਾਥਨ' 22 ਨੂੰ



ਹੁਸ਼ਿਆਰਪੁਰ, 14 ਮਾਰਚ (ਪਰਮਿੰਦਰ ਘੁੰਮਣ): ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਲਗਾਤਾਰਤਾ ਵਿੱਚ 22 ਮਾਰਚ ਮਾਹਿਲਪੁਰ (ਗੜ੍ਹਸ਼ੰਕਰ) ਵਿੱਚ 'ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਰਾਸ਼ਟਰੀ ਮੈਰਾਥਨ' ਕਰਵਾਈ ਜਾ ਰਹੀ ਹੈ। ਉਹ ਅੱਜ ਇਥੇ ਮੈਰਾਥਨ ਦੇ ਸਬੰਧ ਵਿੱਚ ਕਰਵਾਈ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਹ ਮੈਰਾਥਨ ਨਸ਼ਿਆਂ ਖ਼ਿਲਾਫ਼ ਚੱਲ ਰਹੀ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਤੇ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਸਿਹਤਮੰਦ ਜੀਵਨਸ਼ੈਲੀ ਖੇਡਾਂ ਵੱਲ ਪ੍ਰੇਰਿਤ ਕਰਨ ਦੀ ਦਿਸ਼ਾ ਵਿੱਚ ਇਕ ਮਹੱਤਵਪੂਰਨ ਕਦਮ ਹੈ। ਇਸ ਦੌਰਾਨ ਉਨ੍ਹਾਂ ਨਾਲ ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਡਿਪਟੀ ਕਮਿਸ਼ਨਰ ਆਸ਼ਿਕਾ ਜੈਨ, ਐਸ.ਐਸ.ਪੀ. ਸੰਦੀਪ ਕੁਮਾਰ ਮਲਿਕ ਵੀ ਮੌਜੂਦ ਸਨ। ਡਿਪਟੀ ਸਪੀਕਰ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਵਿੱਚ ਸਰਕਾਰ ਵੱਲੋਂ ਪਹਿਲੀ ਵਾਰ ਇੰਨੀ ਵੱਡੀ ਮੈਰਾਥਨ ਕਰਵਾਈ ਜਾ ਰਹੀ ਹੈ। ਪ੍ਰਤੀਯੋਗਤਾ ਦੇ ਜੇਤੂਆਂ ਨੂੰ ਉਤਸ਼ਾਹਿਤ ਕਰਨ ਲਈ ਆਕਰਸ਼ਕ ਪੁਰਸਕਾਰ ਵੀ ਪ੍ਰਦਾਨ ਕੀਤੇ ਜਾਣਗੇ। ਪੰਜਾਬ ਦੇ ਸਕੂਲਾਂ, ਕਾਲਜਾਂ ਤੇ ਯੂਨੀਵਰਸਿਟੀਆਂ ਦੀ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਬਣਾਈ ਜਾਵੇਗੀ।

## ਰੂਸ-ਯੂਕ੍ਰੇਨ ਜੰਗ ਦੀ ਭੇਟ ਚੜ੍ਹਿਆ ਲੁਧਿਆਣਾ ਦਾ ਨੌਜਵਾਨ

ਲੁਧਿਆਣਾ, 14 ਮਾਰਚ (ਚ.ਨ.ਸ): ਵਿਦੇਸ਼ ਜਾ ਕੇ ਆਪਣੇ ਪਰਿਵਾਰ ਦੀ ਆਰਥਿਕ ਹਾਲਤ ਸੁਧਾਰਨ ਦਾ ਸੁਪਨਾ ਵੇਖਣ ਵਾਲੇ ਲੁਧਿਆਣਾ ਦੇ ਇੱਕ 21 ਸਾਲਾ ਨੌਜਵਾਨ ਦੀ ਰੂਸ-ਯੂਕ੍ਰੇਨ ਜੰਗ ਵਿੱਚ ਮੌਤ ਹੋ ਜਾਣ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਮ੍ਰਿਤਕ ਦੀ ਪਛਾਣ ਸਮਰਜੀਤ ਸਿੰਘ ਵਜੋਂ ਹੋਈ ਹੈ, ਜੋ ਲੁਧਿਆਣਾ ਦੇ ਡਾਬਾ ਇਲਾਕੇ ਦੀ ਅਮਰਪੁਰੀ ਕਲੋਨੀ ਦਾ ਰਹਿਣ ਵਾਲਾ ਸੀ। ਪਰਿਵਾਰ ਦਾ ਦੋਸ਼ ਹੈ ਕਿ ਸਮਰਜੀਤ ਨੂੰ ਏਜੰਟਾਂ ਵੱਲੋਂ ਧੋਖੇ ਨਾਲ ਰੂਸੀ ਫੌਜ ਵਿੱਚ ਭਰਤੀ ਕਰਵਾਇਆ ਗਿਆ ਤੇ ਬਿਨਾਂ ਕਿਸੇ ਫੌਜੀ ਸਿਖਲਾਈ ਦੇ ਜੰਗ ਦੇ ਮੈਦਾਨ ਵਿੱਚ ਧੱਕ ਦਿੱਤਾ ਗਿਆ, ਜਿੱਥੇ ਉਸ ਨੇ ਆਪਣੀ ਜਾਨ ਗੁਆ ਦਿੱਤੀ। ਪ੍ਰਾਪਤ ਜਾਣਕਾਰੀ ਅਨੁਸਾਰ ਸਮਰਜੀਤ ਸਿੰਘ ਜੁਲਾਈ 2025 ਵਿੱਚ ਰੂਸ ਗਿਆ ਸੀ। ਉਹ ਆਪਣੇ ਗਰੀਬ ਪਰਿਵਾਰ ਦੀ ਮਦਦ ਕਰਨ ਲਈ ਉਥੇ ਕੰਮ ਦੀ ਭਾਲ ਵਿੱਚ ਗਿਆ ਸੀ, ਪਰ ਉਥੇ ਜਾ ਕੇ ਉਹ ਏਜੰਟਾਂ ਦੇ ਜਾਲ ਵਿੱਚ ਫਸ ਗਿਆ। ਪਰਿਵਾਰ ਅਨੁਸਾਰ ਏਜੰਟਾਂ ਨੇ ਉਸ ਨੂੰ ਚੰਗੀ ਨੌਕਰੀ ਦਾ ਝਾਂਸਾ ਦੇ ਕੇ ਰੂਸੀ ਫੌਜ ਵਿੱਚ ਸ਼ਾਮਲ ਹੋਣ ਲਈ ਮਜਬੂਰ ਕੀਤਾ।



ਦੱਸਿਆ ਜਾ ਰਿਹਾ ਹੈ ਕਿ ਉਸ ਨੂੰ ਸਿਰਫ਼ ਮਦਦਗਾਰ ਵਜੋਂ ਕੰਮ ਕਰਨ ਦਾ ਭਰੋਸਾ ਦਿੱਤਾ ਗਿਆ ਸੀ, ਪਰ ਅਸਲ ਵਿੱਚ ਉਸ ਨੂੰ ਸਿੱਧਾ ਫਰੰਟਲਾਈਨ 'ਤੇ ਭੇਜ ਦਿੱਤਾ ਗਿਆ। ਸਮਰਜੀਤ ਦਾ ਆਪਣੇ ਪਰਿਵਾਰ ਨਾਲ ਆਖਰੀ ਸੰਪਰਕ ਸਤੰਬਰ 2025 ਵਿੱਚ ਹੋਇਆ ਸੀ, ਜਿਸ ਤੋਂ ਬਾਅਦ ਉਹ ਲਾਪਤਾ ਹੋ ਗਿਆ ਸੀ। ਵੀਰਵਾਰ ਨੂੰ ਉਸ ਦੀ ਮ੍ਰਿਤਕ ਦੇਹ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਪਹੁੰਚੀ, ਜਿੱਥੋਂ ਉਸ ਨੂੰ ਲੁਧਿਆਣਾ ਲਿਆਂਦਾ ਗਿਆ। ਸ਼ੁੱਕਰਵਾਰ ਨੂੰ ਗਮਗੀਨ ਮਾਹੌਲ ਵਿੱਚ ਉਸ ਦਾ ਅੰਤਿਮ ਸਸਕਾਰ ਕਰ ਦਿੱਤਾ ਗਿਆ। ਅੰਤਿਮ ਵਿਦਾਈ ਵੇਲੇ ਮ੍ਰਿਤਕ ਦੇ ਪਿਤਾ ਚਰਨਜੀਤ ਸਿੰਘ, ਜੋ ਕਿ ਇੱਕ ਛੋਟੀ ਕਰਿਆਨੇ ਦੀ ਦੁਕਾਨ ਚਲਾਉਂਦੇ ਹਨ, ਆਪਣੇ ਹੰਝੂ ਨਾ ਰੋਕ ਸਕੇ। ਪਿਤਾ ਚਰਨਜੀਤ ਸਿੰਘ ਨੇ ਭਰੇ ਮਨ ਨਾਲ ਹੋਰਨਾਂ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਅਜਿਹੇ ਧੋਖੇਬਾਜ਼ ਏਜੰਟਾਂ ਦੇ ਚੁੰਗਲ ਵਿੱਚ ਨਾ ਫਸਾਉਣ। ਉਨ੍ਹਾਂ ਕਿਹਾ ਕਿ ਭਾਵੇਂ ਘਰ ਦੇ ਹਾਲਾਤ ਕਿੰਨੇ ਵੀ ਮਾੜੇ ਕਿਉਂ ਨਾ ਹੋਣ, ਪਰ ਆਪਣੇ ਬੱਚਿਆਂ ਨੂੰ ਇਸ ਤਰ੍ਹਾਂ ਮੌਤ ਦੇ ਮੂੰਹ ਵਿੱਚ ਨਾ ਭੇਜੋ। ਮੈਂ ਆਪਣਾ ਸਭ ਕੁਝ ਗੁਆ ਦਿੱਤਾ ਹੈ। ਪਰਿਵਾਰ ਨੇ ਇਹ ਵੀ ਦੋਸ਼ ਲਗਾਇਆ ਕਿ ਉਨ੍ਹਾਂ ਨੇ ਆਪਣੇ ਪੁੱਤਰ ਨੂੰ ਬਚਾਉਣ ਲਈ ਕੇਂਦਰ ਤੇ ਰਾਜ ਸਰਕਾਰ ਦੇ ਕਈ ਮੰਤਰੀਆਂ ਤੇ ਵਿਧਾਇਕਾਂ ਦੇ ਬੂਹੇ ਖੜਕਾਏ, ਪਰ ਕਿਸੇ ਨੇ ਵੀ ਉਨ੍ਹਾਂ ਦੀ ਬਾਂਹ ਨਹੀਂ ਫੜੀ।

## ਰਾਜ ਸਭਾ ਚੋਣਾਂ ਤੋਂ ਪਹਿਲਾਂ ਹਰਿਆਣਾ ਕਾਂਗਰਸ 'ਚ ਹਲਚਲ
## ਕਰਾਸ ਵੋਟਿੰਗ ਦੇ ਡਰੋਂ ਵਿਧਾਇਕ ਕੁਫ਼ਰੀ 'ਚ 'ਕੈਦ'

ਚੰਡੀਗੜ੍ਹ/ਸ਼ਿਮਲਾ, 14 ਮਾਰਚ (ਚ.ਨ.ਸ): ਹਰਿਆਣਾ ਵਿੱਚ 16 ਮਾਰਚ ਨੂੰ ਹੋਣ ਵਾਲੀਆਂ ਰਾਜ ਸਭਾ ਦੀਆਂ ਦੋ ਸੀਟਾਂ ਦੀਆਂ ਚੋਣਾਂ ਤੋਂ ਪਹਿਲਾਂ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਆਪਣੇ ਵਿਧਾਇਕਾਂ ਨੂੰ 'ਸੰਨ੍ਹ' ਲੱਗਣ ਤੇ ਕਰਾਸ ਵੋਟਿੰਗ ਦੇ ਡਰੋਂ ਕਾਂਗਰਸ ਨੇ ਆਪਣੇ 'ਕਿਲੇਬੰਦੀ' ਕਰਦਿਆਂ ਹਰਿਆਣਾ ਦੇ ਵਿਧਾਇਕਾਂ ਨੂੰ ਹਿਮਾਚਲ ਪ੍ਰਦੇਸ਼ ਦੇ ਸੈਰ-ਸਪਾਟਾ ਸਥਾਨ ਕੁਫ਼ਰੀ ਵਿੱਚ ਭੇਜ ਦਿੱਤਾ ਹੈ। ਸ਼ੁੱਕਰਵਾਰ ਦੇਰ ਸ਼ਾਮ ਕਾਂਗਰਸੀ ਵਿਧਾਇਕਾਂ ਦਾ ਕਾਫਲਾ ਸਖ਼ਤ ਸੁਰੱਖਿਆ ਹੇਠ ਸ਼ਿਮਲਾ ਦੇ ਨੇੜਲੇ ਇਲਾਕੇ ਕੁਫ਼ਰੀ ਪਹੁੰਚਿਆ, ਜਿੱਥੇ ਉਨ੍ਹਾਂ ਨੂੰ ਦੋ ਨਿੱਜੀ ਰਿਜ਼ਾਰਟਾਂ ਵਿੱਚ ਠਹਿਰਾਇਆ ਗਿਆ ਹੈ। ਖ਼ਰੀਦੋ-ਫਰੋਖ਼ਤ ਤੋਂ ਬਚਣ ਲਈ 'ਰਿਜ਼ਾਰਟ ਪਾਲਿਟਿਕਸ' ਦਾ ਸਹਾਰਾ ਜਾਣਕਾਰੀ ਅਨੁਸਾਰ ਕਾਂਗਰਸ ਲੀਡਰਸ਼ਿਪ ਨੇ ਇਹ ਕਦਮ ਭਾਜਪਾ ਵੱਲੋਂ ਖ਼ਰੀਦੋ-ਫਰੋਖ਼ਤ ਦੀਆਂ ਕੋਸ਼ਿਸ਼ਾਂ ਦੇ ਖ਼ਦਸ਼ੇ ਨੂੰ ਦੇਖਦੇ ਹੋਏ ਚੁੱਕਿਆ ਹੈ। ਕਾਂਗਰਸ ਕੋਲ 90 ਮੈਂਬਰੀ ਵਿਧਾਨ ਸਭਾ ਵਿੱਚ 37 ਵਿਧਾਇਕ ਹਨ ਤੇ ਆਪਣਾ ਇੱਕ ਉਮੀਦਵਾਰ ਜਿਤਾਉਣ ਲਈ ਉਸ ਨੂੰ 31 ਵੋਟਾਂ ਦੀ ਲੋੜ ਹੈ। ਹਾਲਾਂਕਿ, ਭਾਜਪਾ ਸਮਰਥਿਤ ਆਜ਼ਾਦ ਉਮੀਦਵਾਰ ਸਤੀਸ਼ ਨਾਂਦਲ ਦੇ ਮੈਦਾਨ ਵਿੱਚ ਉਤਰਨ ਨਾਲ ਮੁਕਾਬਲਾ ਤਿਕੋਣਾ ਹੋ ਗਿਆ ਹੈ, ਜਿਸ ਕਾਰਨ ਕਾਂਗਰਸ ਨੂੰ ਆਪਣੇ ਵਿਧਾਇਕਾਂ ਦੇ ਟੁੱਟਣ ਦਾ ਡਰ ਸਤਾ ਰਿਹਾ ਹੈ। ਹੁੱਡਾ ਨਿਵਾਸ ਤੋਂ ਰਵਾਨਾ ਹੋਏ ਵਿਧਾਇਕ ਚੰਡੀਗੜ੍ਹ ਸਥਿਤ ਵਿਰੋਧੀ ਧਿਰ ਦੇ ਨੇਤਾ ਭੁਪਿੰਦਰ ਸਿੰਘ ਹੁੱਡਾ ਦੀ ਰਿਹਾਇਸ਼ 'ਤੇ ਵਿਧਾਇਕ ਦਲ ਦੀ ਮੀਟਿੰਗ ਹੋਈ। ਮੀਟਿੰਗ ਤੋਂ ਤੁਰੰਤ ਬਾਅਦ ਲਗਭਗ 32 ਵਿਧਾਇਕ ਦੋ ਟੈਂਪੂ ਟਰੈਵਲਰਾਂ ਤੇ ਨਿੱਜੀ ਗੱਡੀਆਂ ਰਾਹੀਂ ਹਿਮਾਚਲ ਲਈ ਰਵਾਨਾ ਹੋ ਗਏ। ਰੋਹਤਕ ਦੇ ਸੰਸਦ ਮੈਂਬਰ ਦੀਪੇਂਦਰ ਹੁੱਡਾ ਖੁਦ ਇਸ ਕਾਫਲੇ ਦੀ ਅਗਵਾਈ ਕਰਦੇ ਨਜ਼ਰ ਆਏ। ਸੂਤਰਾਂ ਅਨੁਸਾਰ ਕੁਫ਼ਰੀ ਦੇ ਰਿਜ਼ਾਰਟ ਵਿੱਚ ਵਿਧਾਇਕਾਂ ਲਈ 37 ਕਮਰੇ ਬੁੱਕ ਕੀਤੇ ਗਏ ਹਨ। ਚੋਣ ਮੈਦਾਨ ਦੀ ਸਥਿਤੀ ਹਰਿਆਣਾ ਦੀਆਂ ਦੋ ਸੀਟਾਂ ਲਈ ਭਾਜਪਾ ਵੱਲੋਂ ਸੰਜੇ ਭਾਟੀਆ ਤੇ ਕਾਂਗਰਸ ਵੱਲੋਂ ਕਰਮਵੀਰ ਸਿੰਘ ਬੌਧ ਮੈਦਾਨ ਵਿੱਚ ਹਨ। ਭਾਜਪਾ ਕੋਲ 48 ਵਿਧਾਇਕ ਹਨ, ਜਦਕਿ ਕਾਂਗਰਸ ਕੋਲ 37 ਭਾਜਪਾ ਸਮਰਥਿਤ ਆਜ਼ਾਦ ਉਮੀਦਵਾਰ ਸਤੀਸ਼ ਨਾਂਦਲ ਦੀ ਮੌਜੂਦਗੀ ਨੇ ਕਾਂਗਰਸ ਦੀ ਚਿੰਤਾ ਵਧਾ ਦਿੱਤੀ ਹੈ। ਵਿਧਾਇਕ ਹੁਣ ਸਿੱਧਾ 16 ਮਾਰਚ ਨੂੰ ਵੋਟਿੰਗ ਵਾਲੇ ਦਿਨ ਹੀ ਚੰਡੀਗੜ੍ਹ ਵਾਪਸ ਪਰਤਣਗੇ।



## ਨੈਸ਼ਨਲ ਲੋਕ ਅਦਾਲਤ 'ਚ 12800 ਕੇਸਾਂ ਦੀ ਸੁਣਵਾਈ ਤੇ 6 ਕਰੋੜ ਰੁਪਏ ਤੋਂ ਵੱਧ ਦੀ ਰਕਮ ਦੇ ਐਵਾਰਡ ਪਾਸ

ਸ੍ਰੀ ਫ਼ਤਹਿਗੜ੍ਹ ਸਾਹਿਬ, 14 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਨਵੀਂ ਦਿੱਲੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਾਣਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਵਿਜੇ ਕੁਮਾਰ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਫਤਹਿਗੜ੍ਹ ਸਾਹਿਬ ਦੀ ਅਗਵਾਈ ਹੇਠ ਅਸ਼ੋਕ ਕੁਮਾਰ ਚੌਹਾਨ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜ਼ਿਲ੍ਹਾ ਕਚਹਿਰੀਆਂ, ਅਮਲੋਹ ਤੇ ਖਮਾਣੋਂ ਦੀਆਂ ਸਬ-ਡਵੀਜ਼ਨ ਪੱਧਰ ਦੀਆਂ ਕਚਹਿਰੀਆਂ ਵਿੱਚ ਅੱਜ ਸਾਲ ਦੀ ਪਹਿਲੀ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਨੈਸ਼ਨਲ ਲੋਕ ਅਦਾਲਤ ਦੇ 12 ਬੈਂਚਾਂ ਵੱਲੋਂ 12800 ਕੇਸਾਂ ਦੀ ਸੁਣਵਾਈ ਹੋਈ, ਜਿਨ੍ਹਾਂ ਵਿੱਚੋਂ 9343 ਕੇਸਾਂ ਦਾ ਨਿਪਟਾਰਾ ਦੋਵਾਂ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਕੀਤਾ ਗਿਆ ਤੇ ਵਿੱਤੀ ਮਾਮਲਿਆਂ ਦੇ ਕੇਸਾਂ ਵਿੱਚ 06 ਕਰੋੜ ਰੁਪਏ ਤੋਂ ਵੱਧ ਦੀ ਰਕਮ ਦੇ ਐਵਾਰਡ ਪਾਸ ਕੀਤੇ ਗਏ। ਇਸ ਮੌਕੇ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਵਿਜੇ ਕੁਮਾਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਲੋਕ ਅਦਾਲਤਾਂ ਰਾਹੀਂ ਕੇਸਾਂ ਦਾ ਨਿਪਟਾਰਾ ਹੋਣ ਨਾਲ ਆਮ ਲੋਕਾਂ ਨੂੰ ਬਹੁਤ ਵੱਡੀ ਰਾਹਤ ਮਿਲਦੀ ਹੈ, ਕਿਉਂਕਿ ਇਨ੍ਹਾਂ ਲੋਕ ਅਦਾਲਤਾਂ ਵਿੱਚ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਕੇਸਾਂ ਦਾ ਨਿਪਟਾਰਾ ਕੀਤਾ ਜਾਂਦਾ ਹੈ। ਜਿਸ ਨਾਲ ਆਮ ਲੋਕਾਂ ਨੂੰ ਜਲਦੀ ਤੇ ਸਸਤਾ ਨਿਆਂ ਵੀ ਮਿਲਦਾ ਹੈ। ਅਸ਼ੋਕ ਕੁਮਾਰ, ਸੀ.ਜੇ.ਐਮ. ਕਮ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਕਿਹਾ ਕਿ ਜਿੱਥੇ ਇਨ੍ਹਾਂ ਲੋਕ ਅਦਾਲਤਾਂ ਵਿੱਚ ਵੱਡੀ ਗਿਣਤੀ ਵਿੱਚ ਅਜਿਹੇ ਕੇਸਾਂ ਦਾ ਨਿਪਟਾਰਾ ਕੀਤਾ ਗਿਆ, ਜਿਹੜੇ ਪਹਿਲਾਂ ਕਿਸੇ ਵੀ ਅਦਾਲਤ ਵਿੱਚ ਨਹੀਂ ਲਗਾਏ ਗਏ ਸਨ ਤੇ ਇਸ ਤੋਂ ਇਲਾਵਾ ਲੰਬੇ ਸਮੇਂ ਤੋਂ ਅਦਾਲਤਾਂ ਵਿੱਚ ਲੰਬਿਤ ਕੇਸਾਂ ਦਾ ਵੀ ਵੱਡੀ ਗਿਣਤੀ ਵਿੱਚ ਨਿਪਟਾਰਾ ਕੀਤਾ ਗਿਆ। ਅਸ਼ੋਕ ਕੁਮਾਰ ਨੇ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਆਪਣੇ ਕੇਸਾਂ ਦਾ ਨਿਪਟਾਰਾ ਕਰਵਾਉਣ ਲਈ ਲੋਕਾਂ ਵਿੱਚ ਭਰਵਾਂ ਉਤਸ਼ਾਹ ਦੇਖਿਆ ਗਿਆ ਤੇ ਇਸ ਲੋਕ ਅਦਾਲਤ ਦੀ ਸਫਲਤਾ ਵਿੱਚ ਨਿਆਂ ਅਧਿਕਾਰੀਆਂ, ਵਕੀਲ ਸਾਹਿਬਾਨ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਵਡਮੁੱਲਾ ਯੋਗਦਾਨ ਦਿੱਤਾ।




## ਸ਼ਹੀਦ ਊਧਮ ਸਿੰਘ ਭਵਨ ਵਿਖੇ ਸ਼ਹੀਦ-ਏ-ਆਜ਼ਮ ਦਾ 85ਵਾਂ ਬਹਾਦਰੀ ਦਿਵਸ ਮਨਾਇਆ

### ☛ਵਿਧਾਇਕ ਭੁੱਲਰ, ਰਜਨੀਸ਼ ਦਹੀਆ ਤੇ ਫੌਜਾ ਸਿੰਘ ਸਰਾਰੀ ਵੱਲੋਂ ਸ਼ਿਰਕਤ

ਫ਼ਿਰੋਜ਼ਪੁਰ, 14 ਮਾਰਚ (ਤਿਵਾੜੀ): ਭਾਰਤ ਦੀ ਆਜ਼ਾਦੀ ਦੀ ਲੜਾਈ ਦੇ ਮਹਾਨ ਨਾਇਕ ਸ਼ਹੀਦ-ਏ-ਆਜ਼ਮ ਊਧਮ ਸਿੰਘ ਦਾ 85ਵਾਂ ਬਹਾਦਰੀ ਦਿਵਸ ਫ਼ਿਰੋਜ਼ਪੁਰ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼ਹੀਦ ਊਧਮ ਸਿੰਘ ਯਾਦਗਾਰ ਕਮੇਟੀ ਫ਼ਿਰੋਜ਼ਪੁਰ ਦੇ ਪ੍ਰਧਾਨ ਭਗਵਾਨ ਸਿੰਘ ਨੇ ਦੱਸਿਆ ਕਿ ਇਹ ਵਿਸ਼ੇਸ਼ ਸਮਾਗਮ 13 ਮਾਰਚ ਨੂੰ ਪਿੰਡ ਰਾਮੇ ਵਾਲਾ, ਹਾਕੇ ਵਾਲਾ (ਨੇੜੇ ਦਾਨਾ ਮੰਡੀ, ਫ਼ਿਰੋਜ਼ਪੁਰ ਸ਼ਹਿਰ) ਸਥਿਤ 'ਸ਼ਹੀਦ ਊਧਮ ਸਿੰਘ ਭਵਨ' ਵਿਖੇ ਕਰਵਾਇਆ ਗਿਆ। ਇਸ ਮੌਕੇ ਪੰਥ ਦੇ ਮਹਾਨ ਰਾਗੀ ਤੇ ਢਾਡੀ ਸਿੰਘਾਂ ਨੇ ਸ਼ਹੀਦੀ ਵਾਰਾਂ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਤੋਂ ਪਹਿਲਾਂ ਸਥਾਨਕ ਸ਼ਹੀਦ ਊਧਮ ਸਿੰਘ ਚੌਕ ਵਿਖੇ ਕਈ ਸਿਆਸੀ, ਧਾਰਮਿਕ ਤੇ ਸਮਾਜ ਸੇਵੀ ਹਸਤੀਆਂ ਨੇ ਸ਼ਹੀਦ-ਏ-ਆਜ਼ਮ ਊਧਮ ਸਿੰਘ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਹਲਕਾ ਵਿਧਾਇਕ ਰਣਬੀਰ ਸਿੰਘ ਭੁੱਲਰ, ਵਿਧਾਇਕ ਰਜਨੀਸ਼ ਦਹੀਆ, ਵਿਧਾਇਕ ਫੌਜਾ ਸਿੰਘ ਸਰਾਰੀ, ਸਾਬਕਾ ਵਿਧਾਇਕ ਜੋਗਿੰਦਰ ਸਿੰਘ ਜਿੰਦੂ, ਐਸਜੀਪੀਸੀ ਮੈਂਬਰ ਦਰਸ਼ਨ ਸਿੰਘ ਸ਼ੇਰ ਖਾਂ ਤੋਂ ਇਲਾਵਾ ਭਾਜਪਾ ਆਗੂ ਅਨੁਮੀਤ ਸਿੰਘ ਹੀਰਾ ਸੋਢੀ, ਕਾਂਗਰਸੀ ਆਗੂ ਅਮਰਦੀਪ ਸਿੰਘ ਆਸ਼ੂ ਬੰਗੜ, ਬਲਜੀਤ ਕੌਰ ਬੰਗੜ, ਯੂਥ ਅਕਾਲੀ ਆਗੂ ਸੁਰਿੰਦਰ ਸਿੰਘ ਬੱਬੂ, ਹਰਪ੍ਰੀਤ ਸਿੰਘ ਸ਼ੇਰ ਖਾਂ ਤੇ ਹੋਰ ਵੀ ਅਹਿਮ ਸ਼ਖ਼ਸੀਅਤਾਂ ਹਾਜ਼ਰ ਸਨ। ਇਸ ਮੌਕੇ ਸ਼ਹੀਦ ਦੀ ਲਾਸਾਨੀ ਕੁਰਬਾਨੀ ਨੂੰ ਯਾਦ ਕਰਦਿਆਂ ਅੰਤਰਰਾਸ਼ਟਰੀ ਗੋਲਡ ਮੈਡਲਿਸਟ ਢਾਡੀ ਜੱਥੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸਨ। ਇਨ੍ਹਾਂ ਵਿੱਚ ਭਾਈ ਮੇਜਰ ਸਿੰਘ ਖ਼ਾਲਸਾ (ਲੋਹੀਆਂ ਖਾਸ) ਤੇ ਭਾਈ ਬੋਹੜ ਸਿੰਘ ਬਾਰੇ ਕੇ ਦਾ ਜੱਥਾ ਆਪਣੀਆਂ ਵਾਰਾਂ ਰਾਹੀਂ ਸੰਗਤਾਂ ਨੂੰ ਸ਼ਹੀਦ ਦੇ ਜੀਵਨ ਤੇ ਉਨ੍ਹਾਂ ਦੀ ਬਹਾਦਰੀ ਦੇ ਕਿੱਸਿਆਂ ਨਾਲ ਜੋੜਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸ਼ਹੀਦ ਊਧਮ ਸਿੰਘ ਯਾਦਗਰ ਕਮੇਟੀ ਦੇ ਪ੍ਰਧਾਨ ਭਗਵਾਨ ਸਿੰਘ ਸਾਮਾ ਤੇ ਐਡ. ਬਲਜੀਤ ਸਿੰਘ ਏਡੀਏ ਨੇ ਦੱਸਿਆ ਕਿ 26 ਦਸੰਬਰ ਨੂੰ ਸ਼ਹੀਦ ਊਧਮ ਸਿੰਘ ਦਾ ਜਨਮ ਦਿਹਾੜਾ ਮਨਾਇਆ ਜਾਂਦਾ ਹੈ ਤੇ 31 ਜੁਲਾਈ ਨੂੰ ਸ਼ਹੀਦੀ ਦਿਹਾੜਾ ਮਨਾਇਆ ਜਾਂਦਾ ਹੈ। ਬੀਤੇ ਸਾਲ ਸੰਗਤਾਂ ਦੇ ਵਿਚਾਰ ਕਰਨ ਮਗਰੋਂ 13 ਮਾਰਚ ਨੂੰ ਸ਼ਹੀਦ ਊਧਮ ਸਿੰਘ ਦਾ ਬਹਾਦਰੀ ਦਿਵਸ ਮਨਾਏ ਜਾਣ ਦੀ ਸਲਾਹ ਬਣਾਈ ਗਈ।




## ਗੈਸ, ਪੈਟਰੋਲ ਤੇ ਡੀਜ਼ਲ ਦੀ ਸਪਲਾਈ ਆਮ ਲੋਕ ਅਫ਼ਵਾਹਾਂ ਤੋਂ ਬਚਣ: ਡੀ.ਐਫ਼.ਐਸ.ਸੀ.

ਫ਼ਿਰੋਜ਼ਪੁਰ, 14 ਮਾਰਚ (ਤਿਵਾੜੀ): ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹੇ ਵਿੱਚ ਐਲਪੀਜੀ ਗੈਸ, ਪੈਟਰੋਲ ਤੇ ਡੀਜ਼ਲ ਦੀ ਸਪਲਾਈ ਦੀ ਸਥਿਤੀ ਬਾਰੇ ਸਮੀਖਿਆ ਲਈ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਜਿਤਿਨ ਵਰਮਾ ਨੇ ਐਲਪੀਜੀ ਗੈਸ ਏਜੰਸੀ ਤੇ ਪੈਟਰੋਲ ਪੰਪਾਂ ਵਿਖੇ ਸਪਲਾਈ ਦੀ ਸਥਿਤੀ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਐਲਪੀਜੀ ਗੈਸ ਸਿਲੰਡਰਾਂ ਦੇ ਨਾਲ-ਨਾਲ ਪੈਟਰੋਲ ਤੇ ਡੀਜ਼ਲ ਦੀ ਸਪਲਾਈ ਸੁਚਾਰੂ ਤਰੀਕੇ ਨਾਲ ਜਾਰੀ ਹੈ ਤੇ ਲੋਕਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਉਨ੍ਹਾਂ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਥਿਤੀ 'ਤੇ ਲਗਾਤਾਰ ਨਿਗਰਾਨੀ ਰੱਖੀ ਜਾ ਰਹੀ ਹੈ। ਉਨ੍ਹਾਂ ਡੀਲਰਾਂ ਨੂੰ ਹਦਾਇਤ ਕੀਤੀ ਕਿ ਉਹ ਗ੍ਰਾਹਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਨਾ ਆਉਣ ਦੇਣ ਤੇ ਨਿਯਮਾਂ ਅਨੁਸਾਰ ਹੀ ਸਪਲਾਈ ਯਕੀਨੀ ਬਣਾਈ ਜਾਵੇ। ਉਨ੍ਹਾਂ ਨੇ ਇਹ ਵੀ ਕਿਹਾ ਕਿ ਜੇਕਰ ਕਿਸੇ ਵੱਲੋਂ ਘਾਟ ਪੈਦਾ ਕਰਨ ਜਾਂ ਮਾਲ ਸਟਾਕ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਤਾਂ ਉਸ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਐਲਪੀਜੀ ਗੈਸ, ਪੈਟਰੋਲ ਤੇ ਡੀਜ਼ਲ ਦੀ ਸਪਲਾਈ ਬਾਰੇ ਸੋਸ਼ਲ ਮੀਡੀਆ ਜਾਂ ਹੋਰ ਸਰੋਤਾਂ ਰਾਹੀਂ ਫੈਲ ਰਹੀਆਂ ਨਕਾਰਾਤਮਕ ਖ਼ਬਰਾਂ ਤੇ ਅਫ਼ਵਾਹਾਂ 'ਤੇ ਵਿਸ਼ਵਾਸ ਨਾ ਕੀਤਾ ਜਾਵੇ। ਉਨ੍ਹਾਂ ਨੇ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਅਫ਼ਵਾਹਾਂ 'ਤੇ ਧਿਆਨ ਨਾ ਦੇਣ ਤੇ ਸਿਰਫ਼ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਕੀਤੀ ਅਧਿਕਾਰਕ ਜਾਣਕਾਰੀ 'ਤੇ ਹੀ ਵਿਸ਼ਵਾਸ ਕਰਨ।



## ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਅਮਿਤ ਸ਼ਾਹ ਦੀ ਰੈਲੀ ਦੀ ਨਿਖੇਧੀ

ਮੱਲਾਂ ਵਾਲਾ, 14 ਮਾਰਚ (ਹਰਪਾਲ ਸਿੰਘ ਖ਼ਾਲਸਾ): ਅੱਜ ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਜ਼ੋਨ ਮੱਲਾਂ ਵਾਲੇ ਦੀ ਦਾਨਾ ਮੰਡੀ ਵਿੱਚ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ ਦੀ ਅਗਵਾਈ ਹੇਠ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ ਗਿਆ। ਪ੍ਰੈਸ ਸਕੱਤਰ ਹਰਦੀਪ ਸਿੰਘ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਸਾਰਾ ਦੇਸ਼ ਕਾਰਪੋਰੇਟ ਜਗਤ ਨੂੰ ਵੇਚ ਦਿੱਤਾ ਹੈ ਤੇ ਪੂਰੇ ਵਿਸ਼ਵ ਵਿੱਚ ਕੋਈ ਵੀ ਮੁਸੀਬਤ ਖੜ੍ਹੀ ਹੁੰਦੀ ਹੈ ਤਾਂ ਟਰੰਪ ਦੇ ਹੁਕਮਾਂ ਤੋਂ ਬਿਨਾਂ ਇੱਕ ਸਰਸਾਈ ਕੋਈ ਵੀ ਚੀਜ਼ ਨਹੀਂ ਲੈ ਸਕਦਾ ਜਿਵੇਂ ਕਿ ਟਰੰਪ ਨੇ ਇਜਾਜ਼ਤ ਦਿੱਤੀ ਈਰਾਨ ਤੋਂ ਤੇਲ ਲੈਣ ਦੀ। ਅਸੀਂ ਅੱਜ ਵੀ ਸਮਝਦੇ ਹਾਂ ਕਿ ਭਾਰਤ ਦੇਸ਼ ਆਜ਼ਾਦ ਨਹੀਂ ਹੈ, ਇਹ ਦੇਸ਼ ਗੁਲਾਮ ਹੈ। ਇਸ ਕਰਕੇ ਜਿਹੜੇ ਭਾਰਤ ਦੇ ਲੋਕ ਖਾਸ ਕਰਕੇ ਪੰਜਾਬੀ ਭਾਜਪਾ ਨੂੰ ਬਰਦਾਸ਼ਤ ਨਹੀਂ ਕਰਨਗੇ ਤੇ ਸੂਬਾ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹਾਂ ਕਿਉਂਕਿ ਕੇਂਦਰ ਸਰਕਾਰ ਦੀ ਸ਼ਹਿ 'ਤੇ ਕਿਸਾਨਾਂ-ਮਜ਼ਦੂਰਾਂ 'ਤੇ ਅੱਤਿਆਚਾਰ ਕਰ ਰਿਹਾ ਹੈ। ਪਿੰਡਾਂ ਦੇ ਵਿੱਚੋਂ ਨਾਜਾਇਜ਼ ਮੁੰਡੇ ਚੁੱਕ ਕੇ ਫੇਕ ਐਨਕਾਊਂਟਰ ਕੀਤੇ ਜਾ ਰਹੇ ਹਨ। ਇਸ ਮੌਕੇ ਸਕੱਤਰ ਸੁਖਦੇਵ ਸਿੰਘ, ਮੀਤ ਪ੍ਰਧਾਨ ਮੱਸਾ ਸਿੰਘ ਆਸਿਫ਼ ਵਾਲਾ, ਖ਼ਜ਼ਾਨਚੀ ਗੁਰਮੁਖ ਸਿੰਘ ਕਾਮਲ ਵਾਲਾ, ਅਮਨਦੀਪ ਸਿੰਘ ਕੱਚਰ ਭੰਨ, ਸੁਰਜੀਤ ਸਿੰਘ ਫੌਜੀ ਕਿਸਾਨ ਆਗੂ ਹਾਜ਼ਰ ਹੋਏ।



## ਪੰਜਾਬ ਬਚਾਓ ਰੈਲੀ 'ਚ 25 ਨੂੰ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ ਸ਼ਹਿਰ ਨਿਵਾਸੀ: ਰਾਜੂ ਖੰਨਾ



ਅਮਲੋਹ, 14 ਮਾਰਚ (ਜਸਵੰਤ ਸਿੰਘ): ਸ਼੍ਰੋਮਣੀ ਅਕਾਲੀ ਦਲ ਵੱਲੋਂ ਦਾਣਾ ਮੰਡੀ ਅਮਲੋਹ ਵਿੱਚ 25 ਮਾਰਚ ਨੂੰ ਕੀਤੀ ਜਾ ਰਹੀ ਵਿਸ਼ਾਲ ਪੰਜਾਬ ਬਚਾਓ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਹਿਰ ਦੇ ਲੋਕ ਸ਼ਿਰਕਤ ਕਰਨਗੇ। ਇਸ ਗੱਲ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਪਾਰਟੀ ਦਫ਼ਤਰ ਅਮਲੋਹ ਵਿਖੇ ਸ਼ਹਿਰ ਦੇ ਪ੍ਰਮੁੱਖ ਆਗੂਆਂ ਤੇ ਵਰਕਰਾਂ ਦੀ ਮੀਟਿੰਗ ਸਮੇਂ ਕੀਤਾ। ਇਸ ਮੌਕੇ ਬਾਰ ਐਸੋਸੀਏਸ਼ਨ ਅਮਲੋਹ ਦੇ ਪ੍ਰਧਾਨ ਐਡ. ਸਤਨਾਮ ਸਿੰਘ ਭਗੜਾਣਾ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਆਰਟੀਆਈ ਸੈਲ ਦਾ ਸੂਬਾ ਕਮੇਟੀ ਮੈਂਬਰ ਬਣਨ 'ਤੇ ਵਧਾਈ ਦਿੰਦੇ ਹੋਏ ਸਨਮਾਨ ਵੀ ਕੀਤਾ ਗਿਆ। ਰਾਜੂ ਖੰਨਾ ਨੇ ਸ਼ਹਿਰ ਦੇ ਹਰ ਵਾਰਡ ਵਾਸੀ ਨੂੰ ਇਸ ਰੈਲੀ ਦਾ ਹਿੱਸਾ ਬਣਨ ਦੀ ਅਪੀਲ ਵੀ ਕੀਤੀ। ਮੀਟਿੰਗ ਵਿੱਚ ਸੀਨੀਅਰ ਆਗੂ ਕਰਮਜੀਤ ਸਿੰਘ ਭਗੜਾਣਾ, ਸ਼ਹਿਰੀ ਪ੍ਰਧਾਨ ਰਾਕੇਸ਼ ਕੁਮਾਰ ਸ਼ਾਹੀ, ਜਥੇਦਾਰ ਕੁਲਦੀਪ ਸਿੰਘ ਮਛਰਾਈ, ਸੀਨੀਅਰ ਆਗੂ ਸੁਖਵਿੰਦਰ ਸਿੰਘ ਕਾਲਾ ਅਰੋੜਾ, ਡਾ. ਅਰਜਨ ਸਿੰਘ ਅਮਲੋਹ, ਗੁਰਦੀਪ ਸਿੰਘ ਮੰਡੋਫਲ, ਜਥੇਦਾਰ ਹਰਬੰਸ ਸਿੰਘ ਬਡਾਲੀ, ਹਰਵਿੰਦਰ ਸਿੰਘ ਬਿੰਦਾ ਮਾਜਰੀ, ਯੂਥ ਆਗੂ ਕੰਵਲਜੀਤ ਸਿੰਘ ਗਿੱਲ, ਪਰਮਿੰਦਰ ਸਿੰਘ ਨੀਟਾ ਸੰਧੂ, ਅਮੋਲਕ ਸਿੰਘ ਕੰਜਾਰੀ, ਗੁਰਮੀਤ ਸਿੰਘ ਮਿੰਟੂ ਅਰੋੜਾ, ਸੁਰਿੰਦਰ ਸਿੰਘ ਜੇਈ, ਗੁਰਦੀਪ ਸਿੰਘ ਬੱਬੀ, ਮੋਹਨ ਸਿੰਘ ਧਰਮਗੜ੍ਹ, ਮਨਜੀਤ ਸਿੰਘ ਕੈਂਥ, ਗੁਰਕੀਰਤ ਸਿੰਘ ਪਨਾਗ, ਗੁਰਮੇਲ ਸਿੰਘ, ਸਾਬਕਾ ਕੌਂਸਲਰ ਬਲਤੇਜ ਸਿੰਘ, ਬਲਵੰਤ ਸਿੰਘ ਮਾਨ, ਸ਼ਾਸਤਰੀ ਗੁਰੂ ਦੱਤ ਸ਼ਰਮਾ, ਬੱਬੀ ਡੰਗ, ਪ੍ਰਿੰਸ ਭੱਦਲਥੂਹਾ, ਕੁਲਵਿੰਦਰ ਸਿੰਘ ਰਹਿਲ, ਪਰਮਜੀਤ ਸਿੰਘ ਔਜਲਾ, ਦਰਸ਼ਨ ਸਿੰਘ ਔਲਖ, ਐਡਵੋਕੇਟ ਗੋਲਡੀ ਅਰੋੜਾ ਤੇ ਐਡਵੋਕੇਟ ਸ਼ੀਤਲ ਸ਼ਰਮਾ ਹਾਜ਼ਰ ਸਨ।

## ਗਰਮੀਆਂ ਨੂੰ ਲੈ ਕੇ ਔਰਤਾਂ ਨੂੰ ਤੰਦਰੁਸਤ ਰਹਿਣ ਲਈ ਕੀ ਕਰਨਾ ਚਾਹੀਦੈ: ਡਾ. ਵਿਨੀ

ਮੋਗਾ, 14 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਵਿੱਚ ਔਰਤਾਂ ਦੇ ਰੋਗਾਂ ਦੇ ਮਾਹਿਰ ਡਾ. ਵਿਨੀ ਆਰਾ ਰੋਡ ਮੋਗਾ ਨੇ ਕਿਹਾ ਕਿ ਅੱਗੇ ਗਰਮੀਆਂ ਸ਼ੁਰੂ ਹੋਣ ਜਾ ਰਹੀਆਂ ਹਨ। ਗਰਮੀਆਂ ਨੂੰ ਲੈ ਕੇ ਔਰਤਾਂ ਨੂੰ ਤੰਦਰੁਸਤ ਰਹਿਣ ਲਈ ਕੀ ਕੁਝ ਕਰਨਾ ਚਾਹੀਦਾ ਹੈ। ਗਰਮੀ ਦੇ ਮੌਸਮ ਵਿੱਚ ਗਰਭਵਤੀ ਔਰਤ ਨੂੰ ਖਾਸ ਧਿਆਨ ਰੱਖਣ ਦੀ ਲੋੜ ਹੁੰਦੀ ਹੈ, ਕਿਉਂਕਿ ਜ਼ਿਆਦਾ ਗਰਮੀ ਨਾਲ ਡੀਹਾਈਡ੍ਰੇਸ਼ਨ (ਪਾਣੀ ਦੀ ਘਾਟ), ਥਕਾਵਟ ਤੇ ਚੱਕਰ ਆ ਸਕਦੇ ਹਨ। ਹੇਠਾਂ ਕੁਝ ਮਹੱਤਵਪੂਰਨ ਸਾਵਧਾਨੀਆਂ ਦਿੱਤੀਆਂ ਗਈਆਂ ਹਨ: 1. ਵੱਧ ਪਾਣੀ ਪੀਓ, ਦਿਨ ਵਿੱਚ 8-10 ਗਿਲਾਸ ਜਾਂ ਇਸ ਤੋਂ ਵੀ ਵੱਧ ਪਾਣੀ ਪੀਓ, ਨਾਰੀਅਲ ਪਾਣੀ, ਨਿੰਬੂ ਪਾਣੀ, ਛਾਸ ਆਦਿ ਵੀ ਪੀ ਸਕਦੇ ਹੋ, ਡੀਹਾਈਡ੍ਰੇਸ਼ਨ ਤੋਂ ਬਚਣਾ ਬਹੁਤ ਜ਼ਰੂਰੀ ਹੈ। 2. ਹਲਕੇ ਤੇ ਢਿੱਲੇ ਕੱਪੜੇ ਪਹਿਨੋ, ਕਪਾਹ ਦੇ ਹਲਕੇ ਤੇ ਢਿੱਲੇ ਕੱਪੜੇ ਪਹਿਨੋ, ਇਸ ਨਾਲ ਸਰੀਰ ਨੂੰ ਠੰਢਕ ਮਿਲਦੀ ਹੈ ਤੇ ਪਸੀਨਾ ਘੱਟ ਆਉਂਦਾ ਹੈ। 3. ਤਿੱਖੀ ਧੁੱਪ ਤੋਂ ਬਚੋ, ਦੁਪਹਿਰ 12 ਵਜੇ ਤੋਂ 4 ਵਜੇ ਤੱਕ ਬਾਹਰ ਜਾਣ ਤੋਂ ਬਚੋ, ਜੇ ਬਾਹਰ ਜਾਣਾ ਪਏ ਤਾਂ ਛਤਰੀ ਜਾਂ ਟੋਪੀ ਵਰਤੋ। 4. ਠੰਢੇ ਤੇ ਪੌਸ਼ਟਿਕ ਭੋਜਨ ਖਾਓ, ਤਾਜ਼ੇ ਫਲ ਜਿਵੇਂ ਤਰਬੂਜ਼, ਖਰਬੂਜ਼ਾ, ਸੰਤਰਾ ਆਦਿ ਖਾਓ, ਸਲਾਦ ਤੇ ਹਲਕਾ ਭੋਜਨ ਕਰੋ, ਬਹੁਤ ਜ਼ਿਆਦਾ ਮਸਾਲੇਦਾਰ ਜਾਂ ਤਲੇ ਹੋਏ ਭੋਜਨ ਤੋਂ ਬਚੋ। 5. ਪੂਰਾ ਆਰਾਮ ਕਰੋ, ਗਰਮੀ ਵਿੱਚ ਥਕਾਵਟ ਜ਼ਿਆਦਾ ਹੁੰਦੀ ਹੈ, ਇਸ ਲਈ ਪੂਰੀ ਨੀਂਦ ਤੇ ਆਰਾਮ ਕਰੋ, ਬਹੁਤ ਜ਼ਿਆਦਾ ਕੰਮ ਨਾ ਕਰੋ। 6. ਸਫ਼ਾਈ ਦਾ ਧਿਆਨ ਰੱਖੋ, ਰੋਜ਼ਾਨਾ ਨਹਾਓ, ਪਸੀਨਾ ਆਉਣ ਨਾਲ ਇੰਫੈਕਸ਼ਨ ਹੋ ਸਕਦਾ ਹੈ, ਇਸ ਲਈ ਸਰੀਰ ਸਾਫ਼ ਰੱਖੋ। 7. ਚੱਕਰ ਜਾਂ ਬੇਹੋਸ਼ੀ ਆਏ ਤਾਂ ਤੁਰੰਤ ਆਰਾਮ ਕਰੋ, ਜੇ ਚੱਕਰ ਆਉਣ, ਜ਼ਿਆਦਾ ਪਸੀਨਾ ਆਵੇ ਜਾਂ ਕਮਜ਼ੋਰੀ ਮਹਿਸੂਸ ਹੋਵੇ ਤਾਂ ਠੰਢੀ ਥਾਂ 'ਤੇ ਬੈਠ ਕੇ ਪਾਣੀ ਪੀਓ ਤੇ ਜ਼ਰੂਰਤ ਪਏ ਤਾਂ ਡਾਕਟਰ ਨੂੰ ਮਿਲੋ। ਗਰਮੀ ਦੇ ਮੌਸਮ ਵਿੱਚ ਗਰਭਵਤੀ ਔਰਤ ਨੂੰ ਪਾਣੀ ਵੱਧ ਪੀਣਾ, ਧੁੱਪ ਤੋਂ ਬਚਣਾ, ਹਲਕੇ ਕੱਪੜੇ ਪਹਿਨਣਾ, ਪੌਸ਼ਟਿਕ ਖਾਣਾ ਖਾਣਾ ਤੇ ਆਰਾਮ ਕਰਨਾ ਬਹੁਤ ਜ਼ਰੂਰੀ ਹੈ।



## ਅਣਸੁਖਾਵੀਂ ਘਟਨਾ ਦੇ ਸ਼ਿਕਾਰ ਕਿਸਾਨਾਂ ਦੀ ਮੰਡੀ ਬੋਰਡ ਵੱਲੋਂ ਕੀਤੀ ਜਾਂਦੀ ਹੈ ਮਦਦ: ਚੇਅਰਮੈਨ



ਸ੍ਰੀ ਫਤਹਿਗੜ੍ਹ ਸਾਹਿਬ, 14 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਮਾਰਕੀਟ ਕਮੇਟੀ ਦਫ਼ਤਰ ਚਨਾਰਥਲ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਰਸ਼ਪਿੰਦਰ ਸਿੰਘ ਰਾਜਾ ਨੇ ਦੱਸਿਆ ਕਿ ਮੰਡੀ ਬੋਰਡ ਵੱਲੋਂ ਕਿਸਾਨਾਂ ਤੇ ਮਜ਼ਦੂਰਾਂ ਦੀ ਭਲਾਈ ਲਈ ਵੱਖ-ਵੱਖ ਸਕੀਮਾਂ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਕਿਸਾਨੀ ਨਾਲ ਸਬੰਧਤ ਕਿਸੇ ਵੀ ਕਿਸਮ ਦੀ ਅਣਸੁਖਾਵੀਂ ਦੁਰਘਟਨਾ ਦੌਰਾਨ ਕਿਸਾਨਾਂ ਤੇ ਮਜ਼ਦੂਰਾਂ ਦੀ ਸਹਾਇਤਾ ਕੀਤੀ ਜਾਂਦੀ ਹੈ। ਚੇਅਰਮੈਨ ਰਾਜਾ ਦੱਸਿਆ ਕਿ ਪਿਛਲੇ ਦਿਨੀਂ ਨਾਹਰ ਸਿੰਘ ਪੁੱਤਰ ਚੰਨਣ ਸਿੰਘ ਪਿੰਡ ਬਧੌਛੀ ਕਲਾਂ ਦਾ ਟਰੈਕਟਰ ਪਲਟਣ ਕਾਰਨ ਪੈਰ ਕੱਟਿਆ ਗਿਆ ਸੀ ਜਿਸ ਕਾਰਨ ਨਾਹਰ ਸਿੰਘ ਨੂੰ ਭਾਰੀ ਮਾਲੀ ਨੁਕਸਾਨ ਸਹਿਣਾ ਪਿਆ। ਇਸ ਲਈ ਮਾਰਕੀਟ ਕਮੇਟੀ ਵੱਲੋਂ ਤੁਰੰਤ ਉਨ੍ਹਾਂ ਦੀ ਫਾਈਲ 'ਤੇ ਕਾਰਵਾਈ ਕੀਤੀ ਗਈ ਤੇ ਅੱਜ ਉਨ੍ਹਾਂ ਮਾਰਕੀਟ ਕਮੇਟੀ ਦੇ ਰੂਲਾਂ ਅਨੁਸਾਰ ਬਣਦੀ ਮੁਆਵਜ਼ੇ ਦੀ ਰਕਮ ਅੜਤਾਲੀ ਹਜ਼ਾਰ ਰੁਪਈਏ ਦਾ ਚੈਕ ਦਿੱਤਾ ਗਿਆ। ਚੇਅਰਮੈਨ ਰਾਜਾ ਨੇ ਅਪੀਲ ਕੀਤੀ ਕਿ ਹਲਕਾ ਫਤਹਿਗੜ੍ਹ ਸਾਹਿਬ ਦੇ ਕਿਸੇ ਵੀ ਪਿੰਡ ਵਿੱਚ ਕਿਸਾਨੀ ਨਾਲ ਸਬੰਧਤ ਵਾਪਰੇ ਹਾਦਸਿਆਂ ਦੇ ਪੀੜਤਾਂ ਨੂੰ ਇਨ੍ਹਾਂ ਸਕੀਮਾਂ ਤੋਂ ਜ਼ਰੂਰ ਜਾਣੂੰ ਕਰਵਾਇਆ ਜਾਵੇ ਤਾਂ ਜੋ ਕਿਸਾਨਾਂ ਤੇ ਮਜ਼ਦੂਰਾਂ ਦੀ ਵੱਧ ਤੋਂ ਵੱਧ ਮਦਦ ਕੀਤੀ ਜਾ ਸਕੇ। ਇਸ ਮੌਕੇ ਉਨ੍ਹਾਂ ਨਾਲ ਲੇਖਾਕਾਰ ਰਾਜ ਕੁਮਾਰ, ਹਰਸ਼ਦੀਪ ਸ਼ਰਮਾ ਸਰਪੰਚ ਰੁੜਕੀ ਆਦਿ ਹਾਜ਼ਰ ਸਨ।

## ਸਵਾਮੀ ਪ੍ਰੇਮਾਨੰਦ ਮਹਾਂਵਿਦਿਆਲਿਆ 'ਚ ਸ਼ਾਨਦਾਰ ਡਿਗਰੀ ਵੰਡ ਸਮਾਰੋਹ ਕਰਵਾਇਆ




ਮੁਕੇਰੀਆਂ, 14 ਮਾਰਚ (ਧਰਮ ਚੰਦ): ਸਵਾਮੀ ਪ੍ਰੇਮਾਨੰਦ ਮਹਾਂਵਿਦਿਆਲਿਆ ਮੁਕੇਰੀਆਂ ਦੇ ਅਕਾਦਮਿਕ ਸੈਸ਼ਨ 2022-23, 2023-24 ਤੇ 2024-25 ਵਿੱਚ ਪਾਸ ਹੋਏ ਵਿਦਿਆਰਥੀਆਂ ਦਾ ਡਿਗਰੀ ਵੰਡ ਸਮਾਰੋਹ ਬਹੁਤ ਖੁਸ਼ੀ, ਉਤਸ਼ਾਹ ਤੇ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ। ਇਹ ਸਮਾਰੋਹ ਵਿਦਿਆਰਥੀਆਂ ਦੀ ਸਿੱਖਿਅਕ ਯਾਤਰਾ ਦੇ ਇੱਕ ਮਹੱਤਵਪੂਰਨ ਪੜਾਅ ਦਾ ਪ੍ਰਤੀਕ ਬਣਿਆ, ਜਿਸ ਵਿੱਚ ਉਨ੍ਹਾਂ ਦੀਆਂ ਪ੍ਰਾਪਤੀਆਂ ਦਾ ਜਸ਼ਨ ਵਿਸ਼ੇਸ਼ ਮਹਿਮਾਨਾਂ, ਮਹਾਂਵਿਦਿਆਲੇ ਦੀ ਪ੍ਰਬੰਧਕ ਕਮੇਟੀ, ਅਧਿਆਪਕ ਵਰਗ, ਮਾਪਿਆਂ ਤੇ ਵਿਦਿਆਰਥੀਆਂ ਦੀ ਹਾਜ਼ਰੀ ਵਿੱਚ ਮਨਾਇਆ ਗਿਆ। ਸਮਾਰੋਹ ਦੀ ਰੌਣਕ, ਮੁੱਖ ਮਹਿਮਾਨ ਜੋਤਸਨਾ, ਐਸ.ਡੀ.ਐਮ. ਮੁਕੇਰੀਆਂ ਦੀ ਸਨਮਾਨਯੋਗ ਹਾਜ਼ਰੀ ਨਾਲ ਹੋਰ ਵੀ ਵੱਧ ਗਈ। ਇਸ ਸਮਾਗਮ ਦਾ ਆਰੰਭ ਦੀਪ ਜਗਾਉਣ ਦੀ ਰਸਮ ਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਐਂਥਮ ਨਾਲ ਹੋਈ, ਜਿਸ ਨਾਲ ਗਿਆਨ, ਅਨੁਸ਼ਾਸਨ ਤੇ ਵਿੱਦਿਅਕ ਉਤਮਤਾ ਦੀ ਭਾਵਨਾ ਹੋਰ ਮਜ਼ਬੂਤ ਹੋਈ। ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ ਤੋਂ ਆਈਆਂ ਕਈ ਨਾਮਵਰ ਸ਼ਖ਼ਸੀਅਤਾਂ ਨੇ ਇਸ ਸਮਾਗਮ ਦੀ ਸ਼ਾਨ ਵਿੱਚ ਵਾਧਾ ਕੀਤਾ। ਮਹਾਂਵਿਦਿਆਲੇ ਦੇ ਪ੍ਰਿੰਸੀਪਲ ਡਾ. ਸਮੀਰ ਸ਼ਰਮਾ ਨੇ ਮਹਿਮਾਨਾਂ ਦਾ ਰਸਮੀ ਸਵਾਗਤ ਕੀਤਾ ਤੇ ਸਾਲਾਨਾ ਵਿੱਦਿਅਕ ਵੇਰਵਾ ਪੇਸ਼ ਕਰਦਿਆਂ ਮਹਾਂਵਿਦਿਆਲਿਆ ਦੀਆਂ ਵਿੱਦਿਅਕ ਪ੍ਰਾਪਤੀਆਂ, ਤਰੱਕੀ ਤੇ ਵੱਖ-ਵੱਖ ਖੇਤਰਾਂ ਵਿੱਚ ਕੀਤੇ ਗਏ ਕੰਮਾਂ ਉਤੇ ਚਾਨਣਾ ਪਾਇਆ। ਇਸ ਤੋਂ ਬਾਅਦ ਮਹਾਂਵਿਦਿਆਲੇ ਦੀ ਪ੍ਰਬੰਧਕ ਕਮੇਟੀ ਦੇ ਸਕੱਤਰ ਸੰਜੀਵ ਆਨੰਦ ਨੇ ਡਿਗਰੀ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੀ ਮਿਹਨਤ ਤੇ ਸਮਰਪਣ ਦੀ ਸ਼ਲਾਘਾ ਕੀਤੀ। ਸਮਾਰੋਹ ਦੌਰਾਨ ਗ੍ਰੈਜੂਏਟ ਤੇ ਪੋਸਟ ਗ੍ਰੈਜੂਏਟ ਕਲਾਸਾਂ ਦੇ 800 ਤੋਂ ਵੱਧ ਵਿਦਿਆਰਥੀਆਂ ਨੂੰ ਡਿਗਰੀਆਂ ਭੇਟ ਕੀਤੀਆਂ ਗਈਆਂ।

## ਪੰਜਾਬ ਗਰੁੱਪ ਆਫ ਕਾਲਜਿਜ਼ 'ਚ 20ਵੀਂ ਐਥਲੈਟਿਕ ਮੀਟ ਕਰਵਾਈ




ਸ੍ਰੀ ਫਤਹਿਗੜ੍ਹ ਸਾਹਿਬ, 14 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਪੰਜਾਬ ਗਰੁੱਪ ਆਫ ਕਾਲਜਿਜ਼, ਪਿੰਡ ਸਰਕੱਪੜਾ, ਚੁੰਨੀ ਕਲਾਂ, ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ 20ਵੀਂ ਸਾਲਾਨਾ ਐਥਲੈਟਿਕ ਮੀਟ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 'ਤੇ ਚੇਅਰਮੈਨ ਨਿਰਮਲ ਸਿੰਘ, ਮੁੱਖ ਮਹਿਮਾਨ ਵੱਜੋਂ ਸ਼ਾਮਲ ਹੋਏ। ਜਿਨ੍ਹਾਂ ਦਾ ਕਾਲਜ ਦੇ ਪ੍ਰਿੰਸੀਪਲ ਡਾ. ਸੁਮਨਦੀਪ ਕੌਰ ਵੱਲੋਂ ਗੁਲਦਸਤਾ ਭੇਟ ਕਰਦਿਆਂ ਤਹਿ ਦਿਲੋਂ ਸਵਾਗਤ ਕੀਤਾ। ਐਥਲੈਟਿਕ ਮੀਟ ਓਪਨ ਕਰਦਿਆਂ ਨਿਰਮਲ ਸਿੰਘ ਨੇ ਮਾਰਚ ਪਾਸਟ ਤੋਂ ਸਲਾਮੀ ਲਈ ਤੇ ਸਭ ਵਿਦਿਆਰਥੀਆਂ ਨੂੰ ਚੰਗਾ ਖੇਡਣ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ 'ਤੇ ਟੈਕ ਇਵੈਂਟ ਤੇ ਰੋਮਾਂਚਕ ਖੇਡਾਂ ਜਿਵੇਂ, 400, 200, 100 ਮੀਟਰ ਦੌੜਾਂ, ਜੈਵਲਿਅਨ ਥ੍ਰੋਅ, ਡਿਸਕਸ ਥ੍ਰੋ, ਲੰਗ ਜੰਪ, ਲੈਮਨ ਰੇਸ, ਰੱਸਾ-ਕੱਸੀ, ਥ੍ਰੀ ਲੈਗਡ ਰੇਸ ਆਦਿ ਖੇਡਾਂ ਕਰਵਾਈਆਂ ਗਈਆਂ। ਇਨ੍ਹਾਂ ਖੇਡਾਂ ਵਿੱਚ ਵਿਦਿਆਰਥੀਆਂ ਨੇ ਪੂਰੇ ਜ਼ੋਰ ਤੇ ਜੋਸ਼ ਨਾਲ ਭਾਗ ਲਿਆ। ਜਿਸ ਵਿੱਚ ਬੈਸਟ ਐਥਲੀਟ ਲੜਕਿਆਂ ਵਿੱਚੋਂ ਕੁਲਦੀਪ ਕੁਮਾਰ ਤੇ ਲੜਕੀਆਂ ਵਿੱਚੋਂ ਨਵਕਿਰਨ ਕੌਰ, ਬੀਏਐਲਐਲਬੀ. ਕੋਰਸ ਦੇ ਰਹੇ। ਚੇਅਰਮੈਨ ਨਿਰਮਲ ਸਿੰਘ ਵੱਲੋਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਾਨੂੰ ਹਰ ਤਰ੍ਹਾਂ ਦੇ ਨਸ਼ੇ ਤੋਂ ਦੂਰ ਰਹਿਣਾ ਚਾਹੀਦਾ ਹੈ। ਜੇ ਨਸ਼ਾ ਕਰਨਾ ਵੀ ਹੈ ਤਾਂ ਖੇਡਾਂ ਦਾ ਕਰਨਾ ਚਾਹੀਦਾ ਹੈ ਤੇ ਖੇਡਾਂ ਨੂੰ ਰੋਜ਼ਾਨਾ ਦੇ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਹੈ। ਉਨ੍ਹਾਂ ਜੀਵਨ ਵਿੱਚ ਤਿੰਨ ਚੀਜ਼ਾਂ-ਇੱਛਾ, ਦ੍ਰਿੜਤਾ ਤੇ ਸਵੈ-ਅਨੁਸ਼ਾਸਨ 'ਤੇ ਜ਼ੋਰ ਦਿੱਤਾ। ਜਿਸ ਨਾਲ ਅਸੀਂ ਹਰ ਤਰ੍ਹਾਂ ਦੀ ਸਫਲਤਾ ਪ੍ਰਾਪਤ ਕਰ ਸਕੀਏ ਤੇ ਸਾਡਾ ਤੇ ਸਾਡੇ ਦੇਸ਼ ਦਾ ਨਾਮ ਰੌਸ਼ਨ ਹੋ ਸਕੇ। ਕਾਲਜ ਪ੍ਰਿੰਸੀਪਲ ਡਾ. ਸੁਮਨਦੀਪ ਕੌਰ ਵੱਲੋਂ ਆਏ ਹੋਏ ਮੁੱਖ ਮਹਿਮਾਨ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਤੇ ਇਸ ਮੌਕੇ ਪਹੁੰਚਣ 'ਤੇ ਧੰਨਵਾਦ ਕੀਤਾ। ਉਨ੍ਹਾਂ ਸਾਰੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

## ਅਕਾਲੀ ਦਲ ਦੀ ਭਰਵੀਂ ਮੀਟਿੰਗ



ਭੋਗਪੁਰ, 14 ਮਾਰਚ (ਜੰਡੀਰ ਸੈਣੀ): ਭੋਗਪੁਰ ਦੇ ਪਿੰਡ ਬਿਨਪਾਲਕੇ ਵਿੱਚ ਅੱਜ ਸ਼੍ਰੋਮਣੀ ਅਕਾਲੀ ਦਲ ਦੀ ਭਰਵੀਂ ਮੀਟਿੰਗ ਹੋਈ। ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਹੋਰ ਵੀ ਵਰਕਰ ਸ਼ਾਮਲ ਹੋਏ। ਆਲੇ ਦੁਆਲੇ ਦੇ ਲੋਕਾਂ ਨੇ ਵੀ ਮੀਟਿੰਗ ਵਿੱਚ ਪਹੁੰਚ ਕੇ ਅਕਾਲੀ ਦਲ ਜ਼ਿੰਦਾਬਾਦ ਦੇ ਨਾਅਰੇ ਲਗਾਏ। ਸ਼੍ਰੋਮਣੀ ਅਕਾਲੀ ਦਲ ਨੂੰ ਇਕਜੁੱਟ ਹੋ ਕੇ ਪਾਰਟੀ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ। ਆਗੂਆਂ ਨੇ ਕਿਹਾ ਕਿ ਕੁਝ ਬੰਦੇ ਜੋ ਮੌਕਾ ਦੇਖ ਕੇ ਪਾਰਟੀ ਬਦਲ ਲੈਂਦੇ ਹਨ ਇਨ੍ਹਾਂ ਬੰਦਿਆਂ 'ਤੇ ਨਿਗ੍ਹਾ ਰੱਖਣੀ ਬਹੁਤ ਜ਼ਰੂਰੀ ਹੈ ਕਿਉਂਕਿ ਜੋ ਲੋਕ ਪਾਰਟੀ ਨੂੰ ਪਿਆਰ ਨਹੀਂ ਕਰਦੇ ਜਿਧਰ ਪੱਲਾ ਭਾਰੀ ਹੁੰਦਾ, ਉਧਰ ਹੋ ਜਾਂਦੇ ਹਨ। ਇਹੋ ਜਿਹੇ ਬੰਦਿਆਂ 'ਤੇ ਕਿਸੇ ਵੀ ਪਾਰਟੀ ਨੂੰ ਵਿਸ਼ਵਾਸ ਨਹੀਂ ਕਰਨਾ ਚਾਹੀਦਾ। ਆਗੂਆਂ ਨੇ ਕਿਹਾ ਕਿ ਬਹੁਤ ਜਲਦ ਅਗਲੀ ਮੀਟਿੰਗ ਸ਼੍ਰੋਮਣੀ ਅਕਾਲੀ ਦਲ ਦੀ ਭਰਵੀਂ ਮੀਟਿੰਗ ਰੈਲੀ ਦੇ ਰੂਪ ਵਿੱਚ ਹੋਵੇਗੀ। ਇਸ ਮੌਕੇ 'ਤੇ ਅਕਾਲੀ ਦਲ ਦੇ ਵੱਖ-ਵੱਖ ਲੀਡਰਾਂ ਨੇ ਆਪਣੇ-ਆਪਣੇ ਵਿਚਾਰ ਸਾਂਝੇ ਕੀਤੇ ਤੇ ਸਾਰਿਆਂ ਨੂੰ ਇੱਕਜੁੱਟ ਹੋ ਕੇ ਚੱਲਣ ਲਈ ਪ੍ਰੇਰਿਤ ਕੀਤਾ।

## ਨੈਸ਼ਨਲ ਡਿਗਰੀ ਕਾਲਜ ਦੇ ਪੀ.ਜੀ.ਡੀ.ਸੀ.ਏ. ਸਮੈਸਟਰ ਪਹਿਲੇ ਦਾ ਨਤੀਜਾ ਸ਼ਾਨਦਾਰ ਰਿਹਾ

ਫਾਜ਼ਿਲਕਾ, 14 ਮਾਰਚ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਬੀਤੇ ਦਿਨ ਇਲਾਕੇ ਦੇ ਪ੍ਰਸਿੱਧ ਸਿੱਖਿਆ ਸੰਸਥਾਨ ਨੈਸ਼ਨਲ ਡਿਗਰੀ ਕਾਲਜ, ਚੁਵਾੜਿਆਂ ਵਾਲੀ ਫਾਜ਼ਿਲਕਾ ਦੇ ਪੀ.ਜੀ.ਡੀ.ਸੀ.ਏ. ਸਮੈਸਟਰ ਪਹਿਲੇ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ। ਇਸ ਨਤੀਜੇ ਨੇ ਕਾਲਜ ਦੀ ਸਿੱਖਿਆ ਪ੍ਰਣਾਲੀ ਤੇ ਵਿਦਿਆਰਥੀਆਂ ਦੀ ਮਿਹਨਤ ਨੂੰ ਦਰਸਾਇਆ ਹੈ। ਇਸ ਨਤੀਜੇ ਵਿੱਚ ਅਭਿਸ਼ੇਕ ਸਪੁੱਤਰ ਸੁਰੇਸ਼ ਕੁਮਾਰ ਨੇ ਪਹਿਲਾ ਸਥਾਨ ਹਾਸਲ ਕੀਤਾ। ਨਵਜੋਤ ਸਪੁੱਤਰ ਰਮੇਸ਼ ਕੁਮਾਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦਕਿ ਅਨਾਮਿਕਾ ਰਾਣੀ ਸਪੁੱਤਰੀ ਮਹਿੰਦਰ ਪ੍ਰਕਾਸ਼ ਨੇ ਤੀਜਾ ਸਥਾਨ ਹਾਸਲ ਕਰਕੇ ਕਾਲਜ ਤੇ ਆਪਣੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਦੀ ਇਸ ਪ੍ਰਾਪਤੀ ਨਾਲ ਕਾਲਜ ਦੇ ਅਧਿਆਪਕਾਂ ਤੇ ਮਾਪਿਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਕਾਲਜ ਦੇ ਚੇਅਰਮੈਨ ਜਸਪਾਲ ਸਿੰਘ ਸੰਧੂ ਤੇ ਕਾਲਜ ਦੀ ਸਮੂਹ ਮੈਨੇਜਮੈਂਟ ਵੱਲੋਂ ਵਿਦਿਆਰਥੀਆਂ ਦੀ ਇਸ ਉਪਲਬਧੀ ਲਈ ਉਨ੍ਹਾਂ ਨੂੰ ਵਧਾਈ ਦਿੱਤੀ ਗਈ ਤੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ। ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਦੀ ਮਿਹਨਤ ਤੇ ਅਧਿਆਪਕਾਂ ਦੀ ਰਹਿਨੁਮਾਈ ਨਾਲ ਹੀ ਕਾਲਜ ਹਰ ਸਾਲ ਵਧੀਆ ਨਤੀਜੇ ਪ੍ਰਾਪਤ ਕਰ ਰਿਹਾ ਹੈ। ਇਸ ਮੌਕੇ ਕਾਲਜ ਦੀ ਕਾਰਜਕਾਰੀ ਪ੍ਰਿੰਸੀਪਲ ਡਾ. ਰਚਨਾ ਮਹਿਰੋਕ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਮਿਹਨਤ, ਲਗਨ ਤੇ ਅਨੁਸ਼ਾਸਨ ਨਾਲ ਹਰ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਨ ਤੇ ਉਚੇ ਮੁਕਾਮ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਕਾਲਜ ਪ੍ਰਬੰਧਕਾਂ ਨੇ ਆਸ ਜਤਾਈ ਕਿ ਵਿਦਿਆਰਥੀ ਅੱਗੇ ਵੀ ਸਿੱਖਿਆ ਦੇ ਖੇਤਰ ਵਿੱਚ ਨਵੇਂ ਮਾਪਦੰਡ ਸਥਾਪਤ ਕਰਨਗੇ ਤੇ ਆਪਣੇ ਕਾਲਜ ਤੇ ਪਰਿਵਾਰ ਦਾ ਨਾਮ ਰੌਸ਼ਨ ਕਰਨਗੇ।



## ਰਿਮਟ ਯੂਨੀਵਰਸਿਟੀ ਨੇ 'ਸੰਚਾਰ ਵਿੱਚ ਟੇਕ-ਆਫ ਤੇ ਲੈਂਡਿੰਗ ਦਾ ਸਿਧਾਂਤ' ਵਿਸ਼ੇ 'ਤੇ ਮਹਿਮਾਨ ਭਾਸ਼ਣ ਦੀ ਮੇਜ਼ਬਾਨੀ ਕੀਤੀ

ਮੰਡੀ ਗੋਬਿੰਦਗੜ੍ਹ, 14 ਮਾਰਚ (ਸੂਦ): ਰਿਮਟ ਯੂਨੀਵਰਸਿਟੀ ਦੇ ਸਕੂਲ ਆਫ ਐਜੂਕੇਸ਼ਨ, ਪੱਤਰਕਾਰੀ ਤੇ ਜਨ ਸੰਚਾਰ ਵਿਭਾਗ ਤੇ ਸਕੂਲ ਆਫ ਲਿਬਰਲ ਆਰਟਸ ਨੇ ਸਾਂਝੇ ਤੌਰ 'ਤੇ 'ਸੰਚਾਰ ਵਿੱਚ ਟੇਕ-ਆਫ ਤੇ ਲੈਂਡਿੰਗ ਦਾ ਸਿਧਾਂਤ' ਵਿਸ਼ੇ 'ਤੇ ਮਹਿਮਾਨ ਭਾਸ਼ਣ ਕਰਵਾਇਆ। ਉਥੇ ਸਰੋਤ ਵਿਅਕਤੀ ਡਾ. ਵਿਧੂ ਪ੍ਰਕਾਸ਼ ਕਾਇਸਥ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ, ਜਿਸ ਕੋਲ ਮੀਡੀਆ ਤੇ ਸੰਚਾਰ ਖੇਤਰ ਵਿੱਚ ਕਰੀਬ 30 ਸਾਲਾਂ ਦਾ ਪੇਸ਼ੇਵਰ ਤਜਰਬਾ ਹੈ ਤੇ 7 ਕਾਪੀਰਾਈਟ ਪੁਰਸਕਾਰਾਂ ਨਾਲ ਸਨਮਾਨ ਮਿਲ ਚੁੱਕਿਆ ਹੈ। ਸੰਚਾਰ ਵਿੱਚ ਟੇਕ-ਆਫ ਤੇ ਲੈਂਡਿੰਗ ਦਾ ਸਿਧਾਂਤ ਉਨ੍ਹਾਂ ਦਾ ਆਪਣਾ ਕਾਪੀਰਾਈਟ ਸਿਧਾਂਤ ਹੈ, ਜਿਸ ਦੇ ਆਧਾਰ 'ਤੇ ਇਹ ਭਾਸ਼ਣ ਕੀਤਾ ਗਿਆ। ਡਾ. ਕਾਇਸਥ ਨੇ ਸੰਚਾਰ ਦੇ ਵੱਖ-ਵੱਖ ਪਹਿਲੂਆਂ 'ਤੇ ਚਰਚਾ ਕੀਤੀ ਤੇ ਦੱਸਿਆ ਕਿ ਕਿਸੇ ਵੀ ਸੰਚਾਰ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਸ਼ੁਰੂਆਤ (ਟੇਕ-ਆਫ) ਤੇ ਅੰਤ (ਲੈਂਡਿੰਗ) ਦੋਵੇਂ ਮਹੱਤਵਪੂਰਨ ਹਨ। ਉਨ੍ਹਾਂ ਢੁੱਕਵੇਂ ਸ਼ਬਦ ਦੀ ਚੋਣ, ਸਰੀਰ ਦੇ ਹਾਵ-ਭਾਵ, ਬੋਲਣ ਦੌਰਾਨ ਪਿੱਚ ਤੇ ਬਾਰੰਬਾਰਤਾ ਨੂੰ ਸੰਤੁਲਿਤ ਕਰਨ ਤੇ ਸੰਚਾਰ ਦੌਰਾਨ ਹਰੇਕ ਦੀ ਸਰਗਰਮ ਭਾਗੀਦਾਰੀ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਅਨੁਸਾਰ ਇਨ੍ਹਾਂ ਸਾਰੇ ਤੱਤਾਂ ਦਾ ਤਾਲਮੇਲ ਸੰਚਾਰ ਨੂੰ ਸਫਲ ਤੇ ਪ੍ਰਭਾਵਸ਼ਾਲੀ ਬਣਾਉਂਦਾ ਹੈ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਗੈਸਟ ਲੈਕਚਰ ਵਿੱਚ ਉਤਸ਼ਾਹ ਤੇ ਸਕਾਰਾਤਮਕ ਢੰਗ ਨਾਲ ਹਿੱਸਾ ਲਿਆ ਤੇ ਵਿਸ਼ੇ ਨਾਲ ਸਬੰਧਤ ਆਪਣੇ ਸਵਾਲ ਵੀ ਪੇਸ਼ ਕੀਤੇ। ਇਸ ਮੌਕੇ ਡਾ. ਵਿਧੂ ਪ੍ਰਕਾਸ਼ ਕਾਇਸਥ ਨੂੰ ਯਾਦਗਾਰੀ ਚਿੰਨ੍ਹ ਨਾਲ ਸਨਮਾਨਤ ਵੀ ਕੀਤਾ। ਅੰਤ ਵਿੱਚ ਡੀਨ ਸਕੂਲ ਆਫ ਐਜੂਕੇਸ਼ਨ ਨੇ ਧੰਨਵਾਦ ਕੀਤਾ। ਇਸ ਮੌਕੇ 'ਤੇ ਵਿਭਾਗਾਂ ਦੇ ਮੁਖੀ, ਫੈਕਲਟੀ ਤੇ ਤਿੰਨੋਂ ਵਿਭਾਗਾਂ ਦੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਮੌਜੂਦ ਸਨ।



# ਵਿਧਾਇਕ ਬੱਗਾ ਵੱਲੋਂ ਹੈਬੋਵਾਲ ਤੋਂ ਸ਼ਰਧਾਲੂਆਂ ਦੀ ਬੱਸ ਰਵਾਨਾ

ਲੁਧਿਆਣਾ, 14 ਮਾਰਚ (ਵਿਸ਼ਾਲ ਸ਼ਰਮਾ) : ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਅੰਮ੍ਰਿਤਸਰ ਲਈ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

ਵਿਧਾਇਕ ਬੱਗਾ ਨੇ ਦੱਸਿਆ ਕਿ ਇਸ ਬਸ ਰਾਹੀਂ ਸ਼ਰਧਾਲੂ ਅੰਮ੍ਰਿਤਸਰ ਦੇ ਤੀਰਥ ਅਸਥਾਨਾਂ ਦੇ ਦਰਸ਼ਨ ਦਿਦਾਰੇ ਕਰਨਗੇ। ਇਹ ਬੱਸ ਹੈਬੋਵਾਲ ਸਥਿਤ ਭੂਰੀ ਵਾਲਾ ਗੁਰਦੁਆਰੇ ਨੇੜੇ ਵਿਧਾਇਕ ਬੱਗਾ ਦੇ ਦਫ਼ਤਰ ਤੋਂ ਅਰਦਾਸ ਕਰਕੇ ਅੰਮ੍ਰਿਤਸਰ ਸਥਿਤ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ, ਭਗਵਾਨ ਵਾਲਮੀਕਿ ਤੀਰਥ ਸਮੇਤ ਹੋਰ ਧਾਰਮਿਕ ਸਥਾਨਾਂ ਦੀ ਦੋ ਰੋਜ਼ਾ ਯਾਤਰਾ ਲਈ ਰਵਾਨਾ ਹੋਈ।



ਵਿਧਾਇਕ ਬੱਗਾ ਨੇ 'ਆਪ' ਸਰਕਾਰ ਦੇ ਸ਼ਾਸਨ ਦੌਰਾਨ ਸ਼ੁਰੂ ਕੀਤੀ ਤੀਰਥ ਯਾਤਰਾ ਯੋਜਨਾ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਕੀਮ ਤਹਿਤ ਤੀਰਥ ਅਸਥਾਨਾਂ 'ਤੇ ਜਾਣ ਵਾਲੇ ਸ਼ਰਧਾਲੂਆਂ ਲਈ ਯਾਤਰਾ, ਰਿਹਾਇਸ਼ ਅਤੇ ਭੋਜਨ ਦਾ ਪ੍ਰਬੰਧ ਸੂਬਾ ਸਰਕਾਰ ਵੱਲੋਂ ਕੀਤਾ ਗਿਆ ਹੈ। ਉਨ੍ਹਾਂ ਆਪਣੇ ਵਿਧਾਇਕ ਕਾਰਜਕਾਲ ਦੌਰਾਨ ਸੈਂਕੜੇ ਲੋਕਾਂ ਨੂੰ ਮੁਫ਼ਤ ਯਾਤਰਾ ਦੇ ਦਿੱਤੇ ਗਏ ਲਾਭ ਦਾ ਜ਼ਿਕਰ ਕਰਦਿਆਂ ਕਿਹਾ ਕਿ ਆਰਥਿਕ ਪੱਖੋਂ ਕਮਜ਼ੋਰ ਹੋਣ ਕਾਰਨ ਕਈ ਲੋਕ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦੀ ਇੱਛਾ ਦੇ ਬਾਵਜੂਦ ਵੀ ਨਹੀਂ ਜਾ ਸਕੇ। ਉਨ੍ਹਾਂ ਦੱਸਿਆ ਕਿ ਹੁਣ ਸਰਕਾਰੀ ਯੋਜਨਾ ਰਾਹੀਂ ਸਮਾਜ ਦੇ ਹਰ ਵਰਗ ਨੂੰ ਤੀਰਥ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਇਸ ਮੌਕੇ ਵਿਧਾਨ ਸਭਾ ਉੱਤਰੀ ਦੇ ਤੀਰਥ ਯਾਤਰਾ ਕੋ-ਆਰਡੀਨੇਟਰ ਸੁਰਿੰਦਰ ਮੁਰਾਰੀ, ਵਾਰਡ ਸੰਗਠਨ ਇੰਚਾਰਜ ਦਸਮੇਸ਼ ਸਿੰਘ, ਮਹਿਲਾ ਵਿੰਗ ਦੀ ਪ੍ਰਧਾਨ ਮਨੀਸ਼ਾ ਕਪੂਰ, ਭਾਨੂੰ ਪ੍ਰਤਾਪ, ਸਿਮਰਨਜੀਤ ਕੌਰ, ਆਸ਼ੂ ਮੇਹਨ, ਬਲਬੀਰ ਚੰਦ, ਗੌਰਵ ਖੇੜਾ, ਦਿਨੇਸ਼ ਕੁਮਾਰ ਅਤੇ ਸੋਮਨਾਥ ਵੀ ਮੌਜੂਦ ਸਨ।

# ਨਾਨਕਸ਼ਾਹੀ ਸੰਮਤ 558ਵੇਂ ਨਵੇਂ ਸਾਲ ਦੀ ਆਰੰਭਤਾ 'ਤੇ ਚੇਤ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਮਨਾਇਆ

ਲੁਧਿਆਣਾ, 14 ਮਾਰਚ, (ਰਵਿੰਦਰ ਸਿੰਘ ਨਿੱਝਰ): ਗੁਰਦੁਆਰਾ ਸ਼ਹੀਦਾਂ ਫ਼ੇਰੂਮਾਨ ਢੋਲੇਵਾਲ ਚੌਂਕ ਵਿਖੇ ਨਾਨਕਸ਼ਾਹੀ ਸੰਮਤ 558ਵੇਂ ਨਵੇਂ ਸਾਲ ਦੀ ਆਰੰਭਤਾ ਦੀ ਖ਼ੁਸ਼ੀ ਅਤੇ ਚੇਤ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਵੇਰੇ ਤੋਂ ਹੀ ਗੁਰਦੁਆਰਾ ਸਾਹਿਬ ਵਿੱਚ ਧਾਰਮਿਕ ਦੀਵਾਨ ਸਜੇ ਜਿੱਥੇ ਭਾਈ ਗੁਰਦੀਪ ਸਿੰਘ ਜੈਪੁਰ ਵਾਲੇ , ਭਾਈ ਗੁਰਸ਼ਰਨ ਸਿੰਘ ਕੋਮਲ, ਭਾਈ ਹਰਪ੍ਰੀਤ ਸਿੰਘ ਖਾਲਸਾ, ਭਾਈ ਪਰਮਵੀਰ ਸਿੰਘ, ਭਾਈ ਗੁਰਮੇਲ ਸਿੰਘ ਦੁੱਗਰੀ ਵਾਲੇ ਅਤੇ ਉਨ੍ਹਾਂ ਦੇ ਜੱਥੇ ਵੱਲੋਂ ਗੁਰਬਾਣੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਕਥਾਵਾਚਕਾਂ ਨੇ ਗੁਰਬਾਣੀ ਦੇ ਉਪਦੇਸ਼ਾਂ ਰਾਹੀਂ ਸੰਗਤਾਂ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੰਗਰਾਂਦ ਦਾ ਦਿਹਾੜਾ ਸਾਨੂੰ ਨਵੀਂ ਸ਼ੁਰੂਆਤ ਕਰਨ ਅਤੇ ਗੁਰਬਾਣੀ ਨਾਲ ਜੁੜ ਕੇ ਸੱਚੇ ਜੀਵਨ ਦੀ ਰਾਹ ਤੇ ਚੱਲਣ ਦੀ ਪ੍ਰੇਰਣਾ ਦਿੰਦਾ ਹੈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਜਨਰਲ ਸਕੱਤਰ ਤੇਜਿੰਦਰ ਸਿੰਘ ਡੰਗ ਨੇ ਕਿਹਾ ਕਿ ਗੁਰੂ ਸਾਹਿਬਾਨ ਨੇ ਸਾਨੂੰ ਨਾਮ ਸਿਮਰਨ, ਸੇਵਾ ਅਤੇ ਸੱਚ ਦੇ ਮਾਰਗ 'ਤੇ ਤੁਰਨ ਦੀ ਸਿੱਖਿਆ ਦਿੱਤੀ ਹੈ, ਜਿਸਨੂੰ ਅਪਨਾ ਕੇ ਅਸੀਂ ਆਪਣਾ ਜੀਵਨ ਕਾਮਯਾਬ ਬਣਾ ਸਕਦੇ ਹਾਂ। ਗੁਰੂ ਕਾ ਲੰਗਰ ਅਤੁੱਟ ਵਰਤਿਆ। ਇਸ ਮੌਕੇ ਪਰਮਜੀਤ ਸਿੰਘ ਲਾਇਲਪੁਰੀ, ਤਰਲੋਚਨ ਸਿੰਘ ਬੱਬਰ, ਇੰਦਰਜੀਤ ਸਿੰਘ ਮੱਕੜ, ਜਤਿੰਦਰਪਾਲ ਸਿੰਘ ਸਲੂਜਾ, ਸੁਰਿੰਦਰਜੀਤ ਸਿੰਘ ਮੱਕੜ, ਬਲਜੀਤ ਸਿੰਘ ਦੁਖੀਆ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਣਕੂ, ਇੰਦਰਜੀਤ ਸਿੰਘ ਗੋਲਾ, ਲਖਵਿੰਦਰ ਸਿੰਘ ਲੱਖਾ, ਸੁਰਿੰਦਰ ਸਿੰਘ ਨਾਰੰਗ, ਮੋਹਨ ਸਿੰਘ ਚੌਹਾਨ, ਸੁਰਜੀਤ ਸਿੰਘ ਮਠਾੜੂ, ਅਰਜੁਨ ਸਿੰਘ ਚੀਮਾ, ਦਵਿੰਦਰ ਸਿੰਘ ਸਿੱਬਲ, ਪਰਮਿੰਦਰ ਸਿੰਘ, ਰਵਿੰਦਰ ਸਿੰਘ ਰਵੀ, ਗੁਰਮੀਤ ਸਿੰਘ, ਸੁਨੀਲ ਕੁਮਾਰ ਆਦਿ ਹਾਜ਼ਰ ਸਨ।

# ਰਾਜਾ ਵੜਿੰਗ ਨੇ ਪੰਜਾਬ ਵਿੱਚ ਭਾਜਪਾ ਦੀ 'ਅੱਗ-ਪਾਣੀ ਦੀ ਰਾਜਨੀਤੀ' ਦੀ ਨਿੰਦਾ ਕੀਤੀ



ਲੁਧਿਆਣਾ, 14 ਮਾਰਚ (ਰਵਿੰਦਰ ਸਿੰਘ ਨਿੱਝਰ) ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਅੱਜ ਭਾਜਪਾ 'ਤੇ ਹਥੌੜੇ ਵਾਂਗ ਹਮਲਾ ਕੀਤਾ। ਇਸਦੇ ਰਿਕਾਰਡ ਨੂੰ ਤਿੱਖਾ ਖੰਡਨ ਕਰਦਿਆਂ ਪਾੜ ਦਿੱਤਾ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਰੈਲੀ ਦਾ ਹਵਾਲਾ ਦਿੰਦੇ ਹੋਏ, ਵੜਿੰਗ ਨੇ ਕਿਹਾ ਕਿ ਦਿੱਲੀ ਤੋਂ ਭਾਜਪਾ ਆਗੂ ਕਾਂਗਰਸ 'ਤੇ ਗਾਲ੍ਹਾਂ ਕੱਢਣ ਦੇ ਇੱਕੋ ਇੱਕ ਏਜੰਡੇ ਨਾਲ ਪੰਜਾਬ ਆਉਂਦੇ ਹਨ। ਮਾਈ ਕੰਟਰੀ ਮਾਈ ਲਾਈਫ ਵਿੱਚ ਲਾਲ ਕ੍ਰਿਸ਼ਨ ਅਡਵਾਨੀ ਦੇ ਆਪਣੇ ਸ਼ਬਦਾਂ ਤੋਂ ਲੈ ਕੇ ਕਿਸਾਨਾਂ 'ਤੇ ਸਰਕਾਰ ਦੀਆਂ ਅਸਫਲਤਾਵਾਂ, 1984 ਦੇ ਪੀੜਤਾਂ ਲਈ ਇਨਸਾਫ਼ ਅਤੇ ਨਸ਼ੇ ਦੇ ਖਤਰੇ ਨੂੰ ਉਜਾਗਰ ਕਰਨ ਤੱਕ, ਵੜਿੰਗ ਨੇ ਭਾਜਪਾ 'ਤੇ ਜ਼ਖ਼ਮਾਂ, ਧਰਮ ਅਤੇ ਜਾਤ ਨਾਲ ਰਾਜਨੀਤੀ ਕਰਨ ਦਾ ਦੋਸ਼ ਲਗਾਇਆ।ਵੜਿੰਗ ਨੇ ਕਿਹਾ ਕਿ ਮਾਈ ਕੰਟਰੀ ਮਾਈ ਲਾਈਫ਼ ਲਾਲ ਕ੍ਰਿਸ਼ਨ ਅਡਵਾਨੀ ਨੇ ਲਿਖਿਆ ਸੀ ਕਿ ਅਸੀਂ ਉਸ ਸਮੇਂ ਦੀ ਸਰਕਾਰ ਨੂੰ ਅਕਾਲ ਤਖ਼ਤ ਸਾਹਿਬ 'ਤੇ ਹਮਲਾ ਕਰਨ ਲਈ ਮਜਬੂਰ ਕੀਤਾ ਸੀ। ਭਾਜਪਾ ਆਗੂ ਇਸਨੂੰ ਪੜ੍ਹਨ ਅਤੇ ਸਪੱਸ਼ਟੀਕਰਨ ਦੇਣ। ਉਨ੍ਹਾਂ ਅੱਗੇ ਕਿਹਾ ਕਿ ਅਸੀਂ 1984 ਵਰਗੀ ਹੈਸੀਅਤਿ ਦੇਖੀ ਹੈ ਜੋ ਭਾਜਪਾ ਨੇ ਸਰਹੱਦਾਂ 'ਤੇ ਕਿਸਾਨਾਂ ਲਈ ਬਣਾਈ ਸੀ, ਜਿੱਥੇ 700 ਲੋਕ ਮਾਰੇ ਗਏ ਅਤੇ ਜ਼ਖਮੀ ਹੋਏ ਸਨ, ਪਰ ਤੁਸੀਂ ਐਫਆਈਆਰ ਦਰਜ ਨਹੀਂ ਹੋਣ ਦਿੱਤੀ। ਉਹਨਾਂ ਕਿਹਾ ਕਿ ਤੁਸੀਂ 12 ਸਾਲ ਸੱਤਾ 'ਚ ਰਹਿਣ ਦੇ ਬਾਵਜੂਦ 1984 ਦਾ ਇਨਸਾਫ ਨਹੀਂ ਦਿੱਤਾ ਭਵਿੱਖ ਵਿੱਚ ਵੀ ਤੁਹਾਡੇ ਤੋਂ ਕੋਈ ਉਮੀਦ ਨਹੀਂ ਕੀਤੀ ਜਾ ਸਕਦੀ ਮੋਦੀ ਦੀਆਂ ਧਰਮ ਪਰਿਵਰਤਨ ਵਾਲੀਆਂ ਗੱਲਾਂ 'ਤੇ ਬੋਲਦਿਆਂ ਉਹਨਾਂ ਕਿਹਾ ਕਿ ਤੁਸੀਂ ਸੱਤਾ ਹਥਿਆਉਣ ਲਈ ਧਰਮ ਤੇ ਜਾਤ ਦੀਆਂ ਗੱਲਾਂ ਹੀ ਕਿਉਂ ਕਰਦੇ ਹੋ । ਉਹਨਾਂ ਕਿਹਾ ਕਿ ਤੁਸੀਂ ਕਹਿੰਦੇ ਹੋ ਕਿ ਸੱਤਾ ਵਿੱਚ ਆ ਕੇ ਅਸੀਂ ਨਸ਼ੇ ਖਤਮ ਕਰ ਦੇਵਾਂਗੇ। ਪ੍ਰੰਤੂ ਇਹ ਨਸ਼ੇ ਪੰਜਾਬ ਦੇ ਵਿੱਚ ਸਰਹੱਦਾਂ ਤੋਂ ਆਉਂਦੇ ਹਨ ਅਤੇ ਇਸ ਦੇ ਲਈ ਵੀ ਤੁਸੀ ਵੀ ਪੰਜਾਬ ਸਰਕਾਰ ਤੋਂ ਘੱਟ ਜਿੰਮੇਵਾਰ ਨਹੀਂ। ਵੜਿੰਗ ਨੇ ਜ਼ੋਰ ਦੇ ਕੇ ਕਿਹਾ ਕਿ ਭਾਜਪਾ ਪੰਜਾਬ ਦੀ ਸਥਿਤੀ ਨੂੰ ਵਿਗੜਨ ਵਿੱਚ ਆਪਣੀ ਭੂਮਿਕਾ ਤੋਂ ਇਨਕਾਰ ਨਹੀਂ ਕਰ ਸਕਦੀ। ਉਨ੍ਹਾਂ ਟਿੱਪਣੀ ਕੀਤੀ ਕਿ ਪਹਿਲਾਂ ਤੁਸੀਂ ਅੱਗ ਬਾਲਦੇ ਹੋ ਅਤੇ ਫਿਰ ਪਾਣੀ ਪਾਉਣ ਦਾ ਦਿਖਾਵਾ ਕਰਦੇ ਹੋ। ਉਹਨਾਂ ਕਿਹਾ ਕਿ ਤੁਹਾਡੇ ਖੋਖਲੇ ਵਾਅਦਿਆਂ ਨੂੰ ਪੰਜਾਬ ਦੇ ਲੋਕ ਤੁਹਾਡੇ ਖੋਖਲੇ ਵਾਅਦਿਆਂ ਅਤੇ ਅੱਗ ਪਾਣੀ ਦੀ ਰਾਜਨੀਤੀ ਨੂੰ ਚੰਗੀ ਤਰ੍ਹਾਂ ਸਮਝਦੇ ਹਨ ਅਤੇ ਗੁੰਮਰਾਹ ਨਹੀਂ ਹੋਣਗੇ। ਉਹਨਾਂ ਕਿਹਾ ਕਿ ਤੁਸੀਂ ਸਿੱਧੂ ਮੂਸੇ ਵਾਲਾ ਦੇ ਕਤਲ ਵਿੱਚ ਸ਼ਾਮਿਲ ਬਿਸ਼ਨੋਈ ਨੂੰ ਗੁਜਰਾਤ ਜੇਲ ਵਿੱਚ ਰੱਖ ਕੇ ਮਹਿਮਾਨਾਂ ਵਾਂਗ ਸੇਵਾ ਕਰ ਰਹੇ ਹੋ। ਅਜਿਹੇ ਵਿੱਚ ਪੰਜਾਬ ਦੇ ਲੋਕ ਤੁਹਾਡੇ ਤੋਂ ਕਿਵੇਂ ਉਮੀਦ ਕਰ ਸਕਦੇ ਹਨ ਕਿ ਤੁਸੀਂ ਪੰਜਾਬ ਵਿੱਚੋਂ ਗੈਂਗਸਟਰ ਵਾਦ ਨੂੰ ਖਤਮ ਕਰੋਗੇ।ਇਸ ਮੌਕੇ ਪੰਜਾਬ ਹਾਊਸ ਵੈਟ ਦੇ ਸਾਬਕਾ ਚੇਅਰਮੈਨ ਕ੍ਰਿਸ਼ਨ ਕੁਮਾਰ ਬਾਵਾ, ਪੰਜਾਬ ਲਾਰਜ ਇੰਡਸਟਰੀ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ,ਰਾਕੇਸ਼ ਪਾਂਡੇ, ਸੰਜੇ ਤਲਵਾੜ, ਕੁਲਦੀਪ ਸਿੰਘ ਵੈਦ ਅਤੇ ਸਿਮਰਨਜੀਤ ਸਿੰਘ ਬੈਂਸ ਸ਼ਾਮਲ ਹਨ।

# ਅਮਿਤ ਸ਼ਾਹ ਨੂੰ ਗੋਸ਼ਾ ਨੇ ਧੰਨਵਾਦ ਪੱਤਰ ਸੌਂਪਿਆ



ਲੁਧਿਆਣਾ, 14 ਮਾਰਚ (ਰਵਿੰਦਰ ਸਿੰਘ ਨਿੱਝਰ): ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪੈਨਲਿਸਟ. ਗੁਰਦੀਪ ਸਿੰਘ ਗੋਸ਼ਾ ਅਤੇ ਭਾਜਪਾ ਦੇ ਆਰ.ਟੀ.ਆਈ. ਸੈੱਲ ਪੰਜਾਬ ਦੇ ਸੰਯੋਜਕ ਸ੍ਰੀ ਕੀਮਤੀ ਰਾਵਲ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਮੋਦੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਿੰਦ ਦੀ ਚਾਦਰ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਜੀ ਦੇ 350ਵੇਂ ਪ੍ਰਕਾਸ਼ ਪੁਰਬ ਨੂੰ ਕੇਂਦਰ ਸਰਕਾਰ ਵੱਲੋਂ ਪੂਰੇ ਦੇਸ਼ ਵਿੱਚ ਵੱਡੀ ਸ਼ਰਧਾ ਅਤੇ ਵਿਸ਼ਵਾਸ ਨਾਲ ਮਨਾਇਆ ਜਾਣਾ ਸਿਰਫ਼ ਭਾਰਤ ਹੀ ਨਹੀਂ ਸਗੋਂ ਪੂਰੀ ਦੁਨੀਆਂ ਲਈ ਹਿੰਦੂ-ਸਿੱਖ ਏਕਤਾ ਦਾ ਮਜ਼ਬੂਤ ਸੰਦੇਸ਼ ਹੈ। ਗੋਸ਼ਾ ਨੇ ਕਿਹਾ ਕਿ ਸਿੱਖ ਗੁਰੂਆਂ ਅਤੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਦੇਸ਼ ਦੇ ਪਾਠਕ੍ਰਮ ਵਿੱਚ ਸ਼ਾਮਲ ਕਰਕੇ ਅਤੇ ਭਵਿੱਖੀ ਪੀੜ੍ਹੀਆਂ ਨੂੰ ਸਕੂਲਾਂ ਵਿੱਚ ਇਸ ਬਾਰੇ ਸਿੱਖਿਆ ਦੇ ਕੇ ਸਰਕਾਰ ਨੇ ਸਿੱਖ ਕੌਮ ਦੇ ਇਤਿਹਾਸ ਅਤੇ ਬਲਿਦਾਨਾਂ ਨੂੰ ਸਹੀ ਮਾਨਤਾ ਦਿੱਤੀ ਹੈ। ਇਸ ਮੌਕੇ ਸ੍ਰੀ ਰਾਵਲ ਨੇ ਕਿਹਾ ਕਿ ਹਿੰਦੂ-ਸਿੱਖ ਏਕਤਾ ਨੂੰ ਮਜ਼ਬੂਤ ਕਰਨ ਲਈ ਕੇਂਦਰ ਸਰਕਾਰ ਵੱਲੋਂ ਕੀਤੇ ਗਏ ਯਤਨ ਸ਼ਲਾਘਾਯੋਗ ਹਨ ਅਤੇ ਇਸ ਲਈ ਹਿੰਦੂ ਸਮਾਜ ਸਦਾ ਰਿਣੀ ਰਹੇਗਾ।

ਇਸ ਦੌਰਾਨ ਹਲਵਾਰਾ ਏਅਰਪੋਰਟ 'ਤੇ ਗੁਰਦੀਪ ਸਿੰਘ ਗੋਸ਼ਾ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਜੀ ਨੂੰ ਧੰਨਵਾਦ ਪੱਤਰ ਸੌਂਪਦਿਆਂ ਕਿਹਾ ਕਿ ਸਿੱਖ ਗੁਰੂਆਂ ਪ੍ਰਤੀ ਸਰਕਾਰ ਦੀ ਸੱਚੀ ਸ਼ਰਧਾ ਨਾਲ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਨੂੰ ਧਰਮ ਪਰਿਵਰਤਨ ਵਰਗੀਆਂ ਚੁਣੌਤੀਆਂ ਤੋਂ ਮੁਕਤੀ ਮਿਲੇਗੀ।

# 'ਪੰਜਾਬ ਬਚਾਓ ਰੈਲੀਆਂ' ਬਣ ਰਹੀਆਂ ਸੂਬੇ ਦੇ ਲੋਕਾਂ ਦੀ ਆਵਾਜ਼ : ਸੋਖੀ



ਲੁਧਿਆਣਾ, 14 ਮਾਰਚ (ਰਵਿੰਦਰ ਸਿੰਘ ਨਿੱਝਰ): ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਜਨਰਲ ਸਕੱਤਰ ਅਤੇ ਹਲਕਾ ਆਤਮ ਨਗਰ ਦੇ ਇੰਚਾਰਜ ਜਗਬੀਰ ਸਿੰਘ ਸੋਖੀ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਪੰਜਾਬ ਬਚਾਓ ਰੈਲੀਆਂ ਦੇ ਤਹਿਤ ਵਿਧਾਨ ਸਭਾ ਹਲਕਾ ਸਾਹਨੇਵਾਲ ਵਿਖੇ ਕੱਢੀ ਰੈਲੀ ਦੌਰਾਨ ਆਪਣੇ ਬਹੁ ਗਿਣਤੀ ਸਾਥੀਆਂ ਸਮੇਤ ਸ਼ਿਰਕਤ ਕਰਦਿਆਂ ਕਿਹਾ ਕਿ ਇਹ ਰੈਲੀਆਂ ਸੂਬੇ ਦੇ ਲੋਕਾਂ ਦੀ ਆਵਾਜ਼ ਬਣ ਰਹੀਆਂ ਹਨ ਅਤੇ ਹਰ ਵਰਗ ਵੱਲੋਂ ਭਰਪੂਰ ਸਮਰਥਨ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਤੋਂ ਪੰਜਾਬ, ਪੰਜਾਬੀਅਤ ਅਤੇ ਕਿਸਾਨ-ਮਜ਼ਦੂਰ ਦੇ ਹੱਕਾਂ ਲਈ ਲੜਦਾ ਆਇਆ ਹੈ ਅਤੇ ਅੱਜ ਵੀ ਉਸੇ ਮਿਸ਼ਨ ਨਾਲ ਮੈਦਾਨ ਵਿੱਚ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੇ ਰਾਜ ਵਿੱਚ ਪੰਜਾਬ ਦੀ ਕਾਨੂੰਨ-ਵਿਵਸਥਾ ਡਗਮਗਾਈ ਹੋਈ ਹੈ, ਨੌਜਵਾਨ ਬੇਰੁਜ਼ਗਾਰੀ ਅਤੇ ਨਸ਼ਿਆਂ ਦੀ ਮਾਰ ਝੱਲ ਰਹੇ ਹਨ ਅਤੇ ਵਪਾਰੀਆਂ- ਕਿਸਾਨਾਂ ਵਿੱਚ ਨਿਰਾਸ਼ਾ ਦਾ ਮਾਹੌਲ ਬਣਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਜਿੱਥੇ ਵੀ ਇਹ ਰੈਲੀਆਂ ਹੋ ਰਹੀਆਂ ਹਨ, ਉੱਥੇ ਵੱਡੀ ਗਿਣਤੀ ਵਿੱਚ ਲੋਕ ਆਪਣੀ ਮਰਜ਼ੀ ਨਾਲ ਸ਼ਾਮਿਲ ਹੋ ਰਹੇ ਹਨ, ਜੋ ਇਹ ਸਾਬਤ ਕਰਦਾ ਹੈ ਕਿ ਲੋਕ ਬਦਲਾਅ ਚਾਹੁੰਦੇ ਹਨ। ਸੋਖੀ ਨੇ ਕਿਹਾ ਕਿ ਸੁਖਬੀਰ ਬਾਦਲ ਵੱਲੋਂ ਲੋਕਾਂ ਦੇ ਮੁੱਦੇ ਸੁਣੇ ਜਾ ਰਹੇ ਹਨ ਅਤੇ ਭਵਿੱਖ ਲਈ ਪਾਰਟੀ ਦੀ ਰਣਨੀਤੀ ਵੀ ਤਿਆਰ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਆਵਾਜ਼ ਬਣ ਕੇ ਸੰਘਰਸ਼ ਜਾਰੀ ਰੱਖੇਗਾ। ਉਨ੍ਹਾਂ ਸਾਰੇ ਵਰਗਾਂ ਨੂੰ ਅਪੀਲ ਕੀਤੀ ਕਿ ਵੱਡੀ ਗਿਣਤੀ ਵਿੱਚ ਇਨ੍ਹਾਂ ਰੈਲੀਆਂ ਵਿੱਚ ਸ਼ਾਮਿਲ ਹੋ ਕੇ ਪੰਜਾਬ ਦੇ ਭਵਿੱਖ ਨੂੰ ਬਚਾਉਣ ਲਈ ਇਕੱਠੇ ਹੋਣ। ਇਸ ਮੌਕੇ ਉਹਨਾਂ ਦੇ ਨਾਲ ਨਰੇਸ਼ ਧੀਂਗਾਨ, ਜਸਦੀਪ ਸਿੰਘ ਕਾਉਂਕੇ, ਆਰ.ਪੀ.ਐਸ ਧਾਲੀਵਾਲ, ਸੰਤੋਖ ਸਿੰਘ, ਪ੍ਰਵੀਨ ਭਾਰਤੀ, ਬਲਕਾਰ ਸਿੰਘ (ਤਿੰਨੋ ਸਰਕਲ ਜਥੇਦਾਰ), ਮਾਸਟਰ ਰਣਜੀਤ ਸਿੰਘ, ਇੰਦਰਜੀਤ ਸਿੰਘ ਗਿੱਲ, ਕੁਲਦੀਪ ਸਿੰਘ ਖਾਲਸਾ, ਜਤਿੰਦਰ ਖਾਲਸਾ, ਸਤਨਾਮ ਕੈਲੇ, ਸ਼ਮਸ਼ੇਰ ਗਰੇਵਾਲ, ਕੌਂਸਲਰ ਇੰਦਰਜੀਤ ਸਿੰਘ ਰੂਬੀ ਲੋਟੇ, ਡਾਕਟਰ ਕਮਲਜੀਤ ਸਿੰਘ, ਅਮਰਦੀਪ ਸਿੰਘ ਦੀਪੀ ਆਦਿ ਹਾਜ਼ਰ ਸਨ।

# ਮੋਗਾ ਰੈਲੀ ਲਈ ਬਾਹਰਲੇ ਸੂਬਿਆਂ ਤੋਂ ਭੀੜ ਲਿਆਉਣਾ ਭਾਜਪਾ ਦੀ ਨਾਕਾਮੀ : ਸੰਧੂ



ਲੁਧਿਆਣਾ, 14 ਮਾਰਚ (ਵਿਸ਼ਾਲ ਸ਼ਰਮਾ): ਅੱਜ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਪੰਜਾਬ ਦੌਰੇ 'ਤੇ ਉਨ੍ਹਾਂ ਨੂੰ ਜੀ ਆਇਆਂ ਨੂੰ ਕਿਹਾ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਯੂਥ ਵਿੰਗ ਮਾਲਵਾ ਸੈਂਟਰਲ ਜ਼ੋਨ ਦੇ ਪ੍ਰਧਾਨ ਪਰਮਿੰਦਰ ਸਿੰਘ ਸੰਧੂ ਨੇ ਕਿਹਾ ਕਿ ਮੋਗਾ ਵਿਖੇ ਭਾਜਪਾ ਵੱਲੋਂ ਕੀਤੀ ਜਾ ਰਹੀ ਰੈਲੀ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਵਿੱਚ ਭਾਜਪਾ ਦਾ ਕੋਈ ਮਜ਼ਬੂਤ ਜਨ ਆਧਾਰ ਨਹੀਂ ਹੈ। ਉਨ੍ਹਾਂ ਤਿੱਖਾ ਤੰਜ ਕੱਸਦਿਆਂ ਕਿਹਾ ਕਿ ਜਿਸ ਪਾਰਟੀ ਨੂੰ ਪੰਜਾਬ ਵਿੱਚ ਰੈਲੀ ਲਈ ਲੋਕ ਨਹੀਂ ਮਿਲਦੇ, ਉਹ ਹਰਿਆਣਾ ਅਤੇ ਰਾਜਸਥਾਨ ਤੋਂ ਬੱਸਾਂ ਭਰ ਕੇ ਭੀੜ ਇਕੱਠੀ ਕਰ ਰਹੀ ਹੈ। ਇਹ ਸਿਰਫ਼ ਇੱਕ ਸਿਆਸੀ ਡਰਾਮਾ ਹੈ ਜਿਸ ਨਾਲ ਪੰਜਾਬ ਦੇ ਲੋਕਾਂ ਨੂੰ ਪ੍ਰਭਾਵਿਤ ਨਹੀਂ ਕੀਤਾ ਜਾ ਸਕਦਾ। ਸੰਧੂ ਨੇ ਅਗੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਬਹੁਤ ਜਾਗਰੂਕ ਹਨ ਅਤੇ ਉਹ ਦਿਖਾਵੇ ਦੀ ਰਾਜਨੀਤੀ ਨੂੰ ਚੰਗੀ ਤਰ੍ਹਾਂ ਸਮਝਦੇ ਹਨ। ਬਾਹਰਲੇ ਰਾਜਾਂ ਤੋਂ ਭੀੜ ਲਿਆ ਕੇ ਪੰਜਾਬ ਵਿੱਚ ਤਾਕਤ ਦਿਖਾਉਣ ਦੀ ਕੋਸ਼ਿਸ਼ ਭਾਜਪਾ ਦੀ ਹਕੀਕਤ ਨੂੰ ਹੀ ਬੇਨਕਾਬ ਕਰਦੀ ਹੈ। ਅੱਜ ਪੰਜਾਬ ਦੇ ਲੋਕ ਸਿਰਫ਼ ਆਮ ਆਦਮੀ ਪਾਰਟੀ 'ਤੇ ਹੀ ਵਿਸ਼ਵਾਸ ਕਰਦੇ ਹਨ ਅਤੇ ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਕੰਮਾਂ ਤੋਂ ਸੰਤੁਸ਼ਟ ਹਨ। ਭਗਵੰਤ ਮਾਨ ਸਰਕਾਰ ਵੱਲੋਂ ਘਰ-ਘਰ 300 ਯੂਨਿਟ ਮੁਫ਼ਤ ਬਿਜਲੀ, ਸਰਕਾਰੀ ਸਕੂਲਾਂ ਅਤੇ ਹਸਪਤਾਲਾਂ ਦੀ ਸੁਧਾਰ ਅਤੇ ਨੌਜਵਾਨਾਂ ਨੂੰ ਪਾਰਦਰਸ਼ੀ ਤਰੀਕੇ ਨਾਲ ਸਰਕਾਰੀ ਨੌਕਰੀਆਂ ਦੇਣ ਵਰਗੇ ਕਈ ਇਤਿਹਾਸਕ ਕਦਮ ਚੁੱਕੇ ਗਏ ਹਨ।

ਉਨ੍ਹਾਂ ਨੇ ਕੇਂਦਰ ਸਰਕਾਰ 'ਤੇ ਸਿੱਧਾ ਹਮਲਾ ਕਰਦਿਆਂ ਕਿਹਾ ਕਿ ਜੇਕਰ ਭਾਜਪਾ ਦੇ ਆਗੂ ਸੱਚਮੁੱਚ ਪੰਜਾਬ ਦੀ ਚਿੰਤਾ ਕਰਦੇ ਹਨ ਤਾਂ ਪਹਿਲਾਂ ਪੰਜਾਬ ਦੇ ਹੱਕਾਂ ਵਾਲੇ ਰੋਕੇ ਹੋਏ ਫੰਡ ਜਾਰੀ ਕਰਨ। ਸਿਰਫ਼ ਰੈਲੀਆਂ ਕਰਕੇ ਜਾਂ ਭੀੜ ਇਕੱਠੀ ਕਰਕੇ ਪੰਜਾਬ ਦੇ ਲੋਕਾਂ ਦਾ ਭਰੋਸਾ ਨਹੀਂ ਜਿੱਤਿਆ ਜਾ ਸਕਦਾ। ਸੰਧੂ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਸਾਫ਼ ਕਰ ਦਿੱਤਾ ਹੈ ਕਿ ਉਹ ਵਿਕਾਸ, ਇਮਾਨਦਾਰੀ ਅਤੇ ਲੋਕਹਿੱਤ ਦੀ ਰਾਜਨੀਤੀ ਦੇ ਨਾਲ ਖੜੇ ਹਨ ਅਤੇ ਦਿਖਾਵੇ ਦੀ ਰਾਜਨੀਤੀ ਕਰਨ ਵਾਲੀਆਂ ਪਾਰਟੀਆਂ ਨੂੰ ਪੰਜਾਬ ਵਿੱਚ ਕੋਈ ਥਾਂ ਨਹੀਂ ਮਿਲੇਗੀ।

# ਸ਼ੇਰਪੁਰ ਚੌਂਕ ਨੇੜੇ 368 ਬਿਸਤਰਿਆਂ ਵਾਲਾ ਮਲਟੀ-ਸਪੈਸ਼ਲਿਟੀ ਹਸਪਤਾਲ ਬਣੇਗਾ



ਲੁਧਿਆਣਾ, 14 ਮਾਰਚ (ਰਵਿੰਦਰ ਸਿੰਘ ਨਿੱਝਰ): ਲਿਵਾਸਾ ਹਸਪਤਾਲ ਨੇ ਲੁਧਿਆਣਾ ਵਿੱਚ 368 ਬਿਸਤਰਿਆਂ ਵਾਲੇ ਮਲਟੀ-ਸਪੈਸ਼ਲਿਟੀ ਹਸਪਤਾਲ ਦੀ ਉਸਾਰੀ ਦਾ ਐਲਾਨ ਕੀਤਾ ਹੈ। ਹਸਪਤਾਲ ਅਗਲੇ 15-18 ਮਹੀਨਿਆਂ ਵਿੱਚ ਚਾਲੂ ਹੋਣ ਦੀ ਉਮੀਦ ਹੈ। ਰਾਸ਼ਟਰੀ ਰਾਜਮਾਰਗ ਦੇ ਨਾਲ ਸ਼ੇਰਪੁਰ ਚੌਂਕ ਨੇੜੇ ਬਣਨ ਵਾਲਾ ਇਹ ਹਸਪਤਾਲ ਨੇੜਲੇ ਜ਼ਿਲ੍ਹਿਆਂ ਦੇ ਮਰੀਜ਼ਾਂ ਲਈ ਪਹੁੰਚਯੋਗ ਹੋਵੇਗਾ। ਸੀਈਓ ਅਨੁਰਾਗ ਯਾਦਵ ਨੇ ਕਿਹਾ ਕਿ ਸਾਡੇ ਆਉਣ ਵਾਲੇ ਹਸਪਤਾਲ ਦੇ ਨਾਲ, ਸਾਡਾ ਉਦੇਸ਼ ਲੁਧਿਆਣਾ ਅਤੇ ਆਸ ਪਾਸ ਦੇ ਜ਼ਿਲ੍ਹਿਆਂ ਦੇ ਲੋਕਾਂ ਲਈ ਆਪਣੀ ਕਲੀਨਿਕਲ ਮੁਹਾਰਤ, ਆਧੁਨਿਕ ਬੁਨਿਆਦੀ ਢਾਂਚਾ ਅਤੇ ਮਰੀਜ਼-ਕੇਂਦ੍ਰਿਤ ਪਹੁੰਚ ਲਿਆਉਣਾ ਹੈ।

# ਕਿਸਾਨਾਂ ਨੇ ਅਮਿਤ ਸ਼ਾਹ ਦਾ ਪੁਤਲਾ ਫੂਕਿਆ



ਲੁਧਿਆਣਾ, 14 ਮਾਰਚ (ਰਵਿੰਦਰ ਸਿੰਘ ਨਿੱਝਰ) : ਅਮਿਤ ਸ਼ਾਹ ਦੀ ਮੋਗਾ ਰੈਲੀ ਦੇ ਵਿਰੋਧ ਵਿੱਚ ਅੱਜ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਅਤੇ ਦਸ਼ਮੇਸ਼ ਕਿਸਾਨ ਯੂਨੀਅਨ ਵੱਲੋਂ ਸਾਂਝੇ ਤੌਰ 'ਤੇ ਲਾਢੋਵਾਲ ਟੋਲ ਪਲਾਜਾ ਵਿਖੇ ਅਮਿਤ ਸ਼ਾਹ ਦਾ ਪੁਤਲਾ ਫੂਕਿਆ ਗਿਆ। ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਦੇ ਪੰਜਾਬ ਪ੍ਰਧਾਨ ਦਿਲਬਾਗ ਸਿੰਘ ਗਿੱਲ, ਜਨਰਲ ਸਕੱਤਰ ਪੰਜਾਬ ਮਨਜੀਤ ਸਿੰਘ ਅਰੋੜਾ ਨੇ ਆਖਿਆ ਕਿ ਕੇਂਦਰ ਦੀ ਭਾਜਪਾ ਸਰਕਾਰ ਕਿਸਾਨਾਂ ਮਜ਼ਦੂਰਾਂ ਅਤੇ ਹੋਰ ਵਰਗਾਂ ਸਮੇਤ ਸਮੁੱਚੇ ਪੰਜਾਬ ਦੀ ਦੁਸ਼ਮਣ ਹੈ। ਇਹ ਪੰਜਾਬੀਆਂ ਦੀਆਂ ਧਾਰਮਿਕ ਭਾਵਨਾਵਾਂ ਦੀ ਆੜ ਵਿੱਚ ਪੰਜਾਬ ਨਾਲ ਖਿਲਵਾੜ ਕਰਕੇ ਪੰਜਾਬ ਦੀ ਸੱਤਾ 'ਤੇ ਕਬਜ਼ਾ ਕਰਨਾ ਚਾਹੁੰਦੀ ਹੈ ਪ੍ਰੰਤੂ ਪੰਜਾਬ ਦੇ ਲੋਕ ਅਜਿਹਾ ਬਿਲਕੁੱਲ ਨਹੀਂ ਹੋਣ ਦੇਣਗੇ। ਇਸ ਮੌਕੇ ਜਗਜੀਤ ਸਿੰਘ ਬਬਰਾ, ਸਿਮਰਨਜੀਤ ਕੌਰ, ਜਸਵੀਰ ਸਿੰਘ ਨਾਮਧਾਰੀ, ਪਵਿੱਤਰ ਸਿੰਘ, ਸੁਖਵਿੰਦਰ ਸਿੰਘ ਸ਼ਿਮਲਾਪੁਰੀ, ਸੁਖਦੇਵ ਸਿੰਘ ਮੰਗਲੀ ਬਾਬਾ ਮੰਗਲ ਸਿੰਘ, ਸੁਰਿੰਦਰ ਸਿੰਘ, ਗੁਰਮੁਖ ਸਿੰਘ, ਭੋਲਾ ਸਿੰਘ, ਤੀਰਥ ਸਿੰਘ ਨਾਮਧਾਰੀ ਅਤੇ ਹੋਰ ਪਤਵੰਤੇ ਸੱਜਣ ਸ਼ਾਮਲ ਹੋਏ।

# ਅੱਖਾਂ ਦੇ ਮੁਫ਼ਤ ਆਪ੍ਰੇਸ਼ਨ ਕੈਂਪ 'ਚ ਪੁੱਜੇ ਸੈਂਕੜੇ ਮਰੀਜ਼ : ਗੋਗਾ



ਲੁਧਿਆਣਾ, 14 ਮਾਰਚ (ਰਵਿੰਦਰ ਸਿੰਘ ਨਿੱਝਰ) : ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਦੇ ਫ੍ਰੀ ਅੱਖਾਂ ਦੇ ਕੈਂਪ ਵਿੱਚ 400 ਦੇਕਰੀਬ ਮਰੀਜ਼ਾਂ ਨੇ ਲਿਆ ਹਿੱਸਾ, ਜਿਸ ਵਿੱਚੋਂ 80 ਮਰੀਜ਼ ਅਪਰੇਸ਼ਨ ਲਈ ਚੁਣੇ ਗਏ। ਕੌਂਸਲਰ ਸੋਹਣ ਸਿੰਘ ਗੋਗਾ ਨੇ ਦੱਸਿਆ ਕਿ ਸਾਰੇ ਕੌਂਸਲ ਮੈਂਬਰਾਂ ਵੱਲੋਂ ਇਹ ਕਾਰਜ ਹਰੇਕ ਮਹੀਨੇ ਕੀਤਾ ਜਾਂਦਾ ਹੈ। ਰਣਯੋਧ ਸਿੰਘ ਵੱਲੋਂ ਹਰ ਖੇਤਰ ਵਿੱਚ ਆਪਣੇ ਤਨ ਮਨ ਧਨ ਨਾਲ ਯੋਗਦਾਨ ਪਾਇਆ ਜਾਂਦਾ ਹੈ। ਮਹਿੰਦਰ ਸਿੰਘ ਮਠਾੜੂ, ਕੁਲਵੰਤ ਸਿੰਘ, ਬਲਵਿੰਦਰ ਸਿੰਘ, ਕਮਲਜੀਤ ਸਿੰਘ, ਦਵਿੰਦਰ ਸ਼ਰਮਾਂ ਬੌਬੀ, ਅਕਾਸ਼ ਵਰਮਾ, ਅਤੇ ਹਰਦੇਵ ਸਿੰਘ ਸੰਗੋਵਾਲ ਆਦਿ ਹਾਜ਼ਰ ਸਨ।

# ਪਾਬੰਦੀਸ਼ੁਦਾ ਗੋਲ਼ੀਆਂ ਸਮੇਤ ਇੱਕ ਕਾਬੂ

ਮੁੱਲਾਂਪੁਰ ਦਾਖਾ, 14 ਮਾਰਚ (ਦਵਿੰਦਰ ਸਿੰਘ ਲੰਮੇ): ਥਾਣਾ ਦਾਖਾ ਪੁਲਿਸ ਵੱਲੋਂ ਇੱਕ ਨੌਜਵਾਨ ਨੂੰ ਪਾਬੰਦੀਸ਼ੁਦਾ ਗੋਲੀਆਂ ਸਮੇਤ ਕਾਬੂ ਕਰਕੇ ਅਗਲੀ ਕਾਰਵਾਈ ਕੀਤੀ ਗਈ ਹੈ। ਇਸ ਸਬੰਧੀ ਮਿਲੀ ਹੋਰ ਜਾਣਕਾਰੀ ਅਨੁਸਾਰ ਏ. ਐਸ. ਆਈ. ਗੁਰਮੀਤ ਸਿੰਘ ਅਨੁਸਾਰ ਜਦੋਂ ਉਹ ਸਮੇਤ ਪੁਲਿਸ ਪਾਰਟੀ ਦੇ ਗਸ਼ਤ ਕਰਦੇ ਹੋਏ ਰਕਬਾ ਤੋਂ ਮੰਡੀ ਮੁੱਲਾਂਪੁਰ ਨੂੰ ਜਾ ਰਹੇ ਸੀ, ਤਾਂ ਇੱਕ ਨੌਜਵਾਨ ਬੇ - ਅਬਾਦੀ ਕਲੋਨੀ ਵਿੱਚੋ ਆਉਂਦਾ ਦਿਖਾਈ ਦਿੱਤਾ, ਜਿਹੜਾ ਕਿ ਪੁਲਿਸ ਪਾਰਟੀ ਨੂੰ ਆਉਂਦਾ ਦੇਖ ਕੇ ਇਕਦਮ ਦਰੱਖਤ ਦੀ ਆੜ ਵਿੱਚ ਲੁੱਕਣ ਲੱਗਾ, ਸ਼ੱਕ ਪੈਣ 'ਤੇ ਏ ਐਸ ਆਈ ਗੁਰਮੀਤ ਸਿੰਘ ਨੇ ਗੱਡੀ ਰੁਕਵਾ ਕੇ ਸਾਥੀ ਕਰਮਚਾਰੀਆਂ ਦੀ ਮੱਦਦ ਨਾਲ ਲੜਕੇ ਨੂੰ ਕਾਬੂ ਕੀਤਾ, ਜਿਸ ਨੇ ਆਪਣਾ ਨਾਮ ਕਰਮਜੀਤ ਸਿੰਘ ਉਰਫ ਕਰਮਾ ਪੁੱਤਰ ਹਰਮੇਸ਼ ਸਿੰਘ ਵਾਸੀ ਕੋਟਲੀ ਦੱਸਿਆ। ਕਾਬੂ ਕਰਨ ਸਮੇ ਉਸ ਲੜਕੇ ਨੇ ਆਪਣੇ ਹੱਥ ਵਿੱਚ ਫੜੀ ਇੱਕ ਚਿੱਟੇ ਰੰਗ ਦੀ ਪਾਰਦਰਸ਼ੀ ਲਿਫਾਫੀ ਨੂੰ ਦਰੱਖਤ ਦੀ ਜੜ੍ਹ ਵੱਲ ਵਗਾਹ ਮਾਰਿਆ। ਉਸ ਲਿਫਾਫੀ ਨੂੰ ਚੁਕਵਾ ਕੇ ਦੇਖਿਆ ਤਾਂ ਉਸ ਵਿੱਚੋਂ 12 ਗੁਲਾਬੀ ਰੰਗ ਦੀਆਂ ਪਾਬੰਦੀਸ਼ੁਦਾ ਗੋਲੀਆਂ ਬ੍ਰਾਮਦ ਹੋਈਆ। ਜਿਸ 'ਤੇ ਉਸ ਨੌਜਵਾਨ ਖ਼ਿਲਾਫ਼ ਐਨਡੀਪੀਐਸ ਦੇ ਤਹਿਤ ਮੁਕੱਦਮਾ ਦਰਜ ਕੀਤਾ ਗਿਆ।

# ਨੈਸ਼ਨਲ ਲੋਕ ਅਦਾਲਤ 'ਚ ਕੁੱਲ 104805 ਕੇਸਾਂ ਦਾ ਹੋਇਆ ਨਿਪਟਾਰਾ




ਲੁਧਿਆਣਾ, 14 ਮਾਰਚ (ਵਿਸ਼ਾਲ ਸ਼ਰਮਾ) : ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਲੁਧਿਆਣਾ ਵੱਲੋਂ ਜ਼ਿਲ੍ਹਾ ਕਚਹਿਰੀਆਂ, ਲੁਧਿਆਣਾ ਅਤੇ ਉਪ ਮੰਡਲ ਪੱਧਰ 'ਤੇ ਜਗਰਾਓਂ, ਖੰਨਾ, ਸਮਰਾਲਾ ਅਤੇ ਪਾਇਲ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਜਿੱਥੇ ਲੋਕਾਂ ਨੇ ਮਾਮਲਿਆਂ ਦੇ ਨਿਪਟਾਰੇ ਲਈ ਬਹੁਤ ਉਤਸ਼ਾਹ ਦਿਖਾਇਆ। ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ, ਨਵੀਂ ਦਿੱਲੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਮੈਡਮ ਹਰਪ੍ਰੀਤ ਕੌਰ ਰੰਧਾਵਾ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਦੀ ਪ੍ਰਧਾਨਗੀ ਅਤੇ ਡਾ. ਅਮਨਦੀਪ , ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਦੀ ਦੇਖ-ਰੇਖ ਹੇਠ ਅੱਜ ਮਿਤੀ 14 ਮਾਰਚ, 2026 ਨੂੰ ਜ਼ਿਲ੍ਹਾ ਕਚਹਿਰੀਆਂ ਲੁਧਿਆਣਾ ਅਤੇ ਉਪ ਮੰਡਲ ਪੱਧਰ 'ਤੇ ਜਗਰਾਓਂ, ਖੰਨਾ, ਸਮਰਾਲਾ ਅਤੇ ਪਾਇਲ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਅੱਜ ਦੀ ਰਾਸ਼ਟਰੀ ਲੋਕ ਅਦਾਲਤ ਦੌਰਾਨ ਕੁੱਲ 104805 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ ਲੱਗਭੱਗ 86,60,76724/- ਰੁਪਏ ਦੇ ਪੁਰਸਕਾਰ ਪਾਸ ਕੀਤੇ ਗਏ। ਇਸ ਮੌਕੇ ਜਸਟਿਸ ਕੀਰਤੀ ਸਿੰਘ, ਮਾਨਯੋਗ ਜੱਜ, ਪੰਜਾਬ ਅਤੇ ਹਰਿਆਣਾ ਹਾਈਕੋਰਟ ਅਤੇ ਇੰਸਪੈਕਟਿੰਗ ਜੱਜ, ਸੈਸ਼ਨਜ਼ ਡਵੀਜ਼ਨ, ਲੁਧਿਆਣਾ ਵੱਲੋਂ ਅੱਜ ਜ਼ਿਲ੍ਹਾ ਕਚਹਿਰੀਆਂ, ਲੁਧਿਆਣਾ ਦਾ ਸਾਲਾਨਾ ਨਿਰੀਖਣ ਵੀ ਕੀਤਾ ਗਿਆ। ਇਸ ਮੌਕੇ ਮੈਡਮ ਹਰਪ੍ਰੀਤ ਕੌਰ ਰੰਧਾਵਾ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ, ਹਿਮਾਂਸ਼ੂ ਜੈਨ, ਡਿਪਟੀ ਕਮਿਸ਼ਨਰ, ਸਵਪਨ ਸ਼ਰਮਾ, ਕਮਿਸ਼ਨਰ ਆਫ ਪੁਲਿਸ, ਲੁਧਿਆਣਾ, ਸਮੂਹ ਜੂਡੀਸ਼ੀਅਲ ਅਫਸਰ ਸਾਹਿਬਾਨ, ਜ਼ਿਲ੍ਹਾ ਬਾਰ ਐਸੋਸ਼ੀਏਸ਼ਨ ਦੇ ਪ੍ਰਧਾਨ ਵਿਪਿਨ ਸੱਗੜ, ਉਪ ਪ੍ਰਧਾਨ ਗਗਨ ਬੇਦੀ ਅਤੇ ਮੈਂਬਰ ਵੀ ਮੌਜੂਦ ਸਨ। ਮਾਨਯੋਗ ਜੱਜ ਸਾਹਿਬ ਵੱਲੋਂ ਜ਼ਿਲ੍ਹਾ ਕਚਹਿਰੀਆਂ ਦੀਆਂ ਅਦਾਲਤਾਂ ਦਾ ਨਿਰੀਖਣ ਕਰਦਿਆਂ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ ਗਏ। ਉਨ੍ਹਾਂ ਸਾਰੇ ਜੂਡੀਸ਼ੀਅਲ ਅਫਸਰਾਂ ਨੂੰ ਕੰਮ ਇਮਾਨਦਾਰੀ, ਮਿਹਨਤ ਅਤੇ ਲਗਨ ਨਾਲ ਕਰਨ ਲਈ ਵੀ ਪ੍ਰੇਰਿਤ ਕੀਤਾ। ਡਾ. ਅਮਨਦੀਪ, ਸੀ.ਜੇ.ਐਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਨੇ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਅਦਾਲਤਾਂ ਵਿੱਚ ਲੰਬਿਤ ਕੇਸਾਂ ਅਤੇ ਪ੍ਰੀ-ਲੀਟੀਗੇਟਿਵ ਕੇਸ (ਅਜਿਹੇ ਝਗੜੇ ਜਿਹੜੇ ਹਾਲੇ ਅਦਾਲਤਾਂ ਵਿੱਚ ਦਾਇਰ ਨਹੀਂ ਕੀਤੇ ਗਏ ਹਨ) ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਕ੍ਰਿਮੀਨਲ ਕਪਾਊਂਡੇਬਲ ਕੇਸ,138 ਐੱਨ.ਆਈ.ਐਕਟ, ਮੋਟਰ ਐਕਸੀਡੈਂਟ ਕਲੇਮ, ਵਿਵਾਹਿਕ ਝਗੜੇ, ਲੈਂਡ ਐਕੁਜੇਸ਼ਨ ਕੇਸ, ਮਨੀ ਰਿਕਵਰੀ ਕੇਸ, ਬਿਜਲੀ ਪਾਣੀ ਦੇ ਬਿਲਾਂ ਦੇ ਕੇਸ, ਤਨਖਾਹ ਭੱਤੇ ਸਬੰਧੀ ਮਾਮਲੇ ਆਦਿ ਕੇਸਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਪੱਧਰ 'ਤੇ ਕੁੱਲ 53 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ ਸੀ ਅਤੇ ਉਪ ਮੰਡਲ ਪੱਧਰਾਂ 'ਤੇ ਕੁੱਲ 12 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ। ਜਿਨ੍ਹਾਂ ਦੀ ਪ੍ਰਧਾਨਗੀ ਨਿਆਂਇਕ ਅਧਿਕਾਰੀ ਸਾਹਿਬਾਨਾਂ ਵੱਲੋਂ ਕੀਤੀ ਗਈ। ਉਨ੍ਹਾਂ ਨੇ ਦੱਸਿਆ ਕਿ ਲੋਕਾਂ ਨੇ ਰਾਸ਼ਟਰੀ ਲੋਕ ਅਦਾਲਤ ਵਿੱਚ ਮਾਮਲਿਆਂ ਦੇ ਨਿਪਟਾਰੇ ਲਈ ਬਹੁਤ ਉਤਸ਼ਾਹ ਦਿਖਾਇਆ।

ਅੰਤ ਵਿੱਚ, ਸੀ.ਜੇ.ਐਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਡਾ. ਅਮਨਦੀਪ ਨੇ ਦੱਸਿਆ ਕਿ ਇਨ੍ਹਾਂ ਰਾਸ਼ਟਰੀ ਲੋਕ ਅਦਾਲਤਾਂ ਦੇ ਕਈ ਫਾਇਦੇ ਹਨ, ਕਿਉਂਕਿ ਫੈਸਲੇ ਸਮਝੌਤੇ ਰਾਹੀਂ ਪਾਸ ਕੀਤੇ ਜਾਂਦੇ ਹਨ ਜਿਸ ਨਾਲ ਧਿਰਾਂ ਅਤੇ ਸਮਾਜ ਵਿੱਚ ਵੱਡੇ ਪੱਧਰ 'ਤੇ ਸ਼ਾਂਤੀ ਅਤੇ ਸਦਭਾਵਨਾ ਬਣੀ ਰਹਿੰਦੀ ਹੈ। ਲੋਕ ਅਦਾਲਤ ਵਿੱਚ ਪੂਰੀ ਕੋਰਟ ਫੀਸ ਵਾਪਸ ਕਰਨ ਦੇ ਆਦੇਸ਼ ਦਿੱਤੇ ਜਾਂਦੇ ਹਨ, ਜਿਸ ਨਾਲ ਲੋਕਾਂ ਨੂੰ ਮਾਮਲੇ ਦਾ ਨਿਪਟਾਰਾ ਕਰਨ ਵਿੱਚ ਸੰਤੁਸ਼ਟੀ ਮਿਲਦੀ ਹੈ।

# ਔਰਤਾਂ ਨੇ 'ਜਾਗੋ' ਕੱਢ ਕੇ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦਾ ਕੀਤਾ ਸਵਾਗਤ



ਲੁਧਿਆਣਾ, 14 ਮਾਰਚ (ਵਿਸ਼ਾਲ ਸ਼ਰਮਾ) : ਲੁਧਿਆਣਾ ਵਿੱਚ ਅੱਜ ਔਰਤਾਂ ਵੱਲੋਂ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦੇ ਇਤਿਹਾਸਕ ਫ਼ੈਸਲੇ ਦਾ ਸਵਾਗਤ ਕਰਦਿਆਂ ਸ਼ਹਿਰ ਵਿੱਚ 'ਜਾਗੋ' ਕੱਢ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਔਰਤਾਂ ਨੇ ਢੋਲ ਵਜਾ ਕੇ ਅਤੇ ਜਾਗੋ ਲੈ ਕੇ ਆਰਤੀ ਚੌਕ ਤੋਂ ਜਾਗੋ ਸ਼ੁਰੂ ਕਰਕੇ ਘੁਮਾਰ ਮੰਡੀ ਬਾਜ਼ਾਰ ਵਿੱਚ ਰੈਲੀ ਕੱਢੀ ਅਤੇ ਪੰਜਾਬ ਸਰਕਾਰ ਦੇ ਇਸ ਫ਼ੈਸਲੇ ਲਈ ਧੰਨਵਾਦ ਪ੍ਰਗਟਾਇਆ। ਮਹਿਲਾਵਾਂ ਨੇ ਇਸ ਯੋਜਨਾ ਨੂੰ ਔਰਤਾਂ ਦੇ ਸਨਮਾਨ ਅਤੇ ਸਸ਼ਕਤੀਕਰਨ ਵੱਲ ਇੱਕ ਇਤਿਹਾਸਕ ਕਦਮ ਕਰਾਰ ਦਿੱਤਾ। ਇਸ ਮੌਕੇ ਆਮ ਆਦਮੀ ਪਾਰਟੀ ਲੁਧਿਆਣਾ ਸ਼ਹਿਰੀ ਦੇ ਪ੍ਰਧਾਨ ਅਤੇ ਚੇਅਰਮੈਨ ਜਤਿੰਦਰ ਖੰਗੂੜਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਨਾਲ ਸੂਬੇ ਦੀਆਂ ਮਹਿਲਾਵਾਂ ਨੂੰ ਵੱਡਾ ਆਰਥਿਕ ਅਤੇ ਸਮਾਜਿਕ ਸਹਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਹਮੇਸ਼ਾਂ ਹੀ ਮਹਿਲਾਵਾਂ ਦੀ ਭਲਾਈ ਨੂੰ ਪਹਿਲ ਦਿੱਤੀ ਹੈ ਅਤੇ ਇਹ ਯੋਜਨਾ ਵੀ ਉਸੇ ਦਿਸ਼ਾ ਵਿੱਚ ਇਕ ਮਹੱਤਵਪੂਰਨ ਅਤੇ ਲੋਕ-ਪੱਖੀ ਕਦਮ ਹੈ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਦੇ ਲਾਗੂ ਹੋਣ ਨਾਲ ਸੂਬੇ ਦੀਆਂ ਲੱਖਾਂ ਮਹਿਲਾਵਾਂ ਨੂੰ ਸਿੱਧਾ ਲਾਭ ਮਿਲੇਗਾ ਅਤੇ ਉਹਨਾਂ ਦੀ ਆਰਥਿਕ ਸਥਿਤੀ ਮਜ਼ਬੂਤ ਹੋਵੇਗੀ, ਜਿਸ ਨਾਲ ਪਰਿਵਾਰਾਂ ਦੀ ਸਮਾਜਿਕ ਅਤੇ ਆਰਥਿਕ ਤਰੱਕੀ ਨੂੰ ਵੀ ਬਲ ਮਿਲੇਗਾ। ਜਤਿੰਦਰ ਖੰਗੂੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ ਅਤੇ ਇਸ ਯੋਜਨਾ ਰਾਹੀਂ ਸਰਕਾਰ ਨੇ ਮਹਿਲਾਵਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਵੱਲ ਇੱਕ ਵੱਡਾ ਕਦਮ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਲੁਧਿਆਣਾ ਸ਼ਹਿਰ ਦੀਆਂ ਮਹਿਲਾਵਾਂ ਪੰਜਾਬ ਸਰਕਾਰ ਦੇ ਇਸ ਲੋਕ-ਪੱਖੀ ਫ਼ੈਸਲੇ ਲਈ ਦਿਲੋਂ ਧੰਨਵਾਦ ਕਰਦੀਆਂ ਹਨ। ਇਸ ਮੌਕੇ ਮਹਿਲਾਵਾਂ ਨੇ 'ਜਾਗੋ' ਕੱਢ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਪੰਜਾਬ ਸਰਕਾਰ ਦੇ ਹੱਕ ਵਿੱਚ ਨਾਅਰੇਬਾਜ਼ੀ ਵੀ ਕੀਤੀ। ਮਹਿਲਾਵਾਂ ਨੇ ਕਿਹਾ ਕਿ ਇਹ ਯੋਜਨਾ ਮਹਿਲਾਵਾਂ ਦੇ ਆਤਮ-ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਉਹਨਾਂ ਨੂੰ ਆਤਮ ਨਿਰਭਰ ਬਣਾਉਣ ਵਿੱਚ ਸਹਾਇਕ ਸਾਬਤ ਹੋਵੇਗੀ। ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਹਿਰ ਦੀਆਂ ਮਹਿਲਾਵਾਂ ਅਤੇ ਸਾਖਸ਼ੀ ਅਰੋੜਾ, ਮਨੀਸ਼ਾ ਕਪੂਰ, ਅਜਿੰਦਰਪਾਲ ਕੌਰ, ਮਨਪ੍ਰੀਤ ਕੌਰ, ਨਗਮਾ ਗਿੱਲ, ਨੀਤੂ ਗੁਪਤਾ, ਹਿਨਾ, ਬਲਜਿੰਦਰ ਕੌਰ, ਕੌਂਸਲਰ ਕਪਿਲ ਸੋਨੂੰ, ਮੁਨੀਸ਼ ਸ਼ਾਹ, ਬਿੱਟੂ ਭੁੱਲਰ, ਤ੍ਰਿਸ਼ੂਲ ਅਤੇ ਹੋਰ ਸੈਂਕੜੇ ਸਾਥੀ ਅਤੇ ਮਹਿਲਾਵਾਂ ਮੌਜੂਦ ਸਨ। ਜ਼ਿਕਰਯੋਗ ਹੈ ਕਿ ਅੱਜ ਔਰਤਾਂ ਵੱਲੋਂ ਲੁਧਿਆਣੇ ਦੇ ਅਲੱਗ ਅਲੱਗ ਵਿਧਾਨਸਭਾ ਹਲਕੀਆਂ ਵਿੱਚ ਵੀ ਜਾਗੋ ਕੱਢਕੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਗਿਆ।

DIRECTORATE GENERAL RESETTLEMENT
MINISTRY OF DEFENCE
JOB FAIR for EX-SERVICEMEN (ESM)
17 MARCH 26 (7 AM Onwards)
VENUE: ARJAN SINGH AUDITORIUM,
12 WING AIR FORCE STATION, CHANDIGARH
Documents Required: ESM I-Card and 5 copies of Resume/Biodata



EX-SERVICEMEN: SKILLED, DISCIPLINED AND DEPENDABLE

Benefits for industry Employers
. Free online Registration
. Free job postings
. Free Allotment of Stalls
. Free Access to Resumes of ESM

For further Details Contact:
Jt Director, DRZ (W)-7498098223,0172-2554065
drewcdm@deaw.gov.in
Jt Director(SE), DOR-011-20363432
seopadgr@desw.gov.in

What Employers Can Expect in Job Fair
Officers for Leadership roles & ESM for-
. PSOS, Supervisors and Guards
. Drivers and Machinery Operators
. Chefs, Stewards and Hospitality roles
. Paramedical staff and Hospital Administration
. Feters, Electricians and Technicians
. Artificers, Mechanics and Engine Operators
Network and Telecorn Engineers
. Surveyors and Draughtsmen
. Machinists, Welders and Artisans
. Automobile, Aviation & Weapon Technicians

In collaboration with ESMHire

Registration Opne Now: www.esmhire.com

cbc 10401 /11/0055/2526

## ਸਿਰਲੇਖਵਾਰ ਇਸ਼ਤਿਹਾਰ /Classified Advertisement

(U/o 5 Rule 20 CPC)
**In the Court of Dr. Amit Sharma Principal Judge, Family Court, Jagadhri**
CNR No.HRYN01-006635-2025
Next Date : 05.05.2026
Raj Pal
Versus
General Public
Notice to: General Public:- General Public General Public
In above titled case the defendant(s)/respondent(s) could not be served. It is ordered that defendant(s)/ respondent(s) should appear in person or through counsel on **05.**05.2026 at 10:00 A.M. for details logon to https//. highcourtchd. gov. in/?mod=district_ notice& district=Yamunanagar
Dated this day of 12.03.2026
**Sd/- Principal Judge, Family Court, Jagadhri**

---

**In the Court of Sh. Gurkiran Singh Sub Divisional Judicial Magistrate Sri Anandpur Sahib**
CNR No.PBROA1-000028-2022
Next Date : 04.04.2026
The Anandpur Sahib Primary Co-Operative Agricultural Development Bank Ltd. (Padb), Branch Sri Anandpur Sahib, Tehsil Sri Anandpur Sahib, Distt. Rupnagar Through Its Assistant Manager Lakhbir Singh
Versus
Chuhar Singh S/O Jagat Ram R/O Near Duna Mandi, Pehowa, Tehsil Pehowa, District Kurukshetra, Haryana
Petition U/S 138
Notice to: Chuhar Singh Father: Jagat Ram R/O Near Duna Mandi, Pehowa, Tehsil Pehowa, District Kurukshetra, Haryana
In above titled case the accused could not be served. It is ordered that accused should appear in person or through counsel on **04.**04.2026 at 10:00 A.M.
For details logon to https:// highcourtchd.gov.in/?trs=district_ notice&district=Rupnagar
Dated this day of 05-03-2026
**Sd/- Sub Divisional Judicial Magistrate Sri Anandpur Sahib (D)**

---

(U/o 5 Rule 20 CPC)
**In the Court of Sh. Satish Kumar Sharma Additional Civil Judge (Senior Division), Abohar**
CNR No.PBFZE0-000860-2025
Next Date :04.04.2026
Bhim Sain
Versus
Dharampal
Notice to: Dharampal Father::-Rajinder Singh Son Of Ram Lal Village Roherianwali Tehsil Abohar District Fazilka
In above titled case the defendant(s)/respondent(s) could not be served. It is ordered that defendant(s)/ respondent(s) should appear in person or through counsel on **04.**04.2026 at 10:00 A.M.
For details logon to https:// highcourtchd.gov.in/?mod=district_ notice&district=mogacourt
Dated this day of 18-02-2026
**Sd/- Additional Civil Judge (Senior Division), Abohar**

---

(U/o 5 Rule 20 CPC)
**In the Court of Hon'ble Garima Gupta Civil Judge (Junior Division), Amritsar**
CNR No:-PBAS02-003727-2024
Next Date : 04.04.2026
1. Sonia W/O Naresh Kumar 2. Naresh Kumar S/O Baldev Raj, R/O Plot No. 5, Jaura Niwas, Guru Arjan Dev Nagar, Putlighar, Amritsar
Versus
Archita Verma & Others
CS/2406/2024 DECL PINJ
Notice to: 1. Archita Verma D/O Naresh Kumar Verma W/O Jatin Sharma 2. Jatin Sharma S/O Pawan Kumar, Both R/O H.No. 6562, Gali No. 8, Ram Nagar Colony, Islamabad, Amritsar.
In above titled case the defendant(s)/respondent(s) could not be served. It is ordered that defendant(s)/ respondent(s) should appear in person or through counsel on **04.**04.2026 at 10:00 A.M.
For details logon to https:// highcourtchd.gov.in/?trs=district_ notice&district=Amritsar
Dated this day of 07-02-2026
**Sd/- Civil Judge (Junior Division), Amritsar**

---

**In the Court of Sh. Sukhmandeep Singh Judicial Magistrate First Class-3, Abohar**
CNR No.PBFZE1-0009472025
Next Date : 04.04.2026
NACT/288/2025
Pawan Kumar Lakesar
Versus
Pammi Singh
Notice to: Pammi Singh S/O Gurchet Singh S/O Gajjan Singh R/O Village Jhumianwali Rented At The House Of Perveen Kumar Goyal Tehsil And Distt Fazilka 2nd Address Pammi Singh S/O Gurchet Singh S/O Gajjan Signh R/O 66 Foot Road Agihights Flat No 107 Sweet Home Block-B Jallandhar
In above titled case the accused could not be served. It is ordered that accused should appear in person or through counsel on **04.**04.2026 at 10:00 A.M.
For details logon to https:// highcourtchd.gov.in/?trs=district_ notice&district=Fazilka
Dated this day of 19-12-2025
**Sd/- Judicial Magistrate First Class-3, Abohar**

---

(U/o 5 Rule 20 CPC)
**In the Court of Ms. Parvinder Kaur Civil Judge (Senior Division), SBS Nagar**
CNR No:-PBSB02-001200-2024
Next Date : 04.04.2026
Kulvir Singh @ Kulbir Singh
Versus
Gurpreet Singh
Notice to: 1. Gurpreet Singh S/O Jugraj Signh 2. Lakhbir Singh S/O Jugraj Singh 3. Kuldeep Kaur W/O Gurpreet Singh All R/O Village Fatehpur-Bhanguan, Tehsil Shahkot, District Jalandhar. 4. Kashmri Singh S/o Malkiat Singh R/o Village Dalaa Teh. Shahkot District Jalandhar.
In above titled case the defendants could not be served. It is ordered that defendants should appear in person or through counsel on **04.**04.2026 at 10:00 A.M.
For details logon to https:// highcourtchd.gov.in/?mod=district_ notice&district=sbsnagar
Given under my hand and the seal of the Court, this 17-01-2026
**Sd/- Civil Judge (Senior Division), SBS Nagar**

---

(U/o 5 Rule 20 CPC)
**In the Court of Sh. Hem Amrit Mahi Civil Judge (Senior Division), Gurdaspur**
CNR No.PBGD02-000117-2024
Next Date : 06.04.2026
CS-79-2024
Ramanjitt Singh
Versus
Malook Singh
Notice to: Satwinder Singh Father::- Joginder Singh Son Of Khushal Singh illage Chhichhra Abadi, Village Jhanda Lubana, Tehsil And District Gurdaspur
In above titled case the defendant(s)/respondent(s) could not be served. It is ordered that defendant(s)/ respondent(s) should appear in person or through counsel on 06.04.2026 at 10:00 A.M.
For details logon to https:// highcourtchd.gov.in/?mod=district_ notice&district=Gurdaspur
Dated this day of 28-01-2026
**Sd/- Civil Judge (Senior Division), Gurdaspur**

---

(U/o 5 Rule 20 CPC)
**In the Court of Sh. Amarjeet Singh Civil Judge (Junior Division), Amritsar**
CNR No.PBAS02-002273-2025
Next Date : 10.04.2026
CS/1396/2025
Malkiat Singh
Versus
Ajit Singh
Notice to: Baljit Kaur -: D/O Aar Singh, W/O Sukhwant Singh, R/O Gali Of Govt. School, Sant Nagar Near Bus Stand, Ajnala
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **10.**04.2026 at 10:00 A.M.
for details logon to https//. highcourtchd. gov. in/?trs=district_ notice& district=Amritsar
Dated this day of 11.03.2026
**Sd/- Civil Judge (Junior Division), Amritsar**

---

(U/o 5 Rule 20 CPC)
**In the Court of Ms. Harpreet Kaur-II Civil Judge Junior Division-2, Ferozepur**
CNR No.PBFZ02-004190-2025
Next Date : 06.04.2026
Mahinder Singh
Versus
General Public
Notice to: General Public:- Ferozepur Administration Complex, Ferozepur
In above titled case the defendant(s)/respondent(s) could not be served. It is orderded that defendant(s)/respondent(s) should appear in person or through counsel on **06.**04.2026 at 10:00 A.M.
for details logon to https//. highcourtchd. gov. in/ ?mod=district_ notice& district=mogacourt
Dated this day of 18.02.2026
**Sd/- Civil Judge Junior Division-2, Ferozepur**

---

(U/o 5 Rule 20 CPC)
**In the Court of Hon'ble Priyanka Sharma Civil Judge (Junior Division),**
CNR No.PBAS02-001476-2020
Next Date : 08.04.2026
CS/822/2024
Punjab National Bank
Versus
Baldev Singh
Notice to: Baldev Singh S/O Kunan Singh (Now Deceased) Through His Legal Heirs;- A. Sukhwindr Singh (Wife) B. Harjinder Singh (Son) C. Gurvinder Singh (Son) All R/O Vpo Bhaini Rajputta, Distt, Amritsar. 143108
In above titled case the defendant(s)/respondent(s) could not be served. It is ordered that defendant(s)/ respondent(s) should appear in person or through counsel on **08.**04.2026 at 10:00 A.M.
For details logon to https:// highcourtchd.gov.in/?trs=district_ notice&district=Amritsar
Dated this day of 06-03-2026
**Sd/- Civil Judge (Junior Division),**

---

(U/o 5 Rule 20 CPC)
**In the Court of Hon'ble Aditya Chopra Civil Judge (Junior Division), Malout**
CNR No.PBSMB0-001061-2023
Next Date :07.04.2026
Punjab and Sind Bank
Versus
Mehal Singh
Notice to: (B) Kulwinder Kaur D/O Mehal Singh S/O Anoop Singh (C) Chhinderpal Kaur D/O Mehal Singh S/O Anoop Singh R/O Village Sarawan Bodlan Tehsil Malout Distt. Sri Muktsar Sahib
In above titled case the defendant(s)/respondent(s) could not be served. It is ordered that defendant(s)/respondent(s) should appear in person or through counsel on **07.**04.2026 at 10:00 A.M.
For details logon to https:// highcourtchd.gov.in/?mod=district_ notice&district=mogacourt
Dated this day of 10-03-2026
**Sd/- Civil Judge (Junior Division), Malout**

## ਬੇਦਖਲੀ ਸੂਚਨਾ

ਮੈਂ, ਗੁਰਮੇਲ ਸਿੰਘ ਪੁੱਤਰ ਸ੍ਰੀ ਬਲਵੰਤ ਸਿੰਘ ਵਾਸੀ ਪਿੰਡ ਦੌਣ ਖੁਰਦ ਤਹਿ: ਵਾ ਜ਼ਿਲ੍ਹਾ ਪਟਿਆਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪਰਮਿੰਦਰ ਸਿੰਘ, ਪ੍ਰਨੀਤ ਕੌਰ ਪਤਨੀ ਪਰਮਿੰਦਰ ਸਿੰਘ ਨੂੰਹ, ਜਪਨੂਰ ਸਿੰਘ ਢੀਂਡਸ਼ਾ ਪੋਤਾ, ਜਸਪਾਲ ਕੌਰ ਪਤਨੀ ਅਤੇ ਮੁਖਤਿਆਰ ਕੌਰ ਮੇਰੀ ਮਾਤਾ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਉਕਤ ਪਰਮਿੰਦਰ ਸਿੰਘ , ਪ੍ਰਨੀਤ ਕੌਰ, ਜਪਨੂਰ ਸਿੰਘ ਢੀਂਡਸ਼ਾ, ਜਸਪਾਲ ਕੌਰ, ਮੁਖਤਿਆਰ ਕੌਰ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੇਕਰ ਕੋਈ ਲੈਣ ਦੇਣ ਕਰਦਾ ਹੈ ਤਾਂ ਇਸ ਵਿਚ ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ ਅਤੇ ਇਹ ਆਪਣੇ ਹਰ ਤਰ੍ਹਾਂ ਦੇ ਵਾਧੇ ਘਾਟੇ ਲਈ ਖੁਦ ਜ਼ਿੰਮੇਵਾਰ ਹੋਣਗੇ।


## ਆਤਮਾ ਸਕੀਮ ਅਧੀਨ ਪਿੰਡ ਘੁਮਿਆਰਾਂ ਵਿਖੇ ਲਗਾਇਆ ਪਸ਼ੂ ਪਾਲਕ ਸਿਖ਼ਲਾਈ ਕੈਂਪ




ਸ੍ਰੀ ਮੁਕਤਸਰ ਸਾਹਿਬ, 14 ਮਾਰਚ ( ਐਚ ਐਸ ਕਪੂਰ) : ਗੁਰਮੀਤ ਸਿੰਘ ਖੁੱਡੀਆਂ ਮਾਨਯੋਗ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਪੰਜਾਬ ਸਰਕਾਰ ਦੀ ਯੋਗ ਰਹਿਨੁਮਾਈ ਹੇਠ, ਸ਼੍ਰੀ ਰਾਹੁਲ ਭੰਡਾਰੀ, ਪ੍ਰਮੁੱਖ ਸਕੱਤਰ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਪੰਜਾਬ ਸਰਕਾਰ ਦੀ ਯੋਗ ਅਗਵਾਈ ਅਤੇ ਡਾ. ਪਰਮਦੀਪ ਸਿੰਘ ਵਾਲੀਆ ਨਿਰਦੇਸ਼ਕ ਪਸ਼ੂ ਪਾਲਣ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਡਾ. ਗੁਰਦਿੱਤ ਸਿੰਘ ਔਲਖ ਡਿਪਟੀ ਡਾਇਰੈਕਟਰ ਪਸ਼ੂ ਪਾਲਣ, ਸ਼੍ਰੀ ਮੁਕਤਸਰ ਸਾਹਿਬ ਦੀ ਦੇਖਰੇਖ ਹੇਠ ਪਸ਼ੂ ਪਾਲਣ ਵਿਭਾਗ ਪੰਜਾਬ ਵੱਲੋਂ ਆਤਮਾ ਸਕੀਮ ਅਧੀਨ ਪਿੰਡ ਘੁਮਿਆਰਾ ਵਿਖੇ ਪਸ਼ੂ ਪਾਲਕ ਸਿਖਲਾਈ ਕੈਂਪ ਲਗਾਇਆ ਗਿਆ। ਇਸ ਮੌਕੇ ਡਾ. ਵਿਨੋਦ ਕੁਮਾਰ ਸੀਨੀਅਰ ਵੈਟਨਰੀ ਅਫ਼ਸਰ ਮਲੋਟ ਨੇ ਗਰਮੀਆਂ ਵਿੱਚ ਪਸ਼ੂਆਂ ਦੀ ਬਿਹਤਰ ਸਾਂਭ - ਸੰਭਾਲ ਅਤੇ ਪਸ਼ੂਆਂ ਦੇ ਖੁਰਾਕ ਪ੍ਰਬੰਧਨ ਬਾਰੇ ਸਿਖਲਾਈ ਪ੍ਰਦਾਨ ਕੀਤੀ। ਉਨ੍ਹਾਂ ਨੇ ਰਾਜ ਵਿੱਚ ਚੱਲ ਰਹੀਆਂ ਵੱਖ- ਵੱਖ ਪਸ਼ੂ ਭਲਾਈ ਸਕੀਮਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਡਾ. ਪ੍ਰਸ਼ੋਤਮ ਕੁਮਾਰ ਮਾਂਝੀ ਵੈਟਨਰੀ ਅਫ਼ਸਰ ਨੇ ਪਸ਼ੂਆਂ ਨੂੰ ਮੱਲਪ ਰਹਿਤ ਕਰਨ ਬਾਰੇ ਜਾਣਕਾਰੀ ਦਿੱਤੀ। ਡਾ. ਅਕਸ਼ੈ ਸਹਾਰਨ ਵੈਟਨਰੀ ਅਫ਼ਸਰ ਵੱਲੋਂ ਬੱਕਰੀ ਪਾਲਣ ਸਬੰਧੀ ਨੁਸਖ਼ੇ ਸਾਂਝੇ ਕੀਤੇ ਗਏ। ਗ੍ਰਾਮ ਪੰਚਾਇਤ ਘੁਮਿਆਰਾ ਵੱਲੋਂ ਕੈਂਪ ਲਗਾਉਣ ਤੇ ਪਸ਼ੂ ਪਾਲਣ ਵਿਭਾਗ, ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਗਿਆ। ਇਸ ਸਿਖਲਾਈ ਕੈਂਪ ਵਿੱਚ 80 ਪਸ਼ੂ ਪਾਲਕਾਂ ਨੇ ਹਿੱਸਾ ਲਿਆ। ਇਸ ਮੌਕੇ ਡਾ. ਜਗਸੀਰ ਸਿੰਘ ਵੈਟਨਰੀ ਅਫ਼ਸਰ, ਡਾ. ਹਰਮਨਜੀਤ ਵੈਟਨਰੀ ਅਫ਼ਸਰ, ਸ਼੍ਰੀ ਕੁਲਵਿੰਦਰ ਸਿੰਘ ਵੀ. ਆਈ., ਸ਼੍ਰੀ ਅਭਿਸ਼ੇਕ ਸਿੰਘ ਵੀ.ਆਈ., ਸ਼੍ਰੀ ਜਗਦੀਪ ਸਿੰਘ ਵੀ. ਆਈ ., ਸ਼੍ਰੀ ਗੁਰਜੰਟ ਸਿੰਘ ਵੀ.ਆਈ., ਸ਼੍ਰੀ ਨਵਦੀਪ ਸਿੰਘ ਵੀ.ਆਈ., ਸ਼੍ਰੀ ਕੁਲਦੀਪ ਸਿੰਘ ਵੀ.ਪੀ. ਸਮੇਤ ਪਸ਼ੂ ਪਾਲਣ ਵਿਭਾਗ ਦੇ ਹੋਰ ਸਟਾਫ਼ ਹਜ਼ਾਰ ਸਨ।

## ਕੌਮੀ ਲੋਕ ਅਦਾਲਤ ਮੌਕੇ 26041 ਕੇਸਾਂ ਦਾ ਮੌਕੇ 'ਤੇ ਕੀਤਾ ਨਿਪਟਾਰਾ



ਸੰਗਰੂਰ, 14 ਮਾਰਚ (ਹਰਕੰਵਲ ਸਿੰਘ ਹੈਪੀ): ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਰਹਿਨੁਮਾਈ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸੰਗਰੂਰ ਦੀ ਅਗਵਾਈ ਹੇਠ ਅੱਜ ਮਿਤੀ 14.03.2026 ਨੂੰ ਜ਼ਿਲ੍ਹਾ ਕਚਹਿਰੀਆਂ ਸੰਗਰੂਰ ਤੇ ਮਲੇਰਕੋਟਲਾ ਅਤੇ ਉਪ ਮੰਡਲ ਪੱਧਰ ਕਚਹਿਰੀਆਂ ਸੁਨਾਮ, ਮੂਨਕ ਤੇ ਧੂਰੀ ਵਿਖੇ ਨੈਸ਼ਨਲ ਲੋਕ ਅਦਾਲਤ ਲਗਾਈ ਗਈ। ਜ਼ਿਲ੍ਹਾ ਅਥਾਰਟੀ ਵੱਲੋਂ ਧਿਰਾਂ ਨੂੰ ਆਪਣੇ ਕੇਸਾਂ ਦੇ ਨਿਪਟਾਰੇ ਰਜ਼ਾਮੰਦੀ ਨਾਲ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਨਿਬੇੜਨ ਲਈ ਉਤਸ਼ਾਹਿਤ ਕੀਤਾ ਗਿਆ। ਕੇਸਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਸੰਗਰੂਰ ਅਤੇ ਮਲੇਰਕੋਟਲਾ ਵਿੱਚ ਕੁੱਲ 25 ਲੋਕ ਅਦਾਲਤ ਦੇ ਬੈਂਚਾਂ ਦਾ ਗਠਨ ਕੀਤਾ ਗਿਆ, ਜਿਨ੍ਹਾਂ ਦੀ ਪ੍ਰਧਾਨਗੀ ਨਿਆਂਇਕ ਅਧਿਕਾਰੀਆਂ ਅਤੇ ਮਾਲ ਅਧਿਕਾਰੀਆਂ ਵੱਲੋਂ ਕੀਤੀ ਗਈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸੰਗਰੂਰ ਦੇ ਸਕੱਤਰ ਸ੍ਰੀਮਤੀ ਦਲਜੀਤ ਕੌਰ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਦੌਰਾਨ ਜ਼ਿਲ੍ਹਾ ਸੰਗਰੂਰ ਤੇ ਮਲੇਰਕੋਟਲਾ ਵਿੱਚ ਬਣੇ ਸਮੂਹ ਬੈਂਚਾਂ ਦੁਆਰਾ ਕੁੱਲ 33725 ਕੇਸ ਨਿਪਟਾਰੇ ਲਈ ਵਿਚਾਰੇ ਗਏ, ਜਿਨ੍ਹਾਂ ਵਿੱਚੋਂ 26041 ਕੇਸਾਂ ਦਾ ਨਿਪਟਾਰਾ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਰਾਹੀਂ ਕਰਵਾਇਆ ਗਿਆ। ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਅੱਜ ਦੀ ਇਸ ਕੌਮੀ ਲੋਕ ਅਦਾਲਤ ਦੌਰਾਨ ਕੁਝ ਕੇਸ ਜੋ ਕਿ ਲੰਬੇ ਸਮੇਂ ਤੋਂ ਅਦਾਲਤਾਂ ਵਿੱਚ ਲੰਬਿਤ ਸਨ ਵੀ ਆਪਸੀ ਰਜ਼ਾਮੰਦੀ ਰਾਹੀਂ ਨਿਬੇੜੇ ਗਏ। ਜਿੰਨਾਂ ਵਿੱਚੋਂ ਕੁਝ ਕੇਸਾਂ ਦੀ ਜਾਣਕਾਰੀ ਦਿੰਦੇ ਉਨ੍ਹਾਂ ਦੱਸਿਆ ਕਿ ਇੱਕ 2014 ਤੋਂ ਲੰਬਿਤ ਚੈੱਕ ਬਾਊਂਸ ਸਬੰਧੀ ਮੁਕੱਦਮਾਂ ਧਿਰਾਂ ਦੀ ਰਜ਼ਾਮੰਦੀ ਨਾਲ 2,00,000/- ਰੁਪਏ ਵਿੱਚ ਸਮਝੌਤੇ ਨਾਲ ਨਿਬੇੜਿਆ ਗਿਆ। ਇੱਕ 2020 ਤੋਂ ਲੰਬਿਤ ਦੀਵਾਨੀ ਮੁਕੱਦਮਾ ਧਿਰਾਂ ਦੀ ਰਜ਼ਾਮੰਦੀ ਨਾਲ ਅੱਜ ਦੀ ਇਸ ਲੋਕ ਅਦਾਲਤ ਵਿੱਚ ਨਿਬੇੜਿਆ ਗਿਆ।

ਲੋਕ ਅਦਾਲਤ ਰਾਹੀਂ ਕੇਸ ਨਿਬੇੜਨ ਦੇ ਲਾਭ ਬਾਰੇ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਵਿੱਚ ਦੋਹਾਂ ਧਿਰਾਂ ਦੀ ਸਹਿਮਤੀ ਨਾਲ ਕੇਸ ਦਾ ਸਥਾਈ ਹੱਲ ਹੋ ਜਾਂਦਾ ਹੈ। ਇਸ ਵਿੱਚ ਕੋਰਟ ਫੀਸ ਵੀ ਵਾਪਸ ਹੋ ਜਾਂਦੀ ਹੈ। ਲੋਕ ਅਦਾਲਤਾਂ ਰਾਹੀਂ ਸਮੇਂ ਅਤੇ ਧਨ ਦੀ ਬਚਤ ਹੁੰਦੀ ਹੈ। ਇਸ ਵਿੱਚ ਦੋਵੇਂ ਧਿਰਾਂ ਦੀ ਸਹਿਮਤੀ ਨਾਲ ਨਿਪਟਾਰਾ ਹੋਣ ਨਾਲ ਦੋਵੇਂ ਧਿਰਾਂ ਹੀ ਜੇਤੂ ਰਹਿੰਦੀਆਂ ਹਨ।

## ਅੰਮ੍ਰਿਤਪਾਲ ਕਲੇਰ ਸਾਹਿਤਕ ਮੰਚ ਭਗਤਾ ਭਾਈ ਦੇ ਜਨਰਲ ਸਕੱਤਰ ਬਣੇ



ਭਗਤਾ ਭਾਈ ਕਾ, 14 ਮਾਰਚ (ਸਵਰਨ ਸਿੰਘ ਭਗਤਾ): ਸਾਹਿਤਕ ਮੰਚ ਭਗਤਾ ਭਗਤਾ ਭਾਈ ਕਾ ਦੀ ਸਾਹਿਤ ਨੂੰ ਸਮਰਪਿਤ ਇੱਕ ਨਾਮਵਰ ਸੰਸਥਾ ਹੈ। ਪਿਛਲੇ ਚਾਰ ਕੁ ਸਾਲਾਂ ਦੇ ਵਿੱਚ ਸਥਾਪਿਤ ਹੋਈ ਇਸ ਸੰਸਥਾ ਨੇ ਆਪਣਾ ਨਾਮ ਸਾਹਿਤ ਦੇ ਵੱਡੇ ਖੇਤਰਾਂ ਵਿੱਚ ਸਥਾਪਤ ਕਰ ਲਿਆ ਹੈ। ਲੰਘੇ ਦਿਨ 11 ਮਾਰਚ ਨੂੰ ਪ੍ਰਭਾਵਸ਼ਾਲੀ ਸਾਦੇ ਸਮਾਗਮ ਵਿੱਚ ਇੱਕ ਸਾਲ ਲਈ ,(2026-2027) ਇਸ ਮੰਚ ਦੀ ਚੋਣ ਕੀਤੀ ਗਈ। ਚੋਣ ਦਾ ਆਗਾਜ਼ ਮੰਚ ਦੇ ਵਿੱਤ ਸਕੱਤਰ ਰੰਗਕਰਮੀ ਸੁਖਵਿੰਦਰ ਚੀਦਾ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਕਹਿਣਾ ਦੇ ਨਾਲ਼ ਕੀਤਾ। ਪਿਛਲੇ ਦੋ ਸਾਲਾਂ ਦੀ ਕਾਰਗੁਜ਼ਾਰੀ ਅਤੇ ਗਤੀਵਿਧੀਆਂ ਦੀ ਰਿਪੋਰਟ ਮੰਚ ਦੇ ਜਨਰਲ ਸਕੱਤਰ ਅੰਮ੍ਰਿਤਪਾਲ ਕਲੇਰ ਨੇ ਪੇਸ਼ ਕੀਤੀ। ਸਭਾ ਦੀ ਪ੍ਰਧਾਨਗੀ ਕਰ ਰਹੇ ਮੰਚ ਦੇ ਪ੍ਰਧਾਨ ਸੁਖਮੰਦਰ ਬਰਾੜ ਗੁੰਮਟੀ ਨੇ ਮੰਚ ਦੀ ਇੱਕ ਜੁੱਟਤਾ ਨੂੰ ਸਲਾਹਿਆ।

ਪ੍ਰਧਾਨਗੀ ਮੰਡਲ ਵਿੱਚ ਬਿਰਾਜਮਾਨ ਸਭਾ ਦੇ ਸਲਾਹਕਾਰ ਨਛੱਤਰ ਸਿੰਘ ਸਿੱਧੂ ਨੇ ਸਾਹਿਤ ਨੂੰ ਸਮਕਾਲ ਦੀ ਲੋੜ ਦੱਸਿਆ। ਪ੍ਰਧਾਨਗੀ ਮੰਡਲ ਵਿੱਚ ਸੁਸ਼ੋਭਿਤ ਸ਼੍ਰੀ ਹੰਸ ਸਿੰਘ ਸੋਹੀ ਨੇ ਸਾਰਥਿਕ ਗਤੀਵਿਧੀਆਂ ਦੀ ਪਰੋੜਤਾ ਕੀਤੀ। ਡਾ. ਬਲਵਿੰਦਰ ਸਿੰਘ ਸੋਢੀ ਨੇ ਮੰਚ ਦੇ ਕੰਮਾਂ ਪ੍ਰਤੀ ਸੰਤੁਸ਼ਟੀ ਜ਼ਾਹਿਰ ਕੀਤੀ। ਨਵੀਂ ਚੋਣ ਵਿੱਚ ਪ੍ਰਧਾਨ- ਸੁਖਮੰਦਰ ਬਰਾੜ ਗੁੰਮਟੀ, ਮੀਤ ਪ੍ਰਧਾਨ- ਹਰਜੀਤ ਸਿੰਘ ਗੰਗਾ, ਸਰਪ੍ਰਸਤ ਨਛੱਤਰ ਸਿੰਘ ਸਿੱਧੂ ਅਤੇ ਤਰਲੋਚਨ ਸਿੰਘ ਗੰਗਾ, ਸਲਾਹਕਾਰ ਡਾ. ਬਲਵਿੰਦਰ ਸਿੰਘ ਸੋਢੀ ਵਿੱਤ ਸਕੱਤਰ ਸੁਖਵਿੰਦਰ ਚੀਦਾ, ਪ੍ਰੈਸ ਸਕੱਤਰ ਰਜਿੰਦਰ ਸਿੰਘ ਮਰਾਹੜ, ਜਨਰਲ ਸਕੱਤਰ ਚੌਥੀ ਵਾਰ- ਅੰਮ੍ਰਿਤਪਾਲ ਕਲੇਰ ਨੂੰ ਚੁਣਿਆ ਗਿਆ। ਮੰਚ ਦੀ ਖ਼ਾਸੀਅਤ ਇਹ ਕਿ ਪੰਜ ਮੈਂਬਰੀ ਐਕਸੀਕਿਊਟਿਵ ਕਮੇਟੀ ਬਣਾਈ ਗਈ, ਜਿਸ ਵਿੱਚ ਬਲੌਰ ਸਿੰਘ ਸਿੱਧੂ, ਨੌਜਵਾਨ ਸ਼ਾਇਰ ਗੁਰਵਿੰਦਰ ਸਿੰਘ ਮਾਨ ,ਮਾਸਟਰ ਗੁਰਨਾਮ ਸਿੰਘ, ਹੰਸ ਸਿੰਘ ਸੋਹੀ ਅਤੇ ਰੰਗਕਰਮੀ ਸੁਖਵਿੰਦਰ ਚੀਦਾ ਨੂੰ ਚੁਣਿਆ ਗਿਆ। ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਪ੍ਰਧਾਨ ਸੁਖਮੰਦਰ ਬਰਾੜ ਗੁੰਮਟੀ ਨੇ ਕੀਤਾ ਇਸ ਸਮਾਗਮ ਵਿੱਚ ਸੀਨੀਅਰ ਪੱਤਰਕਾਰ ਗੁਰਦਰਸ਼ਨ ਸਿੰਘ ਲੁੱਧੜ, ਮੱਖਣ ਸਿੰਘ ਸੁਖਾਨੰਦ, ਬੇਅੰਤ ਸਿੰਘ ਚੀਦਾ, ਸ਼ਮਸ਼ੇਰ ਸਿੰਘ ਮੱਲੀ, ਸਿਕੰਦਰਦੀਪ ਸਿੰਘ ਰੂਬਲ, ਰੰਗਕਰਮੀ ਸੁਖਦਰਸ਼ਨ ਸਿੰਘ, ਜਗਰੂਪ ਸਿੰਘ, ਜਗਤਾਰ ਸਿੰਘ ਸੰਦੀਪ ਸਿੰਘ ਭਗਤਾ, ਮਾਸਟਰ ਸੁਰਜੀਤ ਸਿੰਘ, ਮਾਸਟਰ ਰਣਜੋਧ ਸਿੰਘ ਹਾਜ਼ਰ ਸਨ।

## ਪਿੰਡਾਂ ਨੂੰ ਕਰੋੜਾਂ ਰੁਪਇਆ ਵੰਡਣ ਤੋਂ ਬਾਅਦ ਵੀ ਸਮੱਸਿਆਵਾਂ ਜਾਣਨ ਲਈ ਵਿੱਚ ਬੈਠਾ ਹਾਂ : ਵਿਧਾਇਕ ਰਾਏ



ਫਤਿਹਗੜ੍ਹ ਸਾਹਿਬ, 14 ਮਾਰਚ (ਨਰਿੰਦਰ ਸਿੰਘ ): ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਵੱਖ-ਵੱਖ ਪਿੰਡਾਂ ਦੇ ਵਿੱਚ ਜਾ ਕੇ ਸਾਂਝੀ ਸੱਥ ਪ੍ਰੋਗਰਾਮ ਦੇ ਤਹਿਤ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਜਾ ਰਹੀਆਂ ਹਨ। ਇਸੇ ਲੜੀ ਦੇ ਤਹਿਤ ਅੱਜ ਉਨਾਂ ਵੱਲੋਂ ਬਲਾਕ ਸਰਹਿੰਦ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ ਅਤੇ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਉਹਨਾਂ ਦਾ ਹੱਲ ਕਰਾਉਣ ਦਾ ਯਤਨ ਕੀਤਾ ਗਿਆ। ਪੰਜਾਬ ਸਰਕਾਰ ਵੱਲੋਂ ਦਿੱਤੀਆਂ ਸੁਗਾਤਾਂ ਦੇ ਲਈ ਆਮ ਲੋਕਾਂ ਵੱਲੋਂ ਜਿੱਥੇ ਧੰਨਵਾਦ ਕੀਤਾ ਗਿਆ, ਉੱਥੇ ਹੀ ਭਰੋਸਾ ਦਵਾਇਆ ਗਿਆ ਕਿ ਉਹ ਸਰਕਾਰ ਦੇ ਕੰਮਾਂ ਨੂੰ ਪਸੰਦ ਕਰਦੇ ਹਨ। ਇਸ ਮੌਕੇ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦਿਆਂ ਵਿਧਾਇਕ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਾਲ 2022 ਦੇ ਵਿੱਚ ਲੱਭੀ ਹੋਈ ਹੈ। ਆਮ ਲੋਕਾਂ ਦੇ ਨਾਲ ਜੋ ਵਾਅਦੇ ਕੀਤੇ ਗਏ ਸਨ ਸਾਰਿਆਂ ਨੂੰ ਇੱਕ ਇੱਕ ਕਰਕੇ ਪੂਰਾ ਕੀਤਾ ਗਿਆ ਹੈ। ਉਹਨਾਂ ਦੇ ਵਿੱਚ ਜੋ ਮੁੱਖ ਗਰੰਟੀਆਂ ਸਨ ਜਿਵੇਂ ਬਿਜਲੀ ਮੁਆਫੀ, ਸਿਹਤ ਸਹੂਲਤਾਂ, ਸਿੱਖਿਆ ਸਹੂਲਤਾਂ, ਖੇਡ ਮੈਦਾਨ ਬਣਾਉਣਾ, ਔਰਤਾਂ ਨੂੰ 1000-1000 ਰੁਪਏ ਦੇਣਾ ਮੁੱਖ ਕਾਰਜ ਸਨ। ਇਸ ਤੋਂ ਇਲਾਵਾ ਪਿੰਡਾਂ ਦੇ ਸਰਬਪੱਖੀ ਵਿਕਾਸ ਦੇ ਲਈ ਕਰੋੜਾਂ ਰੁਪਇਆਂ ਦੀਆਂ ਗਰਾਂਟਾਂ ਵੀ ਮੁਹੱਈਆ ਕਰਵਾਈਆਂ ਜਾ ਚੁੱਕੀਆਂ ਹਨ।

ਉਕਤ ਸਾਰੇ ਕਾਰਜ ਕਰਕੇ ਅੱਜ ਫਿਰ ਲੋਕਾਂ ਦੇ ਵਿੱਚ ਬੈਠ ਕੇ ਉਹਨਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਾਂ ਤਾਂ ਜੋ ਉਹਨਾਂ ਨੂੰ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਨਾ ਹੋਵੇ। ਉਹਨਾਂ ਕਿਹਾ ਕਿ ਅੱਜ ਬਹੁਤ ਸਾਰੀਆਂ ਮੀਟਿੰਗਾਂ ਦੇ ਵਿੱਚ ਲੋਕਾਂ ਨੂੰ ਪੁੱਛਿਆ ਗਿਆ ਕਿ ਪਿਛਲੇ 70 ਸਾਲ ਰਾਜ ਕਰਨ ਵਾਲੇ ਵਿਧਾਇਕਾਂ ਨੇ ਪਿੰਡਾਂ ਦੇ ਵਿੱਚ ਕਿਹੜੇ ਕਾਰਜ ਕਰਵਾਏ ਹਨ ? ਤਾਂ ਲੋਕਾਂ ਦਾ ਜਵਾਬ ਸੀ ਕਿ ਆਮ ਲੋਕਾਂ ਨੂੰ ਸਿਰਫ ਗਲੀਆਂ ਨਾਲੀਆਂ ਤੱਕ ਹੀ ਸੀਮਤ ਰੱਖਿਆ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿੱਥੇ 65 ਹਜ਼ਾਰ ਨੌਜਵਾਨਾਂ ਨੂੰ ਬਿਨਾਂ ਕਿਸੇ ਪੱਖਪਾਤ ਤੋਂ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ, ਉੱਥੇ ਹੀ ਪਿੰਡਾਂ ਦੇ ਵਿੱਚ ਖੇਡ ਮੈਦਾਨ ਉਸਾਰ ਕੇ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੀ ਏ ਮਾਨਵ ਟਿਵਾਣਾ, ਕਰਮਜੀਤ ਸਿੰਘ ਜੋਗੀ, ਹਰਮੇਸ਼ ਪੂੰਨੀਆ, ਸਰਪੰਚ ਗੁਰਜੰਟ ਸਿੰਘ, ਸਰਪੰਚ ਪਰਵਿੰਦਰ ਸਿੰਘ, ਸਰਪੰਚ ਨਿਰਮਲ ਸਿੰਘ, ਗੁਰਵੀਰ ਸਿੰਘ ਜੱਲਾ, ਨੰਬਰਦਾਰ ਸਤਬੀਰ ਸਿੰਘ, ਕੁਲਵਿੰਦਰ ਸਿੰਘ ਡੇਰਾ, ਰਾਜ ਦਵਿੰਦਰ ਸਿੰਘ ਘੁੰਮਣ, ਸੁਰੇਸ਼ ਬੰਟੀ ਨਰਿੰਦਰ ਨੰਨੂ, ਬਿਕਰਮ ਸਿੰਘ ਖੋਜੇ ਮਾਜਰਾ, ਹਰਜੀਤ ਸਿੰਘ ਆਦਿ ਵੀ ਹਾਜ਼ਰ ਸਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਚਾਲੀ ਤੋਂ ਬਾਅਦ ਦੀਆਂ ਮਹਿਲਾਵਾਂ ਦਾ ਸਸ਼ਕਤੀਕਰਨ

ਫਤਿਹਗੜ੍ਹ ਸਾਹਿਬ, 14 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਦੇ ਮਹਿਲਾ ਵਿਕਾਸ ਅਤੇ ਸ਼ਿਕਾਇਤ ਨਿਵਾਰਣ ਸੈੱਲ ਵੱਲੋਂ ਚਾਲੀ ਤੋਂ ਬਾਅਦ ਦੀਆਂ ਮਹਿਲਾਵਾਂ ਦਾ ਸਸ਼ਕਤੀਕਰਨ: ਮੈਨੋਪੌਜ਼, ਹੱਡੀਆਂ ਦੀ ਤੰਦਰੁਸਤੀ ਅਤੇ ਜੀਵਨ ਭਰ ਦੀ ਤਾਕਤ ਵਿਸ਼ੇ 'ਤੇ ਇੱਕ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਸੈਸ਼ਨ ਨੂੰ ਪ੍ਰਸਿੱਧ ਡਾਇਟੀਸ਼ਨ ਮਿਸ ਕਮਲ ਬਾਜਵਾ ਵੱਲੋਂ ਸੰਬੋਧਿਤ ਕੀਤਾ ਗਿਆ, ਜਿਨ੍ਹਾਂ ਨੇ ਮਹਿਲਾਵਾਂ ਦੀ ਸਿਹਤ ਸੰਬੰਧੀ ਮਹੱਤਵਪੂਰਨ ਜਾਣਕਾਰੀਆਂ ਸਾਂਝੀਆਂ ਕੀਤੀਆਂ। ਉਨ੍ਹਾਂ ਨੇ ਖ਼ਾਸ ਤੌਰ 'ਤੇ ਪੋਸ਼ਣ, ਮੈਨੋਪੌਜ਼ ਦੇ ਪ੍ਰਬੰਧਨ, ਹੱਡੀਆਂ ਦੀ ਸਿਹਤ ਅਤੇ ਜੀਵਨ ਭਰ ਤੰਦਰੁਸਤ ਅਤੇ ਮਜ਼ਬੂਤ ਰਹਿਣ ਲਈ ਲੋੜੀਂਦੇ ਤਰੀਕਿਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ।

ਡਾ. ਰਿਚਾ ਬਰਾੜ, ਜੋ ਕਿ ਮਹਿਲਾ ਵਿਕਾਸ ਅਤੇ ਸ਼ਿਕਾਇਤ ਨਿਵਾਰਣ ਸੈੱਲ ਦੀ ਮੈਂਬਰ ਹਨ, ਨੇ ਸਵਾਗਤੀ ਭਾਸ਼ਣ ਦਿੰਦਿਆਂ ਸਰੋਤ ਵਿਅਕਤੀ ਅਤੇ ਹਾਜ਼ਰ ਭਾਗੀਦਾਰਾਂ ਦਾ ਤਹਿ ਦਿਲੋਂ ਸਵਾਗਤ ਕੀਤਾ।

ਲੈਕਚਰ ਦੌਰਾਨ ਸਰੋਤ ਵਿਅਕਤੀ ਨੇ ਦੱਸਿਆ ਕਿ ਚਾਲੀ ਸਾਲ ਦੀ ਉਮਰ ਤੋਂ ਬਾਅਦ ਮਹਿਲਾਵਾਂ ਲਈ ਸੰਤੁਲਿਤ ਆਹਾਰ, ਨਿਯਮਿਤ ਸਰੀਰਕ ਕਸਰਤ ਅਤੇ ਸਿਹਤਮੰਦ ਜੀਵਨ ਸ਼ੈਲੀ ਬਹੁਤ ਜ਼ਰੂਰੀ ਹੈ, ਤਾਂ ਜੋ ਹਾਰਮੋਨਲ ਸੰਤੁਲਨ ਬਣਿਆ ਰਹੇ ਅਤੇ ਹੱਡੀਆਂ ਮਜ਼ਬੂਤ ਰਹਿਣ।




ਡਾ. ਕਿਰਨਦੀਪ ਕੌਰ, ਜੋ ਕਿ ਇਸ ਸੈੱਲ ਦੀ ਕੋਆਰਡੀਨੇਟਰ ਹਨ, ਨੇ ਇਸ ਮੌਕੇ 'ਤੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਅਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਦਾ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਦੀ ਲਗਾਤਾਰ ਹੌਸਲਾ ਅਫਜ਼ਾਈ ਅਤੇ ਸਹਿਯੋਗ ਨਾਲ ਇਸ ਤਰ੍ਹਾਂ ਦੀਆਂ ਮਹੱਤਵਪੂਰਨ ਗਤੀਵਿਧੀਆਂ ਦਾ ਆਯੋਜਨ ਸੰਭਵ ਹੋ ਸਕਦਾ ਹੈ। ਉਨ੍ਹਾਂ ਨੇ ਧੰਨਵਾਦ ਮਤਾ ਵੀ ਪੇਸ਼ ਕੀਤਾ ਅਤੇ ਸਰੋਤ ਵਿਅਕਤੀ ਦਾ ਕੀਮਤੀ ਗਿਆਨ ਅਤੇ ਦਿਸ਼ਾ-ਨਿਰਦੇਸ਼ ਸਾਂਝੇ ਕਰਨ ਲਈ ਧੰਨਵਾਦ ਕੀਤਾ।

ਇਸ ਸਮਾਗਮ ਵਿੱਚ ਵੱਖ-ਵੱਖ ਵਿਭਾਗਾਂ ਦੇ ਮੁਖੀ, ਮਹਿਲਾ ਅਧਿਆਪਕਾਵਾਂ ਅਤੇ ਸਟਾਫ ਮੈਂਬਰਾਂ ਨੇ ਭਾਗ ਲਿਆ ਅਤੇ ਵਿਚਾਰ-ਵਟਾਂਦਰੇ ਵਿੱਚ ਸਰਗਰਮ ਹਿੱਸਾ ਪਾਇਆ। ਇਹ ਲੈਕਚਰ ਬਹੁਤ ਹੀ ਜਾਣਕਾਰੀਭਰਪੂਰ ਅਤੇ ਲਾਭਕਾਰੀ ਸਾਬਤ ਹੋਇਆ, ਜਿਸ ਨਾਲ ਮੈਨੋਪੌਜ਼ ਦੇ ਪ੍ਰਬੰਧਨ, ਹੱਡੀਆਂ ਦੀ ਤੰਦਰੁਸਤੀ ਅਤੇ ਮਹਿਲਾਵਾਂ ਦੀ ਸਿਹਤ ਨੂੰ ਪਹਿਲ ਦੇਣ ਬਾਰੇ ਜਾਗਰੂਕਤਾ ਵਧੀ।

## ਮੁਕੇਰੀਆ ਦੀਆਂ ਟੁੱਟੀਆਂ ਸੜਕਾਂ ਦੀ ਪੁਨਰ ਸੁਰਜੀਤੀ ਲਈ ਕਾਂਗਰਸ ਨੇ ਕੱਢਿਆ ਰੋਸ ਮਾਰਚ

ਮੁਕੇਰੀਆਂ, 14 ਮਾਰਚ ( ਧਰਮ ਚੰਦ ): ਵਿਧਾਨ ਸਭਾ ਹਲਕਾ ਮੁਕੇਰੀਆ ਵਿੱਚ ਨਜਾਇਜ਼ ਮਾਈਨਿੰਗ ਦੇ ਕਾਰਨ ਟੁੱਟ ਚੁੱਕੀਆਂ ਸੜਕਾਂ ਦੀ ਹਾਲਤ ਸੁਧਾਰਨ ਦੀ ਮੰਗ ਕਰਦੇ ਹੋਏ ਅੱਜ ਹਲਕੇ ਦੇ ਸੀਨੀਅਰ ਕਾਂਗਰਸੀ ਆਗੂ ਸਰਬਜੋਤ ਸਿੰਘ ਸਾਬੀ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਹਲਕਾ ਵਾਸੀਆਂ ਤੇ



ਕਾਂਗਰਸੀ ਵਰਕਰਾਂ ਵੱਲੋਂ ਹਾਜੀਪੁਰ ਤੋਂ ਲੈ ਕੇ ਸਰਿਆਣਾ ਤੱਕ ਕਾਲੇ ਝੰਡੇ ਲੈ ਕੇ ਰੋਸ ਮਾਰਚ ਕੱਢਿਆ ਗਿਆ। ਇਸ ਦੌਰਾਨ ਲੋਕਾਂ ਵੱਲੋਂ ਸੂਬੇ ਦੀ ਆਪ ਸਰਕਾਰ ਤੇ ਮਾਈਨਿੰਗ ਮਾਫੀਆ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜੀ ਵੀ ਕੀਤੀ ਗਈ। ਇਸ ਸਮੇਂ ਸਰਬਜੋਤ ਸਿੰਘ ਸਾਬੀ ਨੇ ਕਿਹਾ ਕਿ ਹਲਕੇ ਵਿੱਚ ਚੱਲ ਰਹੀ ਨਜਾਇਜ਼ ਮਾਈਨਿੰਗ ਕਾਰਨ ਇੱਕ ਤਾਂ ਸਾਡੇ ਕੁਦਰਤੀ ਸਰੋਤ ਲੁੱਟੇ ਗਏ ਹਨ, ਤੇ ਦੂਜਾ ਸਾਡੇ ਹਲਕੇ ਦੀਆਂ ਸੜਕਾਂ ਦੀ ਹਾਲਤ ਓਵਰਲੋਡ ਗੱਡੀਆਂ ਕਾਰਨ ਬਦਤਰ ਹੋ ਗਈ ਹੈ, ਜਿਸ ਕਾਰਨ ਰੋਜ਼ਾਨਾ ਲੋਕ ਹਾਦਸਿਆਂ ਦਾ ਸ਼ਿਕਾਰ ਹੋ ਰਹੇ ਹਨ। ਲੇਕਿਨ ਇਸ ਪਾਸੇ ਨਾ ਤਾਂ ਸੂਬਾ ਸਰਕਾਰ ਦਾ ਧਿਆਨ ਹੈ ਤੇ ਨਾ ਹੀ ਮਾਈਨਿੰਗ ਮਾਫੀਆ ਵੱਲੋਂ ਕੋਈ ਕਸਰ ਬਾਕੀ ਛੱਡੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਆਉਂਦੇ 15 ਦਿਨਾਂ ਦੌਰਾਨ ਸੜਕਾਂ ਦੀ ਹਾਲਤ ਨਾ ਸੁਧਾਰੀ ਗਈ ਤੇ ਮਾਈਨਿੰਗ ਮਾਫੀਆ ਨੂੰ ਨਾ ਰੋਕਿਆ ਗਿਆ, ਤਾਂ ਕਾਂਗਰਸ ਵਰਕਰਾਂ ਵੱਲੋਂ ਹਲਕਾ ਵਾਸੀਆਂ ਨੂੰ ਨਾਲ ਲੈ ਕੇ ਪੀ.ਡਬਲਿਊ.ਡੀ. ਦੇ ਅਧਿਕਾਰੀਆਂ ਦੇ ਦਫਤਰਾਂ ਨੂੰ ਘੇਰਿਆ ਜਾਵੇਗਾ ਤੇ ਫਿਰ ਸੰਘਰਸ਼ ਤਦ ਤੱਕ ਜਾਰੀ ਰਹੇਗਾ, ਜਦੋਂ ਤੱਕ ਸੜਕਾਂ ਦੀ ਹਾਲਤ ਸੁਧਾਰੀ ਨਹੀਂ ਜਾਂਦੀ। ਸਰਬਜੋਤ ਸਾਬੀ ਨੇ ਕਿਹਾ ਕਿ ਹੁਣ ਕੁਝ ਕੁ ਮਹੀਨਿਆਂ ਦੌਰਾਨ ਹੀ ਸੜਕਾਂ ਦਾ ਨਿਰਮਾਣ ਕਾਰਜ ਹੋਣਾ ਹੈ ਕਿਉਂਕਿ ਅੱਗੇ ਬਰਸਾਤ ਦੇ ਮੌਸਮ ਵਿੱਚ ਸੜਕਾਂ ਨਹੀਂ ਬਣਨਗੀਆਂ ਇਸ ਲਈ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਜਲਦ ਤੋਂ ਜਲਦ ਮੁਕੇਰੀਆ ਹਲਕੇ ਦੀਆਂ ਸੜਕਾਂ ਦਾ ਕੰਮ ਸ਼ੁਰੂ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਸੂਬੇ ਦੀ ਮੌਜੂਦਾ ਆਪ ਸਰਕਾਰ ਦੇ ਰਾਜ ਵਿੱਚ ਮਾਈਨਿੰਗ ਮਾਫੀਆ ਨੇ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ ਹਨ, ਕਿਉਂਕਿ ਮਾਈਨਿੰਗ ਮਾਫੀਆ, ਮੰਤਰੀਆਂ- ਵਿਧਾਇਕਾਂ ਤੇ ਅਫਸਰਾਂ ਨੇ ਆਪਸੀ ਗੱਠਜੋੜ ਕੀਤਾ ਹੋਇਆ ਹੈ, ਜਿਸ ਕਾਰਨ ਆਮ ਲੋਕਾਂ ਦੀ ਕਿਤੇ ਵੀ ਸੁਣਵਾਈ ਨਹੀਂ ਹੋ ਰਹੀ ਤੇ ਮਾਫੀਆ ਜਿਵੇਂ ਚਾਹ ਰਿਹਾ ਹੈ ਉਵੇਂ ਹੀ ਸਾਰੀ ਸਰਕਾਰੀ ਮਸ਼ੀਨਰੀ ਕੰਮ ਕਰ ਰਹੀ ਹੈ। ਇਸ ਮੌਕੇ ਅਨਿਲ ਠਾਕੁਰ ਸਰਪੰਚ ਮਾਨਸਰ, ਅਸ਼ੋਕ ਕੁਮਾਰ ਸਰਪੰਚ ਸਰਿਆਣਾ, ਪ੍ਰੇਮ ਚੰਦ ਸਰਪੰਚ ਸੈਦੋ ਨੌਸ਼ਹਿਰਾ, ਨਰਦੇਵ ਸਿੰਘ ਕਰਾੜੀ, ਕੁਲਭੂਸ਼ਣ ਸੋਹਲ ਹਾਜੀਪੁਰ, ਕਿਰਪਾਲ ਸਿੰਘ ਸਰਿਆਣਾ, ਬਲਦੇਵ ਸਿੰਘ ਕੌਲਪੁਰ, ਠਾਕੁਰ ਮਲਕੀਤ ਸਿੰਘ ਚਕੜਿਆਲ, ਰਛਪਾਲ ਸਿੰਘ ਰੰਗਾ, ਰਜੇਸ਼ ਕੁਮਾਰ ਰੱਤੂ, ਲਖਬੀਰ ਸਿੰਘ ਮਾਨਾ, ਤਜਿੰਦਰ ਪਾਲ ਸਿੰਘ ਬੱਬਲ, ਮਨਜਿੰਦਰ ਸਿੰਘ ਸਰਪੰਚ ਮਹਿਤਾਬਪੁਰ, ਲਖਬੀਰ ਸਿੰਘ ਸਾਭਾ ਮੈਂਬਰ ਬਲਾਕ ਸੰਮਤੀ, ਅਰਵਿੰਦਰ ਪਾਲ ਸਿੰਘ ਪ੍ਰਿੰਸ ਦੇਵੀ ਦਾਸ ਸਮੇਤ ਵੱਡੀ ਗਿਣਤੀ ਵਿੱਚ ਹਲਕਾ ਵਾਸੀ ਮੌਜੂਦ ਸਨ।

## ਪੰਜਾਬ ਰਾਜ ਅਤੇ ਕੇਂਦਰ ਸਾਸ਼ਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਡਾ. ਜਤਿੰਦਰ ਸਿੰਘ ਸ਼ੰਟੀ (ਪਦਮ ਸ਼੍ਰੀ) ਵੱਲੋਂ ਫਿਰੋਜ਼ਪੁਰ ਦਾ ਦੌਰਾ

### ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਯਤਨਸ਼ੀਲ : ਡਾ. ਜਤਿੰਦਰ ਸਿੰਘ ਸ਼ੰਟੀ

ਫ਼ਿਰੋਜ਼ਪੁਰ, 14 ਮਾਰਚ (ਤਿਵਾੜੀ) :ਪੰਜਾਬ ਸਟੇਟ ਅਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ, ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਵਚਨਬੱਧ ਅਤੇ ਨਿਰੰਤਰ ਕਾਰਜਸ਼ੀਲ ਹੈ। ਕਮਿਸ਼ਨ ਪੰਜਾਬ ਦੇ ਹਰੇਕ ਜ਼ਿਲ੍ਹੇ ਵਿੱਚ ਐਨ.ਜੀ.ਓਜ., ਸੀਨੀਅਰ ਸਿਟੀਜ਼ਨਾਂ, ਵਕੀਲਾਂ, ਡਾਕਟਰਾਂ, ਵਿਦਿਆਰਥੀਆਂ, ਵਪਾਰੀਆਂ, ਸੰਸਥਾਵਾਂ ਦੇ ਆਗੂਆਂ ਆਦਿ ਨੂੰ ਵਿਸ਼ੇਸ਼ ਤੌਰ 'ਤੇ ਮਿਲ ਕੇ ਉਹਨਾਂ ਨੂੰ ਮਨੁੱਖੀ ਅਧਿਕਾਰਾਂ ਬਾਰੇ ਸੁਚੇਤ ਕਰ ਰਿਹਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਮਾਨਯੋਗ ਪੰਜਾਬ ਰਾਜ ਅਤੇ ਕੇਂਦਰ ਸਾਸ਼ਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਡਾ. ਜਤਿੰਦਰ ਸਿੰਘ ਸ਼ੰਟੀ (ਪਦਮ ਸ਼੍ਰੀ ਪੁਰਸਕਾਰ ਜੇਤੂ) ਵੱਲੋਂ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਫ਼ਿਰੋਜ਼ਪੁਰ ਵਿਖੇ ਸਿਵਲ ਅਤੇ ਪੁਲਿਸ ਅਧਿਕਾਰੀਆਂ ਸਮੇਤ ਵੱਖ-ਵੱਖ ਐਨਜੀਓਜ ਦੇ ਨੁਮਾਇੰਦਿਆਂ, ਸਰਪੰਚਾਂ ਅਤੇ ਹੋਰ ਸਮਾਜ ਸੇਵੀਆ ਨਾਲ ਮੀਟਿੰਗ ਦੌਰਾਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਦੇ ਦੌਰੇ ਦੀ ਲੜੀ ਵਿੱਚ ਅੱਜ ਉਨ੍ਹਾਂ ਨੂੰ ਸ਼ਹੀਦਾਂ ਦੀ ਧਰਤੀ ਫਿਰੋਜ਼ਪੁਰ ਵਿਖੇ ਪਹੁੰਚਣ ਦਾ ਸੁਭਾਗ ਪ੍ਰਾਪਤ ਹੋਇਆ। ਉਨ੍ਹਾਂ ਦੱਸਿਆ ਕਿ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਮਨੁੱਖਾਂ ਦੇ ਅਧਿਕਾਰਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਲਗਾਤਾਰ ਯਤਨਸ਼ੀਲ ਹੈ।ਉਨ੍ਹਾਂ ਦੱਸਿਆ ਕਿ ਮਨੁੱਖੀ ਅਧਿਕਾਰਾਂ ਦੀ ਰੱਖਿਆ ਨੂੰ ਮਜ਼ਬੂਤੀ ਦੇਣ ਲਈ ਨਵੀਆਂ ਐਡਵਾਈਜਰੀਆਂ ਜਾਰੀ ਕੀਤੀਆਂ ਗਈਆਂ ਹਨ। ਐਡਵਾਈਜਰੀ ਤਹਿਤ ਕੋਈ ਵੀ ਹਸਪਤਾਲ ਕਿਸੇ ਵੀ ਮਰੀਜ ਜਾਂ ਮ੍ਰਿਤਕ ਦੇਹ ਨੂੰ ਬੰਧਕ ਬਣਾ ਕੇ ਨਹੀਂ ਰੱਖ ਸਕਦਾ ਜੇਕਰ ਉਹ ਅਜਿਹਾ ਕਰਦਾ ਹੈ ਤਾਂ ਉਸ ਉੱਪਰ ਐਫ.ਆਈ.ਆਰ. ਦਰਜ ਕੀਤੀ ਜਾਵੇਗੀ ਅਤੇ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਹਰ ਹਸਪਤਾਲ ਵਿੱਚ ਮੋਰਚਰੀ, ਐਂਬੂਲੈਂਸ ਵੀ ਹੋਣਾ ਬਹੁਤ ਜਰੂਰੀ ਹੈ। ਸਫਾਈ ਕਰਮਚਾਰੀਆਂ ਦੇ ਠੇਕੇਦਾਰਾਂ ਜਾਂ ਫਰਮਾਂ ਵੱਲੋਂ ਸਫਾਈ ਕਰਮਚਾਰੀਆਂ ਲਈ ਹਰੇਕ ਸੁਰੱਖਿਆ ਉਪਕਰਨ ਦੇਣੇ ਅਤੇ ਉਹਨਾਂ ਦਾ ਬੀਮਾ ਕਰਵਾਉਣਾ ਲਾਜਮੀ ਹੈ। ਅਸਹਾਇ ਵਿਅਕਤੀਆਂ ਦੀ ਮ੍ਰਿਤਕ ਦੇਹ ਦਾ ਮੁਫਤ ਸਸਕਾਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਐਂਬੂਲੈਂਸ ਪਾਇਲਟ ਵਰਗੀਆਂ ਸਹੂਲਤਾਂ ਲਈ ਵੀ ਐਡਵਾਈਜਰੀ ਲਾਗੂ ਕੀਤੀ ਗਈ ਹੈ।ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਡਾ. ਜਤਿੰਦਰ ਸਿੰਘ ਸ਼ੰਟੀ ਨੇ ਦੱਸਿਆ ਕਿ ਪੰਜਾਬ ਮਨੁੱਖੀ ਅਧਿਕਾਰ ਕਮਿਸ਼ਨ (ਪੀ.ਐਚ.ਆਰ.ਸੀ) ਵੱਲੋਂ ਪੰਜਾਬ ਦੇ ਹਰ ਜ਼ਿਲ੍ਹੇ ਵਿੱਚ 15 ਮੈਂਬਰਾਂ ਦਾ ਕੋਰ ਗਰੁੱਪ ਤਿਆਰ ਕੀਤਾ ਜਾਵੇਗਾ, ਜੋ ਮਨੁੱਖੀ




ਅਧਿਕਾਰਾਂ ਦੀ ਉਲੰਘਣਾ 'ਤੇ ਨਿਗਰਾਨੀ ਰੱਖਣ ਦੇ ਨਾਲ-ਨਾਲ ਜ਼ਿਲ੍ਹਾ ਪੱਧਰ 'ਤੇ ਛੋਟੀਆਂ ਸ਼ਿਕਾਇਤਾਂ ਦੇ ਨਿਪਟਾਰੇ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਕਮਿਸ਼ਨ ਦੀ ਸਹਾਇਤਾ ਕਰੇਗਾ। ਜਿਨ੍ਹਾਂ ਵਿੱਚ ਮਨੁੱਖੀ ਅਧਿਕਾਰ ਕਾਰਕੁਨ, ਵਕੀਲ ਅਤੇ ਹੋਰ ਮਾਹਰ ਸ਼ਾਮਲ ਹੋਣਗੇ। ਉਹਨਾਂ ਦੱਸਿਆ ਕਿ ਇਹ ਕੋਰ ਗਰੁੱਪ ਉਹਨਾਂ ਲੋਕਾਂ ਦੇ ਮਸਲੇ ਹੱਲ ਕਰਨ ਲਈ ਵੱਡੇ ਪੱਧਰ 'ਤੇ ਸਹਾਈ ਹੋਵੇਗਾ। ਜਿਹੜੇ ਲੋਕ ਕਿਸੇ ਮਜਬੂਰੀ ਕਾਰਨ ਚੰਡੀਗੜ੍ਹ ਵਿਖੇ ਕਮਿਸ਼ਨ ਕੋਲ ਪਹੁੰਚ ਨਹੀਂ ਕਰ ਸਕਦੇ। ਉਨ੍ਹਾਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਸਬੰਧੀ ਸ਼ਿਕਾਇਤਾਂ ਦਰਜ ਕਰਨ ਲਈ ਵਟਸਐਪ ਹੈਲਪਲਾਈਨ ਨੰਬਰ 98554-75547 ਜਾਰੀ ਕਰਨ ਬਾਰੇ ਜਾਣਕਾਰੀ ਵੀ ਦਿੱਤੀ। ਉਨਾਂ ਦੱਸਿਆ ਕਿ ਇਸ ਹੈਲਪਲਾਈਨ ਨੰਬਰ 'ਤੇ ਕੋਈ ਵੀ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਬਾਰੇ 24 ਘੰਟੇ ਸ਼ਿਕਾਇਤ ਕਰ ਸਕਦਾ ਹੈ। ਸਿਹਤ ਖੇਤਰ ਨਾਲ ਸਬੰਧਿਤ ਮਨੁੱਖੀ ਅਧਿਕਾਰਾਂ ਬਾਰੇ ਗੱਲ ਕਰਦਿਆਂ ਡਾ. ਜਤਿੰਦਰ ਸਿੰਘ ਸ਼ੰਟੀ ਨੇ ਸਪੱਸ਼ਟ ਕੀਤਾ ਕਿ ਕਿਸੇ ਵੀ ਹਸਪਤਾਲ ਵੱਲੋਂ ਇਲਾਜ ਦੀ ਫੀਸ ਬਕਾਇਆ ਹੋਣ ਦੇ ਆਧਾਰ 'ਤੇ ਮ੍ਰਿਤਕ ਦੀ ਲਾਸ਼, ਪਰਿਵਾਰ ਨੂੰ ਦੇਣ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ, ਜੋ ਕਿ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੀਆਂ ਹਦਾਇਤਾਂ ਦੇ ਉਲਟ ਹੈ।

ਉਨ੍ਹਾਂ ਕਿਹਾ ਕਿ ਹਸਪਤਾਲ ਪਰਿਵਾਰ ਤੋਂ ਘੋਸ਼ਣਾ ਪੱਤਰ ਲੈ ਕੇ ਲਾਸ਼ ਸੌਂਪਣ। ਇਸੇ ਤਰ੍ਹਾਂ ਜੇਕਰ ਕੋਈ ਮਰੀਜ਼ ਇਲਾਜ ਦੀ ਰਕਮ ਅਦਾ ਕਰਨ ਵਿੱਚ ਅਸਮਰੱਥ ਹੋਵੇ ਤਾਂ ਬੈਂਕ ਚੈੱਕ ਅਤੇ ਐਫਿਡੇਵਿਟ ਲੈ ਕੇ ਇਲਾਜ ਉਪਰੰਤ ਘਰ ਭੇਜ ਦਿੱਤਾ ਜਾਵੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਹਰ ਹਸਪਤਾਲ ਵਿੱਚ ਇਲਾਜ ਦੀਆਂ ਦਰਾਂ ਸਪੱਸ਼ਟ ਤੌਰ 'ਤੇ ਦਰਸਾਈਆਂ ਜਾਣ। ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਅਤੇ ਐਸਐਸਪੀ ਨੂੰ ਮਿਲਣ ਦਾ ਸਮਾਂ 11 ਤੋਂ 01:00 ਵਜੇ ਨਿਸਚਿਤ ਕੀਤਾ ਗਿਆ ਹੈ। ਡਾ. ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਪਹਿਲਾਂ ਮਨੁੱਖੀ ਅਧਿਕਾਰਾਂ ਦੀਆਂ ਗੰਭੀਰ ਉਲੰਘਣਾਵਾਂ 'ਤੇ ਵੀ ਅਕਸਰ ਧਿਆਨ ਨਹੀਂ ਦਿੱਤਾ ਜਾਂਦਾ ਸੀ, ਪਰ ਮਨੁੱਖੀ ਅਧਿਕਾਰ ਕਮਿਸ਼ਨਾਂ ਦੇ ਗਠਨ ਨਾਲ ਜਵਾਬਦੇਹੀ ਮਜ਼ਬੂਤ ਹੋਈ ਹੈ। ਉਨ੍ਹਾਂ ਦੱਸਿਆ ਕਿ ਸਥਾਨਕ ਪੱਧਰ 'ਤੇ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਅਣ-ਦੇਖਿਆ ਕਰਨਾ ਜਾਂ ਰਿਹਾਇਸ਼ੀ ਸੋਸਾਇਟੀਆਂ ਵੱਲੋਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਨਾ ਕਰਨਾ ਵੀ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੈ ਅਤੇ ਅਜਿਹੇ ਮਾਮਲਿਆਂ 'ਚ ਕਮਿਸ਼ਨ ਵੱਲੋਂ ਖੁਦ ਨੋਟਿਸ ਵੀ ਲਏ ਜਾਣਗੇ। ਮੀਟਿੰਗ ਤੋਂ ਪਹਿਲਾਂ ਡਾ. ਸ਼ੰਟੀ ਨੇ ਸਿਵਲ ਹਸਪਤਾਲ ਫਿਰੋਜ਼ਪੁਰ ਦਾ ਦੌਰਾ ਕਰਕੇ ਮਰੀਜਾਂ ਨੂੰ ਮਿਲ ਰਹੀਆਂ ਸਹੂਲਤਾਂ ਦਾ ਜਾਇਜ਼ਾ ਲਿਆ ਅਤੇ ਮਨੁੱਖੀ ਅਧਿਕਾਰਾਂ ਪ੍ਰਤੀ ਜਾਗਰੂਕਤਾ ਫੈਲਾਈ।

### ਜ਼ਰੂਰੀ ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਵਿਚ ਛੱਪੇ ਲੇਖ, ਲੇਖਕਾਂ ਦੇ ਆਪਣੇ ਵਿਚਾਰ ਹਨ। ਇਸ ਨਾਲ ਸੰਪਾਦਕ ਦਾ ਸਹਿਮਤ ਹੋਣਾ ਕੋਈ ਜ਼ਰੂਰੀ ਨਹੀਂ। ਇਸ਼ਤਿਹਾਰ (ਡਿਸਪਲੇ/ਕਲਾਸੀਫਾਈਡ) ਦੇ ਤੱਥਾਂ ਲਈ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ਦੇ ਤੱਥਾਂ ਦੀ ਪੁਸ਼ਟੀ ਕਰ ਲੈਣ।

ੴ ਵਾਹਿਗੁਰੂ ਜੀ ਕੀ ਫ਼ਤਹ।।

## ਮੂਲ ਨਾਨਕਸ਼ਾਹੀ ਸੰਮਤ ੫੫੮ (ਸੰਨ ੨੦੨੬-੨੭)

### ਅਰੰਭਤਾ ਸੰਮਤ ਨਾਨਕਸ਼ਾਹੀ ੫੫੮, ਸ਼ਨਿਚੱਰਵਾਰ ੧ ਚੇਤ ੧੪ ਮਾਰਚ ੨੦੨੬

### ਇਸ ਮਹੀਨੇ ਦੇ ਗੁਰਪੁਰਬ ਅਤੇ ਦਿਨ ਦਿਹਾਰ

| | |
|---|---|
| ੧੪ ਮਾਰਚ (੧ ਚੇਤ) ਸ਼ਹੀਦੀ ਦਿਹਾੜਾ ਅਕਾਲੀ ਫੂਲਾ ਸਿੰਘ ਜੀ | ੧੫ ਮਾਰਚ (੨ ਚੇਤ) ਦਿੱਲੀ ਫ਼ਤਹਿ |
| ੧੭ ਮਾਰਚ (੪ ਚੇਤ) - ਗੁਰਿਆਈ ਗੁਰੂ ਹਰਿਰਾਇ ਸਾਹਿਬ ਜੀ | ੧੯ ਮਾਰਚ (੬ ਚੇਤ) - ਗੁਰਿਆਈ ਗੁਰੂ ਅਮਰਦਾਸ ਜੀ |
| ੨੨ ਮਾਰਚ (੯ ਚੇਤ) ਜੋਤੀ ਜੋਤਿ ਗੁਰੂ ਅੰਗਦ ਦੇਵ ਜੀ | ੨੩ ਮਾਰਚ (੧੦ ਚੇਤ) ਜੋਤੀ ਜੋਤਿ ਗੁਰੂ ਹਰਿਗੋਬਿੰਦ ਸਾਹਿਬ ਜੀ |
| ੨੫ ਮਾਰਚ (੧੨ ਚੇਤ) ਸ਼ਹੀਦੀ ਸੁਬੇਗ ਸਿੰਘ ਸ਼ਾਹਬਾਜ਼ ਸਿੰਘ ਜੀ | ੦੧ ਅਪ੍ਰੈਲ (੧੯ ਚੇਤ) ਗੁਰਿਆਈ ਗੁਰੂ ਤੇਗ ਬਹਾਦਰ ਜੀ |
| ੦੧ ਅਪ੍ਰੈਲ (੧੯ ਚੇਤ) ਜੋਤੀ ਜੋਤਿ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ | ੦੭ ਅਪ੍ਰੈਲ (੨੫ ਚੇਤ) ਪ੍ਰਕਾਸ਼ ਗੁਰੂ ਤੇਗ ਬਹਾਦੁਰ ਜੀ |
| ੦੯ ਅਪ੍ਰੈਲ (੨੭ ਚੇਤ) ਪ੍ਰਕਾਸ਼ ਗੁਰੂ ਅਰਜਨ ਦੇਵ ਜੀ | ੦੯ ਅਪ੍ਰੈਲ (੨੭ ਚੇਤ) ਜਨਮ ਬਾਬਾ ਜੁਝਾਰ ਸਿੰਘ |


ਦਿੱਲੀ ਤਖ਼ਤ ਪਰ ਬਹੇਗੀ ਆਪ ਗੁਰੂ ਕੀ ਫੌਜ। ਛਤਰ ਝੁਲੇਗਾ ਸੀਸ ਪਰ ਖੂਬ ਕਰੇਗੀ ਮੌਜ।।


ਹਮ ਕਾਰਨ ਗੁਰ ਕੁਲਹਿ ਗਵਾਈ। ਹਮ ਕੁਲ ਰਾਖਹਿੰ ਕਵਨ ਵਡਾਈ।।



**ਤੁਖਾਰੀ ਮ:1** ਚੇਤੁ ਬਸੰਤੁ ਭਲਾ ਭਵਰ ਸੁਹਾਵੜੇ ॥ ਬਨ ਫੂਲੇ ਮੰਝ ਬਾਰਿ ਮੈ ਪਿਰੁ ਘਰਿ ਬਾਹੁੜੈ ॥ ਪਿਰੁ ਘਰਿ ਨਹੀ ਆਵੈ ਧਨ ਕਿਉ ਸੁਖੁ ਪਾਵੈ ਬਿਰਹਿ ਬਿਰੋਧ ਤਨੁ ਛੀਜੈ ॥ ਕੋਕਿਲ ਅੰਬਿ ਸੁਹਾਵੀ ਬੋਲੈ ਕਿਉ ਦੁਖੁ ਅੰਕਿ ਸਹੀਜੈ ॥ਭਵਰੁ ਭਵੰਤਾ ਫੂਲੀ ਡਾਲੀ ਕਿਉ ਜੀਵਾ ਮਰੁ ਮਾਏ ॥ ਨਾਨਕ ਚੇਤਿ ਸਹਜਿ ਸੁਖੁ ਪਾਵੈ ਜੇ ਹਰਿ ਵਰੁ ਘਰਿ ਧਨ ਪਾਏ ॥੫॥ (੧੧੦੯)



**ਮਾਝ ਮ:੫** ਚੇਤਿ ਗੋਵਿੰਦੁ ਅਰਾਧੀਐ ਹੋਵੈ ਅਨੰਦੁ ਘਣਾ ॥ ਸੰਤ ਜਨਾ ਮਿਲਿ ਪਾਈਐ ਰਸਨਾ ਨਾਮੁ ਭਣਾ ॥ ਜਿਨਿ ਪਾਇਆ ਪ੍ਰਭੁ ਆਪਣਾ ਆਏ ਤਿਸਹਿ ਗਣਾ ॥ ਇਕੁ ਖਿਨੁ ਤਿਸੁ ਬਿਨੁ ਜੀਵਣਾ ਬਿਰਥਾ ਜਨਮੁ ਜਣਾ ॥ ਜਲਿ ਥਲਿ ਮਹੀਅਲਿ ਪੂਰਿਆ ਰਵਿਆ ਵਿਚਿ ਵਣਾ ॥ ਸੋ ਪ੍ਰਭੁ ਚਿਤਿ ਨ ਆਵਈ ਕਿਤੜਾ ਦੁਖੁ ਗਣਾ ॥ ਜਿਨੀ ਰਾਵਿਆ ਸੋ ਪ੍ਰਭੂ ਤਿੰਨਾ ਭਾਗੁ ਮਣਾ ॥ ਹਰਿ ਦਰਸਨ ਕੰਉ ਮਨੁ ਲੋਚਦਾ ਨਾਨਕ ਪਿਆਸ ਮਨਾ ॥ ਚੇਤਿ ਮਿਲਾਏ ਸੋ ਪ੍ਰਭੂ ਤਿਸ ਕੈ ਪਾਇ ਲਗਾ ॥੨॥(੧੩੩)



**ਪਾਤਸ਼ਾਹੀ 10 :** ਫੂਲਿ ਰਹੇ ਸਿਗਰੇ ਬ੍ਰਿਜ ਕੇ ਤਰੁ ਫੂਲ ਲਤਾ ਤਿਨ ਸੋ ਲਪਟਾਈ।। ਫੂਲਿ ਰਹੇ ਸਰਿ ਸਾਰਸ ਸੁੰਦਰ ਸੋਭ ਸਮੂਹ ਬਢੀ ਅਧਿਕਾਈ।। ਚੇਤ ਚੜਿਯੋ ਸੁਕ ਸੁੰਦਰ ਕੋਕਿਲਕਾ ਜੁਤ ਕੰਤ ਬਿਨਾ ਨ ਸੁਹਾਈ।। ਦਾਸੀ ਕੇ ਸੰਗਿ ਰਹਿਯੋ ਗਹਿ ਹੋ ਟਸਕਜੋ ਨ ਹੀਯੋ ਕਸਕਜੋ ਨ ਕਸਾਈ।।੯੧੪।।

WWW.SANTSIPAHI.ORG; WWW.PATSHAHI10.ORG

ਪੇਸ਼ਕਸ਼: ਡਾ. ਬਲਜਿੰਦਰ ਸਿੰਘ

ੴ ਵਾਹਿਗੁਰੂ ਜੀ ਕੀ ਫ਼ਤਹ ॥




## ਨਾਨਕਸ਼ਾਹੀ ਸੰਮਤ ੫੫੮/ਖਾਲਸਾ ਸੰਮਤ ੩੨੮

(ਚੇਤ-ਫੱਗਣ), ੧੪ ਮਾਰਚ, ੨੦੨੬-੧੩ ਮਾਰਚ, ੨੦੨੭

## ਪੰਥ ਪ੍ਰਵਾਨਤ ਨਾਨਕਸ਼ਾਹੀ ਦਿਹਾੜੇ

| ਮਾਰਚ ੨੦੨੬ (ਫੱਗਣ-ਚੇਤ) | ਅਪ੍ਰੈਲ ੨੦੨੬ (ਚੇਤ ਵੈਸਾਖ) | ਮਈ ੨੦੨੬ (ਵੈਸਾਖ -ਜੇਠ) | ਜੂਨ ੨੦੨੬ (ਜੇਠ-ਹਾੜ) | ਜੁਲਾਈ ੨੦੨੬ (ਹਾੜ - ਸਾਵਣ) | ਅਗਸਤ ੨੦੨੬ (ਸਾਵਣ - ਭਾਦਰੋਂ) | ਸਿਤੰਬਰ ੨੦੨੬ (ਭਾਦਰੋਂ - ਅੱਸੂ) | ਅਕਤੂਬਰ ੨੦੨੬ (ਅੱਸੂ - ਕੱਤਕ) | ਨਵੰਬਰ ੨੦੨੬ (ਕੱਤਕ - ਮੱਘਰ) | ਦਿਸੰਬਰ ੨੦੨੬ (ਮੱਘਰ - ਪੋਹ) | ਜਨਵਰੀ ੨੦੨੭ (ਪੋਹ - ਮਾਘ) | ਫਰਵਰੀ ੨੦੨੭ (ਮਾਘ - ਫੱਗਣ) |
|---|---|---|---|---|---|---|---|---|---|---|---|
| ਮਾਰਚ ੧੪ ਸੰਗਰਾਂਦ ੧ ਚੇਤ- ਅਰੰਭਤਾ ਸੰਮਤ ਨਾਨਕਸ਼ਾਹੀ ੫੫੮ | ਅਪ੍ਰੈਲ ੧੪ ਸੰਗਰਾਂਦ ੧ ਵੈਸਾਖ | ਮਈ ੧੫ ਸੰਗਰਾਂਦ ੧ ਜੇਠ | ਜੂਨ ੧੫ ਸੰਗਰਾਂਦ ੧ ਹਾੜ | ਜੁਲਾਈ ੧੬ ਸੰਗਰਾਂਦ ੧ ਸਾਵਣ | ਅਗਸਤ ੧੭ ਸੰਗਰਾਂਦ ੧ ਭਾਦਰੋਂ | ਸਿਤੰਬਰ ੧੭ ਸੰਗਰਾਂਦ ੧ ਅੱਸੂ | ਅਕਤੂਬਰ ੧੭ ਸੰਗਰਾਂਦ ੧ ਕੱਤਕ | ਨਵੰਬਰ ੧੬ ਸੰਗਰਾਂਦ ੧ ਮੱਘਰ | ਦਿਸੰਬਰ ੧੬ ਸੰਗਰਾਂਦ ੧ ਪੋਹ | ਜਨਵਰੀ ੧੪ ਸੰਗਰਾਂਦ ੧ ਮਾਘ | ਫਰਵਰੀ ੧੨ ਸੰਗਰਾਂਦ ੧ ਫੱਗਣ |
| ਮਾਰਚ ੧੪ ਸ਼ਹੀਦੀ ਅਕਾਲੀ ਫੂਲਾ ਸਿੰਘ ਜੀ ੧ ਚੇਤ | ਅਪ੍ਰੈਲ ੦੧ ਗੁਰਿਆਈ ਗੁਰੂ ਤੇਗ ਬਹਾਦੁਰ ਜੀ ੧੯ ਚੇਤ - ਚੇਤ ਸੁਦੀ ੧੪ | ਮਈ ੦੪ ਸ਼ਹੀਦੀ ਜੋੜ ਮੇਲਾ ਮੁਕਤਸਰ ਸਾਹਿਬ ੨੧ ਵੈਸਾਖ | ਜੂਨ ੪ ਘੱਲੂਘਾਰਾ ਅਕਾਲ ਤਖ਼ਤ ਸਾਹਿਬ ੨੧ ਜੇਠ | ਜੁਲਾਈ ੦੫ ਸਿਰਜਨਾ ਸ੍ਰੀ ਅਕਾਲ ਤਖ਼ਤ ਸਾਹਿਬ ੨੧ ਹਾੜ -ਹਾੜ ਵਦੀ ੫ | ਅਗਸਤ ੦੭ ਪ੍ਰਕਾਸ਼ ਗੁਰੂ ਹਰਿ ਕ੍ਰਿਸ਼ਨ ਜੀ ੨੩ ਸਾਵਣ - ਸਾਵਣ ਵਦੀ ੯ | ਸਿਤੰਬਰ ੦੭ ਮੱਸਾ ਰੰਘੜ ਸੋਧਿਆ ੨੨ ਭਾਦਰੋਂ | ਅਕਤੂਬਰ ੦੧ ਗੁਰਿਆਈ ਗੁਰੂ ਅੰਗਦ ਦੇਵ ਜੀ ੧੫ ਅੱਸੂ - ਅੱਸੂ ਵਦੀ ੫ | ਨਵੰਬਰ ੦੧ ਪੰਜਾਬੀ ਸੂਬਾ ਦਿਵਸ ਸਿੱਖ ਨਸਲਕੁਸ਼ੀ ਦਿਵਸ ੧੬ ਕੱਤਕ | ਦਿਸੰਬਰ ੦੪ ਸ਼ਹੀਦੀ ਬਾਬਾ ਗੁਰਬਖ਼ਸ਼ ਸਿੰਘ ਜੀ ੧੯ ਮੱਘਰ | ਜਨਵਰੀ ੦੬ ਸ਼ਹੀਦੀ ਦਿਹਾੜਾ ਕੇਹਰ ਸਿੰਘ ਸਤਵੰਤ ਸਿੰਘ ੨੨ ਪੋਹ | ਫਰਵਰੀ ੦੯ ਵੱਡਾ ਘੱਲੂਘਾਰਾ (ਕੁੱਪ ਰਹੀੜਾ) ੨੭ ਮਾਘ |
| ਮਾਰਚ ੧੫ ਦਿੱਲੀ ਫਤਹਿ ੨ ਚੇਤ | ਅਪ੍ਰੈਲ ੦੧ ਜੋਤੀ ਜੋਤਿ ਗੁਰੂ ਹਰਿਕ੍ਰਿਸ਼ਨ ਜੀ ੧੯ ਚੇਤ - ਚੇਤ ਸੁਦੀ ੧੪ | ਮਈ ੦੫ ਜਨਮ ਜੱਸਾ ਸਿੰਘ ਰਾਮਗੜ੍ਹੀਆ ੨੨ ਵੈਸਾਖ | ਜੂਨ ੬ ਸ਼ਹੀਦੀ ਸੰਤ ਜਰਨੈਲ ਸਿੰਘ ਅਤੇ ਬੇਅੰਤ ਸਿੰਘ ੨੩ ਜੇਠ | ਜੁਲਾਈ ੦੯ ਸ਼ਹੀਦੀ ਭਾਈ ਮਨੀ ਸਿੰਘ ਜੀ ੨੫ ਹਾੜ | ਅਗਸਤ ੦੮ ਮੋਰਚਾ ਗੁਰੂ ਕਾ ਬਾਗ ੨੪ ਸਾਵਣ | ਸਿਤੰਬਰ ੧੨ ਪਹਿਲਾ ਪ੍ਰਕਾਸ਼ ਗੁਰੂ ਗ੍ਰੰਥ ਸਾਹਿਬ ਜੀ ੨੭ ਭਾਦਰੋਂ -ਭਾਦਰੋਂ ਸੁਦੀ ੧ | ਅਕਤੂਬਰ ੦੫ ਜੋਤੀ ਜੋਤਿ ਗੁਰੂ ਨਾਨਕ ਦੇਵ ਜੀ ੧੯ ਅੱਸੂ - ਅੱਸੂ ਵਦੀ ੧੦ | ਨਵੰਬਰ ੦੩ ਗੁਰਿਆਈ ਗੁਰੂ ਹਰਿਕ੍ਰਿਸ਼ਨ ਜੀ ੧੮ ਕੱਤਕ - ਕੱਤਕ ਵਦੀ ੯ | ਦਿਸੰਬਰ ੧੨ ਗੁਰਿਆਈ ਗੁਰੂ ਗੋਬਿੰਦ ਸਿੰਘ ਜੀ ੨੭ ਮੱਘਰ - ਮੱਘਰ ਸੁਦੀ ੩ | ਜਨਵਰੀ ੧੪ ਜੋੜ ਮੇਲਾ ਮੁਕਤਸਰ ਸਾਹਿਬ ੧ ਮਾਘ | ਫਰਵਰੀ ੦੯ ਜੈਤੋ ਮੋਰਚਾ (ਫਰੀਦਕੋਟ) ੨੭ ਮਾਘ |
| ਮਾਰਚ ੧੭ ਗੁਰਿਆਈ ਗੁਰੂ ਹਰਿਰਾਇ ਜੀ ੪ ਚੇਤ - ਚੇਤ ਵਦੀ ੧੩ | ਅਪ੍ਰੈਲ ੦੭ ਪ੍ਰਕਾਸ਼ ਗੁਰੂ ਤੇਗ ਬਹਾਦਰ ਜੀ ੨੫ ਚੇਤ - ਵੈਸਾਖ ਸੁਦੀ ੫ | ਮਈ ੧੦ ਗੁਰਿਆਈ ਗੁਰੂ ਹਰਿ ਗੋਬਿੰਦ ਜੀ ੨੭ ਵੈਸਾਖ - ਜੇਠ ਵਦੀ ੮ | ਜੂਨ ੮ ਗੁਰਿਆਈ ਗੁਰੂ ਹਰਿਗੋਬਿੰਦ ਜੀ ੨੫ ਜੇਠ | ਜੁਲਾਈ ੧੬ ਸ਼ਹੀਦੀ ਭਾਈ ਤਾਰੂ ਸਿੰਘ ਜੀ ੧ ਸਾਵਣ | | ਸਿਤੰਬਰ ੧੩ ਗੁਰਿਆਈ ਗੁਰੂ ਅਰਜਨ ਦੇਵ ਜੀ ੨੮ ਭਾਦਰੋਂ - ਭਾਦਰੋਂ ਸੁਦੀ ੨ | ਅਕਤੂਬਰ ੦੯ ਸ਼ਹੀਦੀ ਸੁੱਖਾ ਜਿੰਦਾ ੨੩ ਅੱਸੂ | ਨਵੰਬਰ ੦੩ ਜੋਤੀ ਜੋਤਿ ਗੁਰੂ ਹਰਿ ਰਾਇ ਜੀ ੧੮ ਕੱਤਕ - ਕੱਤਕ ਵਦੀ ੯ | ਦਿਸੰਬਰ ੧੩ ਸ਼ਹੀਦੀ ਭਾਈ ਦਿਆਲਾ, ਸਤੀ ਦਾਸ, ਮਤੀ ਦਾਸ ਜੀ ੨੮ ਮੱਘਰ | ਜਨਵਰੀ ੧੪ ਨੀਂਹ ਪੱਥਰ ਸਚਿਖੰਡ ਸ੍ਰੀ ਹਰਿਮੰਦਰ ਸਾਹਿਬ ੧ ਮਾਘ | ਫਰਵਰੀ ੧੧ ਬਸੰਤ ਪੰਚਮੀ ੨੯ ਮਾਘ |
| ਮਾਰਚ ੧੯ ਗੁਰਿਆਈ ਗੁਰੂ ਅਮਰਦਾਸ ਜੀ ੬ ਚੇਤ - ਚੇਤ ਸੁਦੀ ੧ | ਅਪ੍ਰੈਲ ੦੯ ਪ੍ਰਕਾਸ਼ ਗੁਰੂ ਅਰਜਨ ਦੇਵ ਜੀ ੨੭ ਚੇਤ - ਵੈਸਾਖ ਵਦੀ ੭ | | ਜੂਨ ੧੨ ਨਹਿਰੂ ਸਰਕਾਰ ਵਲੋਂ ਦਿੱਲੀ ਸਿੱਖਾਂ ਤੇ ਤਸ਼ੱਦਦ ੨੯ ਜੇਠ | ਜੁਲਾਈ ੨੪ ਮੀਰੀ ਪੀਰੀ ਦਿਵਸ ਗੁਰੂ ਹਰਿ ਗੋਬਿੰਦ ਜੀ ੯ ਸਾਵਣ - ਹਾੜ ਸੁਦੀ ੧੦ | ਅਗਸਤ ੧੭ ਬਰਸੀ ਸੰਤ ਕਰਤਾਰ ਸਿੰਘ ਭਿੰਡਰਾਂਵਾਲੇ ੧ ਭਾਦਰੋਂ | ਸਿਤੰਬਰ ੧੪ ਜੋਤੀ ਜੋਤਿ ਗੁਰੂ ਰਾਮਦਾਸ ਜੀ ੧੪ ੨੯ ਭਾਦਰੋਂ - ਭਾਦਰੋਂ ਸੁਦੀ ੩ | ਅਕਤੂਬਰ ੨੦ ਦੁਸਹਿਰਾ - ੦੪ ਕੱਤਕ | ਨਵੰਬਰ ੦੮ ਬੰਦੀ ਛੋੜ ਦਿਵਸ ਦਿਵਾਲੀ ੨੩ ਕੱਤਕ | ਦਿਸੰਬਰ ੧੪ ਸ਼ਹੀਦੀ ਗੁਰੂ ਤੇਗ ਬਹਾਦਰ ਜੀ ੨੯ ਮੱਘਰ | ਜਨਵਰੀ ੧੪ ਲੋਹੜੀ, ਮਾਘੀ ੧ ਮਾਘ | ਫਰਵਰੀ ੧੨ ਜਨਮ ਬਾਬਾ ਅਜੀਤ ਸਿੰਘ ਜੀ ੩੦ ਮਾਘ |
| ਮਾਰਚ ੨੨ ਜੋਤੀ ਜੋਤ ਗੁਰੂ ਅੰਗਦ ਦੇਵ ਜੀ ੯ ਚੇਤ - ਚੇਤ ਸੁਦੀ ੪ | ਅਪ੍ਰੈਲ ੦੯ ਜਨਮ ਬਾਬਾ ਜੁਝਾਰ ਸਿੰਘ ਜੀ ੨੭ ਚੇਤ | ਮਈ ੧੨ ਸਰਹਿੰਦ ਫਤਹਿ ਦਿਵਸ ੨੯ ਵੈਸਾਖ | ਜੂਨ ੧੮ ਸ਼ਹੀਦੀ ਗੁਰੂ ਅਰਜਨ ਦੇਵ ਜੀ ੦੪ ਹਾੜ - ਜੇਠ ਸੁਦੀ ੪ | ਜੁਲਾਈ ੩੧ ਸ਼ਹੀਦੀ ਊਧਮ ਸਿੰਘ ੧੬ ਸਾਵਣ | | ਸਿਤੰਬਰ ੧੮ ਜੋੜ ਮੇਲਾ ਕੰਧ ਸਾਹਿਬ (ਵਿਆਹ ਪੁਰਬ) ਗੁਰੂ ਨਾਨਕ ਦੇਵ ਜੀ ੦੨ ਅੱਸੂ | ਅਕਤੂਬਰ ੨੭ ਪ੍ਰਕਾਸ਼ ਗੁਰੂ ਰਾਮਦਾਸ ਜੀ ੧੧ ਕੱਤਕ - ਕੱਤਕ ਵਦੀ ੧-੨ | ਨਵੰਬਰ ੧੧ ਗੁਰਿਆਈ ਗੁਰੂ ਗ੍ਰੰਥ ਸਾਹਿਬ ਜੀ ੨੬ ਕੱਤਕ - ਕੱਤਕ ਸੁਦੀ ੨ | ਦਿਸੰਬਰ ੧੪ ਜਨਮ ਬਾਬਾ ਫਤਹਿ ਸਿੰਘ ਜੀ ੨੯ ਮੱਘਰ | ਜਨਵਰੀ ੧੫ ਪ੍ਰਕਾਸ਼ ਗੁਰੂ ਗੋਬਿੰਦ ਸਿੰਘ ਜੀ ਜਨਵਰੀ ੨ ਮਾਘ-ਪੋਹ ਸੁਦੀ ੭ | ਫਰਵਰੀ ੧੯ ਪ੍ਰਕਾਸ਼ ਗੁਰੂ ਹਰਿਰਾਇ ਜੀ ੭ ਫੱਗਣ |
| ਮਾਰਚ ੨੩ ਜੋਤੀ ਜੋਤਿ ਗੁਰੂ ਹਰਗੋਬਿੰਦ ਜੀ ੧੦ ਚੇਤ - ਚੇਤ ਸੁਦੀ ੫ | ਅਪ੍ਰੈਲ ੧੩ ਸਿੱਖ ਦਸਤਾਰ ਦਿਵਸ ੩੧ ਚੇਤ | ਮਈ ੧੭ ਛੋਟਾ ਘੱਲੂਘਾਰਾ (ਕਾਹਨੂੰਵਾਨ) ੩ ਜੇਠ | ਜੂਨ ੨੪ ਜਨਮ ਮਾਸਟਰ ਤਾਰਾ ਸਿੰਘ ੧੦ ਹਾੜ ੨੪ ਜੂਨ, ੧੮੮੫ | | ਅਗਸਤ ੨੮ ਜੋੜ ਮੇਲਾ ਬਾਬਾ ਬਕਾਲਾ (ਗੁਰ ਲਾਧੋ ਰੇ) ੧੨ ਭਾਦਰੋਂ | ਸਿਤੰਬਰ ੨੦ ਜਨਮ ਬਾਬਾ ਸ੍ਰੀ ਚੰਦ ਜੀ ੦੪ ਅੱਸੂ | ਅਕਤੂਬਰ ੩੦ ਸਾਕਾ ਪੰਜਾ ਸਾਹਿਬ ੧੪ ਕੱਤਕ | ਨਵੰਬਰ ੧੪ ਜੋਤੀ ਜੋਤਿ ਗੁਰੂ ਗੋਬਿੰਦ ਸਿੰਘ ਜੀ ੨੯ ਕੱਤਕ - ਕੱਤਕ ਸੁਦੀ ੫ | ਦਿਸੰਬਰ ੧੪ ਸਥਾਪਨਾ ਸ਼੍ਰੋਮਣੀ ਅਕਾਲੀ ਦਲ ੨੯ ਮੱਘਰ | ਜਨਵਰੀ ੨੦ ਚਾਬੀਆਂ ਦਾ ਮੋਰਚਾ ੭ ਮਾਘ | ਫਰਵਰੀ ੨੦ ਜਨਮ ਭਗਤ ਰਵਿਦਾਸ ਜੀ ੮ ਫੱਗਣ |
| ਮਾਰਚ ੨੩ ਸ਼ਹੀਦੀ ਭਗਤ ਸਿੰਘ ੧੦ ਚੇਤ | ਅਪ੍ਰੈਲ ੧੪ ਸੰਗਰਾਂਦ ੧ ਵੈਸਾਖ ਖਾਲਸਾ ਸਾਜਨਾ ਦਿਵਸ | ਮਈ ੧੯ ਜਨਮ ਜੱਸਾ ਸਿੰਘ ਆਹਲੂਵਾਲੀਆ ੫ ਜੇਠ | ਜੂਨ ੨੫ ਸ਼ਹੀਦੀ ਬਾਬਾ ਬੰਦਾ ਬਹਾਦੁਰ ੧੧ ਹਾੜ | | ਅਗਸਤ ੩੦ ਸੰਪੂਰਨਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ੧੪ ਭਾਦਰੋਂ | ਸਿਤੰਬਰ ੨੪ ਗੁਰਿਆਈ ਗੁਰੂ ਰਾਮਦਾਸ ਜੀ ੮ ਅੱਸੂ - ਭਾਦਰੋਂ ਸੁਦੀ ੧੩ | ਅਕਤੂਬਰ ੩੧ ਸ਼ਹੀਦੀ ਭਾਈ ਬੇਅੰਤ ਸਿੰਘ ੧੫ ਕੱਤਕ | ਨਵੰਬਰ ੧੫ ਸਥਾਪਨਾ ਸ਼੍ਰੋਮਣੀ ਕਮੇਟੀ ੩੦ ਕੱਤਕ | ਦਿਸੰਬਰ ੨੧ ਕਿਲਾ ਅਨੰਦਗੜ੍ਹ ਛੱਡਣਾ ੬ ਪੋਹ | ਜਨਵਰੀ ੨੭ ਜਨਮ ਬਾਬਾ ਦੀਪ ਸਿੰਘ ਜੀ ੧੪ ਮਾਘ | ਫਰਵਰੀ ੨੧ ਸਾਕਾ ਨਨਕਾਣਾ ਸਾਹਿਬ ੯ ਫੱਗਣ |
| ਮਾਰਚ ੨੫ ਸ਼ਹੀਦੀ ਸੁਬੇਗ ਸਿੰਘ ਸ਼ਹਬਾਜ਼ ਸਿੰਘ ੧੨ ਚੇਤ | ਅਪ੍ਰੈਲ ੧੯ ਪ੍ਰਕਾਸ਼ ਗੁਰੂ ਅੰਗਦ ਦੇਵ ਜੀ ੫ ਵੈਸਾਖ - ਵੈਸਾਖ ਸੁਦੀ ੧ | ਮਈ ੨੨ ਸ਼ਹੀਦੀ ਸਾਕਾ ਪਾਉਂਟਾ ਸਾਹਿਬ ੮ ਜੇਠ | ਜੂਨ ੨੯ ਜਨਮ ਭਗਤ ਕਬੀਰ ਜੀ ੧੫ ਹਾੜ | | | ਸਿਤੰਬਰ ੨੬ ਗੁਰਿਆਈ ਗੁਰੂ ਅਮਰਦਾਸ ਜੀ ੧੦ ਅੱਸੂ - ਭਾਦਰੋਂ ਸੁਦੀ ਪੂਰਨ | | ਨਵੰਬਰ ੧੫ ਸ਼ਹੀਦੀ ਬਾਬਾ ਦੀਪ ਸਿੰਘ ਜੀ ੩੦ ਕੱਤਕ | ਦਿਸੰਬਰ ੨੨ ਪਰਿਵਾਰ ਵਿਛੋੜਾ ੭ ਪੋਹ ਸ਼ਹੀਦੀ ਭਾਈ ਜੈਤਾ ਜੀ | | ੧੨ ਮਾਰਚ ਸਮਾਪਤੀ ਨਾਨਕਸ਼ਾਹੀ ਸੰਮਤ ੫੫੮ |
| | ਅਪ੍ਰੈਲ ੨੧ ਜਨਮ ਭਗਤ ਧੰਨਾ ਜੀ ੮ ਵੈਸਾਖ | | ਜੂਨ ੨੯ ਜੋੜ ਮੇਲਾ ਸ੍ਰੀ ਰੀਠਾ ਸਾਹਿਬ ੧੫ ਹਾੜ | | | | | ਨਵੰਬਰ ੨੦ ਜਨਮ ਭਗਤ ਨਾਮਦੇਵ ਜੀ ੫ ਮੱਘਰ | ਦਿਸੰਬਰ ੨੩ ਸਾਕਾ ਚਮਕੌਰ ੮ ਪੋਹ | | |
| | ਅਪ੍ਰੈਲ ੨੫ ਸਿੱਖ ਡੇ ਪਰੇਡ ਨਿਊਯਾਰਕ ੧੨ ਵੈਸਾਖ | | ਜੂਨ ੨੯ ਬਰਸੀ ਮਹਾਰਾਜਾ ਰਣਜੀਤ ਸਿੰਘ ੧੫ ਹਾੜ | | | | | ਨਵੰਬਰ ੨੬ ਪ੍ਰਕਾਸ਼ ਗੁਰੂ ਨਾਨਕ ਦੇਵ ਜੀ ੯ ਮੱਘਰ - ਕੱਤਕ ਸੁਦੀ ਪੂਰਨ | ਦਿਸੰਬਰ ੨੮ ਸਾਕਾ ਸਰਹਿੰਦ ੧੩ ਪੋਹ | | |
| | ਅਪ੍ਰੈਲ ੩੦ ਪ੍ਰਕਾਸ਼ ਗੁਰੂ ਅਮਰਦਾਸ ਜੀ ੧੭ ਵੈਸਾਖ - ਵੈਸਾਖ ਸੁਦੀ ੧੪ | | ਜੂਨ ੩੦ ਪ੍ਰਕਾਸ਼ ਗੁਰੂ ਹਰਿ ਗੋਬਿੰਦ ਜੀ ੧੬ ਹਾੜ - ਹਾੜ ਵਦੀ ੧ | | | | | ਨਵੰਬਰ ੨੨ ਬਰਸੀ ਮਾਸਟਰ ਤਾਰਾ ਸਿੰਘ ਨਵੰਬਰ, ੭ ਮੱਘਰ ੧੯੬੭ | | | |
| | | | | | | | | ਨਵੰਬਰ ੩੦ ਜਨਮ ਦਿਹਾੜਾ ਬਾਬਾ ਜ਼ੋਰਾਵਰ ਸਿੰਘ ਜੀ ੧੫ ਮੱਘਰ | | | |



ਨਾਨਕਸ਼ਾਹੀ ਸੰਮਤ ੫੫੮ (ਖ਼ਾਲਸਾ ਸੰਮਤ ੩੨੮) ਦਾ ਇਹ ਕੈਲੰਡਰ (ਜੰਤਰੀ) ਗੁਰੂ ਪੰਥ ਦੀਆਂ ਭਾਵਨਾ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵਲੋਂ ਪ੍ਰਵਾਨਤ ਇਤਿਹਾਸਕ ਤਾਰੀਖਾਂ ਮੁਤਾਬਕ ਤਿਆਰ ਕਰਕੇ ਸੰਗਤਾਂ ਦੀ ਸਹੂਲਤ ਲਈ ਪੇਸ਼ ਕੀਤਾ ਗਿਆ ਹੈ। ਇਸ ਵਿਚ ਗੁਰੂ ਸਾਹਿਬਾਨ ਅਤੇ ਸਿੱਖ ਇਤਿਹਾਸ ਨਾਲ ਸੰਬੰਧਤ ਤਾਰੀਖਾਂ ਅੰਕਤ ਕੀਤੀਆਂ ਗਈਆਂ ਹਨ।

www.santsipahi.org | www.patshahi10.org santsipahi@gmail.com

# ਕਹਾਣੀ - "ਤੋਹਫ਼ਾ"

**ਹਰਨਾਮ** ਆਪਣੀ ਸਕੂਲੀ ਸਿੱਖਿਆ ਪੂਰੀ ਕਰਕੇ ਕੈਨੇਡਾ ਚਲਿਆ ਗਿਆ। ਉਸਨੂੰ ਉਥੇ ਕਿਸੇ ਕਾਲਜ ਵਿਚ ਦਾਖਲਾ ਮਿਲ ਗਿਆ ਸੀ। ਉਸਦੇ ਜਮਾਤੀ ਕੁਲਤੇਜ ਸਿੰਘ ਨੇ ਇਥੇ ਹੀ ਇੰਜੀਨੀਅਰਿੰਗ ਕਾਲਜ ਵਿਚ ਦਾਖਲਾ ਲੈ ਲਿਆ। ਡਿਗਰੀ ਮਿਲਣ ਮਗਰੋਂ ਉਹ ਇਥੇ ਹੀ ਕਿਸੇ ਕਾਲਜ ਵਿਚ ਲੈਕਚਰਾਰ ਲਗ ਗਿਆ। ਦੋਵੇਂ ਦੋਸਤਾਂ ਦੀ ਆਪਸ ਵਿਚ ਫੋਨ 'ਤੇ ਗੱਲ-ਬਾਤ ਹੁੰਦੀ ਰਹਿੰਦੀ ਸੀ। ਹਰਨਾਮ ਕੁਲਤੇਜ ਨੂੰ ਵੀ ਅਕਸਰ ਕੈਨੇਡਾ ਆ ਜਾਣ ਦਾ ਸੱਦਾ ਦਿੰਦਾ ਰਹਿੰਦਾ। ਕੁਲਤੇਜ ਦੇ ਮਨ ਵਿਚ ਵੀ ਕੈਨੇਡਾ ਜਾਣ ਦਾ ਚਾਅ ਪੈਦਾ ਹੋ ਗਿਆ।ਉਹ ਵੀ ਮਾਂ ਗੁਨੀਤ ਕੋਲ ਕੈਨੇਡਾ ਜਾਣ ਦੀ ਰੱਟ ਲਗਾਉਣ ਲਗਿਆ। ਮਾਂ ਨੇ ਉਸਨੂੰ ਧਰਵਾਸ ਦਿੱਤਾ ਤੇ ਕਿਹਾ ਕਿ ਤੇਰੇ ਪਾਪਾ ਨਾਲ ਗੱਲ ਕਰਦੀ ਹਾਂ। ਗੁਨੀਤ ਨੇ ਉਸਦੇ ਪਾਪਾ ਤੇਜਬੀਰ ਨਾਲ ਗੱਲ ਕੀਤੀ ਤੇ ਇਸ ਨਤੀਜੇ 'ਤੇ ਪਹੁੰਚੇ ਕਿ ਕੁਲਤੇਜ ਨੂੰ ਕੈਨੇਡਾ ਭੇਜਣ ਤੋਂ ਪਹਿਲਾਂ ਉਸ ਦਾ ਵਿਆਹ ਕਰ ਦੇਣਾ ਚਾਹੀਦਾ ਹੈ। ਵਿਆਹ ਦੀ ਗੱਲ ਤੁਰੀ ਤੇ ਕੁਲਤੇਜ ਦਾ ਪ੍ਰਿਤਪਾਲ ਨਾਲ ਵਿਆਹ ਹੋ ਗਿਆ। ਵਿਆਹ ਮਗਰੋਂ ਕੁਲਤੇਜ ਨੇ ਪ੍ਰਿਤਪਾਲ ਨੂੰ ਆਪਣੇ ਦੋਵਾਂ ਦੇ ਨਾਂਵਾਂ ਦੇ ਪਹਿਲੇ ਅੱਖਰ ਮਿਲਾ ਕੇ ਪਿੰਕੂ ਬੁਲਾਉਣਾ ਸ਼ੁਰੂ ਕਰ ਦਿੱਤਾ ਜਿਵੇਂ ਕਿ ਉਸਦਾ ਪਾਪਾ ਉਸਦੀ ਮੰਮੀ ਨੂੰ ਟੀਨਾ ਅਤੇ ਉਸਦਾ ਅੰਕਲ ਉਸਦੀ ਮਾਸੀ ਨੂੰ ਕੁੱਕੂ ਕਹਿ ਕੇ ਬੁਲਾਉਂਦਾ ਸੀ। ਵਿਆਹ ਤੋਂ ਛੇ ਮਹੀਨੇ ਮਗਰੋਂ ਪਿੰਕੂ ਉਥੋਂ ਦੀ ਪੜ੍ਹਾਈ ਵਾਸਤੇ ਕੈਨੇਡਾ ਚੱਲੀ ਗਈ। ਉਪਰੰਤ ਛੇ ਮਹੀਨੇ ਮਗਰੋਂ ਕੁਲਤੇਜ ਵੀ ਕੈਨੇਡਾ ਰਵਾਨਾ ਹੋ ਗਿਆ। ਇਸਤੋਂ ਇਕ ਸਾਲ ਮਗਰੋਂ ਕੁਲਤੇਜ ਨੇ ਮਾਤਾ ਪਿਤਾ ਨੂੰ ਕੈਨੇਡਾ ਸੱਦ ਲਿਆ। ਮਾਤਾ ਪਿਤਾ ਦੇ ਉਥੇ ਪਹੁੰਚਣ 'ਤੇ ਕੁਲਤੇਜ ਤੇ ਪਿੰਕੂ ਦੋਵੇਂ ਜਣੇ ਹਵਾਈ ਅੱਡੇ 'ਤੇ ਪਹੁੰਚੇ। ਠੀਕ ਪੰਦਰ੍ਹਾਂ ਦਿਨ ਮਗਰੋਂ ਤੇਜਬੀਰ ਨੇ ਗੁਨੀਤ ਦਾਦਾ ਦਾਦੀ ਬਣ ਗਏ। ਵਾਹਿਗੁਰੂ ਨੇ ਉਨ੍ਹਾਂ ਨੂੰ ਬੱਚੀ ਹਰਨਾਜ਼ ਦੀ ਦਾਤ ਦਿੱਤੀ ਸੀ। ਹਸਪਤਾਲ ਤੋਂ ਘਰ ਆ ਕੇ ਨਾਜੂ ਦੇ ਘਰ ਪਹੁੰਚਣ ਦਾ ਜਸ਼ਨ ਵੀ ਮਨਾਇਆ ਗਿਆ। ਨਾਜੂ ਹੁਣ ਇਸ ਘਰ ਦੀ ਰੌਣਕ ਸੀ। ਦਾਦਾ ਦਾਦੀ ਦਾ ਉਸਨਾਲ ਦਿਲ ਪਰਚਿਆ ਰਹਿੰਦਾ ਸੀ। ਖੁਸ਼ੀ ਦੇ ਇਸ ਅਵਸਰਬ 'ਤੇ ਸ਼ਗਨ ਕੀਤਾ ਗਿਆ ਤੇ ਤੋਹਫੇ ਵੀ ਦਿੱਤੇ ਲਏ ਗਏ। ਠੀਕ ਬਾਰ੍ਹਾਂ ਦਿਨ ਮਗਰੋਂ ਤੇਜਬੀਰ ਦਾ ਵੀ ਜੰਮਣ ਦਾ ਦਿਨ ਸੀ। ਕੁਲਤੇਜ ਨੇ ਇਸ ਅਵਸਰ 'ਤੇ ਪਾਪਾ ਨੂੰ ਕਾਫੀ ਮਹਿੰਗਾ ਸਮਾਰਟ ਫੋਨ ਤੋਹਫੇ ਵਿਚ ਦਿੱਤਾ। ਦਸ ਮਹੀਨੇ ਆਪਣੇ ਟੱਬਰ ਨਾਲ ਰਹਿ ਕੇ ਉਹ ਦੋਵੇਂ ਜਣੇ ਖੁਸ਼ੀ ਖੁਸ਼ੀ ਘਰ ਪਰਤੇ। ਦੂਜੀ ਵਾਰ ਵੀ ਉਹ ਦਸ ਮਹੀਨੇ ਕੈਨੇਡਾ ਫੇਰੀ ਲਾਉਣ ਗਏ। ਇਸ ਵਾਰ ਨਾਜੂ ਦਾ ਦੂਜਾ ਜੰਮਣ ਦਿਨ ਸੀ। ਬਹੁਤ ਸ਼ਾਨੋ ਸ਼ੌਕਤ ਨਾਲ ਦਾਦਾ ਦਾਦੀ ਦੀ ਮੌਜੂਦਗੀ ਅਤੇ ਯਾਰਾਂ ਦੋਸਤਾਂ ਦੀ ਸੰਗਤ ਵਿਚ ਉਸਦਾ ਜੰਮਣ ਦਿਨ ਮਨਾਇਆ ਗਿਆ। ਇਸ ਅਵਸਰ 'ਤੇ ਵੀ ਕੁਲਤੇਜ ਨੇ ਮਾਤਾ ਪਿਤਾ ਨੂੰ ਗੁੱਟ ਘੜੀਆਂ ਲੈ ਦਿੱਤੀਆਂ। ਭੈਣ ਜਗਦੀਪ, ਜੀਜੇ ਸਤਵੰਤ, ਭਣੇਵੀ ਜਪਨੀਤ ਅਤੇ ਭਾਰਤ ਵਿਚ ਸਹੁਰਿਆਂ ਤੇ ਸਾਲੀ ਇੰਦਰਬੀਰ ਵਾਸਤੇ ਵੀ ਕਾਫੀ ਕੀਮਤੀ ਤੋਹਫੇ ਭੇਜੇ। ਤੇਜਬੀਰ ਨੂੰ ਮਹਿਸੂਸ ਹੋਇਆ ਕਿ ਅੱਜ ਦਾ ਦੌਰ ਕਿੰਨਾ ਬਦਲ ਚੁਕਿਆ ਹੈ। ਉਨ੍ਹਾਂ ਦੇ ਵੇਲਿਆਂ ਵਿਚ ਤਾਂ ਰਹਿਣੀ ਬਹਿਣੀ ਬਹੁਤ ਸਾਦ ਮੁਰਾਦੀ ਸੀ।


ਤੇਜਿੰਦਰਬੀਰ ਸਿੰਘ ਸਾਜਿਦ
74376-06570

ਇਸਤਰ੍ਹਾਂ ਜੰਮਣ ਦਿਨ ਨਹੀ ਮਨਾਏ ਜਾਂਦੇ ਸਨ। ਵਿਖਾਵੇਬਾਜ਼ੀ ਨਹੀ ਹੁੰਦੀ ਸੀ । ਵਿਆਹ ਵੀ ਘਰ ਦੇ ਬਾਹਰ ਸ਼ਾਮਿਆਨਾ ਲਾ ਕੇ ਕਰ ਲਿਆ ਜਾਂਦਾ ਸੀ। ਅੱਜ ਕੱਲ੍ਹ ਤਾਂ ਵਿਆਹ ਵੀ ਜੰਝ ਘਰਾਂ ਵਿਚ ਹੁੰਦੇ ਹਨ। ਕਿੰਨਾ ਹੀ ਖਰਚ ਹੋ ਜਾਂਦਾ ਹੈ। ਉਹ ਭਲੇ ਵੇਲੇ ਤਾਂ ਹੁਣ ਯਾਦ ਮਹਿਲ ਹੀ ਬਣ ਗਏ ਹਨ। ਇਸ ਵਾਰੀ ਕੁਲਤੇਜ ਪਹਿਲੀ ਵਾਰੀ ਵਤਨ ਫੇਰੀ ਪਾਉਣ ਆਇਆ। ਨਾਜੂ ਪਹਿਲੀ ਵਾਰੀ ਦਾਦਕੇ, ਨਾਨਕੇ ਤੇ ਭੂਆ ਘਰ ਗਈ। ਦਾਦੀ ਦਾ ਘਰ ਵੇਖ ਕੇ ਉਹ ਬਹੁਤ ਖੁਸ਼ ਹੋਈ ਤੇ ਹੈਰਾਨ ਵੀ। ਕਹਿੰਦੀ "ਵਾਹ ਦਾਦੀ! ਐਡਾ ਵੱਡਾ ਘਰ" ਇਥੋਂ ਦੇ ਘਰ ਇਥੋਂ ਦੇ ਮਾਹੌਲ ਅਨੁਸਾਰ ਬਣੇ ਹੁੰਦੇ ਹਨ। ਪੱਛਮੀ ਮੁਲਕ ਠੰਡੇ ਹੋਣ ਤੇ ਬਰਫ਼ਾਂ ਪੈਦੀਆਂ ਹੋਣ ਕਰਕੇ ਉਥੇ ਦੇ ਮਕਾਨ ਲੱਕੜ ਦੇ ਹੁੰਦੇ ਹਨ ਤੇ ਛੱਤਾਂ ਦੀ ਬਣਾਵਟ ਵੀ ਉਥੇ ਦੇ ਮਾਹੌਲ ਮੁਤਾਬਕ ਹੁੰਦੀ ਹੈ। ਉਨ੍ਹਾਂ ਦੇ ਪਹਿਲੀ ਵਾਰੀ ਵਤਨ ਫੇਰੀ 'ਤੇ ਸਾਰੇ ਬਹੁਤ ਖੁਸ਼ ਸਨ। ਤੋਹਫੇ ਲੈਣ ਦੇਣ ਦੇ ਢੇਰ ਲੱਗ ਗਏ ਸਨ। ਆਪਸ ਵਿਚ ਮਿਲ ਬੈਠਣ, ਪ੍ਰੇਮ ਪਿਆਰ ਤੇ ਖੁਸ਼ੀ ਦਾ ਇਜ਼ਹਾਰ ਕਰਨ ਦਾ ਇਸਤੋਂ ਵਧੀਆ ਵੇਲੇ ਹੋਰ ਕਿਹੜਾ ਹੋ ਸਕਦਾ ਸੀ ਕੁਝ ਦਿਨ ਦਾਦਕੇ ਰਹਿ ਕੇ ਨਾਜੂ ਨਾਨਕੇ ਘਰ ਤੇ ਫਿਰ ਭੂਆ ਘਰ ਗਈ। ਜਪਨੀਤ ਨੂੰ ਮਿਲਕੇ ਉਹ ਬਹੁਤ ਖੁਸ਼ ਹੋਈ।"ਮੰਨਤ ! ਮੇਰੀ ਦੀ! ਫੋਨ 'ਤੇ ਹੀ ਮਿਲਦੇ ਸੀ। ਪਹਿਲੀ ਵਾਰ ਆਹਮੋ ਸਾਹਮਣੇ ਹੋਏ ਹਾਂ।" ਮੰਨਤ ਨੇ ਨਾਜ਼ੂ ਨੂੰ ਪਿਆਰ ਨਾਲ ਆਪਣੀ ਗਲਵੱਕੜੀ ਵਿਚ ਲੈ ਲਿਆ। ਨਾਜ਼ੂ ਚਾਈ ਚਾਈ ਭੂਆ ਜੀ ਨੂੰ ਵੀ ਮਿਲੀ ਤੇ "ਫੂਫਾ ਜੀ, ਫੂਫਾ ਜੀ" ਕਰਦੀ ਫੂਫਾ ਜੀ ਨਾਲ ਬਜ਼ਾਰ ਵੀ ਹੋ ਆਉਂਦੀ। ਉਨ੍ਹਾਂ ਦੇ ਹੁੰਦੇ ਮਾਹੌਲ ਵਿਚੋਂ ਖੁਸ਼ੀ ਡੁੱਲ੍ਹ ਡੁੱਲ੍ਹ ਪੈਂਦੀ। ਵਿਚੋਂ ਵਿਗੋਚੇ ਦਾ ਅਹਿਸਾਸ ਵੀ ਹੁੰਦਾ ਕਿ ਵਾਪਸ ਵੀ ਜਾਣਾ ਹੈ। ਮਿਲ ਬੈਠਣ ਦੀ ਖੁਸ਼ੀ ਫੇਰ ਪਤਾ ਨਹੀ ਕਦੋਂ ਨਸੀਬ ਹੋਵੇ। ਆਖ਼ਰ ਉਹ ਵਾਪਸ ਪਰਤ ਗਏ। ਪੰਜ ਸਾਲ ਮਗਰੋਂ ਤੇਜਬੀਰ ਨੂੰ ਨਵੇਂ ਫੋਨ ਦੀ ਜ਼ਰੂਰਤ ਮਹਿਸੂਸ ਹੋਈ। ਗੁਨੀਤ ਨੇ ਕੁਲਤੇਜ ਨੂੰ ਫੋਨ 'ਤੇ ਇਸ ਦੀ ਖ਼ਬਰ ਵੀ ਦੇ ਦਿੱਤੀ। ਅਗੋਂ ਕੁਲਤੇਜ ਨੇ ਵੀ ਨਵਾਂ ਫੋਨ ਲੈ ਦੇਣ ਦੀ ਹਾਮੀ ਭਰ ਦਿੱਤੀ। ਤੇਜਬੀਰ ਕਿਫਾਇਤ ਦੀ ਸੋਚਦਾ ਸੀ। ਉਹ ਨਹੀ ਸੀ ਚਾਹੁੰਦਾ ਕਿ ਬੇਟੇ ਤੇ ਭਾਰ ਪਵੇ ਕਿਉਂਕਿ ਉਸਨੇ ਤਾਂ ਬਿਨਾਂ ਸੋਚੇ ਸਮਝੇ ਪਾਪਾ ਨੂੰ ਮਹਿੰਗਾ ਫੋਨ ਲੈ ਦੇਣਾ ਸੀ। ਇਹ ਜੋ ਅੱਜ ਕੱਲ੍ਹ ਜੰਮਣ ਦਿਨ ਮਨਾਉਣ ਤੇ ਹੋਰ ਮੌਕਿਆਂ 'ਤੇ ਤੋਹਫੇ ਲੈਣ ਦੇਣ ਦਾ ਰਿਵਾਜ਼ ਚੱਲ ਪਿਆ ਹੈ, ਮਿਹਨਤ ਨਾਲ ਕਮਾਇਆ ਹੋਇਆ ਪੈਸਾ ਐਵੇਂ ਹੀ ਫਜ਼ੂਲ ਖਰਚ ਹੋ ਜਾਂਦਾ ਹੈ। ਵਤਨ ਫੇਰਾ ਵੀ ਤਾਂ ਕੋਈ ਸਸਤਾ ਨਹੀ ਪੈਂਦਾ। ਕਿੰਨਾ ਹੀ ਪੈਸਾ ਲੱਗ ਜਾਂਦਾ ਹੈ। ਤੇਜਬੀਰ ਨੇ ਗੁਨੀਤ ਨੂੰ ਫੋਨ ਲੈਣ ਵਾਸਤੇ ਬਾਜ਼ਾਰ ਚੱਲਣ ਵਾਸਤੇ ਕਿਹਾ ਪਰ ਉਸਨੇ ਟਾਲ ਦਿੱਤਾ ਕਿਉਂ ਜੋ ਬੇਟੇ ਨੇ ਲੈ ਕੇ ਦੇਣ ਵਾਸਤੇ ਕਿਹਾ ਹੋਇਆ ਸੀ। ਹਾਰ ਕੇ ਆਖਰ ਤੇਜਬੀਰ ਆਪੇ ਹੀ ਫੋਨ ਲੈ ਆਇਆ ਕਿਉਂਕਿ ਉਹ ਕਿਫਾਇਤੀ ਸੀ। ਬੇਟੇ ਨੂੰ ਫਜ਼ੂਲ ਖਰਚੀ ਤੋਂ ਬਚਾਉਣਾ ਚਾਹੁੰਦਾ ਸੀ। ਗੁਨੀਤ ਨੂੰ ਤੇਜਬੀਰ ਦੇ ਹੱਥ ਨਵਾਂ ਫੋਨ ਵੇਖ ਕੇ ਅਚੰਭਾ ਹੋਇਆ। ਉਸਨੇ ਫੌਰਨ ਹੀ ਇਸ ਦੀ ਇਤਲਾਹ ਕੁਲਤੇਜ ਨੂੰ ਦਿੱਤੀ, "ਚੱਲੋ, ਮੇਰੇ ਤਾਂ ਪੈਸੇ ਬੱਚ ਗਏ।" ਤੇਜਬੀਰ ਦੀ ਖੁਸ਼ੀ ਦੀ ਕੋਈ ਹੱਦ ਨਾ ਰਹੀ। ਇਹੀ ਤਾਂ ਉਹ ਚਾਹੁੰਦਾ ਸੀ। ਤੇਜਬੀਰ ਦੇ ਅਗਲੇ ਕਦਮ ਨੇ ਸਭ ਨੂੰ ਹੋਰ ਵੀ ਹੈਰਾਨ ਕਰ ਦਿੱਤਾ ਜਦੋਂ ਉਸਨੇ ਆਪਣੀ ਫੇਸਬੁਕ 'ਤੇ ਲਿਖਿਆ "ਆਪਣੀ ਭਲੀ ਲੋਕ ਦਾ ਤਹਿ ਦਿਲ ਤੋਂ ਸ਼ੁਕਰੀਆ ਕਿ ਉਸ ਨੇ ਮੈਨੂੰ ਮੇਰੇ 70ਵੇਂ ਜੰਮਣ ਦਿਨ 'ਤੇ ਅਜਿਹਾ ਬੇਸ਼ਕੀਮਤੀ ਤੋਹਫਾ ਦਿੱਤਾ ਮੇਰੀਆਂ ਵੀ ਦੁਆਵਾਂ: **ਜੀਵਤ ਜੀਵਤ ਜੀਵਤ ਰਹਹੁ।। ਰਾਮ ਰਸਾਇਣ ਨਿਤ ਉਠ ਪੀਵਹੁ॥ (੧੧੯੮)** ਅਖਬਾਰ ਦੀਆਂ ਸੁਰਖੀਆਂ ਵਾਂਗ ਫੇਸਬੁਕ 'ਤੇ ਤੋਹਫੇ ਦੀ ਖਬਰ ਦੁਨੀਆਂ ਭਰ ਵਿਚ ਪਹੁੰਚ ਗਈ।



pnb

# ਪੰਜਾਬ ਨੈਸ਼ਨਲ ਬੈਂਕ

**ਈ-ਨਿਲਾਮੀ ਵਿਕਰੀ ਸੂਚਨਾ**

ਅਸੈਟ ਰਿਕਵਰੀ ਮੈਨੇਜਮੈਂਟ ਸ਼ਾਖਾ (ਏਆਰਐਮਬੀ)

ਐਸਸੀਓ 10-ਬੀ, ਬੀ-ਬਲਾਕ, ਰਣਜੀਤ ਐਵੇਨਿਊ, ਜ਼ਿਲ੍ਹਾ ਸ਼ਾਪਿੰਗ ਕੰਪਲੈਕਸ, ਨੇੜੇ ਪਾਸਪੋਰਟ ਦਫਤਰ, ਅੰਮ੍ਰਿਤਸਰ 143001

## ਚੱਲ/ਅਚੱਲ ਜਾਇਦਾਦ/ਾਂ ਦੀ ਵਿਕਰੀ ਲਈ ਈ-ਨਿਲਾਮੀ ਲਈ ਜਨਤਕ ਨੋਟਿਸ

**ਸਰਫਾਇਸੀ ਐਕਟ 2002 ਦੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ 2002 ਦੇ ਨਿਯਮ 6 ਅਤੇ 9 ਦੇ ਨਾਲ ਪੜ੍ਹੇ ਗਏ ਨਿਯਮ 6(2) ਅਤੇ 8(6) ਦੇ ਤਹਿਤ ਆਮ ਜਨਤਾ ਨੂੰ 15/30 ਦਿਨਾਂ ਦਾ ਕਾਨੂੰਨੀ ਵਿਕਰੀ ਨੋਟਿਸ**

ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 ਦੇ ਨਿਯਮ 8 (6) ਦੇ ਪ੍ਰਾਵਧਾਨ ਦੇ ਨਾਲ ਪੜ੍ਹੇ ਗਏ ਵਿੱਤੀ ਸੰਪਤੀਆਂ ਦੇ ਪ੍ਰਤੀਭੂਤੀਕਰਨ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 ਦੇ ਅਧੀਨ ਅਚੱਲ ਜਾਇਦਾਦਾਂ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ। ਇਸ ਦੁਆਰਾ ਆਮ ਜਨਤਾ ਨੂੰ ਅਤੇ ਖਾਸ ਤੌਰ 'ਤੇ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦੱਸੀ ਗਈ ਚੱਲ/ਅਚੱਲ ਜਾਇਦਾਦ ਸੁਰੱਖਿਅਤ ਲੈਣਦਾਰ ਨੂੰ ਗਿਰਵੀ ਰੱਖੀ ਗਈ/ਚਾਰਜ ਕੀਤੀ ਗਈ ਹੈ, ਜਿਸਦਾ ਉਸਾਰੂ/ਭੌਤਿਕ/ਸੰਕੇਤਕ ਕਬਜ਼ਾ ਲਿਆ ਗਿਆ ਹੈ। ਬੈਂਕ/ਸੁਰੱਖਿਅਤ ਲੈਣਦਾਰ ਦੇ ਅਧਿਕਾਰਤ ਅਧਿਕਾਰੀ ਦੁਆਰਾ, ਹੇਠਾਂ ਦਿੱਤੀ ਸਾਰਣੀ ਵਿੱਚ ਦੱਸੀ ਗਈ ਮਿਤੀ ਨੂੰ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ", ਅਤੇ "ਜੋ ਕੁਝ ਹੈ ਉੱਥੇ ਹੈ" ਤੇ ਵੇਚਿਆ ਜਾਵੇਗਾ, ਤਾਂ ਜੋ ਸਬੰਧਤ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਤੋਂ ਬੈਂਕ/ਸੁਰੱਖਿਅਤ ਕਰਜ਼ਦਾਤਾ ਦੇ ਬਕਾਏ ਦੀ ਵਸੂਲੀ ਕੀਤੀ ਜਾ ਸਕੇ। ਰਾਖਵੀਂ ਕੀਮਤ ਅਤੇ ਬਿਆਨਾ ਜਮ੍ਹਾਂ ਰਕਮ ਸਬੰਧਤ ਜਾਇਦਾਦਾਂ ਦੇ ਵਿਰੁੱਧ ਹੇਠਾਂ ਦਿੱਤੀ ਸਾਰਣੀ ਵਿੱਚ ਦੱਸੇ ਅਨੁਸਾਰ ਹੋਵੇਗੀ।

ਸੁਰੱਖਿਅਤ ਕਰਜ਼ਦਾਰ ਨੂੰ ਜਾਣੂੰ ਦੇਣਦਾਰੀਆਂ ਨਹੀਂ ਹਨ/ਜਾਣੂੰ ਨਹੀਂ ਹਨ।

**ਲੜੀ ਨੰ. 1 ਤੋਂ 3 ਦੇ ਲਈ 30.03.2026 ਅਤੇ ਲੜੀ ਨੰ 4 ਦੇ ਲਈ ਵਿਕਰੀ 20.04.2026 ਨੂੰ ਸਵੇਰੇ 11.00 ਵਜੇ ਤੋਂ ਸ਼ਾਮ 04.00 ਵਜੇ ਤੱਕ ਵੈਬਸਾਈਟ https://baanknet.com 'ਤੇ ਵਿਵਸਥਿਤ ਈ-ਨਿਲਾਮੀ ਪਲੇਟਫਾਰਮ ਰਾਹੀਂ ਕੀਤੀ ਜਾਵੇਗੀ**

ਇਛੁੱਕ ਖਰੀਦਦਾਰਾਂ ਨੂੰ ਯੂਜ਼ਰ ਆਈਡੀ ਦਾ ਨਿਰਮਾਣ ਕਰਨਾ ਹੋਵੇਗਾ ਅਤੇ ਉਨ੍ਹਾਂ ਕੋਲ ਨਿਲਾਮੀ ਵਿਚ ਭਾਗ ਲੈਣ ਲਈ https://baanknet.com 'ਤੇ ਈ-ਵੈਲੇਟ ਵਿਚ ਘੱਟੋ ਘੱਟ ਬਿਆਨਾ ਰਕਮ ਰਾਸ਼ੀ ਹੋਣੀ ਲਾਜ਼ਮੀ ਹੈ।

ਨਿਲਾਮੀ ਪ੍ਰਕਿਰਿਆ, ਪੰਜੀਕਰਨ ਸਥਿਤੀ ਆਦਿ 'ਤੇ ਸਹਾਇਤਾ ਲਈ Baanknet Portal Help Desk No. + 91 8291220220, support.baanknet@psballiance.com

ਬੈਂਕ ਅਧਿਕਾਰੀਆਂ ਦੇ ਸੰਪਰਕ ਵੇਰਵੇ ਸ੍ਰੀ ਅਨਵਰ ਅਲੀ (ਮੁੱਖ ਪ੍ਰਬੰਧਕ), (ਮੋ.) 97976-16733, ਸ੍ਰੀਮਤੀ ਜੋਤੀ (ਮੁੱਖ ਪ੍ਰਬੰਧਕ) (ਮੋ.) 70421-98890

### ਸੁਰੱਖਿਅਤ ਅਸਾਸਿਆਂ ਦੀ ਸੂਚੀ

| ਸ਼ਾਖਾ ਦਾ ਨਾਮ / ਖਾਤੇ ਦਾ ਨਾਮ / ਖਾਤਾ ਕਰਜ਼ਦਾਰ/ਜ਼ਾਮਨਾਂ ਦੇ ਨਾਮ ਅਤੇ ਪਤੇ | ਗਿਰਵੀਅਚੱਲ ਸੰਪੱਤੀਆਂ ਦੇ ਵੇਰਵੇ/ਮਾਲਕ ਦਾ ਨਾਮ (ਸੰਪੱਤੀ/ਆਂ ਦੇ ਗਿਰਵੀਕਾਰ) | ੳ) ਸਰਫਾਇਸੀ ਐਕਟ, 2002 ਦੀ ਧਾਰਾ 13 (2) ਅਧੀਨ ਮੰਗ ਸੂਚਨਾ ਦੀ ਮਿਤੀ / ਅ) ਬਕਾਇਆ ਰਕਮ ਦੀ ਮਿਤੀ / ੲ) ਸਰਫਾਇਸੀ ਐਕਟ, 2002 ਦੀ ਧਾਰਾ 13 (4) ਅਧੀਨ ਕਬਜ਼ੇ ਦੀ ਮਿਤੀ / ਸ) ਕਬਜ਼ੇ ਦਾ ਸਰੂਪ ਸੰਕੇਤਕ/ਭੌਤਿਕ/ ਉਸਾਰੂ | ਰਾਖਵੀਂ ਕੀਮਤ / ਬਿਆਨਾ ਰਕਮ / ਬੋਲੀ ਵਾਧਾ ਰਕਮ |
|---|---|---|---|
| 1 ਏ.ਆਰ.ਐਮ.ਬੀ., ਅੰਮ੍ਰਿਤਸਰ<br>(i) ਸ੍ਰੀ ਤਜਿੰਦਰ ਸਿੰਘ ਪੁੱਤਰ ਸਵਰਗਵਾਸੀ ਸ੍ਰੀ ਅਵਤਾਰ ਸਿੰਘ, ਮਕਾਨ ਨੰ. 138, ਕਾਲਾ ਘਣੂਪੁਰ, ਨਵੀ ਅਬਾਦੀ, ਪਾਲ ਐਵੇਨਿਊ, ਰਾਮ ਤੀਰਥ ਰੋਡ, ਅੰਮ੍ਰਿਤਸਰ (ii) ਸ੍ਰੀ ਤੇਜਿੰਦਰ ਸਿੰਘ ਸਪੁੱਤਰ (ਸਵਰਗੀ ਅਵਤਾਰ ਸਿੰਘ ਦਾ ਪੁੱਤਰ), ਮਕਾਨ ਨੰ. 138, ਕਾਲਾ ਘਣੂਪੁਰ, ਨਵੀ ਅਬਾਦੀ, ਪਾਲ ਐਵੇਨਿਊ, ਰਾਮ ਤੀਰਥ ਰੋਡ, ਅੰਮ੍ਰਿਤਸਰ (iii) ਸ੍ਰੀ ਰਾਜਪਵਿਤਰ ਸਿੰਘ (ਸਵਰਗੀ ਅਵਤਾਰ ਸਿੰਘ ਦਾ ਪੁੱਤਰ) ਮਕਾਨ ਨੰ. 138, ਕਾਲਾ ਘਣੂਪੁਰ, ਨਵੀ ਅਬਾਦੀ, ਪਾਲ ਐਵੇਨਿਊ, ਰਾਮ ਤੀਰਥ ਰੋਡ, ਅੰਮ੍ਰਿਤਸਰ (iv) ਸ੍ਰੀਮਤੀ ਊਸ਼ਾ ਰਾਣੀ ਸਵਰਗੀ ਸ੍ਰੀ ਅਵਤਾਰ ਸਿੰਘ ਮਕਾਨ ਨੰ. 138, ਕਾਲਾ ਘਣੂਪੁਰ, ਨਵੀ ਅਬਾਦੀ, ਪਾਲ ਐਵੇਨਿਊ, ਰਾਮ ਤੀਰਥ ਰੋਡ, ਅੰਮ੍ਰਿਤਸਰ (v) ਸ੍ਰੀ ਜੋਬਨਜੀਤ ਸਿੰਘ (ਸਵਰਗੀ ਅਵਤਾਰ ਸਿੰਘ ਦਾ ਪੁੱਤਰ) ਮਕਾਨ ਨੰ. 138, ਕਾਲਾ ਘਣੂਪੁਰ, ਨਵੀ ਅਬਾਦੀ, ਪਾਲ ਐਵੇਨਿਊ, ਰਾਮ ਤੀਰਥ ਰੋਡ, ਅੰਮ੍ਰਿਤਸਰ | ਰਿਹਾਇਸ਼ੀ ਮਕਾਨ ਨੰ. 138 ਮਾਪ 166.66 ਵਰਗ ਗਜ਼ ਵਾਲਾ ਖਸਰਾ ਨੰ. 5//25 ਮਿਨ, ਖਾਤਾ ਖਤੌਨੀ ਨੰ. 953/1386 ਸਾਲ 2003-2004 ਲਈ ਜਮ੍ਹਾਂਬੰਦੀ ਅਨੁਸਾਰ, ਰਕਬਾ ਕਲਾ ਘਣੂਪੁਰ, ਨਵੀ ਅਬਾਦੀ ਪਾਲ ਐਵੇਨਿਊ, ਰਾਮ ਤੀਰਥ ਰੋਡ, ਅੰਮ੍ਰਿਤਸਰ ਵਿਖੇ ਸ੍ਰੀ ਅਵਤਾਰ ਸਿੰਘ ਪੁੱਤਰ ਸ੍ਰੀ ਊਧਮ ਸਿੰਘ ਦੇ ਨਾਮ 'ਤੇ ਦਰਜ ਹੈ। | 04-06-2016<br>ਰ.15,35,655/- ਮਿਤੀ 31-05-2016 ਨੂੰ + ਮਿਤੀ 01-06-2016 ਤੋਂ ਵਿਆਜ ਹੋਰ ਖਰਚੇ ਅਤੇ ਵਸੂਲੀ ਘੱਟਾ ਕੇ, ਜੇਕਰ ਕੋਈ ਹੋਵੇ<br>05-04-2017<br>ਸੰਕੇਤਕ ਕਬਜਾ | ਰ: 30,00,000/-<br>ਰ: 3,00,000/-<br>ਰ: 20,000/- |
| 2 ਏ.ਆਰ.ਐਮ.ਬੀ., ਅੰਮ੍ਰਿਤਸਰ<br>(i) ਮੈਸਰਜ਼ ਬਲਦੇਵ ਟਰੇਡਰਜ਼ ਪ੍ਰੋਪ. ਸ਼੍ਰੀ ਬਲਦੇਵ ਸਿੰਘ ਪੁੱਤਰ ਸ਼੍ਰੀ ਸਰਦੂਲ ਸਿੰਘ, ਨੇੜੇ ਪਾਣੀ ਦੀ ਟੈਂਕੀ, ਮੁਰਾਦਪੁਰ, ਤਰਨਤਾਰਨ (ii) ਸ਼੍ਰੀਮਤੀ ਦਰਸ਼ਨ ਕੌਰ ਪਤਨੀ ਸ਼੍ਰੀ ਬਲਦੇਵ ਸਿੰਘ (ਭਾਈਵਾਲ), ਪਾਣੀ ਦੀ ਟੈਂਕੀ ਨੇੜੇ, ਮੁਰਾਦਪੁਰ, ਤਰਨਤਾਰਨ (iii) ਸ਼੍ਰੀ ਸਰਬਜੀਤ ਸਿੰਘ ਪੁੱਤਰ ਸ਼੍ਰੀ ਹੇਮ ਸਿੰਘ (ਜ਼ਾਮਨ), ਅਮਨਦੀਪ ਐਵੇਨਿਊ, ਬੱਸ ਸਟੈਂਡ ਦੇ ਨੇੜੇ, ਵਾਰਡ ਨੰ. 1, ਤਰਨਤਾਰਨ | ਪਾਣੀ ਵਾਲੀ ਟੈਂਕੀ, ਮੁਰਾਦਪੁਰ, ਤਰਨਤਾਰਨ ਦੇ ਨੇੜੇ ਸਥਿਤ 9 ਮਰਲੇ 152 ਵਰਗ ਫੁੱਟ ਦੀ ਰਿਹਾਇਸ਼ੀ ਇਮਾਰਤ, ਜੋ ਕਿ ਰਜਿਸਟਰਡ ਟਾਈਟਲ ਡੀਡ ਨੰਬਰ: 2727 ਮਿਤੀ 15-12-2015 ਅਨੁਸਾਰ ਸ਼੍ਰੀਮਤੀ ਦਰਸ਼ਨ ਕੌਰ ਪਤਨੀ ਸ਼੍ਰੀ ਬਲਦੇਵ ਸਿੰਘ ਦੇ ਨਾਮ 'ਤੇ ਰਜਿਸਟਰਡ ਹੈ। | 25-07-2019<br>ਰ. 19,90,929/- + ਮਿਤੀ 30-06-2019 ਨੂੰ ਅਤੇ ਮਿਤੀ 01-07-2019 ਤੋਂ ਵਿਆਜ ਹੋਰ ਖਰਚੇ ਅਤੇ ਵਸੂਲੀ ਘੱਟਾ ਕੇ, ਜੇਕਰ ਕੋਈ ਹੋਵੇ<br>23-03-2022<br>ਸੰਕੇਤਕ ਕਬਜਾ | ਰ: 25,00,000/-<br>ਰ: 2,50,000/-<br>ਰ: 20,000/- |
| 3 ਏ.ਆਰ.ਐਮ.ਬੀ., ਅੰਮ੍ਰਿਤਸਰ<br>(1) ਮੈਸਰਜ਼ ਖਾਲਸਾ ਟਰੇਡਿੰਗ ਕੰਪਨੀ ਪਤਾ: ਸ਼ਬਾਜਪੁਰ, ਨਵੀਂ ਅਨਾਜ ਮੰਡੀ, ਜ਼ਿਲ੍ਹਾ ਤਰਨਤਾਰਨ 143415 (ii) ਸ੍ਰੀ ਗੁਰਦੇਵ ਸਿੰਘ ਪੁੱਤਰ ਸ੍ਰੀ ਅਮਰ ਸਿੰਘ (ਭਾਈਵਾਲ), ਸ਼ਬਾਜਪੁਰ, ਨਵੀਂ ਅਨਾਜ ਮੰਡੀ, ਜ਼ਿਲ੍ਹਾ ਤਰਨਤਾਰਨ 143415 (iii) ਸ੍ਰੀ ਬਲਜੀਤ ਸਿੰਘ ਪੁੱਤਰ ਸ੍ਰੀ ਸੁਖਵਿੰਦਰ ਸਿੰਘ (ਭਾਈਵਾਲ) ਪਿੰਡ ਦਿਆਲ ਰਾਜਪੂਤਾਨ ਤਹਿਸੀਲ ਅਤੇ ਜਿਲ੍ਹਾ. ਤਰਨਤਾਰਨ 143304 (iv) ਸ੍ਰੀ ਰਾਜਬੀਰ ਸਿੰਘ ਪੁੱਤਰ ਸ੍ਰੀ ਸੁਰਜਨ ਸਿੰਘ (ਜ਼ਾਮਨ/ਗਿਰਵੀਕਾਰ) ਪਿੰਡ ਨਾਲਾਗੜ੍ਹ, ਅਬਾਦੀ ਗ੍ਰੀਨ ਐਵੇਨਿਊ, ਚੱਬਲ ਰੋਡ ਤਰਨਤਾਰਨ 143401 | ਖਸਰਾ ਨੰ. 19(5-14) 20(8-7), 8(8-0), 9(8-0), 10(4-0), 26(6-16) ਅਤੇ ਖਾਤਾ ਖਤੌਨੀ ਨੰ. 58/79, 80, 58/76 ਵਿੱਚ ਸ਼ਾਮਲ 9.5 ਮਰਲੇ ਦੇ ਦੋ ਮੰਜ਼ਲਾ ਰਿਹਾਇਸ਼ੀ ਮਕਾਨ ਦੇ ਸਾਰੇ ਭਾਗ ਅਤੇ ਹਿੱਸੇ, ਜੋ ਕਿ ਗ੍ਰੀਨ ਐਵੇਨਿਊ, ਅੰਮ੍ਰਿਤਸਰ ਰੋਡ ਤਰਨਤਾਰਨ ਵਿਖੇ ਸਥਿਤ ਸ਼੍ਰੀ ਰਾਜਬੀਰ ਸਿੰਘ ਪੁੱਤਰ ਸ਼੍ਰੀ ਸੁਰਜਨ ਸਿੰਘ ਦੇ ਨਾਮ 'ਤੇ ਦਰਜ ਹੈ। | 07-09-2016<br>ਰ. 20,52,810.26 ਮਿਤੀ 31-08-2016 ਨੂੰ + ਮਿਤੀ 01-09-2016 ਤੋਂ ਵਿਆਜ ਹੋਰ ਖਰਚੇ ਅਤੇ ਵਸੂਲੀ ਘੱਟਾ ਕੇ, ਜੇਕਰ ਕੋਈ ਹੋਵੇ<br>08-11-2016<br>ਸੰਕੇਤਕ ਕਬਜਾ | ਰ: 36,00,000/-<br>ਰ: 3,60,000/-<br>ਰ: 20,000/- |
| 4 ਏ.ਆਰ.ਐਮ.ਬੀ., ਅੰਮ੍ਰਿਤਸਰ<br>(1) ਮੈਸਰਜ਼ ਕੇ.ਐਸ. ਆਰਟਸ ਆਪਣੇ ਮਾਲਕ ਅਤੇ ਗਿਰਵੀਕਾਰ ਸ਼੍ਰੀਮਤੀ ਪ੍ਰਿਆ ਸੋਨੀ ਪੁੱਤਰੀ ਸ਼੍ਰੀ ਯਾਦਵ ਲਾਲ ਸੋਨੀ ਰਾਹੀਂ ਪਤਾ ਪਹਿਲਾ: ਵਾਸੀ ਮਕਾਨ ਨੰਬਰ 783/784, ਖੂ ਭਾਲੇ ਵਾਲਾ, ਨਵਾਂ ਆਦਰਸ਼ ਨਗਰ, ਅੰਮ੍ਰਿਤਸਰ (ii) ਮੈਸਰਜ਼ ਕੇ.ਐਸ. ਆਰਟਸ ਆਪਣੇ ਮਾਲਕ ਅਤੇ ਗਿਰਵੀਕਾਰ ਸ਼੍ਰੀਮਤੀ ਪ੍ਰਿਆ ਸੋਨੀ ਪੁੱਤਰੀ ਸ਼੍ਰੀ ਯਾਦਵ ਲਾਲ ਸੋਨੀ ਰਾਹੀਂ ਪਤਾ ਦੂਜਾ: ਫੈਕਟਰੀ ਬਿਲਡਿੰਗ ਨੰ. 783/784, ਜ਼ਮੀਨ 'ਤੇ ਖਸਰਾ ਨੰਬਰ 783/562/2, 784/562/3 ਮਿਨ ਜੋ ਕਿ ਕੋਟ ਖਾਲਸਾ ਅਰਬਨ, ਆਬਾਦੀ ਖੂ ਭਾਲੇ ਵਾਲਾ (ਧੋਬੀ ਘਾਟ) ਨਿਊ ਆਦਰਸ਼ ਐਵੇਨਿਊ, ਅੰਮ੍ਰਿਤਸਰ ਵਿਖੇ ਸਥਿਤ ਹੈ।(iii) ਮੈਸਰਜ਼ ਕੇ.ਐਸ. ਆਰਟਸ ਆਪਣੇ ਮਾਲਕ ਅਤੇ ਗਿਰਵੀਕਾਰ ਸ਼੍ਰੀਮਤੀ ਪ੍ਰਿਆ ਸੋਨੀ ਪੁੱਤਰੀ ਸ਼੍ਰੀ ਯਾਦਵ ਲਾਲ ਸੋਨੀ ਰਾਹੀਂ ਪਤਾ ਤੀਜਾ: ਸ਼੍ਰੀਮਤੀ ਪ੍ਰਿਆ ਸੋਨੀ ਪੁੱਤਰੀ ਸ਼੍ਰੀ ਯਾਦਵ ਲਾਲ ਸੋਨੀ, ਅਬਾਦੀ ਖੂਹ ਭੱਲੇ ਵਾਲਾ (ਧੋਬੀ ਘਾਟ), ਨੇੜੇ ਆਦਰਸ਼ ਨਗਰ, ਅੰਮ੍ਰਿਤਸਰ (iv) ਸ੍ਰੀ ਫਲਿੰਦਰ ਕੁਮਾਰ ਸੋਨੀ ਸਪੁੱਤਰ ਸ੍ਰੀ ਅਮਰੀਕ ਸ਼ਾਹ (ਜ਼ਾਮਨ) ਮਕਾਨ ਨੰ. 783/784, ਖੂਹ ਭੱਲੇ ਵਾਲਾ, ਨਿਊ ਆਦਰਸ਼ ਨਗਰ, ਅੰਮ੍ਰਿਤਸਰ | ਕੋਟ ਖਾਲਸਾ ਅਰਬਨ, ਆਬਾਦੀ ਖੂ ਭੱਲੇ ਵਾਲਾ (ਧੋਬੀ ਘਾਟ) ਨਵਾਂ ਆਦਰਸ਼ ਨਗਰ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸਥਿਤ 216 ਵਰਗ ਗਜ਼ ਦੇ ਪਲਾਟ 'ਤੇ ਤਿੰਨ ਮੰਜ਼ਿਲਾ ਅਚੱਲ ਜਾਇਦਾਦ, ਜੋ ਕਿ ਸ਼੍ਰੀਮਤੀ ਪ੍ਰਿਆ ਸੋਨੀ ਪੁੱਤਰੀ ਯਾਦਵ ਲਾਲ ਸੋਨੀ ਦੇ ਨਾਮ 'ਤੇ, ਸਬ ਰਜਿਸਟਰਾਰ ਅੰਮ੍ਰਿਤਸਰ-II ਕੋਲ ਰਜਿਸਟਰਡ ਦੋ ਵਿਕਰੀ ਡੀਡਾਂ ਦੁਆਰਾ ਦਰਸਾਈ ਗਈ ਹੈ (i) 87 ਵਰਗ ਗਜ਼ ਮਾਪ ਲਈ ਟਾਈਟਲ ਡੀਡ ਨੰਬਰ 1096 ਮਿਤੀ 23-04-2010 ਅਤੇ 129 ਵਰਗ ਗਜ਼ ਮਾਪ ਲਈ ਟਾਈਟਲ ਡੀਡ ਨੰਬਰ 2888 ਮਿਤੀ 27-05-2010। | 21-10-2025<br>ਰ. 27,76,053.55 ਮਿਤੀ 28-10-2025 ਨੂੰ + ਮਿਤੀ 01-09-2016 ਤੋਂ ਵਿਆਜ ਹੋਰ ਖਰਚੇ ਅਤੇ ਵਸੂਲੀ ਘੱਟਾ ਕੇ, ਜੇਕਰ ਕੋਈ ਹੋਵੇ<br>19-02-2026<br>ਸੰਕੇਤਕ ਕਬਜਾ | ਰ: 50,00,000/-<br>ਰ: 5,00,000/-<br>ਰ: 20,000/- |

**ਸਰਫਾਇਸੀ ਐਕਟ 2002 ਦੇ ਨਿਯਮ 8 (6) ਦੇ ਅਧੀਨ 15/30 ਰੋਜ਼ਾ ਵਿਧਾਨਿਕ ਵਿਕਰੀ ਸੂਚਨਾ**

1. ਵਿਕਰੀ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ 2002 ਵਿੱਚ ਨਿਰਧਾਰਤ ਨਿਯਮਾਂ ਅਤੇ ਸ਼ਰਤਾਂ ਅਤੇ ਹੇਠ ਲਿਖੀਆਂ ਹੋਰ ਸ਼ਰਤਾਂ ਦੇ ਅਧੀਨ ਹੋਵੇਗੀ। 2. ਜਾਇਦਾਦਾਂ ਨੂੰ "ਜਿਵੇਂ ਹੈ ਜਿੱਥੇ ਹੈ" ਦੇ ਆਧਾਰ 'ਤੇ ਅਤੇ "ਜਿਵੇਂ ਹੈ ਜੋ ਹੈ ਦੇ ਆਧਾਰ 'ਤੇ" ਅਤੇ "ਜਿਵੇਂ ਹੈ ਉੱਥੇ ਹੈ ਦੇ ਆਧਾਰ 'ਤੇ" ਵੇਚਿਆ ਜਾ ਰਿਹਾ ਹੈ। 3. ਉੱਪਰ ਦਿੱਤੇ ਅਨੁਸੂਚੀ ਵਿੱਚ ਦਰਸਾਏ ਗਏ ਸੁਰੱਖਿਅਤ ਸੰਪਤੀਆਂ ਦੇ ਵੇਰਵੇ ਅਧਿਕਾਰਤ ਅਧਿਕਾਰੀ ਦੀ ਸਭ ਤੋਂ ਵਧੀਆ ਜਾਣਕਾਰੀ ਅਨੁਸਾਰ ਦੱਸੇ ਗਏ ਹਨ, ਪਰ ਅਧਿਕਾਰਤ ਅਧਿਕਾਰੀ ਇਸ ਘੋਸ਼ਣਾ ਵਿੱਚ ਕਿਸੇ ਵੀ ਗਲਤੀ, ਗਲਤ ਬਿਆਨੀ ਜਾਂ ਭੁੱਲ ਲਈ ਜਵਾਬਦੇਹ ਨਹੀਂ ਹੋਵੇਗਾ। 4. ਜਾਇਦਾਦ/ਜ਼ਿੰਮੇਵਾਰੀਆਂ ਉੱਤੇ ਕੋਈ ਵੀ ਬੋਝ ਬੈਂਕ/ਸੁਰੱਖਿਅਤ ਲੈਣਦਾਰ ਨੂੰ ਨਹੀਂ ਪਤਾ ਹੈ। ਅਧਿਕਾਰਤ ਅਧਿਕਾਰੀ ਜਾਂ ਬੈਂਕ ਨਿਲਾਮ ਕੀਤੀਆਂ ਜਾਇਦਾਦਾਂ ਦੇ ਸੰਬੰਧ ਵਿੱਚ ਸਰਕਾਰ ਜਾਂ ਕਿਸੇ ਹੋਰ ਨੂੰ ਕਿਸੇ ਵੀ ਚਾਰਜ, ਲੀਅਨ, ਬੋਝ ਜਾਂ ਕਿਸੇ ਹੋਰ ਬਕਾਏ ਲਈ ਜ਼ਿੰਮੇਵਾਰ ਨਹੀਂ ਹੋਵੇਗਾ। 5. ਇੱਛੁਕ ਬੋਲੀਕਾਰ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ 'ਤੇ ਹੋਣ ਵਾਲੇ ਬੋਝਾਂ ਬਾਰੇ ਆਪਣੀ ਸੁਤੰਤਰ ਪੁੱਛਗਿੱਛ ਕਰੇ ਜਿਸ ਵਿੱਚ ਕਾਨੂੰਨੀ ਦੇਣਦਾਰੀਆਂ ਦੇ ਬਕਾਏ, ਜਾਇਦਾਦ ਟੈਕਸ, ਬਿਜਲੀ ਦੇ ਬਕਾਏ, ਕਿਸੇ ਵੀ ਵਿਭਾਗ ਤੋਂ ਐਨਓਸੀ ਆਦਿ ਸ਼ਾਮਲ ਹਨ। ਬਿਜਲੀ, ਘਰ ਟੈਕਸ ਆਦਿ ਲਈ ਬਕਾਇਆ ਖਰਚੇ/ਬਿੱਲ ਨਿਲਾਮੀ ਖਰੀਦਦਾਰ ਦੁਆਰਾ ਸਹਿਣ ਕੀਤੇ ਜਾਣਗੇ। 6. ਸੁਰੱਖਿਅਤ ਲੈਣਦਾਰ ਕਿਸੇ ਵੀ ਤਰ੍ਹਾਂ ਵੇਚੀ ਜਾ ਰਹੀ ਜਾਇਦਾਦ/ਵਸਤੂਆਂ ਦੀ ਤੰਦਰੁਸਤੀ ਜਾਂ ਗੁਣਵੱਤਾ ਜਾਂ ਦੇਣਦਾਰੀ ਦੀ ਗਰੰਟੀ ਨਹੀਂ ਦਿੰਦਾ ਹੈ। 7. ਵਿਕਰੀ **ਲੜੀ ਨੰ. 1 ਤੋਂ 3 ਦੇ ਲਈ 30.03.2026 ਨੂੰ ਸਵੇਰੇ 11.00 ਵਜੇ ਤੋਂ ਸ਼ਾਮ 04.00 ਵਜੇ ਤੱਕ ਅਤੇ ਲੜੀ ਨੰ. 4 ਦੇ ਲਈ 20.04.2026 ਨੂੰ ਸਵੇਰੇ 11.00 ਵਜੇ ਤੋਂ ਸ਼ਾਮ 04.00 ਵਜੇ ਤੱਕ** ਵੈੱਬਸਾਈਟ https://baanknet.com 'ਤੇ ਵਿਵਸਥਿਤ ਈ-ਨਿਲਾਮੀ ਪਲੇਟਫਾਰਮ ਰਾਹੀਂ ਨਿਮਨ ਹਸਤਾਖ਼ਰੀ ਵੱਲੋਂ ਕੀਤੀ ਜਾਵੇਗੀ। ਵਿਕਰੀ ਦੇ ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ https://baanknet.com ਦਾ ਹਵਾਲਾ ਲਓ। 8. ਰਿਜ਼ਰਵ ਕੀਮਤ ਤੋਂ ਵੱਧ, ਘੱਟੋ-ਘੱਟ ਇੱਕ ਬੋਲੀ ਦੀ ਰਕਮ ਲਾਜ਼ਮੀ ਹੈ।

ਮਿਤੀ : 14.03.2026 ਸਥਾਨ : ਅੰਮ੍ਰਿਤਸਰ ਸਹੀ/- ਅਧਿਕਾਰਤ ਅਧਿਕਾਰੀ, (ਪੰਜਾਬ ਨੈਸ਼ਨਲ ਬੈਂਕ)

# ਸ਼੍ਰੋਮਣੀ ਕਮੇਟੀ ਵੱਲੋਂ ਨਵੇਂ ਵਰ੍ਹੇ ਨਾਨਕਸ਼ਾਹੀ ਸੰਮਤ 558 ਸਬੰਧੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ

ਅੰਮ੍ਰਿਤਸਰ, 14 ਮਾਰਚ (ਗੁਰਦਿਆਲ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਦੇ ਸਮੂਹ ਮੁਲਾਜ਼ਮਾਂ ਨੂੰ ਆਪਣੀ ਡਿਊਟੀ ਦੌਰਾਨ ਰਵਾਇਤੀ ਸਿੱਖ ਪਹਿਰਾਵੇ ਅਨੁਸਾਰ ਕੁੜਤਾ ਪਜਾਮਾ ਪਹਿਨਣ ਨੂੰ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰੂ ਘਰਾਂ ਵਿੱਚ ਸੇਵਾ ਨਿਭਾਉਣ ਵਾਲੇ ਹਰ ਸੇਵਾਦਾਰ ਅਤੇ ਮੁਲਾਜ਼ਮ ਦੀ ਜ਼ਿੰਮੇਵਾਰੀ ਹੈ ਕਿ ਉਹ ਆਪਣੀ ਦਿੱਖ ਅਤੇ ਆਚਾਰ ਵਿਹਾਰ ਰਾਹੀਂ ਸਿੱਖ ਪਰੰਪਰਾਵਾਂ ਦੀ ਮਰਯਾਦਾ ਨੂੰ ਮਜ਼ਬੂਤ ਬਣਾਉਣ।

ਇਹ ਵਿਚਾਰ ਉਨ੍ਹਾਂ ਨੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸੰਮਤ ਨਾਨਕਸ਼ਾਹੀ 558 ਦੀ ਆਮਦ ਸਬੰਧੀ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਆਪਣੇ ਸੰਬੋਧਨ ਦੌਰਾਨ ਪ੍ਰਗਟ ਕੀਤੇ।

ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਕੌਮ ਦੀਆਂ ਰਵਾਇਤਾਂ ਅਤੇ ਪਰੰਪਰਾਵਾਂ ਬਹੁਤ ਸ਼ਾਨਦਾਰ ਹਨ ਅਤੇ ਇਹ ਸਾਡੀ ਪਛਾਣ ਦਾ ਅਹਿਮ ਹਿੱਸਾ ਹਨ। ਉਨ੍ਹਾਂ ਕਿਹਾ ਕਿ ਗੁਰੂ ਘਰਾਂ ਦਾ ਪ੍ਰਬੰਧ ਸੰਗਤ ਦੇ ਸਹਿਯੋਗ ਨਾਲ ਚੱਲਦਾ ਹੈ ਅਤੇ ਇਸ ਕਰਕੇ ਗੁਰਦੁਆਰਾ ਸਾਹਿਬਾਨ ਵਿੱਚ ਸੇਵਾ ਨਿਭਾਉਣ ਵਾਲੇ ਸੇਵਾਦਾਰ, ਮੁਲਾਜ਼ਮ ਅਤੇ ਅਧਿਕਾਰੀ ਸਾਦਗੀ ਭਰਿਆ ਅਤੇ ਰਵਾਇਤੀ ਪਹਿਰਾਵਾ ਅਪਣਾਉਣ। ਇਸ ਨਾਲ ਗੁਰੂ ਘਰਾਂ ਦੀ ਮਰਯਾਦਾ ਅਤੇ ਸਿੱਖੀ ਅਸੂਲਾਂ ਦੀ ਝਲਕ ਪ੍ਰਗਟ ਹੁੰਦੀ ਹੈ।

ਉਨ੍ਹਾਂ ਸਮੂਹ ਮੁਲਾਜ਼ਮਾਂ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਡਿਊਟੀ ਦੀ ਸ਼ੁਰੂਆਤ ਹਰ ਰੋਜ਼ ਸਮੂਹਿਕ ਤੌਰ 'ਤੇ ਮੂਲ ਮੰਤਰ



ਅਤੇ ਵਾਹਿਗੁਰੂ ਗੁਰਮੰਤਰ ਦੇ ਜਾਪ ਨਾਲ ਕੀਤੀ ਜਾਵੇ। ਇਸ ਮੌਕੇ ਪ੍ਰਧਾਨ ਧਾਮੀ ਨੇ ਸ਼੍ਰੋਮਣੀ ਕਮੇਟੀ ਅਤੇ ਇਸ ਦੇ ਪ੍ਰਬੰਧ ਹੇਠ ਕੰਮ ਕਰਦੇ ਮੁਲਾਜ਼ਮਾਂ ਲਈ 1 ਅਪ੍ਰੈਲ ਤੋਂ 4 ਫੀਸਦੀ ਮਹਿੰਗਾਈ ਭੱਤਾ ਵਧਾਉਣ ਦਾ ਐਲਾਨ ਵੀ ਕੀਤਾ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦੀ ਭਲਾਈ ਅਤੇ ਸਹੂਲਤਾਂ ਦਾ ਧਿਆਨ ਰੱਖਣਾ ਸ਼੍ਰੋਮਣੀ ਕਮੇਟੀ ਦੀ ਜ਼ੁੰਮੇਵਾਰੀ ਹੈ, ਲੇਕਿਨ ਮੁਲਾਜ਼ਮਾਂ ਦੀ ਸੰਗਤਾਂ ਅਤੇ ਸੰਸਥਾ ਦੀ ਮਾਣ ਮਰਿਆਦਾ ਪ੍ਰਤੀ ਸਮਰਪਣ ਸਭ ਤੋਂ ਪਹਿਲਾਂ ਹੈ।

ਇਸ ਮੌਕੇ ਉਨ੍ਹਾਂ ਸੰਗਤ ਨੂੰ ਨਾਨਕਸ਼ਾਹੀ ਨਵੇਂ ਸਾਲ ਦੀਆਂ ਵਧਾਈਆਂ ਦਿੰਦਿਆਂ ਅਰਦਾਸ ਕੀਤੀ ਕਿ ਅਕਾਲ ਪੁਰਖ ਸਾਰੀ ਮਨੁੱਖਤਾ 'ਤੇ ਆਪਣੀ ਕਿਰਪਾ ਬਣਾਈ ਰੱਖਣ ਅਤੇ ਸਿੱਖ ਕੌਮ ਨੂੰ ਗੁਰੂ ਸਾਹਿਬਾਨ ਦੀਆਂ ਸਿਖਿਆਵਾਂ ਅਨੁਸਾਰ ਜੀਵਨ ਜੀਊਣ ਦੀ ਪ੍ਰੇਰਣਾ ਬਖ਼ਸ਼ਣ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਜੀਤ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਤੋਂ ਬਾਅਦ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਕਥਾ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਸਮੇਰ ਸਿੰਘ ਲਾਛੜੂ, ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸਤਬੀਰ ਸਿੰਘ ਧਾਮੀ, ਸਕੱਤਰ ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ਼ਹਿਬਾਜ਼ ਸਿੰਘ, ਮੀਤ ਸਕੱਤਰ ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਨਿਸ਼ਾਨ ਸਿੰਘ ਤੇ ਮਲਕੀਤ ਸਿੰਘ ਬਹਿੜਵਾਲ, ਵਧੀਕ ਮੈਨੇਜਰ ਬਿਕਰਮਜੀਤ ਸਿੰਘ ਝੰਗੀ, ਗੁਰਤਿੰਦਰਪਾਲ ਸਿੰਘ, ਮੀਤ ਮੈਨੇਜਰ ਦਿਲਬਾਗ ਸਿੰਘ, ਬਲਵਿੰਦਰ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

# 'ਆਈਡੀਆ ਟੂ ਇਮਪੈਕਟ: ਇਕ ਸਟਾਰਟਅੱਪ ਡੈਸਟੀਨੇਸ਼ਨ ਵਜੋਂ ਪੰਜਾਬ ਦੀ ਯਾਤਰਾ'- ਸੈਸ਼ਨ ਨੇ ਰਾਜ ਦੇ ਮਜ਼ਬੂਤ ਈਕੋਸਿਸਟਮ ਤੇ ਯੂਨੀਕੋਰਨ ਸਟਾਰਟਅੱਪਸ ਨੂੰ ਉਤਸ਼ਾਹਿਤ ਕਰਨ ਦੇ ਦ੍ਰਿਸ਼ਟੀਕੋਣ 'ਤੇ ਰੌਸ਼ਨੀ ਪਾਈ

ਚੰਡੀਗੜ੍ਹ/ਐੱਸ.ਏ.ਐੱਸ.ਨਗਰ, 14 ਮਾਰਚ (ਚ.ਨ.ਸ.): ਪੰਜਾਬ ਨਿਵੇਸ਼ ਸੰਮੇਲਨ ਦੇ ਦੂਜੇ ਦਿਨ "ਆਈਡੀਆ ਟੂ ਇਮਪੈਕਟ: ਪੰਜਾਬ ਦੀ ਇਕ ਸਟਾਰਟਅੱਪ ਡੈਸਟੀਨੇਸ਼ਨ ਵਜੋਂ ਯਾਤਰਾ" ਸਿਰਲੇਖ ਤਹਿਤ ਹੋਏ ਬਹੁਤ ਹੀ ਦਿਲਚਸਪ ਸੈਸ਼ਨ ਦੌਰਾਨ ਸੂਬੇ ਦੀ ਉੱਭਰ ਰਹੀ ਉੱਦਮੀ ਦਿਖ ਨੂੰ ਸਾਹਮਣੇ ਲਿਆਂਦਾ।"ਇਸ ਸੈਸ਼ਨ ਨੇ ਪੰਜਾਬ ਨੂੰ ਨਵੀਨਤਾ ਅਤੇ ਯੂਨੀਕੋਰਨ ਸਟਾਰਟਅੱਪਸ ਲਈ ਇੱਕ ਪ੍ਰਮੁੱਖ ਧੁਰੇ ਵਿੱਚ ਬਦਲਣ ਦੇ ਰਣਨੀਤਕ ਦ੍ਰਿਸ਼ਟੀਕੋਣ 'ਤੇ ਚਰਚਾ ਕਰਨ ਲਈ ਉੱਚ ਸਰਕਾਰੀ ਅਧਿਕਾਰੀਆਂ, ਉਦਯੋਗ ਦੇ ਦਿੱਗਜਾਂ ਅਤੇ ਸਟਾਰਟਅੱਪ ਉਦਮੀਆਂ ਨੂੰ ਇਕ ਮੰਚ ਤੇ ਲਿਆਂਦਾ। ਵੱਡੇ ਪੈਮਾਨੇ ਤੇ ਵਿਕਾਸ ਨੂੰ ਸਮਰਥਨ ਦੇਣ ਲਈ ਸੂਬੇ ਦੀ ਤਿਆਰੀ ਨੂੰ ਉਜਾਗਰ ਕਰਦੇ ਹੋਏ, ਪੰਜਾਬ ਵਿਕਾਸ ਕਮਿਸ਼ਨ ਦੀ ਚੇਅਰਪਰਸਨ, ਸੀਮਾ ਬਾਂਸਲ ਨੇ ਸੈਸ਼ਨ ਨੂੰ ਇੱਕ ਮਜ਼ਬੂਤ ਅਤੇ ਹਾਂਪੱਖੀ ਦਿਸ਼ਾ ਦਿੱਤੀ। ਉਨ੍ਹਾਂ ਕਿਹਾ, "ਪੰਜਾਬ ਵਿੱਚ, ਸਾਡੇ ਕੋਲ ਕਾਰੋਬਾਰ ਅਤੇ ਨਵੀਨਤਾ ਲਈ ਇੱਕ ਸ਼ਾਨਦਾਰ ਅਤੇ ਬਹੁਤ ਸਹਾਇਕ ਈਕੋਸਿਸਟਮ ਹੈ।" ਜਦੋਂ ਅਸੀਂ ਅੱਜ ਦੇ ਸਫਲ ਤਕਨੀਕੀ ਯੂਨੀਕੋਰਨ ਸਟਾਰਟਅੱਪਸ 'ਤੇ ਨਜ਼ਰ ਮਾਰਦੇ ਹਾਂ, ਤਾਂ ਇਹ ਜਾਹਰਾ ਤੌਰ ਤੇ ਸਾਹਮਣੇ ਆਉਂਦਾ ਹੈ ਕਿ ਸਾਡੇ ਕੋਲ ਅਜਿਹੇ ਵਿਕਾਸ ਨੂੰ ਸਮਰਥਨ ਦੇਣ ਲਈ ਸਾਰੇ ਲੋੜੀਂਦੇ ਬੁਨਿਆਦੀ ਪਹਿਲੂ ਮੌਜੂਦ ਹਨ। ਸਾਡਾ ਧਿਆਨ ਹੁਣ ਇਸ ਗੱਲ 'ਤੇ ਹੋਣਾ ਚਾਹੀਦਾ ਹੈ ਕਿ ਅਸੀਂ ਰਾਜ ਵਿੱਚ ਯੂਨੀਕੋਰਨ ਸਟਾਰਟਅੱਪਸ ਦੀ ਸਥਾਪਤੀ ਅਤੇ ਉਨ੍ਹਾਂ ਦੇ ਵਿਕਾਸ ਲਈ ਇਸ ਈਕੋਸਿਸਟਮ ਨੂੰ ਕਿਵੇਂ ਮਾਪ ਸਕਦੇ ਹਾਂ।"

ਇਸ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦੇ ਹੋਏ, ਉਦਯੋਗ ਅਤੇ ਵਣਜ ਵਿਭਾਗ



ਦੀ ਡਾਇਰੈਕਟਰ, ਸੁਰਭੀ ਮਲਿਕ ਨੇ ਪੰਜਾਬ ਸਰਕਾਰ ਦੁਆਰਾ ਉਠਾਏ ਗਏ ਸਰਗਰਮ ਕਦਮਾਂ ਬਾਰੇ ਦੱਸਿਆ। ਇੱਕ ਵਿਸਥਾਰਤ ਪੇਸ਼ਕਾਰੀ ਰਾਹੀਂ ਉਨ੍ਹਾਂ ਨੇ ਸਟਾਰਟਅੱਪ ਈਕੋਸਿਸਟਮ ਨੂੰ ਸਰਗਰਮੀ ਨਾਲ ਹੁਲਾਰਾ ਦੇਣ ਅਤੇ ਨਵੇਂ ਉੱਦਮਾਂ ਲਈ ਰਾਹ ਪੱਧਰਾ ਕਰਨ ਲਈ ਰਾਜ ਦੁਆਰਾ ਮੌਜੂਦਾ ਸਮੇਂ ਵਿੱਚ ਪ੍ਰਦਾਨ ਕੀਤੇ ਜਾ ਰਹੇ ਵਿਆਪਕ ਵਿੱਤੀ ਤੇ ਗੈਰ-ਵਿੱਤੀ ਪ੍ਰੋਤਸਾਹਨਾਂ ਦੀ ਰੂਪਰੇਖਾ ਦਿੱਤੀ। ਹੀਰੋ ਸਾਈਕਲ ਅਤੇ ਐਮ.ਬੀ.ਸੀ.ਆਈ.ਈ ਦੇ ਐਮਡੀ ਐਸ.ਕੇ. ਰਾਏ ਨੇ ਆਪਣੇ ਸੰਬੋਧਨ ਦੀ ਸ਼ੁਰੂਆਤ ਉਰਦੂ ਦੇ ਦੋਹੇ, "ਹੰਗਾਮਾ ਸ਼ੁਰੂ ਕਰਨਾ ਮੇਰਾ ਮਕਸੂਦ ਨਹੀਂ" ਨਾਲ ਕਰਕੇ ਦਰਸ਼ਕਾਂ ਦਾ ਧਿਆਨ ਖਿਚਿਆ। ਉਨ੍ਹਾਂ ਨੇ ਸੂਬਾ ਸਰਕਾਰ ਦੁਆਰਾ ਪ੍ਰਦਾਨ ਕੀਤੀ ਗਈ ਸਹਾਇਤਾ ਨੂੰ ਪੂਰਾ ਕਰਨ ਲਈ ਵਿਕਲਪਿਤ ਫੰਡਿੰਗ ਰੂਟਾਂ ਦੇ ਵਿਕਾਸ ਦੀ ਜ਼ੋਰਦਾਰ ਵਕਾਲਤ ਕੀਤੀ। ਆਈ.ਆਈ.ਟੀ ਰੁੜਕੀ ਦੁਆਰਾ ਵਿਕਸਤ ਕੀਤੇ ਗਏ ਇੱਕ ਸਫਲ ਮਾਡਲ, ਜਿਸਨੇ 24,000 ਤੋਂ ਵੱਧ ਨਿਵੇਸ਼ਕਾਂ ਨੂੰ ਸਟਾਰਟਅੱਪ ਵਿੱਚ ਪ੍ਰਤੀ ਨਿਵੇਸ਼ਕ ਘੱਟੋ-ਘੱਟ 1,00,000 ਰੁਪਏ ਨਿਵੇਸ਼ ਕਰਨ ਲਈ ਪ੍ਰੇਰਿਤ ਕੀਤਾ, ਦਾ ਹਵਾਲਾ ਦਿੰਦਿਆਂ ਉਨ੍ਹਾਂ ਦਲੀਲ ਦਿੱਤੀ ਕਿ ਸਟਾਰਟਅੱਪ ਵਿੱਚ ਨਿਵੇਸ਼ ਕਰਨਾ ਨਿਵੇਸ਼ ਦੇ ਸਭ ਤੋਂ ਸੁਰੱਖਿਅਤ ਰੂਪਾਂ ਵਿੱਚੋਂ ਇੱਕ ਹੈ। ਪੰਜਾਬੀਆਂ ਦੀ ਅੰਦਰੂਨੀ ਉੱਦਮੀ ਭਾਵਨਾ ਦੀ ਪ੍ਰਸ਼ੰਸਾ ਕਰਦੇ ਹੋਏ, ਉਨ੍ਹਾਂ ਨੇ ਆਪਣੇ ਭਾਸ਼ਣ ਦੀ ਸਮਾਪਤੀ "ਹਮ ਤੋ ਦਰਯਾ ਹੈਂ ਹਮੇ ਅਪਨਾ ਹੁਨਰ ਮਾਲੂਮ ਹੈ" ਦੇ ਉਤਸ਼ਾਹੀ ਦੋਹੇ ਨਾਲ ਕੀਤੀ।

ਇਸ ਤੋਂ ਪਹਿਲਾਂ ਸੈਸ਼ਨ ਵਿੱਚ, ਟੀ.ਆਈ.ਈ ਚੰਡੀਗੜ੍ਹ ਦੇ ਪ੍ਰਧਾਨ ਪੁਨੀਤ ਵਰਮਾ ਨੇ ਸਟਾਰਟਅੱਪਸ ਨੂੰ ਫੰਡਿੰਗ ਤੇ ਹੈਂਡਹੋਲਡਿੰਗ ਵਿੱਚ ਆਪਣੀ ਸੰਸਥਾ ਦੇ ਵਿਆਪਕ ਉਪਰਾਲਿਆਂ 'ਤੇ ਚਾਨਣਾ ਪਾਇਆ। ਉਭਰਦੇ ਉੱਦਮੀਆਂ ਦੀਆਂ ਮੁੱਖ ਚਿੰਤਾਵਾਂ ਨੂੰ ਸੰਬੋਧਿਤ ਕਰਦੇ ਹੋਏ, ਵਰਮਾ ਨੇ ਕਿਹਾ, "ਜਦੋਂ ਲੋਕ ਸਾਡੀ ਗੱਲ ਸੁਣ ਰਹੇ ਹੁੰਦੇ ਹਨ, ਤਾਂ ਉਹ ਅਸਲ ਵਿੱਚ ਇਹ ਪੁੱਛਣਾ ਚਾਹੁੰਦੇ ਹਨ ਕਿ ਇੱਕ ਕੰਪਨੀ ਨੂੰ ਹੋਰ ਸਫਲ ਕੀ ਬਣਾਉਂਦਾ ਹੈ? ਲਗਭਗ 1993 ਤੋਂ, ਅਸੀਂ ਇਸ ਗੱਲ 'ਤੇ ਧਿਆਨ ਕੇਂਦਰਿਤ ਕੀਤਾ ਹੈ ਕਿ ਅਸੀਂ ਤੁਹਾਨੂੰ ਕਿਵੇਂ ਸਿੱਖਿਅਤ ਕਰ ਸਕਦੇ ਹਾਂ, ਅਸੀਂ ਬਾਜ਼ਾਰ ਵਿੱਚ ਤੁਹਾਡੀ ਹੋਂਦ ਕਿਵੇਂ ਬਣਾ ਸਕਦੇ ਹਾਂ ਤੇ ਤੁਹਾਡੇ ਵਿਕਾਸ ਵਿੱਚ ਕਿਵੇਂ ਮਦਦ ਕਰ ਸਕਦੇ ਹਾਂ।"

ਸੰਵਾਦ ਨੂੰ ਅੱਗੇ ਵਧਾਉਂਦੇ ਹੋਏ, ਪੰਜਾਬ ਇਨੋਵੇਸ਼ਨ ਮਿਸ਼ਨ ਦੇ ਸੀਈਓ ਸੋਮਵੀਰ ਆਨੰਦ ਨੇ "ਸਟਾਰਟਅੱਪ ਪੰਜਾਬ" ਪਹਿਲਕਦਮੀ ਨਾਲ ਨੇੜਿਓਂ ਕੰਮ ਕਰਨ ਤੋਂ ਆਪਣੇ ਵਿਹਾਰਕ ਤਜ਼ਰਬੇ ਸਾਂਝੇ ਕੀਤੇ , ਨਵੀਨਤਾ ਨੂੰ ਉਤਸ਼ਾਹਿਤ ਕਰਨ ਦੀਆਂ ਜ਼ਮੀਨੀ ਹਕੀਕਤਾਂ 'ਤੇ ਹੋਰ ਜ਼ੋਰ ਦਿੱਤਾ। ਇਸ ਗਤੀਸ਼ੀਲ ਚਰਚਾ ਦਾ ਮਾਰਗਦਰਸ਼ਨ ਕੇਪੀਐਮਜੀ ਵਿਖੇ ਫੂਡ, ਐਗਰੀਕਲਚਰ ਤੇ ਅਲਾਈਡ ਸਰਵਿਸਿਜ਼ ਦੇ ਲੀਡ, ਸੈਸ਼ਨ ਸੰਚਾਲਕ ਹਿਮਾਂਸ਼ੂ ਰਤਨ ਦੁਆਰਾ ਮਾਹਿਰ ਢੰਗ ਨਾਲ ਕੀਤਾ ਗਿਆ। ਇਹ ਸੈਸ਼ਨ ਅੰਤ ਵਿੱਚ ਇੱਕ ਉਸਾਰੂ ਖੁੱਲ੍ਹੀ ਚਰਚਾ ਨਾਲ ਸਮਾਪਤ ਹੋਇਆ, ਜਿਸ ਨਾਲ ਹਾਜ਼ਰ ਸ਼ਖਸੀਅਤਾਂ ਨੂੰ ਪੈਨਲ ਨਾਲ ਸਿੱਧੀ ਗੱਲਬਾਤ ਕਰਨ ਦਾ ਮੌਕਾ ਮਿਲਿਆ, ਜਿਸ ਤੋਂ ਬਾਅਦ ਮੁੱਖ ਬੁਲਾਰਿਆਂ ਦਾ ਰਸਮੀ ਸਨਮਾਨ ਕੀਤਾ ਗਿਆ।

# ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ "ਪੁਰਜਿਆਂ ਤੋਂ ਪਲੈਟਫਾਰਮਾਂ ਤੱਕ" ਵਿਸ਼ੇ ਤਹਿਤ ਸਾਈਕਲ ਤੇ ਈ-ਬਾਈਕਸ- ਆਲਮੀ ਬਾਜ਼ਾਰਾਂ ਲਈ ਪੰਜਾਬ ਦੇ ਅਗਲੇ ਪੀੜ੍ਹੀ ਦੇ ਸਾਈਕਲ"

ਚੰਡੀਗੜ੍ਹ, 14 ਮਾਰਚ (ਚ.ਨ.ਸ.): "ਪੁਰਜ਼ਿਆਂ ਤੋਂ ਪਲੇਟਫਾਰਮਾਂ ਤੱਕ- ਆਲਮੀ ਬਾਜ਼ਾਰਾਂ ਲਈ ਪੰਜਾਬ ਦੇ ਅਗਲੇ ਪੀੜ੍ਹੀ ਦੇ ਸਾਈਕਲ" ਵਿਸ਼ੇ ਹੇਠ "ਸਾਈਕਲ ਅਤੇ ਈ-ਬਾਈਕਸ" ਸਿਰਲੇਖ ਵਾਲੇ ਸੈਸ਼ਨ ਨੇ ਸੂਬੇ ਦੇ ਇੱਕ ਵਿਸ਼ਵਵਿਆਪੀ ਨਿਰਮਾਣ ਕੇਂਦਰ ਵਜੋਂ ਵਧ ਰਹੇ ਰੁਤਬੇ ਨੂੰ ਉਭਾਰਿਆ। ਇਸ ਸੈਸ਼ਨ ਦੌਰਾਨ ਉਦਯੋਗ ਖੇਤਰ ਦੇ ਆਗੂਆਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਨੀਤੀ ਸਥਿਰਤਾ, ਤਕਨੀਕੀ ਪੱਖੋਂ ਸਮੇਂ ਦਾ ਹਾਣੀ ਹੋਣ ਤੇ ਈਕੋਸਿਸਟਮ ਇਕਜੁੱਟਤਾ ਵਿਸਥਾਰ ਦੇ ਅਗਲੇ ਪੜਾਅ ਨੂੰ ਹੋਰ ਅੱਗੇ ਵਧਾਉਣਗੇ। ਇਸ ਮੌਕੇ 'ਤੇ ਬੋਲਦਿਆਂ, ਐਵੋਨ ਸਾਈਕਲਜ਼ ਦੇ ਚੇਅਰਮੈਨ ਅਤੇ ਪ੍ਰਬੰਧਕੀ ਨਿਰਦੇਸ਼ਕ, ਓਂਕਾਰ ਸਿੰਘ ਪਾਹਵਾ ਨੇ ਕਿਹਾ ਕਿ ਪੰਜਾਬ ਸਪੱਸ਼ਟ ਸਮਾਂ-ਸੀਮਾਵਾਂ, ਡਿਜੀਟਲਾਈਜ਼ਡ ਪ੍ਰਵਾਨਗੀਆਂ ਅਤੇ ਸੌਖੀ ਪ੍ਰਕਿਰਿਆ ਨਾਲ ਲਗਾਤਾਰ ਇੱਕ ਕਾਰੋਬਾਰ-ਅਨੁਕੂਲ ਵਾਤਾਵਰਣ ਸਿਰਜ ਰਿਹਾ ਹੈ, ਜੋ ਉੱਦਮੀਆਂ ਨੂੰ ਟੀਚਿਆਂ ਨੂੰ ਅਮਲੀਰੂਪ ਦੇਣ ਅਤੇ ਨਵੀਨਤਾ 'ਤੇ ਧਿਆਨ ਕੇਂਦਰਿਤ ਕਰਨ ਦੇ ਯੋਗ ਬਣਾਉਂਦਾ ਹੈ। ਭਵਿੱਖੀ ਸੰਭਾਵਨਾਵਾਂ ਦਾ ਅਨੁਮਾਨ ਲਾਉਣ ਅਤੇ ਨਿਰੰਤਰ ਉੱਦਮ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਘੱਟ ਪ੍ਰਕਿਰਿਆਵੀ ਬੋਝ, ਐਮ.ਐਸ.ਈ ਲਈ ਵਿਸਥਾਰਤ ਸਵੈ-ਪ੍ਰਮਾਣੀਕਰਨ ਅਤੇ ਸਿੰਗਲ ਪੁਆਇੰਟ ਰਜਿਸਟ੍ਰੇਸ਼ਨ ਵਰਗੀਆਂ ਪਹਿਲਕਦਮੀਆਂ ਪ੍ਰੋਜੈਕਟ ਲਾਗੂ ਕਰਨ ਨੂੰ ਤੇਜ਼ ਕਰਨਗੀਆਂ ਅਤੇ ਨਿਵੇਸ਼ ਨੂੰ ਰੁਜ਼ਗਾਰ, ਨਿਰਯਾਤ ਤੇ ਉਦਯੋਗਿਕ ਉਤਪਾਦਨ ਵਿੱਚ ਬਦਲ ਦੇਣਗੀਆਂ। ਇਸ ਵਿਸ਼ੇ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਕੋਲ ਸਾਈਕਲ ਨਿਰਮਾਣ ਦੀ ਮਜ਼ਬੂਤ ਵਿਰਾਸਤ ਹੈ, ਜਿਸ ਵਿੱਚ 4000 ਤੋਂ ਵੱਧ ਐਮ.ਐਸ.ਐਮ.ਈ ਉਤਪਾਦਕ ਅਤੇ 100 ਤੋਂ ਵੱਧ ਦਰਮਿਆਨੇ ਅਤੇ ਵੱਡੇ



ਸਾਈਕਲ ਨਿਰਮਾਤਾ ਸਾਂਝੇ ਤੌਰ 'ਤੇ ਸਾਲਾਨਾ ਲਗਭਗ 2.2 ਮਿਲੀਅਨ ਸਾਈਕਲਾਂ ਦਾ ਉਤਪਾਦਨ ਕਰਦੇ ਹਨ, ਜੋ ਭਾਰਤ ਨੂੰ ਸਭ ਤੋਂ ਵੱਡੇ ਸਾਈਕਲ ਉਤਪਾਦਕ ਦੇਸ਼ਾਂ ਵਿੱਚੋਂ ਇੱਕ ਬਣਾਉਂਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਕੰਪੋਨੈਂਟਾਂ ਅਤੇ ਕੱਚੇ ਮਾਲ ਦੀਆਂ ਸਮਰੱਥਾਵਾਂ ਦਾ ਵੱਡਾ ਹਿੱਸਾ ਰੱਖਦਾ ਹੈ ਅਤੇ ਵਿਸ਼ਵ ਪੱਧਰੀ ਟਾਇਰ ਨਿਰਮਾਣ ਸਮਰੱਥਾ ਇਸ ਖੇਤਰ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਦੀ ਹੈ।

ਪੁਰਜੇ ਨਿਰਮਾਣ-ਕੇਂਦਰਿਤ ਉਤਪਾਦਨ ਤੋਂ ਪਲੇਟਫਾਰਮ-ਅਧਾਰਤ ਨਿਰਮਾਣ ਵੱਲ ਤਬਦੀਲੀ 'ਤੇ ਜ਼ੋਰ ਦਿੰਦੇ ਹੋਏ ਸ੍ਰੀ ਪਾਹਵਾ ਨੇ ਕਿਹਾ ਕਿ ਆਧੁਨਿਕ ਖਪਤਕਾਰ ਸੁਰੱਖਿਆ, ਟਿਕਾਊਪਣ, ਆਰਾਮ, ਕਾਰਗੁਜ਼ਾਰੀ ਅਤੇ ਇਲੈਕਟ੍ਰਿਕ ਸਹਾਇਕ ਗਤੀਸ਼ੀਲਤਾ ਵਰਗੇ ਪੱਖਾਂ ਨੂੰ ਤਵੱਜੋ ਦਿੰਦੇ ਹਨ। ਉਨ੍ਹਾਂ ਕਿਹਾ ਕਿ ਈ-ਬਾਈਕ, ਈ-ਸਕੂਟਰ, ਫਿਟਨੈਸ ਉਪਕਰਣ ਅਤੇ ਪ੍ਰੀਮੀਅਮ ਨਿਰਯਾਤ-ਮੁਖੀ ਸਾਈਕਲਾਂ ਸਮੇਤ ਵੱਖ-ਵੱਖ ਨਿਰਮਾਣ, ਨਿਰੰਤਰ ਵਿਕਾਸ ਲਈ ਉੱਭਰ ਰਿਹਾ ਰਸਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਵਿਸ਼ਵ ਬਾਜ਼ਾਰ ਇਕਸਾਰਤਾ, ਦਸਤਾਵੇਜ਼ੀ ਅਨੁਸ਼ਾਸਨ ਅਤੇ ਮਜ਼ਬੂਤ ਗੁਣਵੱਤਾ ਯਕੀਨ ਦੀ ਮੰਗ ਕਰਦੇ ਹਨ, ਜਿਸ ਨਾਲ ਪਲੇਟਫਾਰਮ ਅਧਾਰਤ ਸਮਰੱਥਾ ਨਿਰਮਾਣ ਲੰਬੇ ਸਮੇਂ ਦੀ ਬਰਾਮਦੀ ਮੁਕਾਬਲੇਬਾਜ਼ੀ ਲਈ ਬੁਨਿਆਦੀ ਹੋ ਜਾਂਦਾ ਹੈ। ਰਾਲਸਨ ਇੰਡੀਆ ਦੇ ਚੇਅਰਮੈਨ ਅਤੇ ਪ੍ਰਬੰਧਕੀ ਨਿਰਦੇਸ਼ਕ, ਸ੍ਰੀ ਸੰਜੀਵ ਪਾਹਵਾ ਨੇ ਸਾਈਕਲ ਉਦਯੋਗ ਵਿਕਾਸ ਦੇ ਇਤਿਹਾਸਕ ਸਫਰ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਲੁਧਿਆਣਾ ਆਜ਼ਾਦੀ ਤੋਂ ਬਾਅਦ ਦੇ ਸ਼ੁਰੂਆਤੀ ਸਾਲਾਂ ਵਿੱਚ ਵਾਜਿਬ ਗਤੀਸ਼ੀਲ ਸਾਧਨਾ ਦੇ ਇੱਕ ਮੁੱਖ ਕੇਂਦਰ ਵਜੋਂ ਉਭਰਿਆ ਜਿਸਦਾ ਪ੍ਰੇਰਕ ਪਹਿਲੂ ਰੈਗੂਲੇਟਰੀ ਚੁਣੌਤੀਆਂ ਦੇ ਬਾਵਜੂਦ ਉੱਦਮੀ ਭਾਵਨਾ ਅਤੇ ਨਵੀਨਤਾ ਦੁਆਰਾ ਸੰਚਾਲਿਤ ਹੋਣਾ ਸੀ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ 1970 ਅਤੇ 1980 ਦੇ ਦਹਾਕੇ ਦੌਰਾਨ ਸਵਦੇਸ਼ੀ ਤਕਨਾਲੋਜੀ ਅਤੇ ਸਹਾਇਕ ਈਕੋਸਿਸਟਮ ਨੇ ਟਾਇਰ ਅਤੇ ਟਿਊਬ ਨਿਰਮਾਣ ਉਦਯੋਗਾਂ ਦੇ ਵਿਕਾਸ ਨੂੰ ਸਮਰੱਥ ਬਣਾਇਆ, ਜੋ ਅੱਜ ਘਰੇਲੂ ਅਤੇ ਆਲਮੀ ਬਾਜ਼ਾਰਾਂ ਵਿਚ ਆਪਣਾ ਦਰਜਾ ਰੱਖਦੇ ਹਨ। ਉਨ੍ਹਾਂ ਕਿਹਾ ਕਿ ਇਸ ਖੇਤਰ ਸਾਈਕਲਾਂ ਨੂੰ ਖੇਡਾਂ, ਮਨੋਰੰਜਨ, ਸਿਹਤ ਅਤੇ ਟਿਕਾਊ ਸ਼ਹਿਰੀ ਗਤੀਸ਼ੀਲਤਾ ਦੇ ਸਾਧਨ ਵਜੋਂ ਮੁੜ ਸਥਾਪਿਤ ਕਰਕੇ ਆਪਣੇ ਆਪ ਨੂੰ ਮੁੜ ਸੁਰਜੀਤ ਕਰਨ ਦੀ ਬਹੁਤ ਲੋੜ ਹੈ। ਉੱਚਗੁਣਵੱਤਾ, ਖੋਜ ਅਤੇ ਵਿਕਾਸ ਵਿੱਚ ਨਿਵੇਸ਼, ਉੱਨਤ ਸਮੱਗਰੀ ਅਤੇ ਸਪਲਾਈ ਚੇਨ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਨੇ ਰਾਜ ਦੀ ਪ੍ਰਗਤੀਸ਼ੀਲ ਉਦਯੋਗਿਕ ਨੀਤੀ ਦਾ ਸਵਾਗਤ ਕੀਤਾ, ਜੋ ਪੂੰਜੀ ਨਿਵੇਸ਼ ਅਤੇ ਤਕਨੀਕੀ ਅਪਗ੍ਰੇਡੇਸ਼ਨ ਨੂੰ ਉਤਸ਼ਾਹਿਤ ਕਰਦੀ ਹੈ। ਹਾਰਟੈਕਸ ਰਬੜ ਦੇ ਡਾਇਰੈਕਟਰ ਵਰੁਣ ਸੁਰੇਕਾ ਨੇ ਕਿਹਾ ਕਿ ਪੰਜਾਬ ਇੱਕ ਸਹਾਇਕ ਉਦਯੋਗਿਕ ਵਾਤਾਵਰਣ, ਮਜ਼ਬੂਤ ਨਿਰਮਾਣ ਵਾਤਾਵਰਣ ਪ੍ਰਣਾਲੀ ਅਤੇ ਸਹਿਯੋਗੀ ਵਪਾਰਕ ਸੱਭਿਆਚਾਰ ਦੀ ਪੇਸ਼ਕਸ਼ ਕਰਦਾ ਹੈ, ਜੋ ਇਸਨੂੰ ਨਵੇਂ ਨਿਵੇਸ਼ਾਂ ਲਈ ਇੱਕ ਆਕਰਸ਼ਕ ਸਥਾਨ ਬਣਾਉਂਦਾ ਹੈ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਏਕੀਕ੍ਰਿਤ ਗਤੀਸ਼ੀਲਤਾ ਪ੍ਰਣਾਲੀ, ਉੱਚ ਸਟੀਕੀ ਇੰਜੀਨੀਅਰਿੰਗ, ਇਲੈਕਟ੍ਰਾਨਿਕ ਏਕੀਕਰਣ ਤੇ ਪਾਲਣਾ-ਸੰਚਾਲਿਤ ਨਿਰਮਾਣ ਪ੍ਰਣਾਲੀਆਂ ਸਾਈਕਲ ਖੇਤਰ ਦੇ ਭਵਿੱਖ ਨੂੰ ਪਰਿਭਾਸ਼ਿਤ ਕਰਨਗੀਆਂ। ਮਸ਼ੀਨ ਸਮਰੱਥਾ, ਪ੍ਰਕਿਰਿਆ ਅਨੁਸ਼ਾਸਨ ਅਤੇ ਹੁਨਰਮੰਦ ਮਨੁੱਖੀ ਸ਼ਕਤੀ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਲੰਬੇ ਸਮੇਂ ਦੀ ਭਾਈਵਾਲੀ, ਨਵੀਨਤਾ ਅਤੇ ਇਕਸਾਰ ਉਤਪਾਦ ਗੁਣਵੱਤਾ ਆਲਮੀ ਭਰੋਸਾ ਜਿੱਤਣ ਅਤੇ ਬਰਾਮਦ ਮਜ਼ਬੂਤੀ ਨੂੰ ਵਧਾਉਣ ਲਈ ਬਹੁਤ ਮਹੱਤਵਪੂਰਨ ਹਨ। ਵਿਚਾਰਚਰਚਾ ਵਿਚਲੇ ਭਾਗੀਦਾਰਾਂ ਦਾ ਧੰਨਵਾਦ ਕਰਦੇ ਹੋਏ, ਫੂਡ ਪ੍ਰੋਸੈਸਿੰਗ ਵਿਭਾਗ ਦੀ ਪ੍ਰਮੁੱਖ ਸਕੱਤਰ ਰਾਖੀ ਗੁਪਤਾ ਭੰਡਾਰੀ ਨੇ ਉਦਯੋਗ ਖੇਤਰ ਦੇ ਆਗੂਆਂ ਦੁਆਰਾ ਸਾਂਝੇ ਕੀਤੇ ਗਏ ਸੁਝਾਵਾਂ ਦੀ ਸ਼ਲਾਘਾ ਕੀਤੀ ਅਤੇ ਮੁਸਲਸਲ ਖੇਤਰੀ ਵਿਕਾਸ ਲਈ, ਨੀਤੀ ਸਹਾਇਤਾ, ਹੁਨਰ ਵਿਕਾਸ, ਸੁਰੱਖਿਆ ਮਿਆਰਾਂ ਅਤੇ ਉਚਪਾਏ ਦੇ ਉਤਪਾਦਾਂ ਦੀ ਜਗ੍ਹਾ ਦੇ ਮਹੱਤਵ ਨੂੰ ਉਜਾਗਰ ਕੀਤਾ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਖਪਤਕਾਰਾਂ ਖਾਸਕਰ ਨੌਜਵਾਨਾਂ ਦੀਆਂ ਖਾਹਸ਼ਾਂ ਡਿਜ਼ਾਈਨ ਨਵੀਨਤਾ, ਤਕਨਾਲੋਜੀ ਅਪਣਾਉਣ ਅਤੇ ਵੱਖ-ਵੱਖ ਐਪਲੀਕੇਸ਼ਨਾਂ ਦੀ ਮੰਗ ਕਰਦੀਆਂ ਹਨ, ਜਿਸ ਵਿੱਚ ਸੈਰ-ਸਪਾਟਾ ਗਤੀਸ਼ੀਲਤਾ ਅਤੇ ਰੀਕਰੀਏਸ਼ਨਲ ਸਾਈਕਲਿੰਗ ਸ਼ਾਮਲ ਹਨ। ਉਨ੍ਹਾਂ ਉਦਯੋਗ ਖੇਤਰ ਦੇ ਭਾਗੀਦਾਰਾਂ ਨੂੰ ਮਜ਼ਬੂਤ ਪਲੇਟਫਾਰਮ ਈਕੋਸਿਸਟਮ ਬਣਾਉਣ ਦੀ ਅਪੀਲ ਕੀਤੀ, ਜੋ ਲੋਕਾਂ, ਉਤਪਾਦ ਸਮਰੱਥਾਵਾਂ ਅਤੇ ਪ੍ਰਕਿਰਿਆਵਾਂ ਨੂੰ ਆਪਸ ਵਿਚ ਲੜੀ ਵਿਚ ਪ੍ਰੋਏ , ਤਾਂ ਜੋ ਪੰਜਾਬ ਨੂੰ ਅਗਲੀ ਪੀੜ੍ਹੀ ਦੇ ਸਾਈਕਲ ਨਿਰਮਾਣ ਖੇਤਰ ਵਿਚ ਇੱਕ ਆਲਮੀ ਆਗੂ ਵਜੋਂ ਸਥਾਪਿਤ ਕੀਤਾ ਜਾ ਸਕੇ।

# ਪੰਜਾਬ ਨਿਵੇਸ਼ਕ ਸੰਮੇਲਨ 2026-ਹਸਪਤਾਲ ਤੇ ਸਿਹਤ ਸੰਭਾਲ : ਡਾ. ਬਲਬੀਰ ਸਿੰਘ

ਚੰਡੀਗੜ੍ਹ/ਮੋਹਾਲੀ, 14 ਮਾਰਚ (ਚ.ਨ.ਸ.): ਸਿਹਤ ਨੂੰ ਮੌਲਿਕ ਅਧਿਕਾਰ ਦੱਸਦੇ ਹੋਏ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਸਾਰਿਆਂ ਲਈ ਮਿਆਰੀ ਸਿਹਤ ਸੰਭਾਲ ਪਹੁੰਚਯੋਗ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੰਦਿਆਂ ਪੰਜਾਬ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਨਿੱਜੀ ਹਸਪਤਾਲਾਂ ਨੂੰ ਸਰਕਾਰੀ ਯੋਜਨਾਵਾਂ ਤਹਿਤ ਮਰੀਜ਼ਾਂ ਲਈ ਕਿਫਾਇਤੀ ਸਿਹਤ ਸੰਭਾਲ ਯਕੀਨਾ ਬਣਾਉਣ ਲਈ ਘੱਟੋ-ਘੱਟ 20 ਫੀਸਦ ਬੈੱਡ ਰਾਖਵੇਂ ਰੱਖਣ ਦੀ ਅਪੀਲ ਕੀਤੀ ਹੈ। ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਦੇ ਦੂਜੇ ਦਿਨ ਹਸਪਤਾਲ ਅਤੇ ਸਿਹਤ ਸੇਵਾਵਾਂ ਵਿਸ਼ੇ ਤੇ ਹੋਏ ਸੈਸ਼ਨ ਨੂੰ ਸੰਬੋਧਨ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਸਰਕਾਰ ਅਤੇ ਕਾਰਪੋਰੇਟ ਖੇਤਰ ਦੇ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਵਾਲਿਆਂ ਵਿਚਕਾਰ ਮਜ਼ਬੂਤ ਸਹਿਯੋਗ ਇਕਸਾਰ ਅਤੇ ਬਰਾਬਰ ਅਧਾਰ ਤੇ ਸਿਹਤ ਸੇਵਾਵਾਂ ਯਕੀਨੀ ਬਣਾਉਣ ਲਈ ਬਹੁਤ ਲਾਜ਼ਮੀ ਹੈ।

ਡਾ. ਬਲਬੀਰ ਸਿੰਘ ਨੇ ਆਮ ਆਦਮੀ ਕਲੀਨਿਕਾਂ ਦੇ ਵਿਸਥਾਰ ਰਾਹੀਂ ਪੇਂਡੂ ਤੇ ਸ਼ਹਿਰੀ ਖੇਤਰਾਂ ਵਿੱਚ ਸਿਹਤ ਸੰਭਾਲ ਉਪਲਬਧਤਾ ਵਿਚਲੀਆਂ ਅਸਮਾਨਤਾਵਾਂ ਨੂੰ ਘਟਾਉਣ ਲਈ ਰਾਜ ਸਰਕਾਰ ਦੇ ਯਤਨਾਂ ਦਾ ਜਿਕਰ ਕੀਤਾ। ਉਨ੍ਹਾਂ ਕਿਹਾ, "ਪੰਜਾਬ ਸਰਕਾਰ ਨੇ ਪਿੰਡਾਂ ਵਿੱਚ 565 ਅਤੇ ਸ਼ਹਿਰੀ ਖੇਤਰਾਂ ਵਿੱਚ 318 ਕਲੀਨਿਕ ਸਥਾਪਤ ਕੀਤੇ ਹਨ। ਇਹ ਵਿਸ਼ੇਸ਼ ਤੌਰ ਤੇ ਅਜਿਹੀਆਂ ਸਹੂਲਤਾਂ ਪੱਖੋਂ ਪਛੜੇ ਇਲਾਕਿਆਂ ਵਿਚ ਸਥਾਪਤ ਕੀਤੇ ਗਏ ਹਨ। ਸਾਡਾ ਉਦੇਸ਼ ਸੂਬੇ ਦੇ ਦੂਰ-ਦੁਰਾਡੇ ਖੇਤਰਾਂ





ਨੂੰ ਵਿਸ਼ਵ ਪੱਧਰੀ ਸਿਹਤ ਸੰਭਾਲ ਸਹੂਲਤਾਂ ਪ੍ਰਦਾਨ ਕਰਨਾ ਹੈ।" ਕਾਰਪੋਰੇਟ ਹਸਪਤਾਲਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦੇ ਮੰਤਵਾਂ ਦੀ ਪੂਰਤੀ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੰਦੇ ਹੋਏ, ਡਾ. ਬਲਬੀਰ ਸਿੰਘ ਨੇ ਕਿਹਾ ਕਿ "ਨਿੱਜੀ ਹਸਪਤਾਲਾਂ ਵਿੱਚ ਘੱਟੋ-ਘੱਟ 20 ਫੀਸਦ ਬਿਸਤਰੇ ਉਨ੍ਹਾਂ ਮਰੀਜ਼ਾਂ ਲਈ ਰਾਖਵੇਂ ਰੱਖੇ ਜਾਣੇ ਚਾਹੀਦੇ ਹਨ ਜੋ ਇਲਾਜ ਦਾ ਖਰਚਾ ਨਹੀਂ ਝੱਲ ਸਕਦੇ। ਇਹ ਸੇਵਾਵਾਂ ਹਮੇਸ਼ਾ ਮੁਫ਼ਤ ਹੋਣ ਦੀ ਜ਼ਰੂਰਤ ਨਹੀਂ ਹੈ, ਕਿਉਂਕਿ ਹਸਪਤਾਲ ਸਰਕਾਰੀ ਸਿਹਤ ਯੋਜਨਾਵਾਂ ਰਾਹੀਂ ਮੁਆਵਜ਼ਾ ਪ੍ਰਾਪਤ ਕਰ ਸਕਦੇ ਹਨ, ਇਹ ਯਕੀਨੀ ਬਣਾਉਂਦੇ ਹੋਏ ਕਿ ਲੋੜਵੰਦਾਂ ਦੀ ਸਹਾਇਤਾ ਕਰਦੇ ਹੋਏ ਉਨ੍ਹਾਂ ਨੂੰ ਨੁਕਸਾਨ ਨਾ ਹੋਵੇ।"

ਸਿਹਤ ਖੇਤਰ ਵਿੱਚ ਮੌਕੇ ਤਲਾਸ਼ ਕਰਨ ਲਈ ਨਿਵੇਸ਼ਕਾਂ ਨੂੰ ਸੱਦਾ ਦਿੰਦੇ ਹੋਏ, ਪ੍ਰਮੁੱਖ ਸਕੱਤਰ ਸਿਹਤ ਤੇ ਪਰਿਵਾਰ ਭਲਾਈ, ਕੁਮਾਰ ਰਾਹੁਲ ਨੇ ਕਿਹਾ ਕਿ ਪੰਜਾਬ ਸਿਹਤ ਸੰਭਾਲ ਨਿਵੇਸ਼ਾਂ ਲਈ ਇੱਕ ਅਨੁਕੂਲ ਵਾਤਾਵਰਣ ਪ੍ਰਣਾਲੀ ਦੀ ਪੇਸ਼ਕਸ਼ ਕਰਦਾ ਹੈ, ਜਿਸ ਵਿੱਚ ਸਰਕਾਰ ਜ਼ਮੀਨ, ਨੀਤੀ ਸਹਾਇਤਾ, ਪ੍ਰੋਤਸਾਹਨ ਤੇ ਦੇਰੀ ਰਹਿਤ ਪ੍ਰਵਾਨਗੀਆਂ ਪ੍ਰਦਾਨ ਕਰ ਰਹੀ ਹੈ। ਇਸ ਸੈਸ਼ਨ ਵਿੱਚ ਡਾਇਰੈਕਟਰ ਹੋਮੀ ਭਾਭਾ ਡਾ. ਆਸ਼ੀਸ਼ ਗੁਲੀਆ, ਸੀ.ਈ.ਓ ਲਿਵਾਸਾ ਹਸਪਤਾਲ ਅਨੁਰਾਗ ਯਾਦਵ, ਮੈਡੀਕਲ ਡਾਇਰੈਕਟਰ ਫੋਰਟਿਸ ਹੈਲਥਕੇਅਰ ਡਾ. ਵਿਕਰਮਜੀਤ ਸਿੰਘ ਧਾਲੀਵਾਲ ਅਤੇ ਅਪੋਲੋ ਹਸਪਤਾਲ ਨਵੀਂ ਦਿੱਲੀ ਦੇ ਸੀਨੀਅਰ ਇੰਟਰਵੈਂਸ਼ਨਲ ਕਾਰਡੀਓਲੋਜਿਸਟ ਪ੍ਰੋਫੈਸਰ ਡਾ. ਵਿਵੇਕ ਗੁਪਤਾ ਸਮੇਤ ਪ੍ਰਮੁੱਖ ਪੈਨਲਿਸਟ ਸ਼ਾਮਲ ਸਨ। ਇਸ ਸੈਸ਼ਨ ਦਾ ਸੰਚਾਲਨ ਕੇ.ਪੀ. ਐਮ.ਜੀ ਤੋਂ ਸੰਦੀਪ ਝਾਅ ਸੈਸ਼ਨ ਦੁਆਰਾ ਕੀਤਾ ਗਿਆ।

# "ਗੈਂਗਸਟਰਾਂ 'ਤੇ ਵਾਰ" ਦੇ 53ਵੇਂ ਦਿਨ 581 ਥਾਵਾਂ 'ਤੇ ਛਾਪੇਮਾਰੀ ਦੌਰਾਨ 186 ਕਾਬੂ

ਚੰਡੀਗੜ੍ਹ, 14 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ "ਗੈਂਗਸਟਰਾਂ 'ਤੇ ਵਾਰ" ਮੁਹਿੰਮ ਦੇ 53ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 581 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ"- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

53ਵੇਂ ਦਿਨ, ਪੁਲਿਸ ਟੀਮਾਂ ਨੇ 186 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1 ਹਥਿਆਰ ਬਰਾਮਦ ਕੀਤੇ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 14,526 ਹੋ ਗਈ ਹੈ। ਇਸ ਤੋਂ ਇਲਾਵਾ 82 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 73 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 2 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ।

ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ / ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 378ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 92 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ 526 ਗ੍ਰਾਮ ਹੈਰੋਇਨ, 515 ਨਸ਼ੀਲੀਆਂ ਗੋਲੀਆਂ/ਕੈਪਸੂਲ ਤੇ 9540 ਰੁਪਏ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਨਾਲ ਸਿਰਫ 378 ਦਿਨਾਂ 'ਚ ਗ੍ਰਿਫਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਗਿਣਤੀ 53,562 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ 35 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ-2026 ਦੌਰਾਨ ਪਲਾਸਟਿਕ ਤੇ ਵਿਸ਼ੇਸ਼ ਕੈਮੀਕਲ ਖੇਤਰ ਵਿੱਚ ਟਿਕਾਊ ਵਿਕਾਸ ਦੀਆਂ ਸੰਭਾਵਨਾਵਾਂ ਦੀ ਖੋਜ ਕਰ ਰਿਹੈ ਪੰਜਾਬ

ਚੰਡੀਗੜ੍ਹ/ਐਸ.ਏ.ਐਸ. ਨਗਰ, 14 ਮਾਰਚ (ਚ.ਨ.ਸ.): ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ 2026 ਦੌਰਾਨ ਪੰਜਾਬ ਸਰਕਾਰ ਨੇ ਪਲਾਸਟਿਕ ਅਤੇ ਵਿਸ਼ੇਸ਼ ਕੈਮੀਕਲ ਵਰਗੇ ਉਭਰਦੇ ਖੇਤਰਾਂ ਵਿੱਚ ਟਿਕਾਊ ਉਦਯੋਗਿਕ ਵਿਕਾਸ, ਨਵੀਨਤਾ ਤੇ ਗਲੋਬਲ ਨਿਵੇਸ਼ ਨੂੰ ਉਤਸ਼ਾਹਿਤ ਕਰਨ ਪ੍ਰਤੀ ਆਪਣੀ ਮਜ਼ਬੂਤ ਵਚਨਬੱਧਤਾ ਨੂੰ ਉਜਾਗਰ ਕੀਤਾ। ਸੈਸ਼ਨ ਨੂੰ ਸੰਬੋਧਨ ਕਰਦਿਆਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ, ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪਲਾਸਟਿਕ ਅਤੇ ਕੈਮੀਕਲ ਉਤਪਾਦ ਆਧੁਨਿਕ ਜੀਵਨ ਦਾ ਅਟੁੱਟ ਹਿੱਸਾ ਬਣ ਚੁੱਕੇ ਹਨ, ਜੋ ਸਿਹਤ ਸੇਵਾਵਾਂ, ਸਿੱਖਿਆ, ਘਰੇਲੂ ਵਰਤੋਂ ਅਤੇ ਉਦਯੋਗ ਸਮੇਤ ਕਈ ਖੇਤਰਾਂ ਨੂੰ ਸਮਰਥਨ ਪ੍ਰਦਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਉਤਪਾਦਾਂ ਨੇ ਹੱਥੀਂ ਹੋਣ ਵਾਲੀ ਮਿਹਨਤ ਘਟਾਉਣ ਅਤੇ ਰੋਜ਼ਾਨਾ ਜੀਵਨ ਵਿੱਚ ਕਾਰਗੁਜ਼ਾਰੀ ਨੂੰ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਡਾ. ਬਲਜੀਤ ਕੌਰ ਨੇ ਅੱਗੇ ਕਿਹਾ ਕਿ ਪਲਾਸਟਿਕ ਅਤੇ ਕੈਮੀਕਲ ਖੇਤਰ ਵਿੱਚ ਵੱਧ ਰਹੇ ਨਿਵੇਸ਼ ਨਾਲ ਨੌਜਵਾਨਾਂ ਲਈ ਵੱਡੇ ਪੱਧਰ 'ਤੇ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ ਅਤੇ ਇਹ ਲੋਕਾਂ ਦੇ ਸਮਾਜਿਕ ਤੇ ਆਰਥਿਕ ਵਿਕਾਸ ਨੂੰ ਵੀ ਮਜ਼ਬੂਤੀ ਦੇਵੇਗਾ। ਜ਼ਿੰਮੇਵਾਰ ਵਰਤੋਂ ਉੱਤੇ ਜ਼ੋਰ ਦਿੰਦਿਆਂ ਮੰਤਰੀ ਨੇ ਉਦਯੋਗਾਂ ਤੇ ਖੋਜ ਮਾਹਿਰਾਂ ਨੂੰ ਅਪੀਲ ਕੀਤੀ ਕਿ ਉਹ ਟਿਕਾਊ ਉਤਪਾਦਨ ਪ੍ਰਣਾਲੀਆਂ, ਅਧੁਨਿਕ ਰੀਸਾਈਕਲਿੰਗ ਤਕਨਾਲੋਜੀਆਂ ਤੇ ਪਰਿਆਵਰਣ-ਮਿਤਰ ਵਿਕਲਪਾਂ 'ਤੇ ਧਿਆਨ ਕੇਂਦਰਿਤ ਕਰਨ, ਤਾਂ ਜੋ ਉਦਯੋਗਿਕ ਤਰੱਕੀ ਦੇ ਨਾਲ-ਨਾਲ ਭਵਿੱਖੀ ਪੀੜ੍ਹੀਆਂ ਲਈ ਵਾਤਾਵਰਣ ਦੀ ਸੁਰੱਖਿਆ ਵੀ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਉਦਯੋਗਪਤੀਆਂ ਤੇ ਨਵੀਨਤਾਕਾਰਾਂ ਨੂੰ ਵਿਗਿਆਨਕ ਖੋਜ ਨੂੰ ਪੰਜਾਬ ਦੀ ਨਵਚੇਤਨਾ ਅਤੇ ਜੁਗਾੜੂ ਸੋਚ ਨਾਲ ਜੋੜ ਕੇ ਪਰਿਆਵਰਣ-ਮਿਤਰ ਹੱਲ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਉਦਯੋਗਿਕ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੁਧਿਆਣਾ ਅਤੇ ਮੋਹਾਲੀ ਵਰਗੇ ਸ਼ਹਿਰਾਂ ਵਿੱਚ ਉਦਯੋਗਿਕ ਹੱਬ ਵਿਕਸਿਤ ਕਰਨ ਲਈ ਵਚਨਬੱਧ ਹੈ, ਜਿਸ ਨਾਲ ਖੋਜ, ਨਵੀਨਤਾ ਅਤੇ ਟਿਕਾਊ ਉਤਪਾਦਨ ਲਈ ਅਨੁਕੂਲ ਮਾਹੌਲ ਤਿਆਰ ਹੋ ਰਿਹਾ ਹੈ। ਪ੍ਰਿਯਾਂਕ ਭਾਰਤੀ, ਆਈ.ਏ.ਐਸ., ਸਕੱਤਰ, ਸਾਇੰਸ ਤਕਨਾਲੋਜੀ ਤੇ ਵਾਤਾਵਰਣ, ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ, ਪੰਜਾਬ ਨੇ ਕਿਹਾ ਕਿ ਮਜ਼ਬੂਤ ਉਦਯੋਗਿਕ ਕਲੱਸਟਰਾਂ, ਨਿਰਯਾਤ ਕੇਂਦਰਿਤ ਇਕਾਈਆਂ ਅਤੇ ਪ੍ਰਗਤੀਸ਼ੀਲ ਨੀਤੀਆਂ ਦੇ ਕਾਰਨ ਪੰਜਾਬ ਪਲਾਸਟਿਕ ਅਤੇ ਕੈਮੀਕਲ ਨਿਰਮਾਣ ਦਾ ਇੱਕ ਮਹੱਤਵਪੂਰਨ ਕੇਂਦਰ ਬਣਦਾ ਜਾ ਰਿਹਾ ਹੈ। ਸਾਗਰ ਕੌਸ਼ਿਕ, ਪ੍ਰੈਜ਼ੀਡੈਂਟ (ਗਲੋਬਲ ਕਾਰਪੋਰੇਟ ਤੇ ਇੰਡਸਟਰੀ ਅਫੇਅਰਜ਼), ਯੂਪੀਐਲ ਲਿਮਿਟੇਡ ਨੇ ਕੈਮੀਕਲ ਖੇਤਰ ਦੀ ਵੱਡੀ ਵਿਕਾਸ ਸੰਭਾਵਨਾ ਉੱਤੇ ਰੋਸ਼ਨੀ ਪਾਈ। ਉਨ੍ਹਾਂ ਕਿਹਾ ਕਿ ਇਸ ਸਮੇਂ ਭਾਰਤ ਦਾ ਗਲੋਬਲ ਕੈਮੀਕਲ ਉਤਪਾਦਨ ਵਿੱਚ ਹਿੱਸਾ ਲਗਭਗ 3-3.5 ਫੀਸਦੀ ਹੈ, ਜੋ ਆਉਣ ਵਾਲੇ ਸਾਲਾਂ ਵਿੱਚ 12-13 ਫੀਸਦੀ ਤੱਕ ਵੱਧ ਸਕਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਯੂਪੀਐਲ ਦੀ ਕੁੱਲ ਉਤਪਾਦਨ ਵਿੱਚੋਂ 93 ਫੀਸਦੀ ਨਿਰਯਾਤ ਹੁੰਦਾ ਹੈ ਜਦਕਿ 7 ਫੀਸਦੀ ਘਰੇਲੂ ਬਾਜ਼ਾਰ ਲਈ ਹੈ, ਜੋ ਭਾਰਤੀ ਨਿਰਮਾਣ ਲਈ ਵਿਸ਼ਵ ਪੱਧਰੀ ਮੌਕਿਆਂ ਨੂੰ ਦਰਸਾਉਂਦਾ ਹੈ।

ਅਭੀ ਬੰਸਲ, ਮੈਨੇਜਿੰਗ ਡਾਇਰੈਕਟਰ, ਸਰਸਵਤੀ ਐਗਰੋ ਕੈਮੀਕਲਜ਼ ਪ੍ਰਾਈਵੇਟ ਲਿਮਿਟੇਡ ਨੇ ਕਿਹਾ ਕਿ ਪੰਜਾਬ ਵਿੱਚ ਕਮੋਡਿਟੀ ਅਧਾਰਤ ਕੈਮੀਕਲ ਤੋਂ ਉੱਚ ਮੁੱਲ ਵਾਲੇ ਵਿਸ਼ੇਸ਼ ਕੈਮੀਕਲ ਵੱਲ ਬਦਲਾਅ ਲਈ ਵੱਡੀ ਸੰਭਾਵਨਾ ਹੈ। ਉਨ੍ਹਾਂ ਉਦਯੋਗ, ਵਿਦਿਅਕ ਸੰਸਥਾਵਾਂ ਤੇ ਸਰਕਾਰ ਵਿਚਕਾਰ ਮਜ਼ਬੂਤ ਸਹਿਯੋਗ ਦੀ ਲੋੜ ਉੱਤੇ ਜ਼ੋਰ ਦਿੱਤਾ, ਜਿਸ ਨਾਲ ਉੱਨਤ ਉਤਪਾਦ ਅਤੇ ਤਕਨਾਲੋਜੀਆਂ ਵਿਕਸਿਤ ਕਰਕੇ ਪੰਜਾਬ ਨੂੰ ਵਿਸ਼ਵ ਪੱਧਰ 'ਤੇ ਹੋਰ ਮਜ਼ਬੂਤ ਸਥਾਨ ਮਿਲ ਸਕਦਾ ਹੈ। ਪ੍ਰੋਫੈਸਰ ਅਨੂਪ ਵਰਮਾ, ਮੁਖੀ, ਡਿਪਾਰਟਮੈਂਟ ਆਫ ਐਨਰਜੀ ਐਂਡ ਇਨਵਾਇਰਨਮੈਂਟ, ਥਾਪਰ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਨੇ ਪੰਜਾਬ ਦੇ ਮਜ਼ਬੂਤ ਵਿਦਿਅਕ ਢਾਂਚੇ ਅਤੇ ਵਿਸ਼ੇਸ਼ ਕੈਮੀਕਲ ਖੇਤਰ ਵਿੱਚ ਨਵੀਨਤਾ ਨੂੰ ਸਮਰਥਨ ਦੇਣ ਦੀ ਸਮਰੱਥਾ ਉੱਤੇ ਚਾਨਣ ਪਾਇਆ। ਉਨ੍ਹਾਂ ਕਿਹਾ ਕਿ ਖੋਜ ਸੰਸਥਾਵਾਂ ਅਤੇ ਉਦਯੋਗ ਦਰਮਿਆਨ ਨਜ਼ਦੀਕੀ ਸਹਿਯੋਗ ਨਾਲ ਤਕਨਾਲੋਜੀ ਵਿਕਾਸ ਅਤੇ ਵਪਾਰੀਕਰਨ ਦੀ ਪ੍ਰਕਿਰਿਆ ਤੇਜ਼ ਹੋ ਸਕਦੀ ਹੈ, ਜਿਸ ਨਾਲ ਪੰਜਾਬ ਉੱਨਤ ਕੈਮੀਕਲ ਨਿਰਮਾਣ ਅਤੇ ਨਵੀਨਤਾ ਦਾ ਮਹੱਤਵਪੂਰਨ ਕੇਂਦਰ ਬਣ ਸਕਦਾ ਹੈ।

# "ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ-2026" ਏਰੋਸਪੇਸ ਤੇ ਰੱਖਿਆ ਸੈਸ਼ਨ

ਚੰਡੀਗੜ੍ਹ/ਮੋਹਾਲੀ, 14 ਮਾਰਚ (ਚ.ਨ.ਸ.): ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ (ਪੀਪੀਆਈਐਸ) - 2026 ਦੇ ਦੂਜੇ ਦਿਨ, ਏਰੋਸਪੇਸ ਅਤੇ ਰੱਖਿਆ ਬਾਰੇ ਸੈਸ਼ਨ ਦੌਰਾਨ ਦੇਸ਼ ਦੇ ਰੱਖਿਆ ਢਾਂਚੇ ਨੂੰ ਮਜ਼ਬੂਤ ਕਰਨ ਤੇ ਪੰਜਾਬ ਕਿਵੇਂ ਇਸ ਵਿੱਚ ਯੋਗਦਾਨ ਪਾ ਸਕਦਾ ਹੈ, ਇਸ ਬਾਰੇ ਵਿਸਥਾਰ ਵਿਚ ਵਿਚਾਰ-ਵਟਾਂਦਰਾ ਕੀਤਾ ਗਿਆ। ਪੰਜਾਬ ਦੇ ਪੱਖ ਨੂੰ ਮਜ਼ਬੂਤੀ ਨਾਲ ਪੇਸ਼ ਕਰਦਿਆਂ ਸੰਸਦੀ ਮਾਮਲਿਆਂ ਬਾਰੇ



ਮੰਤਰੀ ਡਾ. ਰਵਜੋਤ ਸਿੰਘ ਨੇ ਸੈਸ਼ਨ ਦੀ ਪ੍ਰਧਾਨਗੀ ਕਰਦੇ ਹੋਏ ਕਿਹਾ ਕਿ ਪੰਜਾਬ ਕੋਲ ਇੱਕ ਸ਼ਾਨਦਾਰ ਈਕੋ ਸਿਸਟਮ ਹੈ ਜੋ ਦੇਸ਼ ਦੇ ਰੱਖਿਆ ਖੇਤਰ ਨੂੰ ਹੁਲਾਰਾ ਦੇਣ ਤੇ ਬਹੁਤ ਮੁੱਲਵਾਨ ਯੋਗਦਾਨ ਪਾਉਣ ਲਈ ਢੁੱਕਵਾਂ ਹੈ। ਕੈਬਨਿਟ ਮੰਤਰੀ ਵੱਲੋਂ ਟਰਬਾਈਨ ਬੈਲਿਸਟਿਕ ਰਿਸਰਚ ਲੈਬਾਰਟਰੀ (ਟੀ.ਬੀ.ਆਰ.ਐਲ.) ਤੇ ਲੁਧਿਆਣਾ ਵਿੱਚ ਸੈਂਟਰਲ ਟੂਲ ਰੂਮ ਤੋਂ ਇਲਾਵਾ 6 ਹਵਾਈ ਅੱਡਿਆਂ ਦੀ ਮੌਜੂਦਗੀ ਨੂੰ ਸ਼ਾਨਦਾਰ ਤਕਨੀਕੀ ਅਤੇ ਸੰਪਰਕ ਪਹਿਲੂਆਂ ਵਜੋਂ ਹਵਾਲਾ ਦਿੱਤਾ ਗਿਆ। ਪੰਜਾਬ ਸਰਕਾਰ ਨੇ ਹਾਲ ਹੀ ਵਿੱਚ ਰੱਖਿਆ ਖੇਤਰ ਨਾਲ ਸਬੰਧਤ ਮੁੱਦਿਆਂ 'ਤੇ ਵਿਆਪਕ ਚਰਚਾ ਕਰਨ ਲਈ ਇੱਕ ਰੱਖਿਆ ਸੰਮੇਲਨ ਵੀ ਕਰਵਾਇਆ।

ਭਾਰਤੀ ਹਵਾਈ ਸੈਨਾ ਦੇ ਸਾਬਕਾ ਮੁਖੀ, ਏਅਰ ਚੀਫ ਮਾਰਸ਼ਲ ਬੀ.ਐਸ. ਧਨੋਆ ਨੇ ਰੱਖਿਆ ਖੇਤਰ ਵਿੱਚ ਮੁੱਖ ਯੋਗਤਾ ਵਾਲੇ ਖੇਤਰਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਹੋਰ ਬਿਹਤਰ ਬਣਾਉਣ 'ਤੇ ਕੰਮ ਕਰਨ ਦੇ ਹੱਕ ਵਿੱਚ ਦਲੀਲਾਂ ਪੇਸ਼ ਕੀਤੀਆਂ। ਉਦਯੋਗਿਕ ਖੇਤਰ ਦੀ ਤਰਜ਼ 'ਤੇ ਰੱਖਿਆ ਖੇਤਰ ਵਿੱਚ ਸੈਕਟਰਲ ਕਮੇਟੀਆਂ ਹੋਣ ਦੀ ਵਕਾਲਤ ਕਰਦੇ ਹੋਏ, ਜੇ.ਐੱਸ.ਡਬਲਿਊ, ਸਰਬਲੋਹ ਮੋਟਰਜ਼ ਦੇ ਸੀਈਓ ਜਸਕੀਰਤ ਵਲਾਦੀਮੀਰ ਸਿੰਘ ਨੇ ਰੱਖਿਆ ਨਿਰਮਾਣ ਵਿੱਚ ਐਮ.ਐਸ.ਐਮ.ਈ ਨੂੰ ਜੋੜਨ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਇਨਵੈਸਟ ਪੰਜਾਬ ਦੇ ਸੀਈਓ ਅਮਿਤ ਢਾਕਾ ਨੇ ਪੰਜਾਬ ਦੇ ਮਜ਼ਬੂਤ ਨਿਰਮਾਣ ਅਧਾਰ ਨੂੰ ਸੂਚੀਬੱਧ ਕਰਨ ਦੇ ਨਾਲ-ਨਾਲ ਕਾਰੋਬਾਰ ਕਰਨ ਦੀ ਸੌਖ 'ਤੇ ਜ਼ੋਰ ਦਿੱਤਾ ਜਿਸਦੇ ਨਤੀਜੇ ਵਜੋਂ 45 ਦਿਨਾਂ ਦੇ ਅੰਦਰ ਸਾਰੀਆਂ ਲੋੜੀਂਦੀਆਂ ਇਜਾਜ਼ਤਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ।

# ਆਈਐਸਆਈ ਦੀ ਹਮਾਇਤ ਪ੍ਰਾਪਤ ਹਥਿਆਰ ਤਸਕਰੀ ਮਾਡਿਊਲ ਦੇ ਦੋ ਕਾਰਕੁੰਨ ਏਕੇ-47 ਸਮੇਤ ਕਾਬੂ

ਚੰਡੀਗੜ੍ਹ/ਅੰਮ੍ਰਿਤਸਰ, 14 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਦਿਹਾਤੀ ਪੁਲੀਸ ਨੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਆਈ.ਐਸ.ਆਈ. ਦੀ ਹਮਾਇਤ ਪ੍ਰਾਪਤ ਸਰਹੱਦ ਪਾਰੋਂ ਹਥਿਆਰਾਂ ਦੀ ਤਸਕਰੀ ਵਾਲੇ ਅਤੇ ਦਹਿਸ਼ਤੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਮੁਲਜ਼ਮਾਂ ਕੋਲੋਂ ਚਾਰ ਅਤਿ-ਆਧੁਨਿਕ ਹਥਿਆਰ, ਜਿਨ੍ਹਾਂ ਵਿੱਚ ਦੋ ਮੈਗਜ਼ੀਨਾਂ ਅਤੇ 36 ਜ਼ਿੰਦਾ ਕਾਰਤੂਸਾਂ ਸਮੇਤ ਏ.ਕੇ.-47 ਰਾਈਫਲ ਸ਼ਾਮਲ ਹੈ, ਬਰਾਮਦ ਕੀਤੇ ਹਨ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਸੇਵਕ ਸਿੰਘ ਉਰਫ਼ ਸੂਰਜ ਵਾਸੀ ਨਵੀਂ ਆਬਾਦੀ ਅਟਾਰੀ, ਅੰਮ੍ਰਿਤਸਰ ਅਤੇ ਅਮਰਜੀਤ ਸਿੰਘ ਉਰਫ਼ ਰੋਹਿਤ ਵਾਸੀ ਸੁਭਾਸ਼ ਰੋਡ ਛੇਹਰਟਾ, ਅੰਮ੍ਰਿਤਸਰ ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਮੁਲਜ਼ਮਾਂ ਦੇ ਕਬਜ਼ੇ 'ਚੋਂ ਏਕੇ-47 ਰਾਈਫਲ ਬਰਾਮਦ ਕਰਨ ਤੋਂ ਇਲਾਵਾ ਤਿੰਨ ਅਤਿ-ਆਧੁਨਿਕ 9 ਐਮਐਮ ਗਲੋਕ ਪਿਸਤੌਲ ਵੀ ਬਰਾਮਦ ਕੀਤੇ ਹਨ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਅਨੁਸਾਰ ਉਕਤ ਮੁਲਜ਼ਮ ਸੋਸ਼ਲ ਮੀਡੀਆ ਰਾਹੀਂ ਵਿਦੇਸ਼ੀ ਹੈਂਡਲਰਾਂ ਦੇ ਸੰਪਰਕ ਵਿੱਚ ਸਨ। ਉਨ੍ਹਾਂ ਦੱਸਿਆ ਕਿ ਇਹ ਮਾਡਿਊਲ ਕੱਟੜਪੰਥੀ ਗਤੀਵਿਧੀਆਂ ਅਤੇ ਭਾਰਤ ਵਿਰੋਧੀ ਤੇ ਪੁਲਿਸ ਵਿਰੋਧੀ ਬਿਰਤਾਂਤ ਫੈਲਾਉਣ ਕੋਲੋਂ ਹਥਿਆਰਾਂ ਦੀ ਖੇਪ, ਜਿਸ ਵਿੱਚ ਏ.ਕੇ.-47 ਸਮੇਤ ਗੋਲੀ-ਸਿੱਕਾ ਅਤੇ ਤਿੰਨ ਗਲੌਕ ਪਿਸਤੌਲ ਸ਼ਾਮਲ ਹਨ, ਬਰਾਮਦ ਕੀਤੇ।





ਵਰਗੀਆਂ ਗਤੀਵਿਧੀਆਂ ਵਿਚ ਵੀ ਸ਼ਾਮਲ ਰਿਹਾ ਹੈ।

ਡੀਜੀਪੀ ਨੇ ਕਿਹਾ ਕਿ ਸਮੁੱਚੇ ਨੈਟਵਰਕ ਦਾ ਪਰਦਾਫਾਸ਼ ਕਰਨ ਲਈ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦੀ ਜਾਂਚ ਕੀਤੀ ਜਾ ਰਹੀ ਹੈ। ਆਪਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਅੰਮ੍ਰਿਤਸਰ ਦਿਹਾਤੀ ਸੁਹੇਲ ਕਾਸਿਮ ਮੀਰ ਨੇ ਦੱਸਿਆ ਕਿ ਗੁਪਤ ਸੂਚਨਾ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਥਾਣਾ ਘਰਿੰਡਾ ਦੀਆਂ ਟੀਮਾਂ ਨੇ ਪਿੰਡ ਮੁਹਾਵਾ ਤੋਂ ਦੋ ਸ਼ੱਕੀ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ

ਐਸਐਸਪੀ ਨੇ ਦੱਸਿਆ ਕਿ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਹਥਿਆਰਾਂ ਦੀ ਇਹ ਖੇਪ ਪੰਜਾਬ ਵਿੱਚ ਅੱਤਵਾਦੀ ਗਤੀਵਿਧੀਆਂ ਨੂੰ ਅੰਜਾਮ ਦੇਣ ਦੇ ਉਦੇਸ਼ ਨਾਲ ਮਾਡਿਊਲ ਦੇ ਵਿਦੇਸ਼ੀ ਹੈਂਡਲਰਾਂ ਵੱਲੋਂ ਪਾਕਿਸਤਾਨ ਦੇ ਰਸਤਿਓਂ ਭੇਜੀ ਗਈ ਸੀ। ਇਸ ਸਬੰਧੀ ਥਾਣਾ ਘਰਿੰਡਾ ਵਿਖੇ ਅਸਲਾ ਐਕਟ ਦੀਆਂ ਧਾਰਾਵਾਂ 25(1)(ਏ), 25(6), 25(7), 25(8) ਅਤੇ ਗੈਰਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ (ਯੂਏਪੀਏ) ਦੀਆਂ ਧਾਰਾਵਾਂ 13, 16, 18 ਤਹਿਤ ਐਫ.ਆਈ.ਆਰ. ਨੰ. 80 ਮਿਤੀ 12.03.2026 ਦਰਜ ਕੀਤੀ ਗਈ ਹੈ।

# "ਤਹਾਂ ਬਸਤ ਗੋਬਿੰਦ ਸਿੰਘ ਧਰਮ ਧੁਰੰਦਰ ਧੀਰ" ਵਿਸ਼ੇ 'ਤੇ ਕਰਵਾਈ ਗਈ ਦੋ ਰੋਜ਼ਾ ਕਾਨਫਰੰਸ ਕਰਵਾਈ

ਸ੍ਰੀ ਅਨੰਦਪੁਰ ਸਾਹਿਬ, 14 ਮਾਰਚ (ਚ.ਨ.ਸ.): ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਨੀ ਓਬਰਾਏ ਵਿਵੇਕ ਸਦਨ (ਭਵਿੱਖੀ ਯੂਨੀਵਰਸਿਟੀ) ਵਿੱਚ "ਤਹਾਂ ਬਸਤ ਗੋਬਿੰਦ ਸਿੰਘ ਧਰਮ ਧੁਰੰਦਰ ਧੀਰ" ਵਿਸ਼ੇ 'ਤੇ ਕਰਵਾਈ ਗਈ ਦੋ ਰੋਜ਼ਾ ਕਾਨਫਰੰਸ ਵਿਦਾਇਗੀ ਸੈਸ਼ਨ ਨਾਲ ਸਮਾਪਤ ਹੋ ਗਈ। ਇਸ ਮੌਕੇ ਵਿਸਾਖੀ ਦੇ ਮੌਕੇ 'ਤੇ ਦੋ ਦਿਨਾਂ ਦੀ ਵਿਸ਼ੇਸ਼ ਵਿਮੈਨ ਕਾਨਫਰੰਸ ਕਰਵਾਉਣ ਦਾ ਵੀ ਐਲਾਨ ਕੀਤਾ ਗਿਆ। ਕਾਨਫਰੰਸ ਦੇ ਵਿਦਾਇਗੀ ਸੈਸ਼ਨ ਵਿੱਚ ਸੰਤ ਬਾਬਾ ਲਖਬੀਰ ਸਿੰਘ ਜੀ ਰਤਵਾੜਾ ਸਾਹਿਬ ਵਾਲੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਕੇਂਦਰੀ ਭਾਸ਼ਣ ਡਾ. ਜਸਪਾਲ ਕੌਰ ਕਾਂਗ (ਪ੍ਰੋਫੈਸਰ ਆਫ ਐਮੀਨੈਂਸ) ਨੇ ਦਿੱਤਾ, ਜਦਕਿ ਅੰਤਰਰਾਸ਼ਟਰੀ ਮਨੋਵਿਗਿਆਨਕ ਵਿਦਵਾਨ ਡਾ. ਨੈਨਾ ਸ਼ਰਮਾ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹੇ। ਸਮਾਗਮ ਡਾ. ਐਸ.ਪੀ. ਸਿੰਘ ਓਬਰਾਏ ਦੀ ਅਗਵਾਈ ਵਿੱਚ ਹੋਇਆ ਅਤੇ ਇਸ ਦੀ ਅਧਿਆਕਸ਼ਤਾ ਡਾ. ਸਰਬਜਿੰਦਰ ਸਿੰਘ (ਵਾਈਸ ਚਾਂਸਲਰ) ਨੇ ਨਿਭਾਈ।

ਆਪਣੇ ਸੰਬੋਧਨ ਦੌਰਾਨ ਸੰਤ ਬਾਬਾ ਲਖਬੀਰ ਸਿੰਘ ਜੀ ਨੇ ਭਾਈ ਗੁਰਦਾਸ ਜੀ ਦੀਆਂ ਵਾਰਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਅਸਲੀ ਗੁਰਮੁਖ ਉਹ ਹੈ ਜੋ ਈਰਖਾ, ਦਵੈਸ਼, ਲੋਭ ਅਤੇ ਲਾਲਚ ਤੋਂ ਉੱਪਰ ਉਠ ਕੇ ਸਮੂਹ ਸ੍ਰਿਸ਼ਟੀ ਵਿੱਚ ਰੱਬ ਨੂੰ ਵੇਖਦਾ ਹੈ। ਉਹਨਾਂ ਕਿਹਾ ਕਿ ਜਦ ਮਨੁੱਖ ਇਸ ਅਵਸਥਾ 'ਤੇ ਪਹੁੰਚ ਜਾਂਦਾ ਹੈ ਤਾਂ ਉਸਦੀ ਸੋਚ ਦਾ ਘੇਰਾ ਅਸੀਮ ਹੋ ਜਾਂਦਾ ਹੈ। ਉਨ੍ਹਾਂ ਡਾ. ਐਸ.ਪੀ. ਸਿੰਘ ਓਬਰਾਏ ਦੀ ਸਮਾਜ ਸੇਵਾ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਹ ਅਜਿਹੀ ਹੀ ਦਰਵੇਸ਼ੀ ਸੋਚ ਦੇ ਧਾਰਕ ਹਨ। ਟਰੱਸਟ ਦੇ ਮੈਨੇਜਿੰਗ ਟਰੱਸਟੀ ਡਾ. ਐਸ.ਪੀ. ਸਿੰਘ ਓਬਰਾਏ ਨੇ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਇਸ ਪਵਿੱਤਰ ਧਰਤੀ 'ਤੇ ਇੱਕ ਅਜਿਹੀ ਅਕਾਦਮਿਕ ਸੰਸਥਾ ਬਣਾਉਣ ਦਾ ਸੁਪਨਾ ਸੀ ਜਿੱਥੇ ਵਿੱਦਿਆ ਅਤੇ ਵਿਚਾਰ ਦੀ ਗੱਲ ਸੰਸਾਰ ਭਰ ਤੱਕ ਪਹੁੰਚ ਸਕੇ। ਉਨ੍ਹਾਂ ਕਿਹਾ ਕਿ ਭਵਿੱਖੀ ਯੂਨੀਵਰਸਿਟੀ ਇਸ ਸੁਪਨੇ ਦਾ ਆਰੰਭਿਕ ਰੂਪ ਹੈ ਅਤੇ ਜਲਦ ਹੀ ਸਾਰੀਆਂ ਪ੍ਰਵਾਨਗੀਆਂ ਪ੍ਰਾਪਤ ਕਰਕੇ ਇਸਨੂੰ ਪੂਰੀ ਯੂਨੀਵਰਸਿਟੀ ਵਜੋਂ ਵਿਕਸਿਤ ਕੀਤਾ ਜਾਵੇਗਾ।

ਵਾਈਸ ਚਾਂਸਲਰ ਡਾ. ਸਰਬਜਿੰਦਰ ਸਿੰਘ ਨੇ ਕਿਹਾ ਕਿ ਇਹ ਸੰਸਥਾ ਜਲਦੀ ਹੀ ਆਪਣੇ ਕਾਰਜਾਂ ਨਾਲ ਸੰਸਾਰ ਪੱਧਰ 'ਤੇ ਵੱਖਰੀ ਪਛਾਣ ਬਣਾਏਗੀ। ਇੱਥੇ ਵਿਦਿਆਰਥੀਆਂ ਨੂੰ ਬਿਨ੍ਹਾਂ ਕਿਸੇ ਫੀਸ ਦੇ ਉੱਚ ਸਿੱਖਿਆ ਪ੍ਰਦਾਨ ਕਰਨ ਦਾ ਲਕਸ਼ ਰੱਖਿਆ ਗਿਆ ਹੈ। ਕਾਨਫਰੰਸ ਵਿੱਚ ਪ੍ਰਸਿੱਧ ਸਿੱਖ ਚਿੰਤਕ ਪ੍ਰੋ. ਇੰਦਰਜੀਤ ਸਿੰਘ



ਗੋਗੋਆਣੀ ਨੇ ਚੱਕ ਨਾਨਕੀ ਤੋਂ ਅਨੰਦਪੁਰ ਸਾਹਿਬ ਦੇ ਇਤਿਹਾਸਕ ਵਿਕਾਸ ਦਾ ਵਿਸਥਾਰ ਨਾਲ ਵਰਣਨ ਕੀਤਾ। ਡਾ. ਸੁਖਪਾਲ ਸਿੰਘ (ਚੇਅਰਮੈਨ ਪੰਜਾਬ ਸਟੇਟ ਫਾਰਮਰਜ਼ ਕਮਿਸ਼ਨ) ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਇਸ ਤੋਂ ਇਲਾਵਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ, ਪੰਜਾਬੀ ਯੂਨੀਵਰਸਿਟੀ ਪਟਿਆਲਾ, ਜਗਤ ਗੁਰੂ ਬਾਬਾ ਨਾਨਕ ਸਟੇਟ ਓਪਨ ਯੂਨੀਵਰਸਿਟੀ, ਮਹਾਰਾਜਾ ਭੁਪਿੰਦਰ ਸਿੰਘ ਸਪੋਰਟਸ ਯੂਨੀਵਰਸਿਟੀ ਅਤੇ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਦੇ ਵਾਈਸ ਚਾਂਸਲਰਾਂ ਨੇ ਵੀ ਹਿੱਸਾ ਲਿਆ।

ਕਾਨਫਰੰਸ ਦਾ ਮੁੱਖ ਆਕਰਸ਼ਣ ਦੋ ਪ੍ਰਮੁੱਖ ਸ਼ਖਸੀਅਤਾਂ ਨੂੰ "ਸਰਦਾਰ ਪ੍ਰੀਤਮ ਸਿੰਘ ਯਾਦਗਾਰੀ ਐਵਾਰਡ" ਨਾਲ ਸਨਮਾਨਿਤ ਕਰਨਾ ਰਿਹਾ। ਇਸ ਅਵਾਰਡ ਦੇ ਤਹਿਤ ਹਰ ਇੱਕ ਨੂੰ ਸਵਾ ਲੱਖ ਰੁਪਏ ਦੀ ਰਾਸ਼ੀ ਤੇ ਸਨਮਾਨ ਚਿੰਨ੍ਹ ਪ੍ਰਦਾਨ ਕੀਤਾ ਗਿਆ। ਇਸ ਮੌਕੇ ਸੰਤ ਬਾਬਾ ਸਤਨਾਮ ਸਿੰਘ ਜੀ (ਕਾਰ ਸੇਵਾ, ਕਿਲ੍ਹਾ ਅਨੰਦਗੜ੍ਹ ਸਾਹਿਬ) ਨੂੰ ਅਨੰਦਪੁਰ ਸਾਹਿਬ ਦੇ ਸੁੰਦਰੀਕਰਨ ਅਤੇ ਵਿਰਾਸਤੀ ਰੂਪ ਨੂੰ ਸੰਭਾਲਣ ਲਈ ਕੀਤੀਆਂ ਸੇਵਾਵਾਂ ਕਰਕੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਵੱਲੋਂ ਅਨੰਦਪੁਰ ਸਾਹਿਬ ਤੋਂ ਗੜ੍ਹਸ਼ੰਕਰ ਤੱਕ ਬਿਨ੍ਹਾਂ ਸਰਕਾਰੀ ਸਹਾਇਤਾ ਇੱਕ ਆਧੁਨਿਕ ਸੜਕ ਤਿਆਰ ਕਰਵਾ ਕੇ ਯਾਤਰੀਆਂ ਲਈ ਵੱਡੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਇਸੇ ਤਰ੍ਹਾਂ ਪ੍ਰਸਿੱਧ ਸਪਾਈਨਲ ਸਰਜਨ ਡਾ. ਰਾਜ ਬਹਾਦਰ ਨੂੰ ਵੀ "ਸਰਦਾਰ ਪ੍ਰੀਤਮ ਸਿੰਘ ਯਾਦਗਾਰੀ ਅਵਾਰਡ" ਨਾਲ ਸਨਮਾਨਿਤ ਕੀਤਾ ਗਿਆ। ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਦੇ ਪੂਰਵ ਵਾਈਸ ਚਾਂਸਲਰ ਰਹੇ ਡਾ. ਰਾਜ ਬਹਾਦਰ ਦੇਸ਼ ਦੇ ਪ੍ਰਮੁੱਖ ਸਪਾਈਨਲ ਸਰਜਨਾਂ ਵਿੱਚ ਸ਼ੁਮਾਰ ਹਨ ਅਤੇ ਉਹ ਹਜ਼ਾਰਾਂ ਮਰੀਜ਼ਾਂ ਦੀ ਸਫ਼ਲ ਸਰਜਰੀ ਕਰਕੇ ਉਨ੍ਹਾਂ ਨੂੰ ਨਵੀਂ ਜ਼ਿੰਦਗੀ ਦੇ ਚੁੱਕੇ ਹਨ। ਉਹ ਪੋਸਟ ਗ੍ਰੈਜੂਏਟ ਇੰਸਟੀਚਿਊਟ ਚੰਡੀਗੜ੍ਹ ਵਿੱਚ ਆਰਥੋਪੀਡਿਕਸ ਵਿਭਾਗ ਦੇ ਮੁਖੀ ਰਹੇ ਅਤੇ ਪਿਛਲੇ 26 ਸਾਲਾਂ ਤੋਂ ਰੀਜ਼ਨਲ ਸਪਾਈਨਲ ਇੰਜਰੀ ਸੈਂਟਰ ਦੇ ਪ੍ਰੋਜੈਕਟ ਡਾਇਰੈਕਟਰ ਵਜੋਂ ਸੇਵਾ ਨਿਭਾ ਰਹੇ ਹਨ। 2025 ਵਿੱਚ ਭਾਰਤ ਸਰਕਾਰ ਵੱਲੋਂ ਉਨ੍ਹਾਂ ਨੂੰ ਏਮਜ਼ ਰਿਸ਼ੀਕੇਸ਼ ਦਾ ਪ੍ਰੈਜ਼ੀਡੈਂਟ ਨਿਯੁਕਤ ਕਰ ਮਾਣ ਬਖ਼ਸ਼ਿਆ ਗਿਆ।

ਇਸ ਤੋਂ ਇਲਾਵਾ ਸੰਤ ਬਾਬਾ ਲਖਬੀਰ ਸਿੰਘ ਜੀ ਰਤਵਾੜਾ ਸਾਹਿਬ ਵਾਲਿਆਂ ਨੂੰ ਵੀ ਉਨ੍ਹਾਂ ਦੀਆਂ ਧਾਰਮਿਕ ਅਤੇ ਸਮਾਜਿਕ ਸੇਵਾਵਾਂ ਨੂੰ ਦੇਖਦੇ ਹੋਏ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਵਕਤਾਵਾਂ ਨੇ ਕਿਹਾ ਕਿ ਦੁਨੀਆਂ ਦੇ ਇਤਿਹਾਸ ਤੋਂ ਸਪੱਸ਼ਟ ਹੈ ਕਿ ਧਰਮ ਮਨੁੱਖੀ ਜੀਵਨ ਦਾ ਅਟੁੱਟ ਹਿੱਸਾ ਹੈ ਤੇ ਹਰ ਧਰਮ ਵਿੱਚ ਸੰਪ੍ਰਦਾਇਆਂ ਨੇ ਉਸ ਦੇ ਪ੍ਰਚਾਰ ਅਤੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਸਿੱਖ ਧਰਮ ਵਿੱਚ ਵੀ ਕਈ ਸੰਪ੍ਰਦਾਇ ਹਨ ਜੋ ਗੁਰਮਤਿ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਸਮਾਜਿਕ ਸੇਵਾ ਦੇ ਕਾਰਜਾਂ ਵਿੱਚ ਵੀ ਅੱਗੇ ਰਹੇ ਹਨ। ਇਨ੍ਹਾਂ ਵਿੱਚੋਂ ਇੱਕ ਪ੍ਰਮੁੱਖ ਨਾਮ ਸੰਤ ਬਾਬਾ ਲਖਬੀਰ ਸਿੰਘ ਜੀ ਦਾ ਹੈ, ਜਿਨ੍ਹਾਂ ਦੀ ਕਰਮਭੂਮੀ ਰਤਵਾੜਾ ਸਾਹਿਬ ਗੁਰਮਤਿ ਰੂਹਾਨੀ ਮਿਸ਼ਨ ਦੇ ਨਾਂ ਨਾਲ ਜਾਣੀ ਜਾਂਦੀ ਹੈ, ਜੋ ਚੰਡੀਗੜ੍ਹ ਦੇ ਨੇੜੇ ਲਗਭਗ ਸੌ ਏਕੜ ਵਿੱਚ ਫੈਲਿਆ ਇੱਕ ਵਿਸ਼ਾਲ ਧਾਰਮਿਕ ਅਤੇ ਸਮਾਜਿਕ ਕੇਂਦਰ ਹੈ।

## ਰੋਜ਼ਾਨਾ ਚੜ੍ਹਦੀਕਲਾ ਸਿਹਤ ਖ਼ਬਰਨਾਮਾ

# ਜ਼ਮੀਨ 'ਤੇ ਬੈਠ ਕੇ ਖਾਣ ਨਾਲ ਮਿਲਦੇ ਨੇ ਖ਼ੂਬ ਫਾਇਦੇ

ਪਰਿਵਾਰ ਦੇ ਵੱਡੇ-ਬਜ਼ੁਰਗ ਲੰਬੀ ਉਮਰ ਤੱਕ ਵੀ ਸਿਹਤਮੰਦ ਰਹਿੰਦੇ ਸਨ। ਇਸ ਦਾ ਕਾਰਨ ਇਹ ਸੀ ਕਿ ਉਹ ਹਮੇਸ਼ਾ ਆਯੁਰਵੇਦਿਕ ਚੀਜ਼ਾਂ ਦੇ



ਨਾਲ ਨਿਯਮਾਂ ਦਾ ਪਾਲਣ ਕਰਦੇ ਹੋਏ ਆਪਣੇ ਰੁਟੀਨ ਦੇ ਕੰਮ ਕਰਦੇ ਸਨ।ਸਾਡੇ ਵੱਡੇ-ਬਜ਼ੁਰਗਾਂ ਦੀ ਚੰਗੀ ਸਿਹਤ ਅਤੇ ਲੰਬੀ ਉਮਰ ਦਾ ਰਾਜ਼ ਉਨ੍ਹਾਂ ਦੁਆਰਾ ਜ਼ਮੀਨ 'ਤੇ ਬੈਠ ਕੇ ਭੋਜਨ ਕਰਨਾ ਸੀ। ਜ਼ਮੀਨ 'ਤੇ ਬੈਠ ਕੇ ਭੋਜਨ ਕਰਨ ਨਾਲ ਸਿਹਤ ਸੰਬੰਧੀ ਬਹੁਤ ਫਾਇਦੇ ਹੁੰਦੇ ਹਨ। ਅੱਜ ਵੀ ਜਿਹੜੇ ਲੋਕ ਜ਼ਮੀਨ 'ਤੇ ਬੈਠ ਕੇ ਭੋਜਨ ਕਰਦੇ ਹਨ ਉਹ ਜ਼ਿਆਦਾ ਸਿਹਤਮੰਦ ਰਹਿੰਦੇ ਹਨ।

**ਦਿਲ ਤੰਦਰੁਸਤ ਰਹਿੰਦਾ** ; ਜ਼ਮੀਨ ਉੱਪਰ ਚੌਕੜੀ ਮਾਰ ਕੇ ਰੋਟੀ ਖਾਣ ਨਾਲ ਸਾਡੇ ਦਿਲ ਦੀ ਸਿਹਤ ਵਿੱਚ ਸੁਧਾਰ ਹੁੰਦਾ ਹੈ। ਰੋਟੀ ਖਾਣ ਵੇਲੇ ਚੌਂਕੜੀ ਮਾਰਨ ਨਾਲ ਤੁਹਾਨੂੰ ਤਣਾਅ ਤੋਂ ਰਾਹਤ ਮਿਲਦੀ ਹੈ। ਇਹ ਸਰੀਰ ਵਿੱਚ ਖੂਨ ਸੰਚਾਰ ਨੂੰ ਬਿਹਤਰ ਬਣਾਉਂਦਾ ਹੈ।

**ਮੋਟਾਪਾ ਘਟਦਾ** ; ਜੇਕਰ ਤੁਸੀਂ ਮੋਟਾਪਾ ਘੱਟ ਕਰਨਾ ਚਾਹੁੰਦੇ ਹੋ ਤਾਂ ਨਿਯਮਿਤ ਰੂਪ ਨਾਲ ਇਸ ਪੈਟਰਨ ਦਾ ਪਾਲਣ ਕਰੋ। ਭਾਵ ਜ਼ਮੀਨ ਉਪਰ ਬੈਠ ਕੇ ਭੋਜਨ ਖਾਓ। ਇਹ ਸਥਿਤੀ ਤੁਹਾਡੇ ਦਿਮਾਗ ਨੂੰ ਆਰਾਮ ਦੇਣ ਵਿੱਚ ਵੀ ਪ੍ਰਭਾਵਸ਼ਾਲੀ ਹੈ। ਇਸ ਤੋਂ ਇਲਾਵਾ ਇਹ ਥਕਾਵਟ ਤੇ ਸਰੀਰ ਦੀ ਕਮਜ਼ੋਰੀ ਨੂੰ ਦੂਰ ਕਰਨ 'ਚ ਵੀ ਮਦਦ ਕਰਦਾ ਹੈ।

**'ਵੈਗਸ ਨਰਵ' ਨੂੰ ਐਕਟਿਵ ਕਰਦਾ** : ਇਸ ਤਰ੍ਹਾਂ ਖਾਣਾ 'ਵੈਗਸ ਨਰਵ' ਨੂੰ ਐਕਟਿਵ ਕਰਦਾ ਹੈ, ਜੋ ਦਿਮਾਗ ਨੂੰ ਸਿਗਨਲ ਦਿੰਦਾ ਹੈ ਕਿ ਪੇਟ ਭਰਿਆ ਹੋਇਆ ਹੈ, ਇਸ ਤਰ੍ਹਾਂ ਜ਼ਿਆਦਾ ਖਾਣ 'ਤੇ ਕੰਟਰੋਲ ਰਹਿੰਦਾ ਹੈ। ਇਹੀ ਨਹੀਂ, ਜਦੋਂ ਤੁਸੀਂ ਸੁਖਾਸਨ ਵਿੱਚ ਬੈਠਦੇ ਹੋ, ਤਾਂ ਗੋਡੇ, ਚੂਲ੍ਹੇ ਅਤੇ ਰੀੜ੍ਹ ਦੀ ਹੱਡੀ ਵਿਚ ਲਚਕ ਬਣੀ ਰਹਿੰਦੀ ਹੈ।

**ਪੋਸਚਰ ਨੂੰ ਸਹੀ ਰੱਖੇ** ; ਹੋਰ ਸਾਰੇ ਯੋਗਾ ਆਸਣਾਂ ਵਾਂਗ, ਸੁਖਾਸਨ ਵਿੱਚ ਬੈਠਣਾ ਤੁਹਾਡੇ ਪੋਸਚਰ ਵਿੱਚ ਸੁਧਾਰ ਕਰਦਾ ਹੈ। ਇਸ ਨਾਲ ਮਾਸਪੇਸ਼ੀਆਂ ਤੇ ਜੋੜਾਂ ਦੇ ਦਰਦ ਤੋਂ ਰਾਹਤ ਮਿਲਦੀ ਹੈ। ਇਹ ਤੁਹਾਨੂੰ ਲਚਕਤਾ ਪ੍ਰਦਾਨ ਕਰਦਾ ਹੈ। ਤੁਹਾਡੀ ਪਿੱਠ ਨੂੰ ਸਿੱਧਾ ਰੱਖਦਾ ਹੈ ਤੇ ਤੁਹਾਡੀਆਂ ਲੱਤਾਂ ਨੂੰ ਮਜ਼ਬੂਤ ਬਣਾਉਂਦਾ ਹੈ।

# ਸਾਂਸਦ ਸਤਨਾਮ ਸਿੰਘ ਸੰਧੂ ਨੇ ਸੰਸਦ ਵਿੱਚ ਡੇਅਰੀ ਸੈਕਟਰ ਲਈ 'ਏਕੀਕ੍ਰਿਤ ਰਾਸ਼ਟਰੀ ਡੇਅਰੀ ਵਿਕਾਸ ਰਣਨੀਤੀ' ਦੀ ਕੀਤੀ ਮੰਗ

ਨਵੀਂ ਦਿੱਲੀ, 14 ਮਾਰਚ (ਅੰਮ੍ਰਿਤਪਾਲ ਸਿੰਘ) : ਕੇਂਦਰ ਸਰਕਾਰ ਨੇ ਦੇਸ਼ ਵਿੱਚ ਡੇਅਰੀ ਸੈਕਟਰ ਨੂੰ ਮਜ਼ਬੂਤ ਕਰਨ ਲਈ ਕਈ ਪਹਿਲਕਦਮੀਆਂ ਸ਼ੁਰੂ ਕੀਤੀਆਂ ਹਨ, ਜਿਨ੍ਹਾਂ ਵਿੱਚ ਰਾਸ਼ਟਰੀ ਗੋਕੁਲ ਮਿਸ਼ਨ ਅਤੇ ਵੱਖ-ਵੱਖ ਪਸ਼ੂ ਸਿਹਤ ਪ੍ਰੋਗਰਾਮ ਸ਼ਾਮਲ ਹਨ। ਇਨ੍ਹਾਂ ਪਹਿਲਕਦਮੀਆਂ ਨੇ ਪਸ਼ੂਆਂ ਦੀ ਉਤਪਾਦਕਤਾ ਵਿੱਚ ਕਾਫ਼ੀ ਵਾਧਾ ਕੀਤਾ ਹੈ, ਜਿਸ ਦੇ ਨਤੀਜੇ ਵਜੋਂ ਭਾਰਤ ਦੁਨੀਆ ਦਾ ਸਭ ਤੋਂ ਵੱਡਾ ਦੁੱਧ ਉਤਪਾਦਕ ਬਣ ਗਿਆ ਹੈ। ਦੇਸ਼ ਵਿੱਚ ਦੁੱਧ ਦਾ ਉਤਪਾਦਨ 2014-15 ਵਿੱਚ ਲਗਭਗ 146 ਮਿਲੀਅਨ ਟਨ ਤੋਂ ਵਧ ਕੇ ਹੁਣ ਲਗਭਗ 240 ਮਿਲੀਅਨ ਟਨ ਹੋ ਗਿਆ ਹੈ। ਇਸ ਵਾਧੇ ਨੂੰ ਕਾਇਮ ਰੱਖਣ ਲਈ, ਡੇਅਰੀ ਸੈਕਟਰ ਵਿੱਚ ਸਮਰੱਥਾ ਨਿਰਮਾਣ 'ਤੇ ਧਿਆਨ ਕੇਂਦਰਿਤ ਕਰਨ ਦੀ ਲੋੜ ਹੈ, ਅਤੇ ਸਰਕਾਰ ਨੂੰ ਭਵਿੱਖ ਦੇ ਵਾਧੇ ਨੂੰ ਉਤਸ਼ਾਹਿਤ ਕਰਨ ਲਈ ਏਕੀਕ੍ਰਿਤ ਰਾਸ਼ਟਰੀ ਡੇਅਰੀ ਵਿਕਾਸ ਰਣਨੀਤੀ ਤਿਆਰ ਕਰਨੀ ਚਾਹੀਦੀ ਹੈ। ਇਹ ਜਾਣਕਾਰੀ ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਨੇ ਸੰਸਦ ਦੇ ਮੌਜੂਦਾ ਬਜਟ ਸੈਸ਼ਨ ਦੌਰਾਨ ਇੱਕ ਵਿਸ਼ੇਸ਼ ਜ਼ਿਕਰ ਰਾਹੀਂ ਡੇਅਰੀ ਸੈਕਟਰ ਦਾ ਮੁੱਦਾ ਉਠਾਉਂਦੇ ਹੋਏ ਸਾਂਝੀ ਕੀਤੀ।



ਰਾਜ ਸਭਾ ਵਿੱਚ ਇਹ ਮੁੱਦਾ ਉਠਾਉਂਦੇ ਹੋਏ ਸੰਸਦ ਮੈਂਬਰ ਸਤਨਾਮ ਸਿੰਘ ਸੰਧੂ ਨੇ ਕਿਹਾ, ÷ਡੇਅਰੀ ਸੈਕਟਰ ਸਾਡੀ ਪੇਂਡੂ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ ਅਤੇ 80 ਮਿਲੀਅਨ ਤੋਂ ਵੱਧ ਲੋਕਾਂ ਨੂੰ ਰੁਜ਼ਗਾਰ ਪ੍ਰਦਾਨ ਕਰਦਾ ਹੈ। ਦੇਸ਼ ਭਰ ਦੇ ਪਸ਼ੂ ਪਾਲਕਾਂ ਨੂੰ।

ਡੇਅਰੀ ਸੈਕਟਰ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੰਦੇ ਹੋਏ, ਸੰਸਦ ਮੈਂਬਰ ਨੇ ਕਿਹਾ, ÷ਡੇਅਰੀ ਸੈਕਟਰ ਵਿੱਚ ਸਮਰੱਥਾ ਨਿਰਮਾਣ ਵੱਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ। ਜ਼ਮੀਨੀ ਪੱਧਰ 'ਤੇ ਸਹਿਕਾਰੀ ਸੰਸਥਾਵਾਂ ਨੂੰ ਬੁਨਿਆਦੀ ਢਾਂਚੇ ਨੂੰ ਆਧੁਨਿਕ ਬਣਾਉਣ ਅਤੇ ਪ੍ਰੋਸੈਸਿੰਗ ਸਮਰੱਥਾ ਦਾ ਵਿਸਥਾਰ ਕਰਨ ਦੀ ਲੋੜ ਹੈ। ਸਾਨੂੰ ਉੱਭਰ ਰਹੀਆਂ ਚੁਣੌਤੀਆਂ ਜਿਵੇਂ ਕਿ ਉਤਪਾਦਕਤਾ ਵਧਾਉਣਾ, ਬਿਹਤਰ ਚਾਰਾ ਪ੍ਰਬੰਧਨ, ਜਲਵਾਯੂ ਪਰਿਵਰਤਨ ਪ੍ਰਤੀ ਲਚਕੀਲਾਪਣ ਵਧਾਉਣਾ ਅਤੇ ਡੇਅਰੀ ਉਤਪਾਦਾਂ ਵਿੱਚ ਮੁੱਲ ਵਾਧੇ ਨੂੰ ਉਤਸ਼ਾਹਿਤ ਕਰਨਾ ਵੀ ਸ਼ਾਮਲ ਹੈ।ਸੈਕਟਰ ਲਈ ਜ਼ਰੂਰੀ ਨੀਤੀ ਦਿਸ਼ਾ ਬਾਰੇ ਬੋਲਦੇ ਹੋਏ, ਸੰਧੂ ਨੇ ਕਿਹਾ, ਸਰਕਾਰ ਨੂੰ ਇੱਕ ਏਕੀਕ੍ਰਿਤ ਰਾਸ਼ਟਰੀ ਡੇਅਰੀ ਵਿਕਾਸ ਰਣਨੀਤੀ ਤਿਆਰ ਕਰਨੀ ਚਾਹੀਦੀ ਹੈ ਜੋ ਨਸਲ ਸੁਧਾਰ, ਡਿਜੀਟਲ ਪਸ਼ੂ ਸਿਹਤ ਰਿਕਾਰਡ ਅਤੇ ਜਾਨਵਰਾਂ ਲਈ ਪੌਸ਼ਟਿਕ ਫੀਡ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ 'ਤੇ ਕੇਂਦ੍ਰਿਤ ਹੋਵੇ। ਉਨ੍ਹਾਂ ਇਹ ਵੀ ਸੁਝਾਅ ਦਿੱਤਾ ਕਿ ਐਂਟੀਬਾਇਓਟਿਕਸ 'ਤੇ ਨਿਰਭਰਤਾ ਘਟਾਉਣ ਲਈ ਜਾਨਵਰਾਂ ਦੇ ਇਲਾਜ ਵਿੱਚ ਆਯੁਰਵੇਦ ਅਤੇ ਰਵਾਇਤੀ ਦਵਾਈ ਦਾ ਵਿਗਿਆਨਕ ਤੌਰ 'ਤੇ ਸਮਰਥਨ ਕੀਤਾ ਜਾਣਾ ਚਾਹੀਦਾ ਹੈ।

ਡੇਅਰੀ ਸੈਕਟਰ ਵਿੱਚ ਔਰਤਾਂ ਦੀ ਭੂਮਿਕਾ 'ਤੇ ਜ਼ੋਰ ਦਿੰਦੇ ਹੋਏ, ਸੰਸਦ ਮੈਂਬਰ ਨੇ ਕਿਹਾ, ÷ਡੇਅਰੀ ਸੈਕਟਰ ਦਾ 70 ਪ੍ਰਤੀਸ਼ਤ ਤੋਂ ਵੱਧ ਹਿੱਸਾ ਔਰਤਾਂ ਨੂੰ ਰੁਜ਼ਗਾਰ ਦਿੰਦਾ ਹੈ। ਇਸ ਲਈ, ਔਰਤਾਂ ਦੀ ਅਗਵਾਈ ਵਾਲੇ ਸਹਿਕਾਰੀ ਸਭਾਵਾਂ ਅਤੇ ਕਿਸਾਨ ਉਤਪਾਦਕ ਸੰਗਠਨਾਂ ਨੂੰ ਆਸਾਨ ਕਰਜ਼ਾ, ਬੁਨਿਆਦੀ ਢਾਂਚਾ ਸਹਾਇਤਾ ਅਤੇ ਸਿਖਲਾਈ ਪ੍ਰਦਾਨ ਕਰਕੇ ਸਸ਼ਕਤ ਬਣਾਉਣਾ ਸਮੇਂ ਦੀ ਲੋੜ ਹੈ। ਉਨ੍ਹਾਂ ਅੱਗੇ ਕਿਹਾ, ਸਰਕਾਰ ਨੂੰ ਡੇਅਰੀ ਸੈਕਟਰ ਨੂੰ ਵਿਸ਼ੇਸ਼ ਪ੍ਰੋਤਸਾਹਨ ਪ੍ਰਦਾਨ ਕਰਨੇ ਚਾਹੀਦੇ ਹਨ ਤਾਂ ਜੋ ਸਾਡਾ ਸਹਿਕਾਰੀ ਢਾਂਚਾ ਅਤੇ ਡੇਅਰੀ ਉਦਯੋਗ ਆਤਮਨਿਰਭਰ ਭਾਰਤ ਦੇ ਟੀਚੇ ਨੂੰ ਸਾਕਾਰ ਕਰਨ ਵਿੱਚ ਇੱਕ ਮਜ਼ਬੂਤ ਥੰਮ੍ਹ ਬਣ ਸਕੇ।

ਭਾਰਤ ਦੇ ਡੇਅਰੀ ਸੈਕਟਰ ਵਿੱਚ ਹੋਈ ਸ਼ਾਨਦਾਰ ਪ੍ਰਗਤੀ ਨੂੰ ਉਜਾਗਰ ਕਰਦੇ ਹੋਏ, ਐਮਪੀ ਸੰਧੂ ਨੇ ਕਿਹਾ ਕਿ 240 ਮਿਲੀਅਨ ਟਨ ਤੋਂ ਵੱਧ ਦੇ ਸਾਲਾਨਾ ਉਤਪਾਦਨ ਦੇ ਨਾਲ, ਭਾਰਤ ਦੁਨੀਆ ਦਾ ਸਭ ਤੋਂ ਵੱਡਾ ਦੁੱਧ ਉਤਪਾਦਕ ਬਣ ਗਿਆ ਹੈ, ਜੋ ਕਿ ਵਿਸ਼ਵ ਉਤਪਾਦਨ ਦਾ ਲਗਭਗ ਇੱਕ ਚੌਥਾਈ ਹਿੱਸਾ ਪਾਉਂਦਾ ਹੈ। ਭਾਰਤ ਦੇ ਡੇਅਰੀ ਸੈਕਟਰ ਨੇ ਪਿਛਲੇ 11 ਸਾਲਾਂ ਵਿੱਚ ਲਗਭਗ 70% ਦਾ ਵਾਧਾ ਦਰਜ ਕੀਤਾ ਹੈ, ਜੋ ਕਿ ਰਾਸ਼ਟਰੀ ਅਰਥਵਿਵਸਥਾ ਵਿੱਚ ਲਗਭਗ 5% ਦਾ ਯੋਗਦਾਨ ਪਾਉਂਦਾ ਹੈ। ਇਸ ਤੋਂ ਇਲਾਵਾ, ਪ੍ਰਤੀ ਵਿਅਕਤੀ ਦੁੱਧ ਦੀ ਉਪਲਬਧਤਾ ਪਿਛਲੇ ਦਹਾਕੇ ਦੌਰਾਨ 48% ਵਧ ਕੇ 2023-24 ਵਿੱਚ 471 ਗ੍ਰਾਮ ਪ੍ਰਤੀ ਦਿਨ ਤੋਂ ਵੱਧ ਹੋ ਗਈ ਹੈ, ਜੋ ਕਿ ਪ੍ਰਤੀ ਵਿਅਕਤੀ ਪ੍ਰਤੀ ਦਿਨ 322 ਗ੍ਰਾਮ ਦੇ ਵਿਸ਼ਵ ਔਸਤ ਨਾਲੋਂ ਕਾਫ਼ੀ ਜ਼ਿਆਦਾ ਹੈ।

ਇਹ ਧਿਆਨ ਦੇਣ ਯੋਗ ਹੈ ਕਿ ਰਾਸ਼ਟਰੀ ਡੇਅਰੀ ਵਿਕਾਸ ਬੋਰਡ ਦੇ ਅਨੁਸਾਰ, ਇਸ ਸਮੇਂ 202,521 ਸੰਗਠਿਤ ਡੇਅਰੀ ਸਹਿਕਾਰੀ ਸਭਾਵਾਂ ਕੰਮ ਕਰ ਰਹੀਆਂ ਹਨ। ਦੇਸ਼। ਬੋਰਡ 23 ਦੁੱਧ ਉਤਪਾਦਕ ਸੰਗਠਨਾਂ ਦਾ ਵੀ ਸਮਰਥਨ ਕਰਦਾ ਹੈ, ਜਿਨ੍ਹਾਂ ਵਿੱਚ 16 ਔਰਤਾਂ ਦੁਆਰਾ ਪ੍ਰਬੰਧਿਤ ਹਨ। ਇਹ ਸੰਗਠਨ, ਲਗਭਗ 35,000 ਪਿੰਡਾਂ ਦੇ ਲਗਭਗ 1.2 ਮਿਲੀਅਨ ਦੁੱਧ ਉਤਪਾਦਕਾਂ ਨੂੰ ਜੋੜਦੇ ਹੋਏ, ਦੇਸ਼ ਦੇ ਡੇਅਰੀ ਖੇਤਰ ਵਿੱਚ ਸਹਿਕਾਰੀ ਮਾਡਲ ਨੂੰ ਮਜ਼ਬੂਤ ?।ਕਰਦੇ ਹਨ ਅਤੇ ਭਾਰਤੀ ਅਰਥਵਿਵਸਥਾ ਨੂੰ ਅੱਗੇ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਇਹ ਪ੍ਰਾਪਤੀਆਂ ਇਤਿਹਾਸਕ ਚਿੱਟੀ ਕ੍ਰਾਂਤੀ ਨਾਲ ਡੂੰਘਾਈ ਨਾਲ ਜੁੜੀਆਂ ਹੋਈਆਂ ਹਨ, ਜਿਸਨੇ ਭਾਰਤ ਨੂੰ ਦੁੱਧ ਦੀ ਘਾਟ ਵਾਲੇ ਦੇਸ਼ ਤੋਂ ਦੁਨੀਆ ਦੇ ਸਭ ਤੋਂ ਵੱਡੇ ਦੁੱਧ ਉਤਪਾਦਕਾਂ ਵਿੱਚੋਂ ਇੱਕ ਵਿੱਚ ਬਦਲ ਦਿੱਤਾ।

# ਜਾਮਨੀ ਉਤਸਵ ਮੌਕੇ ਰਾਸ਼ਟਰਪਤੀ ਦ੍ਰੌਪਦੀ ਮੁਰਮੂ ਵੱਲੋਂ ਸ਼ਿਰਕਤ

ਨਵੀਂ ਦਿੱਲੀ, 14 ਮਾਰਚ (ਅੰਮ੍ਰਿਤਪਾਲ ਸਿੰਘ) : ਮੈਨੂੰ ਤੁਹਾਡੇ ਸਾਰਿਆਂ ਦੇ ਵਿਚਕਾਰ ਜਾਮਨੀ ਉਤਸਵ ਵਿੱਚ ਆ ਕੇ ਖੁਸ਼ੀ ਹੋ ਰਹੀ ਹੈ, ਜੋ ਕਿ ਅਪਾਹਜ ਵਿਅਕਤੀਆਂ ਦੀਆਂ ਯੋਗਤਾਵਾਂ ਅਤੇ ਪ੍ਰਾਪਤੀਆਂ ਦਾ ਜਸ਼ਨ ਹੈ। ਤੁਸੀਂ ਸਾਰਿਆਂ ਨੇ ਅੰਮ੍ਰਿਤ ਉਦਯਾਨ ਦੀ ਕੁਦਰਤੀ ਸੁੰਦਰਤਾ ਦਾ ਆਨੰਦ ਮਾਣਿਆ ਅਤੇ ਅੱਜ ਇੱਥੇ ਆਯੋਜਿਤ ਕਈ ਗਤੀਵਿਧੀਆਂ ਵਿੱਚ ਹਿੱਸਾ ਲਿਆ। ਮੈਨੂੰ ਵਿਸ਼ਵਾਸ ਹੈ ਕਿ ਤੁਸੀਂ ਨਾ ਸਿਰਫ਼ ਇਸਦਾ ਆਨੰਦ ਮਾਣਿਆ ਬਲਕਿ ਬਹੁਤ ਕੁਝ ਸਿੱਖਿਆ ਵੀ। ਹਰ ਸਾਲ, ਬਹੁਤ ਸਾਰੇ ਲੋਕ ਕੁਦਰਤ ਦੀ ਸੁੰਦਰਤਾ ਨੂੰ ਦੇਖਣ ਲਈ ਰਾਸ਼ਟਰਪਤੀ ਭਵਨ ਕੰਪਲੈਕਸ ਵਿੱਚ ਅੰਮ੍ਰਿਤ ਉਦਯਾਨ ਆਉਂਦੇ ਹਨ। ਇਹ ਇੱਕ ਅਭੁੱਲ ਅਤੇ ਫਲਦਾਇਕ ਅਨੁਭਵ ਹੈ। ਰਾਸ਼ਟਰਪਤੀ ਭਵਨ ਦੇ ਦਰਵਾਜ਼ੇ ਸਾਰਿਆਂ ਲਈ ਖੁੱਲ੍ਹੇ ਹਨ। ਪਰ ਅਪਾਹਜ ਵਿਅਕਤੀ ਸਾਡੇ ਵਿਸ਼ੇਸ਼ ਮਹਿਮਾਨ ਹਨ। ਹਰ ਸਾਲ, ਉਨ੍ਹਾਂ ਲਈ ਇੱਕ ਵਿਸ਼ੇਸ਼ ਦਿਨ ਰੱਖਿਆ ਜਾਂਦਾ ਹੈ। ਇੱਕ ਦੇਸ਼ ਜਾਂ ਸਮਾਜ ਸਿਰਫ਼ ਸਮਰੱਥ ਲੋਕਾਂ ਲਈ ਆਪਣੀਆਂ ਪ੍ਰਾਪਤੀਆਂ ਦੁਆਰਾ ਨਹੀਂ, ਸਗੋਂ



ਕਮਜ਼ੋਰ ਲੋਕਾਂ ਪ੍ਰਤੀ ਆਪਣੀ ਸੰਵੇਦਨਸ਼ੀਲਤਾ ਦੁਆਰਾ ਜਾਣਿਆ ਜਾਂਦਾ ਹੈ। ਜੇਕਰ ਅਸੀਂ ਭਾਰਤੀ ਇਤਿਹਾਸ @ਤੇ ਨਜ਼ਰ ਮਾਰੀਏ, ਤਾਂ ਸਾਨੂੰ ਪਤਾ ਲੱਗੇਗਾ ਕਿ ਸੰਵੇਦਨਸ਼ੀਲਤਾ, ਸਮਾਵੇਸ਼ੀਤਾ ਅਤੇ ਸਦਭਾਵਨਾ ਵਿੱਚ ਵਿਸ਼ਵਾਸ ਸਾਡੀ ਸੰਸਕ੍ਰਿਤੀ ਅਤੇ ਸੱਭਿਅਤਾ ਦੇ ਮੁੱਖ ਗੁਣ ਰਹੇ ਹਨ। ਡਾ. ਦੀਪਾ ਮਲਿਕ, ਸ਼੍ਰੀਮਤੀ ਅਰੁਣਿਮਾ ਸਿਨਹਾ ਅਤੇ ਸ਼੍ਰੀਮਤੀ ਅਵਨੀ ਲੇਖਾਰਾ ਵਰਗੀਆਂ ਬਹੁਤ ਸਾਰੀਆਂ ਧੀਆਂ ਨੇ ਅੱਜ ਦੇ ਸੰਸਾਰ ਵਿੱਚ ਸਾਡੇ ਦੇਸ਼ ਦੀ ਸ਼ਾਨ ਵਧਾਉਣ ਵਿੱਚ ਬੇਮਿਸਾਲ ਯੋਗਦਾਨ ਪਾਇਆ ਹੈ। ਇਹ ਸਾਰੀਆਂ ਇਸ ਗੱਲ ਦਾ ਸਬੂਤ ਹਨ ਕਿ ਕਿਸੇ ਵੀ ਰੁਕਾਵਟ ਨੂੰ ਸਮਰਪਣ ਅਤੇ ਦ੍ਰਿੜਤਾ ਨਾਲ ਦੂਰ ਕੀਤਾ ਜਾ ਸਕਦਾ ਹੈ।

ਭਾਰਤ ਸਰਕਾਰ ਇਹ ਯਕੀਨੀ ਬਣਾਉਣ ਲਈ ਕਈ ਕਦਮ ਚੁੱਕ ਰਹੀ ਹੈ ਕਿ ਅਪਾਹਜ ਵਿਅਕਤੀ ਆਪਣੀ ਪੂਰੀ ਸਮਰੱਥਾ ਨਾਲ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਪਾ ਸਕਣ। ਅਪਾਹਜ ਵਿਅਕਤੀਆਂ ਦੇ ਅਧਿਕਾਰ ਐਕਟ, 2016, ਸਿੱਖਿਆ, ਰੁਜ਼ਗਾਰ, ਸਮਾਜਿਕ ਸੁਰੱਖਿਆ ਅਤੇ ਪਹੁੰਚਯੋਗਤਾ ਨਾਲ ਸਬੰਧਤ ਕਈ ਮਹੱਤਵਪੂਰਨ ਪ੍ਰਬੰਧ ਪ੍ਰਦਾਨ ਕਰਦਾ ਹੈ। ਜਨਤਕ ਇਮਾਰਤਾਂ, ਆਵਾਜਾਈ ਸੇਵਾਵਾਂ ਅਤੇ ਡਿਜੀਟਲ ਪਲੇਟਫਾਰਮਾਂ ਨੂੰ ਪਹੁੰਚਯੋਗ ਭਾਰਤ ਮੁਹਿੰਮ ਰਾਹੀਂ ਵਧੇਰੇ ਪਹੁੰਚਯੋਗ ਬਣਾਇਆ ਜਾ ਰਿਹਾ ਹੈ। ਪ੍ਰਧਾਨ ਮੰਤਰੀ ਦਿਵਿਆਂਗ ਕੇਂਦਰਾਂ (ਪੀਡਬਲਯੂਡੀ) ਰਾਹੀਂ ਪ੍ਰਦਾਨ ਕੀਤੇ ਗਏ ਸਹਾਇਕ ਉਪਕਰਣਾਂ ਅਤੇ ਸਹਾਇਕ ਉਪਕਰਣਾਂ ਦੀ ਖਰੀਦ ਅਤੇ ਫਿਟਿੰਗ ਲਈ ਅਪਾਹਜ ਵਿਅਕਤੀਆਂ ਦੀ ਸਹਾਇਤਾ (ਏਡੀਆਈਪੀ) ਯੋਜਨਾ ਲੱਖਾਂ ਲੋਕਾਂ ਨੂੰ ਆਜ਼ਾਦੀ ਅਤੇ ਵਿਸ਼ਵਾਸ ਨਾਲ ਆਪਣੀ ਜ਼ਿੰਦਗੀ ਜੀਉਣ ਵਿੱਚ ਮਦਦ ਕਰ ਰਹੀ ਹੈ। ਅੱਜ, ਤਕਨਾਲੋਜੀ ਅਤੇ ਨਵੀਨਤਾ ਅਪਾਹਜ ਵਿਅਕਤੀਆਂ ਦੇ ਸਸ਼ਕਤੀਕਰਨ ਲਈ ਨਵੇਂ ਮੌਕੇ ਖੋਲ੍ਹ ਰਹੀ ਹੈ। ਮੈਂ ਆਪਣੇ ਅਪਾਹਜ ਪੁੱਤਰਾਂ ਅਤੇ ਧੀਆਂ ਨੂੰ ਕਹਿਣਾ ਚਾਹੁੰਦਾ ਹਾਂ ਕਿ ਉਹ ਪੂਰੇ ਵਿਸ਼ਵਾਸ ਨਾਲ ਜ਼ਿੰਦਗੀ ਵਿੱਚ ਅੱਗੇ ਵਧਣ; ਤੁਹਾਨੂੰ ਸਰਕਾਰ ਅਤੇ ਸਮਾਜ ਦਾ ਸਮਰਥਨ ਮਿਲੇਗਾ। ਤੁਹਾਡਾ ਸਮਰਪਣ, ਸਖ਼ਤ ਮਿਹਨਤ ਅਤੇ ਲਗਨ ਨਾ ਸਿਰਫ਼ ਤੁਹਾਨੂੰ ਤਰੱਕੀ ਦਾ ਰਸਤਾ ਦਿਖਾਏਗੀ ਬਲਕਿ ਸਾਡੇ ਸਾਰੇ ਦੇਸ਼ ਵਾਸੀਆਂ ਨੂੰ ਵੀ ਪ੍ਰੇਰਿਤ ਕਰੇਗੀ। ਮੇਰੀਆਂ ਦਿਲੋਂ ਸ਼ੁਭਕਾਮਨਾਵਾਂ ਤੁਹਾਡੇ ਸਾਰਿਆਂ ਦੇ ਨਾਲ ਹਨ।

# ਐਚ-1ਬੀ ਵੀਜ਼ਾ ਨਿਯਮ ਬਦਲੇ; ਹੁਣ ਸੈਲਰੀ ਤੈਅ ਕਰੇਗੀ ਕਿਸ ਨੂੰ ਮਿਲੇਗਾ ਅਮਰੀਕਾ ਦਾ ਟਿਕਟ !

ਵਾਸ਼ਿੰਗਟਨ, 14 ਮਾਰਚ (ਚ.ਨ.ਸ.): ਨਵੀਂ ਪ੍ਰਣਾਲੀ ਵਿੱਚ, ਬਿਨੈਕਾਰਾਂ ਨੂੰ ਚਾਰ ਤਨਖਾਹ ਪੱਧਰਾਂ ਵਿੱਚ ਵੰਡਿਆ ਜਾਵੇਗਾ। ਕਿਸੇ ਅਹੁਦੇ ਦਾ ਤਨਖਾਹ ਪੱਧਰ ਜਿੰਨਾ ਉੱਚਾ ਹੋਵੇਗਾ, ਚੋਣ ਪ੍ਰਕਿਰਿਆ ਵਿੱਚ ਇਸਦੇ ਲਈ ਓਨੇ ਹੀ ਜ਼ਿਆਦਾ ਮੌਕੇ ਹੋਣਗੇ।ਸੰਯੁਕਤ ਰਾਜ ਅਮਰੀਕਾ ਨੇ ਐਚ-1ਬੀ ਵੀਜ਼ਾ ਪ੍ਰਕਿਰਿਆ ਵਿੱਚ ਇੱਕ ਵੱਡਾ ਬਦਲਾਅ ਕੀਤਾ ਹੈ। ਲਾਭਪਾਤਰੀਆਂ ਦੀ ਚੋਣ ਹੁਣ ਬੇਤਰਤੀਬ ਲਾਟਰੀ ਦੀ ਬਜਾਏ ਤਨਖਾਹ ਦੇ ਆਧਾਰ 'ਤੇ ਕੀਤੀ ਜਾਵੇਗੀ। ਇਸ ਨੂੰ ਪ੍ਰਾਪਤ ਕਰਨ ਲਈ, ਅਮਰੀਕੀ ਇਮੀਗ੍ਰੇਸ਼ਨ ਏਜੰਸੀ ਨੇ ਇੱਕ ਨਵਾਂ ਸਿਸਟਮ, ਫਾਰਮ 9-129 ਬਣਾਇਆ ਹੈ, ਜੋ 1 ਅਪ੍ਰੈਲ, 2026 ਤੋਂ ਲਾਜ਼ਮੀ ਹੋਵੇਗਾ।ਕੰਪਨੀਆਂ ਨੂੰ ਵਿਦੇਸ਼ੀ ਕਾਮਿਆਂ ਲਈ ਅਰਜ਼ੀਆਂ ਵਿੱਚ ਨੌਕਰੀ ਨਾਲ ਸਬੰਧਤ ਜਾਣਕਾਰੀ ਪ੍ਰਦਾਨ ਕਰਨ ਦੀ ਲੋੜ ਹੋਵੇਗੀ। ਇਸ ਨਾਲ




ਪਿਛਲੀ ਪ੍ਰਣਾਲੀ ਦੇ ਮੁਕਾਬਲੇ ਵਧੇਰੇ ਤਜਰਬੇਕਾਰ ਅਤੇ ਉੱਚ-ਤਨਖਾਹ ਵਾਲੇ ਪੇਸ਼ੇਵਰਾਂ ਦੇ ਵੀਜ਼ਾ ਪ੍ਰਾਪਤ ਕਰਨ ਦੀਆਂ ਸੰਭਾਵਨਾਵਾਂ ਵਧ ਜਾਣਗੀਆਂ।ਨਵੀਂ ਪ੍ਰਣਾਲੀ ਵਿੱਚ, ਬਿਨੈਕਾਰਾਂ ਨੂੰ ਚਾਰ ਤਨਖਾਹ ਪੱਧਰਾਂ ਵਿੱਚ ਵੰਡਿਆ ਜਾਵੇਗਾ। ਕਿਸੇ ਅਹੁਦੇ ਦਾ ਤਨਖਾਹ ਪੱਧਰ ਜਿੰਨਾ ਉੱਚਾ ਹੋਵੇਗਾ, ਚੋਣ ਪ੍ਰਕਿਰਿਆ ਵਿੱਚ ਇਸਦੇ ਲਈ ਓਨੇ ਹੀ ਜ਼ਿਆਦਾ ਮੌਕੇ ਹੋਣਗੇ। ਉਦਾਹਰਣ ਵਜੋਂ, ਇੱਕ ਪੱਧਰ 4 ਉਮੀਦਵਾਰ ਨੂੰ ਚਾਰ ਮੌਕੇ ਮਿਲਣਗੇ, ਜਦੋਂ ਕਿ ਇੱਕ ਪੱਧਰ 1 ਉਮੀਦਵਾਰ ਨੂੰ ਸਿਰਫ਼ ਇੱਕ ਮੌਕਾ ਮਿਲੇਗਾ।ਫਾਰਮ 9-129 ਦੀ ਵਰਤੋਂ ਅਸਥਾਈ ਕਰਮਚਾਰੀਆਂ ਨੂੰ ਸੰਯੁਕਤ ਰਾਜ ਅਮਰੀਕਾ ਵਿੱਚ ਆਕਰਸ਼ਿਤ ਕਰਨ ਲਈ ਕੀਤੀ ਜਾਂਦੀ ਹੈ। ਅਮਰੀਕੀ ਕਿਰਤ ਵਿਭਾਗ ਹਰੇਕ ਕਿੱਤੇ ਅਤੇ ਸ਼ਹਿਰ ਲਈ ਇੱਕ ਮਿਆਰੀ ਤਨਖਾਹ ਨਿਰਧਾਰਤ ਕਰਦਾ ਹੈ। ਇਸਦੇ ਆਧਾਰ 'ਤੇ, ਨੌਕਰੀਆਂ ਨੂੰ ਪੱਧਰ 1 ਤੋਂ ਪੱਧਰ 4 ਤੱਕ ਦਰਜਾ ਦਿੱਤਾ ਜਾਂਦਾ।

# ਲਹਿੰਦੇ ਪੰਜਾਬ ਦੇ 20 ਹਜ਼ਾਰ ਅਧਿਆਪਕਾਂ ਨੂੰ ਤਿੰਨ ਮਹੀਨੇ ਤੋਂ ਨਹੀਂ ਮਿਲੀ ਤਨਖ਼ਾਹ

ਲਾਹੌਰ, 14 ਮਾਰਚ (ਚ.ਨ.ਸ.) : ਪਾਕਿਸਤਾਨ ਦੇ ਪੰਜਾਬ ਸੂਬੇ ਵਿਚ ਸਿਖਿਆ ਪ੍ਰਣਾਲੀ ਇਕ ਗੰਭੀਰ ਸੰਕਟ ਵਿਚ ਫਸਦੀ ਨਜ਼ਰ ਆ ਰਹੀ ਹੈ। ਪੰਜਾਬ ਐਜੂਕੇਸ਼ਨ ਇਨੀਸ਼ੀਏਟਿਵਜ਼ ਮੈਨੇਜਮੈਂਟ ਅਥਾਰਟੀ ਦੇ ਅਧੀਨ ਚੱਲ ਰਹੇ 4,300 ਸਕੂਲਾਂ ਦੇ ਲਗਭਗ 20,000 ਅਧਿਆਪਕਾਂ ਨੂੰ ਪਿਛਲੇ ਤਿੰਨ ਮਹੀਨਿਆਂ ਤੋਂ ਤਨਖ਼ਾਹਾਂ ਨਹੀਂ ਮਿਲੀਆਂ ਹਨ। ਤਨਖ਼ਾਹਾਂ ਨਾ ਮਿਲਣ ਕਾਰਨ ਬਹੁਤ ਸਾਰੇ ਅਧਿਆਪਕ ਨੌਕਰੀਆਂ ਛੱਡਣ ਬਾਰੇ ਸੋਚ ਰਹੇ ਹਨ, ਜਿਸ ਨਾਲ ਲਗਭਗ 6,00,000 ਵਿਦਿਆਰਥੀਆਂ ਦੀ ਸਿਖਿਆ 'ਤੇ ਬੁਰਾ ਅਸਰ ਪੈ ਸਕਦਾ ਹੈ। ਸਿਖਿਆ ਮਾਹਰਾਂ ਦਾ ਕਹਿਣਾ ਹੈ ਕਿ ਅਧਿਆਪਕਾਂ ਦੀ ਕਮੀ ਨਾਲ ਹਜ਼ਾਰਾਂ ਸਕੂਲ ਬੰਦ ਹੋ ਸਕਦੇ ਹਨ, ਜਿਸ ਨਾਲ ਵਿਦਿਆਰਥੀਆਂ ਦਾ ਭਵਿੱਖ ਖ਼ਤਰੇ ਵਿੱਚ ਪੈ ਜਾਵੇਗਾ।ਹਾਲਾਂਕਿ ਪੰਜਾਬ ਐਜੂਕੇਸ਼ਨ ਇਨੀਸ਼ੀਏਟਿਵਜ਼ ਮੈਨੇਜਮੈਂਟ ਅਥਾਰਟੀ ਦੇ ਮੁੱਖ ਕਾਰਜਕਾਰੀ ਅਧਿਕਾਰੀ ਇਮਤਿਆਜ਼ ਸ਼ਾਹਿਦ ਗੋਂਡਲ ਨੇ ਦਾਅਵਾ ਕੀਤਾ ਹੈ ਕਿ ਜਨਵਰੀ ਤਕ ਦੀਆਂ ਤਨਖ਼ਾਹਾਂ ਜਾਰੀ ਕਰ ਦਿਤੀਆਂ ਗਈਆਂ ਹਨ ਅਤੇ ਫ਼ਰਵਰੀ ਦੀਆਂ ਤਨਖ਼ਾਹਾਂ ਅਗਲੇ 5 ਤੋਂ 7 ਦਿਨਾਂ ਵਿਚ ਮਿਲ ਜਾਣਗੀਆਂ ਪਰ ਅਧਿਆਪਕਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਹਰ ਹਫ਼ਤੇ ਸਿਰਫ਼ ਭਰੋਸਾ ਹੀ ਮਿਲਦਾ ਹੈ।

# ਕੈਨੇਡਾ ਦੀ ਬੇਰੁਜ਼ਗਾਰੀ ਦਰ 6.7 ਫੀਸਦੀ ਤੱਕ ਪੁੱਜ, ਫ਼ਰਵਰੀ ਦੌਰਾਨ 84,000 ਨੌਕਰੀਆਂ ਖਤਮ

ਓਟਵਾ, 14 ਮਾਰਚ (ਚ.ਨ.ਸ.) : ਕੈਨੇਡਾ ਵਿੱਚ ਫ਼ਰਵਰੀ ਮਹੀਨੇ ਦੌਰਾਨ ਰੁਜ਼ਗਾਰ ਬਾਜ਼ਾਰ ਨੂੰ ਵੱਡਾ ਝਟਕਾ ਲੱਗਿਆ ਹੈ। ਸਰਕਾਰੀ ਅੰਕੜਿਆਂ ਮੁਤਾਬਕ ਇਸ ਮਹੀਨੇ ਦੌਰਾਨ ਲਗਭਗ 84,000 ਨੌਕਰੀਆਂ ਖਤਮ ਹੋ ਗਈਆਂ, ਜਿਸ ਨਾਲ ਦੇਸ਼ ਦੀ ਬੇਰੁਜ਼ਗਾਰੀ ਦਰ ਵਧ ਕੇ 6.7 ਫ਼ੀਸਦੀ ਹੋ ਗਈ ਹੈ। ਇਹ ਜਾਣਕਾਰੀ ਸਟੈਟਿਸਟਿਕਸ ਕੈਨੇਡਾ ਵੱਲੋਂ ਸ਼ੁੱਕਰਵਾਰ ਨੂੰ ਜਾਰੀ ਕੀਤੇ ਗਏ ਨਵੇਂ ਅੰਕੜਿਆਂ ਵਿੱਚ ਸਾਹਮਣੇ ਆਈ ਹੈ। ਰਿਪੋਰਟ ਅਨੁਸਾਰ ਨੌਕਰੀਆਂ ਵਿੱਚ ਆਈ ਇਹ ਕਮੀ ਮੁੱਖ ਤੌਰ 'ਤੇ ਫੁੱਲ-ਟਾਈਮ ਅਤੇ ਪ੍ਰਾਈਵੇਟ ਸੈਕਟਰ ਦੀਆਂ ਨੌਕਰੀਆਂ ਘਟਣ ਕਾਰਨ ਹੋਈ ਹੈ।



ਪਿਛਲੇ ਕੁਝ ਮਹੀਨਿਆਂ ਦੌਰਾਨ ਪ੍ਰਾਈਵੇਟ ਸੈਕਟਰ ਵਿੱਚ ਜੋ ਥੋੜ੍ਹਾ ਬਹੁਤ ਵਾਧਾ ਦੇਖਣ ਨੂੰ ਮਿਲਿਆ ਸੀ, ਉਹ ਵੀ ਹੁਣ ਲਗਭਗ ਖਤਮ ਹੋ ਗਿਆ ਹੈ। ਸਭ ਤੋਂ ਵੱਧ ਅਸਰ 25 ਤੋਂ 55 ਸਾਲ ਦੀ ਉਮਰ ਦੇ ਲੋਕਾਂ 'ਤੇ ਪਿਆ ਹੈ, ਜਦਕਿ 15 ਤੋਂ 24 ਸਾਲ ਦੇ ਨੌਜਵਾਨਾਂ ਵਿੱਚ ਵੀ ਰੁਜ਼ਗਾਰ ਦੇ ਮੌਕੇ ਘਟੇ ਹਨ। ਉਦਯੋਗਾਂ ਦੇ ਹਿਸਾਬ ਨਾਲ ਵੇਖਿਆ ਜਾਵੇ ਤਾਂ ਸਮਾਨ ਬਣਾਉਣ ਅਤੇ ਸੇਵਾਵਾਂ ਦੇਣ ਵਾਲੇ ਦੋਹਾਂ ਖੇਤਰਾਂ ਵਿੱਚ ਨੌਕਰੀਆਂ ਘਟੀਆਂ ਹਨ। ਥੋਕ ਅਤੇ ਰਿਟੇਲ ਵਪਾਰ ਖੇਤਰ ਵਿੱਚ ਲਗਭਗ 18,000 ਨੌਕਰੀਆਂ ਘਟੀਆਂ, ਜਦਕਿ ਕੰਸਟਰਕਸ਼ਨ ਖੇਤਰ ਵਿੱਚ 12,000 ਅਤੇ ਮੈਨੂਫੈਕਚਰਿੰਗ ਵਿੱਚ ਕਰੀਬ 9,200 ਨੌਕਰੀਆਂ ਖਤਮ ਹੋਈਆਂ ਹਨ। ਅਰਥਸ਼ਾਸਤਰੀਆਂ ਦਾ ਕਹਿਣਾ ਹੈ ਕਿ ਇਹ ਅੰਕੜੇ ਉਮੀਦਾਂ ਦੇ ਉਲਟ ਹਨ। ਵਿਸ਼ਲੇਸ਼ਕਾਂ ਨੂੰ ਅੰਦਾਜ਼ਾ ਸੀ ਕਿ ਫ਼ਰਵਰੀ ਵਿੱਚ ਲਗਭਗ 10,000 ਨਵੀਆਂ ਨੌਕਰੀਆਂ ਬਣਨਗੀਆਂ, ਪਰ ਅਸਲ ਵਿੱਚ ਵੱਡੀ ਗਿਣਤੀ ਵਿੱਚ ਨੌਕਰੀਆਂ ਘਟ ਗਈਆਂ। ਮਾਹਿਰਾਂ ਦੇ ਅਨੁਸਾਰ ਇਹ ਹਾਲਾਤ ਬੈਂਕ ਆਫ ਕੈਨੇਡਾ ਲਈ ਵੀ ਚਿੰਤਾ ਦਾ ਵਿਸ਼ਾ ਬਣ ਸਕਦੇ ਹਨ, ਕਿਉਂਕਿ ਲੇਬਰ ਮਾਰਕੀਟ ਦੀ ਰਫ਼ਤਾਰ ਮੰਦੀ ਪੈਂਦੀ ਦਿਖ ਰਹੀ ਹੈ। ਇਸਦੇ ਬਾਵਜੂਦ ਤਨਖ਼ਾਹਾਂ ਵਿੱਚ ਕੁਝ ਵਾਧਾ ਦਰਜ ਕੀਤਾ ਗਿਆ ਹੈ। ਔਸਤ ਪ੍ਰਤੀ ਘੰਟਾ ਤਨਖ਼ਾਹ ਪਿਛਲੇ ਸਾਲ ਦੇ ਮੁਕਾਬਲੇ 3.9 ਫ਼ੀਸਦੀ ਵਧ ਕੇ 37.56 ਡਾਲਰ ਹੋ ਗਈ ਹੈ। ਇਸਦੇ ਨਾਲ ਹੀ ਮਜ਼ਦੂਰੀ ਬਾਜ਼ਾਰ ਵਿੱਚ ਹਿੱਸਾ ਲੈਣ ਵਾਲੇ ਲੋਕਾਂ ਦੀ ਦਰ 0.1 ਫ਼ੀਸਦੀ ਘਟ ਕੇ 64.9 ਫ਼ੀਸਦੀ ਰਹਿ ਗਈ ਹੈ।

# ਮੋਜਤਬਾ ਖਾਮੇਨੇਈ 'ਤੇ 92.47 ਕਰੋੜ ਦਾ ਇਨਾਮ ਗੁਪਤ ਜਾਣਕਾਰੀ ਦੇਣ ਵਾਲਿਆਂ ਨੂੰ ਮਿਲੇਗਾ ਅਮਰੀਕਾ 'ਚ ਵੱਸਣ ਦਾ ਮੌਕਾ

ਨਵੀਂ ਦਿੱਲੀ, 14 ਮਾਰਚ (ਚ.ਨ.ਸ.) : ਅਮਰੀਕਾ ਨੇ ਈਰਾਨ ਦੇ ਨਵੇਂ ਸਰਵਉੱਚ ਨੇਤਾ ਮੋਜਤਬਾ ਖਾਮੇਨੇਈ ਅਤੇ ਇਸਲਾਮਿਕ ਰਿਵੋਲਿਊਸ਼ਨਰੀ ਗਾਰਡ ਕੋਰ ਨਾਲ ਜੁੜੇ ਕਈ ਹੋਰ ਸੀਨੀਅਰ ਅਧਿਕਾਰੀਆਂ ਬਾਰੇ ਜਾਣਕਾਰੀ ਦੇਣ ਵਾਲਿਆਂ ਨੂੰ 10 ਮਿਲੀਅਨ ਡਾਲਰ (ਮੌਜੂਦਾ ਐਕਸਚੇਂਜ ਦਰਾਂ ਅਨੁਸਾਰ ਲਗਪਗ 92,47,48,000 ਰੁਪਏ) ਤੱਕ ਦਾ ਇਨਾਮ ਦੇਣ ਦਾ ਐਲਾਨ ਕੀਤਾ ਹੈ।ਇਹ ਐਲਾਨ ਅਮਰੀਕੀ ਵਿਦੇਸ਼ ਵਿਭਾਗ ਦੇ 'ਰਿਵਾਰਡਸ ਫਾਰ ਜਸਟਿਸ'




ਪ੍ਰੋਗਰਾਮ ਰਾਹੀਂ ਕੀਤਾ ਗਿਆ ਹੈ, ਜਿਸ ਦਾ ਸੰਚਾਲਨ ਡਿਪਲੋਮੈਟਿਕ ਸੁਰੱਖਿਆ ਸੇਵਾ ਵੱਲੋਂ ਕੀਤਾ ਜਾਂਦਾ ਹੈ। ਇਹ ਇਨਾਮ ਉਨ੍ਹਾਂ ਲੋਕਾਂ ਲਈ ਹੈ ਜੋ ਮੋਜਤਬਾ ਖਾਮੇਨੇਈ ਜਾਂ IRGC ਨਾਲ ਜੁੜੇ ਹੋਰ ਚੋਟੀ ਦੇ ਅਧਿਕਾਰੀਆਂ ਬਾਰੇ ਪੁਖ਼ਤਾ ਜਾਣਕਾਰੀ ਪ੍ਰਦਾਨ ਕਰਨਗੇ।ਰਿਵਾਰਡਸ ਫਾਰ ਜਸਟਿਸ ਪ੍ਰੋਗਰਾਮ ਦੇ ਅਧਿਕਾਰਤ ਬਿਆਨ ਅਨੁਸਾਰ, ਇਹ ਨਿਸ਼ਾਨਾ ਬਣਾਏ ਗਏ ਵਿਅਕਤੀ ਆਈ.ਆਰ.ਜੀ.ਸੀ. ਦੇ ਉਨ੍ਹਾਂ ਵੱਖ-ਵੱਖ ਤੱਤਾਂ ਦਾ ਨਿਰਦੇਸ਼ਨ ਕਰਦੇ ਹਨ ਜੋ ਗਲੋਬਲ ਪੱਧਰ 'ਤੇ ਗਤੀਵਿਧੀਆਂ ਦੀ ਯੋਜਨਾ ਬਣਾਉਣ ਅਤੇ ਉਨ੍ਹਾਂ ਨੂੰ ਅੰਜਾਮ ਦੇਣ ਵਿੱਚ ਸ਼ਾਮਲ ਰਹੇ ਹਨ।ਇਸ ਪ੍ਰੋਗਰਾਮ ਦਾ ਉਦੇਸ਼ ਉਨ੍ਹਾਂ ਨੈੱਟਵਰਕਾਂ ਨੂੰ ਵਿਘਨ ਪਾਉਣਾ (ਰੋਕਣਾ) ਹੈ ਜੋ ਅੰਤਰਰਾਸ਼ਟਰੀ ਸੁਰੱਖਿਆ ਲਈ ਖਤਰਾ ਪੈਦਾ ਕਰਦੇ ਹਨ। ਜਾਣਕਾਰੀ ਦੇਣ ਵਾਲੇ ਵਿਅਕਤੀਆਂ ਦੀ ਪਛਾਣ ਗੁਪਤ ਰੱਖੀ ਜਾਂਦੀ ਹੈ ਅਤੇ ਉਨ੍ਹਾਂ ਨੂੰ ਸੁਰੱਖਿਆ ਪ੍ਰਦਾਨ ਕਰਨ ਦੇ ਵਿਕਲਪ ਵੀ ਉਪਲਬਧ ਕਰਵਾਏ ਜਾ ਸਕਦੇ ਹਨ। ਇਹ ਕਦਮ ਈਰਾਨ ਦੀ ਫੌਜੀ ਅਤੇ ਰਣਨੀਤਕ ਲੀਡਰਸ਼ਿਪ @ਤੇ ਦਬਾਅ ਵਧਾਉਣ ਦੀ ਅਮਰੀਕੀ ਨੀਤੀ ਦਾ ਹਿੱਸਾ ਹੈ।

# ਕੀ ਪੁਤਿਨ ਗੁਪਤ ਤੌਰ 'ਤੇ ਕਰ ਰਹੇ ਨੇ ਈਰਾਨ ਦੀ ਮਦਦ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਪ੍ਰਗਟਾਇਆ ਸ਼ੱਕ

ਨਵੀਂ ਦਿੱਲੀ, 14 ਮਾਰਚ (ਚ.ਨ.ਸ.) : ਅਮਰੀਕਾ ਅਤੇ ਈਰਾਨ ਵਿਚਕਾਰ ਚੱਲ ਰਹੇ ਤਣਾਅ ਵਿਚਕਾਰ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇੱਕ ਵੱਡਾ ਬਿਆਨ ਦਿੱਤਾ ਹੈ। ਟਰੰਪ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਲੱਗਦਾ ਹੈ ਕਿ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਈਰਾਨ ਦੀ ਥੋੜ੍ਹੀ-ਬਹੁਤ ਮਦਦ ਕਰ ਰਹੇ ਹੋ ਸਕਦੇ ਹਨ। ਉਨ੍ਹਾਂ ਨੇ ਇਹ ਗੱਲ ਇੱਕ ਰੇਡੀਓ ਇੰਟਰਵਿਊ ਦੌਰਾਨ ਕਹੀ।ਡੋਨਾਲਡ ਟਰੰਪ ਨੇ ਇਹ ਟਿੱਪਣੀ ਫੌਕਸ ਨਿਊਜ਼ ਦੇ ਹੋਸਟ ਬ੍ਰਾਇਨ ਕਿਲਮੀਡ ਨਾਲ ਗੱਲਬਾਤ ਦੌਰਾਨ ਕੀਤੀ। ਕਿਲਮੀਡ ਨੇ ਟਰੰਪ ਨੂੰ ਪੁੱਛਿਆ ਕਿ ਕੀ ਉਨ੍ਹਾਂ ਨੂੰ ਲੱਗਦਾ ਹੈ ਕਿ ਵਲਾਦੀਮੀਰ ਪੁਤਿਨ ਈਰਾਨ ਦੀ ਮਦਦ ਕਰ ਰਹੇ ਹਨ। ਇਸ 'ਤੇ ਟਰੰਪ ਨੇ ਜਵਾਬ ਦਿੱਤਾ, ਮੈਨੂੰ ਲੱਗਦਾ ਹੈ ਕਿ ਉਹ ਸ਼ਾਇਦ ਥੋੜ੍ਹੀ ਮਦਦ ਕਰ ਰਹੇ ਹੋਣਗੇ।ਟਰੰਪ ਨੇ ਅੱਗੇ ਕਿਹਾ ਕਿ ਰੂਸ ਨੂੰ ਵੀ ਲੱਗਦਾ ਹੋਵੇਗਾ ਕਿ ਅਮਰੀਕਾ ਯੂਕਰੇਨ ਦੀ ਮਦਦ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਯੂਕਰੇਨ ਦੀ ਮਦਦ ਕਰ ਰਿਹਾ ਹੈ, ਜੋ 2022 ਵਿੱਚ ਰੂਸੀ ਹਮਲੇ ਤੋਂ ਬਾਅਦ ਜੰਗ ਵਿੱਚ ਹੈ। ਟਰੰਪ ਨੇ ਕਿਹਾ ਕਿ ਇਸੇ ਤਰ੍ਹਾਂ ਚੀਨ ਵੀ ਸੋਚ ਸਕਦਾ ਹੈ ਕਿ ਦੋਵੇਂ ਪਾਸੇ ਆਪਣੇ-ਆਪਣੇ ਸਹਿਯੋਗੀਆਂ ਦੀ ਮਦਦ ਕਰ ਰਹੇ ਹਨ।

# ਅਮਰੀਕੀ ਦੂਤਾਵਾਸ 'ਤੇ ਮਿਜ਼ਾਈਲ ਹਮਲਾ ਸੁਸਾਈਡ ਡਰੋਨਾਂ ਦੁਆਰਾ ਰਾਡਾਰ ਸਿਸਟਮ ਤੇ ਹੈਲੀਪੈਡ ਨੂੰ ਬਣਾਇਆ ਨਿਸ਼ਾਨਾ

ਬਗਦਾਦ, 14 ਮਾਰਚ (ਚ.ਨ.ਸ.): ਇਰਾਕ ਦੀ ਰਾਜਧਾਨੀ ਬਗਦਾਦ ਵਿੱਚ ਸਥਿਤ ਅਮਰੀਕੀ ਦੂਤਾਵਾਸ 'ਤੇ ਸ਼ਨੀਵਾਰ ਨੂੰ ਮਿਜ਼ਾਈਲ ਹਮਲਾ ਹੋਇਆ। ਨਿਊਜ਼ ਏਜੰਸੀ ਰਾਇਟਰਜ਼ ਨੇ ਇਰਾਕੀ ਸੁਰੱਖਿਆ ਸੂਤਰਾਂ ਦੇ ਹਵਾਲੇ ਨਾਲ ਇਹ ਜਾਣਕਾਰੀ ਦਿੱਤੀ। ਇਹ ਦੱਸਿਆ ਗਿਆ ਹੈ ਕਿ ਮਿਜ਼ਾਈਲ ਦੂਤਾਵਾਸ ਦੇ ਕੰਪਲੈਕਸ ਦੇ ਨੇੜੇ ਡਿੱਗੀ, ਜਿਸ ਕਾਰਨ ਇਮਾਰਤ ਦੇ ਉੱਪਰੋਂ ਧੂੰਆਂ



ਉੱਠਦਾ ਦਿਖਾਈ ਦੇ ਰਿਹਾ ਸੀ। ਫਿਲਹਾਲ, ਇਹ ਸਪੱਸ਼ਟ ਨਹੀਂ ਹੈ ਕਿ ਇਸ ਹਮਲੇ ਨਾਲ ਕਿੰਨਾ ਨੁਕਸਾਨ ਹੋਇਆ ਹੈ। ਅਮਰੀਕੀ ਦੂਤਾਵਾਸ ਬਗਦਾਦ ਦੇ ਸਭ ਤੋਂ ਭਾਰੀ ਕਿਲ੍ਹੇ ਵਾਲੇ ਜ਼ਿਲ੍ਹੇ ਗ੍ਰੀਨ ਜ਼ੋਨ ਵਿੱਚ ਸਥਿਤ ਹੈ। ਇਸ ਖੇਤਰ ਵਿੱਚ ਕਈ ਮੁੱਖ ਇਰਾਕੀ ਸਰਕਾਰੀ ਦਫ਼ਤਰ, ਵਿਦੇਸ਼ੀ ਦੂਤਾਵਾਸ ਅਤੇ ਫੌਜੀ ਅੱਡੇ ਹਨ। ਇੱਥੇ ਸੁਰੱਖਿਆ ਬਹੁਤ ਸਖ਼ਤ ਹੈ; ਨਤੀਜੇ ਵਜੋਂ, ਇਸ ਜ਼ੋਨ ਵਿੱਚ ਹੋਣ ਵਾਲੇ ਹਮਲੇ ਨੂੰ ਗੰਭੀਰ ਚਿੰਤਾ ਦਾ ਵਿਸ਼ਾ ਮੰਨਿਆ ਜਾਂਦਾ ਹੈ।ਉਪਲਬਧ ਜਾਣਕਾਰੀ ਦੇ ਅਨੁਸਾਰ, ਇਹ ਹਮਲਾ ਇੱਕ ਘਟਨਾ ਤੋਂ ਥੋੜ੍ਹੀ ਦੇਰ ਬਾਅਦ ਹੋਇਆ ਸੀ ਜਿਸ ਵਿੱਚ ਈਰਾਨ-ਸਮਰਥਿਤ ਅੱਤਵਾਦੀ ਸਮੂਹ ਨਾਲ ਸਬੰਧਤ ਦੋ ਲੜਾਕੇ ਮਾਰੇ ਗਏ ਸਨ। ਮੰਨਿਆ ਜਾ ਰਿਹਾ ਹੈ ਕਿ ਇਹ ਹਮਲਾ ਉਸ ਪਹਿਲਾਂ ਵਾਲੀ ਘਟਨਾ ਦਾ ਬਦਲਾ ਲੈਣ ਵਾਲਾ ਜਵਾਬ ਹੋ ਸਕਦਾ ਹੈ, ਹਾਲਾਂਕਿ ਇਸਦੀ ਅਜੇ ਅਧਿਕਾਰਤ ਤੌਰ 'ਤੇ ਪੁਸ਼ਟੀ ਨਹੀਂ ਹੋਈ ਹੈ।

# ਪੀ.ਆਈ.ਬੀ. ਚੰਡੀਗੜ੍ਹ ਦੇ ਪੱਤਰਕਾਰ ਵਫ਼ਦ ਦਾ ਰਾਜਸਥਾਨ ਦੌਰਾ ਸਫਲਤਾਪੂਰਵਕ ਸੰਪੂਰਨ

ਜੈਪੁਰ/ਚੰਡੀਗੜ੍ਹ, 14 ਮਾਰਚ (ਅੰਮ੍ਰਿਤਪਾਲ ਸਿੰਘ) : ਪੱਤਰ ਸੂਚਨਾ ਦਫ਼ਤਰ (ਪੀਆਈਬੀ), ਚੰਡੀਗੜ੍ਹ ਦੇ ਪੱਤਰਕਾਰਾਂ ਦੇ ਇੱਕ ਵਫ਼ਦ ਵਲੋਂ 8 ਮਾਰਚ ਤੋਂ 14 ਮਾਰਚ, 2026 ਤੱਕ ਰਾਜਸਥਾਨ ਦਾ ਦੌਰਾ ਸਫਲਤਾਪੂਰਵਕ ਸਮਾਪਤ ਹੋਇਆ। ਇਸ ਸਮੇਂ ਦੌਰਾਨ, ਵਫ਼ਦ ਨੇ ਜੋਧਪੁਰ, ਜੈਸਲਮੇਰ ਅਤੇ ਜੈਪੁਰ ਵਿੱਚ ਵੱਖ-ਵੱਖ ਕੇਂਦਰ ਸਰਕਾਰ ਦੇ ਅਦਾਰਿਆਂ, ਪ੍ਰੋਜੈਕਟਾਂ ਅਤੇ ਵਿਕਾਸ ਕਾਰਜਾਂ ਦਾ ਦੌਰਾ ਕੀਤਾ, ਉਨ੍ਹਾਂ ਦੇ ਸੰਚਾਲਨ ਵਿਧੀਆਂ ਬਾਰੇ ਵਿਸਥਾਰਤ ਜਾਣਕਾਰੀ ਪ੍ਰਾਪਤ ਕੀਤੀ। ਜੈਪੁਰ ਵਿੱਚ ਆਪਣੇ ਠਹਿਰਾਅ ਦੌਰਾਨ, ਪੱਤਰਕਾਰਾਂ ਦੇ ਵਫ਼ਦ ਨੇ ਰਾਜਸਥਾਨ ਦੇ ਮੁੱਖ ਮੰਤਰੀ ਸ਼੍ਰੀ ਭਜਨਲਾਲ ਸ਼ਰਮਾ ਨਾਲ ਰਸਮੀ ਮੁਲਾਕਾਤ ਕੀਤੀ। ਇਸ ਮੌਕੇ, ਪੀਆਈਬੀ ਚੰਡੀਗੜ੍ਹ ਦੇ ਮੀਡੀਆ ਅਤੇ ਸੰਚਾਰ ਅਧਿਕਾਰੀ ਸ਼੍ਰੀ ਅਹਿਮਦ ਖਾਨ ਨੇ ਪ੍ਰੈਸ ਦੌਰੇ ਦੇ ਉਦੇਸ਼ਾਂ ਅਤੇ ਇਸਦੇ ਯਾਤਰਾ ਪ੍ਰੋਗਰਾਮ ਦੀ ਰੂਪ-ਰੇਖਾ ਦਾ ਸੰਖੇਪ ਜਾਣਕਾਰੀ ਦਿੱਤੀ।

ਵਫ਼ਦ ਨੇ ਰਾਜਸਥਾਨ ਵਿਧਾਨ ਸਭਾ ਦਾ ਵੀ ਦੌਰਾ ਕੀਤਾ। ਇਸ ਮੌਕੇ @ਤੇ, ਵਿਧਾਨ ਸਭਾ ਦੇ ਡਿਪਟੀ ਡਾਇਰੈਕਟਰ ਡਾ. ਲੋਕੇਸ਼



ਸ਼ਰਮਾ ਨੇ ਸਦਨ ਦੇ ਕੰਮਕਾਜ, ਇਸਦੇ ਡਿਜੀਟਲ ਬੁਨਿਆਦੀ ਢਾਂਚੇ ਅਤੇ ਵਿਧਾਨ ਸਭਾ ਅਜਾਇਬ ਘਰ ਬਾਰੇ ਵਿਸਥਾਰਤ ਜਾਣਕਾਰੀ ਪ੍ਰਦਾਨ ਕੀਤੀ। ਉਨ੍ਹਾਂ ਦੱਸਿਆ ਕਿ ਅਜਾਇਬ ਘਰ ਵਿੱਚ ਵਿਧਾਨ ਸਭਾ ਦੇ ਸਾਬਕਾ ਸਪੀਕਰਾਂ ਅਤੇ ਮੁੱਖ ਮੰਤਰੀਆਂ ਦੇ ਮੋਮ ਦੇ ਬੁੱਤ ਲੱਗੇ ਹੋਏ ਹਨ, ਜਿਨ੍ਹਾਂ ਦੇ ਨਾਲ ਹੀ ਉਨ੍ਹਾਂ ਦੇ ਜੀਵਨ ਅਤੇ ਯੋਗਦਾਨਾਂ ਦਾ ਵੇਰਵਾ ਦੇਣ ਵਾਲੀਆਂ ਪ੍ਰਦਰਸ਼ਨੀਆਂ ਵੀ ਹਨ। ਦੌਰੇ ਦੌਰਾਨ, ਪੱਤਰਕਾਰ ਵਫ਼ਦ ਨੇ ਪ੍ਰਮੁੱਖ ਵਿਦਿਅਕ ਅਤੇ ਖੋਜ ਸੰਸਥਾਵਾਂ ਦਾ ਦੌਰਾ ਕੀਤਾ, ਜਿਨ੍ਹਾਂ ਵਿੱਚ ਜੋਧਪੁਰ ਵਿੱਚ ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ (ਆਈਆਈਟੀ) ਅਤੇ ਨੈਸ਼ਨਲ ਇੰਸਟੀਚਿਊਟ ਆਫ਼ ਫੈਸ਼ਨ ਟੈਕਨਾਲੋਜੀ (ਨਿਫਟ) ਸ਼ਾਮਲ ਹਨ। ਇਨ੍ਹਾਂ ਦੌਰਿਆਂ ਦੌਰਾਨ, ਉਨ੍ਹਾਂ ਨੇ ਇਨ੍ਹਾਂ ਸੰਸਥਾਵਾਂ ਵਿੱਚ ਕੀਤੀਆਂ ਜਾ ਰਹੀਆਂ ਖੋਜ, ਨਵੀਨਤਾ ਅਤੇ ਅਕਾਦਮਿਕ ਗਤੀਵਿਧੀਆਂ ਬਾਰੇ ਜਾਣਕਾਰੀ ਇਕੱਠੀ ਕੀਤੀ। ਇਸ ਤੋਂ ਇਲਾਵਾ, ਵਫ਼ਦ ਨੇ ਖੇਤੀਬਾੜੀ ਅਤੇ ਪੇਂਡੂ ਵਿਕਾਸ ਨਾਲ ਸਬੰਧਤ ਸੰਸਥਾਵਾਂ ਦਾ ਦੌਰਾ ਕੀਤਾ, ਅਤੇ ਕੇਂਦਰ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਦੇ ਲਾਗੂਕਰਨ ਦੀ ਸਥਿਤੀ ਬਾਰੇ ਜਾਣਕਾਰੀ ਹਾਸਲ ਕੀਤੀ। ਜੈਸਲਮੇਰ ਵਿੱਚ ਆਪਣੇ ਠਹਿਰਾਅ ਦੌਰਾਨ, ਵਫ਼ਦ ਨੇ ਸਮ ਦੇ ਰੇਤ ਦੇ ਟਿੱਲਿਆਂ ਨੂੰ ਵੀ ਦੇਖਿਆ। ਇਸ ਤੋਂ ਇਲਾਵਾ, ਅੰਤਰਰਾਸ਼ਟਰੀ ਸਰਹੱਦੀ ਖੇਤਰ ਵਿੱਚ ਸਰਹੱਦੀ ਸੁਰੱਖਿਆ ਬਲ (ਬੀਐੱਸਐੱਫ) ਦੀਆਂ ਗਤੀਵਿਧੀਆਂ ਅਤੇ ਸੰਚਾਲਨ ਪ੍ਰਕਿਰਿਆਵਾਂ ਦੀ ਜਾਣਕਾਰੀ ਪ੍ਰਾਪਤ ਕਰਨ ਲਈ, ਉਨ੍ਹਾਂ ਨੇ ਲੌਂਗੇਵਾਲਾ, ਤਨੋਟ ਮਾਤਾ ਮੰਦਰ ਅਤੇ ਹੋਰ ਸਰਹੱਦੀ ਖੇਤਰਾਂ ਦਾ ਦੌਰਾ ਕੀਤਾ। ਇਨ੍ਹਾਂ ਦੌਰਿਆਂ ਦੌਰਾਨ, ਉਨ੍ਹਾਂ ਨੇ ਸਰਹੱਦੀ ਸੁਰੱਖਿਆ ਦੇ ਵੱਖ-ਵੱਖ ਪਹਿਲੂਆਂ ਅਤੇ ਜਵਾਨਾਂ ਵਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਤੋਂ ਇਲਾਵਾ, ਵਫ਼ਦ ਨੇ ਜੈਪੁਰ ਸਥਿਤ ਪੱਤਰ ਸੂਚਨਾ ਦਫ਼ਤਰ (ਪੀਆਈਬੀ) ਦਾ ਕੰਮਕਾਜ ਦੇਖਿਆ ਅਤੇ ਰਾਜਸਥਾਨ @ਚ ਪੀਆਈਬੀ ਵਲੋਂ ਕੀਤੀਆਂ ਜਾ ਰਹੀਆਂ ਜਨ ਸੰਚਾਰ ਗਤੀਵਿਧੀਆਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਇਸ ਮੌਕੇ ਅਧਿਕਾਰੀਆਂ ਨਾਲ ਹੋਈ ਮੀਟਿੰਗ ਦੌਰਾਨ, ਮੀਡੀਆ ਤਾਲਮੇਲ, ਸਰਕਾਰੀ ਯੋਜਨਾਵਾਂ ਦੇ ਪ੍ਰਭਾਵਸ਼ਾਲੀ ਪ੍ਰਸਾਰ ਅਤੇ ਜਾਣਕਾਰੀ ਦੇ ਮਜ਼ਬੂਤ ਸੰਚਾਰ ਬਾਰੇ ਵਿਸਥਾਰਤ ਵਿਚਾਰ-ਵਟਾਂਦਰਾ ਕੀਤਾ ਗਿਆ। ਇਹ ਦੌਰਾ ਪੱਤਰਕਾਰਾਂ ਨੂੰ ਕੇਂਦਰ ਸਰਕਾਰ ਦੀਆਂ ਯੋਜਨਾਵਾਂ, ਵਿਕਾਸ ਪ੍ਰੋਜੈਕਟਾਂ ਅਤੇ ਵੱਖ-ਵੱਖ ਸੰਸਥਾਵਾਂ ਦੇ ਕੰਮਕਾਜ ਦੀ ਸਿੱਧੀ ਜਾਣਕਾਰੀ ਹਾਸਲ ਕਰਨ ਦੇ ਯੋਗ ਬਣਾਉਣ ਦੇ ਉਦੇਸ਼ ਨਾਲ ਆਯੋਜਿਤ ਕੀਤਾ ਗਿਆ ਸੀ। ਵਫ਼ਦ ਦੇ ਮੈਂਬਰਾਂ ਨੇ ਇਸ ਦੌਰੇ ਨੂੰ ਲਾਭਦਾਇਕ ਅਤੇ ਜਾਣਕਾਰੀ ਭਰਪੂਰ ਦੱਸਿਆ।

## ਜਨਮ ਦਿਨ ਮੁਬਾਰਕ



ਰਮਨੀਕ ਸਿੰਘ



ਦਿਵਯਾਂਸ਼

# ਸੋਸ਼ਲ ਸਾਇੰਸ ਵਿਭਾਗ ਵੱਲੋਂ ਕਰਵਾਇਆ ਵਿਸ਼ੇਸ਼ ਲੈਕਚਰ



ਭਗਤਾ ਭਾਈ ਕਾ, 14 ਮਾਰਚ (ਸਵਰਨ ਸਿੰਘ ਭਗਤਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡੋਕੇਟ ਹਰਜਿੰਦਰ ਸਿੰਘ ਧਾਮੀ, ਸਕੱਤਰ ਵਿਦਿਆ ਸੁਖਮਿੰਦਰ ਸਿੰਘ ਅਤੇ ਸਿਕੰਦਰ ਸਿੰਘ ਮਲੂਕਾ (ਸਾਬਕਾ ਕੈਬਨਿਟ ਮੰਤਰੀ ਪੰਜਾਬ ਅਤੇ ਅਨਰੇਰੀ ਸਕੱਤਰ ਕਾਲਜ) ਦੀ ਰਹਿਨੁਮਾਈ ਅਤੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਲਾਕੇ ਦੀ ਨਾਮਵਰ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਭਗਤਾ ਭਾਈਕਾ ਵੱਲੋਂ ਕਾਲਜ ਪ੍ਰਿੰਸੀਪਲ ਡਾ.ਸਤਿੰਦਰ ਕੌਰ ਮਾਨ ਦੀ ਅਗਵਾਈ ਹੇਠ ਕਾਲਜ ਵਿਖੇ ਸੋਸ਼ਲ ਸਾਇੰਸ ਵਿਭਾਗ ਵੱਲੋਂ ਆਈਕਿਓਏਸੀ ਦੇ ਸਹਿਯੋਗ ਨਾਲ ਸਮਕਾਲੀ ਪੰਜਾਬ: ਸਮਾਜਿਕ- ਰਾਜਨੀਤਿਕ ਚੁਣੌਤੀਆਂ ਅਤੇ ਉਭਰ ਰਹੀਆਂ ਚਿੰਤਾਵਾਂ ਦੇ ਵਿਸ਼ੇ ਉੱਪਰ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਇਸ ਦੇ ਮੁੱਖ ਵਕਤਾ ਡਾ. ਸਤਨਾਮ ਸਿੰਘ ਮੁਖੀ ਪੋਲੀਟੀਕਲ ਸਾਇੰਸ ਵਿਭਾਗ , ਮਾਤਾ ਗੁਜਰੀ ਕਾਲਜ ਫਤਿਹਗੜ੍ਹ ਸਾਹਿਬ ਸਨ। ਪੋਲੀਟੀਕਲ ਸਾਇੰਸ ਵਿਭਾਗ ਦੇ ਮੁਖੀ ਪ੍ਰੋਫੈਸਰ ਰਮਨਦੀਪ ਕੌਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੁੱਖ ਵਕਤਾਂ ਨੇ ਪੰਜਾਬ ਦੀ ਸਮਾਜਿਕ ਅਤੇ ਰਾਜਨੀਤਿਕ ਸਥਿਤੀ ਉੱਪਰ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਉਭਰ ਰਹੀਆਂ ਨਵੀਆਂ ਸਮੱਸਿਆਵਾਂ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ।ਵਿਦਿਆਰਥੀਆਂ ਨੇ ਇਸ ਵਿਸ਼ੇਸ਼ ਲੈਕਚਰ ਨੂੰ ਬਹੁਤ ਧਿਆਨ ਨਾਲ ਸੁਣਿਆ। ਇਸ ਵਿੱਚ ਬੀਏ ਭਾਗ ਪਹਿਲਾ, ਦੂਜਾ ਅਤੇ ਤੀਜਾ ਦੇ ਲਗਭਗ 50 ਵਿਦਿਆਰਥੀਆਂ ਨੇ ਉਤਸ਼ਾਹ ਪੂਰਵਕ ਹਿੱਸਾ ਲਿਆ। ਜ਼ਿਕਰਯੋਗ ਹੈ ਕਿ ਕਾਲਜ ਦੇ ਪੋਲੀਟੀਕਲ ਸਾਇੰਸ ਵਿਭਾਗ ਵੱਲੋਂ ਪੰਜਾਬ ਪੋਲੀਟੀਕਲ ਸਾਇੰਸ ਐਸੋਸੀਏਸ਼ਨ ਨਾਲ ਸਮਝੌਤਾ ਸਾਈਨ ਕੀਤਾ ਗਿਆ। ਇਸ ਸਮੇਂ ਸੰਸਥਾ ਵੱਲੋਂ ਡਾ.ਹਰਮਨਦੀਪ ਕੌਰ, ਪ੍ਰੋਫੈਸਰ ਰਮਨਦੀਪ ਕੌਰ,ਪ੍ਰੋਫੈਸਰ ਗੁਰਪ੍ਰੀਤ ਕੌਰ, ਪ੍ਰੋਫੈਸਰ ਅਰਸ਼ਦੀਪ ਸਿੰਘ ਅਤੇ ਪ੍ਰੋਫੈਸਰ ਰਮਨਦੀਪ ਕੌਰ (ਪੰਜਾਬੀ) ਨੇ ਡਾ. ਸਤਨਾਮ ਸਿੰਘ ਨੂੰ ਸਨਮਾਨ ਚਿੰਨ੍ਹ ਭੇਟ ਕਰਦਿਆ ਹਾਰਦਿਕ ਸ਼ੁਕਰੀਆ ਅਦਾ ਕੀਤਾ।

# ਗੈਸ ਦੀ ਸ਼ਾਰਟੇਜ ਦਾ ਅਸਰ ਧਾਰਮਿਕ ਸੰਸਥਾਵਾਂ ਵੱਲੋਂ ਚਲਾਏ ਜਾ ਰਹੇ ਲੰਗਰਾਂ 'ਤੇ ਦਿਖਾਈ ਦੇਣ ਲੱਗਿਆ

## ਸੰਸਥਾਵਾਂ ਪ੍ਰਸ਼ਾਦੇ ਦੀ ਥਾਂ ਹੁਣ ਚੌਲ ਬਣਾਉਣ ਲਈ ਹੋਈਆਂ ਮਜਬੂਰ



ਤਲਵੰਡੀ ਸਾਬੋ, 14 ਮਾਰਚ(ਸੰਦੀਪ ਜੋਸ਼ੀ) : ਇਰਾਨ ਅਤੇ ਇਜਰਾਇਲ ਵਿਚਕਾਰ ਚੱਲ ਰਹੀ ਜੰਗ ਦੌਰਾਨ ਐਲਪੀਜੀ ਗੈਸ ਦਾ ਸੰਕਟ ਪੰਜਾਬ ਵਿੱਚ ਲਗਾਤਾਰ ਵੱਧਦਾ ਜਾ ਰਿਹਾ ਹੈ ਅਤੇ ਇਸ ਦਾ ਅਸਰ ਹੁਣ ਸਮਾਜ ਸੇਵੀ ਸੰਸਥਾਵਾਂ ਵੱਲੋਂ ਚਲਾਏ ਜਾ ਰਹੇ ਲੰਗਰਾਂ ਤੇ ਵੀ ਦੇਖਣ ਨੂੰ ਮਿਲ ਰਿਹਾ ਹੈ। ਬਠਿੰਡਾ ਦੇ ਏਮਸ ਹਸਪਤਾਲ ਵਿਖੇ ਪਿਛਲੇ ਅੱਠ ਸਾਲਾਂ ਤੋਂ ਲਗਾਤਾਰ ਲੰਗਰ ਦੀ ਸੇਵਾ ਕਰ ਰਹੇ ਬਾਬਾ ਸੁਬੇਗ ਸਿੰਘ ਗੁਰਦੁਆਰਾ ਸਰਬੱਤ ਦਾ ਭਲਾ ਨਹੀਂ ਦੱਸਿਆ ਕਿ ਐਲਪੀਜੀ ਗੈਸ ਦੀ ਸਮੱਸਿਆ ਤੇ ਚਲਦੇ ਉਹਨਾਂ ਵੱਲੋਂ ਹੁਣ ਲੰਗਰ ਵਿੱਚ ਪ੍ਰਸ਼ਾਦੇ ਦੀ ਥਾਂ ਚੌਲ ਅਤੇ ਖਿਚੜੀ ਇਲਾਜ ਲਈ ਆਏ ਮਰੀਜ਼ਾਂ ਤੇ ਉਹਨਾਂ ਪਰਿਵਾਰਿਕ ਮੈਂਬਰਾਂ ਨੂੰ ਦੇਣੀ ਪੈ ਰਹੀ ਹੈ ਉਹਨਾਂ ਦੱਸਿਆ ਕਿ ਰੋਜ਼ਾਨਾ ਉਨਾਂ ਨੂੰ 15000 ਬੰਦੇ ਦਾ ਲੰਗਰ ਤਿਆਰ ਕਰਨ 6 ਗੈਸ ਸਿਲੰਡਰਾਂ ਦੀ ਲੋੜ ਪੈਂਦੀ ਕਿਉਂਕਿ ਉਹਨਾਂ ਪਾਸ ਅਧੀ ਆਧੁਨਿਕ ਰੋਟੀਆਂ ਪਕਾਉਣ ਵਾਲੀ ਮਸ਼ੀਨ ਹੈ ਜੋ ਇਕ ਘੰਟੇ ਵਿੱਚ 5 ਹਜਾਰ ਫੁਲਕਾ ਤਿਆਰ ਕਰਦੀ ਹੈ ਅਤੇ ਰੋਜ਼ਾਨਾ ਉਹਨਾਂ ਵੱਲੋਂ ਪੰਜ ਤੋਂ ਸੱਤ ਕੁਇੰਟਲ ਆਟਾ ਗੁੰਨਿਆ ਜਾਂਦਾ ਹੈ ਪਰ ਹੁਣ ਪਿਛਲੇ ਕਈ ਦਿਨਾਂ ਤੋਂ ਐਲਪੀਜੀ ਗੈਸ ਦੀ ਸਪਲਾਈ ਨਾ ਮਿਲਣ ਕਾਰਨ ਉਹਨਾਂ ਦੇ ਲੰਗਰ ਵਿੱਚ ਵਿਘਨ ਪੈ ਰਿਹਾ ਹੈ ਜੋ ਉਹਨਾਂ ਵੱਲੋਂ ਪਿਛਲੇ ਅੱਠ ਸਾਲਾਂ ਤੋਂ ਰੋਜ਼ਾਨਾ ਨਿਰੰਤਰ ਚਲਾਇਆ ਜਾ ਰਿਹਾ ਸੀ ਐਲਪੀਜੀ ਗੈਸ ਦੀ ਸਪਲਾਈ ਨਾ ਹੋਣ ਕਾਰਨ ਉਹਨਾਂ ਵੱਲੋਂ ਹੁਣ ਸੇਵਾ ਲਈ ਆਏ ਨੌਜਵਾਨਾਂ ਨੂੰ ਅਪੀਲ ਕੀਤੀ ਜਾਂਦੀ ਹੈ ਅਤੇ ਲੰਗਰ ਤਿਆਰ ਕਰਨ ਲਈ ਲੱਕੜਾਂ ਦੀ ਵਰਤੋਂ ਕੀਤੀ ਜਾਂਦੀ ਹੈ ਪਰ ਮਸ਼ੀਨ ਦੇ ਮੁਕਾਬਲੇ ਹੱਥੀ ਤਵੀ ਤੇ ਰੋਟੀਆਂ ਲਾਉਣੀਆਂ ਬਹੁਤ ਔਖੀਆਂ ਹਨ ਜਿਸ ਕਾਰਨ ਉਹਨਾਂ ਵੱਲੋਂ ਲੰਗਰ ਦੀ ਪੂਰਤੀ ਲਈ ਨਾਲ ਚਾਵਲ ਅਤੇ ਖਿਚੜੀ ਤਿਆਰ ਕੀਤੀ ਜਾਂਦੀ ਹੈ ਅਤੇ ਹੁਣ ਪਿੰਡ ਪਿੰਡ ਹੋਕਾ ਦਿੱਤਾ ਜਾ ਰਿਹਾ ਹੈ ਕਿ ਚੱਲ ਰਹੇ ਲੰਗਰ ਨੂੰ ਨਿਰੰਤਰ ਜਾਰੀ ਰੱਖਣ ਲਈ ਹਰ ਕੋਈ ਆਪਦਾ ਬਣਦਾ ਸਹਿਯੋਗ ਦੇਵੇ ਅਤੇ ਹਰ ਘਰ ਤੋਂ ਪ੍ਰਸ਼ਾਦੇ ਲੰਗਰ ਲਈ ਭੇਜੇ ਜਾਣ ਜਿਸਦੇ ਚਲਦੇ ਹੁਣ ਪਿੰਡਾਂ ਵਿੱਚੋਂ ਲੰਗਰ ਦੀ ਸੇਵਾ ਆਉਣ ਲੱਗੀ ਹੈ ਅਤੇ ਉਹਨਾਂ ਵੱਲੋਂ ਚਾਵਲ ਤੇ ਖਿਚੜੀ ਲੱਕੜ ਬਾਲ ਕੇ ਤਿਆਰ ਕੀਤੀ ਜਾ ਰਹੀ ਹੈ ਏਮਸ ਹਸਪਤਾਲ ਵਿੱਚ ਪੰਜਾਬ ਤੋਂ ਇਲਾਵਾ ਹਰਿਆਣਾ ਰਾਜਸਥਾਨ ਉੱਤਰ ਪ੍ਰਦੇਸ਼ ਅਤੇ ਚੰਡੀਗੜ੍ਹ ਤੱਕ ਦੇ ਲੋਕ ਇਲਾਜ ਲਈ ਆਉਂਦੇ ਹਨ ਰੋਜ਼ਾਨਾ 15 ਹਜ਼ਾਰ ਦੇ ਕਰੀਬ ਲੋਕ ਲੰਗਰ ਛਕਦੇ ਹਨ ਪਰ ਹੁਣ ਲੰਗਰ ਦੀ ਵਿਵਸਥਾ ਡਾਵਾਂ ਡੋਲ ਹੁੰਦੀ ਨਜ਼ਰ ਆ ਰਹੀ ਹੈ ਕਿਉਂਕਿ ਐਲਪੀਜੀ ਗੈਸ ਦੀ ਸਮੱਸਿਆ ਦੇ ਚਲਦੇ ਲੰਗਰ ਵਿੱਚ ਪ੍ਰਸ਼ਾਦੇ ਤਿਆਰ ਨਹੀਂ ਹੁੰਦੇ ਅਤੇ ਉਹ ਮਜਬੂਰੀ ਵੱਸ ਇਲਾਜ ਲਈ ਆਏ ਲੋਕਾਂ ਨੂੰ ਚਾਵਲ ਕੜੀ ਅਤੇ ਖਿਚੜੀ ਦੇਣ ਲਈ ਮਜਬੂਰ ਹਨ ਉਹਨਾਂ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਲੰਗਰ ਦੀ ਸੇਵਾ ਨਿਰੰਤਰ ਜਾਰੀ ਰੱਖਣ ਲਈ ਐਲਪੀਜੀ ਗੈਸ ਭਾਵੇਂ ਇੱਕ ਮਹੀਨੇ ਵਿੱਚ 50 ਸਿਲੰਡਰ ਹੀ ਉਪਲਬਧ ਕਰਵਾਏ ਜਾਣ ਤਾਂ ਜੋ ਆਪਣੇ ਲੰਗਰ ਦੀ ਸੇਵਾ ਨਿਰੰਤਰ ਜਾਰੀ ਰੱਖ ਸਕਣਬਠਿੰਡਾ ਦੇ ਕਸਬਾ ਤਲਵੰਡੀ ਸਾਬੋ ਤੇ ਪਿੰਡ ਬਹਿਮਣ ਜੱਸਾ ਸਿੰਘ ਵਾਲਾ ਦੇ ਸੁੱਖਾ ਸਿੰਘ ਅਤੇ ਜਗਸੀਰ ਸਿੰਘ ਨੇ ਦੱਸਿਆ ਕਿ ਉਹ ਏਮਜ ਹਸਪਤਾਲ ਵਿੱਚ ਚੱਲ ਰਹੇ ਲੰਗਰ ਵਿੱਚ ਹਰ ਮਹੀਨੇ ਆਪਣਾ ਬਣਦਾ ਯੋਗਦਾਨ ਪਾਉਣ ਲਈ ਆਉਂਦੇ ਹਨ ਪਰ ਇਸ ਵਾਰ ਐਲਪੀਜੀ ਗੈਸ ਦੀ ਸਮੱਸਿਆ ਹੋਣ ਕਾਰਨ ਬਾਬਾ ਜੀ ਵੱਲੋਂ ਅਪੀਲ ਕੀਤੀ ਕਿ ਪਿੰਡਾਂ ਵਿੱਚ ਹੋਕਾ ਦਬਾਇਆ ਜਾਵੇ ਅਤੇ ਸੰਗਤ ਨੂੰ ਪ੍ਰਸ਼ਾਦੇ ਤਿਆਰ ਕਰਕੇ ਭੇਜਣ ਦੀ ਅਪੀਲ ਕੀਤੀ ਗਈ ਇਸ ਦੇ ਚਲਦੇ ਉਹਨਾਂ ਵੱਲੋਂ ਪਿੰਡ ਪ੍ਰਸ਼ਾਦੇ ਬਣਵਾ ਕੇ ਲਿਆਂਦੇ ਜਾਂਦੇ ਹਨ ਅਤੇ ਸੰਗਤ ਵਿੱਚ ਵਰਤਾਏ ਜਾਂਦੇ ਹਨ ਪਰ ਪ੍ਰਸ਼ਾਦਿਆਂ ਦੀ ਗਿਣਤੀ ਘੱਟ ਹੋਣ ਕਾਰਨ ਬਾਬਾ ਜੀ ਵੱਲੋਂ ਨਾਲ ਕੜੀ ਚੌਲ ਅਤੇ ਖਿਚੜੀ ਲੱਕੜਾਂ ਬਾਲ ਕੇ ਤਿਆਰ ਕੀਤੀ ਜਾਂਦੀ ਹੈ ਉਹਨਾਂ ਪ੍ਰਸ਼ਾਸਨ ਨੂੰ ਮੰਗ ਕੀਤੀ ਕਿ ਲੰਗਰ ਨੂੰ ਨਿਰਵਿਘਨ ਜਾਰੀ ਰੱਖਣ ਲਈ ਐਲਪੀਜੀ ਗੈਸ ਉਪਲਬਧ ਕਰਵਾਈ ਜਾਵੇ

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਹੋਈ ਮੀਟਿੰਗ



ਭਗਤਾ ਭਾਈ ਕਾ, 14 ਮਾਰਚ (ਸਵਰਨ ਸਿੰਘ ਭਗਤਾ) : ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਭੁੱਚੋ ਮੰਡੀ ਦੀ ਮੀਟਿੰਗ ਦੀ ਚੇਅਰਮੈਨ ਡਾਕਟਰ ਅਮਰਜੀਤ ਸਿੰਘ ਭੁੱਚੋ ਮੰਡੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਬਲਾਕ ਦੇ ਵੱਖ ਵੱਖ ਪਿੰਡਾਂ ਤੋਂ ਡਾਕਟਰ ਸਾਥੀਆਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਡਾਕਟਰ ਸਾਥੀਆਂ ਨੂੰ ਆ ਰਹੀਆਂ ਮੁਸਕਲਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਡਾਕਟਰ ਸਾਥੀਆਂ ਨੂੰ ਸਾਫ ਸੁਥਰੀ ਪ੍ਰੈਕਟਿਸ ਅਤੇ ਸਮਾਜ ਸੇਵਾ ਦੇ ਕੰਮ ਕਰਨ ਲਈ ਪ੍ਰੇਰਿਆ। ਇਸ ਮੌਕੇ ਆਗੂਆਂ ਨੇ ਸੂਬਾ ਸਰਕਾਰ ਤੋਂ ਮੰਗ ਕੀਤੀ ਕਿ ਚੋਣਾਂ ਦੌਰਾਨ ਡਾਕਟਰ ਸਾਥੀਆਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਜਾਣ ਅਤੇ ਤਜਰਬੇ ਦੇ ਆਧਾਰ ਤੇ ਡਾਕਟਰ ਸਾਥੀਆਂ ਨੂੰ ਰਜਿਸਟਰਡ ਕੀਤਾ ਜਾਵੇ , ਆਗੂਆਂ ਨੇ ਕਿਹਾ ਕਿ ਪਿੰਡਾਂ ਵਿੱਚ ਮੈਡੀਕਲ ਪ੍ਰੈਕਟੀਸ਼ਨਰਜ਼ ਦਿਨ ਰਾਤ ਲੋਕਾਂ ਨੂੰ ਸਸਤੀਆਂ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਹਨ । ਇਸ ਮੌਕੇ ਡਾਕਟਰ ਹਰਬੰਸ ਸਿੰਘ ਆਰਗੇਨਾਈਜ਼ਿੰਗ, ਜਨਰਲ ਸਕੱਤਰ ਡਾਕਟਰ ਕੁਲਦੀਪ ਸਿੰਘ, ਡਾਕਟਰ ਰਾਜਵੀਰ ਸਿੰਘ ,ਡਾਕਟਰ ਰਵਿੰਦਰ ਸਿੰਘ, ਡਾਕਟਰ ਬਲਵੀਰ ਸਿੰਘ, ਡਾਕਟਰ ਗੁਰਪ੍ਰੀਤ ਸਿੰਘ, ਡਾਕਟਰ ਗੁਰਵਿੰਦਰ ਸਿੰਘ ,ਡਾਕਟਰ ਅਵਤਾਰ ਸਿੰਘ, ਸੀਨੀਅਰ ਮੀਤ ਪ੍ਰਧਾਨ ਡਾਕਟਰ ਸਵਰਨ ਸਿੰਘ ਭਗਤਾ,ਡਾਕਟਰ ਜਗਜੀਤ ਸਿੰਘ ਪ੍ਰੈਸ ਸਕੱਤਰ ਡਾਕਟਰ ਯੂਸੁਫ਼ ਖ਼ਾਨ ਆਦਿ ਹਾਜ਼ਰ ਸਨ।ਇਸ ਮੌਕੇ ਵੱਖ ਵੱਖ ਅਹੁਦੇਦਾਰਾਂ ਨੇ ਮੀਟਿੰਗ ਨੂੰ ਸੰਬੋਧਨ ਕੀਤਾ।

# ਆਤਮਾ ਸਕੀਮ ਅਧੀਨ ਪਿੰਡ ਘੁਮਿਆਰਾ ਵਿਖੇ ਲਗਾਇਆ ਗਿਆ ਪਸ਼ੂ ਪਾਲਕ ਸਿਖਲਾਈ ਕੈਂਪ




ਸ੍ਰੀ ਮੁਕਤਸਰ ਸਾਹਿਬ, 14 ਮਾਰਚ ( ਐਚ ਐਸ ਕਪੂਰ) : ਸ. ਗੁਰਮੀਤ ਸਿੰਘ ਖੁੱਡੀਆਂ ਮਾਨਯੋਗ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਪੰਜਾਬ ਸਰਕਾਰ ਦੀ ਯੋਗ ਰਹਿਨੁਮਾਈ ਹੇਠ , ਸ਼੍ਰੀ ਰਾਹੁਲ ਭੰਡਾਰੀ, ਪ੍ਰਮੁੱਖ ਸਕੱਤਰ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਪੰਜਾਬ ਸਰਕਾਰ ਦੀ ਯੋਗ ਅਗਵਾਈ ਅਤੇ ਡਾ. ਪਰਮਦੀਪ ਸਿੰਘ ਵਾਲੀਆ ਨਿਰਦੇਸ਼ਕ ਪਸ਼ੂ ਪਾਲਣ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਡਾ. ਗੁਰਦਿੱਤ ਸਿੰਘ ਔਲਖ ਡਿਪਟੀ ਡਾਇਰੈਕਟਰ ਪਸ਼ੂ ਪਾਲਣ, ਸ੍ਰੀ ਮੁਕਤਸਰ ਸਾਹਿਬ ਦੀ ਦੇਖਰੇਖ ਹੇਠ ਪਸ਼ੂ ਪਾਲਣ ਵਿਭਾਗ ਪੰਜਾਬ ਵੱਲੋਂ ਆਤਮਾ ਸਕੀਮ ਅਧੀਨ ਪਿੰਡ ਘੁਮਿਆਰਾ ਵਿਖੇ ਪਸ਼ੂ ਪਾਲਕ ਸਿਖਲਾਈ ਕੈਂਪ ਲਗਾਇਆ ਗਿਆ। ਇਸ ਮੌਕੇ ਡਾ. ਵਿਨੋਦ ਕੁਮਾਰ ਸੀਨੀਅਰ ਵੈਟਨਰੀ ਅਫ਼ਸਰ ਮਲੋਟ ਨੇ ਗਰਮੀਆਂ ਵਿੱਚ ਪਸ਼ੂਆਂ ਦੀ ਬਿਹਤਰ ਸਾਂਭ - ਸੰਭਾਲ ਅਤੇ ਪਸ਼ੂਆਂ ਦੇ ਖੁਰਾਕ ਪ੍ਰਬੰਧਨ ਬਾਰੇ ਸਿਖਲਾਈ ਪ੍ਰਦਾਨ ਕੀਤੀ। ਉਨ੍ਹਾਂ ਨੇ ਰਾਜ ਵਿੱਚ ਚਲ ਰਹੀਆਂ ਵੱਖ- ਵੱਖ ਪਸ਼ੂ ਭਲਾਈ ਸਕੀਮਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਡਾ. ਪ੍ਰਸ਼ੋਤਮ ਕੁਮਾਰ ਮਾਂਝੀ ਵੈਟਨਰੀ ਅਫ਼ਸਰ ਨੇ ਪਸ਼ੂਆਂ ਨੂੰ ਮੱਲਪ ਰਹਿਤ ਕਰਨ ਬਾਰੇ ਜਾਣਕਾਰੀ ਦਿੱਤੀ। ਡਾ. ਅਕਸ਼ੈ ਸਹਾਰਨ ਵੈਟਨਰੀ ਅਫ਼ਸਰ ਵੱਲੋਂ ਬੱਕਰੀ ਪਾਲਣ ਸਬੰਧੀ ਨੁਸਖ਼ੇ ਸਾਂਝੇ ਕੀਤੇ ਗਏ।ਗ੍ਰਾਮ ਪੰਚਾਇਤ ਘੁਮਿਆਰਾ ਵੱਲੋਂ ਕੈਂਪ ਲਗਾਉਣ ਤੇ ਪਸ਼ੂ ਪਾਲਣ ਵਿਭਾਗ, ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਗਿਆ। ਇਸ ਸਿਖਲਾਈ ਕੈਂਪ ਵਿੱਚ 80 ਪਸ਼ੂ ਪਾਲਕਾਂ ਨੇ ਹਿੱਸਾ ਲਿਆ। ਇਸ ਮੌਕੇ ਡਾ. ਜਗਸੀਰ ਸਿੰਘ ਵੈਟਨਰੀ ਅਫ਼ਸਰ, ਡਾ. ਹਰਮਨਜੀਤ ਵੈਟਨਰੀ ਅਫ਼ਸਰ, ਸ਼੍ਰੀ ਕੁਲਵਿੰਦਰ ਸਿੰਘ ਵੀ. ਆਈ., ਸ਼੍ਰੀ ਅਭਿਸ਼ੇਕ ਸਿੰਘ ਵੀ.ਆਈ., ਸ਼੍ਰੀ ਜਗਦੀਪ ਸਿੰਘ ਵੀ. ਆਈ ., ਸ਼੍ਰੀ ਗੁਰਜੰਟ ਸਿੰਘ ਵੀ.ਆਈ., ਸ਼੍ਰੀ ਨਵਦੀਪ ਸਿੰਘ ਵੀ.ਆਈ., ਸ਼੍ਰੀ ਕੁਲਦੀਪ ਸਿੰਘ ਵੀ.ਪੀ. ਸਮੇਤ ਪਸ਼ੂ ਪਾਲਣ ਵਿਭਾਗ ਦੇ ਹੋਰ ਸਟਾਫ਼ ਹਜ਼ਾਰ ਸਨ।

# ਨਿਗਮ ਦੀ ਕਾਰਵਾਈ ਦਾ ਤਿੱਖਾ ਵਿਰੋਧ : ਘਰ 'ਚ ਇਕੱਲੀ ਕੁੜੀ ਨੇ ਅਧਿਕਾਰੀਆਂ ਨੂੰ ਪਾਈਆਂ ਭਾਜੜਾਂ



ਬਠਿੰਡਾ, 14 ਮਾਰਚ (ਦੀਪਕ ਸ਼ਰਮਾ) :ਬਠਿੰਡਾ ਦੇ ਮਾਲ ਰੋਡ ਖੇਤਰ ਵਿੱਚ ਸ਼ੁੱਕਰਵਾਰ ਨੂੰ ਉਸ ਵੇਲੇ ਮਾਹੌਲ ਕਾਫ਼ੀ ਗਰਮਾ ਗਿਆ, ਜਦੋਂ ਇੱਕ ਦੁਕਾਨ ਦਾ ਕਬਜ਼ਾ ਲੈਣ ਪਹੁੰਚੀ ਨਗਰ ਨਿਗਮ ਦੀ ਟੀਮ ਨੂੰ ਇੱਕ ਮੁਟਿਆਰ ਦੇ ਸਖ਼ਤ ਵਿਰੋਧ ਅਤੇ ਤੇਵਰਾਂ ਕਾਰਨ ਪੈਰ ਪਿੱਛੇ ਖਿੱਚਣੇ ਪਏ। ਹਾਲਾਂਕਿ, ਇਹ ਰਾਹਤ ਕੁੱਝ ਹੀ ਸਮੇਂ ਦੀ ਰਹੀ, ਕਿਉਂਕਿ ਉੱਚ ਅਧਿਕਾਰੀਆਂ ਦੀ ਫਿਟਕਾਰ ਤੋਂ ਬਾਅਦ ਨਿਗਮ ਦੀ ਟੀਮ ਭਾਰੀ ਪੁਲਿਸ ਫੋਰਸ ਨਾਲ ਦੁਬਾਰਾ ਪਰਤੀ ਅਤੇ ਦੁਕਾਨ ਨੂੰ ਖਾਲੀ ਕਰਵਾ ਕੇ ਕਬਜ਼ਾ ਲੈ ਲਿਆ।ਪ੍ਰੀਤ ਸਿੰਘ ਰੋਡ ਤੇ ਸਥਿਤ ਇੱਕ ਦੁਕਾਨ ਅਤੇ ਉਸ ਨਾਲ ਲੱਗਦੇ ਮਕਾਨ ਨੂੰ ਲੈ ਕੇ ਨਗਰ ਨਿਗਮ ਅਤੇ ਇੱਕ ਪਰਿਵਾਰ ਵਿਚਾਲੇ ਕਰੀਬ 49 ਸਾਲਾਂ ਤੋਂ ਅਦਾਲਤੀ ਲੜਾਈ ਚੱਲ ਰਹੀ ਸੀ। ਹਾਲ ਹੀ ਵਿੱਚ ਅਦਾਲਤ ਨੇ ਨਿਗਮ ਦੇ ਪੱਖ ਵਿੱਚ ਫੈਸਲਾ ਸੁਣਾਉਂਦਿਆਂ ਕਬਜ਼ਾ ਲੈਣ ਦੀ ਡਿਗਰੀ ਜਾਰੀ ਕੀਤੀ ਸੀ। ਅਦਾਲਤੀ ਹੁਕਮਾਂ ਦੀ ਪਾਲਣਾ ਕਰਦਿਆਂ ਨਿਗਮ ਦੇ ਸੁਪਰਡੈਂਟ ਗੋਪਾਲ ਕ੍ਰਿਸ਼ਨ ਅਤੇ ਕਲਰਕ ਨੀਰਜ ਪੁਲਿਸ ਫੋਰਸ ਸਮੇਤ ਮੌਕੇ ਤੇ ਪਹੁੰਚੇ ਸਨ।ਜਦੋਂ ਨਿਗਮ ਦੀ ਟੀਮ ਮੌਕੇ ਤੇ ਪਹੁੰਚੀ ਤਾਂ ਘਰ ਵਿੱਚ ਪਰਿਵਾਰ ਦੇ ਮੁਖੀ ਮੌਜੂਦ ਨਹੀਂ ਸਨ, ਸਿਰਫ਼ ਇੱਕ ਲੜਕੀ ਅਤੇ ਉਸਦੀ ਦਾਦੀ ਹੀ ਸਨ। ਜਿਵੇਂ ਹੀ ਟੀਮ ਨੇ ਦੁਕਾਨ ਦਾ ਸਾਮਾਨ ਬਾਹਰ ਕੱਢਣਾ ਸ਼ੁਰੂ ਕੀਤਾ, ਲੜਕੀ ਨੇ ਅਧਿਕਾਰੀਆਂ ਨੂੰ ਤਿੱਖੀ ਚੁਣੌਤੀ ਦਿੱਤੀ ਅਤੇ ਸਖ਼ਤ ਵਿਰੋਧ ਜਤਾਇਆ। ਲੜਕੀ ਨੇ ਕਿਹਾ ਕਿ ਉਸਦੇ ਮਾਤਾ-ਪਿਤਾ ਦਿੱਲੀ ਗਏ ਹੋਏ ਹਨ ਅਤੇ ਉਹ ਘਰ ਵਿੱਚ ਇਕੱਲੀ ਹੈ। ਉਸਨੇ ਸਖ਼ਤ ਸ਼ਬਦਾਂ ਵਿੱਚ ਚਿਤਾਵਨੀ ਦਿੱਤੀ ਕਿ ਜੇਕਰ ਧੱਕੇਸ਼ਾਹੀ ਕੀਤੀ ਗਈ ਤਾਂ ਉਹ ਇਸਦਾ ਡਟ ਕੇ ਮੁਕਾਬਲਾ ਕਰੇਗੀ। ਕੁੜੀ ਦੇ ਹਮਲਾਵਰ ਤੇਵਰ ਦੇਖ ਕੇ ਇੱਕ ਵਾਰ ਤਾਂ ਨਿਗਮ ਦੀ ਟੀਮ ਉੱਥੋਂ ਵਾਪਸ ਮੁੜ ਗਈ।ਸੂਤਰਾਂ ਮੁਤਾਬਕ ਜਦੋਂ ਟੀਮ ਖਾਲੀ ਹੱਥ ਵਾਪਸ ਪਰਤੀ ਤਾਂ ਨਿਗਮ ਕਮਿਸ਼ਨਰ ਅਤੇ ਉੱਚ ਅਧਿਕਾਰੀਆਂ ਨੇ ਅਮਲੇ ਦੀ ਜੰਮ ਕੇ ਝਾੜ-ਝੰਬ ਕੀਤੀ। ਅਧਿਕਾਰੀਆਂ ਦੀ ਘੂਰ ਤੋਂ ਬਾਅਦ ਟੀਮ ਪੂਰੀ ਤਿਆਰੀ ਨਾਲ ਦੁਬਾਰਾ ਮੌਕੇ ਤੇ ਪਹੁੰਚੀ। ਇਸ ਵਾਰ ਭਾਰੀ ਪੁਲਿਸ ਫੋਰਸ ਦੀ ਮੌਜੂਦਗੀ ਵਿੱਚ ਦੁਕਾਨ ਦਾ ਤਾਲਾ ਤੋੜ ਕੇ ਸਾਮਾਨ ਬਾਹਰ ਕੱਢ ਦਿੱਤਾ ਗਿਆ ਅਤੇ ਨਿਗਮ ਨੇ ਕਬਜ਼ਾ ਆਪਣੇ ਹੱਥ ਵਿੱਚ ਲੈ ਲਿਆ।ਪਰਿਵਾਰ ਨੇ ਲਾਏ ਗੰਭੀਰ ਇਲਜ਼ਾਮਦੂਜੇ ਪਾਸੇ ਕਬਜ਼ਾਧਾਰੀ ਪਰਿਵਾਰ ਦੀ ਮੈਂਬਰ ਸ਼ਿਲਪੀ ਸ਼ਰਮਾ ਨੇ ਪ੍ਰਸ਼ਾਸਨ ਤੇ ਮਨੁੱਖਤਾ ਨੂੰ ਛਿੱਕੇ ਟੰਗਣ ਦੇ ਇਲਜ਼ਾਮ ਲਾਏ ਹਨ। ਉਨ੍ਹਾਂ ਕਿਹਾ ਕਿ ਉਹ 1977 ਤੋਂ ਇਹ ਕੇਸ ਲੜ ਰਹੇ ਹਨ। ਭਾਵੇਂ ਉਹ ਕੇਸ ਹਾਰ ਗਏ ਹਨ, ਪਰ ਨਿਗਮ ਨੂੰ ਚਾਹੀਦਾ ਸੀ ਕਿ ਉਹ ਸਾਮਾਨ ਚੁੱਕਣ ਲਈ ਕੁੱਝ ਸਮਾਂ ਦਿੰਦੇ। ਉਨ੍ਹਾਂ ਕਿਹਾ ਕਿ ਬਿਨਾਂ ਕਿਸੇ ਪੂਰਵ ਸੂਚਨਾ ਦੇ ਅਚਾਨਕ ਸਾਮਾਨ ਸੜਕ ਤੇ ਸੁੱਟਣਾ ਬਹੁਤ ਹੀ ਮੰਦਭਾਗਾ ਹੈ।**ਨਿਗਮ ਦਾ ਪੱਖ**ਮੌਕੇ ਤੇ ਮੌਜੂਦ ਨਿਗਮ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਇਹ ਕਾਰਵਾਈ ਅਦਾਲਤ ਦੇ ਹੁਕਮਾਂ ਅਨੁਸਾਰ ਹੋਈ ਹੈ ਅਤੇ ਅਦਾਲਤ ਨੇ ਪਹਿਲਾਂ ਹੀ ਸਬੰਧਤ ਧਿਰ ਨੂੰ ਨੋਟਿਸ ਜਾਰੀ ਕੀਤੇ ਹੋਏ ਸਨ। ਅਧਿਕਾਰੀਆਂ ਅਨੁਸਾਰ ਅੱਜ ਸਿਰਫ਼ ਦੁਕਾਨ ਖਾਲੀ ਕਰਵਾਈ ਗਈ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਮਕਾਨ ਵਾਲੇ ਹਿੱਸੇ ਦਾ ਕਬਜ਼ਾ ਲੈਣ ਦੀ ਪ੍ਰਕਿਰਿਆ ਵੀ ਪੂਰੀ ਕੀਤੀ ਜਾਵੇਗੀ।

# ਜਮਹੂਰੀ ਜਥੇਬੰਦੀਆਂ ਵੱਲੋਂ ਅਮਰੀਕਾ ਅਤੇ ਇਜਰਾਈਲ ਵੱਲੋਂ ਇਰਾਨ ਉੱਤੇ ਮਿਜ਼ਾਈਲੀ ਹਮਲੇ ਖ਼ਿਲਾਫ਼ ਕਨਵੈਂਨਸ਼ਨ




ਲਹਿਰਾਗਾਗਾ, 14 ਮਾਰਚ (ਗੁਰਦੀਪ ਸਿੰਘ) ਜਮਹੂਰੀ ਅਧਿਕਾਰ ਸਭਾ ਪੰਜਾਬ ਦੀ ਇਕਾਈ ਸੰਗਰੂਰ ਅਤੇ ਇਲਾਕੇ ਦੀਆਂ ਜਨਤਕ, ਜਮਹੂਰੀ, ਲੋਕ ਪੱਖੀ ਜਥੇਬੰਦੀਆਂ ਵੱਲੋਂ ਹਰ ਦੇਸ਼ ਦੇ ਅੰਦੂਰਨੀ ਮਸਲਿਆਂ ਵਿੱਚ ਧੱਕੇ ਨਾਲ ਬੇਲੋੜੀ ਦਖਲਅੰਦਾਜ਼ੀ ਕਰਕੇ ਆਪਣੀ ਚੌਧਰ ਰਾਹੀਂ ਸਾਮਰਾਜੀ ਨੀਤੀਆਂ ਥੋਪਣ ਅਤੇ ਲਾਗੂ ਕਰਕੇ ਉੱਥੇ ਦੇ ਕੁਦਰਤੀ ਵਸੀਲਿਆਂ ਤੇ ਕਬਜ਼ਾ ਕਰਨ ਲਈ ਮਸ਼ਹੂਰ ਸਾਮਰਾਜੀ ਮੁਲਕ ਅਮਰੀਕਾ ਅਤੇ ਇਜਰਾਇਲ ਵੱਲੋਂ ਇਰਾਨ ਤੇ ਜੰਗੀ ਹਮਲੇ ਰਾਹੀਂ ਇਰਾਨ ਦੀ ਅਵਾਮ, ਸਕੂਲੀ ਵਿਦਿਆਰਥੀਆਂ, ਔਰਤਾਂ ਦਾ ਖੂਨ ਵਹਾਉਣ ਖਿਲਾਫ ਕਨਵੈਂਨਸ਼ਨ ਦਾ ਆਯੋਜਨ ਕੀਤਾ ਗਿਆ।ਕਾਮਰੇਡ ਤੇਜਾ ਸਿੰਘ ਸੁਤੰਤਰ ਭਵਨ ਵਿਖੇ ਆਯੋਜਤ ਕਨਵੈਨਸ਼ਨ ਵਿੱਚ ਮੁੱਖ ਬੁਲਾਰੇ ਪ੍ਰੋ ਬਾਵਾ ਸਿੰਘ ਪਟਿਆਲਾ,ਕਰਨੈਲ ਜਖੇਪਲ,ਮਾ ਪਰਮਵੇਦ, ਜੁਝਾਰ ਬਡਰੁੱਖਾਂ, ਗੁਰਮੀਤ ਭੱਟੀਵਾਲ, ਕਾ ਸੁਖਦੇਵ ਸ਼ਰਮਾ, ਜਗਜੀਤ ਭੁਟਾਲ, ਕਾ ਹਰਦੇਵ ਸਿੰਘ ਬਖਸ਼ੀਵਾਲਾ, ਕਾ ਸੰਪੂਰਨ ਸਿੰਘ ਛਾਜਲੀ ਤੇ ਬਲਜੀਤ ਨਮੋਲ ਵੱਲੋਂ ਸਮਾਗਮ ਦੀ ਪ੍ਰਧਾਨਗੀ ਕੀਤੀ ਗਈ।ਇਸ ਮੌਕੇ ਵਿਛੜ ਚੁੱਕੇ ਜਮਹੂਰੀ ਆਗੂਆਂ ਨੂੰ ਸਰਧਾਂਜਲੀ ਦਿੰਦਿਆਂ ਦੋ ਮਿੰਟ ਦਾ ਮੌਨ ਧਾਰਿਆ ਗਿਆ ਉਪਰੰਤ ਪ੍ਰੋਫ ਬਾਵਾ ਸਿੰਘ ਪਟਿਆਲਾ ਵੱਲੋਂ ਅਮਰੀਕਾ ਵੱਲੋਂ ਇਰਾਨ ਵਰਗੇ ਮੁਲਕ ਤੇ ਜਬਰੀ ਥੋਪੀਆਂ ਜਾ ਰਹੀਆਂ ਜੰਗਾਂ, ਹੀਰੋ ਸੀਮਾ ਨਾਗਾਸਾਕੀ ਦੇ ਬੇਰਹਿਮ ਵਰਕੇ ਨੂੰ ਫਰੋਲਦਿਆਂ ਅਤੇ ਭਾਰਤੀ ਅਵਾਮ ਦੇ ਲੋਕਤੰਤਰਿਕ ਅਧਿਕਾਰਾਂ ਨੂੰ ਬਚਾਉਣ, ਮਾਨ ਸਰਕਾਰ ਦੇ ਇਸ਼ਾਰੇ ਤੇ ਪੁਲਿਸ ਵੱਲੋਂ ਵੱਖ ਵੱਖ ਵਰਗਾਂ ਦੇ ਹੱਕੀ ਸੰਘਰਸ਼ਾਂ ਨੂੰ ਦਬਾਉਣ ਲਈ ਕੀਤੇ ਜਾ ਰਹੇ ਅਣ ਮਨੁੱਖੀ ਜਬਰ, ਝੂਠੇ ਪੁਲਿਸ ਮੁਕਾਬਲਿਆਂ, ਬੁਲਡੋਜ਼ਰ ਕਲਚਰ ਤੇ ਚਰਚਾ ਕਰਦਿਆਂ ਇਸ ਖਿਲਾਫ ਲਾਮਬੰਦੀ ਕਰਨ ਦਾ ਸੁਨੇਹਾ ਦਿੱਤਾ ਗਿਆ।ਇਕਾਈ ਪ੍ਰਧਾਨ ਜਗਜੀਤ ਸਿੰਘ ਭੁਟਾਲ ਵੱਲੋਂ ਸਾਰੇ ਪਹੁੰਚੇ ਜਮਹੂਰੀ ਕਾਰਕੁਨਾਂ, ਜਥੇਬੰਦੀਆਂ ਦੇ ਆਗੂਆਂ ਅਤੇ ਕਾਰਕੁਨਾਂ ਨੂੰ ਜੀ ਆਇਆ ਕਿਹਾ, ਓਹਨਾਂ ਮੁਲਕ ਵਿੱਚ ਮਨੁੱਖੀ ਅਧਿਕਾਰਾਂ ਦੇ ਹੋ ਰਹੇ ਘਾਣ ਅਤੇ ਅਮਰੀਕਾ ਵੱਲੋਂ ਭਾਜਪਾਈ ਭਾਰਤੀ ਹਾਕਮਾਂ ਨਾਲ ਮਿਲ ਕੇ ਖੇਤੀ ਸੈਕਟਰ ਅਤੇ ਮੁਲਕ ਦੀ ਪੂਰੀ ਮੰਡੀ ਤੇ ਕਬਜਾ ਕਰਨ ਦੇ ਸੌਦੇ ਮਨਸੂਬਿਆ ਤੇ ਗੱਲਬਾਤ ਸਾਂਝੀ ਕੀਤੀ। ਮੰਚ ਸੰਚਾਲਨ ਵੈਸਾਖਾ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਰਣਜੀਤ ਸਿੰਘ , ਕਿਰਤੀ ਕਿਸਾਨ ਯੂਨੀਅਨ ਦੇ ਦਰਸ਼ਨ ਕੂਨਰ , ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਬਲਜੀਤ ਨਮੋਲ , ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦੇ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਰੋਹੀ ਸਿੰਘ ਮੰਗਵਾਲ ,ਭਾਰਤੀ ਕਿਸਾਨ ਯੂਨੀਅਨ ਆਜ਼ਾਦ ਦੇ ਸਿੰਦਰਪਾਲ ਸਿੰਘ, ਭਾਰਤੀ ਕਿਸਾਨ ਯੂਨੀਅਨ ਡਕਾਉਂਦਾ ਦੇ, ਤਰਕਸ਼ੀਲ ਸੁਸਾਇਟੀ ਦੇ ਸੀਤਾ ਰਾਮ, ਦੇਸ਼ ਭਗਤ ਯਾਦਗਾਰ ਲੌਂਗੋਵਾਲ ਦੇ ਗੁਰਮੇਲ ਸਿੰਘ, ਆਈ ਡੀ ਪੀ ਦੇ ਫਲਜੀਤ ਸਿੰਘ,ਇਨਕਲਾਬੀ ਵਿਰਾਸਤ ਪ੍ਰਚਾਰ ਮੰਚ ਦੇ ਪਵਨ ਛਾਜਲਾ ਖੇਤ ਮਜ਼ਦੂਰ ਦੇ ਕਾ ਨਿਰੰਜਨ ਸਿੰਘ ਚਨਾਗਰਾ, ਟੈਕਨੀਕਲ ਇੰਪਲਾਈਜ ਯੂਨੀਅਨ ਦੇ ਬਲਜੀਤ ਬਾਲੀਆ ਆਗੂ ਹਾਜ਼ਰ ਸਨ

# ਭਾਈ ਕਾ ਕੇਰਾ ਵਿੱਚ ਔਰਤਾਂ ਵੱਲੋਂ ਧੰਨਵਾਦੀ ਜਾਗੋ ਕੱਢ ਕੇ ਖੁਸ਼ੀ ਦਾ ਪ੍ਰਗਟਾਵਾ

ਲੰਬੀ/ਸ੍ਰੀ ਮੁਕਤਸਰ ਸਾਹਿਬ, 14 ਮਾਰਚ ( ਐਚ ਐਸ ਕਪੂਰ) :ਪੰਜਾਬ ਦੀ ਆਮ ਆਦਮੀ ਪਾਰਟੀ ਵੱਲੋਂ ਸੂਬੇ ਭਰ ਦੀਆਂ ਐਸ.ਸੀ. ਵਰਗ ਨਾਲ ਸੰਬੰਧਿਤ ਔਰਤਾਂ ਨੂੰ 1500 ਰੁਪਏ ਅਤੇ ਜਰਨਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਦੇ ਐਲਾਨ ਤੋਂ ਬਾਅਦ ਔਰਤਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਲੰਬੀ ਹਲਕੇ ਦੇ ਪਿੰਡ ਭਾਈ ਕਾ ਕੇਰਾ ਵਿਖੇ ਮਾਵਾਂ-ਭੈਣਾਂ ਨੂੰ ਹਰ ਮਹੀਨੇ 1000 ਤੇ 1500 ਰੁਪਏ ਪ੍ਰਤੀ ਮਹੀਨਾ ਸਨਮਾਨ ਰਾਸ਼ੀ ਮਿਲਣ ਦੀ ਖੁਸ਼ੀ ਵਿੱਚ ਪਿੰਡ ਦੀਆਂ ਔਰਤਾਂ ਵੱਲੋਂ ਧੰਨਵਾਦੀ ਜਾਗੋ ਕੱਢ ਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਔਰਤਾਂ ਨੇ ਗਿੱਧਾ ਪਾ ਕੇ ਅਤੇ ਜਾਗੋ ਕੱਢ ਕੇ ਇਸ ਫ਼ੈਸਲੇ ਦਾ ਸਵਾਗਤ ਕੀਤਾ।ਪਿੰਡ ਦੀਆਂ ਮਹਿਲਾਵਾਂ ਨੇ ਕਿਹਾ ਕਿ ਇਹ ਪਹਿਲਕਦਮੀ ਔਰਤਾਂ ਦੇ ਸਨਮਾਨ, ਆਤਮ-ਵਿਸ਼ਵਾਸ ਅਤੇ ਆਰਥਿਕ ਸਸ਼ਕਤੀਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਨੇ ਇਸ ਯੋਜਨਾ ਲਈ ਧੰਨਵਾਦ ਪ੍ਰਗਟਾਉਂਦਿਆਂ ਕਿਹਾ ਕਿ ਇਸ ਨਾਲ ਘਰਾਂ ਦੀ ਆਰਥਿਕ ਸਥਿਤੀ ਮਜ਼ਬੂਤ ਹੋਵੇਗੀ ਅਤੇ ਔਰਤਾਂ ਨੂੰ ਸਮਾਜ ਵਿੱਚ ਹੋਰ ਮਜ਼ਬੂਤੀ ਮਿਲੇਗੀ।ਇਸ ਮੌਕੇ ਪਿੰਡ ਵਾਸੀਆਂ ਅਤੇ ਮਹਿਲਾਵਾਂ ਨੇ ਇਕੱਠੇ ਹੋ ਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਕਿਹਾ ਕਿ ਅਜਿਹੀਆਂ ਲੋਕ-ਹਿਤੈਸ਼ੀ ਯੋਜਨਾਵਾਂ ਨਾਲ ਸਮਾਜ ਦੇ ਹਰ ਵਰਗ ਨੂੰ ਲਾਭ ਮਿਲਦਾ ਹੈ। ਇਸ ਮੌਕੇ ਮਹਿਲਾ ਵਿੰਗ ਕੁਲਦੀਪ ਕੌਰ ਬਲਾਕ ਪ੍ਰਧਾਨ, ਸੁਮਨ ਪਿੰਡ ਪ੍ਰਧਾਨ, ਕੁਲਦੀਪ ਕੌਰ, ਮਨਜੀਤ ਕੌਰ, ਵੀਰਪਾਲ ਕੌਰ, ਪਰਮਜੀਤ ਕੌਰ, ਅਮਰਜੀਤ ਕੌਰ, ਜਸਵੀਰ ਕੌਰ, ਰਮਨਦੀਪ ਕੌਰ, ਸ਼ੀਲਾ, ਪੂਜਾ, ਮੰਦਰ ਸਿੰਘ ਯੂਥ ਬਲਾਕ ਪ੍ਰਧਾਨ, ਗੁਰਪ੍ਰੀਤ ਸਿੰਘ, ਮਲਕੀਤ ਸਿੰਘ ਖਾਲਸਾ, ਪੀਏ ਗੁਰਬਾਜ ਸਿੰਘ ਖੁੱਡੀਆਂ, ਸੋਸ਼ਲ ਮੀਡੀਆ ਇੰਚਾਰਜ ਹਿਮਾਂਸ਼ੂ ਬਾਂਸਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਹਿਲਾਵਾਂ ਹਾਜ਼ਰ ਸਨ।

# ਅਧਿਆਪਕਾਂ ਉੱਤੇ ਹੋਏ ਤਸ਼ੱਦਦ ਦੀ ਸਖਤ ਸ਼ਬਦਾਂ 'ਚ ਨਿਖੇਧੀ



ਸੰਗਰੂਰ, 14 ਮਾਰਚ (ਹਰਕੰਵਲ ਸਿੰਘ ਹੈਪੀ) : ਆਦਰਸ਼ ਸਕੂਲ ਟੀਚਿੰਗ ਨਾਨ ਟੀਚਿੰਗ ਮੁਲਾਜ਼ਮ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਜਸਵੀਰ ਸਿੰਘ ਗਲੋਟੀ, ਸੂਬਾ ਸਕੱਤਰ ਸੁਖਦੀਪ ਕੌਰ ਸਰਾਂ ਅਤੇ ਸੂਬਾ ਮੀਤ ਪ੍ਰਧਾਨ ਮੀਨੂ ਬਾਲਾਂ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 12 ਮਾਰਚ ਨੂੰ ਅਧਿਆਪਕ ਸਾਥੀਆਂ ਨੇ ਸਰਕਾਰ ਵੱਲੋਂ ਜਬਰੀ ਥੋਪੇ ਟੈਟ ਅਤੇ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਚੰਡੀਗੜ੍ਹ ਵਿਖੇ ਪ੍ਰਦਰਸ਼ਨ ਕੀਤਾ ਗਿਆ, ਜਿਸ ਵਿੱਚ ਪੰਜਾਬ ਸਰਕਾਰ ਵੱਲੋਂ ਰੱਜ ਕੇ ਇਹਨਾਂ ਪੰਜਾਬ ਵਾਸੀ ਅਧਿਆਪਕਾਂ ਤੇ ਤਸ਼ੱਦਦ ਕੀਤਾ, ਜਿਸ ਦੀ ਆਦਰਸ਼ ਸਕੂਲ ਟੀਚਿੰਗ ਨਾਲ ਟੀਚਿੰਗ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹਾਂ ਆਮ ਘਰਾਂ ਦੀ ਸਰਕਾਰ ਆਮ ਘਰਾਂ ਦੇ ਕਾਕਿਆਂ ਤੇ ਕਿਸ ਤਰ੍ਹਾਂ ਪਾਣੀ ਦੀਆਂ ਬਿਸ਼ਾਰਾਂ ਚਲਾ ਰਹੀ ਹੈ ਅਤੇ ਅਥਰੂ ਗੈਸ ਦੇ ਗੋਲੇ ਦਾਗੇ ਜਾ ਰਹੇ ਹਨ ◆ ਕਿੱਥੇ ਗਏ ਉਹ ਮਾਣ ਸਰਕਾਰ ਦੇ ਵਾਅਦੇ ਜਦ ਆਪਣੇ ਹਰ ਇੱਕ ਭਾਸ਼ਣ ਦੇ ਵਿੱਚ ਕਿਹਾ ਕਰਦੇ ਸੀ ਵੀ ਸਾਡੇ ਰਾਜ ਵਿੱਚ ਧਰਨ ਹੀ ਨਹੀਂ ਲੱਗਣਗੇ ਪੱਗਾਂ ਨਹੀਂ ਲੱਥਣਗੀਆਂ ਭੈਣਾਂ ਦੀਆਂ ਚੁੰਨੀਆਂ ਨਹੀਂ ਪਾਟਣਗੀਆਂ,ਇੱਕ ਹਫ਼ਤੇ ਦੇ ਅੰਦਰ ਅੰਦਰ ਮੁਲਾਜ਼ਮਾਂ/ਅਧਿਆਪਕਾਂ ਤੇ ਦੂਜੀ ਵਾਰ ਚੰਡੀਗੜ ਵਿੱਚ ਦਾਖ਼ਲੇ ਨੂੰ ਰੋਕਣ ਲਈ ਕੀਤੇ ਤਿੱਖੇ ਜਬਰ ਨੇ ਚੰਡੀਗੜ੍ਹ ਪ੍ਰਸ਼ਾਸਨ ਅਤੇ ਪੰਜਾਬ ਦੀ ਆਪ ਸਰਕਾਰ ਦੇ ਲੋਕ ਵਿਰੋਧੀ ਕਿਰਦਾਰ ਦੇ ਖੁੱਲੇ ਦਰਸ਼ਨ ਕਰਵਾ ਦਿੱਤੇ ਹਨ।ਪੁਲਿਸ ਬਲ ਨਾਲ਼ ਚੰਡੀਗੜ੍ਹ ਵਿੱਚ ਦਾਖਲੇ ਨੂੰ ਰੋਕਿਆ ਜਾ ਸਕਦਾ ਹੈ ਪਰ ਪੰਜਾਬ ਦੇ ਲੋਕਾਂ ਦੇ ਲੜਨ ਦੇ ਹੌਸਲਿਆਂ ਨੂੰ ਨਹੀਂ।ਪੰਜਾਬ ਦੀ ਮੁਲਾਜ਼ਮ ਅਤੇ ਅਧਿਆਪਕ ਲਹਿਰ ਇਸ ਧੱਕੇ ਖਿਲਾਫ ਵੱਡੀ ਚੁਣੌਤੀ ਬਣਨ ਦੀ ਤਾਕਤ ਰੱਖਦੀ ਹੈ।ਇਨਕਲਾਬ ਕਿਰਦਾਰ ਨਾਅਰਿਆਂ ਨਾਲ਼ ਨਹੀਂ ਅਮਲਾਂ ਨਾਲ਼ ਸਿੱਧ ਹੁੰਦਾ ਹੈ।ਮੁਲਾਜ਼ਮਾਂ ਦੇ ਜ਼ਮੀਨੀ ਸੰਘਰਸ਼ ਨੇ ਆਪ ਸਰਕਾਰ ਨੂੰ ਸੱਤਾ ਵਿੱਚ ਲਿਆਉਣ ਲਈ ਵੱਡਾ ਯੋਗਦਾਨ ਪਾਇਆ ਸੀ।ਤੇ ਹੁਣ ਇਹਨਾਂ ਦੇ ਸਿਰ ਚੜੇ ਸੱਤਾ ਦੇ ਗ਼ਰੂਰ ਨੂੰ ਤੋੜਨ ਵਿੱਚ ਵੀ ਮੁਲਾਜ਼ਮ ਪਿੱਛੇ ਨਹੀ ਰਹਿਣਗੇ, ਸੋ 2027 ਵਿੱਚ ਅਧਿਆਪਕਾਂ ਦੇ ਇਹ ਹਾਲ ਕਰਨ ਵਾਲੀ ਸਰਕਾਰ ਨੂੰ ਮੂੰਹ ਦੀ ਖਾਣੀ ਪਵੇਗੀ,ਇਸ ਮੌਕੇ ਜਥੇਬੰਦੀ ਦੇ ਸੂਬਾ ਪ੍ਰਧਾਨ ਜਸਵੀਰ ਸਿੰਘ ਗਲੋਟੀ ਸੂਬਾ ਸਕੱਤਰ ਸੁਖਦੀਪ ਕੌਰ ਸਰਾਂ ਸੂਬਾ ਮੀਤ ਪ੍ਰਧਾਨ ਮੈਡਮ ਮੀਨੂ ਬਾਲਾ ਸੂਬਾ ਮੁੱਖ ਸਲਾਹਕਾਰ ਓਮਾ ਆਮ ਆਦਮੀ ਮੀਤ ਪ੍ਰਧਾਨ ਹਰਪ੍ਰੀਤ ਕੌਰ ਮੀਤ ਪ੍ਰਧਾਨ ਗੁਰਚਰਨ ਸਿੰਘ ਕੰਗ ਮੁੱਖ ਸਲਾਹਕਾਰ ਅੰਮ੍ਰਿਤਪਾਲ ਸਿੰਘ ਸੂਬਾ ਕਮੇਟੀ ਮੈਂਬਰ ਚੰਦਰਸ਼ੇਖਰ ਸੂਬਾ ਕਮੇਟੀ ਮੈਂਬਰ ਮਨਮੋਹਣ ਸਿੰਘ ਸੁਖਚੈਨ ਸਿੰਘ ਹਰਸਿਮਰਨ ਸਿੰਘ ਹਰਦਾਸਾ ਪਵਨ ਕੁਮਾਰ ਦੀਪਕ ਜੀ ਸ਼ੁਭ ਕਰਨ ਸੂਬਾ ਮੀਡੀਆ ਇੰਚਾਰਜ ਗੁਰਜੀਤ ਚਾਹਲ ਸੂਬਾ ਪ੍ਰੈਸ ਇੰਚਾਰਜ ਗੁਰਜਿੰਦਰ ਰਾਮ ਸੂਬਾ ਕਮੇਟੀ ਮੈਂਬਰ ਜਸਵੀਰ ਕੌਰ ਗੰਢੂਆ ਜਗਤਾਰ ਸਿੰਘ ਗੰਢੂਆ,ਕੁਲਵਿੰਦਰ ਕੌਰ ਅਮਨ ਖਾਨ ਆਦਿ ਸ਼ਾਮਲ ਸਨ ◆

# ਮੋਗਾ ਰੈਲੀ ਲਈ ਭਾਜਪਾ ਵਰਕਰਾਂ ਦੀਆਂ ਲਹਿਰੇ ਤੋਂ ਬੱਸਾਂ ਰਵਾਨਾ



ਲਹਿਰਾਗਾਗਾ, 14 ਮਾਰਚ ( ਗੁਰਦੀਪ ਸਿੰਘ) ਕੇਂਦਰੀ ਮੰਤਰੀ ਅਮਿਤ ਸ਼ਾਹ ਦੀ ਰੈਲੀ ਸਬੰਧੀ ਮੋਗੇ ਨੂੰ ਅੱਜ ਲਹਿਰਾਗਾਗਾ ਤੋਂ ਭਾਜਪਾ ਵਰਕਰਾਂ ਦੀਆਂ ਬੱਸਾਂ ਰਵਾਨਾ ਹੋਈਆਂ। ਇਸ ਸਮੇਂ ਭਾਜਪਾ ਦੇ ਸੂਬਾ ਕਾਰਜਕਾਰਨੀ ਮੈਂਬਰ ਅਤੇ ਵਿਧਾਨ ਸਭਾ ਦਿੜਬਾ ਦੇ ਹਲਕਾ ਇੰਚਾਰਜ ਵਿਨੋਦ ਸਿੰਗਲਾ ਨੇ ਦੱਸਿਆ ਕਿ ਅੱਜ ਦੀ ਇਹ ਰੈਲੀ ਪੰਜਾਬ ਦੀ ਨਵੀਂ ਤਕਦੀਰ ਲਿਖਨ ਲਈ ਸਹਾਈ ਹੋਵੇਗੀ। ਇਸ ਤੋਂ ਇਲਾਵਾ ਪੰਜਾਬ ਵਿੱਚ ਗੈਂਗਸਟਰਬਾਦ ,ਲੁੱਟਾਂ ਖੋਹਾਂ ਦਾ ਬੋਲ ਬਾਲਾ ਹੈ, ਪੰਜਾਬ ਦਾ ਵਪਾਰੀ ਸੂਬੇ ਵਿਚ ਉਦਯੋਗ ਲਾਉਣ ਨੂੰ ਤਿਆਰ ਨਹੀਂ ਹੈ ।ਇੱਥੇ ਹੀ ਬੱਸ ਨਹੀਂ ਪੰਜਾਬ ਵਿੱਚ ਨਸ਼ਿਆਂ ਨੇ ਨੌਜਵਾਨੀ ਬਰਬਾਦ ਕਰ ਦਿੱਤੀ ਹੈ। ਸ਼ਰੇਆਮ ਚਿੱਟਾ ਵਿਕ ਰਿਹਾ ਹੈ। ਸਰਕਾਰ ਵੱਲੋਂ ਚਲਾਈ ਨਸ਼ਾ ਵਿਰੋਧੀ ਮੁਹਿੰਮ ਦੀ ਫੂਕ ਨਿਕਲ ਚੁੱਕੀ ਹੈ। ਉਨ੍ਹਾਂ ਕਿਹਾ ਕਿ 2027 ਵਿੱਚ ਭਾਜਪਾ ਦੀ ਸਰਕਾਰ ਬਣਨ ਜਾ ਰਹੀ ਹੈ ਜਿਸ ਨੂੰ ਕੰਧ ਤੇ ਸਾਫ ਲਿਖਿਆ ਪੜਿਆ ਜਾ ਸਕਦਾ ਹੈ। ਇਸ ਸਮੇਂ ਵਿਨੋਦ ਸਿੰਗਲਾ ਤੋਂ ਇਲਾਵਾ ਸੰਦੀਪ ਕੁਮਾਰ ਦੀਪੂ, ਮੁਕੇਸ਼ ਗੁਰਨੇ, ਸੋਨੂ ਗੁਲਾਟੀ, ਰੌਕੀ ਸਿੰਗਲਾ, ਤਰਸੇਮ ਕੁਮਾਰ, ਮੰਗੂ ਪ੍ਰੇਮੀ, ਬਿੱਲੂ ਰਾਮ ਜੋਗੀ, ਕੇਵਲ ਸਿੰਘ ਖਾਈ ਸਾਬਕਾ ਸਰਪੰਚ, ਸੁਨੀਲ ਕੁਮਾਰ, ਲਾਲੀ ਸਿੰਘ ਕਾਲਬੰਜਾਰਾ, ਮਲਕੀਤ ਸਿੰਘ ਕਾਲਬੰਜਾਰਾ, ਰੋਮੀ ਸਿੰਗਲਾ ਅਤੇ ਬਹੁਤ ਸਾਰੇ ਵਰਕਰ ਅਤੇ ਆਗੂ ਇਸ ਸਮੇਂ ਮੋਗਾ ਰੈਲੀ ਲਈ ਰਵਾਨਾ ਹੋਏ।

# ਅੰਮ੍ਰਿਤਪਾਲ ਕਲੇਰ ਸਾਹਿਤਕ ਮੰਚ ਭਗਤਾ ਭਾਈ ਦੇ ਜਨਰਲ ਸਕੱਤਰ ਬਣੇ

ਭਗਤਾ ਭਾਈ ਕਾ,14 ਮਾਰਚ (ਸਵਰਨ ਸਿੰਘ ਭਗਤਾ) :ਸਾਹਿਤਕ ਮੰਚ ਭਗਤਾ ਭਗਤਾ ਭਾਈ ਕਾ ਦੀ ਸਾਹਿਤ ਨੂੰ ਸਮਰਪਿਤ ਇੱਕ ਨਾਮਵਰ ਸੰਸਥਾ ਹੈ। ਪਿਛਲੇ ਚਾਰ ਕੁ ਸਾਲਾਂ ਦੇ ਵਿੱਚ ਸਥਾਪਿਤ ਹੋਈ ਇਸ ਸੰਸਥਾ ਨੇ ਆਪਣਾ ਨਾਮ ਸਾਹਿਤ ਦੇ ਵੱਡੇ ਖੇਤਰਾਂ ਵਿੱਚ ਸਥਾਪਤ ਕਰ ਲਿਆ ਹੈ। ਲੰਘੇ ਦਿਨ 11 ਮਾਰਚ ਨੂੰ ਪ੍ਰਭਾਵਸ਼ਾਲੀ ਸਾਦੇ ਸਮਾਗਮ ਵਿੱਚ ਇੱਕ ਸਾਲ ਲਈ ,(2026-2027) ਇਸ ਮੰਚ ਦੀ ਚੋਣ ਕੀਤੀ ਗਈ। ਚੋਣ ਦਾ ਆਗਾਜ਼ ਮੰਚ ਦੇ ਵਿੱਤ ਸਕੱਤਰ ਰੰਗਕਰਮੀ ਸੁਖਵਿੰਦਰ ਚੀਦਾ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਕਹਿਣਾ ਦੇ ਨਾਲ਼ ਕੀਤਾ। ਪਿਛਲੇ ਦੋ ਸਾਲਾਂ ਦੀ ਕਾਰਗੁਜ਼ਾਰੀ ਅਤੇ ਗਤੀਵਿਧੀਆਂ ਦੀ ਰਿਪੋਰਟ ਮੰਚ ਦੇ ਜਨਰਲ ਸਕੱਤਰ ਅੰਮ੍ਰਿਤਪਾਲ ਕਲੇਰ ਨੇ ਪੇਸ਼ ਕੀਤੀ। ਸਭਾ ਦੀ ਪ੍ਰਧਾਨਗੀ ਕਰ ਰਹੇ ਮੰਚ ਦੇ ਪ੍ਰਧਾਨ ਸੁਖਮੰਦਰ ਬਰਾੜ ਗੁੰਮਟੀ ਨੇ ਮੰਚ ਦੀ ਇੱਕ ਜੁੱਟਤਾ ਨੂੰ ਸਲਾਹਿਆ। ਪ੍ਰਧਾਨਗੀ ਮੰਡਲ ਵਿੱਚ ਬਿਰਾਜਮਾਨ ਸਭਾ ਦੇ ਸਲਾਹਕਾਰ ਨਛੱਤਰ ਸਿੰਘ ਸਿੱਧੂ ਨੇ ਸਾਹਿਤ ਨੂੰ ਸਮਕਾਲ ਦੀ ਲੋੜ ਦੱਸਿਆ। ਪ੍ਰਧਾਨਗੀ ਮੰਡਲ ਵਿੱਚ ਸੁਸ਼ੋਭਿਤ ਸ਼੍ਰੀ ਹੰਸ ਸਿੰਘ ਸੋਹੀ ਨੇ ਸਾਰਥਿਕ ਗਤੀਵਿਧੀਆਂ ਦੀ ਪਰੋੜਤਾ ਕੀਤੀ। ਡਾ. ਬਲਵਿੰਦਰ ਸਿੰਘ ਸੋਢੀ ਨੇ ਮੰਚ ਦੇ ਕੰਮਾਂ ਪ੍ਰਤੀ ਸੰਤੁਸ਼ਟੀ ਜ਼ਾਹਿਰ ਕੀਤੀ। ਨਵੀਂ ਚੋਣ ਵਿੱਚ ਪ੍ਰਧਾਨ- ਸੁਖਮੰਦਰ ਬਰਾੜ ਗੁੰਮਟੀ, ਮੀਤ ਪ੍ਰਧਾਨ- ਹਰਜੀਤ ਸਿੰਘ ਗੰਗਾ, ਸਰਪ੍ਰਸਤ ਨਛੱਤਰ ਸਿੰਘ ਸਿੱਧੂ ਅਤੇ ਤਰਲੋਚਨ ਸਿੰਘ ਗੰਗਾ, ਸਲਾਹਕਾਰ ਡਾ. ਬਲਵਿੰਦਰ ਸਿੰਘ ਸੋਢੀ ਵਿੱਤ ਸਕੱਤਰ ਸੁਖਵਿੰਦਰ ਚੀਦਾ, ਪੈਸ ਸਕੱਤਰ ਰਜਿੰਦਰ ਸਿੰਘ ਮਰਾਹੜ, ਜਨਰਲ ਸਕੱਤਰ ਚੌਥੀ ਵਾਰ- ਅੰਮ੍ਰਿਤਪਾਲ ਕਲੇਰ ਨੂੰ ਚੁਣਿਆ ਗਿਆ। ਮੰਚ ਦੀ ਖ਼ਾਸੀਅਤ ਇਹ ਕਿ ਪੰਜ ਮੈਂਬਰੀ ਐਕਸੀਕਿਊਟਿਵ ਕਮੇਟੀ ਬਣਾਈ ਗਈ।

# ਭਾਰਤੀ ਕਿਸਾਨ ਯੂਨੀਅਨ ਕਾਦੀਆਂ ਵੱਲੋਂ ਸਰਾਵਾਂ ਬੋਦਲਾ ਵਿੱਚ ਜ਼ਿਲ੍ਹਾ ਪੱਧਰੀ ਕਿਸਾਨ ਪੰਚਾਇਤ,



ਮਲੋਟ, 14 ਮਾਰਚ (ਅਮਨਦੀਪ ਸਿੰਘ ਮਹਿਰਾ) : ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਨਿਤ ਦਿਨ ਕੀਤੇ ਜਾ ਰਹੇ ਕਿਸਾਨ ਵਿਰੋਧੀ ਫੈਸਲਿਆਂ ਦੇ ਖ਼ਿਲਾਫ਼ ਭਾਰਤੀ ਕਿਸਾਨ ਯੂਨੀਅਨ (ਰਜਿ.) ਕਾਦੀਆਂ ਵੱਲੋਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਸਰਾਵਾਂ ਬੋਦਲਾ ਵਿਖੇ ਜ਼ਿਲ੍ਹਾ ਪੱਧਰੀ ਕਿਸਾਨ ਪੰਚਾਇਤ ਆਯੋਜਿਤ ਕੀਤੀ ਗਈ। ਇਸ ਪੰਚਾਇਤ ਵਿੱਚ ਵੱਡੀ ਗਿਣਤੀ ਵਿੱਚ ਕਿਸਾਨ ਆਗੂਆਂ ਅਤੇ ਕਿਸਾਨਾਂ ਨੇ ਹਾਜ਼ਰੀ ਭਰੀ।ਇਸ ਮੌਕੇ ਸੂਬਾ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਅਤੇ ਸੂਬਾ ਜਨਰਲ ਸਕੱਤਰ ਜਗਦੇਵ ਸਿੰਘ ਕਾਨਿਆਂਵਾਲੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਅਮਰੀਕਾ ਨਾਲ ਕੀਤਾ ਗਿਆ ਵਪਾਰਕ ਸਮਝੌਤਾ ਪਹਿਲਾਂ ਹੀ ਘਾਟੇ ਵਿੱਚ ਜਾ ਰਹੀ ਕਿਸਾਨੀ ਲਈ ਬਹੁਤ ਘਾਤਕ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਭਾਰਤੀ ਕਿਸਾਨ ਆਪਣੀ ਫਸਲ ਮਹਿੰਗੀ ਲਾਗਤ ਨਾਲ ਪੈਦਾ ਕਰਦਾ ਹੈ, ਜਦਕਿ ਅਮਰੀਕਾ ਦੇ ਕਿਸਾਨਾਂ ਨੂੰ ਵੱਡੇ ਪੱਧਰ 'ਤੇ ਸਬਸਿਡੀ ਮਿਲਦੀ ਹੈ, ਜਿਸ ਕਾਰਨ ਉੱਥੇ ਉਤਪਾਦਨ ਦੀ ਲਾਗਤ ਘੱਟ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਕਾਰਪੋਰੇਟ ਘਰਾਣੇ ਅਮਰੀਕਾ ਤੋਂ ਖੇਤੀ ਉਤਪਾਦ ਲਿਆ ਕੇ ਇੱਥੇ ਘੱਟ ਕੀਮਤਾਂ 'ਤੇ ਵੇਚ ਕੇ ਸਰਕਾਰੀ ਮੰਡੀਆਂ ਨੂੰ ਖਤਮ ਕਰਨ ਦੀ ਕੋਸ਼ਿਸ਼ ਕਰ ਸਕਦੇ ਹਨ।ਆਗੂਆਂ ਨੇ ਕਿਹਾ ਕਿ ਸੂਬੇ ਵਿੱਚ ਨਕਲੀ ਦੁੱਧ ਦੀ ਭਰਮਾਰ ਕਾਰਨ ਦੁੱਧ ਉਤਪਾਦਕਾਂ ਨੂੰ ਭਾਰੀ ਨੁਕਸਾਨ ਝੱਲਣਾ ਪੈ ਰਿਹਾ ਹੈ ਅਤੇ ਲੋਕਾਂ ਦੀ ਸਿਹਤ ਨਾਲ ਵੀ ਖਿਲਵਾੜ ਹੋ ਰਿਹਾ ਹੈ। ਜਥੇਬੰਦੀ ਨੇ ਸਰਕਾਰ ਤੋਂ ਇਸ ਮਾਮਲੇ ਵਿੱਚ ਤੁਰੰਤ ਸਖ਼ਤ ਕਾਰਵਾਈ ਦੀ ਮੰਗ ਕੀਤੀ। ਉਨ੍ਹਾਂ ਬਿਜਲੀ ਸੋਧ ਬਿੱਲ ਅਤੇ ਚਿੱਪ ਵਾਲੇ ਮੀਟਰਾਂ ਦਾ ਵੀ ਤਿੱਖਾ ਵਿਰੋਧ ਕਰਦਿਆਂ ਕਿਹਾ ਕਿ ਬਿਜਲੀ ਅੱਜ ਇਨਸਾਨ ਦੀ ਮੁੱਢਲੀ ਲੋੜ ਬਣ ਚੁੱਕੀ ਹੈ ਅਤੇ ਇਸ ਨੂੰ ਨਿੱਜੀ ਹੱਥਾਂ ਵਿੱਚ ਦੇਣ ਦੀ ਕੋਸ਼ਿਸ਼ ਕਦੇ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਨਾਲ ਹੀ ਕੋਆਪਰੇਟਿਵ ਸੋਸਾਇਟੀਆਂ ਦੇ ਕਰਜ਼ੇ ਮੁਆਫ਼ ਕਰਕੇ ਉਨ੍ਹਾਂ ਨੂੰ ਸਹੀ ਢੰਗ ਨਾਲ ਚਲਾਉਣ ਦੀ ਮੰਗ ਵੀ ਕੀਤੀ ਗਈ।ਸੂਬੇ ਦੇ ਹੋਰ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਲਿਆਂਦਾ ਜਾਣ ਵਾਲਾ ਬੀਜ ਬਿੱਲ ਕਿਸਾਨੀ ਲਈ ਘਾਤਕ ਸਾਬਤ ਹੋਵੇਗਾ ਅਤੇ ਜਥੇਬੰਦੀ ਇਸ ਦਾ ਸਖ਼ਤ ਵਿਰੋਧ ਕਰੇਗੀ। ਜ਼ਿਲ੍ਹਾ ਪ੍ਰਧਾਨ ਹਰਮਨਦੀਪ ਸਿੰਘ ਬਾਮ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਧਰਤੀ ਹੇਠਲਾ ਪਾਣੀ ਮਾੜਾ ਹੋਣ ਕਰਕੇ ਖੇਤੀ ਮੁੱਖ ਤੌਰ 'ਤੇ ਨਹਿਰੀ ਪਾਣੀ 'ਤੇ ਨਿਰਭਰ ਹੈ, ਪਰ ਗਰਮੀ ਦੇ ਮੌਸਮ ਵਿੱਚ ਵੀ ਪਾਣੀ ਵਾਰਬੰਦੀ ਨਾਲ ਦਿੱਤਾ ਜਾਂਦਾ ਹੈ। ਉਨ੍ਹਾਂ ਮੰਗ ਕੀਤੀ ਕਿ ਨਹਿਰੀ ਪਾਣੀ ਸਾਲ ਭਰ ਲਗਾਤਾਰ ਦਿੱਤਾ ਜਾਵੇ।ਆਗੂਆਂ ਨੇ ਦੱਸਿਆ ਕਿ ਮਾਲਵਾ ਬੈਲਟ ਵਿੱਚ ਇੱਕ ਸਮੇਂ ਨਰਮੇ ਦੀ ਖੇਤੀ ਵੱਡੇ ਪੱਧਰ 'ਤੇ ਹੁੰਦੀ ਸੀ, ਪਰ ਮਾੜੇ ਬੀਜਾਂ ਕਾਰਨ ਇਹ ਖੇਤੀ ਬਹੁਤ ਪ੍ਰਭਾਵਿਤ ਹੋਈ ਹੈ। ਉਨ੍ਹਾਂ ਕਿਹਾ ਕਿ ਜੈਨੇਟਿਕਲੀ ਮੋਡੀਫਾਇਡ (7$) ਬੀਜ ਮਨੁੱਖਾਂ ਅਤੇ ਜੀਵ-ਜੰਤੂਆਂ ਲਈ ਘਾਤਕ ਹੋ ਸਕਦੇ ਹਨ, ਇਸ ਲਈ ਅਜਿਹੇ ਬੀਜਾਂ ਨੂੰ ਮਨਜ਼ੂਰੀ ਨਾ ਦਿੱਤੀ ਜਾਵੇ।ਦਵਿੰਦਰ ਸਿੰਘ ਭੰਗੇਵਾਲਾ ਨੇ ਕਿਹਾ ਕਿ ਖੇਤਾਂ ਵਾਲੀਆਂ ਮੋਟਰਾਂ ਅਤੇ ਟ੍ਰਾਂਸਫਾਰਮਰਾਂ ਦੀਆਂ ਚੋਰੀਆਂ ਨੂੰ ਰੋਕਣ ਲਈ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਅਵਾਰਾ ਪਸ਼ੂਆਂ ਅਤੇ ਜੰਗਲੀ ਸੂਰਾਂ ਕਾਰਨ ਵੀ ਕਿਸਾਨ ਬਹੁਤ ਪ੍ਰੇਸ਼ਾਨ ਹਨ, ਜਿਸ ਵੱਲ ਸਰਕਾਰ ਨੂੰ ਤੁਰੰਤ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਮਨਰੇਗਾ ਸਕੀਮ ਨੂੰ ਬਚਾਉਣ ਦੀ ਵੀ ਮੰਗ ਕੀਤੀ ਅਤੇ ਕਿਹਾ ਕਿ ਜਥੇਬੰਦੀ ਮਨਰੇਗਾ ਮਜ਼ਦੂਰਾਂ ਦੇ ਹੱਕਾਂ ਲਈ ਡਟ ਕੇ ਆਵਾਜ਼ ਬੁਲੰਦ ਕਰੇਗੀ।ਇਸ ਮੌਕੇ ਜਥੇਬੰਦੀ ਦੇ ਸੂਬਾ ਬੁਲਾਰੇ ਰਵਨੀਤ ਸਿੰਘ ਬਰਾੜ, ਜ਼ਿਲ੍ਹਾ ਸਕੱਤਰ ਜਨਰਲ ਗੁਰਤੇਜ ਸਿੰਘ ਉਦੇਕਰਨ, ਜ਼ਿਲ੍ਹਾ ਖਜਾਨਚੀ ਗੁਰਦਰਸ਼ਨ ਸਿੰਘ ਰੁਪਾਣਾ, ਬਲਾਕ ਪ੍ਰਧਾਨ ਹਰਦੀਪ ਸਿੰਘ ਸਰਾਵਾਂ ਬੋਦਲਾ, ਸਤਨਾਮ ਸਿੰਘ ਸਰਪੰਚ ਸਰਾਵਾਂ ਬੋਦਲਾ, ਬੇਅੰਤ ਸਿੰਘ ਬੱਲਮਗੜ੍ਹ, ਸੁਖਦੇਵ ਸਿੰਘ ਆਸਾ ਬੁੱਟਰ, ਜਸਵੰਤ ਸਿੰਘ ਕੋਟਲੀ ਸੰਘਰ, ਗੁਰਮੀਤ ਸਿੰਘ ਮਰਾੜ ਕਲਾਂ, ਨਿਰਮਲ ਸਿੰਘ ਸੰਗੂਧੌਣ, ਅਵਤਾਰ ਸਿੰਘ ਫੂਲੇਵਾਲਾ, ਦਲਜੀਤ ਸਿੰਘ ਰੰਧਾਵਾ, ਗੁਰਜੰਟ ਸਿੰਘ ਸਰਪੰਚ ਕੋਟਲੀ ਦੇਵਨ, ਜਗਦੀਪ ਸਿੰਘ ਧਨੋਆ, ਰੇਸ਼ਮ ਸਿੰਘ, ਸਾਹਿਬ ਸਿੰਘ, ਗੁਰਨਾਮ ਸਿੰਘ ਹਰੀਕੇ ਕਲਾਂ, ਹਰਦੀਪ ਸਿੰਘ ਹਰੀਕੇ ਕਲਾਂ, ਸਮੇਤ ਹੋਰ ਕਈ ਕਿਸਾਨ ਆਗੂ ਵੀ ਮੌਜੂਦ ਸਨ।

# ਜ਼ਿਲ੍ਹਾ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤਹਿਤ 23 ਮੁਕੱਦਮੇ ਦਰਜ,26 ਗ੍ਰਿਫ਼ਤਾਰ

ਸੰਗਰੂਰ, 14 ਮਾਰਚ (ਹਰਕੰਵਲ ਸਿੰਘ ਹੈਪੀ) : ਸਰਤਾਜ ਸਿੰਘ ਚਾਹਲ, ਐਸ.ਐਸ.ਪੀ., ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 07.03.2026 ਤੋਂ 13.03.2026 ਤੱਕ ਡਰੱਗ ਦੇ 18 ਮੁਕੱਦਮੇ ਦਰਜ ਕਰਕੇ 21 ਕਥਿਤ ਦੋਸ਼ੀਆਂ ਨੂੰ ਕਾਬੂ ਕਰ ਕੇ 103 ਗ੍ਰਾਮ ਹੈਰੋਇਨ, 11 ਕਿੱਲੋ ਭੁੱਕੀ ਚੂਰਾ ਪੋਸਤ, 150 ਗ੍ਰਾਮ ਸੁਲਫਾ/ਗਾਂਜਾ ਅਤੇ 290 ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਵਾਈ ਗਈਆਂ।ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 05 ਮੁਕੱਦਮੇਂ ਦਰਜ ਕਰਕੇ 05 ਕਥਿਤ ਦੋਸ਼ੀਆਂ ਨੂੰ ਕਾਬੂ ਕਰਕੇ 40.500 ਲੀਟਰ ਸ਼ਰਾਬ ਠੇਕਾ ਦੇਸੀ, 22.500 ਲੀਟਰ ਸ਼ਰਾਬ ਨਜਾਇਜ਼, 09 ਲੀਟਰ ਸ਼ਰਾਬ ਅੰਗਰੇਜ਼ੀ ਅਤੇ 50 ਲੀਟਰ ਲਾਹਣ ਬ੍ਰਾਮਦ ਕਰਵਾਈ ਗਈ। ਇਸ ਅਰਸੇ ਦੌਰਾਨ 02 ਪੀ.ਓਜ਼ (ਭਗੌੜੇ) ਨੂੰ ਗ੍ਰਿਫਤਾਰ ਕੀਤਾ ਗਿਆ।ਥਾਣਾ ਲਹਿਰਾ ਦੇ ਏਰੀਏ ਵਿੱਚ ਲੁੱਟਾਂ-ਖੋਹਾਂ/ਚੋਰੀਆਂ ਕਰਨ ਵਾਲੇ 02 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ 06 ਕੂਲਰ ਵਾਲੀਆ ਮੋਟਰਾਂ, 01 ਇਲੈਕਟ੍ਰੋਨਿਕ ਕਟਰ ਅਤੇ 70 ਫੁੱਟ ਤਾਰ ਬ੍ਰਾਮਦ ਕਰਵਾਈ ਗਈ। ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ/ਸੰਪਰਕ ਮੀਟਿੰਗਾਂ ਕਰਕੇ ਆਮ ਪਬਲਿਕ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਅਰਸੇ ਦੌਰਾਨ ਵੱਖ-ਵੱਖ ਗਜ਼ਟਿਡ ਅਫਸਰਾਂ/ਮੁੱਖ ਅਫਸਰਾਂ ਵੱਲੋਂ 45 ਪਿੰਡਾਂ/ਸਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਪਬਲਿਕ ਨੂੰ ਨਸ਼ੇ ਦਾ ਧੰਦਾ ਕਰਨ ਵਾਲੇ ਸਮੱਗਲਰਾਂ ਸੰਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ।

# ਮੀਤ ਹੇਅਰ ਦੇ ਘਰ ਅੱਗੇ ਕਾਂਗਰਸ ਵੱਲੋਂ ਪ੍ਰਦਰਸ਼ਨ, 1000 ਰੁ: ਯੋਜਨਾ ਤਹਿਤ ਚਾਰ ਸਾਲਾਂ ਦਾ ਬਕਾਇਆ ਮੰਗਿਆ



ਬਰਨਾਲਾ, 14 ਮਾਰਚ (ਬਘੇਲ ਸਿੰਘ ਧਾਲੀਵਾਲ) : ਕਾਂਗਰਸ ਪਾਰਟੀ ਅਤੇ ਮਹਿਲਾਵਾਂ ਵੱਲੋਂ ਆਮ ਆਦਮੀ ਪਾਰਟੀ ਦੇ ਸੰਗਰੂਰ ਤੋਂ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਦੀ ਬਰਨਾਲਾ ਸਥਿਤ ਰਿਹਾਇਸ਼ ਦੇ ਬਾਹਰ ਹੱਲਾ-ਬੋਲ ਪ੍ਰਦਰਸ਼ਨ ਕੀਤਾ ਗਿਆ। ਕਾਂਗਰਸ ਪਾਰਟੀ ਦੇ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਵੀ ਆਪਣੀ ਪੂਰੀ ਲੀਡਰਸ਼ਿਪ ਨਾਲ ਇਸ ਪ੍ਰਦਰਸ਼ਨ ਵਿੱਚ ਸ਼ਾਮਲ ਹੋਏ। ਇਹ ਪ੍ਰਦਰਸ਼ਨ ਮਹਿਲਾਵਾਂ ਨੂੰ ਚਾਰ ਸਾਲਾਂ ਦੇ 48 ਹਜ਼ਾਰ ਰੁਪਏ ਦੇ ਬਕਾਏ ਦੀ ਮੰਗ ਨੂੰ ਲੈ ਕੇ ਕੀਤਾ ਗਿਆ। ਸਰਕਾਰ 'ਤੇ ਮਹਿਲਾਵਾਂ ਨਾਲ ਧੋਖਾ ਕਰਨ ਦੇ ਦੋਸ਼ ਲਗਾਏ ਗਏ। ਇਸ ਮੌਕੇ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਝੂਠਿਆਂ ਦੀ ਸਰਕਾਰ ਹੈ। ਸੱਤਾ ਵਿੱਚ ਆਉਣ ਸਮੇਂ ਉਨ੍ਹਾਂ ਨੇ ਜੋ ਵਾਅਦੇ ਕੀਤੇ ਸਨ, ਉਨ੍ਹਾਂ ਵਿੱਚ ਸਭ ਤੋਂ ਵੱਡਾ ਵਾਅਦਾ ਪੰਜਾਬ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਸਾਰੀਆਂ ਮਹਿਲਾਵਾਂ ਨੂੰ ਇੱਕ ਹਜ਼ਾਰ ਰੁਪਏ ਮਹੀਨਾ ਦੇਣ ਦਾ ਸੀ, ਪਰ ਅੱਜ ਆਮ ਆਦਮੀ ਪਾਰਟੀ ਇਸ ਵਾਅਦੇ ਤੋਂ ਮੁਕਰ ਗਈ ਹੈ। ਹਜ਼ਾਰ ਰੁਪਏ ਦੇਣ ਦਾ ਐਲਾਨ ਤਾਂ ਕੀਤਾ ਗਿਆ ਸੀ, ਪਰ ਹੁਣ ਯੋਗਤਾ ਦੇ ਆਧਾਰ 'ਤੇ ਪੈਸੇ ਦੇਣ ਦੀ ਗੱਲ ਕਰਕੇ ਪੰਜਾਬ ਦੀਆਂ ਮਹਿਲਾਵਾਂ ਨਾਲ ਧੋਖਾ ਕੀਤਾ ਗਿਆ ਹੈ। ਇਸੇ ਦੌਰਾਨ ਫਾਇਨੈਂਸ ਮੰਤਰੀ ਹਰਪਾਲ ਸਿੰਘ ਚੀਮਾ ਦਾ ਵਿਰੋਧ ਕਰ ਰਹੀਆਂ ਮਹਿਲਾ ਨੇਤਰੀਆਂ ਮਨਵਿੰਦਰ ਕੌਰ, ਮਲਕੀਤ ਕੌਰ ਅਤੇ ਰਾਜਿੰਦਰ ਕੌਰ ਨੇ ਕਿਹਾ ਕਿ ਸਰਕਾਰ ਨੇ ਉਹਨਾਂ ਮਹਿਲਾਵਾਂ ਨੂੰ ਹਜ਼ਾਰ ਰੁਪਏ ਦੇਣ ਦੀ ਗੱਲ ਕੀਤੀ ਸੀ ਜੋ ਟੈਕਸ ਨਹੀਂ ਦਿੰਦੀਆਂ ਅਤੇ ਜਿਨ੍ਹਾਂ ਨੂੰ ਸਰਕਾਰੀ ਪੈਨਸ਼ਨ ਨਹੀਂ ਮਿਲਦੀ। ਅੱਜ ਪੰਜਾਬ ਵਿੱਚ ਲਗਭਗ 80 ਫੀਸਦੀ ਮਹਿਲਾਵਾਂ ਆਪਣੇ ਪਰਿਵਾਰ ਲਈ ਕੰਮ ਕਰਦੀਆਂ ਹਨ, ਤਾਂ ਫਿਰ ਇਹ ਪੈਸੇ ਕਿਸਨੂੰ ਦਿੱਤੇ ਜਾਣਗੇ? ਉਨ੍ਹਾਂ ਕਿਹਾ ਕਿ ਇਹ ਸਭ ਪੰਜਾਬ ਦੀਆਂ ਮਹਿਲਾਵਾਂ ਨਾਲ ਖੁੱਲ੍ਹਾ ਧੋਖਾ ਕੀਤਾ ਗਿਆ ਹੈ, ਜਿਸ ਦੀ ਕੀਮਤ ਸਰਕਾਰ ਨੂੰ 2027 ਵਿੱਚ ਚੁਕਾਉਣੀ ਪਵੇਗੀ। ਪੰਜਾਬ ਦੀਆਂ ਮਹਿਲਾਵਾਂ ਆਮ ਆਦਮੀ ਪਾਰਟੀ ਨੂੰ ਕਿਤੇ ਵੀ ਵੋਟ ਨਹੀਂ ਦੇਣਗੀਆਂ। ਉਨ੍ਹਾਂ ਨੇ ਮੰਗ ਕੀਤੀ ਕਿ ਚਾਰ ਸਾਲਾਂ ਦਾ ਬਕਾਇਆ 48 ਹਜ਼ਾਰ ਰੁਪਏ ਦਿੱਤਾ ਜਾਵੇ ਅਤੇ ਪੰਜਾਬ ਦੀਆਂ ਸਾਰੀਆਂ ਮਹਿਲਾਵਾਂ ਨੂੰ ਇੱਕ ਹਜ਼ਾਰ ਰੁਪਏ ਦੇਣ ਦਾ ਵਾਅਦਾ ਪੂਰਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਇਸ ਦਾ ਖਮਿਆਜ਼ਾ ਭੁਗਤਣਾ ਪਵੇਗਾ ਅਤੇ 2027 ਦੀਆਂ ਚੋਣਾਂ ਵਿੱਚ ਪੰਜਾਬ ਦੀਆਂ ਮਹਿਲਾਵਾਂ ਇਸ ਪਾਰਟੀ ਨੂੰ ਵੋਟ ਨਹੀਂ ਪਾਉਣਗੀਆਂ।

## ਪੰਜਾਬ ਦੇ ਮੰਤਰੀ ਅਤੇ ਚੇਅਰਮੈਨ ਨੇ ਇਨਵੈਸਟਮੈਂਟ ਸਮਿਟ ਦੌਰਾਨ ਕੋਪਰ ਕੰਪਨੀ ਦੇ ਅਹੁਦੇਦਾਰਾਂ ਨਾਲ ਕੀਤੀ ਮੁਲਾਕਾਤ



ਬਰਨਾਲਾ, 14 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਪੰਜਾਬ ਦੇ ਉਦਯੋਗ ਤੇ ਵਣਜ ਮੰਤਰੀ ਸੰਜੀਵ ਅਰੋੜਾ, ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਪੰਜਾਬ ਭਾਰੀ ਉਦਯੋਗ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਅਸ਼ੋਕ ਗਰਗ ਨਾਲ ਕੋਪਲ ਦੇ ਐਮ.ਡੀ. ਸੰਜੀਵ ਬਾਂਸਲ, ਐਚ.ਐਮ.ਟੀ. ਗਰੁੱਪ ਦੇ ਐਮ.ਡੀ. ਮੇਘ ਰਾਜ ਗਰਗ ਅਤੇ ਕੈਮਟੇਕ ਦੇ ਐਮ ਡੀ ਹੈਲਿਕ ਬਾਂਸਲ ਇੱਕ ਯਾਦਗਾਰੀ ਪਲ ਸਾਂਝੇ ਕਰਦੇ ਹੋਏ। ਇਸ ਮੌਕੇ ਮੰਤਰੀ ਸਾਹਿਬਾਨ ਨੇ ਕੋਪਲ ਕੰਪਨੀ ਦੀ ਕਾਰਗੁਜ਼ਾਰੀ ਅਤੇ ਲੋਕ ਭਲਾਈ ਦੇ ਕੰਮਾਂ ਦੀ ਪ੍ਰਸ਼ੰਸਾ ਕੀਤੀ। ਇਸ ਦੌਰਾਨ ਕੋਪਲ ਕੰਪਨੀ ਵੱਲੋਂ ਮੰਤਰੀਆਂ ਅਤੇ ਚੇਅਰਮੈਨ ਸਾਹਿਬ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

# ਕੌਮੀ ਲੋਕ ਅਦਾਲਤ 'ਚ 17361 ਕੇਸਾਂ ਦੀ ਸੁਣਵਾਈ, 14032 ਕੇਸਾਂ ਦਾ ਨਿਪਟਾਰਾ




ਬਰਨਾਲਾ, 14 ਮਾਰਚ (ਬਘੇਲ ਸਿੰਘ ਧਾਲੀਵਾਲ) : ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ, ਨਵੀਂ ਦਿੱਲੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ.ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਕਚਹਿਰੀ ਕੰਪਲੈਕਸ, ਬਰਨਾਲਾ ਵਿਖੇ ਕੌਮੀ ਲੋਕ ਅਦਾਲਤ ਲਾਈ ਗਈ। ਮਿਸ ਅੰਸ਼ੁਲ ਬੇਰੀ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਰਨਾਲਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹਰ ਤਰ੍ਹਾਂ ਦੇ ਪ੍ਰੀ-ਲਿਟੀਗੇਟਿਵ ਅਤੇ ਪੈਂਡਿੰਗ ਕੇਸਾਂ ਦਾ ਸਮਝੌਤਾ ਕਰਕੇ ਨਿਪਟਾਰਾ ਕਰਨ ਲਈ ਕੁੱਲ 8 ਬੈਂਚਾਂ ਦਾ ਗਠਨ ਕੀਤਾ ਗਿਆ। ਬਰਨਾਲਾ ਵਿਖੇ ਜ਼ਿਲ੍ਹਾ ਅਤੇ ਸ਼ੈਸਨ ਜੱਜ ਮਿਸ ਅੰਸੁਲ ਬੇਰੀ, ਵਧੀਕ ਜ਼ਿਲ੍ਹਾ ਅਤੇ ਸੈਸ਼ਨਜ ਜੱਜ ਸ਼੍ਰੀ ਰਕੇਸ਼ ਕੁਮਾਰ ਗੁਪਤਾ , ਪ੍ਰਿੰਸੀਪਲ ਜੱਜ ਫੈਮਿਲੀ ਕੋਰਟ ਸ਼੍ਰੀ ਦੀਪਕ ਕੁਮਾਰ ਚੌਧਰੀ, ਸਿਵਲ ਜੱਜ(ਸ.ਡ.) ਸ਼੍ਰੀ ਮੁਨੀਸ਼ ਗਰਗ, ਵਧੀਕ ਸਿਵਲ ਜੱਜ (ਸ. ਡ) ਸ਼੍ਰੀ ਸੁਧੀਰ ਕੁਮਾਰ, ਸਿਵਲ ਜੱਜ (ਜ.ਡ.) ਮਿਸ ਨੀਹਾਰਿਕਾ ਸਿੰਗਲਾ, ਸਿਵਲ ਜੱਜ (ਜ.ਡ.) ਮਿਸ ਗੀਤਾਂਸ਼ੂ, ਅਤੇ ਚੇਅਰਮੈਨ, ਸਥਾਈ ਲੋਕ ਅਦਾਲਤ ਬਰਨਾਲਾ ਵੱਲੋਂ ਕੇਸਾ ਦਾ ਨਿਪਟਾਰਾ ਕੀਤਾ ਗਿਆ। ਸ਼੍ਰੀ ਮਦਨ ਲਾਲ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਜੀ ਨੇ ਦੱਸਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਕੁੱਲ 17361 ਕੇਸਾਂ ਦੀ ਸੁਣਵਾਈ ਕੀਤੀ ਗਈ ਅਤੇ ਜਿਨ੍ਹਾਂ ਵਿੱਚੋਂ 14032 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ 6,29,06,440/- ਰੁਪਏ ਦੇ ਐਵਾਰਡ ਪਾਸ ਕੀਤੇ ਗਏ। ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਰਨਾਲਾ ਨੇ ਦੱਸਿਆ ਕਿ ਇਹਨਾਂ ਲੋਕ ਅਦਾਲਤਾਂ ਦੇ ਬਹੁਤ ਸਾਰੇ ਲਾਭ ਹਨ ਜਿਵੇਂ ਕਿ ਕੇਸਾਂ ਦਾ ਜਲਦੀ ਨਿਪਟਾਰਾ, ਲੋਕ ਅਦਾਲਤ ਦੇ ਫੈਸਲੇ ਨੂੰ ਦੀਵਾਨੀ ਕੋਰਟ ਦੀ ਡਿਕਰੀ ਦੀ ਮਾਨਤਾ ਪ੍ਰਾਪਤ ਹੈ, ਲੋਕ ਅਦਾਲਤ ਦੇ ਫੈਸਲੇ ਖਿਲਾਫ ਕੋਈ ਅਪੀਲ ਨਹੀਂ ਹੁੰਦੀ ਅਤੇ ਫੈਸਲੇ ਅੰਤਿਮ ਹੁੰਦੇ ਹਨ, ਲੋਕ ਅਦਾਲਤ ਦੇ ਫੈਸਲੇ ਆਪਸੀ ਸਮਝੌਤੇ ਨਾਲ ਕਰਵਾਏ ਜਾਂਦੇ ਹਨ, ਜਿਸ ਨਾਲ ਧਿਰਾਂ ਅਤੇ ਸਮਾਜ ਵਿੱਚ ਵੱਡੇ ਪੱਧਰ ਦੇ ਸ਼ਾਂਤੀ ਬਹਾਲ ਹੁੰਦੀ ਹੈ, ਲੋਕ ਅਦਾਲਤ ਵਿੱਚ ਫੈਸਲਾ ਹੋਣ ਉਪਰੰਤ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਵਾਪਸ ਮਿਲ ਜਾਂਦੀ ਹੈ।

# ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਦੇ ਐਨ.ਐਸ.ਐਸ. ਕੈਂਪ ਦੇ ਸਮਾਪਤੀ ਸਮਾਰੋਹ ਨੇ ਛੱਡੀਆਂ ਅਮਿੱਟ ਯਾਦਾਂ



ਬਰਨਾਲਾ, 14 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਪੰਜਾਬੀ ਯੂਨੀਵਰਸਿਟੀ ਦੇ ਐਨ ਐਸ ਐਸ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੰਸਥਾ ਪ੍ਰਧਾਨ ਭੋਲਾ ਸਿੰਘ ਵਿਰਕ ਦੀ ਰਹਿਨੁਮਾਈ ਹੇਠ ਸੰਸਥਾ ਪ੍ਰਿੰਸੀਪਲ ਡਾਕਟਰ ਸਰਬਜੀਤ ਸਿੰਘ ਦੀ ਯੋਗ ਅਗਵਾਈ ਵਿੱਚ ਪ੍ਰੋਗਰਾਮ ਅਫ਼ਸਰ ਵਾਈਸ ਪ੍ਰਿੰਸੀਪਲ ਪ੍ਰੋ ਮਨਦੀਪ ਕੌਰ,ਪ੍ਰੋ ਮਿੱਠੂ ਪਾਠਕ,ਪ੍ਰੋ ਮਨਪ੍ਰੀਤ ਕੌਰ,ਡਾ ਨਿਰਪਾਲ ਸਿੰਘ ਦੀ ਦੇਖਰੇਖ ਹੇਠ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਇਹ ਸੱਤ ਰੋਜ਼ਾ ਕੈਂਪ ਬੜੀ ਧੂਮਧਾਮ ਨਾਲ ਕੈਂਪ ਪਿੰਡ ਕਰਮਗੜ੍ਹ ਵਿਖੇ ਲਗਾਇਆ ਗਿਆ। ਜਿਸ ਵਿੱਚ 150 ਵਲੰਟੀਅਰਜ਼ ਨੇ ਭਾਗ ਲਿਆ, ਇਸ ਕੈਂਪ ਦੀ ਸ਼ੁਰੂਆਤ ਕਾਲਜ ਕੈਂਪਸ ਵਿੱਚ ਉਦਘਾਟਨੀ ਸਮਾਰੋਹ ਤੋਂ ਹੋਈ ਜਿਸ ਮਾਨਯੋਗ ਪ੍ਰਿੰਸੀਪਲ ਡਾ. ਸਰਬਜੀਤ ਸਿੰਘ ਕੁਲਾਰ ਨੇ ਸ਼ਿਰਕਤ ਕੀਤੀ ਅਤੇ ਕੈਂਪ ਦਾ ਉਦਘਾਟਨ ਕੀਤਾ। ਕੈਂਪ ਦੇ ਦੂਜੇ ਦਿਨ ਵਲੰਟੀਅਰਜ਼ ਨੂੰ ਵੱਖ ਵੱਖ ਗਰੁਪਾਂ ਵਿੱਚ ਵੰਡ ਕੇ ਪਿੰਡ ਕਰਮਗੜ੍ਹ ਦੇ ਗੁਰਦੁਆਰਾ ਸਾਹਿਬ ਸਿੰਘ ਸਭਾ ਅਤੇ ਇੱਕ ਵੱਡੇ ਪਾਰਕ ਦੀ ਸਫ਼ਾਈ ਕੀਤੀ, ਕੈਂਪ ਦੇ ਤੀਜੇ ਦਿਨ ਗੁਰੂ ਘਰ ਪ੍ਰਗਟ ਸਾਹਿਬ, ਰਵਿਦਾਸ ਮੰਦਰ, ਪੀਰਖਾਨਾ, ਡਿਸਪੈਂਸਰੀ ਦੀ ਸਫਾਈ ਕੀਤੀ, ਕੈਂਪ ਦੇ ਚੌਥੇ ਦਿਨ ਪਿੰਡ ਦਾ ਸਥਾਨ ਸਿੱਧਸਰ ਸ਼ਹੀਦਾਂ ਦਾ ਸਥਾਨ ਅਤੇ ਸਿੱਧਭੋਇ ਦੇ ਸਥਾਨ ਦੀ ਸਫ਼ਾਈ ਕੀਤੀ, ਕੈਂਪ ਦੇ ਪੰਜਵੇਂ ਦਿਨ ਦਾ ਦੂਜਾ ਪਾਰਕ, ਸ਼ਿਵ ਮੰਦਰ, ਕ੍ਰਿਸ਼ਨ ਮੰਦਰ, ਹਨੂੰਮਾਨ ਜੀ ਦਾ ਮੰਦਰ ਅਤੇ ਮਸਜਿਦ ਦੀ ਸਫ਼ਾਈ ਕੀਤੀ, ਕੈਂਪ ਦਾ ਛੇਵਾਂ ਦਿਨ ਬਹੁਤ ਹੀ ਖ਼ੂਬਸੂਰਤ ਅਤੇ ਨਿਵੇਕਲਾ ਹੋ ਨਿਬੜਿਆ। ਇਸ ਦੀ ਪ੍ਰੋਜੈਕਟ ਵਿੱਚ ਜਿੱਥੇ ਪਹਿਲੇ ਸੈਸ਼ਨ ਵਿੱਚ ਪਿੰਡ ਦੇ ਸਰਕਾਰੀ ਸਕੂਲ ਦੀ ਸਫਾਈ ਅਤੇ ਪਿੰਡ ਦੇ ਸ਼ਮਸ਼ਾਨਘਾਟ ਦੀ ਸਫਾਈ ਕੀਤੀ ਉੱਥੇ ਹੀ ਸ਼ਾਮ ਦੇ ਸੈਸ਼ਨ ਦੌਰਾਨ ਇਸ ਕੈਂਪ ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਐਨ ਐਸ ਐਸ ਵਿਭਾਗ ਦੇ ਪ੍ਰੋਗਰਾਮ ਅਫ਼ਸਰ ਡਾ ਅਨਹਦ ਸਿੰਘ ਗਿੱਲ ਜੀ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ, ਜਿਨ੍ਹਾਂ ਨੇ ਕੈਂਪ ਦਾ ਮੁਆਇਨਾ ਕਰਦੇ ਹੋਏ ਦੀ ਬੇਹੱਦ ਸ਼ਲਾਘਾ ਕੀਤੀ ਅਤੇ ਸ਼ਾਮ ਸੈਸ਼ਨ ਵਿੱਚ ਵਲੰਟੀਅਰਜ਼ ਦੇ ਰੰਗਾਰੰਗ ਪ੍ਰੋਗਰਾਮ ਵਿੱਚ ਸ਼ਮੂਲੀਅਤ ਕਰਕੇ ਆਪਣੇ ਵਡਮੁੱਲੇ ਵਿਚਾਰ ਵੀ ਰੱਖੇ। ਅਨਹਦ ਗਿੱਲ ਜੀ ਨੇ ਬੋਲਦਿਆਂ ਕਿਹਾ ਕਿ ਸੰਘੇੜਾ ਕਾਲਜ ਦੇ ਐਨ ਐਸ ਐਸ ਵਿਭਾਗ ਦੇ ਪ੍ਰੋਗਰਾਮ ਅਫ਼ਸਰ ਵਧਾਈ ਦੇ ਪਾਤਰ ਹਨ ਜਿਨ੍ਹਾਂ ਨੇ ਯੂਨੀਵਰਸਿਟੀ ਦੇ ਨਿਯਮਾਂ ਵਿੱਚ ਰਹਿ ਕੇ ਬਾ ਕਮਾਲ ਸੱਤ ਰੋਜ਼ਾ ਕੈਂਪ ਲਗਾਇਆ ਹੈ ਅਤੇ ਕੈਂਪ ਦੀ ਸੱਚੀ ਤਸਵੀਰ ਇਸ ਕੈਂਪ ਵਿੱਚ ਵੇਖਣ ਨੂੰ ਮਿਲੀ ਇਹੋ ਜਹੀਆਂ ਸੰਸਥਾਵਾਂ ਸਦਕਾ ਹੀ ਐਨ ਐਸ ਐਸ ਆਪਣੀ ਇੱਕ ਵੱਖਰੀ ਪਹਿਚਾਣ ਬਣਾ ਸਕੀ ਹੈ ਮੈਂ ਇੱਥੋ ਦੇ ਪ੍ਰਬੰਧਕਾਂ ਨੂੰ ਵਧਾਈ ਦਿੰਦਾ ਹਾ ਜੋ ਇਹ ਉੱਦਮ ਕਰ ਰਹੇ ਹਨ ਅਤੇ ਕੈਂਪਾ ਨੂੰ ਕੈਂਪਾਂ ਦੇ ਰੂਪ ਵਿੱਚ ਹੀ ਲਗਾਕੇ ਆਪਣੀ ਸੰਸਥਾ ਅਤੇ ਯੂਨੀਵਰਸਿਟੀ ਦੇ ਐਨ ਐਸ ਐਸ ਵਿਭਾਗ ਦਾ ਨਾਮ ਰੌਸ਼ਨ ਕਰਦੇ ਹਨ। ਸਾਨੂੰ ਅਜਿਹੀਆਂ ਸੰਸਥਾਵਾਂ ਤੇ ਹਮੇਸ਼ਾ ਮਾਣ ਰਹੇਗਾ। ਮਾਨਯੋਗ ਅਨਹਦ ਗਿੱਲ ਜੀ ਨੇ ਲੰਮਾ ਸਮਾਂ ਕੈਂਪ ਵਿੱਚ ਰਹਿ ਕੇ ਸ਼ਾਮ ਦੇ ਸਾਰੇ ਸੈਸ਼ਨ ਦਾ ਆਨੰਦ ਮਾਣਿਆ ਕੈਂਪ ਦੇ ਆਖਰੀ ਭਾਵ ਸੱਤਵੇਂ ਦਿਨ ਸਮਾਪਤੀ ਸਮਾਰੋਹ ਦੌਰਾਨ ਤੇ ਸੰਸਥਾ ਪ੍ਰਿੰਸੀਪਲ ਡਾ ਸਰਬਜੀਤ ਸਿੰਘ ਕੁਲਾਰ ਜੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜਿੰਨਾ ਨੂੰ ਜੀ ਆਇਆਂ ਮੈਡਮ ਮਨਦੀਪ ਕੌਰ ਵਾਈਸ ਪ੍ਰਿੰਸੀਪਲ ਨੇ ਕਿਹਾ ਅਤੇ ਧੰਨਵਾਦ ਡਾ ਨਿਰਪਾਲ ਸਿੰਘ ਪ੍ਰੋਗਰਾਮ ਅਫ਼ਸਰ ਨੇ ਕਿਹਾ। ਉਹਨਾਂ ਤੋਂ ਬਾਅਦ ਮੁੱਖ ਮਹਿਮਾਨ ਡਾ ਸਰਬਜੀਤ ਸਿੰਘ ਕੁਲਾਰ ਜੀ ਨੇ ਬੋਲਦਿਆਂ ਕੈਂਪ ਦੇ ਮਹੱਤਵ ਤੋਂ ਵਲੰਟੀਅਰਜ਼ ਨੂੰ ਜਾਣੂ ਕਰਵਾਇਆ ਅਤੇ ਆਪਣੇ ਸਮੇਂ ਰਹੇ ਪ੍ਰੋਗਰਾਮ ਅਫ਼ਸਰ ਵੇਲੇ ਦੇ ਤਜ਼ਰਬੇ ਵਲੰਟੀਅਰਜ਼ ਨਾਲ ਸਾਂਝੇ ਕੀਤੇ ਅਤੇ ਕੈਂਪ ਨੂੰ ਸਫਲਤਾਪੂਰਵਕ ਲਗਾਉਣ ਲਈ ਪ੍ਰੋਗਰਾਮ ਅਫ਼ਸਰ ਸਹਿਬਾਨਾਂ ਨੂੰ ਉਤਸ਼ਾਹਿਤ ਵੀ ਕੀਤਾ ਅਤੇ ਅਖੀਰ ਵਿੱਚ ਕੈਂਪ ਦੇ ਬੈਸਟ ਅਤੇ ਬੈਟਰ ਅਤੇ ਸਮੂਹ ਵਲੰਟੀਅਰਜ਼ ਨੂੰ ਮੁੱਖ ਮਹਿਮਾਨ ਨੇ ਸਨਮਾਨਿਤ ਕੀਤਾ ਗਿਆ। ਉਸ ਤੋਂ ਬਾਅਦ ਮੁੱਖ ਮਹਿਮਾਨ ਦਾ ਸਨਮਾਨ ਕੀਤਾ ਗਿਆ ਅਤੇ ਸਮੂਹ ਪ੍ਰੋਗਰਾਮ ਅਫ਼ਸਰ ਸਹਿਬਾਨਾਂ ਦਾ ਸਨਮਾਨ ਵੀ ਕੀਤਾ ਗਿਆ। ਸਟੇਜ ਸਕੱਤਰ ਦੀ ਭੂਮਿਕਾ ਪ੍ਰੋ ਅਤੇ ਪ੍ਰੋਗਰਾਮ ਅਫ਼ਸਰ ਪ੍ਰੋ ਮਿੱਠੂ ਪਾਠਕ ਨੇ ਬਾਖ਼ੂਬੀ ਨਿਭਾਈ।

## ਵਿਧਾਇਕ ਉਗੋਕੇ ਦੇ ਯਤਨਾਂ ਸਦਕਾ ਭਦੌੜ ਦੇ ਵਿਕਾਸ ਲਈ ਖੁੱਲ੍ਹੇ ਸਰਕਾਰੀ ਖਜ਼ਾਨੇ ਦੇ ਮੂੰਹ : ਮੁਨੀਸ਼ ਕੁਮਾਰ ਗਰਗ



ਭਦੌੜ 14 ਮਾਰਚ (ਸੁਖਵਿੰਦਰ ਪਲਾਹਾ) : ਸ਼ਹਿਰ ਭਦੌੜ ਦੀ ਨੁਹਾਰ ਬਦਲਣ ਅਤੇ ਇਸ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਲਈ ਪੰਜਾਬ ਸਰਕਾਰ ਵੱਲੋਂ ਵੱਡੀ ਪੱਧਰ 'ਤੇ ਵਿਕਾਸ ਕਾਰਜਾਂ ਦਾ ਆਗਾਜ਼ ਕਰ ਦਿੱਤਾ ਗਿਆ ਹੈ, ਜਿਸ ਤਹਿਤ ਪੂਰੇ ਸ਼ਹਿਰ ਅੰਦਰ ਉਸਾਰੀ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ। ਨਗਰ ਕੌਂਸਲ ਭਦੌੜ ਦੇ ਪ੍ਰਧਾਨ ਮੁਨੀਸ਼ ਕੁਮਾਰ ਗਰਗ ਨੇ ਵਿਸ਼ੇਸ਼ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮਾਨਯੋਗ ਹਲਕਾ ਵਿਧਾਇਕ ਲਾਭ ਸਿੰਘ ਉਗੋਕੇ ਦੇ ਅਣਥੱਕ ਯਤਨਾਂ ਅਤੇ ਦੂਰਅੰਦੇਸ਼ੀ ਸੋਚ ਸਦਕਾ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਕੁੱਲ 10.50 ਕਰੋੜ ਰੁਪਏ ਦੀ ਭਾਰੀ ਗਰਾਂਟ ਮਨਜ਼ੂਰ ਹੋ ਚੁੱਕੀ ਹੈ। ਇਸ ਗਰਾਂਟ ਦੀ ਵਰਤੋਂ ਬਹੁਤ ਹੀ ਸੁਚਾਰੂ ਢੰਗ ਨਾਲ ਕੀਤੀ ਜਾ ਰਹੀ ਹੈ ਅਤੇ ਪਹਿਲੇ ਪੜਾਅ ਵਿੱਚ ਲਗਭਗ 6 ਕਰੋੜ ਰੁਪਏ ਦੀ ਲਾਗਤ ਨਾਲ ਸ਼ਹਿਰ ਦੀਆਂ ਸਾਰੀਆਂ ਫਿਰਨੀਆਂ ਅਤੇ ਮੁੱਖ ਸੜਕਾਂ ਨੂੰ ਨਵਾਂ ਰੂਪ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੜਕਾਂ ਦੇ ਟੈਂਡਰ ਹੋਣ ਉਪਰੰਤ ਕੰਮ ਸ਼ੁਰੂ ਹੋ ਚੁੱਕਾ ਹੈ,ਤਾਂ ਜੋ ਸ਼ਹਿਰ ਵਾਸੀਆਂ ਨੂੰ ਅਜਾਈ ਵਿੱਚ ਆ ਰਹੀਆਂ ਦਰਪੇਸ਼ ਮੁਸ਼ਕਲਾਂ ਤੋਂ ਜਲਦ ਨਿਜਾਤ ਮਿਲ ਸਕੇ।

ਪ੍ਰਧਾਨ ਗਰਗ ਨੇ ਅੱਗੇ ਕਿਹਾ ਕਿ ਵਿਧਾਇਕ ਉਗੋਕੇ ਦਾ ਮੁੱਖ ਮਕਸਦ ਭਦੌੜ ਨੂੰ ਇੱਕ ਮਾਡਲ ਸ਼ਹਿਰ ਵਜੋਂ ਵਿਕਸਿਤ ਕਰਨਾ ਹੈ ਅਤੇ ਇਸੇ ਲੜੀ ਤਹਿਤ ਬਾਕੀ ਬਚੀ ਸਾਢੇ ਚਾਰ ਕਰੋੜ ਦੀ ਰਾਸ਼ੀ ਨੂੰ ਸ਼ਹਿਰ ਦੇ ਵੱਖ-ਵੱਖ ਪਾਰਕਾਂ ਦੇ ਸੁੰਦਰੀਕਰਨ ਅਤੇ ਪਿਛਲੇ ਲੰਮੇ ਸਮੇਂ ਤੋਂ ਅਧੂਰੇ ਪਏ ਵਿਕਾਸ ਕਾਰਜਾਂ ਨੂੰ ਪੂਰਾ ਕਰਨ 'ਤੇ ਖਰਚਿਆ ਜਾਵੇਗਾ। ਉਨ੍ਹਾਂ ਭਰੋਸਾ ਦਿਵਾਇਆ ਕਿ ਵਿਕਾਸ ਦੇ ਇਹ ਕੰਮ ਪੂਰੀ ਪਾਰਦਰਸ਼ਤਾ ਅਤੇ ਉੱਚ ਗੁਣਵੱਤਾ ਨਾਲ ਮੁਕੰਮਲ ਕੀਤੇ ਜਾਣਗੇ ਤਾਂ ਜੋ ਆਉਣ ਵਾਲੇ ਕਈ ਸਾਲਾਂ ਤੱਕ ਲੋਕਾਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ। ਸ਼ਹਿਰ ਦੇ ਹਰ ਵਾਰਡ ਵਿੱਚ ਬਿਨਾਂ ਕਿਸੇ ਪੱਖਪਾਤ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਭਦੌੜ ਸ਼ਹਿਰ ਦੀ ਤਸਵੀਰ ਪੂਰੀ ਤਰ੍ਹਾਂ ਬਦਲੀ ਹੋਈ ਨਜ਼ਰ ਆਵੇਗੀ ਕਿਉਂਕਿ ਸਰਕਾਰ ਵੱਲੋਂ ਫੰਡਾਂ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾ ਰਹੀ ਅਤੇ ਸ਼ਹਿਰ ਵਾਸੀਆਂ ਦੀ ਹਰ ਛੋਟੀ-ਵੱਡੀ ਪਰੇਸ਼ਾਨੀ ਦਾ ਹੱਲ ਪਹਿਲ ਦੇ ਆਧਾਰ 'ਤੇ ਕਰਨਾ ਉਨ੍ਹਾਂ ਦੀ ਮੁੱਖ ਜ਼ਿੰਮੇਵਾਰ ਹੈ।

# ਪੰਜਾਬ ਸਰਕਾਰ ਮਹਿਲਾ ਉੱਦਮੀ ਸਨਮਾਨ 'ਆਪਣਾ ਕਾਰੋਬਾਰ, ਆਪਣੀ ਪਹਿਚਾਣ'

ਲਹਿਰਾਗਾਗਾ, 14 ਮਾਰਚ (ਰਾਮੇਸ਼ਵਰ ਸ਼ਰਮਾ/ ਖੁਸਵਿੰਦਰ ਸ਼ਰਮਾ) ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅੱਜ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਪੇਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਮਹਿਲਾਵਾਂ ਉੱਦਮੀਆਂ ਨੂੰ ਸਨਮਾਨਿਤ ਕਰਨ ਲਈ ਪ੍ਰੋਗਰਾਮ ਉਲਕਿਆ ਗਿਆ ਸਮਾਗਮ ਵਿੱਚ ਮੁੱਖ ਮਹਿਮਾਨ ਸ੍ਰੀਮਤੀ ਸੀਮਾ ਗੋਇਲ ਪਤਨੀ ਬਰਿੰਦਰ ਕੁਮਾਰ ਗੋਇਲ ਕੈਬਨਿਟ ਮੰਤਰੀ ਪੰਜਾਬ ਸ਼ਾਮਿਲ ਹੋਏ ਪ੍ਰਬੰਧਕਾਂ ਨੇ ਦੱਸਿਆ ਕਿ ਮੁੱਖ ਮੰਤਰੀ ਸ਼੍ਰ. ਭਗਵੰਤ ਸਿੰਘ ਮਾਨ ਵੱਲੋ ਅੰਤਰ ਰਾਸ਼ਟਰੀ ਮਹਿਲਾ ਦਿਵਸ 2026 ਮੌਕੇ ਮਹਿਲਾਵਾਂ ਦੇ ਰੁਜ਼ਗਾਰ ਨੂੰ ਉਤਸ਼ਾਹਿਤ ਕਰਨ ਲਈ ਖਾਸ ਪ੍ਰੋਗਰਾਮ ਉਲਕਿਆ ਗਿਆ। ਅੱਜ ਹਲਕਾ ਲਹਿਰਾ ਦੇ ਅਧੀਨ ਸੈਲਫ ਹੈਲਪ ਗ੍ਰੁੱਪਾ ਦੀਆ 100 ਮਹਿਲਾਵਾਂ ਉੱਦਮੀਆ ਦੀ ਚੋਣ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਸਰਟੀਫਿਕੇਟ ਵੰਡੇ ਗਏ। ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਦੀ ਜਾਣਕਾਰੀ ਦਿੰਦੀਆ ਬਲਾਕ ਪ੍ਰੋਗਰਾਮ ਮੈਨੇਜਰ ਚੇਤਨ ਕੁਮਾਰ ਨੇ ਦੱਸਿਆ ਕਿ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਦਾ ਮੁੱਖ ਉਦੇਸ ਪਿੰਡਾ ਦੀਆਂ ਗਰੀਬ ਪਰਿਵਾਰਾ ਦੀਆਂ ਮਹਿਲਾਵਾਂ ਨੂੰ ਸੈਲਫ ਹੈਲਪ ਗ੍ਰੁੱਪਾ ਵਿੱਚ ਸੰਗਠਿਤ ਕਰਕੇ ਉਹਨਾਂ ਨੂੰ ਆਰਥਿਕ ਅਤੇ ਸਮਾਜਿਕ ਤੌਰ ਤੇ ਸੱਮਰਥ ਬਣਾਉਣਾ ਹੈ। ਆਜੀਵਿਕਾ ਮਿਸ਼ਨ ਅਧੀਨ ਵੱਖ-2 ਤਰ੍ਹਾਂ ਦੀਆ ਪਹਿਲਕਦਮੀਆ ਕੀਤੀਆ ਗਈਆ। ਜਿਵੇਂ:- ਪਹਿਲ ਮਾਰਟ, ਵੇਰਕਾ ਮਿਲਕ ਕੋਆਪਰੇਟਿਵ ਸੋਸਾਇਟੀਆ ਦੀ ਸਥਾਪਨਾ, ਸੋਲਿਡ ਵੇਸਟ ਮੈਨੇਜਮੈਂਟ ਪ੍ਰੋਜੈਕਟ, ਪਹਿਲ ਯੂਨੀਫਾਮ ਪਹਿਲ ਸਟਾਰਟਪ। ਪਹਿਲ ਉੱਦਮੀਆ ਨੂੰ ਸਨਮਾਨਿਤ ਕਰਨ ਮੌਕੇ ਸ੍ਰੀਮਤੀ ਕਾਂਤਾ ਗੋਇਲ ਪ੍ਰਧਾਨ ਨਗਰ ਕੌਂਸਲ. ਪ੍ਰੋ. ਜਸਵੀਰ ਕੌਰ ਸੇਰਗਿੱਲ, ਚੇਅਰਮੈਨ ਮਾਰਕਿਟ ਕਮੇਟੀ ਦਿੜ੍ਹਬਾ, ਸੰਦੀਪ ਕੌਰ ਹਲਕਾ ਕੋਆਡਰੀਨੇਟਰ ਲਹਿਰਾ, ਅਮਨਦੀਪ ਕੌਰ ਖੰਡੇਬਾਦ ਜਿਲ੍ਹਾ ਪ੍ਰਸੀਦ ਮੈਬਰ, ਬਿੰਦਰ ਗੋਇਲ ਆਪ ਆਗੂ, ਚੇਤਨ ਕੁਮਾਰ ਬੀ.ਪੀ.ਐਮ ਲਹਿਰਾ, ਸੰਦੀਪ ਕੁਮਾਰ ਬੀ.ਪੀ.ਐਮ ਅਨਦਾਨਾ, ਖੁਸ਼ਵੰਤ ਸਿੰਘ ਸੀ.ਸੀ, ਸੁਭਰੀਤ ਸਿੰਘ ਸੀ.ਸੀ, ਰਿੰਕੂ ਕੁਮਾਰ ਸੀ.ਸੀ ਲਹਿਰਾ, ਕੁਲਦੀਪ ਸਿੰਘ ਐਮ.ਆਈ.ਐਸ ਹਾਜ਼ਰ ਸੀ।

# ਵਿਸ਼ਵ ਗਲੋਕੋਮਾ ਹਫ਼ਤੇ ਦੌਰਾਨ ਹੋਏ ਪੋਸਟਰ ਮੇਕਿੰਗ ਮੁਕਾਬਲੇ 'ਚ ਹਿੱਸਾ ਲੈਣ ਵਾਲੇ ਵਿਦਿਆਰਥੀ ਸਨਮਾਨਿਤ



ਬਰਨਾਲਾ, 14 ਮਾਰਚ (ਬਘੇਲ ਸਿੰਘ ਧਾਲੀਵਾਲ) : ਸਿਵਲ ਸਰਜਨ ਡਾ. ਹਰੀਪਾਲ ਸਿੰਘ ਸਿੱਧੂ ਦੇ ਹੁਕਮਾਂ ਅਤੇ ਨੇਤਰ ਰੋਗਾਂ ਦੇ ਮਾਹਿਰ ਡਾ. ਅਮੋਲਦੀਪ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਮਿਊਨਿਟੀ ਹੈਲਥ ਸੈਂਟਰ ਧਨੌਲਾ ਵਿਖੇ ÷ਦੁਨੀਆ ਰੌਸ਼ਨ ਹੈ, ਆਪਣੀਆਂ ਅੱਖਾਂ ਦੀ ਰੌਸ਼ਨੀ ਬਚਾਓ÷ ਵਿਸ਼ੇ @ਤੇ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਵਿੱਚ ਗੁਰੂ ਨਾਨਕ ਦੇਵ ਨਰਸਿੰਗ ਕਾਲਜ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵੰਤ ਸਿੰਘ ਔਜਲਾ ਨੇ ਦੱਸਿਆ ਕਿ ਵਿਸ਼ਵ ਗਲੋਕੋਮਾ ਹਫ਼ਤੇ ਦੇ ਸਿਲਸਿਲੇ ਵਿੱਚ ਕਰਵਾਏ ਗਏ ਇਸ ਮੁਕਾਬਲੇ ਦਾ ਉਦੇਸ਼ ਨਰਸਿੰਗ ਦੇ ਵਿਦਿਆਰਥੀਆਂ ਨੂੰ ਗਲੋਕੋਮਾ (ਕਾਲਾ ਮੋਤੀਆ) ਤੋਂ ਬਚਾਅ ਅਤੇ ਇਸਦੇ ਇਲਾਜ ਬਾਰੇ ਜਾਗਰੂਕ ਕਰਨ ਦੇ ਨਾਲ ਨਾਲ ਉਹਨਾਂ ਦੀ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨਾ ਵੀ ਹੈ। ਉਹਨਾਂ ਦੱਸਿਆ ਕਿ 'ਗਲੋਕੋਮਾ' ਜਿਸਨੂੰ ਕਾਲਾ ਮੋਤੀਆ ਵੀ ਕਿਹਾ ਜਾਂਦਾ ਹੈ ਵਿਸ਼ਵ ਵਿੱਚ ਲਾ-ਇਲਾਜ ਅੰਨ੍ਹੇਪਣ ਦਾ ਸਭ ਤੋਂ ਵੱਡਾ ਕਾਰਨ ਹੈ ਅਤੇ ਜਾਗਰੂਕਤਾ ਦੀ ਕਮੀ ਕਾਰਨ ਪੀੜ੍ਹਤ ਵਿਅਕਤੀ ਵੱਲੋਂ ਅਸਧਾਰਣ ਸਿਰਦਰਦ ਜਾਂ ਅੱਖਾਂ ਵਿੱਚ ਲਗਾਤਾਰ ਦਰਦ ਹੋਣ 'ਤੇ ਇਸ ਨੂੰ ਸਧਾਰਣ ਦਰਦ ਸਮਝ ਕੇ ਬਿਨਾਂ ਡਾਕਟਰੀ ਸਲਾਹ ਤੋਂ ਦਰਦ ਦੀ ਗੋਲੀ ਲੈ ਲਈ ਜਾਂਦੀ ਹੈ ਜਦਕਿ ਇਹ ਕਾਲਾ ਮੋਤੀਆ ਦਾ ਸੰਕੇਤ ਵੀ ਹੋ ਸਕਦਾ ਹੈ। ਡਾ. ਔਜਲਾ ਨੇ ਦੱਸਿਆ ਕਿ ਕਾਲਾ ਮੋਤੀਆ ਅਕਸਰ ਚੁੱਪ-ਚਪੀਤੇ ਨਿਗਾਹ ਨੂੰ ਪ੍ਰਭਾਵਤ ਕਰਦਾ ਹੈ ਪਰ ਇਹ ਅੰਨ੍ਹੇਪਣ ਦਾ ਕਾਰਨ ਬਣ ਸਕਦਾ ਹੈ। ਇਸਦਾ ਸਮੇਂ ਸਿਰ ਇਲਾਜ ਹੀ ਇਸ ਗੰਭੀਰ ਬਿਮਾਰੀ ਤੋਂ ਬਚਣ ਦਾ ਕਾਰਗਰ ਉਪਾਅ ਹੈ। ਇਸ ਮੌਕੇ ਮੈਡੀਕਲ ਅਫ਼ਸਰ ਡਾ. ਪ੍ਰਿਕਸ਼ਤ ਮਿੱਤਲ ਨੇ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੇ ਸਾਰੇ ਵਿਦਿਆਰਥੀਆਂ ਜਸਪ੍ਰੀਤ, ਰਮਨਦੀਪ, ਮਹਿਕਦੀਪ, ਲਖਵੀਰ, ਸੁਮਨਦੀਪ ਅਤੇ ਸੁਖਮਨਪ੍ਰੀਤ ਕੌਰ ਤੋਂ ਇਲਾਵਾ ਨੀਤਾ ਅਤੇ ਅਕਾਸ਼ ਨੂੰ ਸਨਮਾਨਿਤ ਕੀਤਾ ਅਤੇ ਕਿਹਾ ਕਿ ਜਿੱਤ ਹਾਰ ਮਾਇਨੇ ਨਹੀਂ ਰੱਖਦੀ ਸਗੋਂ ਵਿਦਿਆਰਥੀਆਂ ਦਾ ਮੁਕਾਬਲੇ 'ਚ ਹਿੱਸਾ ਲੈਣਾ ਅਤੇ ਚੁਣੌਤੀ ਨੂੰ ਸਵੀਕਾਰ ਕਰਨਾ ਆਪਣੇ ਆਪਣੇ ਵਿੱਚ ਇੱਕ ਜਿੱਤ ਹੈ। ਡਾ. ਮਿੱਤਲ ਨੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦਿਆਂ ਜਿੱਥੇ ਉਹਨਾਂ ਵੱਲੋਂ ਬਣਾਏ ਗਏ ਚਾਰਟ ਵਿੱਚ ਦਰਸਾਏ ਪਹਿਲੂਆਂ 'ਤੇ ਗੱਲਬਾਤ ਕੀਤੀ ਉੱਥੇ ਹੀ ਉਹਨਾਂ ਵਿਦਿਆਰਥੀਆਂ ਨੂੰ ਕਾਲਾ ਮੋਤੀਆ ਬਾਰੇ ਵਿਸਥਾਰ ਨਾਲ ਜਾਣਕਾਰੀ ਵੀ ਦਿੱਤੀ।

ਐਸ.ਆਈ ਦਰਸ਼ਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਮੌਕੇ ਬੀ.ਈ.ਈ ਰਤਿਕਾ ਓਬਰਾਏ, ਏ.ਐਮ.ਓ ਡਾ.ਚੇਤਨਜੀਤ ਸਿੰਘ, ਅਪਥਾਲਮਿਕ ਅਫ਼ਸਰ ਗੁਰਮੀਤ ਸਿੰਘ, ਮਲਟੀਪਰਪਜ਼ ਹੈਲਥ ਵਰਕਰ ਕੁਲਦੀਪ ਸਿੰਘ ਵਿਰਕ, ਲਖਵਿੰਦਰ ਸਿੰਘ ਅਤੇ ਜੁਝਾਰ ਸਿੰਘ ਤੋਂ ਇਲਾਵਾ ਹੋਰ ਸਟਾਫ਼ ਮੈਂਬਰ, ਅਧਿਆਪਕ ਰਾਜਵਿੰਦਰ ਕੌਰ ਅਤੇ ਪ੍ਰਿੰਸਦੀਪ ਕੌਰ ਹਾਜ਼ਰ ਸਨ।

## ਰਾਜ-ਪੱਧਰੀ ਸਮਾਗਮ 'ਚ ਮੀਰੀ ਪੀਰੀ ਖ਼ਾਲਸਾ ਕਾਲਜ ਦਾ ਸ਼ਾਨਦਾਰ ਪ੍ਰਦਰਸ਼ਨ




ਭਦੌੜ 14 ਮਾਰਚ ( ਸੁਖਵਿੰਦਰ ਪਲਾਹਾ): ਮੀਰੀ ਪੀਰੀ ਖਾਲਸਾ ਕਾਲਜ ਭਦੌੜ ਦੇ ਵਿਦਿਆਰਥੀਆਂ ਨੂੰ ਰੈਡ ਰਿਬਨ ਕਲੱਬ ਦੇ ਪ੍ਰੋਗਰਾਮ ਅਫ਼ਸਰ ਡਾ. ਵੰਦਨਾ ਸੁਖੀਜਾ ਅਤੇ ਕਾਲਜ ਦੇ ਵਲੰਟੀਅਰ ਇੰਦਰਜੀਤ ਸਿੰਘ (ਐਮ.ਏ. ਭਾਗ ਪਹਿਲਾ) ਨੂੰ ਡਾਇਰੈਕਟੋਰੇਟ ਆਫ਼ ਯੁਵਕ ਸੇਵਾਵਾਂ ਵਿਭਾਗ, ਪੰਜਾਬ ਵੱਲੋਂ ਕ੍ਰਮਵਾਰ ਬੈਸਟ ਪ੍ਰੋਗਰਾਮ ਅਫ਼ਸਰ ਅਤੇ ਬੈਸਟ ਪੀਅਰ ਐਜੂਕੇਟਰ ਪ੍ਰਸ਼ੰਸਾ ਪੱਤਰ ਦਿੱਤਾ ਗਿਆ। ਇਹ ਐਵਾਰਡ ਪੂਰੇ ਸਾਲ ਦੀਆਂ ਪ੍ਰਾਪਤੀਆਂ ਨੂੰ ਮੁੱਖ ਰਖਦੇ ਹੋਏ ਚੰਡੀਗੜ੍ਹ ਯੂਨੀਵਰਸਿਟੀ ਘੜੂੰਆਂ ਮੋਹਾਲੀ ਵਿਖੇ 12 ਮਾਰਚ, 2026 ਹੋਏ ਰਾਜ ਪੱਧਰੀ ਯੂਥ ਲੀਡਰਸ਼ਿਪ ਐਂਡ ਅਵੇਅਰਨੈਸ ਪ੍ਰੋਗਰਾਮ ਦੌਰਾਨ ਦਿੱਤਾ ਗਿਆ । ਕਾਲਜ ਪ੍ਰਿੰਸੀਪਲ ਸ. ਮਲਵਿੰਦਰ ਸਿੰਘ ਨੇ ਇਸ ਪ੍ਰਾਪਤੀ ਤੇ ਵਧਾਈ ਦਿੰਦਿਆ ਕਿਹਾ ਕਿ ਇਹ ਡਾ. ਵੰਦਨਾ ਸੁਖੀਜਾ ਅਤੇ ਇੰਦਰਜੀਤ ਸਿੰਘ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ ਅਤੇ ਸੰਸਥਾ ਵਾਸਤੇ ਮਾਣ ਵਾਲੀ ਗੱਲ ਹੈ ਅਤੇ ਨਾਲ ਹੀ ਭਵਿੱਖ ਵਿੱਚ ਅਜਿਹੀਆਂ ਪ੍ਰਾਪਤੀਆਂ ਕਰਨ ਲਈ ਪ੍ਰੇਰਿਤ ਕੀਤਾ। ਡਾ. ਵੰਦਨਾ ਸੁਖੀਜਾ ਪਿਛਲੇ 15 ਸਾਲਾਂ ਤੋਂ ਰੈਡ ਰਿਬਨ ਕਲੱਬ ਨਾਲ ਜੁੜੇ ਹੋਏ ਹਨ ਅਤੇ ਤਨਦੇਹੀ ਨਾਲ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਉਹਨਾਂ ਨੇ ਇਹ ਵੀ ਉਮੀਦ ਜਾਹਿਰ ਕੀਤੀ ਕਿ ਆਉਣ ਵਾਲੇ ਸਮੇਂ ਵਿੱਚ ਵੀ ਉਹ ਇਸੇ ਤਰ੍ਹਾਂ ਹੀ ਕੰਮ ਕਰਦੇ ਰਹਿਣਗੇ। ਇਸ ਮੌਕੇ ਤੇ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਵਾਈ.ਐਸ. ਕਾਲਜ ਵੱਲੋਂ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਦੀ ਸਮਝ ਵਿਸ਼ੇ 'ਤੇ ਪ੍ਰੇਰਕ ਸੈਸ਼ਨ



ਬਰਨਾਲਾ, 14 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਵਾਈ.ਐਸ ਕਾਲਜ, ਜਿਸਨੂੰ ਸਾਲ ਦਾ ਸਭ ਤੋਂ ਉਭਰਦਾ ਸਰਵੋਤਮ ਸੰਸਥਾਨ ਮੰਨਿਆ ਗਿਆ ਹੈ, ਲਗਾਤਾਰ ਅਕਾਦਮਿਕ ਉਤਕ੍ਰਿਸ਼ਟਤਾ, ਨਵੀਨਤਾ ਅਤੇ ਉਦਯੋਗ ਕੇਂਦਰਿਤ ਸਿੱਖਿਆ ਨੂੰ ਮਜ਼ਬੂਤ ਕਰਨ ਵੱਲ ਅੱਗੇ ਵੱਧ ਰਿਹਾ ਹੈ। ਸੰਸਥਾ ਵੱਲੋਂ ਹਮੇਸ਼ਾਂ ਅਜਿਹੇ ਮੰਚ ਪ੍ਰਦਾਨ ਕੀਤੇ ਜਾਂਦੇ ਹਨ ਜਿੱਥੇ ਵਿਦਿਆਰਥੀ ਤਜਰਬੇਕਾਰ ਵਿਅਕਤੀਆਂ ਨਾਲ ਸੰਵਾਦ ਕਰ ਸਕਣ ਅਤੇ ਨਵੀਂ ਤਕਨਾਲੋਜੀ ਤੇ ਕਰੀਅਰ ਮੌਕਿਆਂ ਬਾਰੇ ਵਿਹੰਗਮ ਜਾਣਕਾਰੀ ਪ੍ਰਾਪਤ ਕਰ ਸਕਣ। ਇਸ ਤਰ੍ਹਾਂ ਦੀਆਂ ਪਹਿਲਾਂ ਕਲਾਸਰੂਮ ਸਿੱਖਿਆ ਅਤੇ ਹਕੀਕਤੀ ਦੁਨੀਆ ਦੇ ਤਜਰਬੇ ਵਿਚਕਾਰ ਦੀ ਦੂਰੀ ਨੂੰ ਘਟਾਉਂਦੀਆਂ ਹਨ ਅਤੇ ਵਿਦਿਆਰਥੀਆਂ ਨੂੰ ਤੇਜ਼ੀ ਨਾਲ ਬਦਲ ਰਹੀ ਤਕਨਾਲੋਜੀਕਲ ਦੁਨੀਆ ਨਾਲ ਜੋੜ ਕੇ ਰੱਖਦੀਆਂ ਹਨ। 14 ਮਾਰਚ ਨੂੰ, ਇਸੀ ਦ੍ਰਿਸ਼ਟੀ ਨੂੰ ਅੱਗੇ ਵਧਾਉਂਦੇ ਹੋਏ ਵਾਈਐਸ ਕਾਲਜ ਦੇ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਬਾਇਨਰੀ ਤੋਂ ਬ੍ਰੇਨਜ਼: ਆਰਟੀਫ਼ਿਸ਼ਲ ਇੰਟੈਲੀਜੈਂਸ ਦੀ ਸਮਝ ਵਿਸ਼ੇ 'ਤੇ ਇੱਕ ਗਿਆਨਵਰਧਕ ਗੈਸਟ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਹ ਸੈਸ਼ਨ ਜਗਜੀਤ ਸਿੰਘ ਵੱਲੋਂ ਦਿੱਤਾ ਗਿਆ, ਜੋ ਕਿ ਵਾਈ.ਐਸ ਕਾਲਜ ਦੇ 2014-2017 ਬੈਚ ਦੇ ਪੁਰਾਣੇ ਵਿਦਿਆਰਥੀ ਹਨ ਅਤੇ ਇਸ ਸਮੇਂ ਸਰਵਿਸ ਨਾਓ ਵਿੱਚ ਸਾਫਟਵੇਅਰ ਇੰਜੀਨੀਅਰ ਵਜੋਂ ਕਾਰਜਰਤ ਹਨ। ਆਪਣੇ ਮਾਤ੍ਰ ਸੰਸਥਾਨ ਵਿੱਚ ਵਾਪਸ ਆ ਕੇ ਉਨ੍ਹਾਂ ਨੇ ਵਿਦਿਆਰਥੀਆਂ ਨਾਲ ਆਪਣਾ ਅਨੁਭਵ ਸਾਂਝਾ ਕੀਤਾ ਅਤੇ ਉਨ੍ਹਾਂ ਨੂੰ ਆਰਟੀਫ਼ਿਸ਼ਲ ਇੰਟੈਲੀਜੈਂਸ ਅਤੇ ਆਧੁਨਿਕ ਤਕਨਾਲੋਜੀ ਦੇ ਖੇਤਰ ਵਿੱਚ ਮੌਜੂਦ ਵਿਸ਼ਾਲ ਮੌਕਿਆਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਨੇ ਸਮਝਾਇਆ ਕਿ ਕਿਵੇਂ ਏ ਆਈ ਸਾਫਟਵੇਅਰ ਵਿਕਾਸ, ਆਟੋਮੇਸ਼ਨ ਅਤੇ ਡਿਜ਼ਿਟਲ ਨਵੀਨਤਾ ਦੇ ਭਵਿੱਖ ਨੂੰ ਆਕਾਰ ਦੇ ਰਹੀ ਹੈ। ਸੈਸ਼ਨ ਦੌਰਾਨ ਤਕਨੀਕੀ ਅਤੇ ਗੈਰ-ਤਕਨੀਕੀ ਹੁਨਰਾਂ ਦੀ ਮਹੱਤਤਾ ਉੱਤੇ ਵੀ ਖ਼ਾਸ ਜ਼ੋਰ ਦਿੱਤਾ ਗਿਆ। ਉਨ੍ਹਾਂ ਨੇ ਕਿਹਾ ਕਿ ਜਿੱਥੇ ਪ੍ਰੋਗ੍ਰਾਮਿੰਗ ਅਤੇ ਤਕਨੀਕੀ ਗਿਆਨ ਜ਼ਰੂਰੀ ਹਨ, ਉੱਥੇ ਸੰਚਾਰ ਕੁਸ਼ਲਤਾ, ਟੀਮ ਵਰਕ, ਅਨੁਕੂਲਤਾ ਅਤੇ ਸਮੱਸਿਆ ਹੱਲ ਕਰਨ ਦੀ ਯੋਗਤਾ ਵੀ ਉਤਨੀ ਹੀ ਮਹੱਤਵਪੂਰਨ ਹੈ। ਇਸ ਸੈਸ਼ਨ ਵਿੱਚ ਬੀ.ਸੀ.ਏ ਅਤੇ ਬੀ.ਐਸ.ਸੀ. (ਆਈ.ਟੀ) ਦੇ 100 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ। ਡਾਇਰੈਕਟਰ ਵਰੁਣ ਭਾਰਤੀ ਨੇ ਕਿਹਾ ਕਿ ਅਜਿਹੇ ਅਕਾਦਮਿਕ ਸੈਸ਼ਨ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹਨ । ਉਨ੍ਹਾਂ ਨੇ ਕਿਹਾ ਕਿ ਆਰਟੀਫ਼ਿਸ਼ਲ ਇੰਟੈਲੀਜੈਂਸ ਆਧੁਨਿਕ ਯੁੱਗ ਦੀ ਸਭ ਤੋਂ ਬਦਲਾਅਕਾਰੀ ਤਕਨਾਲੋਜੀਆਂ ਵਿੱਚੋਂ ਇੱਕ ਹੈ। ਪ੍ਰਿੰਸੀਪਲ ਡਾ. ਗੁਰਪਾਲ ਸਿੰਘ ਰਾਣਾ ਨੇ ਕੰਪਿਊਟਰ ਸਾਇੰਸ ਵਿਭਾਗ ਦੀ ਸਰਾਹਨਾ ਕਰਦਿਆਂ ਕਿਹਾ ਕਿ ਅਜਿਹੇ ਸੈਸ਼ਨ ਵਿਦਿਆਰਥੀਆਂ ਦੇ ਗਿਆਨ ਨੂੰ ਵਿਸਤਾਰ ਦਿੰਦੇ ਹਨ ਅਤੇ ਉਨ੍ਹਾਂ ਨੂੰ ਭਵਿੱਖ ਦੀ ਤਕਨਾਲੋਜੀਕਲ ਦੁਨੀਆ ਲਈ ਤਿਆਰ ਕਰਦੇ ਹਨ। ਵਾਈਸ ਪ੍ਰਿੰਸੀਪਲ ਵੀ.ਪੀ. ਸਿੰਗਲਾ ਨੇ ਕਿਹਾ ਕਿ ਉਦਯੋਗਿਕ ਵਿਦਵਾਨਾਂ ਨਾਲ ਸੰਵਾਦ ਵਿਦਿਆਰਥੀਆਂ ਲਈ ਬਹੁਤ ਲਾਭਕਾਰੀ ਹੁੰਦਾ ਹੈ।

# ਭੋਗ 'ਤੇ ਵਿਸ਼ੇਸ਼ : ਬਹੁਪੱਖੀ, ਰੰਗਲੀ ਅਤੇ ਪ੍ਰੇਰਨਾਸ੍ਰੋਤ ਸ਼ਖ਼ਸੀਅਤ ਦੇ ਮਾਲਕ ਸਨ ਗੁਰਦੇਵ ਸਿੰਘ ਰੁਪਾਲ



ਬਰਨਾਲਾ : ਸਰਦਾਰ ਗੁਰਦੇਵ ਸਿੰਘ ਰੁਪਾਲ ਦਾ ਜਨਮ ਪਿਤਾ ਸਾਧੂ ਸਿੰਘ ਤੇ ਮਾਤਾ ਸ਼ਾਮ ਕੌਰ ਦੀ ਕੁੱਖੋਂ ਹੰਡਿਆਇਆ ਵਿਖੇ ਹੋਇਆ। ਸਰਕਾਰੀ ਹਾਈ ਸਕੂਲ ਬਰਨਾਲਾ ਤੋਂ ਦਸਵੀਂ ਦੀ ਪ੍ਰੀਖਿਆ ਪਾਸ ਕੀਤੀ ਅਤੇ ਸਰਕਾਰੀ ਨੌਕਰੀ 'ਤੇ ਲੱਗ ਗਏ। ਵੱਖ ਵੱਖ ਥਾਵਾਂ 'ਤੇ ਨੌਕਰੀ ਕਰਨ ਉਪਰੰਤ ਜ਼ਿਲ੍ਹਾ ਸਿੱਖਿਆ ਦਫ਼ਤਰ ਫਰੀਦਕੋਟ ਵਿਖੇ ਬਤੌਰ ਪ੍ਰਬੰਧ ਅਫ਼ਸਰ 31 ਜੁਲਾਈ 1996 ਨੂੰ ਸੇਵਾ ਮੁਕਤ ਹੋ ਗਏ। ਇਨ੍ਹਾਂ ਦਾ ਵਿਆਹ ਗੁਰਨਾਮ ਕੌਰ ਨਾਲ ਹੋਇਆ। ਇਹਨਾਂ ਦੇ ਘਰ ਦੋ ਪੁੱਤਰ ਅਤੇ ਦੋ ਪੁੱਤਰੀਆਂ ਨੇ ਜਨਮ ਲਿਆ। ਵੱਡਾ ਲੜਕਾ ਗੁਰਜੀਤ ਸਿੰਘ ਰੁਪਾਲ ਬਤੌਰ ਜ਼ਿਲ੍ਹਾ ਸਿੱਖਿਆ ਅਫ਼ਸਰ ਸੇਵਾ ਮੁਕਤ ਹੋਏ ਹਨ ਅਤੇ ਨੂੰਹ ਲਖਵੀਰ ਕੌਰ ਨੇ ਬਾਬਾ ਗਾਂਧਾ ਸਿੰਘ ਸਕੂਲ ਵਿਖੇ ਨੌਕਰੀ ਕੀਤੀ। ਦੂਸਰੇ ਲੜਕੇ ਹਰਮਨਜੀਤ ਸਿੰਘ ਰੁਪਾਲ ਬਤੌਰ ਲੈਕਚਰਾਰ ਸੇਵਾ ਮੁਕਤ ਹੋਏ ਹਨ ਅਤੇ ਨੂੰਹ ਪਰਮਜੀਤ ਕੌਰ ਨੇ ਬਤੌਰ ਲੈਕਚਰਰ ਬਾਬਾ ਗਾਂਧਾ ਸਿੰਘ ਸਕੂਲ ਵਿਖੇ ਸੇਵਾ ਨਿਭਾਈ। ਵੱਡੀ ਬੇਟੀ ਸੁਰਿੰਦਰਪਾਲ ਕੌਰ ਘਰੇਲੂ ਕੰਮ 'ਚ ਲੱਗੇ ਰਹੇ ਅਤੇ ਛੋਟੀ ਬੇਟੀ ਸਰਬਜੀਤ ਕੌਰ ਬਤੌਰ ਪ੍ਰਿੰਸੀਪਲ ਸੇਵਾ ਮੁਕਤ ਹੋਏ ਹਨ। ਪੋਤੇ ਪੋਤਰੀਆਂ, ਦੋਹਤੇ ਦੋਹਤਰੀਆਂ, ਪੋਤ ਨੂੰਹਾਂ ਅਤੇ ਦੋਹਤ ਨੂੰਹਾਂ ਸਾਰੇ ਆਪੋ ਆਪਣੇ ਕੰਮਾਂ 'ਤੇ ਲੱਗੇ ਹੋਏ ਹਨ। ਗੁਰਦੇਵ ਸਿੰਘ ਨੇ ਸੇਵਾ ਮੁਕਤੀ ਤੋਂ ਬਾਅਦ ਆਪਣਾ ਸਮਾਂ ਸਮਾਜਿਕ ਅਤੇ ਧਾਰਮਿਕ ਕੰਮਾਂ 'ਚ ਲਗਾਇਆ। ਇਹ ਰਾਮਗੜ੍ਹੀਆ ਭਲਾਈ ਸੰਸਥਾ ਹੰਡਿਆਇਆ ਨਾਲ ਜੁੜੇ ਰਹੇ ਅਤੇ ਸੰਸਥਾ ਵੱਲੋਂ ਪਿਛਲੇ ਸਾਲ ਇਹਨਾਂ ਦੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਹੋਇਆਂ ਸਨਮਾਨਿਤ ਵੀ ਕੀਤਾ ਗਿਆ। ਇਹ ਪਰਮਾਤਮਾ ਵੱਲੋਂ ਬਖਸ਼ੀ ਹੋਈ ਸਵਾਸਾਂ ਦੀ ਪੂੰਜੀ ਸਮੇਟਦੇ ਹੋਏ 6 ਮਾਰਚ ਨੂੰ ਸਦੀਵੀ ਵਿਛੋੜਾ ਦੇ ਗਏ। ਅੱਜ ਮਿਤੀ 15 ਮਾਰਚ 2026 ਦਿਨ ਐਤਵਾਰ ਨੂੰ ਦੁਪਹਿਰ 12 ਵਜੇ ਤੋਂ 1 ਵਜੇ ਤੱਕ ਇਨ੍ਹਾਂ ਨਮਿੱਤ ਸ਼੍ਰੀ ਸਹਿਜ ਪਾਠ ਦਾ ਭੋਗ ਗੁਰਦੁਆਰਾ ਨਾਨਕਸਰ ਠਾਠ ਬਰਨਾਲਾ ਵਿਖੇ ਦਸਮੇਸ਼ ਹਾਲ ਵਿਖੇ ਪਵੇਗਾ। ਆਪ ਸਭ ਨੂੰ ਅੰਤਿਮ ਅਰਦਾਸ ਅਤੇ ਭੋਗ ਸਮਾਗਮ ਵਿੱਚ ਸ਼ਾਮਿਲ ਹੋਣ ਲਈ ਬੇਨਤੀ ਕੀਤੀ ਜਾਂਦੀ ਹੈ।

**(ਸੁਖਵਿੰਦਰ ਸਿੰਘ ਭੰਡਾਰੀ)**

## ਵਾਈ.ਐਸ. ਸਕੂਲ ਦੇ ਵਿਦਿਆਰਥੀ ਦੀ ਇੰਸਪਾਇਰ ਮਾਨਕ ਐਵਾਰਡ ਲਈ ਚੋਣ



ਬਰਨਾਲਾ, 14 ਮਾਰਚ (ਹਮੀਰ ਸਿੰਘ) : ਵਾਈਐਸ ਸਕੂਲ ਬਰਨਾਲਾ ਦੇ ਵਿਦਿਆਰਥੀ ਪੜ੍ਹਾਈ ਦੇ ਨਾਲ ਨਾਲ ਆਪਣੇ ਆਤਮ ਵਿਸ਼ਵਾਸ, ਖੇਲ ਪ੍ਰਾਪਤੀਆਂ ਅਤੇ ਤਕਨੀਕੀ ਖੇਤਰ ਵਿੱਚ ਮੁਹਾਰਤ ਕਰਨ ਦੂਰੋਂ ਹੀ ਪਹਿਚਾਣੇ ਜਾਂਦੇ ਹਨ। ਇਸ ਦੀ ਇੱਕ ਹੋਰ ਮਿਸਾਲ ਕਾਇਮ ਕਰਦਿਆਂ ਵਾਈਐਸ ਸਕੂਲ ਬਰਨਾਲਾ ਦੇ ਜਮਾਤ ਦਸਵੀਂ ਦੇ ਵਿਦਿਆਰਥੀ ਅਰੋਹਨ ਗਰਗ ਨੇ ਇੱਕ ਹੋਰ ਮੀਲ ਪੱਥਰ ਸਥਾਪਿਤ ਕੀਤਾ ਹੈ। ਵਿਦਿਆਰਥੀ ਆਰੋਹਨ ਗਰਗ ਨੂੰ ਵਿਗਿਆਨ ਅਤੇ ਤਕਨਾਲੋਜੀ ਵਿਭਾਗ ਦੁਆਰਾ ਇੰਸਪਾਇਰ ਮਾਨਕ ਅਵਾਰਡ 2025-26 ਲਈ ਚੁਣਿਆ ਗਿਆ ਹੈ। ਉਸ ਨੂੰ ਆਪਣੇ ਵਿਗਿਆਨ ਪ੍ਰੋਜੈਕਟ/ਮਾਡਲ ਨੂੰ ਵਿਕਸਤ ਕਰਨ ਲਈ 10,000 /- ਰੁਪਏ ਦੀ ਇਨਾਮ ਰਾਸ਼ੀ ਦੀ ਘੋਸ਼ਣਾ ਕੀਤੀ ਗਈ ਹੈ ਅਤੇ ਉਹ ਜ਼ਿਲ੍ਹਾ ਪੱਧਰੀ ਪ੍ਰਦਰਸ਼ਨੀ ਅਤੇ ਪ੍ਰੋਜੈਕਟ ਮੁਕਾਬਲੇ ਵਿੱਚ ਸਕੂਲ ਦੀ ਨੁਮਾਇੰਦਗੀ ਵੀ ਕਰੇਗਾ। ਆਪਣੀ ਸਫਲਤਾ ਦੀ ਲੜੀ ਵਿੱਚ ਇੱਕ ਜਿੱਤ ਹੋਰ ਹਾਸਿਲ ਕਰਦੇ ਹੋਏ, ਇੱਕ ਵਾਰ ਫਿਰ ਨਵੀਨਤਾ ਅਤੇ ਉੱਤਮਤਾ ਦੀ ਇਹ ਉਚਾਈ ਪ੍ਰਾਪਤ ਕੀਤੀ ਹੈ।

# 'ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਖੁਸ਼ੀ ਵਿੱਚ ਔਰਤਾਂ ਨੇ ਜਾਗੋ ਕੱਢੀ



ਬਰਨਾਲਾ/ਮਹਿਲ ਕਲਾਂ, 14 ਮਾਰਚ (ਬਘੇਲ ਸਿੰਘ ਧਾਲੀਵਾਲ) : ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਔਰਤਾਂ ਦੀ ਆਰਥਿਕ ਸਹਾਇਤਾ ਲਈ ਲਿਆਂਦੀ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਖੁਸ਼ੀ ਵਿੱਚ ਜ਼ਿਲ੍ਹੇ ਦੇ ਤਿੰਨੇ ਹਲਕਿਆਂ ਵਿੱਚ ਔਰਤਾਂ ਨੇ ਜਾਗੋ ਕੱਢ ਕੇ ਖੁਸ਼ੀ ਮਨਾਈ। ਇਸ ਦੌਰਾਨ ਜਿੱਥੇ ਬਰਨਾਲਾ ਦੇ ਕਚਹਿਰੀ ਚੌਕ ਵਿੱਚ ਔਰਤਾਂ ਨੇ ਜਾਗੋ ਕੱਢੀ, ਓਥੇ ਮਹਿਲ ਕਲਾਂ ਦੀ ਪੁਰਾਣੀ ਮਾਰਕੀਟ ਵਿੱਚ ਜਾਗੋ ਕੱਢੀ ਗਈ। ਇਸ ਮੌਕੇ ਮੌਜੂਦ ਵਿਧਾਇਕ ਮਹਿਲ ਕਲਾਂ ਅਤੇ ਵਿਸ਼ੇਸ਼ ਅਧਿਕਾਰ ਕਮੇਟੀ (ਪੰਜਾਬ ਵਿਧਾਨ ਸਭਾ) ਦੇ ਚੇਅਰਮੈਨ ਸ. ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਬਜਟ ਵਿੱਚ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਅਤੇ ਅਨੁਸੂਚਿਤ ਜਾਤੀ ਨਾਲ ਸਬੰਧਿਤ ਔਰਤਾਂ ਨੂੰ 1500 ਰੁਪਏ ਦੀ ਸਨਮਾਨ ਰਾਸ਼ੀ ਦੇਣ ਦੀ ਖੁਸ਼ੀ ਵਿੱਚ ਪ੍ਰੋਗਰਾਮ ਉਲੀਕੇ ਗਏ ਹਨ।

ਓਹਨਾਂ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਫ਼ੈਸਲੇ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਔਰਤਾਂ ਦੀ ਆਰਥਿਕ ਖੁਦਮੁਖਤਿਆਰੀ ਯਕੀਨੀ ਬਣਾਉਣ ਲਈ ਮਹੱਤਵਪੂਰਨ ਕਦਮ ਚੁੱਕੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ 9300 ਕਰੋੜ ਰੁਪਏ ਦੇ ਬਜਟ ਦਾ ਪ੍ਰਬੰਧ ਕੀਤਾ ਹੈ। ਓਹਨਾਂ ਕਿਹਾ ਕਿ ਇਸ ਯੋਜਨਾ ਤਹਿਤ ਪੰਜਾਬ ਦੀਆਂ ਕਰੀਬ 97 ਫੀਸਦੀ ਔਰਤਾਂ ਨੂੰ ਲਾਭ ਮਿਲੇਗਾ, ਜਿਸ ਨਾਲ ਪੰਜਾਬ ਸਭ ਤੋਂ ਵੱਧ ਗਿਣਤੀ ਵਿੱਚ ਔਰਤਾਂ ਨੂੰ ਵਿੱਤੀ ਸਹਾਇਤਾ ਦੇਣ ਵਾਲਾ ਸੂਬਾ ਬਣਿਆ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ ਪੰਜਾਬ ਸਰਕਾਰ ਦੇ ਦ੍ਰਿੜ੍ਹ ਨਿਸ਼ਚੇ ਨੂੰ ਦਰਸਾਉਂਦੀ ਹੈ ਕਿ ਮਹਿਲਾਵਾਂ ਦਾ ਸ਼ਕਤੀਕਰਨ ਇੱਕ ਮਜ਼ਬੂਤ ਅਤੇ ਪ੍ਰਗਤੀਸ਼ੀਲ ਸਮਾਜ ਦੀ ਨੀਂਹ ਹੈ। ਇਸ ਮੌਕੇ ਮਹਿਲਾ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਨਿਸ਼ਾ ਸ਼ਰਮਾ ਦੀ ਅਗਵਾਈ ਹੇਠ ਬਰਨਾਲਾ ਵਿੱਚ ਵੀ ਔਰਤਾਂ ਵਲੋਂ ਜਾਗੋ ਕੱਢੀ ਗਈ। ਉਨ੍ਹਾਂ ਕਿਹਾ ਕਿ ਇਸ ਪਹਿਲ ਦਾ ਮਕਸਦ ਮਹਿਲਾਵਾਂ ਦੀ ਆਰਥਿਕ ਖੁਦਮੁਖਤਿਆਰੀ ਨੂੰ ਮਜ਼ਬੂਤ ਕਰਨਾ, ਘਰੇਲੂ ਫ਼ੈਸਲਾ ਲੈਣ ਵਿੱਚ ਉਨ੍ਹਾਂ ਦੀ ਭੂਮਿਕਾ ਵਧਾਉਣਾ, ਸਿਹਤ ਅਤੇ ਪੋਸ਼ਣ ਦੇ ਨਤੀਜੇ ਸੁਧਾਰਨਾ ਅਤੇ ਲੜਕੀਆਂ ਨੂੰ ਉੱਚੇਰੀ ਸਿੱਖਿਆ ਲਈ ਪ੍ਰੇਰਿਤ ਕਰਨਾ ਹੈ।



# ਪਟਿਆਲਾ-ਆਸ/ਪਾਸ



## ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 15 ਲੱਖ ਲੋਕਾਂ ਦੇ ਕਾਰਡ ਬਣੇ, ਹਰ ਪਰਿਵਾਰ ਨੂੰ ਮਿਲੇਗਾ ਲਾਭ : ਬਲਤੇਜ ਪੰਨੂ

### ਅਮਿਤ ਸ਼ਾਹ ਪੰਜਾਬ ਦੇ ਰੋਕੇ ਫੰਡ ਜਾਰੀ ਕਰਵਾਉਣ ਤੇ ਕੇਂਦਰ ਸੂਬੇ ਨਾਲ ਵਿਤਕਰਾ ਬੰਦ ਕਰੇ



ਪਟਿਆਲਾ, 14 ਮਾਰਚ (ਰੁਪਾਣਾ) : ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਜਨਰਲ ਸਕੱਤਰ ਤੇ ਸੂਬਾ ਮੀਡੀਆ ਮੁਖੀ ਬਲਤੇਜ ਪੰਨੂ ਨੇ ਜ਼ੋਰਦਾਰ ਢੰਗ ਨਾਲ ਕਿਹਾ ਹੈ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਆਪਣੇ ਪੰਜਾਬ ਦੌਰੇ ਮੌਕੇ ਸੂਬੇ ਦੇ ਰੋਕੇ ਗਏ ਫੰਡ ਜਾਰੀ ਕਰਵਾਉਣ। ਬਲਤੇਜ ਪੰਨੂ ਅੱਜ ਪਟਿਆਲਾ ਸਥਿਤ ਗ੍ਰੀਨਫੀਲਡ ਸੰਤ ਐਨਕਲੇਵ ਵਿਖੇ 'ਮੁੱਖ ਮੰਤਰੀ ਸਿਹਤ ਯੋਜਨਾ' ਦੀ ਰਜਿਸਟ੍ਰੇਸ਼ਨ ਕਰਕੇ ਕਾਰਡ ਬਣਾਉਣ ਲਈ ਲਗਾਏ ਗਏ ਤਿੰਨ ਰੋਜ਼ਾ ਕੈਂਪ ਦੇ ਦੂਜੇ ਦਿਨ ਮੀਡੀਆ ਨਾਲ ਗੱਲਬਾਤ ਕਰ ਰਹੇ ਸਨ। ਇਸ ਮੌਕੇ ਬਲਤੇਜ ਪੰਨੂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ 65 ਲੱਖ ਪਰਿਵਾਰਾਂ ਦੇ ਸਿਹਤ ਯੋਜਨਾ ਕਾਰਡ ਬਣਾਏ ਜਾਣੇ ਹਨ ਤੇ ਹੁਣ ਤੱਕ ਕਰੀਬ 15 ਲੱਖ ਲੋਕਾਂ ਦੇ ਇਹ ਕਾਰਡ ਬਣ ਚੁੱਕੇ ਹਨ।

ਪੱਤਰਕਾਰਾਂ ਨਾਲ ਗੱਲ ਕਰਦਿਆਂ ਬਲਤੇਜ ਪੰਨੂ ਕੇਂਦਰ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਜੇਕਰ ਗ੍ਰਹਿ ਮੰਤਰੀ ਪੰਜਾਬ ਵਿੱਚ ਰੈਲੀ ਕਰਨ ਆ ਆਏ ਹਨ, ਤਾਂ ਉਹ ਸੂਬੇ ਦਾ ਕੇਂਦਰ ਵੱਲ ਰੁਕਿਆ ਹੋਇਆ ਆਰ.ਡੀ.ਐਫ. ਅਤੇ ਹੋਰ ਸਕੀਮਾਂ ਦੇ ਫੰਡ ਵੀ ਲਿਆਉਣ। ਕੇਂਦਰ ਸਰਕਾਰ ਵੱਲੋਂ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਨ ਦੇ ਦੋਸ਼ ਲਾਉਂਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਕੇਂਦਰ ਨੇ ਹਮੇਸ਼ਾ ਪੰਜਾਬ ਨਾਲ ਵਿਤਕਰਾ ਹੀ ਕੀਤਾ ਹੈ। ਉਨ੍ਹਾਂ ਕਿਹਾ ਕਿ ਚੰਡੀਗੜ੍ਹ 'ਤੇ ਪੰਜਾਬ ਦੇ ਅਧਿਕਾਰ ਅਤੇ ਪੰਜਾਬ ਯੂਨੀਵਰਸਿਟੀ ਵਰਗੇ ਅਹਿਮ ਮਸਲਿਆਂ 'ਤੇ ਕੇਂਦਰ ਨੇ ਹਮੇਸ਼ਾ ਸੂਬੇ ਨੂੰ ਉਲਝਾ ਕੇ ਰੱਖਿਆ ਹੈ। ਪੰਨੂ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਮਿਤ ਸ਼ਾਹ ਤੋਂ ਪੰਜਾਬ ਦੇ ਇਨ੍ਹਾਂ ਗੰਭੀਰ ਮਸਲਿਆਂ ਬਾਰੇ ਸਵਾਲ ਜ਼ਰੂਰ ਪੁੱਛਣ।

ਉਨ੍ਹਾਂ ਅੱਗੇ ਯਾਦ ਦਿਵਾਇਆ ਕਿ ਹੜ੍ਹਾਂ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਖੁਦ ਪੰਜਾਬ ਦਾ ਹਵਾਈ ਦੌਰਾ ਕਰਕੇ ਨੁਕਸਾਨ ਦੀ ਭਰਪਾਈ ਲਈ 1600 ਕਰੋੜ ਰੁਪਏ ਦੇ ਫੰਡ ਦੇਣ ਦਾ ਐਲਾਨ ਕੀਤਾ ਸੀ ਪਰ ਅਫਸੋਸ ਦੀ ਗੱਲ ਹੈ ਕਿ ਉਹ ਫੰਡ ਅੱਜ ਤੱਕ ਪੰਜਾਬ ਨੂੰ ਨਹੀਂ ਮਿਲੇ। ਵਿਰੋਧੀ ਨੇਤਾਵਾਂ 'ਤੇ ਟਿੱਪਣੀ ਕਰਦਿਆਂ ਪੰਨੂ ਨੇ ਸੁਖਪਾਲ ਸਿੰਘ ਖਹਿਰਾ ਬਾਰੇ ਕਿਹਾ ਕਿ ਉਨ੍ਹਾਂ ਦਾ ਦਿਮਾਗੀ ਸੰਤੁਲਨ ਖਰਾਬ ਹੋ ਚੁੱਕਾ ਹੈ। ਇਸ ਦੇ ਨਾਲ ਹੀ ਸ਼੍ਰੋਮਣੀ ਅਕਾਲੀ ਦਲ ਨੂੰ ਘੇਰਦਿਆਂ ਉਨ੍ਹਾਂ ਕਿਹਾ ਕਿ ਅਕਾਲੀ ਸਰਕਾਰ ਦੇ ਸਮੇਂ ਪੰਜਾਬ ਵਿੱਚ ਨਸ਼ਾ ਅਤੇ ਗੈਂਗਸਟਰਵਾਦ ਸਿਖਰਾਂ 'ਤੇ ਪਹੁੰਚਿਆ ਸੀ, ਜਿਸ ਨੇ ਸੂਬੇ ਨੂੰ ਬਰਬਾਦ ਕਰਕੇ ਰੱਖ ਦਿੱਤਾ। ਉਨ੍ਹਾਂ ਕਿਹਾ, ÷ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਅਕਾਲੀ ਦਲ ਦੇ ਬੀਜੇ ਹੋਏ ਕੰਡੇ ਚੁਗ ਕੇ ਪੰਜਾਬ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ।' ਬਲਤੇਜ ਪੰਨੂ ਨੇ ਦੱਸਿਆ ਕਿ ਮੋਹਾਲੀ ਵਿਖੇ ਤਿੰਨ ਦਿਨਾਂ ਪੰਜਾਬ ਪ੍ਰਗਤੀਸ਼ੀਲ ਨਿਵੇਸ਼ਕ ਸੰਮੇਲਨ-2026 ਦੇ ਪਹਿਲੇ ਦਿਨ ਹੀ ਦਿੱਗਜ਼ ਉਦਯੋਗਪਤੀਆਂ ਵੱਲੋਂ ਸੂਬੇ ਵਿੱਚ 10,000 ਕਰੋੜ ਰੁਪਏ ਦੇ ਨਿਵੇਸ਼ ਦੇ ਵਾਅਦੇ ਕਰਕੇ ਸੂਬੇ ਵਿੱਚ ਕਾਰੋਬਾਰ ਹੋਰ ਵਧਾਉਣ ਦਾ ਐਲਾਨ ਕਰਨਾ ਮਾਨ ਸਰਕਾਰ ਦੀ ਵੱਡੀ ਪ੍ਰਾਪਤੀ ਹੈ।

ਬਲਤੇਜ ਪੰਨੂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀਆਂ ਲੋਕ ਭਲਾਈ ਸਕੀਮਾਂ ਸਮੇਤ ਰੋਜ਼ਗਾਰ, ਖੇਡਾਂ, ਸਿੱਖਿਆ ਅਤੇ ਸਿਹਤ ਦਾ ਜ਼ਿਕਰ ਕਰਦਿਆਂ ਕਿਹਾ ਕਿ 'ਆਪ' ਸਰਕਾਰ ਦਿਨ-ਰਾਤ ਪੰਜਾਬ ਦੇ ਵਿਕਾਸ ਲਈ ਕੰਮ ਕਰ ਰਹੀ ਹੈ। ਉਨ੍ਹਾਂ ਮਾਨ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਦੱਸਿਆ ਕਿ ਮੌਜੂਦਾ ਸਰਕਾਰ ਪੰਜਾਬ ਦੀ ਆਰਥਿਕਤਾ ਅਤੇ ਸਮਾਜਿਕ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ, ਮੇਘ ਚੰਦ ਸ਼ੇਰਮਾਜਰਾ ਤੇ ਗੁਰਵਿੰਦਰ ਸਿੰਘ ਸਮੇਤ ਹੋਰ ਅਹੁਦੇਦਾਰ ਵੀ ਮੌਜੂਦ ਸਨ।

## ਲੋਕਾਂ ਦੀ ਸੇਵਾ ਕਰਨ ਲਈ ਸਮਾਣਾ ਵਿੱਚ ਖੋਲ੍ਹਿਆ ਦਫ਼ਤਰ : ਬਰਸਟ



ਸਮਾਣਾ, 14 ਮਾਰਚ (ਵਿਜੇ ਕੁਮਾਰ) : ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਰਚੰਦ ਸਿੰਘ ਬਰਸਟ ਨੇ ਸ਼ਨੀਵਾਰ ਨੂੰ ਸਮਾਣਾ ਦੇ ਤਹਿਸੀਲ ਰੋਡ ਪਾਰਕ ਦੇ ਨੇੜੇ ਆਪਣਾ ਦਫ਼ਤਰ ਖੋਲ੍ਹਿਆ ਹੈ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ। ਮੀਡੀਆ ਨਾਲ ਗੱਲਬਾਤ ਕਰਦਿਆਂ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਸਮਾਣਾ ਦੇ ਲੋਕਾਂ ਦੀ ਸੇਵਾ ਕਰਨ ਲਈ ਉਨ੍ਹਾਂ ਨੇ ਇੱਥੇ ਦਫ਼ਤਰ ਖੋਲ੍ਹਿਆ ਹੈ, ਜਦੋਂ ਉਨ੍ਹਾਂ ਤੋਂ 2027 ਦੀਆਂ ਵਿਧਾਨ ਸਭਾ ਚੋਣਾਂ ਸਮਾਣਾ ਤੋਂ ਲੜਨ ਬਾਰੇ ਪੁੱਛਿਆ ਗਿਆ, ਤਾਂ ਉਨ੍ਹਾਂ ਜਵਾਬ ਦਿੱਤਾ ਕਿ ਉਹ ਤਾਂ 2022 ਵਿੱਚ ਵੀ ਸਮਾਣਾ ਵਿਧਾਨ ਸਭਾ ਹਲਕੇ ਤੋਂ ਚੋਣ ਲੜਨਾ ਚਾਹੁੰਦੇ ਸਨ, ਪਰ ਪਾਰਟੀ ਨੇ ਉਨ੍ਹਾਂ ਨੂੰ ਟਿਕਟ ਨਹੀਂ ਦਿੱਤੀ ਸੀ। ਜੇਕਰ ਇਸ ਵਾਰ ਪਾਰਟੀ ਨੇ ਉਨ੍ਹਾਂ ਨੂੰ ਸਮਾਣਾ ਤੋਂ ਟਿਕਟ ਦਿੱਤੀ, ਤਾਂ ਉਹ ਯਕੀਨੀ ਤੌਰ 'ਤੇ ਸਮਾਣਾ ਤੋਂ ਹੀ ਚੋਣ ਲੜਨਗੇ।

ਬਰਸਟ ਨੇ ਕਿਹਾ ਕਿ ਕਣਕ ਦੀ ਫ਼ਸਲ ਦੀ ਖਰੀਦ ਲਈ ਪੰਜਾਬ ਸਰਕਾਰ ਨੇ ਪੂਰੇ ਪ੍ਰਬੰਧ ਕਰ ਲਏ ਹਨ। ਪੰਜਾਬ ਦੀਆਂ ਮੰਡੀਆਂ ਵਿੱਚ ਕਿਸਾਨਾਂ ਅਤੇ ਵਪਾਰੀਆਂ ਨੂੰ ਹਰ ਤਰ੍ਹਾਂ ਦੀ ਸਹੂਲਤ ਦੇਣ ਲਈ ਸਰਕਾਰ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ। ਪੰਜਾਬ ਦੀਆਂ ਜਿਨ੍ਹਾਂ ਅਨਾਜ ਮੰਡੀਆਂ ਵਿੱਚ ਪਾਣੀ ਦੀ ਘਾਟ ਜਾਂ ਕੋਈ ਹੋਰ ਸਹੂਲਤ ਘੱਟ ਹੈ, ਉਨ੍ਹਾਂ ਨੂੰ ਪੰਜਾਬ ਮੰਡੀ ਬੋਰਡ ਕਣਕ ਦੀ ਫ਼ਸਲ ਮੰਡੀਆਂ ਵਿੱਚ ਆਉਣ ਤੋਂ ਪਹਿਲਾਂ-ਪਹਿਲਾਂ ਪੂਰਾ ਕਰ ਦੇਵੇਗਾ।

ਉਨ੍ਹਾਂ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜਿਵੇਂ ਪਹਿਲਾਂ ਆਪਣੇ ਰਾਜ ਦੌਰਾਨ ਸਾਰੀਆਂ ਫ਼ਸਲਾਂ ਦੀ ਸੁਚੱਜੇ ਢੰਗ ਨਾਲ ਖਰੀਦ ਕੀਤੀ ਹੈ, ਉਸੇ ਤਰ੍ਹਾਂ ਆਉਣ ਵਾਲੀ ਕਣਕ ਦੀ ਫ਼ਸਲ ਨੂੰ ਖਰੀਦਣ ਲਈ ਵੀ ਸਰਕਾਰ ਨੇ ਪੁਖ਼ਤਾ ਪ੍ਰਬੰਧ ਕੀਤੇ ਹੋਏ ਹਨ। ਇਸ ਦੌਰਾਨ ਬਰਸਟ ਨੇ ਇਹ ਵੀ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜਿਸ ਤਰ੍ਹਾਂ ਵਿਦੇਸ਼ਾਂ ਨਾਲ ਸਮਝੌਤੇ ਕਰ ਰਹੇ ਹਨ, ਉਹ ਸਮਝੌਤੇ ਪੰਜਾਬ ਦੇ ਕਿਸਾਨਾਂ ਦੇ ਹਿੱਤ ਵਿੱਚ ਨਹੀਂ ਹਨ।

## ਮੇਅਰ ਦੀ ਕਾਰਜਸ਼ੈਲੀ ਤੋਂ ਪ੍ਰਭਾਵਿਤ ਹੋ ਕੇ ਰਿਟਾਇਰ ਸੀਨੀਅਰ ਅਧਿਕਾਰੀਆਂ ਨੇ ਫੜਿਆ 'ਆਪ' ਦਾ ਪੱਲਾ



ਪਟਿਆਲਾ, 14 ਮਾਰਚ (ਚ.ਨ.ਸ.) : ਸ਼ਾਹੀ ਸ਼ਹਿਰ ਪਟਿਆਲਾ ਵਿੱਚ ਆਮ ਆਦਮੀ ਪਾਰਟੀ ਦਾ ਪਰਿਵਾਰ ਉਸ ਸਮੇਂ ਹੋਰ ਵਿਸ਼ਾਲ ਹੋ ਗਿਆ ਜਦੋਂ ਮੇਅਰ ਕੁੰਦਨ ਗੋਗੀਆ ਦੀ ਪ੍ਰੇਰਨਾ ਸਦਕਾ ਸਰਕਾਰ ਦੇ ਵੱਖ-ਵੱਖ ਅਹਿਮ ਅਹੁਦਿਆਂ ਤੋਂ ਸੇਵਾਮੁਕਤ ਹੋਏ ਕਈ ਦਿੱਗਜ ਅਧਿਕਾਰੀਆਂ ਨੇ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਮੇਅਰ ਕੁੰਦਨ ਗੋਗੀਆ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੀਆਂ ਇਨ੍ਹਾਂ ਸ਼ਖ਼ਸੀਅਤਾਂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਦੀਆਂ ਪਾਰਦਰਸ਼ੀ ਨੀਤੀਆਂ ਤੇ ਸ਼ਹਿਰ ਵਿੱਚ ਹੋ ਰਹੇ ਬੇਮਿਸਾਲ ਵਿਕਾਸ ਕਾਰਜਾਂ ਸਦਕਾ ਪੜ੍ਹਿਆ-ਲਿਖਿਆ ਤੇ ਤਜਰਬੇਕਾਰ ਵਰਗ ਵੱਡੀ ਗਿਣਤੀ ਵਿੱਚ 'ਆਪ' ਨਾਲ ਜੁੜ ਰਿਹਾ ਹੈ। ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪ੍ਰਮੁੱਖ ਚਿਹਰਿਆਂ ਵਿੱਚ ਐਕਸਾਈਜ਼ ਐਂਡ ਟੈਕਸੇਸ਼ਨ ਵਿਭਾਗ ਦੇ ਰਿਟਾਇਰਡ ਇੰਸਪੈਕਟਰ ਵਿਜੇ ਕੁਮਾਰ ਸ਼ਰਮਾ, ਰਿਟਾਇਰਡ ਸੁਪਰਡੈਂਟ ਰਾਜਾ ਰਾਮ, ਰਿਟਾਇਰਡ ਇੰਸਪੈਕਟਰ ਅਰੁਣ ਕੁਮਾਰ ਤੇ ਐਕਸਾਈਜ਼ ਪਟਿਆਲਾ ਦੇ ਮੁੱਖ ਦਫ਼ਤਰ ਤੋਂ ਰਿਟਾਇਰ ਹੋਏ ਸੀਨੀਅਰ ਸਹਾਇਕ ਚੰਦਰ ਕੁਮਾਰ ਤੋਂ ਇਲਾਵਾ ਕਈ ਹੋਰ ਸ਼ਹਿਰ ਦੇ ਮੋਹਤਬਰ ਵਿਅਕਤੀ ਸ਼ਾਮਲ ਹਨ।

ਇਸ ਪ੍ਰਭਾਵਸ਼ਾਲੀ ਜੁਆਇਨਿੰਗ ਦੌਰਾਨ ਆਮ ਆਦਮੀ ਪਾਰਟੀ ਦੇ ਕਈ ਦਿੱਗਜ ਆਗੂ ਵੀ ਮੌਜੂਦ ਰਹੇ, ਜਿਨ੍ਹਾਂ ਵਿੱਚ ਰਣਜੀਤ ਨਗਰ ਦੇ ਸਰਪੰਚ ਸੰਤੋਖ ਸਿੰਘ, ਯੂਥ ਵਿੰਗ ਪਟਿਆਲਾ ਦੇ ਐਡਵਾਈਜ਼ਰ ਪ੍ਰਫੁਲ ਸ਼ਰਮਾ, ਮੁਲਜ਼ਮ ਵਿੰਗ ਪੰਜਾਬ ਦੇ ਸਟੇਟ ਸੰਯੁਕਤ ਸਕੱਤਰ ਬਚਿੱਤਰ ਸਿੰਘ, ਵਪਾਰ ਮੰਡਲ ਪਟਿਆਲਾ ਦੇ ਪ੍ਰਧਾਨ ਗੁਰੂ ਦਰਸ਼ਨ ਸਿੰਘ ਉਬਰਾਏ, ਜਨਰਲ ਸੈਕਟਰੀ ਸੁਖਬੀਰ ਸਿੰਘ ਬਬੇਜਾ ਅਤੇ ਸੈਕਰੇਟਰੀ ਜਗਜੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਮੇਅਰ ਕੁੰਦਨ ਗੋਗੀਆ ਨੇ ਭਰੋਸਾ ਦਿੱਤਾ ਕਿ ਪਾਰਟੀ ਵਿੱਚ ਹਰ ਨਵੇਂ ਸਾਥੀ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਸਾਰੇ ਮਿਲ ਕੇ ਪਟਿਆਲਾ ਨੂੰ ਵਿਕਾਸ ਦੀਆਂ ਨਵੀਆਂ ਉਚਾਈਆਂ 'ਤੇ ਲੈ ਕੇ ਜਾਣਗੇ।

## ਚੇਤਨ ਸਿੰਘ ਜੌੜਾਮਾਜਰਾ ਦੀ ਅਗਵਾਈ ਹੇਠ ਡਕਾਲਾ ਵਿੱਚ ਮਾਵਾਂ-ਧੀਆਂ ਸਤਿਕਾਰ ਮੁਹਿੰਮ ਦੀ ਜਾਗੋ ਕੱਢੀ




ਸਮਾਣਾ, 14 ਮਾਰਚ (ਸੁਖਜਿੰਦਰ ਸਿੰਘ ਕੁਲਾਰਾਂ) : ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਅਗਵਾਈ ਹੇਠ ਮਹਿਲਾਵਾਂ ਨੂੰ ਜਾਗਰੂਕ ਕਰਨ ਤੇ ਉਨ੍ਹਾਂ ਦੇ ਸਨਮਾਨ ਨੂੰ ਉਭਾਰਨ ਦੇ ਉਦੇਸ਼ ਨਾਲ ਡਕਾਲਾ ਵਿੱਚ ਮਾਵਾਂ ਧੀਆਂ ਸਤਿਕਾਰ ਮੁਹਿੰਮ ਤਹਿਤ ਇਕ ਵਿਸ਼ੇਸ਼ ਜਾਗੋ ਰੈਲੀ ਕੱਢੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਭਾਗ ਲਿਆ ਅਤੇ ਸਮਾਜ ਵਿੱਚ ਮਹਿਲਾਵਾਂ ਦੀ ਭੂਮਿਕਾ ਅਤੇ ਉਨ੍ਹਾਂ ਦੇ ਯੋਗਦਾਨ ਨੂੰ ਰੌਸ਼ਨ ਕੀਤਾ ਗਿਆ। ਇਸ ਦੌਰਾਨ ਸੰਬੋਧਨ ਕਰਦਿਆਂ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਮਾਵਾਂ ਅਤੇ ਧੀਆਂ ਸਾਡੇ ਸਮਾਜ ਦੀ ਤਾਕਤ ਹਨ ਤੇ ਉਨ੍ਹਾਂ ਦਾ ਸਤਿਕਾਰ ਕਰਨਾ ਹਰ ਇਕ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਮਾਵਾਂ ਧੀਆਂ ਸਤਿਕਾਰ ਮੁਹਿੰਮ ਦਾ ਮਕਸਦ ਮਹਿਲਾਵਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਅਤੇ ਸਮਾਜ ਵਿੱਚ ਉਨ੍ਹਾਂ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਹੈ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਮੁਹਿੰਮਾਂ ਨਾਲ ਸਮਾਜ ਵਿੱਚ ਸਕਾਰਾਤਮਕ ਸੋਚ ਪੈਦਾ ਹੁੰਦੀ ਹੈ ਅਤੇ ਮਹਿਲਾਵਾਂ ਨੂੰ ਅੱਗੇ ਵੱਧਣ ਲਈ ਪ੍ਰੇਰਣਾ ਮਿਲਦੀ ਹੈ। ਇਸ ਮੌਕੇ ਮਹਿਲਾਵਾਂ ਨੇ ਵੀ ਇਸ ਉਪਰਾਲੇ ਦੀ ਸਰਾਹਨਾ ਕੀਤੀ ਅਤੇ ਸਮਾਜ ਵਿੱਚ ਮਹਿਲਾਵਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਕੱਠੇ ਹੋ ਕੇ ਕੰਮ ਕਰਨ ਦਾ ਸੰਕਲਪ ਲਿਆ। ਇਸ ਮੌਕੇ ਬਲਾਕ ਸੰਮਤੀ ਚੇਅਰਮੈਨ ਪਟਿਆਲਾ ਸਰਬਜੀਤ ਕੌਰ ਗੁਰਵਿੰਦਰ ਕੌਰ ਸਰਪੰਚ ਕਾਲਾ ਸਤਿੰਦਰ ਕੌਰ ਪੰਚ ਹਰਪ੍ਰੀਤ ਕੌਰ ਪੰਚ ਹਰਮਨਦੀਪ ਕੌਰ ਪੰਚ ਦੀਪ ਕੌਰ ਅਮਰਦੀਪ ਸਿੰਘ ਮਨਦੀਪ ਕੌਰ ਪੰਚ ਗੁਰਪ੍ਰੀਤ ਕੌਰ ਪੰਚ ਜਿਲਾ ਪਰਿਸ਼ਦ ਮੈਂਬਰ ਮਨਜੀਤ ਕੌਰ ਸੁਮਨ ਕਰਹਾਲੀ ਗੁਰਦੇਵ ਸਿੰਘ ਟਿਵਾਣਾ ਮੌਜੂਦ ਸਨ।

## ਕੌਮੀ ਲੋਕ ਅਦਾਲਤ ਦੇ 37 ਬੈਂਚਾਂ ਵਿੱਚ 29684 ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ

ਪਟਿਆਲਾ, 14 ਮਾਰਚ (ਚ.ਨ.ਸ.) : ਅਵਤਾਰ ਸਿੰਘ, ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਦੀ ਯੋਗ ਅਗਵਾਈ ਹੇਠ ਹਰ ਕਿਸਮ ਦੇ ਕੇਸਾਂ (ਨਾਨ ਕੰਪਾਊਂਡੇਬਲ ਕ੍ਰਿਮੀਨਲ ਕੇਸਾਂ ਨੂੰ ਛੱਡ ਕੇ) ਸਬੰਧੀ ਨੈਸ਼ਨਲ ਲੋਕ ਅਦਾਲਤ 14.3.2026 ਨੂੰ ਜ਼ਿਲ੍ਹਾ ਪਟਿਆਲਾ ਵਿਖੇ ਲਗਾਈ ਗਈ। ਇਸ ਮੌਕੇ ਤੇ ਜ਼ਿਲ੍ਹਾ ਪਟਿਆਲਾ ਵਿੱਚ 37 ਬੈਂਚਾਂ (19 ਪਟਿਆਲਾ ਵਿੱਚ 6 ਰਾਜਪੁਰਾ ਵਿੱਚ 5 ਨਾਭਾ ਵਿੱਚ ਤੇ 5 ਸਮਾਣਾ ਵਿੱਚ ) ਦਾ ਗਠਨ ਕੀਤਾ ਗਿਆ। ਇੰਤਕਾਲ ਤੇ ਵੰਡ ਆਦਿ ਨਾਲ ਸਬੰਧਤ ਵੱਧ ਤੋਂ ਵੱਧ ਕੇਸਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਪਟਿਆਲਾ ਦੀ ਮਾਲ ਅਦਾਲਤ ਵਿੱਚ ਵੀ 1 ਬੈਂਚ ਦਾ ਗਠਨ ਕੀਤਾ ਗਿਆ ਸੀ। ਇਸ ਤੋਂ ਇਲਾਵਾ ਵਿਆਹੁਤਾ ਝਗੜਿਆਂ ਦੇ ਕੇਸ ਦਰਜ ਹੋਣ ਤੋਂ ਪਹਿਲਾਂ ਆਪਸੀ ਸਮਝੌਤੇ ਰਾਹੀਂ ਕੇਸਾਂ ਦਾ ਨਿਪਟਾਰਾ ਕਰਨ ਲਈ ਵੂਮੈਨ ਸੈੱਲ, ਪਟਿਆਲਾ ਵਿਖੇ 1 ਬੈਂਚ ਦਾ ਗਠਨ ਵੀ ਕੀਤਾ ਗਿਆ। ਇਸ ਤਰ੍ਹਾਂ ਜ਼ਿਲ੍ਹਾ ਪਟਿਆਲਾ ਵਿੱਚ ਨੈਸਨਲ ਲੋਕ ਅਦਾਲਤ ਬੈਂਚਾਂ ਵਿੱਚ ਕੇਸਾਂ ਦੀ ਸੁਣਵਾਈ ਕੀਤੀ ਗਈ।

ਇਸ ਨੈਸ਼ਨਲ ਲੋਕ ਅਦਾਲਤ ਦੌਰਾਨ ਵੱਖ-ਵੱਖ ਸ਼੍ਰੇਣੀਆਂ ਅਧੀਨ 40064 ਕੇਸਾਂ ਦੀ ਸੁਣਵਾਈ ਕੀਤੀ ਗਈ ਅਤੇ ਕੁੱਲ 29684 ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ ਤੇ 42,16,60,109/- ਰੁਪਏ ਦੇ




ਅਵਾਰਡ ਪਾਸ ਕੀਤੇ ਗਏ। ਇਸ ਨੈਸ਼ਨਲ ਲੋਕ ਅਦਾਲਤ ਦੌਰਾਨ ਅਵਤਾਰ ਸਿੰਘ ਜ਼ਿਲ੍ਹਾ ਅਤੇ ਸੈਸ਼ਨ ਜੱਜ ਕਮ ਚੇਅਰਪਰਸਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਤੇ ਮਾਨੀ ਅਰੋੜਾ, ਇੰਚਾਰਜ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਤੇ ਏਕਤਾ ਸਹੋਤਾ ਚੀਫ਼ ਜੂਡੀਸੀਅਲ ਮੈਜਿਸਟ੍ਰੇਟ ਦੇ ਨਾਲ ਇਸ ਨੈਸ਼ਨਲ ਲੋਕ ਅਦਾਲਤ ਦੇ ਬੈਂਚਾਂ ਦਾ ਦੌਰਾ ਕੀਤਾ ਤੇ ਧਿਰਾਂ ਨੂੰ ਆਪੋ-ਆਪਣੇ ਝਗੜਿਆਂ ਦਾ ਨਿਪਟਾਰਾ ਆਪਸੀ ਸਹਿਮਤੀ ਨਾਲ ਕਰਨ ਲਈ ਪ੍ਰੇਰਿਤ ਕੀਤਾ ਅਤੇ ਲੋਕ ਅਦਾਲਤਾਂ ਦੇ ਬਹੁਤ ਸਾਰੇ ਫਾਇਦਿਆਂ ਬਾਰੇ ਚਾਨਣਾ ਪਾਇਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇੱਕ ਵਾਰ ਲੋਕ ਅਦਾਲਤ ਵਿੱਚ ਕੇਸ ਦਾ ਨਿਪਟਾਰਾ ਹੋ ਜਾਣ ਤੋਂ ਬਾਅਦ, ਇਸਦਾ ਫੈਸਲਾ ਅੰਤਿਮ ਬਣ ਜਾਂਦਾ ਹੈ ਅਤੇ ਇਸਦੀ ਅਪੀਲ ਨਹੀਂ ਕੀਤੀ ਜਾ ਸਕਦੀ। ਇਸ ਤੋਂ ਇਲਾਵਾ, ਪਾਰਟੀਆਂ ਦੁਆਰਾ ਪਹਿਲਾਂ ਅਦਾ ਕੀਤੀ ਕੋਈ ਵੀ ਅਦਾਲਤੀ ਫੀਸ ਵਾਪਸ ਕਰ ਦਿੱਤੀ ਜਾਂਦੀ ਹੈ। ਇਹ ਪ੍ਰਕਿਰਿਆ ਸ਼ਾਮਲ ਧਿਰਾਂ ਦੀਆਂ ਆਪਸੀ ਸਹਿਮਤੀ ਵਾਲੀਆਂ ਸ਼ਰਤਾਂ ਦੇ ਅਨੁਸਾਰ, ਝਗੜਿਆਂ ਦੇ ਤੇਜ਼ੀ ਨਾਲ ਹੱਲ ਨੂੰ ਯਕੀਨੀ ਬਣਾਉਂਦੀ ਹੈ, ਜਿਸ ਨਾਲ ਸਾਰਿਆਂ ਲਈ ਇੱਕ ਲਾਹੇਵੰਦ ਨਤੀਜਾ ਨਿਕਲਦਾ ਹੈ। ਲੋਕ ਅਦਾਲਤਾਂ ਦਾ ਮੁੱਢਲਾ ਟੀਚਾ ਸਮਝੌਤੇ ਰਾਹੀਂ ਸੁਖਾਵੇਂ ਮਾਹੌਲ ਨੂੰ ਉਤਸ਼ਾਹਿਤ ਕਰਨਾ ਹੈ, ਅੰਤ ਵਿੱਚ ਸਮੇਂ, ਪੈਸੇ ਦੀ ਬਚੱਤ ਕਰਨਾ ਅਤੇ ਝਗੜੇ ਵਾਲੀਆਂ ਧਿਰਾਂ ਵਿਚਕਾਰ ਨਿੱਜੀ ਦੁਸ਼ਮਣੀ ਨੂੰ ਘਟਾਉਣਾ ਹੈ। ਇਸ ਨੈਸ਼ਨਲ ਲੋਕ ਅਦਾਲਤ ਦੀ ਮੁੱਖ ਵਿਸੇਸਤਾ ਪਰਿਵਾਰਕ ਅਦਾਲਤਾਂ ਵਿੱਚ ਪੇਂਡਿੰਗ 323 ਪਰਿਵਾਰਕ ਝਗੜਿਆਂ ਤੇ ਚੈਕ ਬਾਊਂਸ ਮਾਮਲਿਆਂ ਦੀ ਆਪਸੀ ਸਹਿਮਤੀ ਨਾਲ ਨਿਪਟਾਰਾ ਸੀ, 261 ਚੈਕ ਬਾਊਂਸ ਕੇਸਾਂ ਵਿੱਚ ਕੁੱਲ ਰਕਮ 9,07,24,907/- ਦੇ ਅਵਾਰਡ ਪਾਸ ਕੀਤੇ ਗਏ।

## ਗੁਰਲਾਲ ਘਨੌਰ ਵੱਲੋਂ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਪੁਰਬ ਮੌਕੇ ਵਿਸ਼ਾਲ ਸੰਤ ਸੰਮੇਲਨ

ਘਨੌਰ 14 ਮਾਰਚ (ਰਾਜਿੰਦਰ ਸਿੰਘ ਕੰਬੋਜ) : ਹਲਕਾ ਘਨੌਰ ਦੇ ਵਿਧਾਇਕ ਸ. ਗੁਰਲਾਲ ਘਨੌਰ ਵੱਲੋਂ ਹਲਕਾ ਨਿਵਾਸੀਆਂ ਦੇ ਸਹਿਯੋਗ ਨਾਲ ਅਤੇ ਸਤਗੁਰ ਨਿਰੰਜਨ ਦਾਸ ਜੀ, ਮੌਜੂਦਾ ਗੱਦੀ ਨਸ਼ੀਨ, ਡੇਰਾ ਸੱਚਖੰਡ ਬੱਲਾਂ ਦੇ ਅਸ਼ੀਰਵਾਦ ਸਦਕਾ ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਕ ਵਿਸ਼ਾਲ ਸੰਤ ਸੰਮੇਲਨ ਘਨੌਰ ਦੀ ਅਨਾਜ ਮੰਡੀ ਵਿਖੇ ਬੜੀ ਸ਼ਰਧਾ, ਭਾਵਨਾ ਅਤੇ ਧਾਰਮਿਕ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਸਮਾਗਮ ਵਿੱਚ ਇਲਾਕੇ ਦੀਆਂ ਧਾਰਮਿਕ ਅਤੇ ਸਮਾਜਿਕ ਸ਼ਖਸੀਅਤਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਲਗਾ ਕੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਸ਼ਰਧਾ ਭੇਟ ਕੀਤੀ।ਇਸ ਦੌਰਾਨ ਵਿਧਾਇਕ ਸ. ਗੁਰਲਾਲ ਘਨੌਰ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ-ਭਲਾਈ ਲਈ ਕਈ ਮਹੱਤਵਪੂਰਨ ਯੋਜਨਾਵਾਂ ਜਿਵੇਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ, ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਵਰਗੀਆਂ ਸਕੀਮਾਂ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਦਾ ਲਾਭ ਵੱਡੀ ਗਿਣਤੀ ਵਿੱਚ ਲੋਕਾਂ ਤੱਕ ਪਹੁੰਚ ਰਿਹਾ ਹੈ।




ਵਿਧਾਇਕ ਗੁਰਲਾਲ ਘਨੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਸਾਰੀ ਮਨੁੱਖਤਾ ਲਈ ਪ੍ਰੇਰਨਾ ਦਾ ਸਰੋਤ ਹੈ ਅਤੇ ਉਨ੍ਹਾਂ ਦੇ ਉਪਦੇਸ਼ ਸਾਨੂੰ ਸਦਾ ਸੱਚਾਈ, ਇਨਸਾਫ ਅਤੇ ਸਮਾਨਤਾ ਦੇ ਰਾਹ 'ਤੇ ਚੱਲਣ ਦੀ ਸਿੱਖਿਆ ਦਿੰਦੇ ਹਨ। ਸਮਾਗਮ ਦੌਰਾਨ ਸੰਤ ਬਾਬਾ ਮਨਦੀਪ ਸਿੰਘ ਜੀ ਨੇ ਧਾਰਮਿਕ ਕੀਰਤਨ, ਵਚਨ ਅਤੇ ਗੁਰਬਾਣੀ ਦੇ ਰਸਭਰੇ ਕੀਰਤਨ ਨਾਲ ਸੰਗਤ ਨੂੰ ਨਿਹਾਲ ਕੀਤਾ ਗਿਆ। ਵੱਡੀ ਗਿਣਤੀ ਵਿੱਚ ਸੰਗਤ ਦੀ ਹਾਜ਼ਰੀ ਨਾਲ ਪੂਰੇ ਮਾਹੌਲ ਵਿੱਚ ਭਗਤੀ ਤੇ ਸ਼ਰਧਾ ਦਾ ਰੰਗ ਦੇਖਣ ਨੂੰ ਮਿਲਿਆ। ਇਸ ਮੌਕੇ ਸੰਤ ਮਨਦੀਪ ਦਾਸ ਜੀ (ਰਾਸ਼ਟਰੀ ਉਪ ਪ੍ਰਧਾਨ, ਅਖਿਲ ਭਾਰਤੀਯ ਰਵੀਦਾਸੀਆ ਸੰਗਠਨ) ਨੇ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਤੇ ਉਨ੍ਹਾਂ ਦੇ ਮਹਾਨ ਉਪਦੇਸ਼ਾਂ ਬਾਰੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਨੇ ਮਨੁੱਖਤਾ ਨੂੰ ਸਮਾਨਤਾ, ਭਾਈਚਾਰੇ ਅਤੇ ਸੱਚਾਈ ਦਾ ਸਨੇਹਾ ਦਿੱਤਾ ਹੈ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਆਪਣੀ ਬਾਣੀ ਰਾਹੀਂ ਮਨੁੱਖਤਾ ਨੂੰ ਅੰਧ ਵਿਸ਼ਵਾਸਾਂ ਤੋਂ ਦੂਰ ਰਹਿ ਕੇ ਸੱਚ ਅਤੇ ਨੇਕੀ ਦੇ ਰਾਹ 'ਤੇ ਚੱਲਣ ਦਾ ਉਪਦੇਸ਼ ਦਿੱਤਾ। ਇਸ ਮੌਕੇ ਸੰਤ ਬਾਬਾ ਮਨਦੀਪ ਦਾਸ ਜੀ ਨੇ ਕਿਹਾ ਕਿ ਇਹ ਸਮਾਗਮ ਸਾਰੇ ਧਰਮਾਂ ਨੂੰ ਇੱਕ ਸਮਝ ਕੇ ਬੜੇ ਸੁਚੱਜੇ ਤਰੀਕੇ ਨਾਲ ਕਰਵਾਇਆ ਗਿਆ ਹੈ, ਜੋ ਸਮਾਜ ਵਿੱਚ ਆਪਸੀ ਪਿਆਰ ਅਤੇ ਭਾਈਚਾਰੇ ਦਾ ਸੰਦੇਸ਼ ਦਿੰਦਾ ਹੈ। ਇਸ ਮੌਕੇ ਸਹਿਜਪਾਲ ਲਾਡਾ, ਗੁਰਮੇਲ ਸਿੰਘ, ਨਰਿੰਦਰ ਸਿੰਘ, ਕਪਤਾਨ ਸਿੰਘ , ਲਖਬੀਰ ਗੁੱਜਰ, ਇੰਦਰ ਜੀਤ ਸਿੰਘ ਸਿਆਲੂ, ਗੁਰਤਾਜ ਸੰਧੂ, ਕੁਲਵੰਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤ ਮੌਜੂਦ ਸੀ।

## ਫੂਡ ਸਪਲਾਈ ਵਿਭਾਗ ਵੱਲੋਂ ਸਥਾਨਕ ਸ਼ਹਿਰ 'ਚ ਛਾਪੇਮਾਰੀ

ਭਾਦਸੋਂ, 14 ਮਾਰਚ (ਭਰਪੂਰ ਸਿੰਘ ਮੱਟਰਾਂ): ਬੀਤੇ ਕੁਝ ਦਿਨਾਂ ਤੋਂ ਗੈਸ ਸਿਲੰਡਰਾਂ ਦੀ ਚਲ ਰਹੀ ਕਾਲਾਬਜਾਰ ਦੇ



ਮਾਮਲੇ ਚ ਸਥਾਨਕ ਸ਼ਹਿਰ ਵਿਖੇ ਫੂਡ ਸਪਲਾਈ ਵਿਭਾਗ ਵਲੋਂ ਛਾਪੇਮਾਰੀ ਕੀਤੀ ਗਈ ।ਇਸ ਦੌਰਾਨ ਉਨਾ 37 ਦੇ ਕਰੀਬ ਨਜਾਇਜ ਤੌਰ ਤੇ ਵਰਤੇ ਜਾ ਰਹੇ ਗੈਸ ਸਿਲੰਡਰਾਂ ਨੂੰ ਬਰਾਮਦ ਕਰਕੇ ਕਬਜੇ ਵਿਚ ਲੈ ਲਿਆ ਗਿਆ ।ਜਾਣਕਾਰੀ ਮੁਤਾਬਕ ਫੂਡ ਐਂਡ ਸਪਲਾਈ ਏ ਐਫ ਐਸ ਓ ਪੰਕਜ ਠਾਕੁਰ, ਜਗਜੀਤ ਸਿੰਘ ਇੰਸਪੈਕਟਰ, ਸੁਮਿਤ ਮਿੱਤਲ ਇੰਸਪੈਕਟਰ, ਕੌਸ਼ਲ ਬਾਂਸਲ ਇੰਸਪੈਕਟਰ, ਜਸਦੀਪ ਸਿੰਘ ਇੰਸਪੈਕਟਰ ਦੀ ਸਮੁੱਚੀ ਟੀਮ ਨੇ ਅੱਜ ਸ਼ਹਿਰ ਦੇ ਵੱਖ-ਵੱਖ ਹੋਟਲਾਂ, ਢਾਬਿਆਂ, ਮਠਿਆਈ ਦੀਆਂ ਦੁਕਾਨਾਂ ਤੇ ਹੋਰ ਦੁਕਾਨਾਂ ਤੇ ਜਾ ਕੇ ਚੈਕਿੰਗ ਕੀਤੀ ਗਈ ਜਿਸ ਵਿੱਚੋਂ ਨਜਾਇਜ ਤੌਰ ਤੇ ਵਰਤੇ ਜਾ ਰਹੇ 37 ਗੈਸ ਸਲੰਡਰ ਬਰਾਮਦ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਗਈ ।ਉਨਾ ਕਿਹਾ ਕਿ ਗੈਸ ਸਿਲੰਡਰਾਂ ਦੀ ਕਾਲਾਬਜਾਰੀ ਨੂੰ ਬਰਦਾਸਤ ਨਹੀ ਕੀਤਾ ਜਾਵੇਗਾ ।

## 'ਮੁੱਖ ਮੰਤਰੀ ਮਾਵਾਂ-ਧੀਆਂ ਸਤਕਾਰ ਯੋਜਨਾ' ਤਹਿਤ 1000 ਤੇ 1500 ਰੁਪਏ ਮਿਲਣ ਦੀ ਖੁਸ਼ੀ ਵਿੱਚ ਵਿੱਦਿਆ ਨਗਰ ਵਿਖੇ ਜਸ਼ਨ



ਦੇਵੀਗੜ੍ਹ,14 ਮਾਰਚ (ਗੁਰਜੀਤ ਸਿੰਘ ਢੋਟ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਮਹਿਲਾਵਾਂ ਲਈ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਮਾਵਾਂ-ਧੀਆਂ ਸਤਕਾਰ ਯੋਜਨਾ' ਦਾ ਹਲਕਾ ਸਨੌਰ ਵਿੱਚ ਭਰਵਾਂ ਸਵਾਗਤ ਕੀਤਾ ਜਾ ਰਿਹਾ ਹੈ। ਇਸ ਇਤਿਹਾਸਕ ਐਲਾਨ ਦੀ ਖ਼ੁਸ਼ੀ ਵਿੱਚ ਅੱਜ ਹਲਕਾ ਸਨੌਰ ਦੇ ਵਿੱਦਿਆ ਨਗਰ ਵਿਖੇ ਆਪ ਦੀਆ ਆਗੂਆਂ ਅਤੇ ਸੈਂਕੜਿਆਂ ਦੀ ਗਿਣਤੀ ਵਿੱਚ ਮਾਵਾਂ-ਭੈਣਾਂ ਨੇ ਇਕੱਠੇ ਹੋ ਕੇ 'ਜਾਗੋ' ਕੱਢੀ ਅਤੇ ਨੱਚ-ਟੱਪ ਕੇ ਆਪਣੀ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਮਹਿਲਾਵਾਂ ਦੀ ਖੁਸ਼ੀ ਵਿੱਚ ਸ਼ਾਮਲ ਹੋਏ। ਇਸ ਮੌਕੇ ਹਰਪ੍ਰੀਤ ਸਿੰਘ ਘੁਮਾਣ ਬਲਾਕ ਪ੍ਰਧਾਨ, ਰਾਮ ਇੰਦਰ ਜਮਨਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਸਵਿੰਦਰ ਕੌਰ ਪ੍ਰਧਾਨ ਨਗਰ ਕੌਂਸਲ ਦੇਵੀਗੜ੍ਹ, ਬਲਵਿੰਦਰ ਕੌਰ ਸਰਪੰਚ, ਗੁਰਦੇਵ ਸਿੰਘ ਵਿਰਕ ਅਤੇ ਇਲਾਕੇ ਦੀਆ ਔਰਤਾਂ ਅਤੇ ਬਾਲੜੀਆਂ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮਾਨ ਸਰਕਾਰ ਵੱਲੋਂ ਮਹਿਲਾਵਾਂ ਨੂੰ 1000 ਰੁਪਏ ਅਤੇ ਅਨੁਸੂਚਿਤ ਜਾਤੀ ਦੀਆਂ ਮਹਿਲਾਵਾਂ ਨੂੰ 1500 ਰੁਪਏ ਮਹੀਨਾਵਾਰ ਵਿੱਤੀ ਸਹਾਇਤਾ ਦੇਣ ਦਾ ਫੈਸਲਾ ਇੱਕ ਕ੍ਰਾਂਤੀਕਾਰੀ ਕਦਮ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਆਤਮ-ਨਿਰਭਰ ਬਣਾਉਣ ਅਤੇ ਸਮਾਜ ਵਿੱਚ ਉਨ੍ਹਾਂ ਦਾ ਮਾਨ-ਸਨਮਾਨ ਵਧਾਉਣ ਵਿੱਚ ਸਹਾਈ ਸਿੱਧ ਹੋਵੇਗੀ। ਸ. ਹਡਾਣਾ ਨੇ ਦੱਸਿਆ ਕਿ ਵਿੱਦਿਆ ਨਗਰ ਦੀਆਂ ਮਾਵਾਂ-ਭੈਣਾਂ ਵਿੱਚ ਪਾਇਆ ਜਾ ਰਿਹਾ ਇਹ ਭਾਰੀ ਉਤਸ਼ਾਹ ਸਾਬਤ ਕਰਦਾ ਹੈ ਕਿ ਲੋਕ ਸਰਕਾਰ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ।

ਇਸ ਮੌਕੇ ਇਲਾਕਾ ਨਿਵਾਸੀਆਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਸਰਕਾਰ ਦੀਆਂ ਇਨ੍ਹਾਂ ਨੀਤੀਆਂ ਸਦਕਾ ਆਉਣ ਵਾਲੇ ਸਮੇਂ ਵਿੱਚ ਵੀ ਆਮ ਆਦਮੀ ਪਾਰਟੀ ਦਾ ਪੂਰਾ ਸਾਥ ਦੇਣਗੇ। ਇਸ ਸਮਾਗਮ ਦੌਰਾਨ ਪਾਰਟੀ ਦੇ ਸਥਾਨਕ ਆਗੂ ਅਤੇ ਵਰਕਰ ਵੀ ਵੱਡੀ ਗਿਣਤੀ ਵਿੱਚ ਮੌਜੂਦ ਸਨ।

## ਫ਼ਿਜ਼ੀਕਲ ਕਾਲਜ ਪਟਿਆਲਾ ਵਿਖੇ ਸੱਤ ਰੋਜ਼ਾ ਐੱਨ.ਐੱਸ.ਐੱਸ. ਕੈਂਪ ਲਗਾਇਆ

ਪਟਿਆਲਾ, 14 ਮਾਰਚ (ਚ.ਨ.ਸ.) : ਪ੍ਰੋ. ਗੁਰਸੇਵਕ ਸਿੰਘ ਗੌਰਮਿੰਟ ਕਾਲਜ ਆਫ਼ ਫ਼ਿਜ਼ੀਕਲ ਐਜੂਕੇਸ਼ਨ ਵੱਲੋਂ ਸਮਾਜ ਸੇਵਾ ਤੇ ਅਨੁਸ਼ਾਸਨ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਹਿੱਤ ਕਾਲਜ ਦੇ ਪ੍ਰਿੰਸੀਪਲ ਕਰਨਲ ਪਰਮਿੰਦਰ ਸਿੰਘ ਦੀ ਅਗਵਾਈ ਹੇਠ 5 ਤੋਂ 12 ਮਾਰਚ ਤੱਕ ਸੱਤ ਰੋਜ਼ਾ ਐੱਨ.ਐੱਸ.ਐੱਸ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਕਾਲਜ ਦੇ ਐੱਨ.ਐੱਸ.ਐੱਸ ਵਲੰਟੀਅਰਾਂ ਨੇ ਭਰਪੂਰ ਸਹਿਯੋਗ ਦਿੱਤਾ ਅਤੇ ਵਲੰਟੀਅਰਾਂ ਵਲੋਂ ਕਾਲਜ ਵਿਚ ਕਈ ਰੁੱਖ ਤੇ ਪੌਦੇ ਲਗਾਏ ਗਏ। ਵਲੰਟੀਅਰਾਂ ਨੇ ਭਾਦਸੋਂ ਰੋਡ 'ਤੇ ਪੈਂਦੇ ਪਿੰਡ ਸਿੱਧੂਵਾਲ ਨੂੰ ਸੇਵਾ ਲਈ ਅਪਣਾਇਆ ਗਿਆ। ਇਸ ਪਿੰਡ ਦੀਆਂ ਕਈਂ ਥਾਵਾਂ 'ਤੇ ਵਲੰਟੀਅਰਾਂ ਵਲੋਂ ਸਫ਼ਾਈ ਮੁਹਿੰਮ ਜਾਰੀ ਰੱਖੀ ਗਈ ਅਤੇ ਪਿੰਡ ਵਾਸੀਆਂ ਨੂੰ ਵੀ ਸੇਵਾ ਅਤੇ ਸਫ਼ਾਈ ਦੀ ਅਹਿਮੀਅਤ ਬਾਰੇ ਜਾਣੂ ਕਰਾਇਆ। ਕੈਂਪ ਦੌਰਾਨ ਵਿਦਿਆਰਥੀਆਂ ਨੂੰ ਸਮਾਜ ਸੇਵਾ ਪ੍ਰਤੀ ਉਤਸ਼ਾਹਿਤ ਕਰਨ



ਲਈ ਪ੍ਰਸਿੱਧ ਸਮਾਜ ਸੇਵੀ ਤਲਵਾੜ ਜੀ ਦਾ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਉਹਨਾਂ ਕਿਹਾ ਕਿ ਇਸ ਕਿਸਮ ਦੇ ਕੈਂਪਾਂ ਵਿੱਚ ਲਗਾਤਾਰ ਜੁੜੇ ਰਹਿ ਕੇ ਵਿਦਿਆਰਥੀ ਰਾਸ਼ਟਰ ਪ੍ਰਤੀ ਆਪਣੀ ਜ਼ਿੰਮੇਵਾਰੀ ਬਾਖੂਬੀ ਨਿਭਾਅ ਸਕਦੇ ਹਨ। ਇਹੋ ਜਿਹੇ ਕੈਂਪ ਹੀ ਵਿਦਿਆਰਥੀਆਂ ਨੂੰ ਸਮਾਜ ਦੇ ਬਿਹਤਰ ਅਤੇ ਜ਼ਿੰਮੇਵਾਰ ਨਾਗਰਿਕ ਬਣਾਉਣ ਵਿੱਚ ਸਹਾਈ ਹੁੰਦੇ ਹਨ। ਵਿਦਿਆਰਥੀਆਂ ਨੇ ਸਮਾਜ ਸੇਵਾ ਦੀ ਥੀਮ ਅਧੀਨ ਜਾਗਰੂਕਤਾ ਲਈ ਪੋਸਟਰ ਤਿਆਰ ਕੀਤੇ ਅਤੇ ਖੇਡਾਂ ਵੀ ਕਰਵਾਈਆਂ। ਕੈਂਪ ਦੇ ਅੰਤਿਮ ਦਿਨ 'ਨੁੱਕੜਵਾਲਾ ਗਰੁੱਪ' ਤੋਂ ਰਾਜੇਸ਼ ਸ਼ਰਮਾ ਵਲੋਂ ਸਮਾਜ ਸੇਵਾ ਦੀ ਥੀਮ ਤੇ ਇੱਕ ਨੁੱਕੜ ਨਾਟਕ ਦੀ ਪੇਸ਼ਕਾਰੀ ਕੀਤੀ ਗਈ। ਕਾਲਜ ਦੇ ਅਫ਼ਸਰ ਡਾ. ਲਖਵਿੰਦਰ ਸਿੰਘ ਨੇ ਐੱਨ.ਐੱਨ.ਐੱਸ ਦੀ ਮਹੱਤਤਾ ਦੱਸਦੇ ਹੋਏ ਵਿਦਿਆਰਥੀਆਂ ਨੂੰ 'ਮੈਂ ਨਹੀਂ ਤੁਸੀਂ' ਦੇ ਮੋਟੋ ਨਾਲ ਜਾਣੂ ਕਰਾਇਆ। ਕੈਂਪ ਦੀਆਂ ਸਮੂਹ ਗਤੀਵਿਧੀਆਂ ਦੌਰਾਨ ਪ੍ਰੋ. ਸੁਪ੍ਰੀਤ ਸਿੰਘ ਸਹਾਇਕ ਅਫ਼ਸਰ ਵਜੋਂ ਗਤੀਸ਼ੀਲ ਰਹੇ।

## ਸਨੌਰ ਬੱਸ ਅੱਡੇ 'ਤੇ ਸੈਂਕੜੇ ਵਪਾਰੀਆਂ ਦੀਆਂ ਮੁਸ਼ਕਲਾਂ ਸੁਣਨ ਪਹੁੰਚੇ ਹਲਕਾ ਇੰਚਾਰਜ

ਭੁਨਰਹੇੜੀ, 14 ਮਾਰਚ (ਗੁਰਜੀਤ ਸਿੰਘ ਢੋਟ): ਮੁੱਖ ਮੰਤਰੀ ਭਗਵੰਤ ਸਿੰਘ



ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਆਮ ਲੋਕਾਂ ਅਤੇ ਵਪਾਰੀਆਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਇੱਕ ਨਵੀਂ ਪਹਿਲਕਦਮੀ ਕੀਤੀ ਹੈ। ਇਸੇ ਲੜੀ ਤਹਿਤ ਅੱਜ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਵਿਸ਼ੇਸ਼ ਤੌਰ 'ਤੇ ਸਨੌਰ ਬੱਸ ਅੱਡੇ ਵਿਖੇ ਪਹੁੰਚੇ, ਜਿੱਥੇ ਸੈਂਕੜੇ ਵਪਾਰੀਆਂ ਨੇ ਇਕੱਠੇ ਹੋ ਕੇ ਆਪਣੀਆਂ ਸਮੱਸਿਆਵਾਂ ਉਨ੍ਹਾਂ ਨਾਲ ਸਾਂਝੀਆਂ ਕੀਤੀਆਂ। ਇਸ ਮੌਕੇ ਪਟਿਆਲਾ ਦੇ ਐਸ ਡੀ ਐਮ ਗੁਰਦੇਵ ਸਿੰਘ ਧੰਮ ਅਤੇ ਹੋਰ ਸਬੰਧਤ ਅਧਿਕਾਰੀਆਂ ਤੋਂ ਇਲਾਵਾ ਵੇਦ ਪ੍ਰਕਾਸ਼ ਚੇਅਰਮੈਨ, ਵਿਨੋਦ ਕੁਮਾਰ ਸਿੰਗਲਾ ਜ਼ਿਲ੍ਹਾ ਚੇਅਰਮੈਨ, ਰਜਤ ਕਪੂਰ ਪ੍ਰਧਾਨ ਅਨਾਜ ਮੰਡੀ ਸਨੌਰ, ਗੁਰਵਿੰਦਰ ਜੌਲੀ ਪ੍ਰਧਾਨ ਸਬਜ਼ੀ ਮੰਡੀ ਅਤੇ ਹੋਰ ਸੈਂਕੜੇ ਵਪਾਰੀ ਭਾਈਚਾਰੇ ਦੇ ਨੁਮਾਇੰਦੇ ਵਿਸ਼ੇਸ਼ ਤੂਰ ਤੇ ਮੌਜੂਦ ਸਨ। ਇਕੱਠ ਨੂੰ ਸੰਬੋਧਨ ਕਰਦਿਆਂ ਹਡਾਣਾ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਮਾਨ ਸਰਕਾਰ ਦੀ ਨੀਤੀ ਮੁਤਾਬਿਕ ਹੁਣ ਸਰਕਾਰ ਏਅਰ-ਕੰਡੀਸ਼ਨਡ ਦਫ਼ਤਰਾਂ ਤੋਂ ਨਹੀਂ, ਸਗੋਂ ਲੋਕਾਂ ਦੀਆਂ ਸੱਥਾਂ ਵਿੱਚ ਚੱਲੇਗੀ।

ਸਨੌਰ ਬੱਸ ਅੱਡੇ ਦੇ ਵਪਾਰੀਆਂ ਨੇ ਟ੍ਰੈਫਿਕ, ਸਫ਼ਾਈ ਵਿਵਸਥਾ ਅਤੇ ਕਈ ਅਹਿਮ ਮੁੱਦਿਆਂ 'ਤੇ ਹਲਕਾ ਇੰਚਾਰਜ ਨਾਲ ਗੱਲਬਾਤ ਕੀਤੀ । ਹਡਾਣਾ ਨੇ ਵਪਾਰੀਆਂ ਦੀਆਂ ਗੱਲਾਂ ਨੂੰ ਬੜੇ ਧਿਆਨ ਨਾਲ ਸੁਣਿਆ ਅਤੇ ਮੌਕੇ 'ਤੇ ਹੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਫ਼ੋਨ ਕਰਕੇ ਇਨ੍ਹਾਂ ਮੁਸ਼ਕਲਾਂ ਦਾ ਜਲਦ ਤੋਂ ਜਲਦ ਹੱਲ ਕਰਨ ਦੇ ਹੁਕਮ ਦਿੱਤੇ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਵਪਾਰੀ ਵਰਗ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਕਿਉਂਕਿ ਵਪਾਰੀ ਹੀ ਸੂਬੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ। ਉਨ੍ਹਾਂ ਅੱਗੇ ਕਿਹਾ ਕਿ ਮਾਨ ਸਰਕਾਰ ਨੇ 'ਇੰਸਪੈਕਟਰੀ ਰਾਜ' ਨੂੰ ਖ਼ਤਮ ਕਰਕੇ ਵਪਾਰੀਆਂ ਲਈ ਸੁਖਾਵਾਂ ਅਤੇ ਭ੍ਰਿਸ਼ਟਾਚਾਰ ਮੁਕਤ ਮਾਹੌਲ ਸਿਰਜਿਆ ਹੈ। ਵਪਾਰੀਆਂ ਨੇ ਇਸ ਪਹਿਲਕਦਮੀ ਦੀ ਰੱਜ ਕੇ ਸ਼ਲਾਘਾ ਕੀਤੀ ਅਤੇ ਕਿਹਾ ਕਿ ਪਹਿਲੀ ਵਾਰ ਕੋਈ ਆਗੂ ਉਨ੍ਹਾਂ ਦੇ ਦਰਮਿਆਨ ਬੈਠ ਕੇ ਮੁਸ਼ਕਲਾਂ ਹੱਲ ਕਰ ਰਿਹਾ ਹੈ। ਇਸ ਮੌਕੇ ਵੱਖ-ਵੱਖ ਵਪਾਰਕ ਐਸੋਸੀਏਸ਼ਨਾਂ ਦੇ ਨੁਮਾਇੰਦੇ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਵੱਡੀ ਗਿਣਤੀ ਵਿੱਚ ਸਨੌਰ ਦੇ ਨਿਵਾਸੀ ਵੀ ਹਾਜ਼ਰ ਸਨ।

## ਨਟਾਸ ਵੱਲੋਂ ਧੰਨਾ ਭਗਤ ਬਿਰਧ ਆਸ਼ਰਮ ਵਿਖੇ ਪਿਆਰ ਮਿਲਣੀ

ਪਟਿਆਲਾ, 14 ਮਾਰਚ (ਚ.ਨ.ਸ.) : ਨੈਸ਼ਨਲ ਥੀਏਟਰ ਆਰਟਸ ਸੋਸਾਇਟੀ (ਨਟਾਸ) ਨੇ ਸੇਵਾ-ਸੰਸਥਾਵਾਂ ਨਾਲ ਸੰਪਰਕ ਜਾਰੀ ਰੱਖਣ ਦੀ ਆਪਣੀ ਰਿਵਾਇਤ ਤਹਿਤ ਪਿਛਲੇ ਦਿਨੀਂ ਅਲੀਪੁਰ ਅਰਾਈਆਂ ਵਿਖੇ ਸਥਿਤ ਧੰਨਾ ਭਗਤ ਬਿਰਧ ਆਸ਼ਰਮ ਵਿਖੇ ਪਿਆਰ ਮਿਲਣੀ ਕੀਤੀ। ਪਦਮਸ਼੍ਰੀ ਅਵਾਰਡੀ ਸ਼੍ਰੀ ਪ੍ਰਾਣ ਸੱਭਰਵਾਲ ਅਤੇ ਸਾਥੀਆਂ ਨੇ ਵਸਨੀਕਾਂ ਨਾਲ ਗੱਲਬਾਤ ਕੀਤੀ। ਉਹਨਾਂ ਦੀ ਸੁਖ-ਸ਼ਾਂਤੀ ਲਈ ਸ਼ੁੱਭ ਇਛਾਵਾਂ ਭੇਂਟ ਕੀਤੀਆਂ ਅਤੇ ਉਹਨਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸ਼੍ਰੀ ਸੱਭਰਵਾਲ ਨੇ ਦੱਸਿਆ ਕਿ ਆਸ਼ਰਮ ਵਿਖੇ ਆਲੇ-ਦੁਆਲੇ ਦੇ ਪਿੰਡਾਂ 'ਚੋਂ ਆਏ ਲਾਚਾਰ, ਬੀਮਾਰ ਮਰੀਜ਼ਾਂ ਜਾਂ ਪਰਿਵਾਰ ਵੱਲੋਂ ਅਣਗੌਲੇ ਬਜ਼ੁਰਗਾਂ ਦੀ ਦੇਖਭਾਲ ਕੀਤੀ ਜਾਂਦੀ ਹੈ। ਇਸ ਮੌਕੇ ਤੇ ਆਸ਼ਰਮ ਮੁਖੀ ਸ਼੍ਰੀ ਗੁਰਸੇਵਕ ਸਿੰਘ



ਨੌਲਖਾ ਨੂੰ ਕੁਸ਼ਲ ਸੇਵਾਵਾਂ ਨਿਭਾਉਣ ਲਈ ਸਨਮਾਨਿਤ ਕੀਤਾ ਗਿਆ। ਨਟਾਸ ਪ੍ਰਧਾਨ ਸ੍ਰ. ਗੁਰਬਚਨ ਸਿੰਘ ਕੱਕੜ, ਦਮਪਤੀ ਸ਼੍ਰੀਮਤੀ ਸੁਨੀਤਾ ਸੱਭਰਵਾਲ, ਪ੍ਰਾਣ ਸੱਭਰਵਾਲ ਪਰਿਵਾਰ, ਮੈਂਬਰਾਂ ਅਤੇ ਕਲਾਕਾਰਾਂ ਵਲੋਂ ਸ਼ੁੱਭ ਇਛਾਵਾਂ ਭੇਂਟ ਕੀਤੀਆਂ ਗਈਆਂ ਅਤੇ ਸਹਿਯੋਗ ਦਾ ਭਰੋਸਾ ਦਿਵਾਇਆ ਗਿਆ। ਸ਼੍ਰੀ ਸੱਭਰਵਾਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਰਿਵਾਰਕ ਸ਼ੁਭਦਿਨ, ਜਨਮਦਿਨ ਆਦਿ ਸੇਵਾ ਆਸ਼ਰਮਾਂ 'ਚ ਮਨਾਇਆ ਕਰਨ। ਇਸ ਨਾਲ ਜਿਥੇ ਆਸ਼ਰਮ ਵਾਸੀਆਂ ਨੂੰ ਇਕ ਨਵੀਂ ਖੁਸ਼ੀ ਮਿਲਦੀ ਹੈ ਉਥੇ ਉਹਨਾਂ ਦੀਆਂ ਅਸੀਸਾਂ ਪ੍ਰਸ਼ੰਸਕਾਂ ਨੂੰ ਮਿਲਦੀਆਂ ਹਨ।

## ਪੁਸ਼ਤੈਨੀ ਜਾਇਦਾਦ ਕਾਰਨ ਭਰਾਵਾਂ 'ਚ ਝੱਗੜਾ ਤੇ ਧਮਕੀਆਂ

### ਭਰਾ ਅਤੇ ਕਈ ਅਣਪਛਾਤਿਆਂ ਖ਼ਿਲਾਫ਼ ਮਾਮਲਾ ਦਰਜ

ਸਮਾਣਾ, 14 ਮਾਰਚ (ਵਿਜੇ ਕੁਮਾਰ): ਪੁਸ਼ਤੈਨੀ ਮਕਾਨ ਨੂੰ ਲੈ ਕੇ ਦੋ ਭਰਾਵਾਂ ਵਿੱਚ ਹੋਏ ਝਗੜੇ ਦੌਰਾਨ ਕੁੱਟਮਾਰ, ਗਾਲੀ-ਗਲੋਚ, ਧਮਕੀਆਂ ਦੇਣ ਅਤੇ ਦੁਕਾਨ ਤੇ ਘਰ ਦਾ ਤਾਲਾ ਤੋੜ ਕੇ ਕਬਜ਼ਾ ਕਰਨ ਦੀ ਕੋਸ਼ਿਸ਼ ਦੇ ਦੋਸ਼ ਵਿੱਚ ਸਿਟੀ ਪੁਲਿਸ ਨੇ ਹਰਜਿੰਦਰ ਸਿੰਘ (ਨਿਵਾਸੀ ਅਨੰਦ ਨਗਰ, ਪਟਿਆਲਾ) ਤੇ ਕੁਲਜੀਤ ਸੈਣੀ (ਨਿਵਾਸੀ ਪਿੰਡ ਕਰਹਾਲੀ ਸਾਹਿਬ) ਸਮੇਤ ਕੁਝ ਹੋਰ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮਾਮਲੇ ਦੇ ਜਾਂਚ ਅਧਿਕਾਰੀ ਸਿਟੀ ਪੁਲਿਸ ਦੇ ਏ.ਐੱਸ.ਆਈ. ਸਿੰਦਰ ਸਿੰਘ ਨੇ ਦੱਸਿਆ ਕਿ ਹਰਿੰਦਰ ਸਿੰਘ (ਨਿਵਾਸੀ ਅਜੀਤ ਨਗਰ, ਸਮਾਣਾ) ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ ਉਨ੍ਹਾਂ ਦੀ ਮਾਤਾ ਦੇ ਦਿਹਾਂਤ ਤੋਂ ਬਾਅਦ ਪੁਸ਼ਤੈਨੀ ਜਾਇਦਾਦ ਨੂੰ ਲੈ ਕੇ ਦੋਵਾਂ ਭਰਾਵਾਂ ਵਿੱਚ ਝਗੜਾ ਚੱਲ ਰਿਹਾ ਹੈ।

12 ਅਕਤੂਬਰ 2025 ਦੀ ਰਾਤ ਨੂੰ ਉਸ ਦਾ ਭਰਾ ਹਰਜਿੰਦਰ ਸਿੰਘ ਹੋਰ ਅਣਪਛਾਤੇ ਵਿਅਕਤੀਆਂ ਨਾਲ ਗਲੀ ਵਿੱਚ ਆਇਆ ਅਤੇ ਗਾਲੀ-ਗਲੋਚ ਕਰਨ ਲੱਗਾ ਮੁਲਜ਼ਮਾਂ ਨੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਅਤੇ ਮਕਾਨ ਵਿੱਚ ਪਈਆਂ ਪੇਟੀਆਂ ਵਿੱਚੋਂ ਕੀਮਤੀ ਸਾਮਾਨ ਚੁੱਕ ਕੇ ਲੈ ਗਏ। ਇਸ ਦੇ ਨਾਲ ਹੀ ਘਰ ਤੇ ਦੁਕਾਨ ਦਾ ਤਾਲਾ ਤੋੜ ਕੇ ਕਬਜ਼ਾ ਕਰਨ ਦੀ ਕੋਸ਼ਿਸ਼ ਵੀ ਕੀਤੀ ਗਈ।

ਪੁਲਿਸ ਅਧਿਕਾਰੀ ਅਨੁਸਾਰ ਮੁਲਜ਼ਮਾਂ ਖ਼ਿਲਾਫ਼ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਉਨ੍ਹਾਂ ਦੀ ਭਾਲ ਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।



# ਪਟਿਆਲਾ-ਆਸ/ਪਾਸ



## ਗੁਰੂ ਘਰ ਦੇ ਲੰਗਰਾਂ ਲਈ ਗੈਸ ਸਿਲੰਡਰਾਂ ਦੀ ਨਿਰਵਿਘਨ ਸਪਲਾਈ ਨੂੰ ਪ੍ਰਸ਼ਾਸਨ ਯਕੀਨੀ ਬਣਾਵੇ : ਮੈਨੇਜਰ

### ਸੰਗਤਾਂ ਦੀ ਆਮਦ ਦੇ ਚੱਲਦਿਆਂ ਨਿਰੰਤਰ ਲੰਗਰ ਸੇਵਾਵਾਂ ਰਹਿੰਦੀਆਂ ਨੇ ਜਾਰੀ

ਪਟਿਆਲਾ 14 ਮਾਰਚ (ਚ.ਨ.ਸ.): ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦੂਖ-ਨਿਵਾਰਨ ਸਾਹਿਬ ਗੁਰੂ ਘਰ ਦੇ ਲੰਗਰਾਂ ਲਈ ਗੈਸ ਸਿਲੰਡਰਾਂ ਦੀ ਨਿਰਵਿਘਨ ਸਪਲਾਈ ਨੂੰ ਜ਼ਿਲ੍ਹਾ ਪ੍ਰਸ਼ਾਸਨ ਯਕੀਨੀ ਬਣਾਵੇ। ਇਹ ਪ੍ਰਗਟਾਵਾ ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਨੇ ਪ੍ਰਬੰਧਕੀ ਸਟਾਫ਼ ਨਾਲ ਗੱਲਬਾਤ ਕਰਦਿਆਂ ਕੀਤਾ। ਮੈਨੇਜਰ ਭਾਗ ਸਿੰਘ ਨੇ ਕਿਹਾ ਕਿ ਗੈਸ ਏਜੰਸੀਆਂ ਨੂੰ ਗੁਰੂ ਘਰ ਦੇ ਲੰਗਰਾਂ ਪ੍ਰਤੀ ਤਰਜੀਹ ਦੇਣੀ ਹੋਵੇਗੀ, ਕਿਉਂਕਿ ਗੁਰੂ ਘਰ ਦੇ ਲੰਗਰ ਸੰਗਤਾਂ ਲਈ ਨਿਰੰਤਰ ਚੱਲਦੇ ਹਨ, ਜਿਸ ਕਾਰਨ ਗੈਸ ਸਿਲੰਡਰ ਜ਼ਿਆਦਾ ਵਰਤੋਂ ਵਿਚ ਹੁੰਦੇ ਹਨ। ਮੈਨੇਜਰ ਭਾਗ ਸਿੰਘ ਨੇ ਕਿਹਾ ਕਿ ਗੈਸ ਏਜੰਸੀਆਂ ਦੀ ਗੈਸ ਸਪਲਾਈ ਜ਼ਿਆਦਾਤਰ ਪ੍ਰਭਾਵਿਤ ਰਹਿ ਰਹੀ ਹੈ, ਭਾਵੇਂ ਕਿ ਇਸ ਸਬੰਧ ਵਿਚ ਗੁਰਦੁਆਰਾ ਪ੍ਰਬੰਧਕਾਂ ਨੂੰ ਗੈਸ ਏਜੰਸੀਆਂ ਦੇ ਪੱਖ ਤੋਂ ਅਜੇ ਤੱਕ ਗੈਸ ਸਪਲਾਈ ਦੀ ਕੋਈ ਦਿੱਕਤ ਨਹੀਂ ਆ ਰਹੀ ਹੈ, ਪਰ ਗੈਸ ਦੀ ਸਪਲਾਈ ਜੰਗ ਕਾਰਨ ਪ੍ਰਭਾਵਿਤ ਹੋ ਰਹੀ ਹੈ ਅਤੇ ਭਵਿੱਖੀ ਹਾਲਾਤ ਨਾਲ ਨਜਿੱਠਣ ਲਈ ਗੁਰਦੁਆਰਾ ਸਾਹਿਬ ਦੇ ਲੰਗਰ ਨਿਰੰਤਰ ਜਾਰੀ ਰੱਖਣ ਲਈ ਇਹ ਜ਼ਰੂਰੀ ਹੋ ਜਾਂਦਾ ਹੈ ਕਿ ਗੁਰੂ ਘਰ ਲਈ ਗੈਸ ਸਪਲਾਈ ਨੂੰ ਜ਼ਿਲ੍ਹਾ ਪ੍ਰਸ਼ਾਸਨ ਅਤੇ ਗੈਸ ਏਜੰਸੀਆਂ ਯਕੀਨੀ ਬਣਾ ਕੇ ਰੱਖਣ। ਮੈਨੇਜਰ ਭਾਗ ਸਿੰਘ ਨੇ ਕਿਹਾ ਕਿ ਗੁਰਦੁਆਰਾ ਸ੍ਰੀ ਦੂਖ-ਨਿਵਾਰਨ ਸਾਹਿਬ ਵਿਖੇ ਸੰਗਤ ਦੀ ਨਿਰੰਤਰ ਆਮਦ ਰਹਿੰਦੀ ਹੈ ਅਤੇ ਗੁਰੂ ਘਰ ਦੇ ਲੰਗਰ ਵੀ ਸੰਗਤਾਂ ਲਈ ਜਾਰੀ ਰਹਿੰਦੇ ਹਨ ਇਸ ਕਰਕੇ ਇਹ ਜ਼ਰੂਰੀ ਬਣ ਜਾਂਦਾ ਹੈ ਕਿ ਗੈਸ ਸਪਲਾਈ ਨਿਰਵਿਘਨ ਗੁਰਦੁਆਰਾ ਸਾਹਿਬ ਲਈ ਯਕੀਨੀ ਬਣਾਉਣ ਵਿਚ ਪ੍ਰਸ਼ਾਸਨ ਸਹਿਯੋਗ ਕਰੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਪਰਵਾਈਜ਼ਰ ਮਨਦੀਪ ਸਿੰਘ, ਸੁਖਦੇਵ ਸਿੰਘ ਕਾਹਲਵਾਂ, ਮਨਜੀਤ ਸਿੰਘ ਪਵਾਰ, ਰਘਬੀਰ ਸਿੰਘ ਆਦਿ ਹਾਜ਼ਰ ਸਨ।



## ਕੋਹਲੀ ਤੇ ਗੋਗੀਆ ਨੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਬਾਰੇ ਜਾਗੋ ਕੱਢ ਕੇ ਕੀਤਾ ਜਾਗਰੂਕ

### ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਲਈ ਸਰਕਾਰ ਵਚਨਬੱਧ: ਕੋਹਲੀ, ਗੋਗੀਆ




ਪਟਿਆਲਾ, 14 ਮਾਰਚ (ਚ.ਨ.ਸ.): ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਅਤੇ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ ਨੇ ਪੰਜਾਬ ਸਰਕਾਰ ਦੀ ਮਹਿਲਾਵਾਂ ਦੀ ਸੁਰੱਖਿਆ, ਆਤਮ-ਨਿਰਭਰਤਾ ਅਤੇ ਸਮਾਜਿਕ ਸਤਿਕਾਰ ਨੂੰ ਪ੍ਰੋਤਸਾਹਿਤ ਕਰਨ ਲਈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਅੱਜ ਇੱਥੇ ਜਾਗੋ ਕੱਢ ਕੇ ਪ੍ਰਚਾਰ ਕੀਤਾ ਹੈ। ਇਸ ਮੌਕੇ ਪਟਿਆਲਾ ਦੇ ਖੱਦਰ ਭੰਡਾਰ ਖੱਦਰ ਭੰਡਾਰ ਪੁਰਾਣੀ ਕੋਤਵਾਲੀ ਵਿਖੇ ਕੱਢੀ ਗਈ ਜਾਗੋ ਦੌਰਾਨ ਔਰਤਾਂ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਕੋਹਲੀ ਨੇ ਦੱਸਿਆ ਕਿ ਇਸ ਯੋਜਨਾ ਤਹਿਤ, ਸਾਰੀਆਂ ਯੋਗ ਲਾਭਪਾਤਰੀ ਮਹਿਲਾਵਾਂ ਨੂੰ ਮਹੀਨੇ ਦੇ 1000 ਰੁਪਏ ਅਤੇ ਅਨੁਸੂਚਿਤ ਜਾਤੀ ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਦਿੱਤੇ ਜਾਣਗੇ। ਇਹ ਰਕਮ ਸਿੱਧੇ ਤੌਰ 'ਤੇ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਭੇਜੀ ਜਾਵੇਗੀ।ਓਹਨਾਂ ਕਿਹਾ ਕਿ ਸਕੀਮ ਦਾ ਮੁੱਖ ਉਦੇਸ਼ ਮਾਵਾਂ ਅਤੇ ਧੀਆਂ ਨੂੰ ਆਰਥਿਕ ਸਹਾਇਤਾ ਦੇ ਕੇ ਉਹਨਾਂ ਦੀ ਸਵੈ-ਸਮਰੱਥਾ ਅਤੇ ਸਮਾਜਿਕ ਸਤਿਕਾਰ ਨੂੰ ਮਜ਼ਬੂਤ ਕਰਨਾ ਹੈ।

ਵਿਧਾਇਕ ਕੋਹਲੀ ਅਤੇ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਇਹ ਯੋਜਨਾ ਪੰਜਾਬ ਦੀਆਂ ਮਹਿਲਾਵਾਂ ਲਈ ਇੱਕ ਇਤਿਹਾਸਕ ਕਦਮ ਹੈ, ਜਿਸ ਨਾਲ ਉਹਨਾਂ ਨੂੰ ਆਰਥਿਕ ਸਹਾਇਤਾ ਮਿਲੇਗੀ ਅਤੇ ਉਹ ਆਪਣੀਆਂ ਜ਼ਿੰਦਗੀਆਂ ਵਿੱਚ ਸੁਤੰਤਰਤਾ ਅਤੇ ਆਤਮ-ਵਿਸ਼ਵਾਸ ਨਾਲ ਅੱਗੇ ਵਧ ਸਕਣਗੀਆਂ।ਓਹਨਾਂ ਦੱਸਿਆ ਕਿ ਸਰਕਾਰ ਅਪ੍ਰੈਲ ਮਹੀਨੇ ਵਿਸਾਖੀ ਮੌਕੇ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਕਰੇਗੀ ਅਤੇ ਯੋਗ ਮਹਿਲਾਵਾਂ ਨੂੰ ਤੁਰੰਤ ਲਾਭ ਪ੍ਰਦਾਨ ਕੀਤਾ ਜਾਵੇਗਾ।

ਇਸ ਮੌਕੇ ਜ਼ਿਲ੍ਹਾ ਇੰਚਾਰਜ ਆਰਤੀ ਗੁਪਤਾ ਅਤੇ ਹਲਕਾ ਕੋਆਰਡੀਨੇਟਰ ਰੂਬੀ ਭਾਟੀਆ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਹਿਲਾਵਾਂ ਮੌਜੂਦ ਸਨ।

## ਕੌਮੀ ਲੋਕ ਅਦਾਲਤ ਵਿਚ ਸੈਂਕੜੇ ਕੇਸਾਂ ਦਾ ਨਿਪਟਾਰਾ




ਸਮਾਣਾ, 14 ਮਾਰਚ (ਵਿਜੇ ਕੁਮਾਰ): ਸਮਾਣਾ ਦੀਆਂ ਨਿਆਇਕ ਅਦਾਲਤਾਂ ਵਿਖੇ ਅਵਤਾਰ ਸਿੰਘ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਅਤੇ ਸਕੱਤਰ ਅਮਨਦੀਪ ਕੰਬੋਜ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੀ ਅਗਵਾਈ ਵਿਚ ਇਸ ਸਾਲ ਦੀ ਚੌਥੀ ਕੌਮੀ ਲੋਕ ਅਦਾਲਤ ਮਨਦੀਪ ਸਿੰਘ ਵਧੀਕ ਸਿਵਲ ਜੱਜ (ਸੀਨੀਅਰ ਡਵੀਜ਼ਨ) ਸਮਾਣਾ ਦੀ ਪ੍ਰਧਾਨਗੀ ਹੇਠ ਲਗਾਈ ਗਈ, ਜਿਸ ਵਿਚ ਸੈਂਕੜੇ ਮਾਮਲਿਆਂ ਦਾ ਨਿਪਟਾਰਾ ਧਿਰਾਂ ਦੀ ਆਪਸੀ ਸਹਿਮਤੀ ਨਾਲ ਲੋਕਾਂ ਨੂੰ ਨਿਆਂ ਦਿੱਤਾ ਗਿਆ। ਦੂਜੀ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਡਾ. ਰਾਜਵਿੰਦਰ ਕੌਰ ਸਿਵਲ ਜੱਜ (ਜੂਨੀਅਰ ਡਵੀਜ਼ਨ) ਸਮਾਣਾ ਸਮਾਣਾ ਨੇ ਕੀਤੀ। ਤੀਜੀ ਅਦਾਲਤ ਦੀ ਪ੍ਰਧਾਨਗੀ ਸਿਵਲ ਜੱਜ (ਜੂਨੀਅਰ ਡਵੀਜ਼ਨ) ਜਸਲੀਨ ਕੌਰ ਬਵੇਜਾ, ਚੌਥੀ ਲੋਕ ਅਦਾਲਤ ਦੀ ਪ੍ਰਧਾਨਗੀ ਸਿਵਲ ਜੱਜ (ਜੂਨੀਅਰ ਡਵੀਜ਼ਨ) ਮੋਹਿਨੀ ਗੋਇਲ ਤੇ ਪੰਜਵੀਂ ਲੋਕ ਅਦਾਲਤ ਦੀ ਪ੍ਰਧਾਨਗੀ ਸਿਵਲ ਜੱਜ (ਜੂਨੀਅਰ ਡਵੀਜ਼ਨ) ਡਿੰਪਲ ਗਰਗ ਨੇ ਕੀਤੀ। ਇਸ ਕੌਮੀ ਲੋਕ ਅਦਾਲਤ ਵਿਚ ਦੀਵਾਨੀ ਅਤੇ ਸਮਝੌਤਾਯੋਗ ਫੌਜਦਾਰੀ, ਆਵਾਜਾਈ ਚਲਾਨ ਅਤੇ ਬੈਂਕਾਂ ਦੇ ਕੇਸ ਆਦਿ ਕੇਸ ਸੁਣਵਾਈ ਲਈ ਪੇਸ਼ ਹੋਏ। ਇਸ ਮੌਕੇ ਲੋਕ ਅਦਾਲਤ ਕਮੇਟੀ ਮੈਂਬਰ ਐਡਵੋਕੇਟ ਪ੍ਰਿਥੀਪਾਲ ਸਿੰਘ, ਐਡਵੋਕੇਟ ਰਮਨੀਤ ਸਿੰਘ ਵੜੈਚ, ਰੋਜ਼ੀ ਅਰੋੜਾ, ਐਡ. ਨਿਰਲੇਪ ਕੌਰ ਤੇ ਪੂਜਾ ਸਿੰਗਲਾ ਐਡਵੋਕੇਟ, ਸ਼ਾਮ ਲਾਲ, ਕਪੂਰ ਚੰਦ ਬਾਂਸਲ, ਪਵਨ ਬਾਂਸਲ, ਸ਼ਿਵ ਕੁਮਾਰ ਘੱਗਾ ਤੇ ਸੰਜੇ ਸਿੰਗਲਾ ਸਮਾਜ ਸੇਵੀ, ਰੀਡਰ ਮੇਜਰ ਸਿੰਘ, ਰੀਡਰ ਰਜਿੰਦਰ ਸਿੰਘ, ਰੀਡਰ ਰਾਹੁਲ ਢੀਂਗੜਾ, ਰੀਡਰ ਕਿਰਨ ਕੁਮਾਰ ਤੇ ਰੀਡਰ ਸਰਵੇਸ਼ ਕੁਮਾਰ ਸਨ। ਬਾਰ ਐਸੋਸੀਏਸ਼ਨ ਦੇ ਪ੍ਰਧਾਨ ਨਵਦੀਪ ਸਿੰਘ ਢਿੱਲੋਂ, ਸਕੱਤਰ ਕਸ਼ਮੀਰ ਸਿੰਘ ਚੁੰਬਰ, ਕੁਲਵੰਤ ਸਿੰਘ ਢਿੱਲੋਂ, ਕਸ਼ਮੀਰ ਸਿੰਘ ਵਿਰਕ, ਕੁਲਵਿੰਦਰ ਸਿੰਘ ਗਲੌਲੀ, ਸ਼ਿਲੰਦਰ ਗੋਇਲ, ਦਵਿੰਦਰ ਸਿੰਘ ਢਿੱਲੋਂ, ਸੁਖਵਿੰਦਰਜੀਤ ਸਿੰਘ ਸਿਆਣ, ਬੈਂਕਾਂ ਦੇ ਵਕੀਲ ਅਨਮੋਲ ਘਈ, ਇੰਦਰਜੀਤ ਸਿੰਘ ਸਲੂਜਾ, ਜਸਬੀਰ ਸਿੰਘ ਅਤੇ ਸਾਹਿਬ ਸਿੰਘ ਐਡਵੋਕੇਟ ਤੋਂ ਇਲਾਵਾ ਸਮਾਣਾ ਬਾਰ ਦੇ ਵਕੀਲ ਸਹਿਬਾਨ, ਵੱਖ-ਵੱਖ ਬੈਂਕਾਂ ਦੇ ਕਰਮਚਾਰੀ, ਵੱਖ-ਵੱਖ ਥਾਣਿਆਂ ਦੇ ਪੁਲਿਸ ਅਧਿਕਾਰੀ ਅਤੇ ਕੇਸਾਂ ਦੀਆਂ ਧਿਰਾਂ ਹਾਜ਼ਰ ਸਨ।

## ਆਪਣੀਆਂ ਅੱਖਾਂ ਦੀ ਰੌਸ਼ਨੀ ਦੇ ਬਚਾਅ ਲਈ, ਨਿਯਮਿਤ ਜਾਂਚ ਕਰਵਾਓ : ਡਾ. ਅਮਨਦੀਪ ਕੌਰ



ਮਾਲੇਰਕੋਟਲਾ, 14 ਮਾਰਚ (ਚ.ਨ.ਸ.): ਅੱਖਾਂ ਵਿੱਚ ਗਲੋਕੋਮਾ (ਕਾਲਾ ਮੋਤੀਆ) ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਸਿਹਤ ਵਿਭਾਗ ਵੱਲੋਂ 8 ਮਾਰਚ ਤੋਂ 14 ਮਾਰਚ ਤੱਕ ਵਿਸ਼ਵ ਗਲੋਕੋਮਾ ਹਫਤਾ ਮਨਾਇਆ ਗਿਆ। ਇਸ ਸਬੰਧੀ ਸੀਨੀਅਰ ਮੈਡੀਕਲ ਅਫ਼ਸਰ ਡਾ. ਅਮਨਦੀਪ ਕੌਰ ਜੋ ਅੱਖਾਂ ਦੇ ਰੋਗਾਂ ਦੇ ਮਾਹਿਰ ਵੀ ਹਨ ਨੇ ਦੱਸਿਆ ਗਿਆ ਕਿ ਸਿਹਤ ਵਿਭਾਗ ਵੱਲੋਂ ਇਸ ਸਾਲ ਇਸ ਦਿਵਸ ਨੂੰ ਗਲੋਕੋਮਾ (ਕਾਲਾ ਮੋਤੀਆ) ਮੁਕਤ ਸੰਸਾਰ ਲਈ ਇੱਕਜੁੱਟ ਹੋਈਏ" ਵਿਸ਼ੇ ਤਹਿਤ ਲੋਕਾਂ ਨੂੰ ਜਾਗਰੂਕ ਕਰਨ ਲਈ ਮੁਹਿੰਮ ਚਲਾਈ ਗਈ ਹੈ। ਉਨ੍ਹਾਂ ਕਿਹਾ ਕਿ ਗਲੋਕੋਮਾ ਸਥਾਈ ਨੇਤਰਹੀਣਤਾ ਦੇ ਮੁੱਖ ਕਾਰਨਾਂ ਵਿੱਚੋਂ ਇੱਕ ਅਹਿਮ ਕਾਰਨ ਹੈ। ਗਲੋਕੋਮਾ ਦੇ ਲੱਛਣਾਂ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਅਸਾਧਾਰਨ ਸਿਰ ਦਰਦ ਜਾਂ ਅੱਖਾਂ ਵਿੱਚ ਦਰਦ, ਪੜ੍ਹਨ ਵਾਲੇ ਚਸ਼ਮਿਆਂ ਦਾ ਵਾਰ-ਵਾਰ ਬਦਲਣਾ, ਪ੍ਰਕਾਸ਼ ਦੇ ਆਲੇ-ਦੁਆਲੇ ਰੰਗਦਾਰ ਚੱਕਰ, ਅੱਖਾਂ ਵਿੱਚ ਦਰਦ ਤੇ ਲਾਲੀ ਨਾਲ ਦ੍ਰਿਸ਼ਟੀ ਦੀ ਅਚਾਨਕ ਹਾਨੀ ਅਤੇ ਦ੍ਰਿਸ਼ਟੀ ਦੇ ਖੇਤਰ ਦਾ ਸੀਮਿਤ ਹੋਣਾ ਆਦਿ ਹੋਣ 'ਤੇ ਨਜ਼ਦੀਕੀ ਸਰਕਾਰੀ ਹਸਪਤਾਲ ਵਿੱਚ ਜਾ ਕੇ ਅੱਖਾਂ ਦੇ ਰੋਗਾਂ ਦੇ ਮਾਹਿਰ ਡਾਕਟਰ ਤੋਂ ਆਪਣੀਆਂ ਅੱਖਾਂ ਦਾ ਦਬਾਅ (ਪ੍ਰੈਸ਼ਰ) ਚੈਕ ਕਰਵਾਓ।

ਇਸ ਸਮੇਂ ਬਲਾਕ ਐਜੂਕੇਟਰ ਰਣਬੀਰ ਸਿੰਘ ਢੰਡੇ ਨੇ ਕਿਹਾ ਕਿ ਪਰਿਵਾਰਕ ਮੈਂਬਰ ਨੂੰ ਡਾਇਬਟੀਜ਼/ਸ਼ੂਗਰ ਤੇ ਬਲੱਡ ਪ੍ਰੈਸ਼ਰ ਹੋਵੇ ਜਾਂ ਫਿਰ ਇਸ ਤੋਂ ਇਲਾਵਾ ਜੇ ਕੋਈ ਵਿਅਕਤੀ ਅਲਰਜੀ, ਦਮਾ, ਚਮੜੀ ਰੋਗਾਂ ਆਦਿ ਲਈ ਸਟੀਅਰਾਇਡ ਦੀ ਵਰਤੋਂ ਕਰਦਾ ਹੈ ਤਾਂ ਉਹ ਗਲੋਕੋਮਾ/ਕਾਲੇ ਮੋਤੀਏ ਤੋਂ ਪ੍ਰਭਾਵਿਤ ਹੋ ਸਕਦਾ ਹੈ। ਉਨ੍ਹਾਂ ਦੱਸਿਆ ਕਿ ਹਰੇਕ ਵਿਅਕਤੀ ਨੂੰ ਆਪਣੀਆਂ ਅੱਖਾਂ ਦੀ ਜਾਂਚ ਨਿਯਮਤ ਸਮੇਂ 'ਤੇ ਕਰਵਾਉਂਦੇ ਰਹਿਣਾ ਚਾਹੀਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਗਲੋਕੋਮਾ ਮੁਕਤ ਸੰਸਾਰ ਲਈ ਸਾਨੂੰ ਸਭ ਨੂੰ ਇੱਕਜੁਟ ਹੋਣਾ ਚਾਹੀਦਾ ਹੈ ਅਤੇ ਆਪਣੀਆਂ ਅੱਖਾਂ ਦੀ ਨਿਯਮਿਤ ਜਾਂਚ ਕਰਵਾਉਣ ਦੇ ਨਾਲ-ਨਾਲ ਹੋਰਨਾਂ ਨੂੰ ਵੀ ਇਸ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ। ਇਸ ਦੌਰਾਨ ਸੀਐੱਚਸੀ ਅਮਰਗੜ੍ਹ ਵਿਖੇ ਲਗਾਏ ਗਏ ਕੈਂਪ 'ਚ ਲੋਕਾਂ ਦੀਆਂ ਅੱਖਾਂ ਦੀ ਜਾਂਚ ਵੀ ਕੀਤੀ ਗਈ।

## ਅਨਿਲ ਕੁਮਾਰ ਭਾਰਤੀ ਨੇ ਕੇਂਦਰੀ ਖੇਤੀਬਾੜੀ ਮੰਤਰੀ ਨੂੰ ਭੇਜੀ ਗਊ ਵੰਸ਼ ਸੁਰੱਖਿਆ ਯੋਜਨਾ



ਪਟਿਆਲਾ, 14 ਮਾਰਚ (ਚ.ਨ.ਸ.): ਪਟਿਆਲਾ ਦੇ ਵਾਤਾਵਰਨ ਪ੍ਰੇਮੀ, ਅੰਤਰਰਾਸ਼ਟਰੀ ਲੇਖਕ ਤੇ ਸਿੱਖਿਆ ਸ਼ਾਸਤਰੀ ਅਨਿਲ ਕੁਮਾਰ ਭਾਰਤੀ ਨੇ ਰਾਸ਼ਟਰ ਦੀ ਪੇਂਡੂ ਆਰਥਿਕਤਾ ਨੂੰ ਮਜ਼ਬੂਤ ਕਰਨ 'ਤੇ ਬੇਸਹਾਰਾ ਗਊ-ਵੰਸ਼ ਦੀ ਸਮੱਸਿਆ ਦੇ ਸਥਾਈ ਹੱਲ ਲਈ ਇੱਕ ਕ੍ਰਾਂਤੀਕਾਰੀ 'ਪੰਜ-ਸੂਤਰੀ ਗਊ-ਵੰਸ਼ ਰੱਖਿਆ ਤੇ ਸੰਵਰਧਨ ਕਾਰਜਯੋਜਨਾ' ਤਿਆਰ ਕੀਤੀ ਹੈ। ਉਨ੍ਹਾਂ ਨੇ ਇਹ ਵਿਸਤ੍ਰਿਤ ਵਿਗਿਆਨਕ ਖੋਜ ਪੱਤਰ ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੂੰ ਭੇਜਿਆ ਹੈ। ਇਹ ਕਾਰਜਯੋਜਨਾ ਭਾਰਤ ਸਰਕਾਰ ਦੇ 'ਆਤਮ-ਨਿਰਭਰ ਭਾਰਤ' ਤੇ 'ਵੇਸਟ ਟੂ ਵੈਲਥ' ਦੇ ਸੰਕਲਪਾਂ ਨੂੰ ਜ਼ਮੀਨੀ ਪੱਧਰ 'ਤੇ ਉਤਾਰਨ ਦੀ ਦਿਸ਼ਾ ਵਿੱਚ ਇੱਕ ਮਜ਼ਬੂਤ ਕਦਮ ਮੰਨੀ ਜਾ ਰਹੀ ਹੈ। ਇਸ ਕਾਰਜਯੋਜਨਾ ਦਾ ਮੁੱਖ ਅਧਾਰ ਸਾਰੇ ਪਿੰਡਾਂ ਵਿੱਚ ਗਊਚਰ (ਸ਼ਾਮਲਾਟ) ਜ਼ਮੀਨਾਂ 'ਤੇ ਗਊਸ਼ਾਲਾਵਾਂ ਦਾ ਨਿਰਮਾਣ ਕਰਨਾ, ਉਨ੍ਹਾਂ ਨੂੰ ਆਰਥਿਕ ਤੌਰ 'ਤੇ ਸਵੈ-ਨਿਰਭਰ ਬਣਾਉਣਾ ਤੇ ਉਨ੍ਹਾਂ ਨੂੰ 'ਊਰਜਾ ਉਤਪਾਦਨ ਕੇਂਦਰਾਂ' ਵਜੋਂ ਵਿਕਸਤ ਕਰਨਾ ਹੈ। ਭਾਰਤੀ ਨੇ ਪ੍ਰਸਤਾਵ ਦਿੱਤਾ ਹੈ ਕਿ ਦੇਸ਼ ਦੀਆਂ ਸਾਰੀਆਂ ਗਊਸ਼ਾਲਾਵਾਂ ਦੀਆਂ ਛੱਤਾਂ ਅਤੇ ਗਊਚਰ ਭੂਮੀ 'ਤੇ ਸੋਲਰ ਪੈਨਲ ਲਗਾ ਕੇ 'ਗਊ-ਸੌਰ ਊਰਜਾ ਕਾਰੀਡੋਰ' ਬਣਾਇਆ ਜਾਵੇ। ਇਸ ਨਾਲ ਨਾ ਸਿਰਫ ਦੇਸ਼ ਦੇ ਊਰਜਾ ਸੰਕਟ ਦਾ ਹੱਲ ਹੋਵੇਗਾ, ਸਗੋਂ ਗਊਸ਼ਾਲਾਵਾਂ ਬਿਜਲੀ ਵੇਚ ਕੇ ਆਪਣਾ ਆਰਥਿਕ ਬੋਝ ਚੁੱਕਣ ਦੇ ਸਮਰੱਥ ਹੋਣਗੀਆਂ। ਇਸ ਦੇ ਨਾਲ ਹੀ, ਪੰਜਾਬ ਦੇ ਨੂਰਮਹਿਲ (DJJS) ਵਿੱਚ ਚੱਲ ਰਹੀ ਸਫਲ 'ਕਾਮਧੇਨੂ ਗਊਸ਼ਾਲਾ' ਦੇ ਮਾਡਲ ਨੂੰ ਰਾਸ਼ਟਰੀ ਪੱਧਰ 'ਤੇ ਅਪਣਾਉਣ ਦਾ ਸੁਝਾਅ ਦਿੱਤਾ ਗਿਆ ਹੈ, ਜਿੱਥੇ ਆਧੁਨਿਕ ਵਿਗਿਆਨ ਅਤੇ ਪ੍ਰਾਚੀਨ ਪਰੰਪਰਾ ਦੇ ਸੁਮੇਲ ਨਾਲ 'ਜ਼ੀਰੋ ਵੇਸਟ' ਤਕਨੀਕ ਦਾ ਸਫਲ ਪ੍ਰਯੋਗ ਹੋ ਰਿਹਾ ਹੈ। ਕਾਰਜਯੋਜਨਾ ਵਿੱਚ ਵਾਤਾਵਰਨ ਸੰਭਾਲ ਅਤੇ ਜਨਤਕ ਸੁਰੱਖਿਆ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਹੈ। ਭਾਰਤੀ ਨੇ ਸ਼ਮਸ਼ਾਨਘਾਟਾਂ ਵਿੱਚ ਲੱਕੜ ਦੀ ਬਜਾਏ ਸਨਾਤਨ ਧਰਮ ਦੇ ਗ੍ਰੰਥਾਂ ਵਿੱਚ ਵਰਣਿਤ ਪਵਿੱਤਰ ਗਊ ਗੋਬਰ ਤੇ ਪੰਚਗਵਿਆ ਤੋਂ ਬਣੇ 'ਗਊ-ਕਾਸ਼ਠ' (ਗੋਬਰ ਦੀਆਂ ਪਾਥੀਆਂ/ਲੱਠੇ) ਦੀ ਵਰਤੋਂ ਨੂੰ 50 ਤੋਂ 100 ਫੀਸਦੀ ਤੱਕ ਲਾਜ਼ਮੀ ਕਰਨ ਦੀ ਵਕਾਲਤ ਕੀਤੀ ਹੈ, ਜਿਸ ਨਾਲ ਹਰ ਸਾਲ ਕਰੋੜਾਂ ਰੁੱਖਾਂ ਨੂੰ ਕੱਟਣ ਤੋਂ ਬਚਾਇਆ ਜਾ ਸਕੇਗਾ।

ਪੇਂਡੂ ਸਵੈ-ਰੁਜ਼ਗਾਰ ਅਤੇ ਤਕਨੀਕ ਦੇ ਸੁਮੇਲ ਲਈ ਇਸ ਯੋਜਨਾ ਵਿੱਚ 'ਕੁਸ਼ਾਗਰ ਬੁੱਧੀਮੱਤਾ' (AI) ਤੇ ਆਧੁਨਿਕ ਪਸ਼ੂ ਚਿਕਿਤਸਾ ਪ੍ਰਣਾਲੀ ਦੀ ਵਰਤੋਂ 'ਤੇ ਜ਼ੋਰ ਦਿੱਤਾ ਗਿਆ ਹੈ। ਹਰੇਕ ਜ਼ਿਲ੍ਹੇ ਵਿੱਚ 24/7 ਪਸ਼ੂ ਐਂਬੂਲੈਂਸ 1962 ਅਤੇ ਅਤਿ-ਆਧੁਨਿਕ ਟਰਾਮਾ ਸੈਂਟਰਾਂ ਦੀ ਸਥਾਪਨਾ ਦੇ ਨਾਲ-ਨਾਲ ਪੜ੍ਹੇ-ਲਿਖੇ ਨੌਜਵਾਨਾਂ ਨੂੰ 'ਐਗਰੀ-ਟੈਕ' ਖੇਤਰ ਵਿੱਚ ਜੋੜਨ ਦਾ ਖਾਕਾ ਤਿਆਰ ਕੀਤਾ ਗਿਆ ਹੈ। ਦੂਜੇ ਪਾਸੇ, ਸਮਾਜ ਦੇ ਤਜ਼ਰਬੇਕਾਰ ਅਤੇ ਸੇਵਾਮੁਕਤ ਸੀਨੀਅਰ ਨਾਗਰਿਕਾਂ ਨੂੰ 'ਸਨਮਾਨਯੋਗ ਨਿਗਰਾਨ' ਵਜੋਂ ਨਿਯੁਕਤ ਕਰਨ ਦਾ ਸੁਝਾਅ ਦਿੱਤਾ ਗਿਆ ਹੈ, ਤਾਂ ਜੋ ਉਨ੍ਹਾਂ ਦੇ ਤਜ਼ਰਬੇ ਦਾ ਲਾਭ ਪ੍ਰਬੰਧਨ ਤੇ ਅਨੁਸ਼ਾਸਨ ਬਣਾਈ ਰੱਖਣ ਵਿੱਚ ਮਿਲ ਸਕੇ। ਭਾਰਤੀ ਨੇ ਵਿਸ਼ਵਾਸ ਪ੍ਰਗਟਾਇਆ ਹੈ ਕਿ ਉਨ੍ਹਾਂ ਦੇ ਪੂਜਨੀਕ ਪਿਤਾ ਸਵਰਗੀ ਸ੍ਰੀ ਓਮਪ੍ਰਕਾਸ਼ ਕੌਸ਼ਿਸ਼ ਦੇ ਸੇਵਾ ਆਦਰਸ਼ਾਂ ਤੋਂ ਪ੍ਰੇਰਿਤ ਇਹ ਕਾਰਜਯੋਜਨਾ ਨਾ ਸਿਰਫ਼ ਗਊ-ਵੰਸ਼ ਦੀ ਰੱਖਿਆ ਕਰੇਗੀ, ਸਗੋਂ ਭਾਰਤ ਨੂੰ ਵਿਸ਼ਵ ਪੱਧਰ 'ਤੇ 'ਆਰਗੈਨਿਕ ਫਾਰਮਿੰਗ' ਤੇ 'ਅਕਸ਼ੈ ਊਰਜਾ' ਦਾ ਕੇਂਦਰ ਬਣਾਏਗੀ।

## ਪੰਜਾਬੀ ਯੂਨੀਵਰਸਿਟੀ ਵਿਖੇ ਸਾਲਾਨਾ ਤੀਜੀ ਕਾਨਫ਼ਰੰਸ ਕਰਵਾਈ

ਪਟਿਆਲਾ, 14 ਮਾਰਚ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਦੇ ਮਕੈਨੀਕਲ ਇੰਜੀਨੀਅਰਿੰਗ ਵਿਭਾਗ ਵੱਲੋਂ ਸੈਨੇਟ ਹਾਲ ਵਿੱਚ ਸਲਾਨਾ ਤੀਜੀ ਕਾਨਫਰੰਸ ਦਾ ਉਦਘਾਟਨੀ ਸਮਾਰੋਹ ਕੀਤਾ ਗਿਆ। ਇਸ ਕਾਨਫਰੰਸ ਦਾ ਥੀਮ, 'ਰੀਸੇਂਟ ਟਰੈਂਡਜ਼ ਇਨ ਮਕੈਨੀਕਲ ਐਂਡ ਸਸਟੇਨੇਬਲ ਇੰਜੀਨੀਅਰਿੰਗ' ਹੈ। ਉਦਘਾਟਨੀ ਸਮਾਰੋਹ ਵਿੱਚ ਮੁੱਖ ਵਕਤਾ ਜਸਵੀਰ ਸਿੰਘ , ਸੀਨੀਅਰ ਡਾਇਰੈਕਟਰ ਟੈਨਕੋ ਇੰਡੀਆ ਸਨ ਤੇ ਸੁੰਦਰ ਸਿੰਘ, ਇੰਜੀਨੀਅਰਿੰਗ ਹੈਡ ਏਅਰਬੱਸ ਯੂਐਸਏ ਸਨ। ਜਸਬੀਰ ਸਿੰਘ, ਟੇਨੇਕੋ ਵਿੱਚ ਸੀਨੀਅਰ ਡਾਇਰੈਕਟਰ-ਓਪਰੇਸ਼ਨਜ਼ (ਭਾਰਤ) ਹਨ। ਉਹਨਾਂ ਕੋਲ ਆਟੋਮੋਟਿਵ ਮੈਨੂਫੈਕਚਰਿੰਗ ਉਦਯੋਗ ਵਿੱਚ 35 ਸਾਲ ਤੋਂ ਵੱਧ ਦਾ ਵਿਸ਼ਾਲ ਤਜਰਬਾ ਹੈ। ਇਸ ਕਾਨਫਰੰਸ ਦੇ ਮੁੱਖ ਮਹਿਮਾਨ ਡਾ. ਜਸਵਿੰਦਰ ਸਿੰਘ ਬਰਾੜ ਡੀਨ ਅਕਾਦਮਿਕ ਮਾਮਲੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਸਨ। ਮਕੈਨੀਕਲ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਪ੍ਰੋਫੈਸਰ ਵਿਨੋਦ ਕੁਮਾਰ ਨੇ ਆਪਣੇ ਸਵਾਗਤੀ ਭਾਸ਼ਣ ਵਿੱਚ ਕਿਹਾ ਕਿ ਮਕੈਨੀਕਲ ਇੰਜੀਨੀਅਰਿੰਗ ਅੱਜ ਦੇ ਸਮੇਂ ਸਾਰੀ ਤਰ੍ਹਾਂ ਦੇ ਉਤਪਾਦਨ ਦੀ ਰੀੜ ਦੀ ਹੱਡੀ ਹੈ। ਉਤਪਾਦਨ ਵਿੱਚ ਵਰਤੇ ਜਾਂਦੇ ਸਰੋਤਾਂ ਦੀ ਵਰਤੋਂ ਵਾਤਾਵਰਨ ਨੂੰ ਮੁੱਖ ਰੱਖ ਕੇ ਇਸ ਦੀ ਮਹੱਤਤਾ ਨੂੰ ਸਮਝਣਾ ਚਾਹੀਦਾ ਹੈ ਅਤੇ ਇਸ ਤਰ੍ਹਾਂ ਦੀਆਂ ਸਸਟੇਨੇਬਲ ਇੰਜੀਨੀਅਰਿੰਗ ਬਾਰੇ ਅਕਾਦਮਿਕ ਮਾਹੌਲ ਵਿੱਚ ਗੱਲਬਾਤ ਕਰਨੀ ਬਹੁਤ ਮਹੱਤਵਪੂਰਨ ਹੈ। ਇਸ ਮੁੱਖ ਮਹਿਮਾਨ ਡਾ. ਬਲਰਾਜ ਸਿੰਘ ਸੈਣੀ ਡੀਨ ਕਾਲਜਾਂ ਸਨ। ਇਸ



ਕਾਨਫਰੰਸ ਦੇ ਕਨਵੀਨਰ ਡਾ. ਰੌਸ਼ਨ ਲਾਲ ਵਿਰਦੀ ਨੇ ਕਾਨਫਰੰਸ ਦੇ ਥੀਮ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਅੱਜ ਦੇ ਸਮੇਂ ਮਕੈਨੀਕਲ ਇੰਜੀਨੀਅਰਜ਼ ਸਿਰ, ਸਗੋਂ ਉਹ ਆਰਟੀਫਿਸੀਅਲ ਇੰਟੈਲੀਜੈਂਸ, ਸਮਾਰਟ ਮੈਟੀਰੀਅਲ ਅਤੇ ਹੋਰ ਮਨੁੱਖੀ ਜੀਵਨ ਨਾਲ਼ ਸਬੰਧਤ ਮਹੱਤਵਪੂਰਨ ਤਕਨੀਕਾਂ ਵਿੱਚ ਵੀ ਮੋਹਰੀ ਭੂਮਿਕਾ ਨਿਭਾ ਰਹੇ ਹਨ। ਉਹਨਾਂ ਦੱਸਿਆ ਕਿ ਵਿਭਾਗ ਦੀ ਇਸ ਤਰ੍ਹਾਂ ਦੀ ਸਾਲਾਨਾ ਕਾਨਫਰੰਸ ਦਾ ਸਿਲਸਿਲਾ ਸ਼ੁਰੂ ਕੀਤਾ ਗਿਆ ਸੀ ਜੋ ਕਿ ਡਾ. ਬਲਰਾਜ ਸਿੰਘ ਸੈਣੀ ਅਤੇ ਡਾ. ਖੁਸ਼ਦੀਪ ਗੋਇਲ ਵੱਲੋਂ ਕੀਤਾ ਗਿਆ ਸੀ। ਇਸੇ ਲਿਗੇਸੀ ਦੀ ਲਗਾਤਾਰਤਾ ਵਿੱਚ ਇਹ ਤੀਜੀ ਕਾਨਫਰੰਸ ਕੀਤੀ ਗਈ ਹੈ। ਇਸ ਕਾਨਫਰੰਸ ਦੇ ਆਰਗੇਨਾਈਜਿੰਗ ਸਕੱਤਰ ਡਾ. ਦਵਿੰਦਰ ਸਿੰਘ ਨੇ ਦੱਸਿਆ ਕਿ ਕਾਨਫਰੰਸ ਵਿੱਚ ਕੁੱਲ 50 ਤੋਂ ਜ਼ਿਆਦਾ ਖੋਜ ਪੱਤਰ ਆਏ ਅਤੇ ਪੰਜ ਟਰੈਕ ਵਿੱਚ ਇਹਨਾਂ ਦੇ ਪੇਸ਼ਕਸ਼ ਹੋਈ। ਸ਼ਾਮ ਨੂੰ ਵੈਲੀਡੀਕਟਰੀ ਸਮਾਰੋਹ ਵਿੱਚ ਸਮਾਰੋਹ ਵਿੱਚ 50 ਤੋਂ ਵੱਧ ਡੈਲੀਗੇਟ ਅਤੇ ਵੱਖ-ਵੱਖ ਵਿਭਾਗਾਂ ਤੋਂ ਪ੍ਰੋਫੈਸਰਜ਼ ਅਤੇ ਮਕੈਨੀਕਲ ਇੰਜੀਨੀਅਰਿੰਗ ਵਿਭਾਗ ਦੇ ਵਿਦਿਆਰਥੀ ਹਾਜ਼ਿਰ ਸਨ।

ਮੰਚ ਸੰਚਾਲਨ ਡਾ. ਦਵਿੰਦਰ ਸਿੰਘ ਵੱਲੋਂ ਬਾਖੂਬੀ ਕੀਤਾ ਗਿਆ। ਇਸ ਮੌਕੇ ਡੀਨ ਇੰਜੀਨੀਅਰਿੰਗ ਡਾ. ਮਨਜੀਤ ਸਿੰਘ ਭਾਂਬਰਾਂ, ਡੀਨ ਕਾਲਜਜ਼ ਡਾ. ਬਲਰਾਜ ਸਿੰਘ ਸੈਣੀ ਤੋਂ ਇਲਾਵਾ ਮਕੈਨੀਕਲ ਇੰਜੀਨੀਅਰਿੰਗ ਵਿਭਾਗ ਦੇ ਸਮੂਹ ਅਧਿਆਪਕ ਸਾਹਿਬਾਨ ਤੇ ਨਾਨ ਟੀਚਿੰਗ ਕਰਮਚਾਰੀ ਹਾਜ਼ਰ ਸਨ। ਕਾਨਫਰੰਸ ਦੇ ਕੋਆਰਡੀਨੇਟਰਜ਼ ਡਾ. ਸੰਦੀਪ ਸਿੰਘ, ਡਾ. ਸਿਮਰਨਜੀਤ ਸਿੰਘ ਸਿੱਧੂ, ਡਾ ਬਲਜਿੰਦਰ ਰਾਮ, ਡਾ. ਲਕਸ਼ਮੀ ਸ਼ੰਕਰ ਅਤੇ ਡਾ ਸੁਖਪਾਲ ਸਿੰਘ ਚੱਠਾ ਅਤੇ ਡਾ ਪ੍ਰਦੀਪ ਜਿੰਦਲ ਅਤੇ ਡਾ. ਰਾਕੇਸ਼ ਭਾਟੀਆ ਨੇ ਇਸ ਕਾਨਫਰੰਸ ਨੂੰ ਸਫਲਤਾਪੂਰਵਕ ਨੇਪਰੇ ਚੜ੍ਹਾਉਣ ਲਈ ਖੂਬ ਮਿਹਨਤ ਕੀਤੀ।

## ਵਿਦਿਆਰਥੀਆਂ ਨੂੰ ਸਿਹਤਮੰਦ, ਸੁਰੱਖਿਅਤ ਤੇ ਖੁਸ਼ਹਾਲ ਬਣਾਉਣ ਲਈ ਮਿਸ਼ਨ ਸ਼ੁਰੂ : ਡਾ. ਰਾਕੇਸ਼ ਵਰਮੀ

ਪਟਿਆਲਾ, 14 ਮਾਰਚ (ਚ.ਨ.ਸ.) : ਅੰਤਰਰਾਸ਼ਟਰੀ ਮਹਿਲਾ ਸਨਮਾਨ ਦਿਵਸ਼ ਮੌਕੇ ਡੈਡੀਕੇਟਿਡ ਬ੍ਰਦਰਜ਼ ਗਰੁੱਪ ਵਲੋਂ ਵੱਖ ਵੱਖ ਗੁਰੂ ਅਧਿਆਪਕਾਂ ਨੂੰ ਸਨਮਾਨਿਤ ਕਰਦੇ ਹੋਏ ਫੈਸਲਾ ਕੀਤਾ ਕਿ ਅਪ੍ਰੈਲ ਤੋਂ ਸਿੱਖਿਆ ਸੰਸਥਾਵਾਂ ਵਿਖੇ ਵਿਦਿਆਰਥੀਆਂ ਨੂੰ ਚੰਗੀ ਸਿਹਤ, ਤੰਦਰੁਸਤੀ, ਅਰੋਗਤਾ, ਸੁਰੱਖਿਆ, ਸਨਮਾਨ, ਖੁਸ਼ਹਾਲੀ ਉਨਤੀ ਤੇ ਭਵਿੱਖ ਦੀਆਂ ਚਨੌਤੀਆ ਦਾ ਸਾਮਣਾ ਕਰਨ ਲਈ ਜਾਗਰੂਕ ਕਰਨ ਦੇ ਮਿਸ਼ਨ ਸ਼ੁਰੂ ਕੀਤੇ ਜਾਣਗੇ ਤਾਂ ਜੋ ਬੱਚਿਆਂ ਤੇ ਨਾਬਾਲਗਾਂ ਨੂੰ ਨਸ਼ਿਆਂ, ਆਵਾਜਾਈ ਹਾਦਸਿਆਂ, ਅਪਰਾਧਾਂ, ਮਾੜੇ ਅਨਸਰਾਂ ਤੇ ਮਾੜੀਆਂ ਆਦਤਾਂ ਤੋਂ ਬਚਾਇਆ ਜਾਵੇ, ਇਹ ਵਿਚਾਰ ਡਾਕਟਰ ਰਾਕੇਸ਼ ਵਰਮੀ ਪ੍ਰਧਾਨ, ਹਰਪ੍ਰੀਤ ਸਿੰਘ ਸੰਧੂ ਸਕੱਤਰ ਵਲੋਂ ਸਰਕਾਰੀ ਸਟੇਟ ਸਿੱਖਿਆ ਕਾਲਜ ਪਟਿਆਲਾ ਦੇ ਪ੍ਰਿੰਸੀਪਲ, ਡਾ. ਵਨਿਤਾ ਜੀ, ਗੁਰੂ ਹਰਗੋਬਿੰਦ ਸਾਹਿਬ ਲੜਕੀਆਂ ਦੇ ਕਾਲਜ ਕਰਹਾਲੀ ਸਾਹਿਬ ਦੇ ਪ੍ਰਿੰਸੀਪਲ ਡਾਕਟਰ ਹਰਸਿਮਰਨ ਕੌਰ, ਮੋਦੀ ਬਿਕਰਮ ਕਾਲਜਾਂ ਤੇ ਸਕੂਲਾਂ ਦੇ ਗੁਰੂ ਅਧਿਆਪਕਾਂ ਤੇ ਨਗਰ ਨਿਗਮ ਕਾਊਂਸਲਰ ਸ੍ਰੀ ਸਾਹਨੀ ਦੇ ਵੱਡਮੁੱਲੇ ਸੁਝਾਵਾਂ ਨੂੰ ਪ੍ਰਵਾਨ ਤੇ ਧੰਨਵਾਦ ਕਰਦਿਆਂ ਪ੍ਰਗਟ ਕੀਤੇ। ਆਏ ਮਹਿਮਾਨਾਂ ਵੱਲੋਂ ਡੈਡੀਕੇਟਿਡ ਬ੍ਰਦਰਜ਼ ਗਰੁੱਪ ਵੱਲੋਂ ਕੀਤੇ ਜਾ ਰਹੇ ਮਾਨਵਤਾਵਾਦੀ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬੱਚਿਆਂ ਅਤੇ ਨੌਜਵਾਨਾਂ ਨੂੰ ਸਿਹਤਮੰਦ, ਸੁਰੱਖਿਅਤ, ਖੁਸ਼ਹਾਲ ਤੇ ਜ਼ੁੰਮੇਵਾਰ, ਵਫ਼ਾਦਾਰ ਨਾਗਰਿਕ ਬਣਾਉਣ, ਵਾਸਤੇ ਵਿਸ਼ਾ ਮਾਹਿਰਾਂ ਤੇ ਫੰਡਾਂ ਦੀ ਕਮੀਆਂ ਕਾਰਨ ਬੱਚੇ, ਨਾਬਾਲਗ ਤੇ ਮਾਪੇ ਵਾਂਝੇ ਰਹਿ ਜਾਂਦੇ ਹਨ। ਡਾ. ਰਿਸ਼ਮਾਂ ਕੌਹਲੀ ਅਤੇ ਫਸਟ ਏਡ, ਸੇਫਟੀ, ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ ਟ੍ਰੇਨਰ ਕਾਕਾ ਰਾਮ ਵਰਮਾ ਨੇ ਦੱਸਿਆ ਕਿ ਡੀ ਬੀ ਜੀ ਵੱਲੋਂ ਵਿਦਿਆਰਥੀਆਂ ਨੂੰ ਨਿਰੰਤਰ, ਸਾਰਾ ਸਾਲ ਜਾਗਰੂਕ ਕਰਨ ਲਈ ਸਿੱਖਿਆ ਸੰਸਥਾਵਾਂ ਵਿਖੇ ਜਾਗ੍ਰਿਤੀ ਕਲੱਬ ਬਣਾਏ ਜਾ ਰਹੇ ਹਨ। ਡਾਕਟਰ ਰਾਕੇਸ਼ ਵਰਮੀ ਨੇ ਕਿਹਾ ਕਿ ਸੰਸਥਾ ਦੇ ਮੈਂਬਰਾਂ ਅਤੇ ਵਿਸ਼ਾ ਮਾਹਿਰਾਂ ਰਾਹੀਂ ਵਿਦਿਆਰਥੀਆਂ, ਅਧਿਆਪਕਾਂ ਅਤੇ ਉਨ੍ਹਾਂ ਰਾਹੀਂ ਮਾਪਿਆਂ ਨੂੰ ਦਿਲ ਦੇ ਦੌਰੇ, ਕਾਰਡੀਅਕ ਅਰੈਸਟ, ਆਫ਼ਤ ਪ੍ਰਬੰਧਨ, ਫਸਟ ਏਡ, ਸੀ ਪੀ ਆਰ, ਫਾਇਰ ਸੇਫਟੀ, ਸਿਲੰਡਰਾਂ ਦੀ ਵਰਤੋਂ, ਬੇਹੋਸ਼ੀ, ਸਦਮੇਂ, ਸ਼ੂਗਰ, ਬਲੱਡ ਪਰੈਸ਼ਰ, ਕੈਂਸਰ, ਆਵਾਜਾਈ ਸੁਰੱਖਿਆ, ਕਿਡਨੈਪਿੰਗ, ਸੰਤੁਲਿਤ ਭੋਜਨ, ਸੰਸਕਾਰਾਂ ਮਰਿਆਦਾਵਾਂ, ਫਰਜ਼ਾਂ, ਜ਼ਿੰਮੇਵਾਰੀਆਂ, ਸਹਿਣਸ਼ੀਲਤਾ, ਨਿਮਰਤਾ ਸਬਰ ਸ਼ਾਂਤੀ, ਆਗਿਆ ਪਾਲਣ, ਸਖ਼ਤ ਮਿਹਨਤ ਇਮਾਨਦਾਰੀ ਬਾਰੇ ਜਾਣਕਾਰੀਆਂ ਅਤੇ ਟ੍ਰੇਨਿੰਗਾਂ ਦਿੱਤੀਆਂ ਜਾ ਰਹੀਆਂ ਹਨ, ਵਿਦਿਆਰਥੀਆਂ, ਬਜ਼ੁਰਗਾਂ ਤੇ ਅਧਿਆਪਕਾਂ ਦੇ ਮੈਡੀਕਲ ਚੈੱਕਅਪ ਵੀ ਕਰਵਾਏ ਜਾਂਦੇ ਹਨ। ਡੈਡੀਕੇਟਿਡ ਬ੍ਰਦਰਜ਼ ਗਰੁੱਪ ਵੱਲੋਂ ਬਣਾਏ 34 ਪ੍ਰੋਜੈਕਟ ਇੰਚਾਰਜਾਂ ਰਾਹੀਂ ਲੋੜਮੰਦ ਵਿਦਿਆਰਥੀਆਂ, ਬਜ਼ੁਰਗਾਂ, ਬਿਮਾਰਾਂ ਦੇ ਇਲਾਜ ਲਈ ਵੱਧ ਤੋਂ ਵੱਧ ਮਾਲੀ ਮਦਦ ਵੀ ਕੀਤੀਆਂ ਜਾਂਦੀਆਂ ਹਨ।

## ਪਰਮਿੰਦਰ ਭਲਵਾਨ ਵੱਲੋਂ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਲਈ ਸਨਮਾਨ

ਪਟਿਆਲਾ, 14 ਮਾਰਚ (ਚ.ਨ.ਸ.): ਪੰਜਾਬ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਜੋ ਕਿ ਪਿਛਲੇ ਪੰਦਰਾਂ ਸਾਲਾਂ ਤੋਂ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ ਵਿੱਚ ਨਸ਼ਿਆਂ ਵਿਰੁੱਧ ਕੰਮ ਕਰ ਰਹੀਆਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੀ ਟੀਮ ਸ਼ਹੀਦ ਏ ਆਜ਼ਮ ਸਰਦਾਰ ਭਗਤ ਸਿੰਘ ਰਾਜ ਯੁਵਾ ਪੁਰਸਕਾਰ ਵਿਜੇਤਾ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੂੰ ਨਸ਼ਾ ਮੁਕਤ ਭਾਰਤ ਅਭਿਆਨ, ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਦੋ ਸਾਲਾਂ ਵਿਚ ਪੰਜਾਬ ਦੇ ਵੱਖ ਵੱਖ ਸ਼ਹਿਰਾਂ, ਪਿੰਡਾਂ , ਕਸਬਿਆਂ, ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਵਿੱਚ ਤਕਰੀਬਨ 500 ਤੋਂ ਉਪਰ ਸੈਮੀਨਾਰ, ਰੈਲੀਆਂ, ਨੁੱਕੜ ਨਾਟਕਾਂ ਦਾ ਆਯੋਜਨ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਕਰਨ ਲਈ ਅਤੇ ਉਹਨਾਂ ਦੀ ਟੀਮ ਪਿਛਲੇ ਵੱਲੋਂ 15 ਸਾਲਾਂ ਤੋਂ ਨਸ਼ਿਆਂ ਵਿਰੁੱਧ ਤਕਰੀਬਨ 4000 ਤੋਂ ਵੱਧ ਜਾਗਰੂਕਤਾ ਪ੍ਰੋਗਰਾਮ ਨੂੰ ਆਯੋਜਿਤ ਕਰਨ ਲਈ ਡਾਕਟਰ ਡਾਕਟਰ ਮਲਕੀਤ ਸਿੰਘ ਮਾਨ ਸਹਾਇਕ ਡਾਇਰੈਕਟਰ




ਯੁਵਕ ਸੇਵਾਵਾਂ ਵਿਭਾਗ ਪਟਿਆਲਾ, ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ ਧਾਲੀਵਾਲ, ਡਾਕਟਰ ਅਨਹਦ ਗਿੱਲ ਪ੍ਰੋਗਰਾਮ ਕੋਆਰਡੀਨੇਟਰ ਐਨ ਐਸ ਐਸ ਵਿਭਾਗ ਪੰਜਾਬੀ ਯੂਨੀਵਰਸਿਟੀ, ਡਾਕਟਰ ਵਨੀਤਾ ਰਾਣੀ ਪ੍ਰਿੰਸੀਪਲ ਸਟੇਟ ਕਾਲਜ ਆਫ ਐਜੂਕੇਸ਼ਨ ਵੱਲੋਂ ਸਨਮਾਨਿਤ ਕੀਤਾ ਗਿਆ।ਇਸ ਮੌਕੇ ਡਾਕਟਰ ਮਲਕੀਤ ਮਾਨ, ਡਾਕਟਰ ਅਨਹਦ ਗਿੱਲ, ਨਵਜੋਤ ਧਾਲੀਵਾਲ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਪਬਲਿਕ ਨੂੰ ਅੱਗੇ ਆ ਕੇ ਸਹਿਯੋਗ ਕਰਨਾ ਚਾਹੀਦਾ ਹੈ ਤਾਂ ਹੀ ਅਸੀਂ ਆਪਣੇ ਬੱਚਿਆਂ ਨੂੰ ਨਸ਼ਿਆਂ ਤੋਂ ਬਚਾਉਣ ਵਿਚ ਸਫ਼ਲ ਹੋ ਸਕਾਂਗੇ। ਉਹਨਾਂ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਸਾਨੂੰ ਸਾਰਿਆਂ ਨੂੰ ਇੱਕਜੁੱਟ ਹੋ ਕੇ ਅੱਗੇ ਆਉਣਾ ਚਾਹੀਦਾ ਹੈ।ਉਹਨਾਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਦੀ ਟੀਮ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਹਨਾਂ ਵਲੋਂ ਨਸ਼ਿਆਂ ਵਿਰੁੱਧ ਨੌਜਵਾਨਾ ਨੂੰ ਜਾਗਰੂਕ ਕਰਨ ਲਈ ਛੇੜੀ ਹੋਈ ਹੈ। ਇਸ ਮੌਕੇ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਨੇ ਯੁਵਕ ਸੇਵਾਵਾਂ ਵਿਭਾਗ ਪੰਜਾਬ ਦੇ ਸਹਾਇਕ ਡਾਇਰੈਕਟਰ ਮਲਕੀਤ ਸਿੰਘ ਮਾਨ, ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਧਾਲੀਵਾਲ, ਪੰਜਾਬੀ ਯੂਨੀਵਰਸਿਟੀ ਦੇ ਐਨ ਐਸ ਐਸ ਪ੍ਰੋਗਰਾਮ ਕੋਆਰਡੀਨੇਟਰ ਡਾਕਟਰ ਅਨਹਦ ਗਿੱਲ ਨੂੰ ਭਰੋਸਾ ਦਿਵਾਇਆ ਕਿ ਉਹਨਾਂ ਦੀ ਟੀਮ ਹਮੇਸ਼ਾ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਲਈ ਜ਼ਿਲ੍ਹਾ ਪ੍ਰਸ਼ਾਸਨ , ਪੁਲਿਸ ਪ੍ਰਸ਼ਾਸਨ ਅਤੇ, ਯੁਵਕ ਸੇਵਾਵਾਂ ਵਿਭਾਗ,ਖੇਡ ਵਿਭਾਗ ਅਤੇ ਪੰਜਾਬੀ ਯੂਨੀਵਰਸਿਟੀ ਦੇ ਨਾਲ ਜੁੜੇ ਕਾਲਜਾਂ ਨਾਲ ਮਿਲਕੇ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਦਾ ਆਯੋਜਨ ਕਰਨ ਗਈਆਂ ਅਤੇ ਨੌਜਵਾਨਾ ਅਤੇ ਪਬਲਿਕ ਨੂੰ ਨਸ਼ਿਆਂ ਵਿਰੁੱਧ ਜਾਗਰੂਕਤਾ ਲਈ ਡਰੱਗ ਫਰੀ ਵਰਲਡ ਕੈਲੀਫੋਰਨੀਆ ਦੇ ਸਹਿਯੋਗ ਨਾਲ ਮੁਫ਼ਤ ਕਿਤਾਬਾਂ ਵੀ ਵੰਡੀਆਂ ਜਾਣਗੀਆਂ। ਇਸ ਮੌਕੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਟ੍ਰੇਨਿੰਗ ਅਫ਼ਸਰ ਸਰਕਾਰੀ ਆਈ ਟੀ ਆਈ ਲੜਕੇ , ਸੁਖਵੰਤ ਸਿੰਘ ਟ੍ਰੇਨਿੰਗ ਅਫ਼ਸਰ ਆਈ ਟੀ ਆਈ ਲੜਕੇ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ , ਹਰਮਨਜੀਤ ਸਿੰਘ ਰੰਧਾਵਾ , ਗੁਰਜੀਤ ਸਿੰਘ ਲੱਕੀ ਹਰਦਾਸਪੁਰ , ਭਿੰਦਰ ਜਲਵੇੜਾ ਵੀ ਹਾਜ਼ਰ ਸਨ।

## ਹੈਰੋਇਨ ਦਾ ਨਸ਼ਾ ਕਰ ਰਿਹਾ ਨੌਜਵਾਨ ਕਾਬੂ

ਸਮਾਣਾ, 14 ਮਾਰਚ (ਵਿਜੇ ਕੁਮਾਰ): ਸਿਟੀ ਪੁਲਿਸ ਨੇ ਹੈਰੋਇਨ ਦਾ ਨਸ਼ਾ ਕਰ ਰਹੇ ਇੱਕ ਨੌਜਵਾਨ ਨੂੰ ਲਾਈਟਰ, ਪੰਨੀ ਤੇ ਫ਼ਾਇਲ ਪੇਪਰ ਸਮੇਤ ਕਾਬੂ ਕਰਕੇ ਉਸ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਜਸਦੀਪ ਸਿੰਘ ਨਿਵਾਸੀ ਮਲਕਾਣਾ, ਸਮਾਣਾ ਵਜੋਂ ਹੋਈ ਹੈ।ਸਿਟੀ ਪੁਲਿਸ ਇੰਚਾਰਜ ਬਲਜੀਤ ਸਿੰਘ ਨੇ ਦੱਸਿਆ ਕਿ ਏ.ਐਸ.ਆਈ. ਗੁਰਪ੍ਰੀਤ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਰਾਜੌਰੀ ਗਾਰਡਨ ਕਾਲੋਨੀ, ਸਮਾਣਾ ਵਿੱਚ ਮੌਜੂਦ ਸਨ। ਪੁਲਿਸ ਪਾਰਟੀ ਵੱਲੋਂ ਮਾਰੇ ਗਏ ਛਾਪੇ ਦੌਰਾਨ ਇੱਕ ਲਾਈਟਰ, ਫ਼ਾਇਲ ਪੰਨੀ ਤੇ ਫ਼ਾਇਲ ਪੇਪਰ ਬਰਾਮਦ ਹੋਣ 'ਤੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਅਧਿਕਾਰੀ ਅਨੁਸਾਰ, ਮਾਨਯੋਗ ਅਦਾਲਤ ਦੇ ਹੁਕਮਾਂ 'ਤੇ ਮੁਲਜ਼ਮ ਨੂੰ ਜੇਲ੍ਹ ਭੇਜ ਦਿੱਤਾ ਗਿਆ ਹੈ।

## ਮਨਜੀਤ ਸਿੰਘ ਦਸੂਹਾ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਹੁਸ਼ਿਆਰਪੁਰ ਦੇ ਪ੍ਰਧਾਨ ਨਿਯੁਕਤ

ਪਟਿਆਲਾ, 14 ਮਾਰਚ (ਅਰਮਜੀਤ ਸਿੰਘ): ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਦੋ ਦਸੰਬਰ 2024 ਨੂੰ ਸਪੱਸ਼ਟ ਆਦੇਸ਼ ਸੀ ਕਿ ਅਗਵਾਈ ਕਰਨ ਦਾ ਨੈਤਿਕ ਅਧਿਕਾਰ ਗਵਾ ਚੁੱਕੀ ਲੀਡਰਸ਼ਿਪ ਦੀ ਥਾਂ ਨਵੀਂ ਲੀਡਰਸ਼ਿਪ ਉਭਾਰ ਕੇ ਪੰਥ ਦੀ ਜਮਾਤ ਅਕਾਲੀ ਦਲ ਨੂੰ ਮਜ਼ਬੂਤ ਕੀਤਾ ਜਾਵੇ। ਪਰ ਕੁਝ ਲੋਕ ਅੱਜ ਅਹੁਦਿਆਂ ਦੇ ਲਾਲਚ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਨੂੰ ਪਿੱਠ ਦਿਖਾ ਕੇ ਮੁੜ ਭਗੌੜਾ ਦਲ ਵਿੱਚ ਸ਼ਾਮਿਲ ਹੋ ਰਹੇ ਹਨ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਦਫਤਰ ਸਕੱਤਰ ਸ ਜਗਜੀਤ ਸਿੰਘ ਕੋਹਲੀ ਨੇ ਇੱਕ ਲਿਖਤੀ ਬਿਆਨ ਵਿੱਚ ਕੀਤਾ। ਉਹਨਾਂ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੁਨਰ ਸੁਰਜੀਤ ਹੋਏ ਅਕਾਲੀ ਦਲ ਨੂੰ ਛੱਡਣ ਵਾਲਿਆਂ ਨੇ ਗੁਰੂ ਪੰਥ ਵੱਲ ਪਿੱਠ ਕਰ ਲਈ ਹੈ, ਜੋ ਨਾ ਗੁਰੂ ਮਾਫ ਕਰੇਗਾ ਤੇ ਨਾ ਹੀ ਪੰਥ ਮਾਫ ਕਰੇਗਾ।



ਉਹਨਾਂ ਨੇ ਕਿਹਾ ਕਿ ਜਥੇਬੰਦੀ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਆਦੇਸ਼ ਅਨੁਸਾਰ ਮਨਜੀਤ ਸਿੰਘ ਦਸੂਹਾ ਨੂੰ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦਾ ਜ਼ਿਲ੍ਹਾ ਹੁਸ਼ਿਆਰਪੁਰ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਸ ਜਗਜੀਤ ਸਿੰਘ ਕੋਹਲੀ ਨੇ ਸਮੂਹ ਸੰਗਤਾਂ, ਵਰਕਰਾਂ ਅਤੇ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਮਨਜੀਤ ਸਿੰਘ ਦਸੂਹਾ ਦਾ ਭਰਪੂਰ ਸਾਥ ਦੇਣ।

### ਪਟਿਆਲਾ ਜੇਲ੍ਹ 'ਚੋਂ ਆਈ ਧਮਕੀ, ਆਪਣੇ ਬੱਚਿਆਂ ਨੂੰ ਬਚਾ ਕੇ ਰੱਖੋ ਨਹੀਂ ਤਾਂ ...

## ਜੇਲ 'ਚ ਬੰਦ ਪਤੀ ਨਾਲ ਬੈਰਕ ਵਿੱਚ ਰਹਿ ਰਹੇ ਗੈਂਗਸਟਰਾਂ ਵੱਲੋਂ ਪਤਨੀ ਨੂੰ ਧਮਕੀਆਂ

ਪਟਿਆਲਾ, 14 ਮਾਰਚ (ਪੱਤਰ ਪ੍ਰੇਰਕ): ਪਟਿਆਲਾ ਦੀ ਕੇਂਦਰੀ ਜੇਲ ਵਿੱਚ ਬੰਦ ਨੀਲਪਾਲ ਸਿੰਘ ਦੀ ਪਤਨੀ ਪਰਵਿੰਦਰਜੀਤ ਕੌਰ ਨੇ ਅੱਜ ਚੜਦੀਕਲਾ ਦਫਤਰ ਵਿਖੇ ਪਹੁੰਚ ਕੇ ਇੱਕ ਹੈਰਾਨ ਕਰਨ ਵਾਲਾ ਮਾਮਲਾ ਪ੍ਰਸ਼ਾਸਨ ਦੇ ਸਾਹਮਣੇ ਲਿਆਉਣ ਦੀ ਕੋਸ਼ਿਸ਼ ਕੀਤੀ ਹੈ। ਪਰਵਿੰਦਰਜੀਤ ਕੌਰ ਨੇ ਦੱਸਿਆ ਕਿ ਉਸ ਦਾ ਪਤੀ ਨੀਲਪਾਲ ਸਿੰਘ ਵਾਸੀ ਪਿੰਡ ਜਨਸੂਹੀ ਜ਼ਿਲ੍ਹਾ ਅੰਬਾਲਾ ਲਗਭਗ ਪੰਜ ਮਹੀਨਿਆਂ ਤੋਂ ਬੰਦ ਹੈ। ਉਸ ਦੇ ਪਤੀ ਨਾਲ ਮੁਰਗੀ ਹਾਤਾ ਵਿੱਚ ਗਗਨਦੀਪ ਅਤੇ ਰੋਹਿਤ ਨਾਮ ਦੇ ਕੁਝ ਹੋਰ ਨੌਜਵਾਨਾ ਨਾਲ ਕਈ ਹੋਰ ਨੌਜਵਾਨ ਵੀ ਬੰਦ ਹਨ।



ਪਰਵਿੰਦਰਜੀਤ ਕੌਰ ਨੇ ਦੱਸਿਆ ਕਿ ਉਸ ਦੇ ਪਤੀ ਨਾਲ ਜੇਲ੍ਹ ਦੇ ਅੰਦਰ ਫੋਨ ਨੂੰ ਲੈ ਕੇ ਇਹਨਾਂ ਅਪਰਾਧਿਕ ਕਿਸਮ ਦੇ ਵਿਅਕਤੀਆਂ ਦੀ ਤੂੰ-ਤੂੰ ਮੈਂ-ਮੈਂ ਹੋ ਗਈ। ਮੇਰੇ ਪਤੀ ਦੀ ਇਹਨਾਂ ਨੇ ਕੁੱਟਮਾਰ ਕੀਤੀ ਅਤੇ ਉਸਦੇ ਹੱਥ ਅਤੇ ਗੁਪਤ ਅੰਗ 'ਤੇ ਸੱਟ ਵੀ ਮਾਰੀ, ਜਿਸ ਕਰਕੇ ਨਾ ਤਾਂ ਮੇਰੇ ਪਤੀ ਦਾ ਅੱਜ ਤੱਕ ਇਲਾਜ ਹੋਇਆ ਅਤੇ ਨਾ ਹੀ ਮੇਰੇ ਪਤੀ ਦੀ ਦੇਖਭਾਲ ਹੋ ਰਹੀ ਹੈ। ਪਰਵਿੰਦਰਜੀਤ ਕੌਰ ਨੇ ਦੱਸਿਆ ਕਿ ਮੈਂ ਅੱਜ ਮੇਰੇ ਪਤੀ ਨਾਲ ਜੇਲ੍ਹ ਅੰਦਰ ਮੁਲਾਕਾਤ ਕਰਕੇ ਆਈ ਹਾਂ ਜੋ ਸਾਰੀ ਜਾਣਕਾਰੀ ਮੇਰੇ ਪਤੀ ਨੇ ਮੈਨੂੰ ਦਿੱਤੀ। ਉਸ ਤੋਂ ਬਾਅਦ ਇਹਨਾਂ ਨੇ ਮੇਰਾ ਨੰਬਰ ਮੇਰੇ ਪਤੀ ਤੋਂ ਡਰਾ ਕੇ ਲੈ ਕੇ ਮੈਨੂੰ ਕਾਲਾਂ ਕਰਨੀਆਂ ਸ਼ੁਰੂ ਕਰ ਦਿੱਤੀਆਂ। ਪਰਵਿੰਦਰਜੀਤ ਕੌਰ ਨੇ ਕਿਹਾ ਕਿ ਮੈਂ ਇਸ ਸਬੰਧੀ ਬਕਾਇਦਾ ਦਰਖਾਸਤ ਐਸਐਸਪੀ ਪਟਿਆਲਾ ਅਤੇ ਤ੍ਰਿਪੜੀ ਥਾਣੇ ਦਿੱਤੀ ਹੈ ਪਰ ਅਜੇ ਵੀ ਨਾ ਤਾਂ ਕੋਈ ਕਾਰਵਾਈ ਹੋਈ ਅਤੇ ਨਾ ਹੀ ਇਹਨਾਂ ਗੈਂਗ ਕਿਸਮ ਦੇ ਵਿਅਕਤੀਆਂ ਤੋਂ ਪੁੱਛਗਿਛ ਹੋਈ ਅਤੇ ਮੈਨੂੰ ਅਜੇ ਵੀ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਸਖਤ ਕਾਰਵਾਈ ਦੀ ਮੰਗ ਕੀਤੀ ਅਤੇ ਆਪਣੇ ਪਰਿਵਾਰ ਦੇ ਬਚਾਅ ਲਈ ਗੁਹਾਰ ਲਗਾਈ।

## ਮਿਲੇਨੀਅਮ ਵਰਲਡ ਸਕੂਲ 'ਚ ਪ੍ਰਾਇਮਰੀ ਸੈਕਸ਼ਨ ਦੇ ਨਵੇਂ ਭਵਨ ਦਾ ਸ਼ਾਨਦਾਰ ਉਦਘਾਟਨ

ਸਮਾਣਾ, 13 ਮਾਰਚ (ਵਿਜੇ ਗਰਗ/ਹਰਜਿੰਦਰ ਸਿੰਘ): ਮਿਲੇਨੀਅਮ ਵਰਲਡ ਸਕੂਲ, ਸਮਾਣਾ ਵਿੱਚ ਕਲਾਸ 1 ਤੋਂ 5 ਤੱਕ ਦੇ ਵਿਦਿਆਰਥੀਆਂ ਲਈ ਬਣਾਏ ਗਏ ਪ੍ਰਾਈਮਰੀ ਸੈਕਸ਼ਨ ਦੇ ਨਵੇਂ ਭਵਨ ਦਾ ਸ਼ਾਨਦਾਰ ਉਦਘਾਟਨ ਬੜੇ ਹੀ ਉਤਸ਼ਾਹ ਅਤੇ ਗੰਭੀਰ ਮਾਹੌਲ ਵਿੱਚ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਰਿਬਨ ਕੱਟ ਕੇ ਨਵੇਂ ਭਵਨ ਦਾ ਉਦਘਾਟਨ ਕੀਤਾ ਗਿਆ। ਪ੍ਰੋਗਰਾਮ ਵਿੱਚ ਸਕੂਲ ਦੇ ਅਧਿਆਪਕਾਂ, ਸਟਾਫ ਮੈਂਬਰਾਂ, ਵਿਦਿਆਰਥੀਆਂ ਅਤੇ ਮਾਪਿਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਅਰਦਾਸ ਨਾਲ ਕੀਤੀ ਗਈ। ਸਕੂਲ ਪ੍ਰਬੰਧਨ ਨੇ ਦੱਸਿਆ ਕਿ ਇਹ ਨਵਾਂ ਪ੍ਰਾਈਮਰੀ ਭਵਨ ਛੋਟੇ ਬੱਚਿਆਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਆਧੁਨਿਕ ਢੰਗ ਨਾਲ ਤਿਆਰ ਕੀਤਾ ਗਿਆ ਹੈ। ਇਸ ਭਵਨ ਵਿੱਚ ਏ.ਸੀ. ਵਾਲੀਆਂ ਕਲਾਸਾਂ, ਆਧੁਨਿਕ ਸਮਾਰਟ ਕਲਾਸਰੂਮ, ਖੁੱਲ੍ਹੇ ਤੇ ਹਵਾਦਾਰ ਕਮਰੇ ਤੇ ਗਤੀਵਿਧੀ ਆਧਾਰਿਤ



ਪੜ੍ਹਾਈ ਦੀ ਸੁਵਿਧਾ ਉਪਲਬਧ ਕਰਵਾਈ ਗਈ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਬਿਹਤਰ ਤੇ ਤਕਨੀਕੀ ਤੌਰ 'ਤੇ ਸੰਪੰਨ ਸਿੱਖਿਆ ਮਿਲ ਸਕੇ। ਮਿਲੇਨੀਅਮ ਵਰਲਡ ਸਕੂਲ, ਸਮਾਣਾ ਇਲਾਕੇ ਦਾ ਪਹਿਲਾ ਸਕੂਲ ਬਣ ਗਿਆ ਹੈ, ਜਿੱਥੇ ਵਿਦਿਆਰਥੀਆਂ ਨੂੰ ਸ਼ੁਰੂਆਤੀ ਪੱਧਰ ਤੋਂ ਹੀ ਰੋਬੋਟਿਕਸ ਅਤੇ ਆਧੁਨਿਕ ਤਕਨਾਲੋਜੀ ਦੀ ਸਿੱਖਿਆ ਦਿੱਤੀ ਜਾ ਰਹੀ ਹੈ। ਰੋਬੋਟਿਕਸ ਰਾਹੀਂ ਬੱਚਿਆਂ ਵਿੱਚ ਵਿਗਿਆਨਕ ਸੋਚ, ਤਰਕਸ਼ੀਲ ਸਮਰੱਥਾ ਤੇ ਰਚਨਾਤਮਕਤਾ ਨੂੰ ਵਿਕਸਿਤ ਕਰਨ 'ਤੇ ਖਾਸ ਜ਼ੋਰ ਦਿੱਤਾ ਜਾਵੇਗਾ।

ਸਕੂਲ ਵਿੱਚ ਪਹਿਲਾਂ ਤੋਂ ਹੀ ਵਿਦਿਆਰਥੀਆਂ ਦੇ ਸਰਵਾਂਗੀਣ ਵਿਕਾਸ ਲਈ ਕਈ ਆਧੁਨਿਕ ਸੁਵਿਧਾਵਾਂ ਉਪਲੱਬਧ ਹਨ। ਇਨ੍ਹਾਂ ਵਿੱਚ ਇੰਡੋਰ ਸਵਿਮਿੰਗ ਪੂਲ, ਇੰਡੋਰ ਸ਼ੂਟਿੰਗ ਰੇਂਜ, ਆਧੁਨਿਕ ਖੇਡ ਸੁਵਿਧਾਵਾਂ 'ਤੇ ਗਤੀਵਿਧੀ ਆਧਾਰਿਤ ਸਿੱਖਣ ਪ੍ਰੋਗਰਾਮ ਸ਼ਾਮਲ ਹਨ। ਇਨ੍ਹਾਂ ਸੁਵਿਧਾਵਾਂ ਰਾਹੀਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਤੇ ਹੋਰ ਗਤੀਵਿਧੀਆਂ ਵਿੱਚ ਵੀ ਅੱਗੇ ਵਧਣ ਦਾ ਮੌਕਾ ਮਿਲਦਾ ਹੈ। ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਪ੍ਰਬੰਧਨ ਨੇ ਅਧਿਆਪਕਾਂ, ਵਿਦਿਆਰਥੀਆਂ ਤੇ ਮਾਪਿਆਂ ਦਾ ਸਹਿਯੋਗ ਲਈ ਧੰਨਵਾਦ ਕੀਤਾ ਤੇ ਵਿਸ਼ਵਾਸ ਜਤਾਇਆ ਕਿ ਨਵਾਂ ਪ੍ਰਾਈਮਰੀ ਭਵਨ, ਸਮਾਰਟ ਕਲਾਸਰੂਮ, ਰੋਬੋਟਿਕਸ ਸਿੱਖਿਆ, ਇੰਡੋਰ ਸਵਿਮਿੰਗ ਪੂਲ ਤੇ ਸ਼ੂਟਿੰਗ ਰੇਂਜ ਵਰਗੀਆਂ ਸੁਵਿਧਾਵਾਂ ਵਿਦਿਆਰਥੀਆਂ ਦੇ ਚਮਕਦਾਰ ਭਵਿੱਖ ਦੀ ਮਜ਼ਬੂਤ ਨੀਂਹ ਸਾਬਤ ਹੋਣਗੀਆਂ।